ਸੋਮਵਾਰ, 8 ਸਤੰਬਰ, 2025
24 ਭਾਦੋਂ { ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 98

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • MONDAY, 8 SEPTEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਦਰਿਆਈ ਪਾਣੀ ਦੀ ਸਾਂਭ-ਸੰਭਾਲ ਲਈ ਨੀਤੀ ਬਣੇ : ਕਾਮਰੇਡ ਸੰਦੋਸ਼

## ਕੇਂਦਰ ਵਿਸ਼ੇਸ਼ ਰਾਹਤ ਪੈਕੇਜ ਦੇਵੇ, ਸੀਨੀਅਰ ਕਮਿਊਨਿਸਟ ਆਗੂਆਂ ਨਾਲ ਸਤਲੁਜ ਪਾਰਲੇ ਲੋਕਾਂ ਨੂੰ ਮਿਲੇ



**ਫਾਜ਼ਿਲਕਾ (ਰਣਬੀਰ ਕੌਰ ਢਾਬਾਂ)**

ਫਾਜ਼ਿਲਕਾ ਦੇ ਸਰਹੱਦੀ ਖੇਤਰ ਵਿੱਚ ਆਏ ਹੜ੍ਹਾਂ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਚੁੱਕੇ ਲੋਕਾਂ ਦੀ ਸਾਰ ਲੈਣ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਰਾਜ ਸਭਾ ਮੈਂਬਰ ਕਾਮਰੇਡ ਪੀ. ਸੰਦੋਸ਼ ਕੇਰਲਾ ਤੋਂ ਆਏ ਅਤੇ ਸਤਲੁਜ ਦਰਿਆ ਤੋਂ ਪਾਰ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕਾਮਰੇਡ ਸੰਦੋਸ਼ ਨੇ ਸਰਹੱਦੀ ਲੋਕਾਂ ਦਾ ਦਰਦ ਜਾਣ ਕੇ ਹੈਰਾਨੀ ਪ੍ਰਗਟ ਕੀਤੀ ਕਿ ਅਜੇ ਤੱਕ ਵੀ ਸੂਬੇ ਦੀ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਹੜ੍ਹਾਂ ਦੀ ਮਾਰ ਹੇਠ ਆ ਚੁੱਕੇ ਸਰਹੱਦੀ ਲੋਕਾਂ ਲਈ ਵਿਸ਼ੇਸ਼ ਤੌਰ 'ਤੇ ਆਰਥਿਕ ਸਹਾਇਤਾ ਦੇਣ ਦਾ ਐਲਾਨ ਨਹੀਂ ਕੀਤਾ ਗਿਆ। ਉਨ੍ਹਾਂ ਸਰਹੱਦੀ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੇ ਲਗਾਤਾਰ ਹੋ ਰਹੇ ਉਜਾੜੇ ਅਤੇ ਡੋਬੇ ਦੇ ਪੱਕੇ ਹੱਲ ਲਈ ਉਹ ਰਾਜ ਸਭਾ ਵਿੱਚ ਮੁੱਦਾ ਉਠਾਉਣਗੇ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਅਤੇ ਸੂਬਾ ਸਰਕਾਰ ਦੀ ਨੀਅਤ ਸਾਫ਼ ਹੋਵੇ ਤਾਂ ਸਮੱਸਿਆ ਦਾ ਪੱਕੇ ਤੌਰ 'ਤੇ ਹੱਲ ਕੀਤਾ ਜਾ ਸਕਦਾ ਹੈ।

ਕਾਮਰੇਡ ਪੀ ਸੰਦੋਸ਼ ਨੇ ਕਿਹਾ ਕਿ ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ ਅਤੇ ਪੂਰੇ ਦੇਸ਼ ਨੂੰ ਅੰਨ ਪ੍ਰਦਾਨ ਕਰਦਾ ਹੈ। ਇਸ ਲਈ ਕੇਂਦਰ ਸਰਕਾਰ ਨੂੰ ਹੜ੍ਹ ਪ੍ਰਭਾਵਤ ਇਲਾਕਿਆਂ ਲਈ ਵਿਸ਼ੇਸ਼ ਰਾਹਤ ਪੈਕੇਜ ਐਲਾਨ ਕਰਨਾ ਚਾਹੀਦਾ ਹੈ, ਕਿਉਂਕਿ ਜੇਕਰ ਪੰਜਾਬ ਡੁੱਬਦਾ ਹੈ ਤਾਂ ਪੂਰਾ ਦੇਸ਼ ਪ੍ਰਭਾਵਿਤ ਹੁੰਦਾ ਹੈ। ਅਸੀਂ ਦੇਸ਼ ਵਾਸੀ ਪੰਜਾਬ ਦਾ ਕਦੇ ਵੀ ਕਰਜ਼ਾ ਨਹੀਂ ਮੋੜ ਸਕਦੇ। ਉਨ੍ਹਾਂ ਕਿਹਾ ਕਿ ਜਿਵੇਂ ਉਨ੍ਹਾਂ ਨੂੰ ਪਤਾ ਲੱਗਿਆ ਹੈ ਕਿ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਹੜ੍ਹਾਂ ਦੀ ਮਾਰ ਪਈ ਹੈ, ਇਸ ਲਈ ਲੋਕਾਂ ਦਾ ਹਾਲ ਜਾਨਣ ਆਏ ਹਨ। ਉਹਨਾ ਕਿਹਾ ਕਿ ਲੋਕਾਂ ਦਾ ਹਾਲ ਜਾਣ ਕੇ ਉਹਨਾਂ ਨੂੰ ਬਹੁਤ ਦੁੱਖ ਹੋਇਆ ਹੈ, ਪਰੰਤੂ ਇਹ ਹੜ੍ਹਾਂ ਦੀ ਤਬਾਹੀ ਪਹਿਲੀ ਵਾਰ ਨਹੀਂ ਹੋ ਰਹੀ। ਇਸ ਲਈ ਕੇਂਦਰ ਅਤੇ ਸੂਬਾ ਸਰਕਾਰ ਨੂੰ ਇਸ ਦੇ ਮੁਕੰਮਲ ਹੱਲ ਲਈ ਜ਼ਰੂਰ ਯੋਜਨਾਬੰਦੀ ਕਰਨੀ ਹੋਵੇਗੀ। ਉਨ੍ਹਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਇਹ ਸਮਝਦੀ ਹੈ ਕਿ ਦਰਿਆਵਾਂ ਦੇ ਪਾਣੀਆਂ ਦੀ ਸਾਂਭ-ਸੰਭਾਲ ਅਤੇ ਭੰਡਾਰਨ ਲਈ ਨੀਤੀ ਬਣਨੀ ਚਾਹੀਦੀ ਹੈ, ਉਹ ਰਾਜ ਸਭਾ ਵਿੱਚ ਇਸ ਗੱਲ ਨੂੰ ਜ਼ੋਰ ਨਾਲ ਉਠਾਉਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਮੌਜੂਦ ਸੀ ਪੀ ਆਈ ਦੇ ਕੌਂਸਲ ਮੈਂਬਰ ਕਾਮਰੇਡ ਹਰਭਜਨ ਸਿੰਘ ਅਤੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਲਗਾਤਾਰ ਡੁੱਬਦੇ ਅਤੇ ਉਜੜਦੇ ਆ ਰਹੇ ਸਰਹੱਦੀ ਖੇਤਰ ਦੇ ਲੋਕਾਂ ਨੂੰ ਯੋਜਨਾਬੱਧ ਢੰਗ ਨਾਲ ਬਚਾਇਆ ਜਾ ਸਕਦਾ ਹੈ। ਕਮਿਊਨਿਸਟ ਆਗੂਆਂ ਨੇ ਕਿਹਾ ਕਿ ਸਰਹੱਦੀ ਖੇਤਰ ਦੇ ਲੋਕਾਂ ਦਾ ਹੜ੍ਹਾਂ ਨਾਲ ਘਰਾਂ ਅਤੇ ਫਸਲਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ ਅਤੇ ਉਹਨਾਂ ਦੇ ਹੋਏ ਨੁਕਸਾਨ ਦੀ ਜ਼ਮੀਨੀ ਪੱਧਰ 'ਤੇ ਜਾਂਚ-ਪੜਤਾਲ ਕਰਵਾ ਕੇ ਬੀਮੇ ਦੀ ਤਰਜ਼ 'ਤੇ ਮੁਆਵਜ਼ਾ ਦਿੱਤਾ ਜਾਵੇ। ਲੱਖਾਂ ਰੁਪਏ ਦੇ ਹੋਏ ਨੁਕਸਾਨ ਦਾ 6800 ਰੁਪਏ ਮੁਆਵਜ਼ਾ ਦੇ ਕੇ ਉਹਨਾਂ ਨਾਲ ਮਖੌਲ ਨਹੀਂ ਉਡਾਉਣਾ ਚਾਹੀਦਾ। ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਜਨਰਲ ਸਕੱਤਰ ਸਾਥੀ ਸੁਖਜਿੰਦਰ ਮਹੇਸਰੀ ਅਤੇ ਸਾਬਕਾ ਸੂਬਾ ਪ੍ਰਧਾਨ ਪਰਮਜੀਤ ਢਾਬਾਂ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਪੰਜਾਬ ਦੀ ਜਵਾਨੀ ਅਤੇ ਸਮਾਜ ਸੇਵੀ ਲੋਕਾਂ ਵੱਲੋਂ ਪ੍ਰਭਾਵਿਤ ਲੋਕਾਂ ਦਾ ਹਰ ਤਰ੍ਹਾਂ ਦਾ ਦਿੱਤਾ ਗਿਆ ਸਾਥ ਦੁਨੀਆ ਭਰ ਲਈ ਇੱਕ ਰਾਹ-ਦਸੇਰਾ ਬਣਿਆ ਹੈ। ਜਿੱਥੇ ਸਰਕਾਰਾਂ ਫੇਲ੍ਹ ਹੋਈਆਂ, ਉੱਥੇ ਪੰਜਾਬ ਦੀ ਜਵਾਨੀ ਅਤੇ ਸਮਾਜ ਸੇਵੀ ਲੋਕਾਂ ਨੇ ਪੀੜਤ ਲੋਕਾਂ ਦਾ ਸਾਥ ਦਿੱਤਾ, ਇਹ ਪੰਜਾਬ ਦੀ ਇੱਕ ਵਡਿਆਈ ਹੈ, ਜੋ ਸਦਾ ਕਾਇਮ ਰਹੇਗੀ। ਸੀ ਪੀ ਆਈ ਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਕੱਤਰ ਕਾਮਰੇਡ ਹਰਲਾਜ ਸਿੰਘ ਅਤੇ ਫਾਜ਼ਿਲਕਾ ਦੇ ਮੀਤ ਸਕੱਤਰ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਸਰਹੱਦੀ ਖੇਤਰ ਦੇ ਪ੍ਰਭਾਵਿਤ ਲੋਕ ਹੁਣ ਸੱਤਾ ਧਿਰ ਦੇ ਨੁਮਾਇੰਦਿਆਂ ਨੂੰ ਸਵਾਲ ਖੜੇ ਕਰਨ ਲੱਗ ਗਏ ਹਨ ਕਿ ਉਹਨਾਂ ਦਾ ਬਣਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਉਹਨਾਂ ਦਾ ਪੱਕਾ ਹੱਲ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਬਲਾਕ ਸੰਮਤੀ ਮੈਂਬਰ ਕਾਮਰੇਡ ਸ਼ਬੇਗ ਝੰਗੜਭੈਣੀ, ਕਾਮਰੇਡ ਬੋਹੜ ਸਿੰਘ ਸੁਖਣਾ, ਗੁਰਮੇਲ ਦੋਦਾ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਐਡਵੋਕੇਟ ਚਰਨਜੀਤ ਛਾਂਗਾਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ, ਸਕੱਤਰ ਸੁਖਵਿੰਦਰ ਮਲੋਟ, ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ, ਗੁਰਦਿਆਲ ਢਾਬਾਂ, ਕੁਲਦੀਪ ਬੱਖੂਸ਼ਾਹ, ਰਾਜਵਿੰਦਰ ਨਿਉਲਾ, ਭਜਨ ਲਾਲ ਫਾਜ਼ਿਲਕਾ, ਸੁਮਿਤਰਾ ਫਾਜ਼ਿਲਕਾ, ਹਰਜੀਤ ਕੌਰ ਢੰਡੀਆਂ, ਸੁਸ਼ਮਾ ਗੋਲਡਨ, ਐੱਮ.ਸੀ. ਸੋਮਾ ਰਾਣੀ, ਸੁਨੀਲ ਝੰਗੜਭੈਣੀ ਵੀ ਹਾਜ਼ਰ ਸਨ।

## ਸਕੂਲ ਅੱਜ ਤੋਂ ਖੁੱਲ੍ਹ ਜਾਣਗੇ, ਪਰ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਭਲਕੇ ਆਉਣਗੇ

ਭਲਾਣ (ਹਰਭਜਨ ਢਿੱਲੋਂ)-ਪੰਜਾਬ ਵਿੱਚ ਸਕੂਲ 8 ਸਤੰਬਰ ਨੂੰ ਖੁੱਲ੍ਹ ਜਾਣਗੇ, ਪਰ ਸਰਕਾਰੀ ਸਕੂਲ ਵਿਦਿਆਰਥੀਆਂ ਲਈ ਬੰਦ ਰਹਿਣਗੇ, ਜਦੋਂ ਕਿ ਸਾਰੇ ਸਰਕਾਰੀ, ਪ੍ਰਾਈਵੇਟ ਅਤੇ ਏਡਿਡ ਕਾਲਜ ਤੇ ਯੂਨੀਵਰਸਿਟੀਆਂ ਆਮ ਵਾਂਗ ਖੁੱਲ੍ਹਣਗੀਆਂ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੰਗਲ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜੇ ਕੋਈ ਸਕੂਲ ਜਾਂ ਕਾਲਜ ਹੜ੍ਹ ਤੋਂ ਪ੍ਰਭਾਵਤ ਹੈ ਤਾਂ ਉਸ ਨੂੰ ਬੰਦ ਕਰਨ ਦਾ ਫੈਸਲਾ ਡਿਪਟੀ ਕਮਿਸ਼ਨਰ ਵੱਲੋਂ ਲਿਆ ਜਾਵੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ 8 ਸਤੰਬਰ ਨੂੰ ਸਰਕਾਰੀ ਸਕੂਲ ਵਿਦਿਆਰਥੀਆਂ ਲਈ ਬੰਦ ਰਹਿਣਗੇ, ਜਦੋਂ ਕਿ ਅਧਿਆਪਕ ਸਕੂਲ ਵਿੱਚ ਹਾਜ਼ਰ ਹੋਣਗੇ ਤੇ ਸਾਫ-ਸਫਾਈ ਯਕੀਨੀ ਬਣਾਉਣਗੇ। ਇਸ ਕੰਮ ਲਈ ਪੰਚਾਇਤਾਂ, ਨਗਰ ਕੌਂਸਲਾਂ ਅਤੇ ਕਾਰਪੋਰੇਸ਼ਨਾਂ ਦੀ ਮਦਦ ਲਈ ਜਾਵੇਗੀ। ਜੇ ਕਿਸੇ ਸਰਕਾਰੀ ਸਕੂਲ ਦੀ ਇਮਾਰਤ ਵਿੱਚ ਕੋਈ ਦਿੱਕਤ ਜਾਂ ਨੁਕਸ ਪਾਇਆ ਜਾਂਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਇੰਜੀਨੀਅਰਿੰਗ ਵਿਭਾਗ ਨੂੰ ਦਿੱਤੀ ਜਾਵੇ। ਸਾਰੇ ਸਰਕਾਰੀ ਸਕੂਲ ਆਮ ਵਾਂਗ 9 ਸਤੰਬਰ ਤੋਂ ਖੁੱਲ੍ਹਣਗੇ। ਉਨ੍ਹਾ ਪ੍ਰਾਈਵੇਟ ਸਕੂਲਾਂ ਦੇ ਪ੍ਰਬੰਧਕਾਂ ਨੂੰ ਕਿਹਾ ਕਿ ਉਹ ਯਕੀਨੀ ਬਣਾਉਣਗੇ ਕਿ ਸਕੂਲ ਦੀ ਇਮਾਰਤ ਅਤੇ ਕਲਾਸ ਰੂਮ ਬਿਲਕੁਲ ਸੁਰੱਖਿਅਤ ਹਨ।

# ਕਿਸਾਨਾਂ ਨੂੰ ਖੇਤਾਂ 'ਚੋਂ ਰੇਤ ਹਟਾਉਣ ਦੀ ਮਿਲੇਗੀ ਇਜਾਜ਼ਤ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਐਤਵਾਰ ਐਲਾਨ ਕੀਤਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਾਲ ਹੀ ਵਿੱਚ ਆਏ ਹੜ੍ਹਾਂ ਤੋਂ ਪ੍ਰਭਾਵਤ ਕਿਸਾਨਾਂ ਨੂੰ ਵੱਡੀ ਰਾਹਤ ਦੇਣ ਲਈ ਤਿਆਰ ਹੈ। ਸੂਬਾ ਸਰਕਾਰ ਜਲਦੀ ਹੀ ਇੱਕ ਨੀਤੀ ਦਾ ਐਲਾਨ ਕਰੇਗੀ, ਜਿਸ ਨਾਲ ਕਿਸਾਨਾਂ ਨੂੰ ਹੜ੍ਹਾਂ ਕਾਰਨ ਆਪਣੇ ਖੇਤਾਂ ਵਿੱਚ ਜਮ੍ਹਾਂ ਹੋਈ ਰੇਤ ਨੂੰ ਕੱਢਣ ਦੀ ਆਗਿਆ ਦਿੱਤੀ ਜਾਵੇਗੀ, ਤਾਂ ਜੋ ਖੇਤੀਬਾੜੀ ਗਤੀਵਿਧੀਆਂ ਬਿਨਾਂ ਦੇਰੀ ਦੇ ਮੁੜ ਸ਼ੁਰੂ ਹੋ ਸਕਣ।

ਸਿਸੋਦੀਆ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਪਹਿਲਾਂ ਹੀ ਇਸ ਮੁੱਦੇ 'ਤੇ ਅਧਿਕਾਰੀਆਂ ਨਾਲ ਚਰਚਾ ਕਰ ਚੁੱਕੇ ਹਨ ਅਤੇ ਭਰੋਸਾ ਦਿੱਤਾ ਹੈ ਕਿ ਅਗਲੇ ਕੁਝ ਦਿਨਾਂ ਵਿੱਚ ਇੱਕ ਸਪੱਸ਼ਟ ਨੀਤੀ ਦਾ ਐਲਾਨ ਕੀਤਾ ਜਾਵੇਗਾ, ਤਾਂ ਜੋ ਕਿਸਾਨਾਂ ਨੂੰ ਬਿਨਾਂ ਕਿਸੇ ਨੌਕਰਸ਼ਾਹੀ ਅੜਿੱਕਿਆਂ ਦੇ ਆਪਣੇ ਖੇਤਾਂ ਵਿੱਚੋਂ ਰੇਤ ਹਟਾਉਣ ਦੀ ਇਜਾਜ਼ਤ ਮਿਲ ਸਕੇ।

ਉਨ੍ਹਾ ਕਿਹਾ ਕਿ ਇਸ ਫੈਸਲੇ ਨਾਲ ਨਾ ਸਿਰਫ਼ ਕਿਸਾਨਾਂ ਨੂੰ ਅਗਲੇ ਬਿਜਾਈ ਸੀਜ਼ਨ ਲਈ ਆਪਣੀ ਜ਼ਮੀਨ ਤਿਆਰ ਕਰਨ ਵਿੱਚ ਮਦਦ ਮਿਲੇਗੀ, ਸਗੋਂ ਉਨ੍ਹਾਂ ਨੂੰ ਰੇਤ ਵੇਚਣ ਦਾ ਮੌਕਾ ਵੀ ਮਿਲੇਗਾ, ਤਾਂ ਜੋ ਇਸ ਦੀ ਵਰਤੋਂ ਉਸਾਰੀ ਦੇ ਮਕਸਦਾਂ ਲਈ ਵੀ ਕੀਤੀ ਜਾ ਸਕੇ। ਸਿਸੋਦੀਆ ਨੇ ਕਿਹਾ ਕਿ ਇਹ ਇੱਕ ਦੋਹਰੀ ਰਾਹਤ ਹੋਵੇਗੀ, ਜ਼ਮੀਨ ਫਸਲਾਂ ਲਈ ਸਾਫ਼ ਹੋ ਜਾਵੇਗੀ ਅਤੇ ਕਿਸਾਨ ਰੇਤ ਵੇਚ ਕੇ ਕੁਝ ਆਮਦਨ ਵੀ ਕਰ ਸਕਦੇ ਹਨ।



ਸਿਸੋਦੀਆ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਹੋਰ ਸੀਨੀਅਰ ਆਗੂਆਂ ਨੇ ਮੁੱਖ ਮੰਤਰੀ ਨਾਲ ਗੱਲ ਤਾਂ ਕੀਤੀ ਹੈ, ਪਰ ਅਜੇ ਤੱਕ ਕੋਈ ਠੋਸ ਵਿੱਤੀ ਸਹਾਇਤਾ ਦਾ ਐਲਾਨ ਨਹੀਂ ਕੀਤਾ।

## 'ਪ੍ਰਧਾਨ ਮੰਤਰੀ ਦੌਰੇ ਦੌਰਾਨ ਵੱਡਾ ਰਾਹਤ ਪੈਕੇਜ ਦੇਣ'

**ਚੰਡੀਗੜ੍ਹ (ਗੁਰਜੀਤ ਬਿੱਲਾ)**



ਰਾਜ ਸਭਾ ਮੈਂਬਰ ਸੰਜੇ ਸਿੰਘ ਅਤੇ ਪੰਜਾਬ ਦੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਐਤਵਾਰ ਫਾਜ਼ਿਲਕਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਤ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ। ਦੋਵਾਂ ਆਗੂਆਂ ਨੇ ਗੁਲਾਬਾ ਭੈਣੀ ਪਿੰਡ ਵਿੱਚ ਖੁਦ ਲੋਕਾਂ ਨੂੰ ਰਾਹਤ ਸਮੱਗਰੀ ਤਕਸੀਮ ਕੀਤੀ।

ਸੰਜੇ ਸਿੰਘ ਨੇ ਕਿਹਾ ਕਿ ਤਕਰੀਬਨ ਇੱਕ ਮਹੀਨੇ ਤੋਂ ਪੰਜਾਬ ਹੜ੍ਹਾਂ ਨਾਲ ਜੂਝ ਰਿਹਾ ਹੈ, ਪਰ ਕੇਂਦਰ ਸਰਕਾਰ ਹਾਲੇ ਤੱਕ ਰਿਪੋਰਟਾਂ ਉਡੀਕਣ ਵਿੱਚ ਲੱਗੀ ਹੋਈ ਹੈ। ਉਨ੍ਹਾ ਉਮੀਦ ਪ੍ਰਗਟਾਈ ਕਿ 9 ਸਤੰਬਰ ਨੂੰ ਪ੍ਰਧਾਨ ਮੰਤਰੀ ਪੰਜਾਬ ਦੌਰੇ ਦੌਰਾਨ ਹੜ੍ਹ ਪ੍ਰਭਾਵਤ ਇਲਾਕਿਆਂ ਲਈ ਵੱਡਾ ਰਾਹਤ ਪੈਕਜ ਐਲਾਨ ਕਰਕੇ ਜਾਣਗੇ। ਸੌਂਦ ਨੇ ਆਪਣਾ ਜਨਮ ਦਿਨ ਹੜ੍ਹ ਪ੍ਰਭਾਵਤ ਲੋਕਾਂ ਦੀ ਸੇਵਾ ਕਰਕੇ ਮਨਾਇਆ। ਉਨ੍ਹਾ ਖੁਦ ਗੁਲਾਬਾ ਭੈਣੀ ਪਿੰਡ ਦੇ ਲੋਕਾਂ ਤੱਕ ਮੋਢਿਆਂ ਉੱਤੇ ਚੁੱਕ ਕੇ ਰਸਦ ਦੇ ਥੈਲੇ ਪਹੁੰਚਾਏ।

## 481 ਵੈਟਰਨਰੀ ਟੀਮਾਂ ਤਾਇਨਾਤ : ਖੁੱਡੀਆਂ

ਚੰਡੀਗੜ੍ਹ (ਗੁਰਜੀਤ ਬਿੱਲਾ)-ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਭਿਆਨਕ ਹੜ੍ਹਾਂ ਦੇ ਮੱਦੇਨਜ਼ਰ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੀਆਂ 481 ਟੀਮਾਂ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਪਸ਼ੂਧਨ ਦੀ ਦੇਖਭਾਲ ਅਤੇ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਹਨ।

ਹਰੇਕ ਟੀਮ ਵਿੱਚ 4 ਮੈਂਬਰ ਹਨ, ਜਿਹਨਾਂ ਵਿੱਚ ਵੈਟਰਨਰੀ ਅਫ਼ਸਰ, ਵੈਟਰਨਰੀ ਇੰਸਪੈਕਟਰ/ ਫਾਰਮਾਸਿਸਟ ਅਤੇ ਇੱਕ ਦਰਜਾ ਚਾਰ ਕਰਮਚਾਰੀ ਸ਼ਾਮਲ ਹਨ।ਖੁੱਡੀਆਂ ਨੇ ਦੱਸਿਆ ਕਿ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਫਿਰੋਜ਼ਪੁਰ, ਫਾਜ਼ਿਲਕਾ, ਕਪੂਰਥਲਾ, ਬਰਨਾਲਾ, ਬਠਿੰਡਾ, ਹੁਸ਼ਿਆਰਪੁਰ, ਤਰਨ ਤਾਰਨ, ਪਟਿਆਲਾ, ਜਲੰਧਰ, ਰੂਪਨਗਰ ਅਤੇ ਮੋਗਾ ਸਮੇਤ 14 ਜ਼ਿਲ੍ਹਿਆਂ ਵਿੱਚ 504 ਗੋਕਾ/ ਮੱਝਾਂ, 73 ਭੇਡਾਂ ਅਤੇ ਬੱਕਰੀਆਂ ਅਤੇ 160 ਸੂਰ ਮਾਰੇ ਗਏ ਹਨ। ਇਸ ਤੋਂ ਇਲਾਵਾ ਪੋਲਟਰੀ ਸ਼ੈੱਡ ਢਹਿਣ ਕਾਰਨ ਗੁਰਦਾਸਪੁਰ, ਰੂਪਨਗਰ ਅਤੇ ਫਾਜ਼ਿਲਕਾ ਵਿੱਚ 18,304 ਪੋਲਟਰੀ ਬਰਡ ਮਰੇ ਹਨ।ਉਨ੍ਹਾ ਦੱਸਿਆ ਕਿ ਹੜ੍ਹਾਂ ਨਾਲ ਲਗਭਗ 2.52 ਲੱਖ ਪਸ਼ੂਧਨ ਅਤੇ 5,88,685 ਪੋਲਟਰੀ ਬਰਡ ਪ੍ਰਭਾਵਤ ਹੋਏ ਹਨ।

## ਮੋਦੀ ਦਾ ਹਵਾਈ ਦੌਰਾ ਭਲਕੇ

**ਚੰਡੀਗੜ੍ਹ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ 9 ਸਤੰਬਰ ਨੂੰ ਪੰਜਾਬ ਦੇ ਹੜ੍ਹ ਪ੍ਰਭਾਵਤ ਖੇਤਰਾਂ ਦਾ ਹਵਾਈ ਸਰਵੇਖਣ ਕਰਨਗੇ ਅਤੇ ਪਠਾਨਕੋਟ ਵਿੱਚ ਉਤਰਨਗੇ, ਜਿੱਥੇ ਉਨ੍ਹਾ ਦੇ ਪੰਜਾਬ ਸਰਕਾਰ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਦੀ ਉਮੀਦ ਹੈ। ਸੂਤਰਾਂ ਮੁਤਾਬਕ ਮੋਦੀ ਪੰਜਾਬ ਦੇ ਅੰਮ੍ਰਿਤਸਰ ਅਤੇ ਫਿਰੋਜ਼ਪੁਰ ਦੇ ਇਲਾਕਿਆਂ ਦਾ ਹਵਾਈ ਦੌਰਾ ਕਰਨਗੇ ਅਤੇ ਸਰਹੱਦੀ ਪੱਟੀ ਦੇ ਨਾਲ-ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲੈਣਗੇ, ਜਿੱਥੇ ਕੰਡਿਆਲੀ ਤਾਰ ਅਤੇ ਸਰਹੱਦੀ ਚੌਕੀਆਂ ਨੂੰ ਵੀ ਨੁਕਸਾਨ ਪਹੁੰਚਿਆ ਹੈ।

## ਜਪਾਨੀ ਪ੍ਰਧਾਨ ਮੰਤਰੀ ਨੂੰ ਅਸਤੀਫਾ ਦੇਣਾ ਪਿਆ



**ਟੋਕੀਓ** : ਜਪਾਨ ਦੇ ਪ੍ਰਧਾਨ ਮੰਤਰੀ ਸ਼ਿਗੇਰੂ ਇਸ਼ੀਬਾ ਨੇ ਅਸਤੀਫ਼ਾ ਦੇ ਦਿੱਤਾ ਹੈ। ਜੁਲਾਈ ਵਿੱਚ ਹੋਈਆਂ ਸੰਸਦੀ ਚੋਣਾਂ ਵਿੱਚ ਮਿਲੀ ਇਤਿਹਾਸਕ ਹਾਰ ਦੀ ਜ਼ਿੰਮੇਵਾਰੀ ਲੈਣ ਲਈ ਪਾਰਟੀ ਵੱਲੋਂ ਉਨ੍ਹਾ 'ਤੇ ਅਹੁਦਾ ਛੱਡਣ ਲਈ ਦਬਾਅ ਪਾਇਆ ਜਾ ਰਿਹਾ ਸੀ। ਪਿਛਲੇ ਸਾਲ ਅਕਤੂਬਰ ਵਿੱਚ ਅਹੁਦਾ ਸੰਭਾਲਣ ਵਾਲੇ ਇਸ਼ੀਬਾ ਨੇ ਪਾਰਟੀ ਅੰਦਰ ਜ਼ਿਆਦਾਤਰ ਸੱਜੇ-ਪੱਖੀ ਵਿਰੋਧੀਆਂ ਦੀਆਂ ਮੰਗਾਂ ਦਾ ਵਿਰੋਧ ਕੀਤਾ ਸੀ। ਇਸ਼ੀਬਾ ਨੇ ਅਸਤੀਫੇ ਦਾ ਐਲਾਨ ਅਜਿਹੇ ਮੌਕੇ ਕੀਤਾ ਹੈ ਜਦੋਂ ਲਿਬਰਲ ਡੈਮੋਕਰੇਟਿਕ ਪਾਰਟੀ ਵੱਲੋਂ ਇਸ਼ੀਬਾ ਖਿਲਾਫ ਵਰਚੁਅਲ ਬੇਭਰੋਸਗੀ ਮਤਾ ਲਿਆਉਣ ਬਾਰੇ ਭਲਕੇ ਕੋਈ ਫੈਸਲਾ ਲਿਆ ਜਾਣਾ ਸੀ।

## 13 ਤੱਕ ਮੀਂਹ ਪੈਂਦਾ ਰਹਿਣਾ

**ਨਵੀਂ ਦਿੱਲੀ** : ਮੀਂਹ ਤੋਂ ਰਾਹਤ ਮਿਲਣ ਦੀ ਅਜੇ ਕੋਈ ਸੰਭਾਵਨਾ ਦਿਖਾਈ ਨਹੀਂ ਦੇ ਰਹੀ। ਮੌਸਮ ਵਿਭਾਗ ਮੁਤਾਬਕ 13 ਸਤੰਬਰ ਤੱਕ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮੀਂਹ ਵਾਲਾ ਮੌਸਮ ਰਹੇਗਾ। ਭਾਰਤੀ ਮੌਸਮ ਵਿਗਿਆਨ ਵਿਭਾਗ ਮੁਤਾਬਕ ਐਤਵਾਰ ਜੰਮੂ ਡਵੀਜ਼ਨ, ਹਿਮਾਚਲ, ਪੰਜਾਬ, ਮੱਧ ਮਹਾਰਾਸ਼ਟਰ ਵਿੱਚ ਹਲਕੇ ਤੋਂ ਭਾਰੀ ਮੀਂਹ ਦੀ ਸੰਭਾਵਨਾ ਸੀ। ਇਸ ਤੋਂ ਇਲਾਵਾ 7, 8, 12 ਅਤੇ 13 ਤਰੀਕ ਨੂੰ ਉੱਤਰਾਖੰਡ ਵਿੱਚ, 12 ਅਤੇ 13 ਸਤੰਬਰ ਨੂੰ ਪੱਛਮੀ ਯੂ ਪੀ, 11 ਤੋਂ 13 ਤੱਕ ਪੂਰਬੀ ਯੂ ਪੀ ਵਿੱਚ ਵੱਖ-ਵੱਖ ਥਾਈਂ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਹੈ।

# ਨਵਜੰਮਿਆ ਬੱਚਾ 50 ਹਜ਼ਾਰ 'ਚ ਵੇਚਣ ਲਈ ਮਜਬੂਰ

**ਮੇਦਨੀਨਗਰ** : ਗਰੀਬੀ ਕਾਰਨ ਦੋ ਡੰਗ ਦੀ ਰੋਜ਼ੀ-ਰੋਟੀ ਲਈ ਜੂਝ ਰਹੇ ਇੱਕ ਪਰਵਾਰ ਨੇ ਆਪਣੇ ਇੱਕ ਮਹੀਨੇ ਦੇ ਬੱਚੇ ਨੂੰ 50 ਹਜ਼ਾਰ ਰੁਪਏ ਵਿੱਚ ਵੇਚ ਦਿੱਤਾ। ਝਾਰਖੰਡ ਪੁਲਸ ਨੇ ਮਾਮਲੇ ਦਾ ਪਤਾ ਲੱਗਣ ਮਗਰੋਂ ਐਤਵਾਰ ਬੱਚੇ ਨੂੰ ਬਚਾ ਲਿਆ। ਮੁੱਖ ਮੰਤਰੀ ਹੇਮੰਤ ਸੋਰੇਨ ਵੱਲੋਂ ਪੁਲਸ ਨੂੰ ਤੁਰੰਤ ਕਦਮ ਚੁੱਕਣ ਦੇ ਨਿਰਦੇਸ਼ ਦੇਣ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ।

ਲੇਸਲੀਗੰਜ ਸਰਕਲ ਅਫਸਰ ਸੁਨੀਲ ਕੁਮਾਰ ਸਿੰਘ ਨੇ ਕਿਹਾ ਕਿ ਪਲਾਮੂ ਜ਼ਿਲ੍ਹੇ ਦੇ ਲੇਸਲੀਗੰਜ ਇਲਾਕੇ ਦੇ ਇੱਕ ਜੋੜੇ ਨੇ ਅੱਤ ਦੀ ਗਰੀਬੀ ਕਾਰਨ ਕਥਿਤ ਤੌਰ 'ਤੇ ਆਪਣੇ ਪੁੱਤ ਨੂੰ 50,000 ਰੁਪਏ ਵਿੱਚ ਵੇਚ ਦਿੱਤਾ।

ਪਲਾਮੂ ਜ਼ਿਲ੍ਹਾ ਪ੍ਰਸ਼ਾਸਨ ਨੇ ਲੋਟਵਾ ਪਿੰਡ ਵਿੱਚ ਪਰਵਾਰ ਨੂੰ 20 ਕਿੱਲੋ ਅਨਾਜ ਮੁਹੱਈਆ ਕਰਵਾਇਆ, ਜਦੋਂ ਕਿ ਉਸ ਨੂੰ ਵੱਖ-ਵੱਖ ਭਲਾਈ ਯੋਜਨਾਵਾਂ ਅਧੀਨ ਦਰਜ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਰਾਮਚੰਦਰ ਰਾਮ ਨੇ ਦੱਸਿਆ ਕਿ ਉਸ ਦੀ ਪਤਨੀ ਜਣੇਪੇ ਤੋਂ ਬਾਅਦ ਲਗਾਤਾਰ ਬਿਮਾਰ ਸੀ ਅਤੇ ਉਸ ਕੋਲ ਇਲਾਜ ਲਈ ਪੈਸੇ ਨਹੀਂ ਸਨ, ਇਸ ਲਈ ਪਤਨੀ ਨੂੰ ਦਵਾਈ ਦਿਵਾਉਣ ਲਈ ਉਸ ਨੇ ਆਪਣੇ ਪੁੱਤਰ ਨੂੰ ਗੁਆਂਢੀ ਪਿੰਡ ਦੇ ਇੱਕ ਦਲਾਲ ਜੋੜੇ ਨੂੰ ਵੇਚ ਦਿੱਤਾ।

ਦਿਹਾੜੀ ਕਰਕੇ ਗੁਜ਼ਾਰਾ ਕਰਦੇ ਰਾਮ ਦਾ ਕੰਮ-ਕਾਜ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਪੈ ਰਹੇ ਮੀਂਹ ਕਾਰਨ ਠੱਪ ਪਿਆ ਸੀ। ਰਾਮ ਨੇ ਦੱਸਿਆ, "ਮੇਰੇ ਕੋਲ ਪਤਨੀ ਦੇ ਇਲਾਜ ਅਤੇ ਭੋਜਨ ਦੇ ਪ੍ਰਬੰਧ ਲਈ ਪੈਸੇ ਨਹੀਂ ਸਨ।" ਰਕਮ ਦੀ ਅਦਾਇਗੀ ਮਗਰੋਂ ਦਲਾਲ ਜੋੜਾ ਬੱਚੇ ਨੂੰ ਲਾਤੇਹਰ ਜ਼ਿਲ੍ਹੇ 'ਚ ਲੈ ਗਿਆ। ਰਾਮ ਨੇ ਦੱਸਿਆ, "ਅਸੀਂ ਬੇਘਰ ਹਾਂ ਅਤੇ ਆਪਣੇ ਚਾਰ ਹੋਰ ਬੱਚਿਆਂ ਨਾਲ ਖਸਤਾ ਹਾਲ ਸ਼ੈੱਡ ਥੱਲੇ ਰਾਤਾਂ ਲੰਘਾਉਂਦੇ ਹਾਂ।" ਯੂ ਪੀ ਦੇ ਮਿਰਜ਼ਾਪੁਰ ਦਾ ਰਾਮ ਡੇਢ ਦਹਾਕੇ ਤੋਂ ਆਪਣੀ ਪਤਨੀ ਨਾਲ ਲੋਟਵਾ ਵਿੱਚ ਰਹਿ ਰਿਹਾ ਹੈ। ਸਰਕਾਰੀ ਸੂਤਰਾਂ ਅਨੁਸਾਰ ਉਹ ਮਜ਼ਦੂਰੀ ਕਰਦੇ ਹਨ ਅਤੇ ਜਦੋਂ ਕੰਮ ਨਹੀਂ ਮਿਲਦਾ ਤਾਂ ਉਹ ਪਿੰਡ ਵਿੱਚ ਭੀਖ ਵੀ ਮੰਗਦੇ ਹਨ। ਪਰਵਾਰ ਦਾ ਕੋਈ ਆਧਾਰ ਕਾਰਡ ਜਾਂ ਰਾਸ਼ਨ ਕਾਰਡ ਨਹੀਂ ਹੈ ਅਤੇ ਨਾ ਹੀ ਉਨ੍ਹਾਂ ਨੂੰ ਕਿਸੇ ਸਰਕਾਰੀ ਸਹੂਲਤ ਦਾ ਲਾਭ ਮਿਲ ਰਿਹਾ ਹੈ।

ਪਤਨੀ ਪਿੰਕੀ ਦੇਵੀ ਨੇ ਦੱਸਿਆ ਕਿ ਉਸ ਦੇ ਪਿਤਾ ਨੇ ਉਨ੍ਹਾਂ ਨੂੰ ਝੁੱਗੀ ਬਣਾਉਣ ਲਈ ਥੋੜ੍ਹੀ ਜਿਹੀ ਥਾਂ ਦਿੱਤੀ ਸੀ ਅਤੇ ਹੁਣ ਲਗਾਤਾਰ ਮੀਂਹ ਕਾਰਨ ਝੁੱਗੀ ਵੀ ਤਬਾਹ ਹੋ ਗਈ ਹੈ। ਪਿੰਕੀ ਦੇਵੀ ਨੇ ਸ਼ੈੱਡ ਥੱਲੇ ਹੀ ਬੱਚੇ ਨੂੰ ਜਨਮ ਦਿੱਤਾ ਅਤੇ ਉਦੋਂ ਤੋਂ ਉਹ ਬਿਮਾਰ ਹੈ। ਲੇਸਲੀਗੰਜ ਪੁਲਸ ਥਾਣੇ ਦੇ ਇੰਚਾਰਜ ਉੱਤਮ ਕੁਮਾਰ ਰਾਏ ਨੇ ਦੱਸਿਆ ਕਿ ਬੱਚੇ ਦਾ ਪਤਾ ਲਗਾਉਣ ਲਈ ਇੱਕ ਪੁਲਸ ਟੀਮ ਲਾਤੇਹਰ ਭੇਜੀ ਗਈ ਸੀ, ਜਿਸ ਨੇ ਬੱਚਾ ਬਰਾਮਦ ਕਰ ਲਿਆ।

## ਸਿਰਸਾ ਤੋਂ ਸੈਂਕੜੇ ਕਾਰਕੁਨ ਮੁਹਾਲੀ ਰੈਲੀ 'ਚ ਪੁੱਜ ਰਹੇ : ਕਸ਼ਯਪ

**ਸ਼ਾਹਕੋਟ (ਗਿਆਨ ਸੈਦਪੁਰੀ)**



ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸਿਰਸਾ ਦੀ ਕਾਰਜਕਰਨੀ ਦੀ ਮੀਟਿੰਗ ਸ਼ਹੀਦ ਟੀਕਾ ਰਾਮ ਸੁਖਨ ਭਵਨ ਸਿਰਸਾ ਦੇ ਸਰਾਭਾ ਭਵਨ ਵਿੱਚ ਹੋਈ। ਸੀ ਪੀ ਆਈ ਦੀ ਹਰਿਆਣਾ ਇਕਾਈ ਦੇ ਸਕੱਤਰ ਦਰਿਆਓ ਸਿੰਘ ਕਸ਼ਯਪ ਨੇ ਦੱਸਿਆ ਕਿ ਮੀਟਿੰਗ, ਜਿਸ ਦੀ ਪ੍ਰਧਾਨਗੀ ਜਗਰੂਪ ਸਿੰਘ ਚੌਬੁਰਜਾ ਨੇ ਕੀਤੀ, ਵਿੱਚ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿੱਚ ਹੋ ਰਹੀ ਪਾਰਟੀ ਕਾਂਗਰਸ ਬਾਰੇ ਵਿਸਥਾਰ ਨਾਲ ਚਰਚਾ ਹੋਈ। ਫੈਸਲਾ ਕੀਤਾ ਗਿਆ ਕਿ 21 ਸਤੰਬਰ ਨੂੰ ਮੁਹਾਲੀ ਵਿੱਚ ਹੋ ਰਹੀ ਵਿਸ਼ਾਲ ਰੈਲੀ ਵਿੱਚ ਸਿਰਸਾ ਜ਼ਿਲ੍ਹੇ ਵਿੱਚੋਂ ਸੈਂਕੜੇ ਕਮਿਊਨਿਸਟ ਕਾਰਕੁਨ ਸ਼ਾਮਿਲ ਹੋਣਗੇ।ਉੱਤਰੀ ਭਾਰਤ ਤੇ ਖਾਸ ਕਰਕੇ ਪੰਜਾਬ ਵਿੱਚ ਭਾਰੀ ਬਾਰਿਸ਼ ਅਤੇ ਭਿਆਨਕ ਹੜ੍ਹਾਂ ਕਾਰਨ ਹੋਏ ਜਾਨੀ ਤੇ ਮਾਲੀ ਨੁਕਸਾਨ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ। ਮੰਗ ਕੀਤੀ ਗਈ ਕਿ ਪੰਜਾਬ, ਹਿਮਾਚਲ, ਹਰਿਆਣਾ ਅਤੇ ਉਤਰਾਖੰਡ ਵਿੱਚ ਆਏ ਭਿਆਨਕ ਹੜ੍ਹਾਂ ਨੂੰ ਰਾਸ਼ਟਰੀ ਆਫਤ ਐਲਾਨਿਆ ਜਾਵੇ।ਮੀਟਿੰਗ ਵਿੱਚ ਸੀ ਪੀ ਆਈ ਦੇ ਸੀਨੀਅਰ ਆਗੂ ਸੁਵਰਨ ਸਿੰਘ ਵਿਰਕ, ਸੰਯੁਕਤ ਸਕੱਤਰ ਤਿਲਕ ਰਾਜ ਵਿਨਾਇਕ, ਡਾਕਟਰ ਸੁਖਦੇਵ ਸਿੰਘ ਜੰਮੂ, ਹਰਦੇਵ ਸਿੰਘ ਜੋਸ਼, ਪ੍ਰੀਤਪਾਲ ਸਿੰਘ ਸਿੱਧੂ, ਬਲਰਾਜ ਸਿੰਘ ਬੰਨੀ ਅਤੇ ਜ਼ਿਲ੍ਹਾ ਕਾਰਜਕਰਨੀ ਦੇ ਬਾਕੀ ਮੈਂਬਰ ਸ਼ਾਮਲ ਹੋਏ।

# ਅਰਸ਼ੀ ਦੀ ਅਪੀਲ 'ਤੇ ਬਰ੍ਹੇ ਪਿੰਡ ਵੱਲੋਂ 75,000 ਰੁਪਏ ਦਾ ਸਹਿਯੋਗ

**ਬੁਢਲਾਡਾ (ਅਸ਼ੋਕ ਲਾਕੜਾ)**-ਬੁਢਲਾਡਾ ਹਲਕੇ ਦੇ ਵੱਡੇ ਤੇ ਇਤਿਹਾਸਕ ਪਿੰਡ ਬਰ੍ਹੇ ਵਿਖੇ ਉਨ੍ਹਾਂ ਅਹਿਮ ਵਿਅਕਤੀਆਂ, ਜੋ ਚੋਣਾਂ ਸਮੇਂ ਹਰਦੇਵ ਸਿੰਘ ਅਰਸ਼ੀ ਦੀ ਧਿਰ ਬਣ ਕੇ ਖੜਦੇ ਰਹੇ ਹਨ, ਦੀ ਇੱਕ ਮਿਲਣੀ ਮਾਸਟਰ ਲਾਭ ਸਿੰਘ ਦੇ ਘਰ ਵਿਖੇ ਹੋਈ।ਇਸ ਮੌਕੇ ਸਾਬਕਾ ਵਿਧਾਇਕ ਅਰਸ਼ੀ ਨੇ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਦੀ ਮਹੱਤਤਾ 'ਤੇ ਰੌਸ਼ਨੀ ਪਾਈ ਤੇ ਉਸ ਦੇ ਪ੍ਰਬੰਧਾਂ 'ਤੇ 21 ਸਤੰਬਰ ਦੀ ਮਹਾਂ-ਰੈਲੀ ਦੀ ਸਫਲਤਾ ਲਈ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਸਮੇਂ ਹਾਜ਼ਰ ਤਹਿਸੀਲ ਸਕੱਤਰ ਵੇਦ ਪ੍ਰਕਾਸ਼ ਨੇ ਦੱਸਿਆ ਕਿ ਮੌਕੇ ਹਾਜ਼ਰ ਕਾਮਰੇਡ ਅਰਸ਼ੀ ਦੇ ਸ਼ੁਭਚਿੰਤਕਾਂ ਵੱਲੋਂ 75000 ਰੁਪਏ ਉਹਨਾ ਨੂੰ ਭੇਟ ਕੀਤੇ ਗਏ। ਚੂਹੜ ਸਿੰਘ ਸਾਬਕਾ ਸਰਪੰਚ ਵੱਲੋਂ ਦਸ ਹਜ਼ਾਰ, ਸਾਧੂ ਸਿੰਘ ਪੰਚ ਦਸ ਹਜ਼ਾਰ, ਨਸੀਬ ਕੌਰ ਦਸ ਹਜ਼ਾਰ, ਵੈਦ ਰਾਮ ਪ੍ਰੀਤ ਦਸ ਹਜ਼ਾਰ, ਮਾਸਟਰ ਲਾਭ ਸਿੰਘ ਦਸ ਹਜ਼ਾਰ, ਦਿਆ ਨੰਦ ਸ਼ਰਮਾ ਦਸ ਹਜ਼ਾਰ, ਗੁਰਜੰਟ ਸਿੰਘ ਪੰਜ ਹਜ਼ਾਰ, ਅਮਰੀਕ ਸਿੰਘ ਪੰਜ ਹਜ਼ਾਰ ਤੇ ਕੁਲਵਿੰਦਰ ਸਿੰਘ ਵੱਲੋਂ ਪੰਜ ਹਜ਼ਾਰ ਰੁਪਏ ਦਾ ਯੋਗਦਾਨ ਪਾਇਆ ਗਿਆ।ਉਹਨਾਂ ਇਹ ਵੀ ਵਿਸ਼ਵਾਸ ਦਿਵਾਇਆ ਕਿ ਫੰਡ ਪੂਰਾ ਇੱਕ ਲੱਖ ਰੁਪਏ ਕੀਤਾ ਜਾਵੇਗਾ ਤੇ 21 ਸਤੰਬਰ ਦੀ ਰੈਲੀ ਵਿੱਚ ਵੀ ਵੱਧ-ਚੜ੍ਹ ਕੇ ਸ਼ਾਮਲ ਹੋਣਗੇ।



## ਹੜ੍ਹ ਪੀੜਤਾਂ ਨੂੰ ਫੌਰੀ ਮੁਆਵਜ਼ਾ ਦਿੱਤਾ ਜਾਵੇ : ਮਾੜੀਮੇਘਾ



**ਭਿੱਖੀਵਿੰਡ** : ਸੀ ਪੀ ਆਈ ਦੀ ਕੌਮੀ ਕਾਂਗਰਸ, ਜੋ 21 ਤੋਂ 25 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਹੈ, ਦੀਆਂ ਤਿਆਰੀਆਂ ਨੂੰ ਅੰਤਮ ਛੋਹਾਂ ਦੇਣ ਲਈ ਸੀ ਪੀ ਆਈ ਬਲਾਕ ਭਿੱਖੀਵਿੰਡ ਦੀ ਮੀਟਿੰਗ ਅਲਗੋਂ ਵਿਖੇ ਬੀਬੀ ਵੀਰੋ ਸਾਂਡਪੁਰਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਦੌਰਾਨ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਕੌਮੀ ਕਾਂਗਰਸ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਅਤੇ ਇਹ ਕਾਂਗਰਸ ਕਮਿਊਨਿਸਟ ਵਿਚਾਰਧਾਰਾ ਨਾਲ ਜੁੜੇ ਲੋਕਾਂ ਲਈ ਰਾਹ-ਦਸੇਰਾ ਹੋਵੇਗੀ।ਕਾਂਗਰਸ ਦੇ ਪਹਿਲੇ ਦਿਨ 21 ਸਤੰਬਰ ਨੂੰ ਮੁਹਾਲੀ ਦਾਣਾ ਮੰਡੀ ਵਿਖੇ ਲਾਮਿਸਾਲ ਰੈਲੀ ਹੋਵੇਗੀ। ਤਰਨ ਤਾਰਨ ਜ਼ਿਲ੍ਹੇ 'ਚੋਂ ਰੈਲੀ ਵਿੱਚ 1000 ਦੇ ਕਰੀਬ ਪਾਰਟੀ ਮੈਂਬਰ ਤੇ ਹਮਦਰਦ ਪਹੁੰਚ ਰਹੇ ਹਨ। ਕਾਂਗਰਸ ਵਿੱਚ ਦੇਸ਼ ਭਰ 'ਚੋਂ ਜੁੜੇ 1000 ਡੈਲੀਗੇਟ 5 ਦਿਨ ਖੁੱਲ੍ਹ ਕੇ ਵਿਚਾਰਾਂ ਕਰਨ ਤੋਂ ਬਾਅਦ ਹਰੇਕ ਮਨੁੱਖ ਲਈ ਰੁਜ਼ਗਾਰ, ਘਰ, ਸਿਹਤ ਅਤੇ ਵਿਦਿਆ ਦੀ ਪ੍ਰਾਪਤੀ ਲਈ ਸੰਘਰਸ਼ ਦੀ ਰੂਪ-ਰੇਖਾ ਉਲੀਕਣਗੇ। ਸੀ ਪੀ ਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਅਤੇ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਨੇ ਕਿਹਾ ਕਿ ਭਿੱਖੀਵਿੰਡ ਬਲਾਕ 'ਚੋਂ ਮੁਹਾਲੀ ਵਿੱਚ ਔਰਤਾਂ ਦਾ ਇੱਕ ਵੱਡਾ ਜਥਾ ਪਹੁੰਚੇਗਾ।ਆਗੂਆਂ ਮੰਗ ਕੀਤੀ ਕਿ ਹੜ੍ਹਾਂ ਨਾਲ ਲੋਕਾਂ ਦੇ ਹੋਏ ਨੁਕਸਾਨ ਦੀ ਫੌਰੀ ਪੂਰਤੀ ਕੀਤੀ ਜਾਵੇ, ਇਸ ਹਾਲਤ ਵਿੱਚ ਨਰੇਗਾ ਕੰਮ ਜਲਦੀ ਸ਼ੁਰੂ ਕੀਤਾ ਜਾਵੇ।ਮੀਟਿੰਗ ਵਿੱਚ ਨਰੇਗਾ ਯੂਨੀਅਨ ਦੇ ਆਗੂ ਟਹਿਲ ਸਿੰਘ ਲੱਧੂ, ਨਿਸ਼ਾਨ ਸਿੰਘ ਵਾਂ ਤੇ ਹਰਜਿੰਦਰ ਕੌਰ ਅਲਗੋਂ ਹਾਜ਼ਰ ਸਨ।

## ਅੱਜ-ਨਾਮਾ

ਹੜ੍ਹ ਪੀੜਤਾਂ ਲਈ ਸਭ ਨੇ ਮਦਦ ਕੀਤੀ,
ਜਾਂਦੀ ਜਿਨ੍ਹਾਂ ਤੋਂ ਪੀੜ ਨਹੀਂ ਜਰੀ ਬੇਲੀ।
ਪੰਜਾਬੀ ਲੋਕਾਂ ਵੀ ਆਣ ਕੇ ਮਦਦ ਕੀਤੀ,
ਹਰਿਆਣੇ ਤੀਕ ਦੇ ਲੋਕਾਂ ਨੇ ਕਰੀ ਬੇਲੀ।
ਸਾਡੇ ਵਿਦੇਸ਼ ਗਏ ਲੋਕੀਂ ਨਾ ਰਹੇ ਪਿੱਛੇ,
ਹੱਦੋਂ ਵੱਧ ਇਮਦਾਦ ਲਿਆ ਧਰੀ ਬੇਲੀ।
ਮੁੱਢ ਤੋਂ ਆਏ ਪੰਜਾਬੀ ਤਾਂ ਇੰਜ ਕਰਦੇ,
ਇਹੀ ਰੱਖੇ ਪੰਜਾਬੀਅਤ ਵੀ ਹਰੀ ਬੇਲੀ।
ਚੰਗੀ ਸੋਹਣੀ ਆ ਪਿਰਤ ਪੰਜਾਬੀਆਂ ਦੀ,
ਜਿਸ ਦੀ ਸਾਰੇ ਸੰਸਾਰ ਵਿੱਚ ਧੁੰਮ ਬੇਲੀ।
ਏਹੀ ਪਿਰਤ ਦਾ ਸਦਕਾ ਪੰਜਾਬੀਅਤ ਦੇ,
ਮੌਤ ਵੀ ਹਾਰਦੀ, ਪੈਰ ਲਏ ਚੁੰਮ ਬੇਲੀ।

-ਤੀਸ ਮਾਰ ਖਾਂ

# ਜਲੰਧਰ ਲਿਟਰੇਰੀ ਫੋਰਮ ਤੇ ਗੁਰਮੀਤ ਸਿੰਘ ਸ਼ੁਗਲੀ ਯਾਦਗਾਰੀ ਟਰੱਸਟ ਵੱਲੋਂ ਸਾਂਝਾ ਸਾਹਿਤਕ ਸਮਾਗਮ

**ਜਲੰਧਰ (ਰਾਜੇਸ਼ ਥਾਪਾ)**



ਜਲੰਧਰ ਲਿਟਰੇਰੀ ਫੋਰਮ ਅਤੇ ਗੁਰਮੀਤ ਸਿੰਘ ਸ਼ੁਗਲੀ ਯਾਦਗਾਰੀ ਟਰੱਸਟ ਨੇ ਸਾਂਝੇ ਤੌਰ 'ਤੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਇੱਕ ਸਾਹਿਤਕ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਬੁਲਾਰੇ ਡਾ. ਜਸ ਮੰਡ ਸਨ, ਜੋ ਕਿ ਕਈ ਕਿਤਾਬਾਂ ਦੇ ਲੇਖਕ ਹੋਣ ਦੇ ਨਾਲ-ਨਾਲ ਇਕ ਵੱਡੇ ਘੁਮੱਕੜ, ਕਾਲਮ ਨਵੀਸ ਅਤੇ ਚਿੱਤਰਕਾਰ ਵੀ ਹਨ। ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਗੁਰਮੀਤ ਸ਼ੁਗਲੀ ਯਾਦਗਾਰੀ ਟਰੱਸਟ ਵਲੋਂ ਐਡਵੋਕੇਟ ਰਾਜਿੰਦਰ ਮੰਡ ਨੇ ਹਾਜ਼ਰ ਦੋਸਤਾਂ ਦਾ ਸਵਾਗਤ ਕੀਤਾ ਅਤੇ ਸਮਾਗਮ ਦੇ ਮੰਤਵ ਤੋਂ ਜਾਣੂ ਕਰਵਾਇਆ।ਗਦਰੀ ਬਾਬਿਆਂ ਦੀ ਵਿਰਾਸਤ ਨੂੰ ਰਿਕਾਰਡ ਕਰਦੇ ਹੋਏ, ਜਲੰਧਰ ਸਾਹਿਤਕ ਮੰਚ ਦੇ ਕਨਵੀਨਰ ਨਵਜੋਤ ਸਿੰਘ ਐਡਵੋਕੇਟ ਨੇ ਜਾਣੂ ਕਰਵਾਇਆ।

ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਉਨ੍ਹਾਂ ਦਾ ਉਪਰਾਲਾ ਹੈ ਕਿ ਇਹੋ ਜਿਹੇ ਸਮਾਗਮ ਇਸ ਸਥਾਨ 'ਤੇ ਵੱਧ ਤੋਂ ਵੱਧ ਆਯੋਜਤ ਹੋਣ। ਜਲੰਧਰ ਲਿਟਰੇਰੀ ਫੋਰਮ ਦੇ ਕਨਵੀਨਰ ਨਵਜੋਤ ਸਿੰਘ ਐਡਵੋਕੇਟ ਨੇ ਆਪਣੇ ਮੰਚ ਦੇ ਮਿਸ਼ਨ ਬਾਰੇ ਜਾਣਕਾਰੀ ਦੇਂਦੇ ਹੋਏ ਇਸ ਗੱਲ ਦਾ ਫਖਰ ਮਹਿਸੂਸ ਕੀਤਾ ਕਿ ਇਹ ਸਮਾਗਮ ਦੇਸ਼ ਭਗਤ ਯਾਦਗਾਰ ਹਾਲ ਵਰਗੇ ਵੱਕਾਰੀ ਸਥਾਨ 'ਤੇ ਹੋ ਰਿਹਾ ਹੈ। ਐਡਵੋਕੇਟ ਜੇ ਪੀ ਸਿੰਘ ਨੇ ਲੇਖਕ ਅਤੇ ਉਸ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਡਾ. ਜਸ ਮੰਡ ਨੇ ਅੰਟਾਰਕਟਿਕਾ ਬਾਰੇ ਆਪਣੇ ਪੀ ਐੱਚ. ਡੀ ਥੀਸਿਸ ਬਾਰੇ ਸੰਖੇਪ ਵਿਚ ਗੱਲ ਕਰਨ ਤੋਂ ਬਾਅਦ ਆਪਣੀ ਕਿਤਾਬ 'ਦ ਸੀਕਰੇਟ ਆਫ਼ ਹੈਪੀਨੈੱਸ' ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਵਿਚ ਉਨ੍ਹਾਂ ਖੁਸ਼ੀ ਦੇ ਵਿਗਿਆਨਕ ਪੱਖਾਂ ਨੂੰ ਉਭਾਰਿਆ ਹੈ।ਫੇਰ ਉਨ੍ਹਾਂ ਨੇ ਆਪਣੇ ਤਿੰਨ ਸਫਰਨਾਮਿਆਂ ਬਾਰੇ ਜਾਣਕਾਰੀ ਦੇਣ ਤੋਂ ਬਾਅਦ ਆਪਣੇ ਸਫਰਨਾਮੇ ਵਿੱਚੋਂ ਇਕ ਟੋਟਾ ਪੜ੍ਹ ਕੇ ਵੀ ਸੁਣਾਇਆ।ਜਸ ਮੰਡ ਨਾਲ ਸਵਾਲ-ਜੁਆਬ ਦੇ ਸੈਸ਼ਨ ਵਿਚ ਬਲਬੀਰ ਪਰਵਾਨਾ, ਕੁਲਵੰਤ ਸਿੰਘ ਸੰਧੂ, ਮੱਖਣ ਮਾਨ, ਬੀਰ ਰਹੀਮਪੁਰੀ, ਸੁਰਿੰਦਰ ਕੁਮਾਰੀ ਕੋਛੜ, ਰਾਜੇਸ਼ ਥਾਪਾ, ਜਤਿੰਦਰ ਪੰਮੀ, ਮੇਹਰ ਮਲਿਕ, ਇਮਰਾਨ ਖਾਨ, ਅਜੇ ਟੰਡਨ, ਸੁਰਜੀਤ ਸਿੰਘ ਰਾਣਾ, ਪਰਵੀਨ ਚੋਪੜਾ, ਸਮਰਾਟ, ਗੁਲਸ਼ਨ ਜਿੰਦਲ, ਧਰੁਵ ਮੌਦਗਿਲ, ਪ੍ਰਦੀਪ ਤਲਵਾਰ, ਸੰਨੀ ਕੁਮਾਰ, ਸੁਰਿੰਦਰ ਸਿੰਘ ਸੈਣੀ ਅਤੇ ਹੋਰਨਾਂ ਨੇ ਹਿੱਸਾ ਲਿਆ।ਅੰਤ ਵਿੱਚ ਮੰਚ ਦੇ ਜਨਰਲ ਸਕੱਤਰ ਪਰਮਿੰਦਰ ਸਿੰਘ ਵਿਗ ਨੇ ਧੰਨਵਾਦ ਦਾ ਮਤਾ ਪੜ੍ਹਿਆ ਅਤੇ ਭਰੋਸਾ ਦਿਵਾਇਆ ਕਿ ਮੰਚ ਵੱਲੋਂ ਸਾਹਿਤਕ ਸਮਾਗਮਾਂ ਦਾ ਆਯੋਜਨ ਨਿਰੰਤਰ ਕੀਤਾ ਜਾਵੇਗਾ। ਸਮਾਗਮ ਦੀ ਸਾਰੀ ਕਾਰਵਾਈ ਨੂੰ ਫੇਸਬੁੱਕ 'ਤੇ ਲਾਈਵ-ਸਟ੍ਰੀਮ ਕੀਤਾ ਗਿਆ। ਪ੍ਰਬੰਧਕਾਂ ਨੇ ਡਾ. ਮੰਡ ਨੂੰ ਪਾਓਲੋ ਕੋਏਲਹੋ ਦੁਆਰਾ ਲਿਖੀ ਕਿਤਾਬ 'ਦ ਆਰਚਰ' ਭੇਟ ਕਰਕੇ ਸਨਮਾਨਿਤ ਕੀਤਾ।

## ਪੰਜਾਬ ਇਸਤਰੀ ਸਭਾ ਤੇ ਨਾਰੀ ਚੇਤਨਾ ਮੰਚ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ



**ਜਲੰਧਰ** : ਪੰਜਾਬ ਇਸਤਰੀ ਸਭਾ ਦੇ ਸੂਬਾ ਜਨਰਲ ਸਕੱਤਰ ਨਰਿੰਦਰ ਸੋਹਲ ਅਤੇ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਕਰਨ ਦੀ ਕੀਤੀ ਗਈ ਅਪੀਲ 'ਤੇ ਪੰਜਾਬ ਇਸਤਰੀ ਸਭਾ ਦੇ ਆਗੂ, ਨਾਰੀ ਚੇਤਨਾ ਮੰਚ ਦੇ ਸਹਿਯੋਗ ਨਾਲ, ਜਿਸ ਦੀ ਅਗਵਾਈ ਡਾਕਟਰ ਇੰਦਰਾ ਵਿਰਕ ਕਰ ਰਹੇ ਸਨ, ਸਮਾਨ ਲੈ ਕੇ ਸੁਲਤਾਨਪੁਰ ਲੋਧੀ ਪਹੁੰਚੇ ਅਤੇ ਫਾਈਵ ਰਿਵਰਜ਼ ਹਾਰਟ ਐਸੋਸੀਏਸ਼ਨ, ਜਿਸ ਦੇ ਮੁਖੀ ਡਾਕਟਰ ਸਵੈਮਾਨ ਸਿੰਘ ਹਨ, ਨੂੰ ਸੌਂਪਿਆ। ਇਸ ਵਿੱਚ ਦਵਾਈਆਂ, ਚਾਦਰਾਂ, ਜੁੱਤੀਆਂ ਅਤੇ ਲੋਕਾਂ ਕੋਲੋਂ ਇਕੱਠੇ ਕੀਤੇ ਗਏ ਸੀਤੇ ਹੋਏ ਵਧੀਆ ਹਾਲਤ ਵਿੱਚ ਸੂਟ ਸਨ। ਉਥੇ ਸਿੱਧਾ ਸਮਾਨ ਨਹੀਂ ਸੀ ਵੰਡਿਆ ਜਾ ਸਕਦਾ, ਕਿਉਂਕਿ ਪਤਾ ਨਹੀਂ ਲੱਗਦਾ ਸੀ ਕਿ ਕੌਣ ਪੀੜਤ ਹੈ ।ਇਸ ਕਰਕੇ ਡਾਕਟਰ ਸਵੈਮਾਨ ਦੀ ਟੀਮ ਨੂੰ ਇਹ ਸਮਾਨ ਦਿੱਤਾ ਗਿਆ, ਕਿਉਂਕਿ ਉਹ ਬੇੜੀ ਰਾਹੀਂ ਪਾਣੀ ਵਿੱਚ ਘਿਰੇ ਹੋਏ ਪਿੰਡਾਂ ਵਿੱਚ ਜਾਂਦੇ ਹਨ ਅਤੇ ਘਰ-ਘਰ ਜਾ ਕੇ ਸਮਾਨ ਦਿੰਦੇ ਹਨ ।ਜਦੋਂ ਸਮਾਨ ਰ ਾ ਹ

• ਬਾਕੀ ਸਫਾ 2 'ਤੇ

# ਗੌਰਵ ਨੇ ਸਿਕੰਦਰ ਨੂੰ ਚਿੱਤ ਕਰਕੇ ਝੰਡੀ ਦੀ ਕੁਸ਼ਤੀ ਵਾਲਾ ਟ੍ਰੈਕਟਰ ਜਿੱਤਿਆ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਬੀਤੇ ਦਿਨ ਪਿੰਡ ਗੜ੍ਹੀ ਅਜੀਤ ਸਿੰਘ ਵਿਖੇ ਹੋਏ ਕੁਸ਼ਤੀ ਮੁਕਾਬਲੇ ਵਿੱਚ ਗੌਰਵ ਪਹਿਲਵਾਨ ਦਾ ਮੁਕਾਬਲਾ ਮੁੱਲਾਂਪੁਰ ਗਰੀਬ ਦਾਸ ਅਖਾੜੇ ਦੇ ਪਹਿਲਵਾਨ ਸਿਕੰਦਰ ਵਿਚਕਾਰ ਹੋਇਆ। ਦੋਵੇਂ ਪਹਿਲਵਾਨਾਂ ਵਿੱਚ 10 ਮਿੰਟ ਦੇ ਫਸਵੇਂ ਮੁਕਾਬਲੇ ਦੌਰਾਨ ਮਾਛੀਵਾੜਾ ਦੇ ਪਹਿਲਵਾਨ ਗੌਰਵ ਨੇ ਸਿਕੰਦਰ ਨੂੰ ਚਿੱਤ ਕਰ ਦਿੱਤਾ। ਪ੍ਰਬੰਧਕਾਂ ਵੱਲੋਂ ਇਸ ਝੰਡੀ ਦੀ ਕੁਸ਼ਤੀ 'ਤੇ ਟ੍ਰੈਕਟਰ ਇਨਾਮ ਵਜੋਂ ਰੱਖਿਆ ਗਿਆ ਸੀ, ਜਿਸ ਨੂੰ ਗੌਰਵ ਨੇ ਆਪਣੇ ਨਾਮ ਕਰ ਲਿਆ। ਮਾਛੀਵਾੜਾ ਦਾ ਗੌਰਵ ਪਹਿਲਵਾਨ ਇਸ ਤੋਂ ਪਹਿਲਾਂ ਹਾਰਿਆਣਾ ਤੇ ਦੇਸ਼ ਦੇ ਹੋਰਨਾਂ ਸੂਬਿਆਂ ਵਿੱਚ ਜਾ ਕੇ ਵੱਡੇ ਨਾਮੀ ਪਹਿਲਵਾਨਾਂ ਨੂੰ ਜਿੱਤ ਕਰ ਚੁੱਕਾ ਹੈ ਅਤੇ 'ਹਿੰਦ ਕੇਸਰੀ' ਤੇ 'ਭਾਰਤੀ ਕੇਸਰੀ' ਖਿਤਾਬ ਵੀ ਜਿੱਤ ਚੁੱਕਾ ਹੈ।

# ਗੁਰਦੁਆਰਾ ਰਕਾਬਗੰਜ ਦੇ ਚੇਅਰਮੈਨ ਵੱਲੋਂ ਹੜ੍ਹ ਪ੍ਰਭਾਵਿਤ ਇਲਾਕੇ ਦਾ ਦੌਰਾ



ਪਟਿਆਲਾ (ਥਿੰਦ)- ਪਟਿਆਲਾ ਲੋਕ ਸਭਾ ਇੰਚਾਰਜ ਤੇ ਪੰਜਾਬ ਐਗਰੋ ਫੂਡ ਗ੍ਰੇਨਜ਼ ਲਿਮਟਿਡ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਦਿੱਲੀ ਤੋਂ ਆਏ ਗੁਰਦੁਆਰਾ ਰਕਾਬਗੰਜ ਦੇ ਚੇਅਰਮੈਨ ਕੁਲਵਿੰਦਰ ਸਿੰਘ ਤੇ ਉਨ੍ਹਾਂ ਦੀ ਟੀਮ ਨਾਲ ਪਟਿਆਲਾ ਜ਼ਿਲ੍ਹੇ ਦੇ ਹੜ੍ਹ ਮਾਰੂ ਇਲਾਕਿਆਂ ਵਿੱਚ ਜਾ ਕੇ ਦੌਰਾ ਕੀਤਾ ਤੇ ਉਨ੍ਹਾਂ ਨੂੰ ਦਿਖਾਇਆ ਕਿ ਕਈ ਪਿੰਡ ਜਿਵੇਂ ਸ਼ੇਖਪੁਰਾ, ਜਲਾਹ ਖੇੜੀ, ਸਾਧੂ ਨਗਰ ਤੇ ਹਰਿਆਣਾ ਅਤੇ ਪੰਜਾਬ ਬਾਰਡਰ ਏਰੀਆ ਵਿੱਚ ਹੜ੍ਹਾਂ ਦੀ ਮਾਰ ਹੈ ਅਤੇ ਫਸਲਾਂ ਦਾ ਵੀ ਨੁਕਸਾਨ ਹੋਇਆ ਹੈ।ਕੁਲਵਿੰਦਰ ਸਿੰਘ ਨੇ ਇੱਥੇ ਦੱਸਿਆ ਕਿ ਉਨ੍ਹਾਂ ਦੇ ਇਸ ਦੌਰੇ ਦਾ ਮਕਸਦ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਹਾਲਾਤਾਂ ਦਾ ਜਾਇਜ਼ਾ ਲੈਣਾ ਹੈ ਤਾਂ ਜੋ ਉਨ੍ਹਾਂ ਦੇ ਨੁਕਸਾਨ ਦੀ ਪੂਰਤੀ ਕਾਰਵਾਈ ਜਾਵੇ।ਉਨ੍ਹਾਂ ਕਿਹਾ ਕਿ ਦਿੱਲੀ ਦੀ ਸੰਗਤ ਚਾਹੁੰਦੀ ਹੈ ਕਿ ਪੰਜਾਬ ਵਿੱਚ ਹੜ੍ਹਾਂ ਨਾਲ ਜੋ ਨੁਕਸਾਨ ਹੋਇਆ ਹੈ, ਉਸ ਵਿੱਚ ਵੱਧ ਤੋਂ ਵੱਧ ਉਹ ਕੀ ਮਦਦ ਕਰ ਸਕਦੇ ਹਨ ਅਤੇ ਉੱਥੇ ਦੇ ਲੋਕਾਂ ਨੂੰ ਕਿਸ ਤਰ੍ਹਾਂ ਦੀ ਮਦਦ ਦੀ ਲੋੜ ਹੈ ਤਾਂ ਕਿ ਉਸ ਅਨੁਸਾਰ ਰਸਦ ਤੇ ਸਾਮਾਨ ਭੇਜਿਆ ਜਾ ਸਕੇ। ਬਲਜਿੰਦਰ ਸਿੰਘ ਢਿੱਲੋਂ ਆਪਣੀ ਟੀਮ ਨਾਲ ਪਿਛਲੇ ਕਈ ਦਿਨਾਂ ਤੋਂ ਪਟਿਆਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਸਰਗਰਮ ਹਨ ਤੇ ਹੜ੍ਹ ਪੀੜਤਾਂ ਨੂੰ ਮਿਲ ਰਹੇ ਹਨ ਅਤੇ ਰਾਸ਼ਨ ਤੇ ਲੋੜੀਂਦੀਆਂ ਰੋਜ਼ਮਰ੍ਹਾ ਦੀ ਵਸਤਾਂ ਮੁਹੱਈਆ ਕਰਾਉਣ ਲਈ ਵਿਉਂਤਬੰਦੀ ਬਣਾ ਰਹੇ ਹਨ।ਇਸ ਮੌਕੇ ਮਦਨ ਮੋਹਨ ਜੁਲਕਾਂ ਸਾਬਕਾ ਸਰਪੰਚ, ਅੰਗਰੇਜ਼ ਸਿੰਘ ਮੈਂਬਰ ਬੀਸੀ ਵਿੰਗ, ਜਸਵਿੰਦਰ ਸਿੰਘ, ਜਗਤਾਰ ਸਿੰਘ ਪਿੰਡ ਵਾਸੀਆਂ ਤੋਂ ਇਲਾਵਾ ਹੋਰ ਸਾਥੀ ਮੌਜੂਦ ਸਨ।

# ਨਸ਼ਾ ਮੁਕਤੀ ਮੋਰਚਾ ਦੀ ਟੀਮ ਨੇ ਵਿਧਾਇਕ ਨੂੰ ਸਹਾਇਤਾ ਰਾਸ਼ੀ ਦਾ ਚੈੱਕ ਸੌਂਪਿਆ



ਬੱਸੀ ਪਠਾਣਾ (ਪ੍ਰਮੋਦ ਭਾਰਦਵਾਜ)-ਪਹਾੜੀ ਖੇਤਰਾਂ ਵਿੱਚ ਪਿਛਲੇ ਕਈ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਕਾਰਨ ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਰਾਹਤ ਸਮੱਗਰੀ ਪਹੁੰਚਾਉਣ ਤੇ ਹੜ੍ਹ ਪ੍ਰਭਾਵਿਤ ਲੋਕਾਂ ਦੇ ਮੁੜ ਵਸੇਬੇ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਦ੍ਰਿੜ੍ਹ ਹੈ।ਇਹ ਪ੍ਰਗਟਾਵਾ ਵਿਧਾਇਕ ਬਸੀ ਪਠਾਣਾ ਰੁਪਿੰਦਰ ਸਿੰਘ ਹੈਪੀ ਨੇ ਆਪਣੇ ਦਫਤਰ ਵਿਖੇ ਨਸ਼ਾ ਮੁਕਤੀ ਮੋਰਚਾ ਦੇ ਬਸੀ ਪਠਾਣਾ ਯੂਨਿਟ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਦੱਸਿਆ ਕਿ ਸੰਕਟ ਦੀ ਇਸ ਘੜੀ ਵਿੱਚ ਹੜ੍ਹ ਪੀੜਤ ਪਰਵਾਰਾਂ ਦੀ ਮਦਦ ਲਈ ਸਮਾਜ ਸੇਵੀ ਸੰਸਥਾਵਾਂ ਵੀ ਵਧ ਚੜ੍ਹ ਕੇ ਅੱਗੇ ਆ ਰਹੀਆਂ ਹਨ ਅਤੇ ਨਸ਼ਾ ਮੁਕਤੀ ਮੋਰਚਾ ਦੇ ਬਸੀ ਪਠਾਣਾ ਯੂਨਿਟ ਵੱਲੋਂ ਮਦਦ ਲਈ ਅੱਗੇ ਆਉਣ 'ਤੇ ਉਹ ਧੰਨਵਾਦੀ ਹਨ।ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਪਰਵਾਰਾਂ ਦੇ ਨਾਲ ਖੜ੍ਹੀ ਹੈ ਤੇ ਕਿਸੇ ਵੀ ਪੱਧਰ ਉੱਤੇ ਮਦਦ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਬਸੀ ਪਠਾਣਾ ਵਿਖੇ ਕਾਰਜਸ਼ੀਲ ਨਸ਼ਾ ਮੁਕਤੀ ਮੋਰਚਾ ਦੇ ਅਹੁਦੇਦਾਰਾਂ ਵੱਲੋਂ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੂੰ ਮੁੱਖ ਮੰਤਰੀ ਰਿਲੀਫ ਫੰਡ ਲਈ ਸਹਾਇਤਾ ਰਾਸ਼ੀ ਦਾ ਚੈੱਕ ਸੌਂਪਿਆ ਗਿਆ ਤੇ ਭਵਿੱਖ ਵਿੱਚ ਵੀ ਅਜਿਹੇ ਸਮਾਜ ਸੇਵੀ ਕਾਰਜਾਂ ਵਿੱਚ ਵਧ ਚੜ੍ਹ ਕੇ ਯੋਗਦਾਨ ਪਾਉਣ ਦਾ ਵਿਸ਼ਵਾਸ ਦਿਵਾਇਆ ਗਿਆ।

# ਲੋਕਾਂ ਨਾਲ ਸਿੱਧੇ ਤੌਰ 'ਤੇ ਰਾਬਤਾ ਕਾਇਮ ਕਰਕੇ ਕੀਤਾ ਜਾਂਦਾ ਹੈ ਮੁਸ਼ਕਿਲਾਂ ਦਾ ਹੱਲ : ਸਪੀਕਰ ਸੰਧਵਾਂ



ਕੋਟਕਪੂਰਾ (ਰਛਪਾਲ ਭੁੱਲਰ)-ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਲੋਕ ਮਿਲਣੀ ਪ੍ਰੋਗਰਾਮ ਲਗਾਤਾਰ ਕੀਤੇ ਜਾ ਰਹੇ ਹਨ, ਤਾਂ ਜੋ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਸੁਣੀਆਂ ਜਾਣ ਅਤੇ ਉਨ੍ਹਾਂ ਦਾ ਮੌਕੇ ਤੇ ਹੱਲ ਕੀਤਾ ਜਾ ਸਕੇ। ਇਹ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਆਪਣੇ ਨਿਵਾਸ ਸਥਾਨ ਪਿੰਡ ਸੰਧਵਾਂ ਵਿਖੇ ਵਿਸ਼ੇਸ਼ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕਰਨ ਮੌਕੇ ਕੀਤਾ।ਸ. ਸੰਧਵਾ ਨੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਹਲਕੇ ਦੇ ਵੱਖ-ਵੱਖ ਇਲਾਕਿਆਂ ਤੋਂ ਆਏ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਨੂੰ ਮੌਕੇ ਤੇ ਹੀ ਹੱਲ ਕੀਤਾ ਗਿਆ ਅਤੇ ਬਾਕੀ ਰਹਿੰਦੀਆਂ ਮੁਸ਼ਕਿਲਾਂ ਦੇ ਹੱਲ ਲਈ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਰਹਿੰਦੇ ਸਮੇਂ ਵਿਚ ਬਾਕੀ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਵੀ ਰਸਤਾ ਲੱਭ ਕੇ ਉਨ੍ਹਾਂ ਨੂੰ ਵੀ ਜਲਦ ਤੋਂ ਹੱਲ ਕਰ ਦਿੱਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਆਪਣੇ ਕੰਮ ਸਬੰਧੀ ਕੋਈ ਮੁਸ਼ਕਲ ਆ ਰਹੀ ਹੋਵੇ, ਤਾਂ ਉਹ ਇਨ੍ਹਾਂ ਲੋਕ ਮਿਲਣੀ ਪ੍ਰੋਗਰਾਮਾਂ ਵਿੱਚ ਆ ਕੇ ਆਪਣੀ ਗੱਲ ਰੱਖ ਸਕਦੇ ਹਨ। ਇਹ ਪ੍ਰੋਗਰਾਮ ਲੋਕਾਂ ਨੂੰ ਸਰਕਾਰ ਨਾਲ ਸਿੱਧੇ ਜੁੜਨ ਦਾ ਮੌਕਾ ਦਿੰਦੇ ਹਨ।

# ਡਾ. ਬਲਬੀਰ ਸਿੰਘ ਨੇ ਹੜ੍ਹ ਪ੍ਰਭਾਵਤ ਖੇਤਰਾਂ 'ਚ ਮੈਡੀਕਲ ਕਿੱਟਾਂ ਵੰਡੀਆਂ



ਦੂਧਨਸਾਧਾਂ, ਦੇਵੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਹੜ੍ਹਾਂ ਦੀ ਮੌਜੂਦਾ ਸਥਿਤੀ ਨੂੰ ਦੇਖਦਿਆਂ ਪਾਣੀ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਪਟਿਆਲਾ ਜਿਲ੍ਹੇ ਦੇ ਪਿੰਡਾਂ ਬਹਿਲ, ਮਹਿਮੂਦਪੁਰ, ਜੁਲਾਹਖੇੜੀ ਤੇ ਦੁਧਨ ਸਾਧਾਂ ਵਿਖੇ ਆਸ਼ਾ ਵਰਕਰਾਂ ਨੂੰ ਪਿੰਡਾਂ ਵਿਚ ਘਰ-ਘਰ ਜਾ ਕੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਟੀਮਾਂ ਬਣਾ ਕੇ ਮੁਹਿੰਮ ਚਲਾਉਣ ਲਈ ਕਿਹਾ। ਸਿਹਤ ਮੰਤਰੀ ਨੇ ਆਸ਼ਾ ਵਰਕਰਾਂ ਨੂੰ ਫੂਡ ਤੇ ਦਵਾਈਆਂ ਦੀਆਂ ਕਿੱਟਾਂ ਵੀ ਵੰਡੀਆਂ, ਜੋ ਹੜ੍ਹ ਪ੍ਰਭਾਵਤ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਬਿਮਾਰੀਆਂ ਦੀ ਰੋਕਥਾਮ ਸਰਕਾਰ ਦੀ ਪਹਿਲੀ ਤਰਜ਼ੀਹ ਹੈ।ਉਨ੍ਹਾਂ ਡਿਸਪੈਂਸਰੀ ਵਿੱਚ ਆਏ ਮਰੀਜਾਂ ਨੂੰ ਖੁਦ ਦਵਾਈਆਂ ਵੰਡੀਆਂ।ਸਿਹਤ ਮੰਤਰੀ ਨੇ ਕਿਹਾ ਕਿ ਜੇਕਰ ਕਿਸੇ ਨੂੰ ਡੇਂਗੂ ਸਮੇਤ ਮੱਛਰਾਂ ਦੇ ਕੱਟਣ ਤੇ ਗੰਦੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ, ਸੱਪ ਦੇ ਡੱਸਣ, ਕੁੱਤੇ ਤੇ ਬਾਂਦਰ ਦੇ ਕੱਟਣ ਆਦਿ ਵਰਗੀ ਕੋਈ ਦਿੱਕਤ ਆਉਂਦੀ ਹੈ ਤਾਂ ਸਿਹਤ ਸਬੰਧੀ ਐਮਰਜੈਂਸੀ ਦੀ ਸਥਿਤੀ ਵਿਚ ਤੁਰੰਤ 104 ਹੈਲਪਲਾਈਨ ਨੰਬਰ 'ਤੇ ਸੰਪਰਕ ਕੀਤਾ ਜਾਵੇ ਤਾਂ ਜੁ ਉਨ੍ਹਾਂ ਨੂੰ ਤੁਰੰਤ ਮਦਦ ਮਿਲ ਸਕੇ।ਉਨ੍ਹਾਂ ਕਿਹਾ ਕਿ ਸੱਪ ਦੇ ਕੱਟੇ ਤੋਂ ਬਾਅਦ ਜ਼ਖ਼ਮ ਨੂੰ ਸਾਬਣ ਨਾਲ ਚੰਗੀ ਤਰ੍ਹਾਂ ਧੋਣਾ ਚਾਹੀਦਾ ਹੈ।ਸਿਹਤ ਮੰਤਰੀ ਨੇ ਦੁੱਧਨ ਸਾਧਾਂ ਦੇ ਹੈਲਥ ਸੈਂਟਰ ਦਾ ਦੌਰਾ ਵੀ ਕੀਤਾ।ਉਨ੍ਹਾਂ ਵਾਰਡਾਂ 'ਚ ਜਾ ਕੇ ਮਰੀਜ਼ਾਂ ਦਾ ਹਾਲ ਪੁੱਛਿਆ।ਉਥੇ ਹੀ ਉਨ੍ਹਾਂ ਪਿੰਡ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੀ ਸੁਣਿਆ ਤੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਅਧਿਕਾਰੀਆਂ ਨੂੰ ਦਿੱਤੇ।



ਹੜ੍ਹ ਪੀੜਤਾਂ ਦੀ ਸਹਾਇਤਾ ਲਈ ਲਹਿਰਾ ਮੁਹੱਬਤ ਵਿਖੇ ਪਿਛਲੇ ਦੋ ਦਿਨਾਂ ਤੋਂ ਪਿੰਡ ਵਾਸੀਆਂ ਵੱਲੋਂ ਇਕੱਠੇ ਹੋ ਕੇ ਘਰ-ਘਰ ਜਾ ਕੇ ਰਾਸ਼ਨ ਤੇ ਸਹਾਇਤਾ ਫੰਡ ਇਕੱਠਾ ਕਰਨ ਦੀ ਮੁਹਿੰਮ ਚਲਾਈ ਹੋਈ ਹੈ। ਇਸ ਕਾਰਜ ਲਈ ਨਗਰ ਵਾਸੀਆਂ ਵੱਲੋਂ ਭਰਪੂਰ ਹੁੰਗਾਰਾ ਦਿੱਤਾ ਜਾ ਰਿਹਾ ਹੈ। ਇਹ ਇਕੱਠਾ ਕੀਤਾ ਰਾਸ਼ਨ ਵਗੈਰਾ ਹੜ੍ਹ ਪੀੜਤ ਇਲਾਕਿਆਂ ਵਿੱਚ ਜਾ ਕੇ ਵੰਡਿਆ ਜਾਵੇਗਾ। (ਤਸਵੀਰ ਤੇ ਵੇਰਵਾ : ਭੀਮਸੈਨ ਹਦਵਾਰੀਆ, ਲਹਿਰਾ ਮੁਹੱਬਤ)

# ਹੜ੍ਹ ਨਾਲ ਜੂਝ ਰਹੇ ਕਿਸਾਨਾਂ ਕੋਲ ਖਤਮ ਹੋਇਆ ਪਸ਼ੂ ਚਾਰਾ : ਹਨੀ ਫੱਤਣਵਾਲਾ

## ਜ਼ਿਲ੍ਹੇ ਦੇ ਕੁਝ ਪਿੰਡਾਂ 'ਚ ਬਾਰਸ਼ ਕਾਰਨ ਬਣੇ ਨਾਜ਼ੁਕ ਹਾਲਾਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੰਜਾਬ ਦੇ ਬਹੁਤ ਸਾਰੇ ਪਿੰਡ ਇਨ੍ਹੀਂ ਦਿਨੀਂ ਹੜ੍ਹਾਂ ਦੀ ਸਥਿਤੀ ਨਾਲ ਜੂਝ ਰਹੇ ਹਨ ਤੇ ਲੋਕ ਆਪ ਮੁਹਾਰੇ ਲੋਕਾਂ ਦੀ ਮੱਦਦ ਕਰਨ ਲਈ ਪਹੁੰਚ ਰਹੇ ਹਨ।ਜੇਕਰ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਪਿੰਡਾਂ ਦੀ ਗੱਲ ਕਰੀਏ ਤਾਂ ਸ਼੍ਰੀ ਮੁਕਤਸਰ ਸਾਹਿਬ ਦੇ ਕੁਝ ਕੁ ਪਿੰਡਾਂ 'ਚ ਬਾਰਿਸ਼ ਦਾ ਪਾਣੀ ਜਮ੍ਹਾਂ ਹੋਇਆ, ਜਿਸ ਕਾਰਨ ਕਿਸਾਨਾਂ ਦੀ ਝੋਨੇ ਦੀ ਫਸਲ 'ਤੇ ਬੁਰਾ ਅਸਰ ਪਿਆ ਤੇ ਪਸ਼ੂਆਂ ਦਾ ਚਾਰਾ ਤਾਂ ਲਗਭਗ ਖਤਮ ਹੋ ਚੁੱਕਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪਿੰਡ ਗੁਲਾਬੇ ਵਾਲਾ, ਲੰਬੀ ਢਾਬ ਤੇ ਖੱਪਿਆਂਵਾਲੀ ਪਿੰਡਾਂ ਦਾ ਦੌਰਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਉਕਤ ਪਿੰਡਾਂ ਦੇ ਲੋਕ ਹੜ੍ਹਾਂ ਜਿਹੀ ਸਥਿਤੀ ਕਾਰਨ ਵੱਡੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਖੇਤਾਂ ਵਿੱਚ ਆਏ ਬਾਰਿਸ਼ ਦੇ ਜ਼ਿਆਦਾ ਪਾਣੀ ਕਾਰਨ ਉਨ੍ਹਾਂ ਦੀ ਝੋਨੇ ਦੀ ਫਸਲ ਖਰਾਬ ਹੋਣ ਕਿਨਾਰੇ ਹੈ ਤੇ ਪਸ਼ੂਆਂ ਦਾ ਚਾਰਾ ਤਾਂ ਬਿੱਲਕੁਲ ਖਤਮ ਹੋ ਚੁੱਕਾ ਹੈ। ਇਸ ਮੌਕੇ ਕਿਸਾਨਾਂ ਨੇ ਹਨੀ ਫੱਤਣਵਾਲਾ ਨੂੰ ਆਪਣੀਆਂ ਸਮੱਸਿਆਵਾਂ ਦੱਸਦੇ ਹੋਏ ਕਿਹਾ ਕਿ ਅਜਿਹੇ ਹਾਲਾਤਾਂ 'ਚ ਪਸ਼ੂਆਂ ਲਈ ਉਨ੍ਹਾਂ ਨੂੰ ਸ਼ਹਿਰ ਤੋਂ ਮਹਿੰਗੇ ਭਾਅ ਦੀ ਫੀਡ ਲੈਣੀ ਪੈ ਰਹੀ ਹੈ, ਜਿਸ ਕਾਰਨ ਉਨ੍ਹਾਂ 'ਤੇ ਆਰਥਿਕ ਬੋਝ ਵੱਧਦਾ ਜਾ ਰਿਹਾ ਤੇ ਕਿਸਾਨ ਤਾਂ ਪਹਿਲਾਂ ਹੀ ਆਰਥਿਕ ਮੰਦੀ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ।ਪਿੰਡਾਂ ਵਿੱਚ ਮਕਾਨਾਂ ਦਾ ਵੀ ਕਾਫ਼ੀ ਨੁਕਸਾਨ ਹੋਇਆ ਹੈ। ਇਸ ਮੌਕੇ ਹਨੀ ਫੱਤਣਵਾਲਾ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਨ੍ਹਾਂ ਪਿੰਡਾਂ ਦੀ ਸਾਰ ਲਈ ਜਾਵੇ। ਉਨ੍ਹਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਇਨ੍ਹਾਂ ਪਿੰਡਾਂ 'ਚ ਪਸ਼ੂਆਂ ਲਈ ਚਾਰੇ ਦੀ ਮਦਦ ਕੀਤੀ ਜਾਵੇ।ਇਸ ਮੌਕੇ ਜਸਵੀਰ ਸਿੰਘ, ਗੁਰਮੀਤ ਮੈਂਬਰ, ਮੰਗਲ ਸਿੰਘ ਤੇ ਗਗਨ ਸੰਧੂ ਤੋਂ ਇਲਾਵਾ ਹੋਰ ਵੀ ਪਿੰਡ ਵਾਸੀ ਮੌਜੂਦ ਸਨ।

# ਮਾਨਵਤਾ ਦੀ ਸਭ ਤੋਂ ਵੱਡੀ ਸੇਵਾ ਨਿਸ਼ਕਾਮ ਦਾਨ : ਡੀ ਸੀ

*ਹੜ੍ਹ ਪੀੜਤਾਂ ਦੀ ਮਦਦ ਲਈ 8 ਟਰਾਲੀਆਂ ਰਾਸ਼ਨ ਤੇ ਚਾਰਾ ਰਵਾਨਾ*

ਬਠਿੰਡਾ (ਪਰਵਿੰਦਰ ਜੀਤ ਸਿੰਘ)
ਸੰਸਾਰ 'ਤੇ ਜੇਕਰ ਨਜ਼ਰ ਮਾਰੀ ਜਾਵੇ ਤਾਂ ਮਾਨਵਤਾ ਦੀ ਸਭ ਤੋਂ ਵੱਡੀ ਸੇਵਾ ਨਿਸ਼ਕਾਮ ਦਾਨ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡੀ ਸੀ ਸ੍ਰੀ ਰਾਜੇਸ਼ ਧੀਮਾਨ ਨੇ ਜ਼ਿਲ੍ਹੇ ਦੇ ਪਿੰਡ ਤੁੰਗਵਾਲੀ ਦੀ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਾਂਝੇ ਉਦਮ ਸਦਕਾ ਹੜ੍ਹ ਪੀੜਤ ਖੇਤਰਾਂ ਦੇ ਲੋਕਾਂ ਦੀ ਮਦਦ ਲਈ 8 ਟਰਾਲੀਆਂ ਨੂੰ ਰਵਾਨਾ ਕਰਨ ਉਪਰੰਤ ਕੀਤਾ।ਰਵਾਨਾ ਕੀਤੀਆਂ ਟਰਾਲੀਆਂ ਵਿੱਚ ਪਸ਼ੂਆਂ ਦੀ ਖੁਰਾਕ ਲਈ 2 ਟਰਾਲੀਆਂ ਤੂੜੀ ਦੀਆਂ, 1 ਟਰਾਲੀ ਮੱਕੀ ਦੇ ਆਚਾਰ ਦੀ, 1 ਟਰਾਲੀ ਦਾਣੇ ਚੌਕਰ ਦੀ, 35 ਕੁਇੰਟਲ ਆਟੇ ਤੋਂ ਇਲਾਵਾ ਬਾਕੀ ਰਾਸ਼ਨ ਕਿੱਟਾਂ ਆਦਿ ਸ਼ਾਮਲ ਸਨ। ਇਸ ਮੌਕੇ ਡੀ ਸੀ ਨੇ ਨਗਰ ਨਿਵਾਸੀਆਂ ਤੇ ਸਮੂਹ ਗ੍ਰਾਮ ਪੰਚਾਇਤ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਨੇਕ ਉਪਰਾਲੇ ਕਰਨ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਡੀਸੀ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਪਿੰਡ ਵੱਲੋਂ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਸਹਾਇਤਾ ਲਈ ਲੋੜ ਅਨੁਸਾਰ ਭਵਿੱਖ ਵਿੱਚ ਹਰ ਸੰਭਵ ਮਦਦ ਕੀਤੀ ਜਾਵੇਗੀ।

# ਪੰਜਾਬ ਸਰਕਾਰ ਨਸ਼ਟ ਹੋਈਆਂ ਫਸਲਾਂ ਦੀ ਰਿਪੋਰਟ ਜਲਦ ਕੇਂਦਰ ਨੂੰ ਭੇਜੇ : ਚੰਦੂਮਾਜਰਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਿੰਡ ਮੋਹਲਗੜ੍ਹ ਦੇ ਆਲੇ-ਦੁਆਲੇ ਜਿਹੜੀ ਸਾਰੀ ਤਬਾਹੀ ਟਾਂਗਰੀ ਨੇ ਮਚਾਈ ਹੈ, ਇਹ ਗੱਲ ਸੁਪਰੀਮ ਕੋਰਟ ਦੇ ਮਾਣਯੋਗ ਜੱਜ ਨੇ ਵੀ ਦੱਸੀ ਹੈ।ਅਸੀਂ ਵੀ ਦੋ ਦਿਨ ਪਹਿਲਾਂ ਕਿਹਾ ਸੀ ਕਿ ਇਹ ਕੁਦਰਤੀ ਆਫਤ ਮਨੁੱਖਤਾ ਦੀ ਬਣਾਈ ਹੋਈ ਹੈ, ਜੇ ਕਿਤੇ ਸਹੀ ਮਾਨੀਆਂ ਵਿੱਚ ਘੱਗਰ ਨੂੰ ਠੀਕ ਤਰੀਕੇ ਨਾਲ ਚੈਨਲਾਈਜ਼ ਕੀਤਾ ਹੁੰਦਾ ਤਾਂ ਅੱਜ ਇਹ ਨੁਕਸਾਨ ਨਾ ਹੁੰਦਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਟਾਂਗਰੀ ਦੇ ਵਿਚ ਵਸੇ ਪਿੰਡ ਮੋਹਲਗੜ੍ਹ ਵਿਖੇ ਹੜ੍ਹ ਤੋਂ ਪ੍ਰਭਾਵਿਤ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕੀਤਾ।ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਜਿਹੜਾ 1997 ਵਿੱਚ ਅਸੀਂ ਪ੍ਰਾਜੈਕਟ ਬਣਾਇਆ ਸੀ, ਉਸ ਉੱਤੇ 136 ਕਰੋੜ ਰੁਪਏ ਖਰਚ ਵੀ ਕਰ ਦਿੱਤਾ ਸੀ, ਪਰ ਕਿਸੇ ਨੇ ਇੱਟ ਧਰ ਕੇ ਇਸ ਨੂੰ ਰੁਕਵਾ ਦਿੱਤਾ ਸੀ।ਇਸ ਖਿੱਤੇ ਦੇ ਚਾਰ ਮੁੱਖ ਮੰਤਰੀ ਰਹੇ ਹਨ, ਪਰ ਜੇਕਰ ਕਿਸੇ ਨੇ ਘੱਗਰ ਦੇ ਪਾਣੀ ਦੇ ਬਾਹਰ ਨਿਕਲਣ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਹੁੰਦੀ ਤਾਂ ਅੱਜ ਇਹ ਦੁੱਖ ਨਾ ਝੱਲਣਾ ਪੈਂਦਾ।ਉਨ੍ਹਾਂ ਕਿਹਾ ਕਿ ਪਿੰਡ ਸਰਾਲੇ ਕੋਲੋਂ ਘੱਗਰ ਦਰਿਆ ਟੁੱਟ ਕੇ ਐੱਸਵਾਈਐੱਲ ਵਿੱਚ ਪੈ ਗਿਆ ਸੀ ਤੇ ਫਿਰ ਇਹ ਪਾਣੀ ਨੂੰ ਨਰਵਾਣਾ ਬ੍ਰਾਂਚ ਦੇ ਗੇਟ ਖੋਲ੍ਹ ਕੇ ਟਾਂਗਰੀ ਨਦੀ ਵਿੱਚ ਪਾ ਦਿੱਤਾ।ਅੱਜ ਉਸੇ ਕਰਕੇ ਹੀ ਇਹ ਪਾਣੀ ਹੈੱਡ ਦੇ ਕੋਲੋਂ ਮੋਹਲਗੜ੍ਹ ਤੇ ਆਸ ਪਾਸ ਦੇ ਪਿੰਡਾਂ ਵਿੱਚ ਫੈਲਿਆ ਹੋਇਆ ਹੈ।ਚੰਦੂਮਾਜਰਾ ਨੇ ਡਿਪਟੀ ਕਮਿਸ਼ਨਰ ਪਟਿਆਲਾ ਤੇ ਐੱਸਡੀਐੱਮ ਨਾਲ ਵੀ ਸੰਪਰਕ ਕੀਤਾ ਤੇ ਕਿਹਾ ਕਿ ਉਹ ਹਰਿਆਣਾ ਸਰਕਾਰ ਨੂੰ ਕਹਿ ਕੇ ਇਹ ਗੇਟ ਬੰਦ ਕਰਵਾਏ ਜਾਣ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਲਕਾ ਸਨੌਰ ਤੇ ਘਨੌਰ ਵਿੱਚ ਜਲਦੀ ਤੋਂ ਜਲਦੀ ਗਿਰਦਾਵਰੀਆਂ ਕਰਵਾ ਕੇ ਇਸ ਦੀ ਰਿਪੋਰਟ ਕੇਂਦਰ ਨੂੰ ਭੇਜੀ ਜਾਵੇ।

# ਬਾਬਾ ਬੁੱਢੇ ਸ਼ਾਹ ਦਾ ਸਾਲਾਨਾ ਜੋੜ ਮੇਲਾ ਸੰਪੰਨ



ਕਿਸ਼ਨਗੜ੍ਹ (ਸੁਖਜੀਤ ਕੁਮਾਰ)
ਨਜ਼ਦੀਕੀ ਪਿੰਡ ਫਰੀਦਪੁਰ ਵਿਖੇ ਦਰਬਾਰ ਪੀਰ ਬਾਬਾ ਬੁੱਢੇ ਸ਼ਾਹ ਜੀ ਦਾ ਸਾਲਾਨਾ ਦੋ ਦਿਨਾ ਜੋੜ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਨੌਜਵਾਨ ਸਭਾ ਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਾਂਝੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ।ਮੇਲੇ ਦੇ ਪਹਿਲੇ ਦਿਨ ਸੰਗਤਾਂ ਦੀ ਹਾਜ਼ਰੀ 'ਚ ਪ੍ਰਬੰਧਕਾਂ ਵੱਲੋਂ ਝੰਡੇ ਤੇ ਚਾਦਰ ਪੋਸ਼ੀ ਦੀ ਰਸਮ ਅਦਾ ਕੀਤੀ ਗਈ। ਉਪਰੰਤ ਪ੍ਰਸਿੱਧ ਕੱਵਾਲ ਮਲਕੀਤ ਕਾਦਰੀ ਐਂਡ ਪਾਰਟੀ ਵੱਲੋਂ ਸੂਫੀਆਨਾ ਕੱਵਾਲੀਆਂ ਪੇਸ਼ ਕੀਤੀਆਂ ਗਈਆਂ। ਉਪਰੰਤ ਗਾਇਕ ਕਲਾਕਾਰ ਗਿੱਲ ਸਿਸਟਰ ਨੇ ਸੂਫ਼ੀਆਨਾ ਤੇ ਸੱਭਿਆਚਾਰਕ ਗੀਤਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਮੇਲੇ ਦੇ ਦੂਸਰੇ ਦਿਨ ਪੰਮੀ ਐਂਡ ਪਾਰਟੀ ਵੱਲੋਂ ਨਕਲਾਂ ਦਾ ਪ੍ਰੋਗਰਾਮ ਪੇਸ਼ ਕਰਦੇ ਹੋਏ ਸੰਗਤਾਂ ਦਾ ਭਰਪੂਰ ਮਨੋਰੰਜਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਕਮਲਜੀਤ ਸਿੰਘ ਮੰਗਾ, ਜੋਗਿੰਦਰ ਸਿੰਘ ਤੇ ਗੁਰਨਾਮ ਸਿੰਘ ਮੇਲਾ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਪੁਰਾਤਨ ਸੂਫੀ ਮੇਲੇ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ, ਜੋ ਸਾਡੀ ਆਪਸੀ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਵਧੇਰੇ ਮਜ਼ਬੂਤ ਬਣਾਉਂਦੇ ਹਨ।ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਗਾਇਕ ਕਲਾਕਾਰਾਂ, ਦਾਨੀ ਸੱਜਣਾਂ ਤੇ ਪਤਵੰਤਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਸਰਪੰਚ ਗੁਰਦੀਪ ਕੌਰ, ਗੁਰਬਖਸ਼ ਕੌਰ, ਭੁਪਿੰਦਰ ਕੁਮਾਰ, ਸੱਤਪਾਲ, ਪਰਮਿੰਦਰ ਕੌਰ, ਸਤਨਾਮ (ਸਾਰੇ ਪੰਚ), ਸਾਬਕਾ ਸਰਪੰਚ ਮਾ. ਕੁੰਦਨ ਲਾਲ, ਨੰਬਰਦਾਰ ਜਸਵਿੰਦਰ ਸਿੰਘ, ਪਾਖਰ ਚੰਦ, ਸਾਬਕਾ ਸਰਪੰਚ ਪਰਮਜੀਤ ਕੁਮਾਰ, ਅਸ਼ੋਕ ਕੁਮਾਰ, ਸ਼ਗਲੀ ਰਾਮ ਤੇ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪਿੰਡ ਫਰਦੀਪੁਰ ਨੌਜਵਾਨ ਸਭਾ ਵੱਲੋਂ ਲੰਗਰ ਵਰਤਾਉਣ ਦੀ ਸੇਵਾ ਕੀਤੀ ਗਈ।

# ਹੜ੍ਹਾਂ ਤੋਂ ਬਚਾਅ ਲਈ ਅਖੰਡ ਪਾਠ ਸਾਹਿਬ ਦੇ ਭੋਗ ਪਾਏ



ਧੂਰੀ (ਸੁਖਦੇਵ ਧੂਰੀ)-ਪੰਜਾਬ ਵਿੱਚ ਆਏ ਹੜ੍ਹਾਂ ਦੀ ਰੋਕਥਾਮ ਲਈ ਅਤੇ ਪੰਜਾਬ ਦੇ ਸਰਬਤ ਦੇ ਭਲੇ ਲਈ ਆਸਰਾ ਵੈਲਫੇਅਰ ਫਾਊਂਡੇਸ਼ਨ ਰਜਿ ਧੂਰੀ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਅਤੇ ਅਰਦਾਸ ਏ ਪੀ ਇਨਕਲੇਵ ਵਿਖੇ ਪਾਏ ਗਏ।ਇਸ ਮੌਕੇ ਪ੍ਰੋ ਓਕਾਰ ਸਿੰਘ ਸਿੱਧੂ, ਆਪ ਆਗੂ ਸਤਿੰਦਰ ਸਿੰਘ ਚੱਠਾ, ਡਾ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ, ਕਾਂਗਰਸੀ ਆਗੂ ਗੁਰਬਖ਼ਸ਼ ਸਿੰਘ ਗੁੱਡੂ, ਉੱਘੇ ਸਮਾਜ ਸੇਵੀ ਹਰਦੀਪ ਸਿੰਘ ਨੰਨੜੇ, ਰਛਪਾਲ ਸਿੰਘ ਭੁੱਲਰਹੇੜੀ ਹਲਕਾ ਕੋਆਰਡੀਨੇਟਰ ਆਪ, ਅਕਾਲੀ ਆਗੂ ਰਣਜੀਤ ਸਿੰਘ ਰੰਧਾਵਾ ਕਾਤਰੋਂ, ਅਕਾਲੀ ਆਗੂ ਗਮਦੂਰ ਸਿੰਘ ਜਵੰਧਾ ਤੇ ਹੋਰ ਹਾਜ਼ਰ ਸਨ।

# ਸਰਵ ਭਾਰਤੀਯ ਸੇਵਾ ਸੰਮਤੀ ਨੇ ਰਕੇਸ਼ ਕੁਮਾਰ ਨੂੰ ਪ੍ਰਧਾਨ ਬਣਾਇਆ



ਧੂਰੀ (ਬਿੰਨੀ ਗਰਗ)-ਸਰਵ ਭਾਰਤੀਯ ਸੇਵਾ ਸੰਮਤੀ ਦੀ ਤਿੰਨ ਸਾਲਾਂ ਚੋਣ 2025 ਤੋਂ 2028 ਤੱਕ ਦੀ ਮੀਟਿੰਗ ਸਰਵ ਭਾਰਤੀਯ ਸੇਵਾ ਸੰਮਤੀ ਭਵਨ ਵਿੱਚ ਹੋਈ, ਜਿਸ ਦੀ ਪ੍ਰਧਾਨਗੀ ਸ੍ਰੀ ਰਕੇਸ਼ ਕੁਮਾਰ ਜੀ ਨੇ ਕੀਤੀ। ਸਭ ਤੋਂ ਪਹਿਲਾਂ ਸੰਮਤੀ ਦੇ ਹੋਏ ਕੰਮਾਂ ਬਾਰੇ ਰੌਸ਼ਨੀ ਪਾਈ ਗਈ ਅਤੇ ਸੰਮਤੀ ਦਾ ਹਿਸਾਬ ਕਿਤਾਬ ਪੇਸ਼ ਕੀਤਾ ਗਿਆ, ਜੋ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ। ਉਸ ਤੋਂ ਬਾਅਦ ਰਕੇਸ਼ ਕੁਮਾਰ ਪ੍ਰਧਾਨ ਨੇ ਪਿਛਲੇ ਤਿੰਨ ਸਾਲਾਂ ਵਿੱਚ ਸੰਸਥਾ ਦੇ ਸਾਰੇ ਮੈਂਬਰਾਂ ਦਾ ਸਹਿਯੋਗ ਦੇਣ ਦੇ ਲਈ ਧੰਨਵਾਦ ਕੀਤਾ।ਉਨ੍ਹਾਂ ਪੁਰਾਣੀ ਕਾਰਜਕਾਰਨੀ ਭੰਗ ਕਰਦੇ ਹੋਏ ਨਵੀਂ ਚੋਣ ਕਰਾਉਣ ਲਈ ਸਰਪ੍ਰਸਤ ਸ੍ਰੀ ਗਿਆਨ ਚੰਦ ਜੀ ਨੂੰ ਬੇਨਤੀ ਕੀਤੀ। ਅਗਲੀ ਕਾਰਵਾਈ ਕਰਦੇ ਹੋਏ ਸ੍ਰੀ ਗਿਆਨ ਚੰਦ ਜੀ ਨੇ ਸੰਮਤੀ ਦੀ ਚੋਣ ਕਰਾਈ, ਜਿਸ ਵਿੱਚ ਸਾਰੇ ਮੈਂਬਰਾਂ ਨੇ ਸਰਬਸੰਮਤੀ ਨਾਲ ਸ਼੍ਰੀ ਰਕੇਸ਼ ਕੁਮਾਰ ਵਿੱਚ ਆਪਣਾ ਵਿਸ਼ਵਾਸ ਰੱਖਦੇ ਹੋਏ ਉਹਨਾਂ ਨੂੰ ਤਿੰਨ ਸਾਲਾਂ ਦੇ ਲਈ ਪ੍ਰਧਾਨ ਨਿਯੁਕਤ ਕੀਤਾ ਗਿਆ। ਸ੍ਰੀ ਪਿਆਰ ਚੰਦ ਜੀ ਸੰਖਿਆਨ ਨੂੰ ਜਰਨਲ ਸੈਕਟਰੀ, ਸ੍ਰੀ ਪ੍ਰਦੀਪ ਮਿੱਤਲ ਨੂੰ ਸੈਕਟਰੀ ਤੇ ਅਨੁਰਾਗ ਗੋਇਲ ਅਤੇ ਸੰਜੇ ਸਿੰਗਲਾ ਨੂੰ ਖ਼ਜ਼ਾਨਚੀ ਨਿਯੁਕਤ ਕੀਤਾ ਗਿਆ। ਮੋਹਨ ਲਾਲ ਸਿੰਗਲਾ ਰਤਨ ਸਿੰਗਲਾ ਉਪ ਪ੍ਰਧਾਨ, ਗਿਆਨ ਚੰਦ ਤੇ ਪੂਰਨ ਸਿੰਗਲਾ ਨੂੰ ਸਰਪ੍ਰਸਤ ਨਿਯੁਕਤ ਕੀਤਾ। ਸੁਖਵਿੰਦਰ ਸਿੰਘ ਨੂੰ ਜਨਰਲ ਕੈਪਟਨ ਤੇ ਹਰਜੀਤ ਢਿੱਲੋਂ ਨੂੰ ਕੈਪਟਨ, ਸ਼ਿਵ ਕੁਮਾਰ ਨੂੰ ਪ੍ਰਚੇਜ ਇੰਚਾਰਜ, ਵਿਜੇ ਕੁਮਾਰ ਬਿੰਨੀ ਨੂੰ ਪ੍ਰੈਸ ਸੈਕਟਰੀ, ਸ਼ੌਕਤ ਅਲੀ ਅਤੇ ਗੁਰਮੇਲ ਸਿੰਘ ਨੂੰ ਸਟੋਰ ਇੰਚਾਰਜ, ਸੁਭਾਸ਼, ਯਸ਼ ਬਾਂਸਲ ਨੂੰ ਐਡੀਟਰ, ਸ੍ਰੀ ਜੈ ਸਿੰਘ ਜੀ ਅਤੇ ਆਸ਼ੂ ਸਿੰਗਲਾ ਨੂੰ ਸਲਾਹਕਾਰ, ਅਨਿਲ ਕੁਮਾਰ ਨੂੰ ਲੰਗਰ ਇੰਚਾਰਜ, ਟੇਕ ਚੰਦ ਨੂੰ ਆਫਿਸ ਇੰਚਾਰਜ, ਨਵੀਨ ਮਿੱਤਲ ਤੇ ਸ਼ਾਮ ਲਾਲ ਜੀ ਨੂੰ ਅਕਾਊਂਟੈਂਟ ਵਜੋਂ ਨਿਯੁਕਤ ਕੀਤਾ। ਪ੍ਰਧਾਨ ਸ੍ਰੀ ਰਕੇਸ਼ ਕੁਮਾਰ ਨੇ ਦੱਸਿਆ ਕਿ ਸਿਵਲ ਹਸਪਤਾਲ ਵਿਖੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਿਸਾਂ ਨੂੰ ਤਿੰਨੋਂ ਟਾਈਮ ਦਾ ਲੰਗਰ 22 ਸਤੰਬਰ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸ੍ਰੀ ਗਿਆਨ ਮਿੱਤਲ, ਬਸੰਤ ਕੁਮਾਰ, ਆਸੂ ਬਾਂਸਲ, ਬਲਜਿੰਦਰ ਸਿੰਘ, ਭੀਮ ਚੰਦ, ਜਗਦੀਪ, ਬਲਵਿੰਦਰ, ਭਾਰਤ ਭੂਸ਼ਣ ਸਿੰਗਲਾ, ਰਾਜ ਕੁਮਾਰ ਰਾਜੀ, ਰਾਮੂ, ਕੁਲਵੀਰ, ਰਾਜਕੁਮਾਰ ਗੋਇਲ, ਸ਼ੀਸ਼ਨ ਪਾਲ ਹੈਪੀ, ਮਦਨ ਲਾਲ, ਸੈਨਪਾਲ, ਕ੍ਰਿਸ਼ਨ ਮਿੱਤਲ, ਰੂਪ ਸ਼ਰਮਾ, ਪਵਨ ਭੂਸ਼ਣ, ਦਿਨੇਸ਼ ਬਾਂਸਲ, ਬਲਵਿੰਦਰ ਆਦਿ ਮੈਂਬਰ ਹਾਜ਼ਰ ਸਨ।

# ਮਜ਼ਦੂਰੋ ਤੇ ਕਿਸਾਨੋ, ਬੇਗਾਨੇ ਹੱਥਾਂ ਵੱਲ ਨਾ ਝਾਕੋ, ਆਪਣੇ ਹੱਕ ਪਛਾਣੋ : ਹਰਜੀਤ ਖਿਆਲੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)
ਭਾਰੀ ਬਾਰਿਸ਼ ਕਾਰਨ ਹੋਏ ਮਜ਼ਦੂਰਾਂ ਤੇ ਕਿਸਾਨਾਂ ਦੇ ਨੁਕਸਾਨ ਸੰਬੰਧੀ ਯੋਗ ਮੁਆਵਜ਼ਾ ਲੈਣ ਲਈ ਭਾਈ ਲਾਲੋ ਪੰਜਾਬੀ ਮੰਚ ਪੰਜਾਬ ਵੱਲੋਂ 8 ਸਤੰਬਰ ਨੂੰ ਡਿਪਟੀ ਕਮਿਸ਼ਨਰ ਦਫਤਰ ਬਰਨਾਲਾ ਮੂਹਰੇ ਦਿੱਤੇ ਜਾ ਰਹੇ ਰੋਸ ਧਰਨੇ ਦੀ ਤਿਆਰੀ ਸਬੰਧੀ ਪਿੰਡ ਕਲਾਲ ਮਾਜਰਾ, ਕ੍ਰਿਪਾਲ ਸਿੰਘ ਵਾਲਾ, ਨਿਹਾਲੂਵਾਲ, ਕੁਤਬਾ, ਬਾਹਮਣੀਆਂ, ਮਹਿਲ ਕਲਾਂ, ਮਹਿਲ ਕਲਾਂ ਸੋਢੇ ਵਿਖੇ ਮੀਟਿੰਗਾਂ ਕਰਵਾ ਕੇ ਮਜ਼ਦੂਰਾਂ, ਕਿਸਾਨਾਂ ਨੂੰ ਲਾਮਬੰਦ ਕੀਤਾ ਗਿਆ।ਇਸ ਸਬੰਧੀ ਭਾਈ ਲਾਲੋ ਪੰਜਾਬੀ ਮੰਚ ਪੰਜਾਬ ਦੇ ਆਗੂ ਹਰਜੀਤ ਸਿੰਘ ਖਿਆਲੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੀੜਤ ਪਰਵਾਰਾਂ ਦੀ ਸਾਰ ਨਾ ਲੈਣ ਖਿਲਾਫ ਦਿੱਤੇ ਜਾ ਰਹੇ ਰੋਸ ਧਰਨੇ ਵਿਚ ਵੱਖ ਵੱਖ ਪਿੰਡਾਂ ਤੋਂ ਵੱਡੀ ਗਿਣਤੀ ਕਿਰਤੀ ਲੋਕ ਕਾਫਲੇ ਬੰਨ੍ਹ ਕੇ ਸ਼ਮੂਲੀਅਤ ਕਰਨਗੇ।ਆਗੂ ਖਿਆਲੀ ਨੇ ਦੱਸਿਆ ਕਿ ਇਸ ਮੌਕੇ ਪੰਜਾਬ ਸਰਕਾਰ ਦੇ ਨਾਂਅ ਭੇਜੇ ਜਾਣ ਵਾਲੇ ਮੰਗ ਪੱਤਰ ਵਿਚ ਮੁੱਖ ਮੰਗਾਂ ਜਿਵੇ ਮੀਂਹ ਕਾਰਨ ਪ੍ਰਭਾਵਤ ਹੋਏ ਮਕਾਨਾਂ ਲਈ ਤਰਪਾਲਾਂ/ਪਲਾਸਟਿਕ ਕਾਗਜ਼ ਤੁਰੰਤ ਮੁੱਹਈਆ ਕਰਾਏ ਜਾਣ।ਮੀਂਹ ਤੇ ਹੜ੍ਹਾਂ ਕਾਰਨ ਨੁਕਸਾਨੇ ਘਰਾਂ ਦਾ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ ਤੇ ਕੱਚੇ ਘਰਾਂ ਨੂੰ ਪੱਕਾ ਕੀਤਾ ਜਾਵੇ, ਰੁਜ਼ਗਾਰ ਖੁੱਸ ਜਾਣ ਕਰਕੇ ਮਜ਼ਦੂਰਾਂ ਦੇ ਘਰ ਰਾਸ਼ਨ ਵੀ ਮੁੱਕਿਆ ਪਿਆ।ਘਰਾਂ 'ਚ ਰਾਸ਼ਨ, ਦਵਾਈਆਂ ਪੁਚਾਈਆਂ ਜਾਣ, ਮਨਰੇਗਾ ਮਜ਼ਦੂਰਾਂ ਦੀ ਬਕਾਇਆ ਰਾਸ਼ੀ ਤੁਰੰਤ ਅਦਾ ਕੀਤੀ ਜਾਵੇ, ਕਿਸਾਨਾਂ ਨੂੰ ਫ਼ਸਲਾਂ ਦੇ ਨੁਕਸਾਨ ਸੰਬੰਧੀ ਪ੍ਰਤੀ ਏਕੜ 60000 ਰੁਪਏ ਮੁਆਵਜ਼ਾ ਦਿਤਾ ਜਾਵੇ, ਬੰਦ ਪਏ ਨਰੇਗਾ ਕੰਮ ਤੁਰੰਤ ਚਾਲੂ ਕੀਤੇ ਜਾਣ, ਆਦਿ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

# ਜੀਪ ਤੇ ਟਿੱਪਰ ਦੀ ਟੱਕਰ 'ਚ ਇੱਕ ਦੀ ਮੌਤ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਰਹਿੰਦ ਨਹਿਰ ਕਿਨਾਰੇ ਜੀਪ ਤੇ ਟਿੱਪਰ ਦੀ ਭਿਆਨਕ ਟੱਕਰ ਵਿੱਚ ਜੀਪ ਚਾਲਕ ਜੋਗਿੰਦਰਾ ਸਿੰਘ ਰਾਠੌਰ (31) ਵਾਸੀ ਮੱਧ ਪ੍ਰਦੇਸ਼ ਹਾਲ ਵਾਸੀ ਸ਼ਿਮਲਾਪੁਰੀ (ਲੁਧਿਆਣਾ) ਦੀ ਮੌਤ ਹੋ ਗਈ। ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਜੋਗਿੰਦਰਾ ਸਿੰਘ ਪਿਕਅਪ ਜੀਪ ਰਾਹੀਂ ਕੇਲਾ ਲੋਡ ਕਰਕੇ ਚਮਕੌਰ ਸਾਹਿਬ ਸਬਜ਼ੀ ਮੰਡੀ ਵਿੱਚ ਵੇਚਣ ਜਾ ਰਿਹਾ ਸੀ ਕਿ ਗੜ੍ਹੀ ਪੁਲ ਤੋਂ ਕਰੀਬ 3 ਕਿਲੋਮੀਟਰ ਅੱਗੇ ਸਾਹਮਣੇ ਤੋਂ ਆ ਰਹੇ ਟਿੱਪਰ ਨਾਲ ਸਿੱਧੀ ਟੱਕਰ ਹੋ ਗਈ। ਇਸ ਹਾਦਸੇ ਵਿੱਚ ਜੀਪ ਪੂਰੀ ਤਰ੍ਹਾਂ ਨੁਕਸਾਨੀ ਗਈ ਤੇ ਚਾਲਕ ਜੋਗਿੰਦਰਾ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਇਲਾਜ ਲਈ ਹਸਪਤਾਲ ਲਿਆਂਦਾ ਗਿਆ, ਪਰ ਉੱਥੇ ਉਹ ਦਮ ਤੋੜ ਗਿਆ। ਪੁਲਸ ਵੱਲੋਂ ਮ੍ਰਿਤਕ ਜੋਗਿੰਦਰਾ ਸਿੰਘ ਦੀ ਲਾਸ਼ ਦਾ ਪੋਸਟ ਮਾਰਟਮ ਕਰਵਾ ਵਾਰਿਸਾਂ ਨੂੰ ਸੌਂਪ ਦਿੱਤਾ ਹੈ ਅਤੇ ਟਿੱਪਰ ਚਾਲਕ ਅਸ਼ਵਨੀ ਕੁਮਾਰ ਵਾਸੀ ਮਿਲਹਾ, ਥਾਣਾ ਨੰਗਲ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਹੜ੍ਹ ਪੀੜਤਾਂ ਦੀ ਬਾਂਹ ਫੜਨ ਦੀ ਮੰਗ



ਬੱਧਨੀ ਕਲਾਂ (ਲਵਲੀ ਕੁਮਾਰ)-ਕੁਦਰਤੀ ਕਰੋਪੀ ਤੇ ਸਰਕਾਰਾਂ ਦੀ ਅਣਗਹਿਲੀ ਕਾਰਨ ਸਾਰੇ ਪੰਜਾਬ ਨੂੰ ਹੜ੍ਹਾਂ ਦੀ ਮਾਰ ਨੇ ਪੂਰੇ ਪੰਜਾਬ 'ਚ ਵੱਡੇ ਪੱਧਰ 'ਤੇ ਜਾਨ-ਮਾਲ ਦਾ ਨੁਕਸਾਨ ਕੀਤਾ ਹੈ। ਚਾਰ ਲੱਖ ਏਕੜ ਫਸਲਾਂ ਦਾ ਹੜ੍ਹਾਂ ਦੀ ਮਾਰ ਹੇਠ ਬਰਬਾਦ ਹੋਣ ਦਾ ਅਨੁਮਾਨ ਹੈ, ਜੋ ਮਕਾਨਾਂ ਪਛੂਆਂ ਇਨਸਾਨੀ ਜ਼ਿੰਦਗੀਆਂ ਅਤੇ ਕਰੋੜਾਂ ਰੁਪਏ ਦੀ ਆਰਥਿਕ ਮਾਰ ਪਈ ਉਹ ਬਿਆਨ ਨਹੀਂ ਕੀਤੀ ਜਾ ਸਕਦੀ, ਪਰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਦੇ ਬਣਦੇ ਫੰਡ ਵੀ ਹਾਲੇ ਤੱਕ ਰਿਲੀਜ਼ ਨਹੀਂ ਕੀਤੇ ਗਏ, ਜਿੱਥੇ-ਜਿੱਥੇ ਭਾਰਤੀ ਜਨਤਾ ਪਾਰਟੀ ਦੀਆਂ ਸਰਕਾਰਾਂ ਹਨ, ਉਧਰ ਥੋੜ੍ਹੇ ਬਹੁਤ ਹਾਦਸਾ ਹੋਏ ਤੋਂ ਤੁਰੰਤ ਰਿਲੀਫ਼ ਜਾਰੀ ਕਰ ਦਿੱਤੀ ਜਾਂਦੀ ਹੈ, ਪਰ ਪੂਰਾ ਪੰਜਾਬ ਹੜ੍ਹਾਂ ਦੀ ਮਾਰ ਲੰਮੇ ਸਮੇਂ ਤੋਂ ਝੱਲ ਰਿਹਾ ਹੈ। ਕੇਂਦਰ ਸਰਕਾਰ ਚੁੱਪ ਹੈ। ਸਮਾਜ ਸੇਵੀ ਸੰਸਥਾਵਾਂ ਤੇ ਦੂਜੇ ਜ਼ਿਲ੍ਹਿਆਂ ਦੇ ਵੀਰ ਆਪਣੇ ਆਪਣੇ ਤੌਰ 'ਤੇ ਮੱਦਦ ਕਰ ਰਹੇ ਹਨ। ਮੁਖ਼ਤਿਆਰ ਸਿੰਘ ਦੀਨਾ ਸਾਹਿਬ, ਰੁਪਿੰਦਰ ਸਿੰਘ ਦੀਦਾਰੇ ਵਾਲਾ, ਜਗਸੀਰ ਸਿੰਘ, ਰਾਮ ਸਿੰਘ ਪੱਤੋ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਲੰਬੀ ਦੇ ਵੱਖ-ਵੱਖ ਪਿੰਡਾਂ ਦਾ ਦੌਰਾ

ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)
ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਤੇ ਪੰਜਾਬੀਆਂ ਨੂੰ ਹਰ ਤਰ੍ਹਾਂ ਦੀ ਸੰਭਵ ਮੱਦਦ ਮੁਹੱਈਆ ਕਰਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਪਸ਼ੂ ਪਾਲਣ ਅਤੇ ਮੱਛੀ ਪਾਲਣ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਮਿੱਡਾ, ਰਾਣੀਵਾਲਾ, ਸਰਾਵਾਂ ਅਤੇ ਪੱਕੀ ਟਿੱਬੀ ਵਿਖੇ ਦੌਰੇ ਦੌਰਾਨ ਕੀਤਾ।

ਮੰਤਰੀ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਹੜ੍ਹਾਂ ਨਾਲ ਪ੍ਰਭਾਵਿਤ ਹਲਕਿਆਂ ਦਾ ਦੌਰਾ ਕੀਤਾ ਜਾ ਰਿਹਾ ਹੈ।ਕੈਬਨਿਟ ਮੰਤਰੀ ਵੱਲੋਂ ਪਿੰਡਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਬਾਰਿਸ਼ਾਂ ਜਿਆਦਾ ਹੋਣ ਨਾਲ ਖੇਤਾਂ ਵਿੱਚ ਵੀ ਪਾਣੀ ਦਾ ਪੱਧਰ ਵਧ ਰਿਹਾ ਹੈ ਤੇ ਪਾਣੀ ਦੀ ਨਿਕਾਸੀ ਦੇ ਢੁੱਕਵੇਂ ਪ੍ਰਬੰਧ ਕਰਨ ਅਤੇ ਹੋਰ ਲੋੜਦੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਹੜ੍ਹਾਂ ਵਾਲਿਆਂ ਇਲਾਕਿਆਂ ਵਿੱਚ ਪੰਜਾਬ ਸਰਕਾਰ ਦੇ ਵਿਭਾਗ ਜਿਵੇਂ ਸਿਹਤ ਵਿਭਾਗ ਵੱਲੋਂ ਮਰੀਜ਼ਾਂ ਨੂੰ ਦਵਾਈਆਂ, ਪਸ਼ੂ ਪਾਲਣ ਵਿਭਾਗ ਵੱਲੋਂ ਪਸ਼ੂਆਂ ਲਈ ਚਾਰੇ ਅਤੇ ਦਵਾਈਆਂ ਅਤੇ ਹੋਰ ਵੱਖ-ਵੱਖ ਵਿਭਾਗਾਂ ਵੱਲੋਂ ਦਿਨ-ਰਾਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।

ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਹੜ੍ਹਾਂ ਕਾਰਨ ਪੰਜਾਬ ਦਾ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਤਕਰੀਬਨ 5 ਲੱਖ ਏਕੜ ਦਾ ਰਕਬਾ ਹੜ੍ਹਾਂ ਦੀ ਮਾਰ ਨਾਲ ਪ੍ਰਭਾਵਤ ਹੋਇਆ ਹੈ ਅਤੇ 1400 ਤੋਂ ਵੀ ਵੱਧ ਪਿੰਡਾਂ ਨੂੰ ਹੜ੍ਹਾਂ ਦੀ ਮਾਰ ਝੱਲਣੀ ਪੈ ਰਹੀ ਹੈ।ਇਸ ਨੁਕਸਾਨ ਦੀ ਭਰਪਾਈ ਕਰਨ ਲਈ ਸਾਰਿਆਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

# ਸਨਾਤਨ ਕਲੱਬ ਵੱਲੋਂ ਰਾਮਲੀਲ੍ਹਾ ਦੀਆਂ ਤਿਆਰੀਆਂ ਸ਼ੁਰੂ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਥਾਨਕ ਸ਼ਹਿਰ ਦੀ ਪ੍ਰਾਚੀਨ ਸ਼੍ਰੀ ਸਨਾਤਨ ਧਰਮ ਰਾਮਲੀਲ੍ਹਾ ਕਲੱਬ ਦੀ ਪ੍ਰਧਾਨ ਮਨਜੀਤ ਸਿੰਘ ਕਾਕਾ ਦੀ ਪ੍ਰਧਾਨਗੀ ਹੇਠ ਰਾਮਲੀਲ੍ਹਾ ਦੀਆਂ ਤਿਆਰੀਆਂ ਸਬੰਧੀ ਇੱਕ ਮੀਟਿੰਗ ਹੋਈ, ਜਿਸ ਵਿੱਚ ਰਾਮਲੀਲ੍ਹਾ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਪ੍ਰਧਾਨ ਮਨਜੀਤ ਸਿੰਘ ਕਾਕਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਰਾਮਲੀਲ੍ਹਾ ਦੌਰਾਨ ਧਾਰਮਿਕ ਭਾਵਨਾਵਾਂ ਅਤੇ ਸਮਾਜਿਕ ਤੇ ਧਾਰਮਿਕ ਪਹਿਲੂਆਂ ਵੱਲ ਸ਼ਰਧਾ ਨਾਲ ਪੂਰਾ ਧਿਆਨ ਦਿੱਤਾ ਜਾਵੇਗਾ।ਇਸ ਮੌਕੇ ਸਵਾਮੀ ਦੇਵ ਸਿੰਘ, ਮੁੱਖ ਸਲਾਹਕਾਰ ਨਰੇਸ਼ ਸ਼ਰਮਾ (ਸ਼ਾਸਤਰੀ), ਦੇਸ ਰਾਜ ਪੰਮੀ, ਬੰਟੀ ਧੀਮਾਨ, ਰਾਜੇਸ਼ ਕੁਮਾਰ ਬੱਬੂ, ਵਿਜੇ ਕੁਮਾਰ ਕਾਲਾ, ਜਤਿੰਦਰ ਬਿੱਟੂ, ਰਾਜੀਵ ਕੁਮਾਰ ਮਿੰਟਾ, ਜਿੰਦਰ ਧੀਮਾਨ, ਭੂਸ਼ਣ ਧੀਮਾਨ, ਕੇਵਲ, ਗੌਰੀ, ਵੰਸ਼ ਕੁਮਾਰ, ਸਕਸ਼ਮ, ਜੈਵੀਰ ਸਿੰਘ, ਨੂਰਪ੍ਰੀਤ ਸਿੰਘ, ਦਿਵਯਮ, ਜਤਿਨ, ਪੰਕਜ ਸ਼ਰਮਾ, ਗੁਰੂਅੰਸ਼, ਲਵਪ੍ਰੀਤ, ਅਦਵਿਕ, ਗੁਰਮਨ ਢੋਟ ਹਾਜ਼ਰ ਸਨ

# ਅਮਿਤ ਅਰੋੜਾ ਦੀ ਯਾਦ 'ਚ ਜਨਰਲ ਰੋਗਾਂ ਦਾ ਮੁਫਤ ਚੈੱਕਅੱਪ ਕੈਂਪ



ਜਗਰਾਓਂ (ਅਮਿਤ ਖੰਨਾ)-ਸਵਰਗਵਾਸੀ ਅਮਿਤ ਅਰੋੜਾ ਦੀ ਯਾਦ ਵਿੱਚ ਅਰੋੜਾ ਪਰਿਵਾਰ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਅੱਜ ਹੱਡੀਆਂ ਤੇ ਨੱਕ, ਕੰਨ, ਗਲੇ ਅਤੇ ਜਨਰਲ ਰੋਗਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਜਿੰਦਰ ਜੈਨ ਕਾਕਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਗੁਰਦੁਆਰਾ ਗੁਰੂ ਨਾਨਕਪੁਰਾ ਮੋਗੀ ਗੇਟ ਜਗਰਾਉਂ ਵਿਖੇ ਲਗਾਏ ਗਏ ਇਸ ਮੈਡੀਕਲ ਚੈੱਕਅਪ ਕੈਂਪ ਵਿੱਚ ਸੀ ਐੱਮ ਸੀ ਦੇ ਡਾਕਟਰਾਂ ਦੀ ਟੀਮ ਵੱਲੋਂ 207 ਮਰੀਜ਼ਾਂ ਦਾ ਚੈੱਕਅਪ ਕਰਕੇ ਜਿੱਥੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਗਈਆਂ, ਉੱਥੇ 75 ਦੇ ਕਰੀਬ ਮਰੀਜ਼ਾਂ ਦਾ ਸ਼ੂਗਰ ਟੈਸਟ ਵੀ ਕੀਤਾ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਰਜਿੰਦਰ ਜੈਨ ਕਾਕਾ ਨੇ ਦੱਸਿਆ ਕਿ ਕੈਂਪ ਵਿੱਚ ਸੀ ਐੱਮ ਸੀ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਕੋਆਰਡੀਨੇਟਰ ਡੋਲੀ ਦੀ ਅਗਵਾਈ ਵਿੱਚ ਹੱਡੀਆਂ, ਨੱਕ, ਕੰਨ, ਗਲਾ ਤੇ ਜਨਰਲ ਰੋਗਾਂ ਦੇ ਮਰੀਜ਼ਾਂ ਦੀ ਜਾਂਚ ਕਰਦਿਆਂ ਇਸ ਬਰਸਾਤ ਦੇ ਮੌਸਮ ਵਿੱਚ ਪੈਦਾ ਹੋਣ ਵਾਲੀਆਂ ਬਿਮਾਰੀਆਂ ਤੋਂ ਸੁਚੇਤ ਰਹਿਣ ਲਈ ਜਿੱਥੇ ਮਰੀਜ਼ਾਂ ਨੂੰ ਨੁਕਤੇ ਦੱਸੇ ਗਏ, ਉੱਥੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ 207 ਮਰੀਜ਼ਾਂ ਦੀ ਜਾਂਚ ਕਰਨ ਤੋਂ ਇਲਾਵਾ 75 ਦੇ ਕਰੀਬ ਮਰੀਜ਼ਾਂ ਦੀ ਸ਼ੂਗਰ ਵੀ ਚੈੱਕ ਕੀਤੀ ਗਈ। ਇਸ ਮੌਕੇ ਗੁਰਦੁਆਰਾ ਗੁਰੂ ਨਾਨਕਪੁਰਾ ਮੋਗੀ ਗੇਟ ਦੇ ਪ੍ਰਧਾਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਚੇਅਰਮੈਨ ਤਰਲੋਕ ਸਿੰਘ ਸਿਡਾਨਾ, ਕੈਸ਼ੀਅਰ ਇੰਦਰਪਾਲ ਸਿੰਘ ਵਛੇਰ, ਸੁਸਾਇਟੀ ਦੇ ਵਾਈਸ ਚੇਅਰਮੈਨ ਕੰਵਲ ਕੱਕੜ, ਸੁਖਜਿੰਦਰ ਸਿੰਘ ਢਿੱਲੋਂ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪੀ ਆਰ ਓ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਆਦਿ ਹਾਜ਼ਰ ਸਨ।।

...ਸ.ਫਾ 1 ਦੇ ਬਾਕੀ

## ਪੰਜਾਬ ਇਸਤਰੀ ਸਭਾ...

ਵਿੱਚ ਵੰਡਿਆ ਜਾਂਦਾ ਹੈ ਤਾਂ ਉਹ ਲੋਕ ਵੀ ਫੜ ਕੇ ਲੈ ਜਾਂਦੇ ਹਨ, ਜਿਨ੍ਹਾਂ ਨੂੰ ਬਿਲਕੁਲ ਜ਼ਰੂਰਤ ਨਹੀਂ ਹੁੰਦੀ। ਸੁਲਤਾਨਪੁਰ ਲੋਧੀ ਵਿਖੇ ਕਿਸਾਨ ਸੰਘਰਸ਼ ਵਰਗਾ ਦ੍ਰਿਸ਼ ਸੀ, ਜਿੱਥੇ ਜਾਤਾਂ, ਧਰਮਾਂ ਦਾ ਕੋਈ ਵਖਰੇਵਾਂ ਨਹੀਂ ਸੀ।ਵੱਖ-ਵੱਖ ਧਰਮਾਂ ਦੇ ਲੋਕ ਆਪਣੀਆਂ ਟਰਾਲੀਆਂ ਲੈ ਕੇ ਉਥੇ ਪਹੁੰਚੇ ਸਨ।ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਅਤੇ ਦੂਜੇ ਸੂਬਿਆਂ ਤੋਂ ਵੀ ਸਮਾਨ ਉਥੇ ਪਹੁੰਚ ਰਿਹਾ ਸੀ ।ਬੇਸ਼ੱਕ ਕੁਦਰਤ ਦਾ ਬਹੁਤ ਵੱਡਾ ਕਹਿਰ ਹੈ, ਪ੍ਰੰਤੂ ਤਸੱਲੀ ਇਸ ਗੱਲ ਦੀ ਹੈ ਕਿ ਪੀੜਤਾਂ ਨੂੰ ਸਹਾਇਤਾ ਪਹੁੰਚ ਰਹੀ ਹੈ ਤਾਂ ਕਿ ਉਹ ਜ਼ਿੰਦਾ ਰਹਿ ਸਕਣ। ਆਗੂਆਂ ਕਿਹਾ ਕਿ ਜਿਉਂ-ਜਿਉਂ ਸਾਡੇ ਕੋਲ ਫੰਡ ਇਕੱਠਾ ਹੋਵੇਗਾ, ਅਸੀਂ ਹੋਰਨਾਂ ਜ਼ਿਲ੍ਹਿਆਂ ਵਿੱਚ ਵੀ ਮਦਦ ਪਹੁੰਚਾਵਾਂਗੇ।ਬੇਸ਼ੱਕ ਅਸੀਂ ਆਪਣੇ ਕੋਲੋਂ ਵੀ ਖਰਚ ਕਰਾਂਗੇ, ਪਰੰਤੂ ਜਿੰਨੀ ਜ਼ਿਆਦਾ ਮਦਦ ਦੀ ਲੋੜ ਹੈ, ਉਹ ਲੋਕਾਂ ਦੇ ਸਹਿਯੋਗ ਨਾਲ ਹੀ ਹੋ ਸਕਦੀ ਹੈ।

# ਗਿੱਦੜਬਾਹਾ ਨੂੰ ਪਲਾਸਟਿਕ ਮੁਕਤ ਕਰਨ ਦੀ ਅਨੋਖੀ ਪਹਿਲ

## ਮੁਹਿੰਮ ਨੂੰ ਸਫਲ ਬਣਾਉਣ ਲਈ ਲੋਕਾਂ ਦੇ ਸਹਿਯੋਗ ਦੀ ਲੋੜ : ਡਿੰਪੀ ਢਿੱਲੋਂ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)
ਸਿਮਰਨ ਫਾਊਂਡੇਸ਼ਨ ਵੱਲੋਂ ਸ਼ਹਿਰ ਨੂੰ ਪਲਾਸਟਿਕ ਮੁਕਤ ਕਰਨ ਲਈ ਅਨੋਖੀ ਪਹਿਲ ਕੀਤੀ ਗਈ। ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਮਹਾਰਾਜਾ ਅਗਰਸੈਨ ਧਰਮਸ਼ਾਲਾ ਵਿਖੇ ਇਸ ਦੀ ਸ਼ੁਰੂਆ ਕੀਤੀ। ਉਨ੍ਹਾਂ ਨਾਲ ਸੰਨੀ ਢਿੱਲੋਂ ਵੀ ਹਾਜ਼ਰ ਸਨ।ਇਸ ਮੌਕੇ ਗਿੱਦੜਬਾਹਾ ਨੂੰ ਪਲਾਸਟਿਕ ਮੁਕਤ ਕਰਨ ਲਈ ਸਿਮਰਨ ਫਾਊਂਡੇਸ਼ਨ ਵੱਲੋਂ ਸ਼ੁਰੂ ਕੀਤੀ ਮੁਹਿੰਮ ਵਿੱਚ ਆਪਣਾ ਪੂਰਾ ਸਹਿਯੋਗ ਦੇਣ ਦੀ ਲੋਕਾਂ ਅਪੀਲ ਕਰਦਿਆਂ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹੀ ਇਹ ਮੁਹਿੰਮ ਸਫਲ ਹੋਵੇਗੀ। ਉਨ੍ਹਾਂ ਦੱਸਿਆ ਕਿ ਸਿੰਗਲ ਯੂਜ਼ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਕਰਨ ਨਾਲ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਸ਼ਹਿਰ ਵਿੱਚ ਸੀਵਰੇਜ ਬੰਦ ਕਰਨ ਵਿੱਚ 80 ਪ੍ਰਤੀਸ਼ਤ ਸਿੰਗਲ ਯੂਜ ਪਲਾਸਟਿਕ ਦੇ ਲਿਫ਼ਾਫ਼ੇ ਹੀ ਕਾਰਨ ਬਣਦੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਦੀ ਲੋੜ ਹੈ, ਕਿਉਂਕਿ ਇਸ ਦੇ ਨਾਲ ਜਿੱਥੇ ਸ਼ਹਿਰ 'ਚ ਸੀਵਰੇਜ ਜਾਮ ਹੋਣ ਦੀ ਸਮੱਸਿਆ ਦੂਰ ਹੋਵੇਗੀ, ਉਥੇ ਵਾਤਾਵਰਣ ਜੋ ਪਲਾਸਟਿਕ ਨਾਲ ਪਲੀਤ ਹੋ ਰਿਹਾ, ਉਸ ਵਿੱਚ ਵੀ ਵੱਡਾ ਸੁਧਾਰ ਹੋਵੇਗਾ। ਫਾਊਡੇਸ਼ਨ ਦੇ ਪ੍ਰਧਾਨ ਅਭੈ ਸਿੰਘ ਢਿੱਲੋਂ ਨੇ ਦੱਸਿਆ ਕਿ ਕਿ ਇਹ ਲਿਫ਼ਾਫ਼ੇ ਇੰਦੌਰ ਸ਼ਹਿਰ ਵਿਚ ਵਰਤੇ ਜਾ ਰਹੇ ਹਨ, ਜਿੱਥੇ ਬਹੁਤ ਹੀ ਵਧੀਆ ਨਤੀਜੇ ਮਿਲੇ ਹਨ ਤੇ ਇਹ ਲਿਫ਼ਾਫ਼ਾ ਹਰ ਦੁਕਾਨਦਾਰ ਨੂੰ ਬੜਾ ਸੌਖਾ ਮਿਲੇਗਾ।

ਉਨ੍ਹਾਂ ਕਿਹਾ ਕਿ ਗਿੱਦੜਬਾਹਾ ਨੌਰਥ ਭਾਰਤ ਵਿੱਚੋਂ ਪਹਿਲਾ ਅਜਿਹਾ ਸ਼ਹਿਰ ਹੋਵੇਗਾ, ਜਿਸ ਨੂੰ ਲੋਕਾਂ ਦੇ ਸਹਿਯੋਗ ਦੇ ਨਾਲ ਇਸ ਤਰੀਕੇ ਪਲਾਸਟਿਕ ਮੁਕਤ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਹ ਲਿਫ਼ਾਫ਼ੇ ਵਿੱਚ ਮੱਕੀ ਦੀ ਵਰਤੋਂ ਕਰਕੇ ਅਜਿਹੀ ਤਕਨੀਕ ਦੇ ਨਾਲ ਬਣਾਏ ਗਏ ਹਨ, ਜੋ ਛੇ ਮਹੀਨਿਆਂ ਤੱਕ ਚਲਦੇ ਹਨ ਅਤੇ ਉਸ ਤੋਂ ਉਪਰੰਤ ਛੇ ਮਹੀਨਿਆਂ ਦੇ ਅੰਦਰ ਆਪਣੇ ਆਪ ਖਤਮ ਹੋ ਜਾਂਦੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਪ੍ਰੋ. ਪ੍ਰੇਮ ਸਿੰਘ ਚੰਦੂ ਮਾਜਰਾ ਵੱਲੋਂ ਆਪਣੀ ਟੀਮ ਨਾਲ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂ ਮਾਜਰਾ ਵੱਲੋਂ ਆਪਣੀ ਟੀਮ ਨਾਲ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨਾਲ ਮੁਲਾਕਾਤ ਕੀਤੀ



ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ ਵੀ ਉਨ੍ਹਾਂ ਨਾਲ ਮੌਜੂਦ ਸਨ। ਇਸ ਮੌਕੇ ਪਿੰਡ ਠੇਠਰਕੇ ਨੇੜੇ ਹੜ੍ਹ ਦੇ ਪਾਣੀ ਨਾਲ ਟੁੱਟੇ ਧੁੱਸੀ ਬੰਨ੍ਹ ਬਾਰੇ ਗੱਲ ਕਰਦਿਆਂ ਪ੍ਰੋ. ਪ੍ਰੇਮ ਸਿੰਘ ਚੰਦੂ ਮਾਜਰਾ ਨੇ ਕਿਹਾ ਕਿ ਭਾਵੇਂ ਇਹ ਕੁਦਰਤੀ ਆਫ਼ਤ ਹੈ, ਪਰ ਇਸ ਲਈ ਸਰਕਾਰ ਵੀ ਜ਼ਿੰਮੇਵਾਰ ਹੈ, ਜਿਸ ਨੇ ਬਰਸਾਤ ਦੇ ਦਿਨਾਂ ਤੋਂ ਪਹਿਲਾਂ ਕੋਈ ਪਹਿਲਾਂ ਤੋਂ ਪ੍ਰਬੰਧ ਨਹੀਂ ਕੀਤੇ, ਹਾਲਾਂਕਿ ਮੌਸਮ ਵਿਭਾਗ ਦੇ ਵਿਗਿਆਨੀਆਂ ਨੇ ਪਹਿਲਾਂ ਹੀ ਦੱਸ ਦਿੱਤਾ ਸੀ ਕਿ ਇਸ ਵਾਰ ਬਹੁਤ ਵੱਧ ਪਵੇਗਾ, ਪਰ ਸਰਕਾਰ ਨੇ ਧਿਆਨ ਨਹੀਂ ਦਿੱਤਾ।ਪੰਜਾਬ ਵਿੱਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ।ਇਸ ਸਰਕਾਰ ਨੇ ਪੰਜਾਬ ਨੂੰ ਰੱਬ ਦੇ ਰਹਿਮ ਤੇ ਛੱਡ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬਿਨਾਂ ਯੋਜਨਾ ਦੀ ਇਜਾਜ਼ਤ ਤੋਂ ਬਣੀਆਂ ਸੜਕਾਂ, ਨਾਜਾਇਜ਼ ਕਬਜ਼ੇ, ਰੇਤ ਮਾਈਨਿੰਗ, ਭੂਮੀ ਮਾਫੀਆ ਵੀ ਇਸ ਆਫ਼ਤ ਲਈ ਜ਼ਿੰਮੇਵਾਰ ਹਨ।ਉਨ੍ਹਾਂ ਕਿਹਾ ਕਿ ਸਰਕਾਰ ਪੂਰੀ ਤਰ੍ਹਾਂ ਸੁੱਤੀ ਪਈ ਹੈ। ਜਦੋਂ ਕਿ ਹੁਣ ਤੱਕ ਸਰਕਾਰ ਦਾ ਕੋਈ ਵੀ ਮੰਤਰੀ ਜਾਂ ਅਧਿਕਾਰੀ ਕਿਸਾਨਾਂ ਦੀ ਜ਼ਮੀਨ ਦੇਖਣ ਨਹੀਂ ਆਇਆ ਕਿ ਕਿੰਨਾ ਨੁਕਸਾਨ ਹੋਇਆ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਪੰਜਾਬ ਵਿੱਚ ਖੇਤੀਬਾੜੀ ਬੀਮਾ ਨੀਤੀ ਬਣਾਈ ਜਾਵੇ ਅਤੇ ਸਰਕਾਰ ਨੂੰ ਇਸ ਕੁਦਰਤੀ ਆਫ਼ਤ ਨਾਲ ਹੋਏ ਨੁਕਸਾਨ ਦੀ ਭਰਪਾਈ ਕਰਨੀ ਚਾਹੀਦੀ ਹੈ।ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ ਨੇ ਕਿਹਾ ਕਿ ਹਰ ਸਾਲ ਸਾਵਣ-ਭਾਦੋਂ ਦੇ ਮਹੀਨੇ ਮੀਂਹ ਪੈਂਦਾ ਹੈ ਅਤੇ ਸਰਕਾਰ ਨੂੰ ਪਹਿਲਾਂ ਹੀ ਪ੍ਰਬੰਧ ਕਰਨੇ ਚਾਹੀਦੇ ਸਨ। ਸ. ਸੁੱਚਾ ਸਿੰਘ ਛੋਟੇਪੁਰ ਨੇ ਕਿਹਾ ਕਿ ਕਿਸਾਨਾਂ ਦੀਆਂ ਫਸਲਾਂ ਪਾਣੀ ਵਿੱਚ ਡੁੱਬਣ ਕਾਰਨ, ਮਿੱਟੀ ਅਤੇ ਰੇਤ ਖੇਤਾਂ ਵਿੱਚ ਜਮ੍ਹਾ ਹੋ ਗਈ ਹੈ। ਜਿਸ ਮਿੱਟੀ ਅਤੇ ਰੇਤ ਨੇ ਕਿਸਾਨਾਂ ਦੀਆਂ ਫਸਲਾਂ ਤਬਾਹ ਕੀਤੀਆਂ ਹਨ, ਉਹ ਕਿਸਾਨਾਂ ਦਾ ਹੱਕ ਹੈ।ਇਹ ਕਿਸੇ ਹੋਰ ਦੀ ਨਹੀਂ ਅਤੇ ਨਾ ਹੀ ਕਿਸੇ ਹੋਰ ਨੂੰ ਲੈਣ ਦਿੱਤੀ ਜਾਵੇਗੀ। ਇਸ ਮੌਕੇ ਗੁਰਿੰਦਰ ਸਿੰਘ ਸ਼ਾਮਪੁਰਾ, ਜਥੇਦਾਰ ਅਮਰੀਕ ਸਿੰਘ ਖਲੀਲਪੁਰ, ਚੇਅਰਮੈਨ ਮਨਮੋਹਨ ਸਿੰਘ ਪੱਖੋਕੇ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।



## ਦਾਦੂਯੋਦ ਦੇ ਨੌਜਵਾਨਾਂ ਤੇ ਐੱਨਆਰਆਈ ਵੀਰਾਂ ਵੱਲੋਂ ਹੜ੍ਹ ਪੀੜਤਾਂ ਦੀ ਸੇਵਾ ਜਾਰੀ

**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**- ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕੀ ਪਿੰਡ ਦਾਦੂਯੋਦ ਦੇ ਵਾਸੀਆਂ ਵੱਲੋਂ ਐੱਨਆਰਆਈ ਵੀਰਾਂ ਦੇ ਸਹਿਯੋਗ ਨਾਲ ਡੇਰਾ ਬਾਬਾ ਨਾਨਕ ਅਤੇ ਅਜਨਾਲਾ ਦੇ ਵੱਖ-ਵੱਖ ਪਿੰਡਾਂ 'ਚ ਜਾ ਕੇ ਹੜ੍ਹ ਪੀੜਤਾਂ ਨੂੰ ਨਿਰੰਤਰ 7 ਦਿਨਾਂ ਤੋਂ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ ਅਤੇ ਇਹ ਸੇਵਾ ਭਵਿੱਖ ਵਿਚ ਵੀ ਜਾਰੀ ਰਹੇਗੀ।ਇਸ ਕਾਰਜ ਵਿਚ ਸੇਵਾ ਨਿਭਾਉਣ ਵਾਲਿਆਂ 'ਚ ਵਰਿੰਦਰ ਸਿੰਘ, ਪੰਚ ਗੁਰਪ੍ਰੀਤ ਸਿੰਘ, ਪੰਚ ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ, ਹਰਸਿਮਰਨ ਸਿੰਘ, ਸੁਖਦੀਪ ਸਿੰਘ, ਗੋਪੀ ਘਾਰਕੀਆਂ, ਤਾਜਬੀਰ ਸਿੰਘ, ਹਰਜੀਤ ਸਿੰਘ, ਜੱਗਪ੍ਰੀਤ ਸਿੰਘ, ਗੁਰਜੀਤ ਸਿੰਘ, ਓਂਕਾਰ ਸਿੰਘ, ਬਾਬਾ ਗੁਰਦਿਆਲ ਸਿੰਘ, ਅਰਸ਼ਦੀਪ ਸਿੰਘ ਮੰਜਿਆਂਵਾਲੀ, ਸੁਰਜੀਤ ਸਿੰਘ ਅਤੇ ਬੱਬੀ ਮਸੀਹ ਆਦਿ ਸ਼ਾਮਲ ਹਨ।

## ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਨੇ ਅਜਨਾਲਾ ਹਲਕੇ ਦੇ ਦੂਰ-ਦੁਰਾਡੇ ਪਿੰਡਾਂ 'ਚ ਰਾਹਤ ਸਮੱਗਰੀ ਪਹੁੰਚਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਕਮੇਟੀ ਦੀ ਟੀਮ ਵੱਲੋਂ ਅਜਨਾਲਾ ਹਲਕੇ ਵਿਚ ਦੂਰ ਦੁਰਾਡੇ ਦੇ ਪਿੰਡਾਂ ਵਿਚ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰਦਿਆਂ ਲੋੜਵੰਦ ਚੀਜ਼ਾਂ ਪ੍ਰਦਾਨ ਕੀਤੀਆਂ ਗਈਆਂ।ਇਸ ਬਾਰੇ ਜਾਣਕਾਰੀ ਦਿੰਦਿਆਂ ਕਾਲਕਾ ਤੇ ਕਾਹਲੋਂ ਨੇ ਦੱਸਿਆ ਕਿ ਅਸੀਂ ਅਜਨਾਲਾ ਹਲਕੇ ਵਿਚ ਉਨ੍ਹਾਂ ਪਿੰਡਾਂ ਤੱਕ ਪਹੁੰਚ ਕੀਤੀ ਹੈ ਜਿਥੇ ਅੱਜ ਤੱਕ ਸਹਾਇਤਾ ਟੀਮਾਂ ਨਹੀਂ ਪਹੁੰਚ ਸਕੀਆਂ।ਉਨ੍ਹਾਂ ਕਿਹਾ ਕਿ ਅਸੀਂ ਮਨੁੱਖਤਾ ਦੀ ਲੋੜ ਦੀਆਂ ਚੀਜ਼ਾਂ ਦੇ ਨਾਲ-ਨਾਲ ਪਸ਼ੂਆਂ ਲਈ ਲੋੜੀਂਦਾ ਚਾਰਾ, ਅਚਾਰ ਤੇ ਹੋਰ ਸਮਾਨ ਪਿੰਡਾਂ ਵਿਚ ਪਹੁੰਚਾਇਆ ਹੈ।ਇਸ ਤਰ੍ਹਾਂ ਲੋਕਾਂ ਵਿਚ ਪੀਣ ਵਾਲੇ ਪਾਣੀ ਦੇ ਬੋਰ ਬੈਠ ਗਏ ਹਨ ਤੇ ਇਥੇ ਪੀਣ ਵਾਲੇ ਪਾਣੀ ਦੀ ਵੀ ਬਹੁਤ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਦਿੱਲੀ ਅਤੇ ਦੇਸ਼ ਵਿਦੇਸ਼ ਦੀ ਸੰਗਤ ਦੇ ਸਹਿਯੋਗ ਨਾਲ ਅਸੀਂ ਸਾਮਾਨ ਲੋਕਾਂ ਤੱਕ ਪਹੁੰਚਦਾ ਕਰ ਰਹੇ ਹਾਂ। ਉਨ੍ਹਾਂ



ਕਿਹਾ ਕਿ ਜਦੋਂ ਤੱਕ ਇਥੇ ਹਾਲਾਤ ਆਮ ਵਰਗੇ ਨਹੀਂ ਹੁੰਦੇ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਲੋਕਾਂ ਦੀ ਸਹਾਇਤਾ ਕਰਦੀ ਰਹੇਗੀ।ਉਨ੍ਹਾਂ ਇਹ ਵੀ ਦੱਸਿਆ ਕਿ ਲੋਕਾਂ ਲਈ ਬਿਸਤਰੇ, ਗੱਦੇ ਤੇ ਹੋਰ ਸਾਮਾਨ ਤੋਂ ਇਲਾਵਾ ਅਸੀਂ ਕੱਪੜੇ ਤੇ ਹੋਰ ਸਾਮਾਨ ਵੀ ਉਪਲਬਧ ਕਰਵਾਇਆ ਹੈ ਤੇ ਨਾਲ ਹੀ ਮੈਡੀਕਲ ਟੀਮਾਂ ਤੇ ਐਂਬੂਲੈਂਸਾਂ ਵੀ ਤਾਇਨਾਤ ਕੀਤੀਆਂ ਹਨ ਤਾਂ ਜੋ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਇਆ ਜਾ ਸਕੇ।ਮੀਡੀਆ ਦੇ ਸਵਾਲਾਂ ਦੇ ਜਵਾਬ ਵਿਚ ਸ. ਕਾਲਕਾ ਤੇ ਸ. ਕਾਹਲੋਂ ਨੇ ਕਿਹਾ ਕਿ ਧਰਮ ਪਰਿਵਰਤਨ ਦਾ ਮੁੱਦਾ ਅੱਜ ਵੀ ਕਾਇਮ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੂੰ ਗੁੰਮਰਾਹ ਕਰ ਕੇ ਗੁਰੂ ਘਰ ਤੋਂ ਪਾਸੇ ਕੀਤਾ ਗਿਆ ਸੀ, ਅੱਜ ਸੰਕਟ ਵੇਲੇ ਗੁਰੂ ਘਰ ਹੀ ਸੰਗਤ ਦੇ ਕੰਮ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵੇਲੇ ਮਾਝੇ ਦੀ ਧਰਤੀ 'ਤੇ ਇਹ ਬਹੁਤ ਵੱਡੀ ਤ੍ਰਾਸਦੀ ਹੈ। ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਡੇਰਾ ਬਾਬਾ ਨਾਨਕ ਅਤੇ ਅਜਨਾਲਾ ਵਿਚ ਇਹ ਕੈਂਪ ਚਲਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਲੋੜੀਂਦੀ ਹਰ ਸਹੂਲਤ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਨੂੰ ਕਮੇਟੀ ਦੇ ਪੰਜਾਬ ਦੇ ਧਰਮ ਪ੍ਰਚਾਰ ਦੇ ਚੇਅਰਮੈਨ ਸਰਦਾਰ ਮਨਜੀਤ ਸਿੰਘ ਭੋਮਾ ਦੇ ਮਾਰਗ ਦਰਸ਼ਨ ਵਿਚ ਚਲਾਇਆ ਜਾ ਰਿਹਾ ਹੈ।

## ਸੀਨੀਅਰ ਆਈਏਐੱਸ ਅਧਿਕਾਰੀ ਗੁਰਕਿਰਤ ਕ੍ਰਿਪਾਲ ਸਿੰਘ ਵੱਲੋਂ ਹੜ੍ਹ ਦੀ ਲਪੇਟ 'ਚ ਆਏ ਇਲਾਕਿਆਂ ਦਾ ਦੌਰਾ

**● ਮੁੜ ਵਸੇਬੇ ਤੇ ਫਸਲਾਂ ਦੇ ਮੁਆਵਜ਼ੇ ਲਈ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਕਰਨ ਦਾ ਦਿੱਤਾ ਭਰੋਸਾ**

**ਗੁਰਦਾਸਪੁਰ, ਧਾਰੀਵਾਲ (ਦਿਨੇਸ਼ ਕੁਮਾਰ, ਮਨਦੀਪ ਸਿੰਘ ਵਿੱਕੀ)**- ਸੀਨੀਅਰ ਆਈ.ਏ.ਐੱਸ. ਅਧਿਕਾਰੀ ਸ੍ਰੀ ਗੁਰਕਿਰਤ ਕ੍ਰਿਪਾਲ ਸਿੰਘ ਵੱਲੋਂ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਏ ਜਾ ਰਹੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਹ ਮਕੌੜਾ ਪੱਤਣ ਦੇ ਰਾਵੀ ਦਰਿਆ ਤੋਂ ਪਾਰ ਦੇ ਪਿੰਡ ਤੂਰ, ਚੇਬੇ, ਝੂਮਰ, ਕੱਜਲਾ, ਭਰਿਆਲ, ਲੁਸਿਆਣ, ਮੰਮੀ ਚੱਕਰੰਜਾ ਵਿਖੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਦਾ ਹਾਲ ਜਾਣਿਆ। ਇਸੇ ਦੌਰਾਨ ਰਾਵੀ ਦਰਿਆ ਤੋਂ ਪਾਰ ਦੇ ਪਿੰਡਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਰਾਹਤ ਸਮੱਗਰੀ ਵੀ ਵੰਡੀ ਗਈ। ਉਪਰੰਤ ਝਬਕਰਾ ਅਤੇ ਗਾਹਲੜੀ ਪਿੰਡ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਮੁਲਾਕਾਤ ਕੀਤੀ।ਇਸ ਮੌਕੇ ਉਨ੍ਹਾਂ ਹੜ੍ਹਾਂ ਦੀ ਮਾਰ ਹੇਠ ਆਏ ਘਰਾਂ ਦਾ ਮੁਆਇਨਾ ਵੀ ਕੀਤਾ ਅਤੇ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।ਉਨ੍ਹਾਂ



ਕਿਹਾ ਕਿ ਹੜ੍ਹਾਂ ਦਾ ਪਾਣੀ ਘਟਣ ਤੋਂ ਬਾਅਦ ਹੁਣ ਅਗਲੇ ਦਿਨਾਂ ਦੌਰਾਨ ਹੋਰ ਵੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉਨ੍ਹਾਂ ਕਿਹਾ ਕਿ ਖੜ੍ਹੇ ਪਾਣੀ ਕਾਰਨ ਕੋਈ ਬਿਮਾਰੀ ਨਾ ਫੈਲੇ ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਢੁੱਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ।ਪਸ਼ੂਆਂ ਦੇ ਚਾਰੇ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੱਛਰ-ਮੱਖੀਆਂ ਦੇ ਖ਼ਾਤਮੇ ਲਈ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਵਿਸ਼ੇਸ਼ ਤੌਰ ਤੇ ਫੌਗਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਹਰ ਹੜ੍ਹ ਪ੍ਰਭਾਵਿਤ ਪਿੰਡ ਵਿੱਚ ਮੌਜੂਦ ਹਨ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ। ਇਸ ਤੋਂ ਇਲਾਵਾ ਲੋਕਾਂ ਦੀ ਹੋਰ ਵੀ ਕੋਈ ਮੁਸ਼ਕਲ ਜਾਂ ਮੰਗ ਹੈ, ਉਸ ਨੂੰ ਵੀ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਸਹਾਇਕ ਕਮਿਸ਼ਨਰ (ਜਨਰਲ) ਆਦਿੱਤਯ ਗੁਪਤਾ, ਸਹਾਇਕ ਕਮਿਸ਼ਨਰ ਕੁਲਦੀਪ ਚੰਦ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਹੜ੍ਹਾਂ ਦੌਰਾਨ ਗੁਰਦਾਸਪੁਰੀਆਂ ਲਈ ਵਰਦਾਨ ਸਾਬਤ ਹੋ ਰਹੀ ਹੈ ਹਾਕੀ ਦੀ ਤਿੱਕੜੀ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਭਾਰਤੀ ਹਾਕੀ ਟੀਮ ਦੇ ਤਿੰਨ ਸਟਾਰ ਖਿਡਾਰੀ ਜੁਗਰਾਜ ਸਿੰਘ, ਗੁਰਵਿੰਦਰ ਸਿੰਘ ਚੰਦੀ ਤੇ ਰੁਪਿੰਦਰ ਪਾਲ ਸਿੰਘ ਭਿਆਨਕ ਹੜ੍ਹਾਂ ਵਿੱਚ ਗੁਰਦਾਸਪੁਰ ਜ਼ਿਲ੍ਹੇ ਅੰਦਰ ਹੜ੍ਹ ਪ੍ਰਭਾਵਿਤ ਲੋਕਾਂ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ।ਸਰਕਾਰੀ ਮਸ਼ੀਨਰੀ ਤੇ ਸਮੁੱਚਾ ਜ਼ਿਲਾ ਪ੍ਰਸ਼ਾਸਨ ਜਿੱਥੇ ਨਿਰੰਤਰ ਕੰਮ ਕਰ ਰਿਹਾ ਹੈ ਉਥੇ ਹਾਕੀ ਦੇ ਤਿੰਨ ਖਿਡਾਰੀ ਵੀ ਸਿਵਲ ਤੇ ਪੁਲਸ ਸੇਵਾ ਦੀ ਡਿਊਟੀ ਨਿਭਾਉਂਦਿਆਂ ਲੋਕਾਂ ਦੀ ਸੇਵਾ 'ਚ ਜੁਟੇ ਹੋਏ ਹਨ।ਪੂਰੇ ਗੁਰਦਾਸਪੁਰ ਵਿੱਚ 5581 ਲੋਕਾਂ ਨੂੰ ਬਾਹਰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। 2001 ਜੂਨੀਅਰ ਵਰਲਡ ਕੱਪ ਚੈਂਪੀਅਨ, ਬੁਸਾਨ 2002 ਏਸ਼ੀਅਨ ਗੇਮਜ਼ ਸਿਲਵਰ ਮੈਡਲਿਸਟ ਤੇ ਵਿਸ਼ਵ ਦੇ ਮੰਨੇ ਪ੍ਰਮੰਨੇ ਡਰੈਗ ਫਲਿੱਕਰ ਜੁਗਰਾਜ ਸਿੰਘ ਗੁਰਦਾਸਪੁਰ ਵਿੱਚ ਐੱਸਪੀ ਤਾਇਨਾਤ ਹੈ ਅਤੇ ਉਹ ਹੜ੍ਹਾਂ ਵਿੱਚ ਮੂਹਰਲੀ ਕਤਾਰ ਵਿੱਚ ਡਟੇ ਹੋਏ ਹਨ।ਉਹ ਭਾਰਤੀ ਫੌਜ, ਬੀਐੱਸਐੱਫ ਤੇ ਐੱਨਡੀਆਰਐੱਫ ਟੀਮਾਂ ਨਾਲ ਮਿਲ ਕੇ ਕੰਮ ਕਰ ਰਹੇ ਹਨ।ਨੁਕਸਾਨ ਦਾ ਜਾਇਜ਼ਾ ਲੈਣ ਲਈ ਆਏ ਕੇਂਦਰੀ ਮੰਤਰੀ ਨੂੰ ਉਹ ਕਿਸ਼ਤੀ ਜ਼ਰੀਏ ਨੁਕਸਾਨ ਗ੍ਰਸਤ ਥਾਵਾਂ ਉਤੇ ਲੈ ਕੇ ਗਏ।2015 ਵਿੱਚ ਦੀਨਾਨਗਰ ਵਿਖੇ ਹੋਏ ਅੱਤਵਾਦੀ ਹਮਲੇ ਵਿੱਚ ਵੀ ਜੁਗਰਾਜ ਸਿੰਘ ਨੇ ਮੋਹਰੀ ਰੋਲ ਨਿਭਾਉਂਦਿਆਂ ਲੜਾਈ ਲੜੀ ਸੀ।2014 ਇੰਚਿਓਨ ਏਸ਼ੀਅਨ ਗੇਮਜ਼ ਗੋਲਡ ਮੈਡਲਿਸਟ ਓਲੰਪੀਅਨ ਗੁਰਵਿੰਦਰ ਸਿੰਘ ਚੰਦੀ ਕਲਾਨੌਰ ਵਿਖੇ ਡੀਐੱਸਪੀ ਵਜੋਂ ਤਾਇਨਾਤ ਹੈ।ਉਨ੍ਹਾਂ ਸੱਪ ਦੇ ਡੰਗੇ ਇਕ ਬਜ਼ੁਰਗ ਨੂੰ ਡਾਕਟਰ ਤੱਕ ਪਹੁੰਚਾਇਆ।ਇੱਕ ਗਰਭਵਤੀ ਮਹਿਲਾ ਨੂੰ ਵੀ ਸੁਰੱਖਿਅਤ ਥਾਂ 'ਤੇ ਲਿਜਾਇਆ ਗਿਆ, ਜਿੱਥੇ ਅਗਲੇ ਦਿਨ ਉਸ ਦਾ ਜਣੇਪਾ ਹੋਇਆ।ਪਾਣੀ ਨਾਲ ਭਰੀ ਗਊਸ਼ਾਲਾ ਵਿੱਚੋਂ ਗਾਵਾਂ ਨੂੰ ਕੱਢਿਆ ਗਿਆ।ਟੋਕੀਓ ਓਲੰਪਿਕਸ ਮੈਡਲਿਸਟ ਅਤੇ ਸਵਾ ਸੌ ਕੌਮਾਂਤਰੀ ਗੋਲ ਕਰਨ ਵਾਲੇ ਡਰੈਗ ਫਲਿੱਕਰ ਰੁਪਿੰਦਰ ਪਾਲ ਸਿੰਘ ਜੋ ਗੁਰਦਾਸਪੁਰ ਦੇ ਸਹਾਇਕ ਕਮਿਸ਼ਨਰ ਹਨ, ਨਿਰੰਤਰ ਹੜ੍ਹ ਪੀੜਤਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।ਰਾਵੀ ਦਰਿਆ ਦੀ ਮਾਰ ਝੱਲ ਰਹੇ ਇਸ ਬਾਰਡਰ ਜ਼ਿਲੇ ਅੰਦਰ ਹਾਕੀ ਤਿੱਕੜੀ ਦੀ ਸੇਵਾ ਭਾਵਨਾ ਮਿਸਾਲ ਬਣੀ ਹੋਈ ਹੈ ਜੋ 24 ਘੰਟੇ ਮੁਸਤੈਦੀ ਨਾਲ ਲੋਕਾਂ ਦੀ ਜਾਨ ਮਾਲ ਦੀ ਰਾਖੀ ਅਤੇ ਉਨ੍ਹਾਂ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਲੱਗੀ ਹੋਈ ਹੈ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਹੜ੍ਹ ਪੀੜਤਾਂ ਲਈ ਮੁਫਤ ਸੇਵਾਵਾਂ ਨਿਰਵਿਘਨ ਜਾਰੀ

**ਪੱਟੀ (ਬਲਦੇਵ ਸਿੰਘ ਸੰਧੂ)**- ਜਿਲਾ ਤਰਨ ਤਾਰਨ ਵਿੱਚ ਹੜਾਂ ਦੀ ਮਾਰ ਕਾਰਨ ਹੋ ਰਹੇ ਨੁਕਸਾਨ ਨੂੰ ਰੋਕਣ ਲਈ ਵੱਡੇ ਪੱਧਰ ਤੇ ਸੰਗਤਾਂ ਵੱਲੋਂ ਸੇਵਾ ਕੀਤੀ ਜਾ ਰਹੀ ਹੈ ਜਿਸ ਲਈ ਜਗ੍ਹਾ ਜਗ੍ਹਾ 'ਤੇ ਬੇਸ ਕੈਂਪ ਬਣਾਏ ਗਏ ਹਨ। ਇਨ੍ਹਾਂ ਕੈਂਪਾਂ ਵਿੱਚ ਵੱਖ-ਵੱਖ ਜਗ੍ਹਾ ਤੋਂ ਆ ਕੇ ਵੱਡੀ ਪੱਧਰ ਤੇ ਸੰਗਤ ਸੇਵਾ ਕਰ ਰਹੀ ਹੈ। ਇਸ ਦੇ ਚਲਦਿਆਂ ਇਸ ਕੈਂਪ



ਵਿੱਚ ਮਲੇਰਕੋਟਲੇ ਤੋਂ ਮੁਸਲਮਾਨਾਂ ਵੱਲੋਂ ਮੈਡੀਕਲ ਸਹਾਇਤਾ ਦਿੱਤੀ ਗਈ ਅਤੇ ਉਨ੍ਹਾਂ ਵੱਲੋਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਜਿਲ੍ਹਾ ਤਰਨ ਤਾਰਨ ਨੂੰ ਸੁਨੇਹਾ ਦਿੱਤਾ ਗਿਆ ਕਿ ਸਾਡੇ ਕੋਲ ਦਵਾਈਆਂ ਲੈ ਕੇ ਲੋਕਾਂ ਤੱਕ ਪਹੁੰਚਾਉਣ ਲਈ ਆਪ ਸਹਾਇਤਾ ਕਰੋ। ਇਸ ਲਈ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਜ਼ਿਲਾ ਤਰਨ ਤਾਰਨ ਦੇ ਹੋਣਹਾਰ ਡਾ. ਸੁਰਜੀਤ ਸਿੰਘ ਮਾਹਲਾ, ਡਾ. ਰੇਸ਼ਮ ਸਿੰਘ ਤਲਵੰਡੀ, ਡਾ. ਜੋਗਾ ਸਿੰਘ ਰਸੂਲਪੁਰ ਵੱਲੋਂ ਬੇਸ ਕੈਂਪ ਵਿੱਚ ਫਰੀ ਮੈਡੀਕਲ ਕੈਂਪ 'ਚ ਸੁਚਾਰੂ ਢੰਗ ਨਾਲ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ ।ਇਸ ਮੌਕੇ ਗੱਲ ਕਰਦਿਆਂ ਸੁਰਜੀਤ ਸਿੰਘ ਮਾਹਲਾ ਨੇ ਕਿਹਾ ਕਿ ਸਾਡੇ ਇਲਾਕੇ ਅੰਦਰ ਜੋ ਆਫਤਾਂ ਦਾ ਦੌਰ ਆਇਆ ਹੈ ਅਰਦਾਸ ਕਰਦੇ ਹਾਂ ਕਿ ਇਹ ਜਲਦੀ ਤੋਂ ਜਲਦੀ ਠੰਡਾ ਹੋਵੇ ਅਤੇ ਜਿੰਨਾ ਚਿਰ ਇਹ ਆਫਤਾਂ ਚੱਲਣਗੀਆਂ ਅਸੀਂ ਉਨੀ ਦੇਰ ਇਨ੍ਹਾਂ ਬੇਸ ਕੈਂਪਾਂ ਵਿੱਚ ਆਪਣੀਆਂ ਸੇਵਾਵਾਂ ਦਿਨ ਰਾਤ ਦਿੰਦੇ ਰਹਾਂਗੇ। ਇਸ ਮੌਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਵਾਸਤੇ ਡਾ. ਸੁਖਚੈਨ ਸਿੰਘ ਬੋਪਾਰਾਏ ਸੂਬਾ ਆਗੂ ਅਤੇ ਹੋਰ ਸਾਥੀਆਂ ਨੇ ਇਸ ਬੇਸ ਕੈਂਪ ਵਿੱਚ ਸ਼ਮੂਲੀਅਤ ਕਰਦਿਆਂ ਹੜ੍ਹ ਪੀੜਤਾਂ ਨੂੰ ਦਵਾਈਆਂ ਦਿੱਤੀਆਂ ਗਈਆਂ।

## ਬਲਾਕ ਤਰਸਿੱਕਾ ਦੀ ਬਹਾਲੀ ਲਈ ਸਾਰੀਆਂ ਸਿਆਸੀ ਪਾਰਟੀਆਂ ਇਕਜੁੱਟ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਤਰਸਿੱਕਾ ਬਲਾਕ ਨੂੰ ਮੁੜ ਬਹਾਲ ਕਰਵਾਉਣ ਲਈ ਪਿੰਡ ਤਰਸਿੱਕਾ ਦੀ ਸਾਰੀ ਸਿਆਸੀ ਜਮਾਤਾਂ ਇੱਕ ਮੰਚ ਤੇ ਇਕੱਠੀਆਂ ਹੋ ਗਈਆ ਹਨ।ਸੱਤਾਧਾਰੀ ਪਾਰਟੀ ਨੂੰ ਛੱਡ ਕੇ ਪਿੰਡ ਦੀਆਂ ਸਾਰੀਆਂ ਮੁੱਖ



ਸਿਆਸੀ ਧਿਰਾਂ ਨੇ ਮਿਲ ਕੇ ਐਲਾਨ ਕੀਤਾ ਹੈ ਕਿ ਭਾਵੇਂ ਉਨ੍ਹਾਂ ਦੇ ਆਪਸੀ ਵਿਚਾਰਕ ਮਤਭੇਦ ਹੋਣ, ਪਰ ਪਿੰਡ ਜਾਂ ਬਲਾਕ ਤੇ ਕੋਈ ਵੀ ਵਧੀਕੀ ਹੋਣ ਤੇ ਉਹ ਸਾਰੇ ਇਕੱਠੇ ਹੋ ਕੇ ਸੰਘਰਸ਼ ਕਰਨਗੇ।ਇਸ ਤਹਿਤ, 9 ਸਤੰਬਰ, ਦਿਨ ਮੰਗਲਵਾਰ ਨੂੰ ਦਾਨਾ ਮੰਡੀ ਤਰਸਿੱਕਾ ਵਿਖੇ 'ਹਾਅ ਦਾ ਨਾਅਰਾ' ਮਾਰਦਿਆਂ ਇਕੱਠ ਕਰਨ ਦਾ ਸੱਦਾ ਦਿੱਤਾ ਗਿਆ ਹੈ।ਇਸ ਇਕੱਠ ਦੇ ਆਗੂਆਂ ਨੇ ਦੱਸਿਆ ਕਿ ਇਹ ਲੜਾਈ ਸਿਰਫ਼ ਇੱਕ ਪਾਰਟੀ ਦੀ ਨਹੀਂ, ਬਲਕਿ ਪੂਰੇ ਇਲਾਕੇ ਦੀ ਹੈ।ਉਨ੍ਹਾਂ ਨੇ ਕਿਹਾ ਕਿ ਤਰਸਿੱਕਾ ਬਲਾਕ ਨੂੰ ਖ਼ਤਮ ਕਰਨਾ ਲੋਕਾਂ ਨਾਲ ਸਿੱਧਾ ਧੱਕਾ ਹੈ। ਇਸ ਲਈ ਪਿੰਡ ਵਾਲਿਆਂ ਨੂੰ ਘਰ-ਘਰ ਜਾ ਕੇ ਇਸ ਸੰਘਰਸ਼ ਲਈ ਲਾਮਬੰਦ ਕੀਤਾ ਜਾ ਰਿਹਾ ਹੈ।ਆਗੂਆਂ ਨੇ ਸਮੂਹਿਕ ਤੌਰ ਤੇ ਸਾਰੀਆਂ ਜਥੇਬੰਦੀਆਂ, ਸਿਆਸੀ ਧਿਰਾਂ ਦੇ ਵੱਡੇ ਆਗੂਆਂ ਅਤੇ ਹਲਕਾ ਇੰਚਾਰਜਾਂ ਨੂੰ ਇਸ ਮਹੱਤਵਪੂਰਨ ਇਕੱਠ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਦਾ ਮੰਨਣਾ ਹੈ ਕਿ ਇਹ ਸੰਘਰਸ਼ ਤਾਂ ਹੀ ਸਫਲ ਹੋ ਸਕਦਾ ਹੈ ਜੇਕਰ ਸਾਰਾ ਇਲਾਕਾ ਇੱਕਮੁਠ ਹੋ ਕੇ ਆਪਣੀ ਆਵਾਜ਼ ਬੁਲੰਦ ਕਰੇ।ਇਸ ਇਕਜੁੱਟਤਾ ਨੇ ਸਿਆਸੀ ਹਲਕਿਆਂ ਵਿੱਚ ਇੱਕ ਨਵੀਂ ਚਰਚਾ ਛੇੜ ਦਿੱਤੀ ਹੈ।ਇਸ ਮੌਕੇ ਬਲਜੀਤ ਸਿੰਘ ਲਾਲੀ ਪ੍ਰਧਾਨ, ਕੰਵਲਜੀਤ ਸਿੰਘ ਰਸੂਲਪੁਰ, ਸਿਵਰਾਜ ਸਿੰਘ ਪ੍ਰਧਾਨ ਤਰਸਿੱਕਾ, ਮਨਜੀਤ ਸਿੰਘ ਤਰਸਿੱਕਾ ਸਾਬਕਾ ਚੇਅਰਮੈਨ, ਸਰਬਜੀਤ ਸਿੰਘ ਕਾਲਾ, ਨਛੱਤਰ ਸਿੰਘ ਤਰਸਿੱਕਾ, ਮਨਜੀਤ ਸਿੰਘ ਮੈਂਬਰ ਪੰਚਾਇਤ ਤਰਸਿੱਕਾ, ਸੁਖਵਿੰਦਰ ਸਿੰਘ ਜੋਤੀ ਮੈਂਬਰ ਪੰਚਾਇਤ, ਬਲਵਿੰਦਰ ਸਿੰਘ ਬਿੱਲਾ, ਹਰਜੀਤ ਸਿੰਘ ਗੋਲੂ, ਨਿਸ਼ਾਨ ਸਿੰਘ ਜੰਡ, ਜਸਵੰਤ ਸਿੰਘ ਸੰਗਰਾਏ, ਸੁਖਦੇਵ ਸਿੰਘ ਸਾਬਕਾ ਪੰਚ, ਸੋਭਾ ਸਿੰਘ ਸਾਬਕਾ ਪੰਚ, ਗੁਰਵਿੰਦਰ ਸਿੰਘ ਜੰਡ, ਅਜਮੇਰ ਸਿੰਘ ਨੰਬਰਦਾਰ, ਸੁਖਜੀਤ ਸਿੰਘ, ਰੇਸ਼ਮ ਸਿੰਘ ਸ਼ਾਹ, ਜਸਪਾਲ ਸਿੰਘ ਸ਼ਾਹ, ਨਰਿੰਦਰ ਸਿੰਘ ਸ਼ਾਹ, ਅੰਕੁਸ਼ ਸ਼ਰਮਾ, ਹਰਮੀਤ ਸਿੰਘ ਬੱਬੂ, ਆਜ਼ਾਦਬਿੰਦਰ ਸਿੰਘ ਸੋਭਾ, ਅਮਰੀਕ ਸਿੰਘ, ਕਾਬਲ ਸਿੰਘ, ਕੁਲਵੰਤ ਸਿੰਘ ਕਾਮਰੇਡ ਆਦਿ ਹਾਜ਼ਰ ਸਨ ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵੱਲੋਂ ਹੜ੍ਹ ਦੀ ਮਾਰ ਹੇਠ ਆਏ ਲੋਕਾਂ ਦੀ ਸਹਾਇਤਾ ਜਾਰੀ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਇੰਦਰਬੀਰ ਸਿੰਘ ਨਿੱਜਰ ਪ੍ਰਧਾਨ ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵੱਲੋਂ ਹੜ ਪੀੜਤ ਇਲਾਕਿਆਂ ਵਿੱਚ ਜਰੂਰਤ ਮੰਦ ਪਰਿਵਾਰਾਂ ਨੂੰ ਰੋਜ਼ਾਨਾ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ।ਇਸ ਮੌਕੇ ਪੱਤਰਕਾਰ ਭਾਈਚਾਰੇ ਨਾਲ ਗੱਲਬਾਤ ਕਰਦਿਆਂ ਹੋਇਆਂ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਸਰਦਾਰ ਦਰਸ਼ਨ ਸਿੰਘ ਨਿੱਜਰ, ਇੰਦਰਜੀਤ ਸਿੰਘ ਅੜੀ , ਗੁਰਭੇਜ ਸਿੰਘ, ਭਰਪੂਰ ਸਿੰਘ ਅਤੇ ਪ੍ਰਿੰ. ਮੁਕਤਾ ਤ੍ਰੇਹਨ ਨੇ ਦੱਸਿਆ ਕਿ ਰਾਹਤ ਸਮੱਗਰੀ ਵਿੱਚ ਲੰਗਰ ਦੇ ਰੂਪ ਵਿੱਚ ਪੱਕਿਆ ਹੋਇਆ ਰਾਸ਼ਨ ਜਿਵੇਂ ਕਿ ਪੂੜੀਆਂ, ਪ੍ਰਸ਼ਾਦੇ, ਸਬਜ਼ੀ ਤੋਂ ਇਲਾਵਾ ਬਿਸਕੁਟ, ਰਸ, ਭੁੱਜੇ ਹੋਏ ਛੋਲੇ, ਸੁੱਕਾ ਦੁੱਧ, ਖੰਡ, ਪਾਣੀ ਆਦਿ ਮੁਹੱਈਆ ਕਰਵਾਇਆ ਜਾ ਰਿਹਾ।ਇਸ ਦੇ ਨਾਲ-ਨਾਲ ਮੈਡੀਕਲ ਕੈਂਪਾਂ ਰਾਹੀਂ ਬਿਮਾਰ ਲੋਕਾਂ ਦੀ ਸਹਾਇਤਾ ਤੋਂ ਇਲਾਵਾ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵਿਖੇ ਜ਼ਰੂਰਤਮੰਦ ਪਰਿਵਾਰਾਂ ਲਈ ਰਹਿਣ-ਬਸੇਰੇ ਦਾ ਇੰਤਜ਼ਾਮ ਵੀ ਕੀਤਾ ਗਿਆ ਹੈ ।ਇਸ ਪ੍ਰਕਾਰ ਚੀਫ ਖਾਲਸਾ ਦੀਵਾਨ ਅਤੇ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਇਸ ਦੁੱਖ ਦੀ ਘੜੀ ਵਿੱਚ ਹੜ ਤੋਂ ਪ੍ਰਭਾਵਿਤ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਾ ਹੈ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਹੜ੍ਹ ਪੀੜਤਾਂ ਨੂੰ ਬਣਦਾ ਮੁਆਵਜ਼ਾ ਤੁਰੰਤ ਦੇਣ ਦੀ ਮੰਗ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੀ ਮੀਟਿੰਗ ਬਾਬਾ ਕਾਹਨ ਸਿੰਘ ਜੀ ਦੇ ਸਥਾਨਾਂ ਤੇ ਪਿੰਡ ਪਿੱਦੀ ਵਿਖੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ ਅਤੇ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਆਣ ਕੇ ਖੁਦਕੁਸ਼ੀਆਂ ਕਰ ਰਹੇ ਹਨ। ਹੁਣ ਸਰਕਾਰ ਦੀ ਨਾਕਾਮੀ ਕਰਕੇ ਹੜ੍ਹਾਂ ਦੀ ਆਫਤ ਵਿੱਚ ਪੰਜਾਬ ਦੇ ਲਗਭਗ 12 ਜ਼ਿਲ੍ਹੇ ਪ੍ਰਭਾਵਿਤ ਹੋ ਗਏ ਹਨ ਜਿਸ ਵਿੱਚ ਲੱਖਾਂ ਏਕੜ ਫਸਲ ਤਬਾਹ ਹੋ ਗਈ ਹੈ।ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਘਰਾਂ ਤੋਂ ਬੇਘਰ ਹੋ ਗਏ ਹਨ।ਪੁੱਤਰਾਂ ਵਾਂਗ ਪਾਲੀ ਫਸਲ ਖਰਾਬ ਹੋ ਗਈ ਹੈ। ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ, ਰੇਸ਼ਮ ਸਿੰਘ ਘੁਰਕਵਿੰਡ, ਬੀਬੀ ਰਣਜੀਤ ਕੌਰ ਕੱਲਾ, ਬੀਬੀ ਦਵਿੰਦਰ ਕੌਰ ਪਿੱਦੀ, ਬੀਬੀ ਉਪਜੀਤ ਕੌਲ ਨੇ ਕਿਹਾ ਕਿ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਜਥੇਬੰਦੀ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਜਥੇਬੰਦੀ ਵੱਲੋਂ ਯੋਗ ਸਹਾਇਤਾ ਦਿੱਤੀ ਜਾਵੇਗੀ।ਕਿਸਾਨ



ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 70 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ, ਪਾਣੀ ਵਿੱਚ ਡੁੱਬ ਕੇ ਮਰਨ ਵਾਲੇ ਦੁਧਾਰੂ ਪਸ਼ੂਆਂ ਅਤੇ ਗਰੀਬ ਲੋਕਾਂ ਦੇ ਢਹਿ ਚੁੱਕੇ ਮਕਾਨਾਂ ਦਾ ਵੱਧ ਤੋਂ ਵੱਧ ਮੁਆਵਜ਼ਾ ਦੇਵੇ ।ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਮੰਗਾਂ ਨੂੰ ਪੂਰੀਆਂ ਕਰਨ ਤੋਂ ਭੱਜਦੀ ਹੋਈ ਦਿਖਾਈ ਦਿੱਤੀ ਤਾਂ ਵੱਡੇ ਸੰਘਰਸ਼ ਕਰਕੇ ਲੋਕਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦਵਾਇਆ ਜਾਵੇਗਾ।ਇਸ ਮੌਕੇ ਦਿਲਬਾਗ ਸਿੰਘ ਪਹੁਵਿੰਡ, ਨਿਰੰਜਨ ਸਿੰਘ ਬਗਰਾੜੀ, ਗੁਰਭੇਜ ਸਿੰਘ ਧਾਰੀਵਾਲ, ਗਿਆਨ ਸਿੰਘ ਚੋਹਲਾ ਖੁਰਦ, ਕੁਲਵੰਤ ਸਿੰਘ ਭੈਲ, ਸੁਖਵਿੰਦਰ ਸਿੰਘ ਦੁੱਗਲਵਾਲਾ, ਇਕਬਾਲ ਸਿੰਘ ਵੜਿੰਗ, ਸਤਨਾਮ ਸਿੰਘ ਖੋਜਕੀਪੁਰ, ਸਰਵਣ ਸਿੰਘ ਵਲੀਪੁਰ, ਸੁਖਚੈਨ ਸਿੰਘ ਅੱਲੋਵਾਲ, ਦਿਲਬੀਰ ਸਿੰਘ ਭੂਰਾ, ਮਨਜਿੰਦਰ ਸਿੰਘ ਗੋਹਲਵੜ, ਕੁਲਵਿੰਦਰ ਸਿੰਘ ਕੈਰੋਵਾਲ, ਸਲਵਿੰਦਰ ਸਿੰਘ ਜੀਉਬਾਲਾ, ਪਰਮਜੀਤ ਸਿੰਘ ਸ਼ੀਨਾ ਆਦਿ ਆਗੂ ਹਾਜ਼ਰ ਸਨ।

## ਸੂਬਾ ਸਰਕਾਰ ਦੀਆਂ ਹਦਾਇਤਾਂ 'ਤੇ ਮੁਸੀਬਤ ਮਾਰੇ ਲੋਕਾਂ ਦੀ ਕੀਤੀ ਜਾ ਰਹੀ ਹਰ ਸੰਭਵ ਮਦਦ : ਦਿਉਲ, ਰੰਧਾਵਾ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਲੋਕ ਹਿੱਤ ਸੂਬਾ ਸਰਕਾਰ ਦੀਆਂ ਹਦਾਇਤਾਂ ਤੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਹੜ੍ਹ ਪੀੜਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾਂ ਰਹੀ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਝਬਾਲ ਦਫ਼ਤਰ ਵਿਖੇ ਚੇਅਰਮੈਨ ਮਾਰਕੀਟ ਕਮੇਟੀ ਝਬਾਲ ਬਲਵਿੰਦਰ ਸਿੰਘ ਦਿਉਲ ਕੋਟ ਸਿਵਿਆਂ ਅਤੇ ਮਾਰਕੀਟ ਕਮੇਟੀ ਤਰਨਤਾਰਨ ਦੇ ਚੇਅਰਮੈਨ ਡਾ. ਕੁਲਦੀਪ ਸਿੰਘ ਰੰਧਾਵਾ ਨੇ ਸਾਂਝੇ ਤੌਰ ਕਰਦਿਆਂ ਕਿਹਾ ਕਿ ਹਰੀਕੇ ਦਰਿਆ ਦੇ ਨਜ਼ਦੀਕ ਵੱਸਦੇ ਪਿੰਡਾਂ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਜਿੱਥੇ ਪੀਣ ਵਾਲਾ ਪਾਣੀ, ਘਰੇਲੂ ਖਾਣ ਦਾ ਸਾਮਾਨ ਅਤੇ ਤਰਪਾਲਾਂ ਵੰਡੀਆ ਜਾਂ ਰਹੀਆ ਹਨ ਉਥੇ ਹੀ ਭੁੱਖੇ ਪਿਆਸੇ ਪਸ਼ੂਆਂ ਲਈ ਬਣਿਆ ਚਾਰਾ ਆਚਾਰ ਅਤੇ ਹਰਿਆ ਚਾਰਾ ਵੀ ਵੰਡਿਆ ਜਾ ਰਿਹਾ। ਇਸ ਦੇ ਨਾਲ ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ, ਕਲਾਕਾਰਾਂ ਤੇ ਲੋਕਾਂ ਵੱਲੋਂ ਪਾਣੀ



ਨਾਲ ਤਬਾਹ ਹੋਈਆਂ ਫਸਲਾਂ, ਪਾਣੀ ਨਾਲ ਰੁੜ੍ਹ ਚੁੱਕੇ ਪਸ਼ੂ, ਬੱਚੇ ਅਤੇ ਬੇਘਰ ਹੋਏ ਲੋਕਾਂ ਦੀ ਹਰ ਤਰਾਂ ਦੀ ਸਹਾਇਤਾ ਕੀਤੀ ਜਾਂ ਰਹੀ ਹੈ ਪਰ ਅਸਲੀ ਸੇਵਾ ਪਾਣੀ ਦਾ ਪੱਧਰ ਘਟਣ ਤੋਂ ਬਾਅਦ ਜੋ ਭਿਆਨਕ ਤਬਾਹੀ ਦਾ ਮੰਜ਼ਰ ਅਤੇ ਬਿਮਾਰੀਆਂ ਲੈ ਕੇ ਸਾਹਮਣੇ ਆਉਣ ਵਾਲਾ ਹੈ ਤੇ ਜ਼ਮੀਨ ਨੂੰ ਦੁਬਾਰਾ ਉਪਜਾਊ ਬਣਾਉਣ, ਦੁਬਾਰਾ ਲੋਕਾਂ ਨੂੰ ਵਸਾਉਣ ਲਈ ਘਰਾਂ ਦਾ ਪ੍ਰਬੰਧ, ਮੈਡੀਕਲ ਕੈਂਪ ਤੇ ਮੈਡੀਸਨ ਆਦਿ ਦਾ ਪ੍ਰਬੰਧ ਕਰਨਾ ਪੈਣਾ ਹੈ, ਉਸ ਲਈ ਵੀ ਪੰਜਾਬ ਸਰਕਾਰ ਢੁੱਕਵੇਂ ਪ੍ਰਬੰਧ ਕਰ ਰਹੀ ਹੈ।ਇਸ ਮੌਕੇ ਆਪ ਦੇ ਜ਼ਿਲ੍ਹਾ ਸਕੱਤਰ ਬਲਜੀਤ ਸਿੰਘ ਖਹਿਰਾ, ਆੜ੍ਹਤੀ ਗੈਵੀ ਝਾਮਕਾ ਆਦਿ ਵੀ ਮੌਜੂਦ ਸਨ।

## ਕੇਂਦਰ ਸਰਕਾਰ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਰਾਹਤ ਪੈਕੇਜ ਜਾਰੀ ਕਰਨ ਦੀ ਬਜਾਏ ਪੰਜਾਬ ਵਿਰੋਧੀ ਨੀਤੀ 'ਤੇ ਉਤਰੀ : ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਭਾਜਪਾ ਤੇ ਕੇਂਦਰ ਸਰਕਾਰ ਇਨ੍ਹਾਂ ਭਿਆਨਕ ਹੜ੍ਹਾਂ 'ਚ ਬਿਪਤਾ ਮਾਰੇ ਪੀੜਤਾਂ ਲਈ ਦੁੱਖ ਦੀ ਘੜੀ 'ਚ ਸਹਾਰਾ ਬਣਨ ਦੀ ਬਜਾਏ ਪੰਜਾਬ ਭਾਜਪਾ ਜੋ ਪੰਜਾਬ ਤੇ ਪੰਜਾਬੀਅਤ ਵਿਰੋਧੀ ਨੀਤੀਆਂ ਕਾਰਣ ਕਥਿਤ ਤੌਰ ਤੇ ਸਿਆਪਾ ਪਾਰਟੀ ਬਣ ਚੁੱਕੀ ਹੈ, ਦੇ ਸੌੜੇ ਸਿਆਸੀ ਹਿੱਤਾਂ ਤੋਂ ਪ੍ਰੇਰਿਤ ਗੁੰਮਰਾਹਕੁੰਨ ਪ੍ਰਚਾਰ ਤੋਂ ਉਤੇਜਿਤ ਹੋ ਕੇ ਪੰਜਾਬ, ਪੰਜਾਬੀਅਤ ਵਿਰੋਧੀ ਕੋਝਾ ਤੇ ਅਤਿ ਨਿੰਦਾਯੋਗ ਮਜ਼ਾਕ ਉਗਲ ਰਹੀ ਹੈ ਜਿਸਦਾ ਪ੍ਰਤੱਖ ਪ੍ਰਮਾਣ ਪੰਜਾਬ ਵਾਸੀਆਂ ਨੂੰ ਉਦੋਂ ਵੇਖਣ ਨੂੰ ਮਿਲਿਆ ਜਦੋਂ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਚੌਹਾਨ ਵੱਲੋਂ 2 ਦਿਨ ਪਹਿਲਾਂ ਹਲਕਾ ਅਜਨਾਲਾ 'ਚ ਰਾਵੀ ਦਰਿਆ ਦੇ ਹੜ੍ਹ ਪੀੜਤਾਂ ਸਮੇਤ ਪੰਜਾਬ ਦੇ ਹੋਰਨਾਂ ਖੇਤਰਾਂ 'ਚ ਹੜ੍ਹ ਪੀੜਤਾਂ ਦੀ ਤਬਾਹੀ ਦਾ ਮੰਜ਼ਰ ਵੇਖਦਿਆਂ ਕੋਈ ਫੌਰੀ ਤੌਰ ਤੇ ਰਾਹਤ ਵਿੱਤੀ ਪੈਕੇਜ ਨਹੀਂ ਦਿੱਤਾ ਸਗੋਂ ਉਲਟਾ ਪੰਜਾਬ ਸਰਕਾਰ ਨੂੰ ਹੀ ਹੜ੍ਹਾਂ ਦੀ ਕ੍ਰੋਪੀ ਲਈ ਕਥਿਤ ਘਿਣਾਉਣੇ ਨਜਾਇਜ਼ ਰੇਤ ਖਣਨ ਦੇ ਕਥਿਤ ਝੂਠੇ ਬੇਨਿਆਦ ਤੇ ਨਿਰਅਧਾਰ ਦੋਸ਼ਾਂ ਦੇ ਕਟਹਿਰੇ 'ਚ ਖੜ੍ਹਾ ਕਰ ਦਿੱਤਾ। ਇਹ ਪ੍ਰਗਟਾਵਾ ਸ. ਧਾਲੀਵਾਲ ਨੇ ਆਪਣੇ ਮਿਸ਼ਨ ਮੁਤਾਬਿਕ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਪ੍ਰਭਾਵਿਤ ਇਲਾਕੇ 'ਚ ਰਵਾਨਾ ਹੋਣ ਮੌਕੇ ਇਥੇ ਚੋਣਵੇਂ ਪੱਤਰਕਾਰਾਂ ਨਾਲ




ਗੱਲਬਾਤ ਕਰਦਿਆਂ ਕੀਤਾ।ਸ: ਧਾਲੀਵਾਲ ਨੇ ਪੰਜਾਬ ਦੇ ਦਰਿਆਵਾਂ 'ਚ ਰੇਤ ਦੀ ਨਜਾਇਜ਼ ਖਣਨ ਦੇ ਕਥਿਤ ਦੋਸ਼ਾਂ ਦੇ ਜੁਆਬ 'ਚ ਕੇਂਦਰੀ ਖੇਤੀ ਮੰਤਰੀ ਚੌਹਾਨ ਨੂੰ ਸਪੱਸ਼ਟ ਕੀਤਾ ਕਿ ਅਜਨਾਲਾ ਹਲਕੇ 'ਚੋਂ ਵਹਿੰਦੇ ਕੌਮਾਂਤਰੀ ਰਾਵੀ ਦਰਿਆ ਜੋ ਭਾਰਤ ਪਾਕਿ ਕੌਮਾਂਤਰੀ ਸਰਹੱਦ ਨੂੰ ਵੀ ਛੂੰਹਦਾ ਹੈ, ਦੇ ਨੇੜੇ ਤੇੜੇ 5 ਕਿਲੋਮੀਟਰ ਦੇ ਖੇਤਰ 'ਚ ਸੁਰੱਖਿਆ ਲਈ ਤਾਇਨਾਤ ਬੀਐੱਸਐੱਫ ਤੇ ਫੌਜ ਵੱਲੋਂ ਰੇਤ ਤੇ ਮਿੱਟੀ ਦੀ ਖੁਦਾਈ ਲਈ ਮੁਕੰਮਲ ਪਾਬੰਦੀ ਲਗਾਈ ਹੋਈ ਹੈ, ਫਿਰ ਵੀ ਜੇਕਰ ਰਾਵੀ ਦਰਿਆ 'ਚੋਂ ਨਜਾਇਜ਼ ਮਾਈਨਿੰਗ ਹੋ ਰਹੀ ਸੀ ਤਾਂ ਸਿੱਧੇ ਤੌਰ ਤੇ ਇਸ ਅਪਰਾਧ ਲਈ ਕੇਂਦਰ ਦੀ ਭਾਜਪਾ ਸਰਕਾਰ ਹੀ ਜ਼ਿੰਮੇਵਾਰ ਹੈ ਕਿਉਂਕਿ ਕੇਂਦਰੀ ਸੁਰੱਖਿਆ ਬਲ ਸਿੱਧੇ ਤੌਰ ਤੇ ਕੇਂਦਰੀ ਸਰਕਾਰ ਦੇ ਅਧੀਨ ਹਨ।ਸ: ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਅਧਿਕਾਰੀ ਪਿਛਲੇ 7 ਮਹੀਨਿਆਂ ਤੋਂ ਲਗਾਤਾਰ ਕੇਂਦਰ ਸਰਕਾਰ ਦਾ ਵਾਰ ਵਾਰ ਦਰਵਾਜ਼ਾ ਖੜਕਾਉਣ ਲਈ ਹੜ੍ਹਾਂ ਦੇ ਅਗਾਊਂ ਪ੍ਰਬੰਧਾਂ ਲਈ ਬਣਾਈ ਗਈ ਕਾਰਜ ਯੋਜਨਾ ਦੀ ਰਾਸ਼ੀ ਮਨਜ਼ੂਰ ਕਰਵਾਉਣ ਲਈ ਦਿੱਲੀ ਵੱਲ ਗੇੜੇ ਤੇ ਗੇੜਾ ਲਗਾ ਰਹੇ ਸਨ ਪਰ ਕੇਂਦਰ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕੀ।ਉਨ੍ਹਾਂ ਕਿਹਾ ਕਿ ਜੇਕਰ ਬੀਐੱਸਐੱਫ ਦੀਆਂ ਚੌਂਕੀਆਂ ਨੂੰ ਹੜ੍ਹਾਂ ਦੀ ਕਰੋਪੀ ਤੋਂ ਬਚਾਉਣ ਲਈ ਕੇਂਦਰੀ ਪੈਕੇਜ ਮਿਲਿਆ ਹੁੰਦਾ ਤਾਂ ਅੱਜ ਬੀਐੱਸਐੱਫ ਦੀਆਂ ਚੌਂਕੀਆਂ ਹੜ੍ਹਾਂ ਦੇ ਪਾਣੀ ਦੀ ਮਾਰ ਤੋਂ ਬਚ ਸਕਦੀਆਂ ਸਨ।2 ਦਿਨ ਪਹਿਲਾਂ ਅਜਨਾਲਾ ਹਲਕੇ 'ਚ ਹੜ੍ਹ ਪੀੜਤਾਂ ਦੀ ਸੁੱਧ ਲੈਣ ਆਏ ਕੇਂਦਰੀ ਮੰਤਰੀ ਚੌਹਾਨ ਕੋਲ ਹੜ੍ਹਾਂ ਦੇ ਸੰਕਟ 'ਚੋਂ ਕੱਢਣ ਲਈ 2 ਹਜ਼ਾਰ ਕਰੋੜ ਰੁਪਏ ਦਾ ਵਿਸ਼ੇਸ਼ ਵਿੱਤੀ ਪੈਕੇਜ ਅਤੇ ਪੰਜਾਬ ਦੇ ਰੁਕੇ ਹੋਏ ਕੇਂਦਰ ਸਰਕਾਰ ਵੱਲ ਬਕਾਇਆ 60 ਹਜ਼ਾਰ ਕਰੋੜ ਰੁਪਏ ਦੇ ਫੰਡ ਜਾਰੀ ਕਰਨ ਲਈ ਗੁਰਮੀਤ ਸਿੰਘ ਖੁੱਡੀਆ ਦੀ ਮੌਜੂਦਗੀ 'ਚ ਮੰਗ ਪੱਤਰ ਦਿੱਤਾ ਸੀ।4 ਦਿਨ ਪਹਿਲਾਂ ਹਲਕਾ ਅਜਨਾਲਾ 'ਚ ਹੜ੍ਹ ਰਾਹਤ ਕੈਂਪਾਂ ਦਾ ਜਾਇਜ਼ਾ ਲੈਣ ਪੁੱਜੇ ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਨੂੰ ਵੀ ਹੜ੍ਹ ਪੀੜਤਾਂ ਦੇ ਪੁਨਰ ਵਸੇਬੇ ਲਈ 2 ਹਜ਼ਾਰ ਕਰੋੜ ਰੁਪਏ ਦਾ ਕੇਂਦਰ ਸਰਕਾਰ ਕੋਲੋਂ ਰਾਹਤ ਪੈਕੇਜ ਜਾਰੀ ਕਰਵਾਉਣ ਲਈ ਬਕਾਇਦਾ ਮੰਗ ਪੱਤਰ ਦਿੱਤਾ ਸੀ ਪਰ ਘੋਰ ਚਿੰਤਾ ਦੀ ਗੱਲ ਹੈ ਕਿ ਅਜੇ ਤੱਕ ਇਕ ਨਵਾਂ ਪੈਸਾ ਵੀ ਰਾਹਤ ਪੈਕੇਜ ਵਜੋਂ ਕੇਂਦਰ ਸਰਕਾਰ ਨੇ ਜਾਰੀ ਨਹੀਂ ਕੀਤਾ ।ਉਨ੍ਹਾਂ ਨੇ ਇਹ ਵੀ ਸਪਸ਼ਟ ਕੀਤਾ ਕਿ ਹੜ੍ਹਾਂ 'ਚ ਮਰੇ ਪਸ਼ੂ ਧਨ ਅਤੇ ਹੜ੍ਹਾਂ ਦੇ ਪਾਣੀ ਕਾਰਣ ਲੱਗਣ ਵਾਲੀਆਂ ਗੰਭੀਰ ਬਿਮਾਰੀਆਂ ਕਾਰਣ ਜਿਨ੍ਹਾਂ ਲੋਕਾਂ ਦੀ ਬਦਕਿਸਮਤੀ ਨਾਲ ਮੌਤ ਹੋ ਜਾਵੇਗੀ, ਉਨ੍ਹਾਂ ਲਈ ਸਿੱਧੇ ਤੌਰ 'ਤੇ ਕੇਂਦਰ ਸਰਕਾਰ ਜ਼ਿੰਮੇਵਾਰ ਹੋਵੇਗੀ।

## ਹੜ੍ਹ ਪੀੜਤਾਂ ਦੀ ਸੇਵਾ 'ਚ ਐੱਸਡੀਐੱਮ ਰਵਿੰਦਰ ਸਿੰਘ ਅਰੋੜਾ ਦਿਨ-ਰਾਤ ਡਟੇ ਰਹੇ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪੰਜਾਬ ਵਿੱਚ ਜੋ ਬੀਤੇ ਦਿਨੀਂ ਹੜ੍ਹਾਂ ਦੀ ਬਹੁਤ ਵੱਡੀ ਆਫਤ ਆਈ ਹੈ ਉਸ ਆਫਤ ਨੇ ਅਜਨਾਲਾ ਤਹਿਸੀਲ ਦਾ ਬਹੁਤ ਵੱਡਾ ਨੁਕਸਾਨ ਕੀਤਾ। ਇਹ ਨੁਕਸਾਨ ਜ਼ਿਆਦਾਤਰ ਕਿਸਾਨ ਮਾਰੂ ਸਾਬਤ ਹੋਇਆ ਜਿੱਥੇ ਕਿ ਘਰਾਂ ਦਾ ਨੁਕਸਾਨ, ਆੜ੍ਹਤੀਆਂ ਦਾ ਨੁਕਸਾਨ, ਮਜ਼ਦੂਰਾਂ ਨੁਕਸਾਨ ਹੋਇਆ। ਇਸ ਔਖੀ ਘੜੀ 'ਚ ਜਿੱਥੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਬਹੁਤ ਜ਼ਿਆਦਾ ਮਿਹਨਤ ਕੀਤੀ ਉੱਥੇ ਹੀ ਅਜਨਾਲਾ ਦੇ ਐੱਸਡੀਐੱਮ ਰਵਿੰਦਰ ਸਿੰਘ ਅਰੋੜਾ ਵੀ ਦਿਨ-ਰਾਤ ਹੜ੍ਹ ਪੀੜਤਾਂ ਦੀ ਸੇਵਾ ਵਿੱਚ ਆਪਣੀ ਡਿਊਟੀ ਤਨਦੇਹੀ ਨਾਲ ਨਿਭਾ ਰਹੇ ਹਨ। ਇਸ ਮੌਕੇ ਸ਼੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਦੇ ਪ੍ਰਧਾਨ ਸਰਵਣ ਸਿੰਘ ਨੇਪਾਲ ਅਤੇ ਅਮਰਜੀਤ ਸਿੰਘ ਬਾਜਵਾ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਸ਼੍ਰੀ ਭਗਵਤੀ ਚਰਨ ਫਾਊਂਡੇਸ਼ਨ ਦੇ ਮੁਖੀ, ਡੀਆਈਜੀ ਸੰਜੀਵ ਕੁਮਾਰ ਰਾਮਪਾਲ, ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ, ਐੱਸਐੱਸਪੀ ਮਨਜਿੰਦਰ ਸਿੰਘ, ਐੱਸਡੀਐੱਮ ਅਜਨਾਲਾ ਰਵਿੰਦਰ ਸਿੰਘ ਅਰੋੜਾ ਅਤੇ ਡੀਐੱਸਪੀ ਅਜਨਾਲਾ ਨੂੰ ਉਨ੍ਹਾਂ ਦੀਆਂ ਕੀਤੀਆਂ ਵਧੀਆ ਸੇਵਾਵਾਂ ਬਦਲੇ ਸਨਮਾਨਿਤ ਵੀ ਕੀਤਾ ਜਾਵੇਗਾ।

## ਸਮਾਜਸੇਵੀ ਜਤਿੰਦਰ ਕੌਰ ਖੁੰਡੀ ਨੇ ਦਰਜਨਾਂ ਪਿੰਡਾਂ 'ਚ ਦਿੱਤੀਆਂ ਲੋੜਵੰਦਾਂ ਨੂੰ ਮੁਫਤ ਦਵਾਈਆਂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਕਾਦੀਆਂ ਦੇ ਕੋਆਰਡੀਨੇਟਰ ਤੇ ਬਲਾਕ ਧਾਰੀਵਾਲ ਦੇ ਪਿੰਡ ਖੁੰਡੀ ਦੇ ਉੱਘੇ ਸਮਾਜਸੇਵੀ ਨੈਸ਼ਨਲ ਐਵਾਰਡੀ ਸਰਪੰਚ ਜਤਿੰਦਰ ਕੌਰ ਖੁੰਡੀ ਵੱਲੋਂ ਡਾਕਟਰਾਂ ਦੀ ਟੀਮ ਦੇ ਸਹਿਯੋਗ ਨਾਲ ਸਰਹੱਦੀ ਖੇਤਰ ਵਿੱਚ ਰਾਵੀ ਦਰਿਆ ਲਾਗਲੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਵੱਖ-ਵੱਖ ਪਿੰਡਾਂ ਵਿੱਚ ਪਿਛਲੇ ਇਕ ਹਫਤੇ ਤੋਂ ਲਗਾਤਾਰ ਮੁਫਤ ਮੈਡੀਕਲ ਲਗਾ ਕੇ ਮਰੀਜ਼ਾਂ ਦੀ ਜਾਂਚ ਕਰਕੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾ ਰਹੀਆਂ। ਸਰਪੰਚ ਜਤਿੰਦਰ ਕੌਰ ਖੁੰਡੀ ਨੈਸ਼ਨਲ ਐਵਾਰਡੀ ਨੇ ਦੱਸਿਆ ਉਨ੍ਹਾਂ ਵੱਲੋਂ 31 ਅਗਸਤ ਤੋਂ ਲੈ ਕੇ ਮੈਡੀਕਲ ਕੈਂਪ ਨਿਰੰਤਰ ਜਾਰੀ ਹਨ। ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੈਡੀਕਲ ਸੇਵਾਵਾਂ ਦੀ ਬਹੁਤ ਲੋੜ ਹੈ। ਸਮਾਜਸੇਵੀ ਸਰਪੰਚ ਜਤਿੰਦਰ ਕੌਰ ਨੇ ਦੱਸਿਆ ਉਨ੍ਹਾਂ ਵਲੋਂ ਹੁਣ ਤੱਕ ਹਲਕਾ ਦੀਨਾਨਗਰ ਦੇ ਪਿੰਡਾਂ ਗਾਹਲੜੀ, ਬੈਂਸ



ਉਮਰਪੁਰਾ ਕਲਾਂ, ਅਰਜੇ ਚੱਕ, ਦਬੂੜੀ, ਸ਼ਾਹਪੁਰ, ਅਫਗਾਨਾ, ਨੀਡਾਲਾ, ਮੱਦੇਪੁਰ, ਝਬਕੜਾ ਮਰਾੜਾ, ਬਾਹਮਣੀ, ਚੰਡੀਗੜ੍ਹ ਆਦਿ ਪਿੰਡਾਂ ਤੋਂ ਇਲਾਵਾ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਝੰਗੀ, ਤਲਵੰਡੀ ਹਿੰਦੂ ਪੱਤੀ, ਘੋਨੇਵਾਲ ਧੁੱਸੀ, ਤਲਵੰਡੀ ਗੁਰਾਇਆ, ਚੱਕਾਵਾੜੀ, ਤਪਾਲਾ, ਛੋਟਾ ਬਜੋਹਰਪੁਰਾ, ਹਵੇਲੀ ਕਲਾਂ, ਹਵੇਲੀ ਖੁਰਦ, ਕੋਠੇ, ਚੌੜਾ ਕਲਾਂ ਬਾਜਵਾ ਆਦਿ ਪਿੰਡਾਂ ਵਿੱਚ ਕੈਂਪ ਲਗਾ ਕੇ ਲੋੜਵੰਦ ਹੜ੍ਹ ਪੀੜਤਾਂ ਨੂੰ ਦਵਾਈਆਂ ਦਿੱਤੀਆਂ ਗਈਆਂ ਹਨ ਅਤੇ ਜਿੰਨਾ ਚਿਰ ਤੱਕ ਉੱਕਤ ਪਿੰਡਾਂ ਵਿੱਚ ਲੋੜ ਹੋਵੇਗੀ ਇਹ ਮੈਡੀਕਲ ਸੇਵਾ ਨਿਰੰਤਰ ਜਾਰੀ ਰਹੇਗੀ। ਕੈਂਪ ਦੌਰਾਨ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਉਹਨਾਂ (ਸਰਪੰਚ ਜਤਿੰਦਰ ਕੌਰ) ਨਾਲ ਟੀਮ ਵਿੱਚ ਮੈਡੀਕਲ ਅਫਸਰ ਡਾਕਟਰ ਗੁਰਮੁੱਖ ਸਿੰਘ, ਡਾਕਟਰ ਆਕਾਸ਼ਦੀਪ ਸਿੰਘ, ਡਾਕਟਰ ਰਣਜੋਧ ਸਿੰਘ ਸਿੱਧੂ (ਐੱਮ.ਐੱਸ), ਲੈਬ ਟੈਕਨੀਸੀਅਨ ਸਤਨਾਮ ਸਿੰਘ ਖੁੰਡੀ, ਸਿਮਰਨਜੀਤ ਸਿੰਘ ਬੀਐਸਸੀ ਨਰਸਿੰਗ, ਰਣਜੀਤ ਕੌਰ ਜੀਐੱਨਐੱਮ, ਮਨਜੀਤ ਕੌਰ ਜੀਐਨਐਮ, ਪ੍ਰਭਜੋਤ ਕੌਰ ਫਾਰਮਾਸਿਸਟ, ਮੈਡਮ ਸੁਨੀਤਾ ਸਤਨਾਮ ਲੈਬ ਕਾਹਨੂੰਵਾਨ ਆਦਿ ਸ਼ਾਮਲ ਹਨ।

## ਐੱਸਡੀਐੱਮ ਜਸਪਿੰਦਰ ਸਿੰਘ ਦੀ ਅਗਵਾਈ ਹੇਠ ਹੜ੍ਹ ਮਾਰੇ ਖੇਤਰਾਂ 'ਚ ਰਾਹਤ ਕਾਰਜ ਜੰਗੀ ਪੱਧਰ 'ਤੇ ਜਾਰੀ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜ ਜੰਗੀ ਪੱਧਰ ਤੇ ਜਾਰੀ ਹਨ।ਐੱਸਡੀਐੱਮ ਦੀਨਾਨਗਰ ਜਸਪਿੰਦਰ ਸਿੰਘ ਭੁੱਲਰ ਦੀ ਅਗਵਾਈ ਹੇਠ ਪ੍ਰਸ਼ਾਸਨ ਦੀਆਂ ਵੱਖ-ਵੱਖ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਹੁੰਚ ਕਰਕੇ ਜਿੱਥੇ ਲੋਕਾਂ ਨੂੰ ਰਾਹਤ ਸਮਗਰੀ ਵੰਡੀ ਜਾ ਰਹੀ ਹੈ ਓਥੇ ਮੈਡੀਕਲ ਟੀਮਾਂ ਵੱਲੋਂ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸਡੀਐੱਮ ਭੁੱਲਰ ਨੇ ਦੱਸਿਆ ਕਿ ਦੀਨਾਨਗਰ ਤਹਿਸੀਲ ਦੇ ਸਾਰੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਪਹੁੰਚ ਗਈਆਂ ਹਨ।ਉਨ੍ਹਾਂ ਦੱਸਿਆ ਕਿ ਲੋੜਵੰਦਾਂ ਨੂੰ ਰਾਸ਼ਨ, ਪੀਣ ਵਾਲਾ ਪਾਣੀ ਅਤੇ ਹੋਰ ਘਰੇਲੂ ਜ਼ਰੂਰਤ ਦਾ




ਸਾਮਾਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਰਾਵੀ ਦਰਿਆ ਤੋਂ ਪਾਰ ਦੇ ਪਿੰਡਾਂ ਤੱਕ ਵੀ ਰਾਹਤ ਸਮਗਰੀ ਪਹੁੰਚਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਿਹਤ ਵਿਭਾਗ ਰਾਹੀਂ ਬੀਐੱਸਐੱਫ ਅਤੇ ਭਾਰਤੀ ਫ਼ੌਜ ਨਾਲ ਰਲ ਕੇ ਪ੍ਰਭਾਵਿਤ ਪਿੰਡਾਂ ਵਿੱਚ ਮੁਫ਼ਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ।ਇਸ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਵੱਲੋਂ ਪਸ਼ੂਆਂ ਦਾ ਇਲਾਜ ਕਰਨ ਦੇ ਨਾਲ ਪਸ਼ੂਆਂ ਦੇ ਚਾਰੇ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਹੜ੍ਹਾਂ ਦੇ ਪਾਣੀ ਕਾਰਨ ਕੋਈ ਬਿਮਾਰੀ ਨਾ ਫੈਲੇ, ਇਸ ਲਈ ਵੀ ਵਿਸ਼ੇਸ਼ ਅਹਿਤਿਆਤ ਵਰਤੀ ਜਾ ਰਹੀ ਹੈ।ਪਿੰਡਾਂ ਵਿੱਚ ਮੱਛਰ-ਮੱਖੀਆਂ ਦੇ ਖ਼ਾਤਮੇ ਲਈ ਫੌਗਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਰਾਹਤ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ ਓਥੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਸੇਵਾ ਦੇ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਜਦੋਂ ਤੱਕ ਰਾਹਤ ਕਾਰਜਾਂ ਦੀ ਲੋੜ ਹੋਵੇਗੀ ਫ਼ੀਲਡ ਵਿੱਚ ਹੀ ਰਹਿਣਗੀਆਂ।

## ਰਾਹਤ ਸਮੱਗਰੀ ਵੰਡਣ ਗਏ ਨੌਜਵਾਨ ਦੀ ਭੇਤ ਭਰੇ ਹਾਲਾਤ 'ਚ ਮੌਤ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਸਿੰਘ ਵਿੱਕੀ)**- ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਨਾਨੋਵਾਲ ਜੀਂਦੜ ਦੇ ਇੱਕ ਨੌਜਵਾਨ ਦੀ ਹਲਕਾ ਡੇਰਾ ਬਾਬਾ ਨਾਨਕ ਨੇੜਲੇ ਪਿੰਡਾਂ ਵਿੱਚ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਵੰਡਣ ਗਏ ਦੀ ਭੇਤ ਭਰੇ ਹਾਲਾਤ ਵਿੱਚ ਮੌਤ ਹੋ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅਦਰਸ਼ਪ੍ਰੀਤ ਸਿੰਘ (23) ਪੁੱਤਰ ਲਖਵੀਰ ਸਿੰਘ ਵਾਸੀ ਨਾਨੋਵਾਲ ਜੀਂਦੜ ਜੋ ਕੇ ਆਪਣੇ ਪਿੰਡ ਦੇ ਹੀ ਕੁਝ ਨੌਜਵਾਨਾਂ ਨਾਲ ਡੇਰਾ ਬਾਬਾ ਨਾਨਕ ਖੇਤਰ ਵਿੱਚ ਹੜ੍ਹ ਪੀੜਤਾਂ ਦੇ ਸੇਵਾ ਲਈ ਗਿਆ ਸੀ ਜਿੱਥੇ ਉਸ ਦੀ ਭੇਤ ਭਰੇ ਹਾਲਾਤ ਵਿੱਚ ਮੌਤ ਹੋ ਗਈ। ਇਸ ਸਬੰਧੀ ਪਿੰਡ ਦੇ ਸਰਪੰਚ ਜਬਰ ਸਿੰਘ ਅਤੇ ਕੁੱਝ ਹੋਰ ਲੋਕਾਂ ਨੇ ਦੱਸਿਆ ਕਿ ਅਦਰਸ਼ਪ੍ਰੀਤ ਸਿੰਘ ਸਨਿੱਚਰਵਾਰ ਨੂੰ ਪਿੰਡ ਤੋਂ ਆਪਣੇ ਕੁੱਝ ਸਾਥੀਆਂ ਨਾਲ ਡੇਰਾ ਬਾਬਾ ਨਾਨਕ ਨੇੜੇ ਪਿੰਡ ਘੋਨੇਵਾਲ ਧੁੱਸੀ ਕੋਲ ਗਿਆ ਸੀ। ਉਨ੍ਹਾਂ ਨੇ ਦੱਸਿਆ ਕਿ ਅਦਰਸ਼ਪ੍ਰੀਤ ਸਿੰਘ ਦੇ ਪਿਤਾ ਲਖਬੀਰ ਸਿੰਘ ਦੀ ਵੀ ਬਹੁਤ ਸਮਾਂ ਪਹਿਲਾਂ ਮੌਤ ਹੋ ਚੁੱਕੀ ਹੈ।



ਉਨ੍ਹਾਂ ਦੱਸਿਆ ਕਿ ਅਦਰਸ਼ਪ੍ਰੀਤ ਦੀ ਮੌਤ ਦੇ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਤੇ ਸਦਮਾ ਹੋਇਆ ਹੈ ।ਪਿੰਡ ਵਾਸੀਆਂ ਨੇ ਦੱਸਿਆ ਕਿ ਅਦਰਸ਼ਪ੍ਰੀਤ ਸਿੰਘ ਦੀ ਮ੍ਰਿਤਕ ਦੇਹ ਨੂੰ ਅੰਮ੍ਰਿਤਸਰ ਦੇ ਮੈਡੀਕਲ ਕਾਲਜ ਵਿੱਚ ਰੱਖਿਆ ਹੋਇਆ ਹੈ। ਕੁੱਝ ਲੋਕਾਂ ਦਾ ਕਹਿਣਾ ਹੈ ਕਿ ਉਸ ਦੀ ਮੌਤ ਪਾਣੀ ਵਿੱਚ ਡੁੱਬਣ ਨਾਲ ਹੋਈ ਹੈ ਅਤੇ ਉਸਦੇ ਸਾਥੀਆਂ ਦੇ ਅਨੁਸਾਰ ਉਸ ਦੀ ਮੌਤ ਕਿਸੇ ਜ਼ਹਿਰੀਲੇ ਜਾਨਵਰ ਦੇ ਡੰਗ ਨਾਲ ਹੋਈ ਹੈ। ਸਰਪੰਚ ਤੇ ਪਿੰਡ ਵਾਸੀਆਂ ਨੇ ਦੱਸਿਆ ਕਿ ਉਸ ਦੀ ਮੌਤ ਦੇ ਅਸਲ ਕਾਰਨਾਂ ਦਾ ਪੋਸਟਮਾਰਟਮ ਦੀ ਰਿਪੋਰਟ ਆਉਣ 'ਤੇ ਹੀ ਪਤਾ ਲੱਗੇਗਾ।

# ਕੇਰਲਾ ਮਾਡਲ

ਕੇਰਲਾ ਨੇ ਮਨੁੱਖੀ ਵਿਕਾਸ ਦੇ ਸਭ ਤੋਂ ਬੁਨਿਆਦੀ ਪੈਮਾਨੇ 'ਤੇ ਅਮਰੀਕਾ ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਜਨਮ ਲੈਣ ਵਾਲੇ 1000 ਬੱਚਿਆਂ ਵਿੱਚੋਂ ਕਿੰਨੇ ਜ਼ਿੰਦਾ ਰਹਿੰਦੇ ਹਨ, ਇਹ ਕਿਸੇ ਦੇਸ਼ ਜਾਂ ਸਮਾਜ ਦੀ ਇਨਸਾਨੀ ਉੱਨਤੀ ਦਾ ਸਭ ਤੋਂ ਵੱਡਾ ਪੈਮਾਨਾ ਹੈ। ਸੈਂਪਲ ਰਜਿਸਟ੍ਰੇਸ਼ਨ ਸਿਸਟਮ (ਐੱਸ ਆਰ ਐੱਸ) ਸਟੈਟਿਸਟੀਕਲ ਰਿਪੋਰਟ-2023, ਜਿਹੜੀ ਪਿਛਲੇ ਹਫਤੇ ਰਿਲੀਜ਼ ਕੀਤੀ ਗਈ, ਮੁਤਾਬਕ 2022 ਵਿੱਚ ਕੇਰਲਾ ਵਿੱਚ ਜਨਮ ਲੈਣ ਵਾਲੇ 1000 ਬੱਚਿਆਂ ਵਿੱਚੋਂ ਮਰਨ ਵਾਲਿਆਂ ਦੀ ਗਿਣਤੀ ਸਿਰਫ ਪੰਜ 'ਤੇ ਆ ਗਈ ਸੀ ਅਤੇ 9995 ਜਿਊਂਦੇ ਰਹੇ। ਅਮਰੀਕਾ ਵਿੱਚ 5.6 ਬੱਚਿਆਂ ਦੀ ਮੌਤ ਹੋਈ। ਭਾਰਤ ਵਿੱਚ ਇਹ ਔਸਤ 25 ਸੀ। ਮਤਲਬ 1000 ਜਨਮ ਲੈਣ ਵਾਲੇ ਬੱਚਿਆਂ ਵਿੱਚੋਂ 25 ਤੁਰੰਤ ਮਰ ਗਏ। ਇੱਥੇ ਇਹ ਜ਼ਿਕਰ ਕਰਨਾ ਵੀ ਖਾਸ ਹੈ ਕਿ ਕੇਰਲਾ ਦੇ ਸ਼ਹਿਰਾਂ ਤੇ ਪਿੰਡਾਂ ਵਿੱਚ ਜਿਊਂਦੇ ਰਹਿਣ ਜਾਂ ਮਰਨ ਦੇ ਮਾਮਲੇ ਵਿੱਚ ਫਰਕ ਨਾਂਹ ਦੇ ਬਰਾਬਰ ਹੈ। ਕੋਈ ਮਾਂ ਸ਼ਹਿਰੀ ਹੋਵੇ ਜਾਂ ਪੇਂਡੂ, ਬੱਚੇ ਨੂੰ ਜਨਮ ਦੇਣ ਵੇਲੇ ਉਸ ਦਾ ਬਰਾਬਰ ਖਿਆਲ ਰੱਖਿਆ ਜਾਂਦਾ ਹੈ। ਕੇਰਲਾ ਵਾਸੀਆਂ ਲਈ ਸਭ ਤੋਂ ਵੱਧ ਮਾਣ ਵਾਲੀ ਗੱਲ ਇਹ ਹੈ ਕਿ ਸ਼ਹਿਰੀ ਖੇਤਰਾਂ ਵਿੱਚ ਕਰੀਬ 99 ਫੀਸਦੀ (98.99) ਮਾਵਾਂ ਕਿਸੇ ਨਾ ਕਿਸੇ ਮੈਡੀਕਲ ਅਦਾਰੇ ਦੇ ਟਰੇਂਡ ਡਾਕਟਰਾਂ ਤੇ ਨਰਸਾਂ ਦੀ ਦੇਖਰੇਖ ਵਿੱਚ ਬੱਚਿਆਂ ਨੂੰ ਜਨਮ ਦਿੰਦੀਆਂ ਹਨ। ਪਿੰਡਾਂ ਵਿੱਚ ਕਰੀਬ 97 ਫੀਸਦੀ ਮਾਵਾਂ ਵੀ ਟਰੇਂਡ ਡਾਕਟਰਾਂ ਤੇ ਨਰਸਾਂ ਦੀ ਦੇਖਰੇਖ ਵਿੱਚ ਜਨਮ ਦਿੰਦੀਆਂ ਹਨ।

ਇਹ ਉੱਨਤ ਪੈਮਾਨਾ ਸਿਰਫ ਸਿਹਤ ਸੇਵਾ ਜਾਂ ਮੈਡੀਕਲ ਸਹੂਲਤਾਂ ਉਪਲੱਬਧ ਕਰਵਾ ਕੇ ਹੀ ਨਹੀਂ ਹਾਸਲ ਕੀਤਾ ਜਾ ਸਕਦਾ, ਇਸ ਲਈ ਸਮਾਜ ਤੇ ਪਰਵਾਰਾਂ ਦੀ ਜਾਗਰੂਕਤਾ ਤੇ ਸਹਿਯੋਗ ਜ਼ਰੂਰੀ ਹੈ। ਵੱਡੀ ਗਿਣਤੀ ਵਿੱਚ ਡਾਕਟਰਾਂ ਤੇ ਨਰਸਾਂ ਦੀ ਲੋੜ ਤਾਂ ਹੁੰਦੀ ਹੀ ਹੈ। ਇਹ ਪ੍ਰਾਪਤੀ ਸਿਰਫ ਸਰਕਾਰ, ਸਿਆਸੀ ਪਾਰਟੀਆਂ ਤੇ ਮੈਡੀਕਲ ਸਹੂਲਤਾਂ ਦੇ ਆਧਾਰ 'ਤੇ ਹੀ ਹਾਸਲ ਨਹੀਂ ਕੀਤੀ ਜਾ ਸਕਦੀ, ਇਸ ਲਈ ਪੂਰੇ ਸਮਾਜ ਵਿੱਚ ਇੱਕ ਬੁਨਿਆਦੀ ਇਨਕਲਾਬੀ ਪਰਿਵਰਤਨ ਦੀ ਲੋੜ ਹੁੰਦੀ ਹੈ। ਕੇਰਲਾ ਦੀਆਂ ਪਾਰਟੀਆਂ, ਸਰਕਾਰ ਤੇ ਸਰਕਾਰੀ ਢਾਂਚਾ ਹੀ ਸਿਰਫ ਉੱਨਤ ਨਹੀਂ ਹੋਇਆ, ਪੂਰੇ ਦਾ ਪੂਰਾ ਸਮਾਜ ਬਦਲਿਆ ਹੈ। ਉਸ ਦੇ ਸੋਚਣ ਦਾ ਢੰਗ, ਜਿਊਣ ਦਾ ਢੰਗ, ਉਸ ਦੀ ਸੰਵੇਦਨਾ, ਸਰੋਕਾਰ ਬਦਲੇ ਹਨ। ਇਸ ਵਿੱਚ ਸਾਰੇ ਧਾਰਮਕ ਤੇ ਸਮਾਜੀ ਸਮੂਹਾਂ ਨੇ ਵੀ ਰੋਲ ਨਿਭਾਇਆ ਹੈ। 2011 ਦੀ ਜਨਗਣਨਾ ਮੁਤਾਬਕ ਕੇਰਲਾ ਵਿੱਚ 54.73 ਫੀਸਦੀ ਹਿੰਦੂ, 26.56 ਫੀਸਦੀ ਮੁਸਲਮਾਨ, 18.38 ਫੀਸਦੀ ਈਸਾਈ ਅਤੇ 0.33 ਫੀਸਦੀ ਹੋਰਨਾਂ ਧਰਮਾਂ ਦੇ ਲੋਕ ਜਾਂ ਕਿਸੇ ਧਰਮ ਨੂੰ ਨਾ ਮੰਨਣ ਵਾਲੇ ਲੋਕ ਸਨ। ਸੂਬੇ ਵਿੱਚ ਹਿੰਦੂਆਂ, ਮੁਸਲਮਾਨਾਂ ਤੇ ਈਸਾਈਆਂ ਨੇ ਮਿਲ ਕੇ ਧਰਮ ਨਿਰਪੱਖ ਸ਼ਾਨਦਾਰ ਕੇਰਲਾ ਮਾਡਲ ਖੜ੍ਹਾ ਕੀਤਾ ਹੈ। ਕੇਰਲਾ ਵਿੱਚ ਖੱਬੇ-ਪੱਖੀ ਅੰਦੋਲਨ, ਬਹੁਜਨ ਅੰਦੋਲਨ ਅਤੇ ਉਦਾਰਵਾਦੀ ਅੰਦੋਲਨ ਬਰਾਬਰ ਮਜ਼ਬੂਤ ਰਹੇ ਹਨ। ਤਿੰਨਾਂ ਦੇ ਸੰਘਰਸ਼ਾਂ ਨੇ ਕੇਰਲਾ ਨੂੰ ਭਾਰਤ ਦਾ ਇੱਕ ਅਜਿਹਾ ਸੂਬਾ ਬਣਾਇਆ ਹੈ, ਜਿਹੜਾ ਇਨਸਾਨੀਅਤ ਦੀ ਵਿਕਾਸ ਯਾਤਰਾ ਵਿੱਚ ਦੁਨੀਆ ਦੇ ਸਿਖਰਲੇ ਦੇਸ਼ਾਂ ਵਿੱਚ ਸ਼ਾਮਲ ਹੈ। ਸੋ, ਸਿਹਤ ਦੇ ਕੇਰਲਾ ਮਾਡਲ 'ਤੇ ਹੀ ਮਾਣ ਕੀਤਾ ਜਾ ਸਕਦਾ ਹੈ। ਕੋਰੋਨਾ ਮਹਾਂਮਾਰੀ ਦੌਰਾਨ ਵੀ ਕੇਰਲਾ ਦਾ ਮਜ਼ਬੂਤ ਬੁਨਿਆਦੀ ਸਿਹਤ ਢਾਂਚਾ ਚਰਚਿਤ ਹੋਇਆ ਸੀ।

# ਬੇਢੰਗੇ ਵਿਕਾਸ ਦੀ ਬਦੌਲਤ ਹੜ੍ਹਾਂ ਦਾ ਸੰਤਾਪ ਭੋਗਦੇ ਲੋਕ


ਗੁਰਚਰਨ ਸਿੰਘ ਨੂਰਪੁਰ

ਸਾਡੀਆਂ ਸੋਚਾਂ ਵਿੱਚ ਹੁਣ ਜੀਵਨ ਨਹੀਂ, ਬਲਕਿ ਅਖੌਤੀ ਵਿਕਾਸ ਹੈ। ਇਸ ਸਮੇਂ ਲਹਿੰਦੇ ਤੇ ਚੜ੍ਹਦੇ ਪੰਜਾਬ ਦੇ ਲੱਖਾਂ ਲੋਕ ਬੁਰੀ ਤਰ੍ਹਾਂ ਹੜ੍ਹਾਂ ਦਾ ਸੰਤਾਪ ਭੋਗ ਰਹੇ ਹਨ। ਇਹ ਸੰਤਾਪ ਸਾਡਾ ਮਨੁੱਖਾਂ ਦਾ ਸਿਰਜਿਆ ਹੋਇਆ ਸੰਤਾਪ ਹੈ। ਬੇਸ਼ੱਕ ਹੜ੍ਹਾਂ ਨੂੰ ਰੋਕਿਆ ਨਹੀਂ ਜਾ ਸਕਦਾ, ਪਰ ਹੜ੍ਹਾਂ ਨਾਲ ਹੋਣ ਵਾਲੇ ਘਰਾਂ, ਫਸਲਾਂ, ਪਸ਼ੂ-ਡੰਗਰ ਤੇ ਹਰ ਤਰ੍ਹਾਂ ਦੇ ਨੁਕਸਾਨ ਨੂੰ ਰੋਕਿਆ ਜਾ ਸਕਦਾ ਹੈ। ਇਸ ਲਈ ਕੁਦਰਤ ਦੇ ਜਲ-ਚੱਕਰ ਨੂੰ ਸਮਝ ਕੇ ਜੋ ਢੁਕਵੀਂ ਵਿਵਸਥਾ ਕੀਤੀ ਜਾਣ ਦੀ ਲੋੜ ਹੈ, ਉਹ ਸਭ ਕੁਝ ਅਸੀਂ ਅਖੌਤੀ ਵਿਕਾਸ ਦੇ ਕੰਧਾੜਿਆਂ 'ਤੇ ਚੜ੍ਹ ਕੇ ਫਿਲਹਾਲ ਵਿਸਾਰ ਛੱਡਿਆ ਹੈ। ਭਵਿੱਖ ਵਿੱਚ ਹੜ੍ਹ ਆਫਤ ਨਾ ਬਣਨ, ਇਸ ਲਈ ਫਿਲਹਾਲ ਕੋਈ ਢੁਕਵੀਂ ਵਿਵਸਥਾ ਸਾਡੇ ਕੋਲ ਨਹੀਂ, ਨਾ ਹੀ ਅਜਿਹੇ ਯਤਨ ਕਰਨ ਦੀ ਮਨਸ਼ਾ ਸਾਡੀਆਂ ਸਰਕਾਰਾਂ ਵਿੱਚ ਕਿਸੇ ਪਾਸੇ ਨਜ਼ਰ ਆਉਂਦੀ ਹੈ।

ਪਿਛਲੇ ਕੁਝ ਸਾਲਾਂ ਵਾਂਗ ਇਸ ਵਾਰ ਵੀ ਹੜ੍ਹਾਂ ਦਾ ਪਾਣੀ ਪੰਜਾਬੀਆਂ ਲਈ ਆਫਤ ਬਣ ਕੇ ਆਇਆ। ਸਵਾਲ ਇਹ ਪੈਦਾ ਹੁੰਦਾ ਹੈ ਕਿ ਇਸ ਸਮੇਂ ਠੰਢੇ ਪਹਾੜੀ ਇਲਾਕਿਆਂ ਵਿੱਚ ਬੱਦਲ ਫਟਦੇ ਹਨ, ਪਰ ਮਈ ਜੂਨ ਦੇ ਮਹੀਨਿਆਂ ਦੌਰਾਨ ਸ਼ਿਮਲੇ ਵਰਗੇ ਪਹਾੜੀ ਠੰਢੇ ਸ਼ਹਿਰ ਵਿੱਚ ਪਾਣੀ ਦੀ ਕਿੱਲਤ ਪੈਦਾ ਹੋ ਜਾਂਦੀ ਹੈ। ਅਸੀਂ ਪੰਜਾਬ ਦੇ ਧਰਤੀ ਹੇਠਲੇ ਖਤਮ ਹੋ ਰਹੇ ਪਾਣੀ ਦੀ ਦੁਹਾਈ ਦਿੰਦੇ ਹਾਂ, ਜਦਕਿ ਹੜ੍ਹਾਂ ਦੇ ਪਾਣੀ ਨਾਲ ਤਾਂ ਪੰਜਾਬ ਹਾਲੋ-ਬੇਹਾਲ ਹੋ ਰਿਹਾ ਹੈ। ਹਕੀਕਤ ਇਹ ਹੈ ਕਿ ਇਹ ਦੋਵੇਂ ਇੱਕ-ਦੂਜੇ ਨਾਲ ਜੁੜੇ ਹੋਏ ਮਸਲੇ ਹਨ, ਧਰਤੀ ਹੇਠੋਂ ਪਾਣੀ ਦੇ ਖਾਤਮੇ ਅਤੇ ਹੜ੍ਹਾਂ ਦੀ ਕਰੋਪੀ ਦਾ ਸਿਰਜਕ ਮਨੁੱਖ ਆਪ ਹੈ। ਧਰਤੀ ਹੇਠਲੇ ਪਾਣੀ ਦੇ ਸੰਕਟ ਅਤੇ ਹੜ੍ਹ ਦੀ ਸਮੱਸਿਆ ਇਹ ਦੋਵੇਂ ਤਰ੍ਹਾਂ ਦੇ ਸੰਕਟ ਆਪਸ ਵਿੱਚ ਜੁੜੇ ਹੋਏ ਹਨ ਅਤੇ ਕੁਝ ਸਾਰਥਕ ਯਤਨ ਕਰਕੇ ਇਹਨਾਂ ਦੋਹਾਂ ਸਮੱਸਿਆਵਾਂ ਦਾ ਹੱਲ ਹੋ ਸਕਦਾ ਹੈ।

ਇਸ ਸੰਕਟ ਦੀ ਥਾਹ ਪਾਉਣ ਲਈ ਸਾਨੂੰ ਇਹ ਸਮਝਣਾ ਪਵੇਗਾ ਕਿ ਆਦਿ-ਜੁਗਾਦਿ ਤੋਂ ਸਾਡੇ ਖਿੱਤੇ ਦਾ ਕੁਦਰਤੀ ਸੁਭਾਅ ਕਿਹੋ ਜਿਹਾ ਸੀ। ਅਸੀਂ ਅਖੌਤੀ ਵਿਕਾਸ ਦੇ ਰਾਹ 'ਤੇ ਚਲਦਿਆਂ ਕਿਵੇਂ ਆਪਣੇ ਲਾਲਚਾਂ ਲਈ ਕੁਦਰਤ ਦੇ ਕੰਮਾਂ ਵਿੱਚ ਹੱਦੋਂ ਵੱਧ ਦਖਲ-ਅੰਦਾਜੀ ਕੀਤੀ 'ਤੇ ਧਰਤੀ ਹੇਠਲੇ ਪਾਣੀ ਦੇ ਖਾਤਮੇ ਅਤੇ ਹੜ੍ਹਾਂ ਦੀ ਕਰੋਪੀ ਦਾ ਵੱਡਾ ਸੰਕਟ ਸਿਰਜ ਲਿਆ। ਹੜ੍ਹਾਂ ਦਾ ਵਰਤਾਰਾ ਬੇਸ਼ੱਕ ਕੋਈ ਨਵਾਂ ਨਹੀਂ, ਪਰ ਅੱਜ ਦੇ ਦੌਰ ਵਿੱਚ ਜੇਕਰ ਲੱਖਾਂ ਲੋਕ ਇਸ ਹੜ੍ਹਾਂ ਦੀ ਕਰੋਪੀ ਦੇ ਸ਼ਿਕਾਰ ਹੁੰਦੇ ਹਨ, ਲੋਕ ਘਰੋਂ ਬੇਘਰ ਹੁੰਦੇ ਹਨ, ਲੋਕਾਂ ਦਾ ਅਰਬਾਂ ਰੁਪਏ ਦਾ ਨੁਕਸਾਨ ਹੁੰਦਾ ਹੈ, ਮਕਾਨ ਬਰਬਾਦ ਹੁੰਦੇ ਹਨ, ਮਾਲ-ਡੰਗਰ ਦਾ ਨੁਕਸਾਨ ਹੁੰਦਾ ਹੈ, ਫਸਲਾਂ ਤਬਾਹ ਹੁੰਦੀਆਂ ਤਾਂ ਇਹ ਸਾਡੇ ਸਰਕਾਰੀ ਸਿਸਟਮ 'ਤੇ ਬਹੁਤ ਵੱਡਾ ਸਵਾਲੀਆ ਨਿਸ਼ਾਨ ਹੈ।

ਹੜ੍ਹਾਂ ਦਾ ਇਹ ਸੰਕਟ ਮਨੁੱਖ ਦਾ ਸਿਰਜਿਆ ਹੋਇਆ ਸੰਕਟ ਕਿਵੇਂ ਹੈ? ਪਿਛਲੇ ਅਰਸੇ ਤੋਂ ਪਹਾੜਾਂ ਵਿੱਚ ਅੰਨ੍ਹੇਵਾਹ ਜੰਗਲਾਂ ਦੀ ਕਟਾਈ ਹੋਈ। ਪਹਾੜਾਂ ਵਿੱਚ ਦੂਰ-ਦੁਰਾਡੀਆਂ ਠੰਢੀਆਂ ਥਾਵਾਂ 'ਤੇ ਵੱਡੇ ਬਜ਼ਾਰ ਮਾਲਜ਼ ਅਤੇ ਸਾਧਾਂ-ਸੰਤਾਂ ਵੱਲੋਂ ਡੇਰਿਆਂ, ਮੱਠਾਂ ਦੀ ਉਸਾਰੀ ਕੀਤੀ ਗਈ। ਆਵਾਜਾਈ ਲਈ ਪਹਾੜਾਂ ਨੂੰ ਖੋਦ ਕੇ ਸੁਰੰਗਾਂ ਬਣਾਈਆਂ ਗਈਆਂ। ਪਹਾੜਾਂ ਵਿੱਚ ਕਈ ਵਰਗ ਮੀਲਾਂ 'ਚੋਂ ਜੰਗਲਾਂ ਦਾ ਸਫਾਇਆ ਕਰਕੇ ਦੋ-ਦੋ ਮਾਰਗੀ ਸੜਕਾਂ ਦਾ ਵਿਸਥਾਰ ਕੀਤਾ ਗਿਆ। ਵੱਡੀ ਪੱਧਰ 'ਤੇ ਪਹਾੜੀ ਨਦੀਆਂ 'ਚੋਂ ਪੱਥਰ ਰੇਤ, ਬੱਜਰੀ ਕੱਢੇ ਗਏ ਅਤੇ ਕੱਢੇ ਜਾ ਰਹੇ ਹਨ। ਇਸ ਦਾ ਨਤੀਜਾ ਇਹ ਹੋਇਆ ਕਿ ਪਹਾੜਾਂ ਵਿੱਚ ਪੈਣ ਵਾਲੀ ਬਾਰਿਸ਼ ਦੇ ਪਾਣੀ ਦੀਆਂ ਛੋਟੀਆਂ, ਵੱਡੀਆਂ ਸਭ ਰੋਕਾਂ ਖਤਮ ਕਰ ਦਿੱਤੀਆਂ ਗਈਆਂ। ਇਹ ਪਾਣੀ ਇੱਕਦਮ ਵਿਕਰਾਲ ਰੂਪ ਅਖਤਿਆਰ ਕਰਕੇ ਮੈਦਾਨੀ ਇਲਾਕਿਆਂ ਵਿੱਚ ਤਬਾਹੀ ਦੇ ਮੰਜ਼ਰ ਦੀ ਸਿਰਜਣਾ ਲਈ ਹੜ੍ਹ ਦਾ ਰੂਪ ਅਖਤਿਆਰ ਕਰ ਲੈਂਦਾ ਹੈ। ਕਿਸੇ ਸਮੇਂ ਇਹੋ ਪਾਣੀ ਸੰਘਣੇ ਪਹਾੜੀ ਜੰਗਲਾਂ 'ਚੋਂ ਰਿਸ-ਰਿਸ ਕੇ ਸਾਰਾ ਸਾਲ ਵਹਿੰਦਾ ਸੀ। ਸਾਡੇ ਪੰਜਾਬ ਦੇ ਪੰਜ ਦਰਿਆਵਾਂ ਸਮੇਤ ਇੱਥੇ ਛੋਟੀਆਂ, ਵੱਡੀਆਂ ਕਈ ਨਦੀਆਂ, ਨੈਆਂ ਸਨ, ਜੋ ਸਾਰਾ ਸਾਲ ਵਗਦੀਆਂ ਰਹਿੰਦੀਆਂ ਸਨ ਅਤੇ ਗਰਮੀਆਂ ਦੇ ਇਹਨਾਂ ਬਾਰਸ਼ਾਂ ਦੇ ਦਿਨਾਂ ਦੌਰਾਨ ਬਣਨ ਵਾਲੀ ਭਿਆਨਕ ਸਥਿਤੀ ਕਾਫੀ ਹੱਦ ਤੱਕ ਕੰਟਰੋਲ ਵਿੱਚ ਰਹਿੰਦੀ ਸੀ। ਅਸੀਂ ਹੁਣ ਸਾਰਾ ਸਾਲ ਵਗਣ ਵਾਲੀਆਂ ਪੰਜ ਨਦੀਆਂ ਤੋਂ ਇਲਾਵਾ ਛੋਟੀਆਂ, ਨਦੀਆਂ, ਨੈਆਂ, ਵੇਈਆਂ ਨੂੰ ਖੇਤਾਂ ਅਤੇ ਆਬਾਦੀਆਂ ਵਿੱਚ ਤਬਦੀਲ ਕਰ ਦਿੱਤਾ ਹੈ, ਜਿਸ ਦਾ ਨਤੀਜਾ ਇਹ ਹੈ ਧਰਤੀ ਹੇਠ ਜੋ ਪਾਣੀ ਸਾਰਾ ਸਾਲ ਰਿਸਦਾ ਰਹਿੰਦਾ ਸੀ, ਉਸ ਦਾ ਰਿਸਣਾ ਬੰਦ ਹੋ ਗਿਆ। ਪੰਜਾਬ ਦੇ ਬਹੁਤ ਸਾਰੇ ਖੇਤਰ ਧਰਤੀ ਹੇਠਲੇ ਪਾਣੀ ਪੱਖੋਂ ਡਾਰਕ ਜ਼ੋਨ ਬਣ ਗਏ। ਪਾਣੀ ਦਾ ਸੰਕਟ ਖੜ੍ਹਾ ਹੋ ਗਿਆ ਅਤੇ ਜੁਲਾਈ, ਅਗਸਤ ਵਿੱਚ ਪਾਣੀ ਦਾ ਕਹਿਰ ਸਾਨੂੰ ਦੋਹਾਂ ਪੰਜਾਬਾਂ ਦੇ ਲੋਕਾਂ ਦੀ ਬਰਬਾਦੀ ਦਾ ਕਾਰਨ ਬਣ ਗਿਆ। ਸਾਡੀਆਂ ਸਰਕਾਰਾਂ ਅਤੇ ਸੱਤਾਧਾਰੀ ਪਾਰਟੀਆਂ ਕੋਲ ਵੋਟ ਦੀ ਰਾਜਨੀਤੀ ਤੋਂ ਏਨੀ ਫੁਰਸਤ ਨਹੀਂ ਕਿ ਉਹ ਲੋਕਾਂ ਦਾ ਇਹਨਾਂ ਮਸਲਿਆਂ ਨੂੰ ਸਮਝਣ ਤੇ ਹੱਲ ਕਰਨ ਲਈ ਯਤਨਸ਼ੀਲ ਹੋਣ। ਦੂਜੇ ਪਾਸੇ ਲੋਕਾਂ ਨੂੰ ਇਹ ਸਮਝਣਾ ਪਵੇਗਾ ਕਿ ਅਸੀਂ ਅਜੇ ਇਸ ਤਰ੍ਹਾਂ ਦੇ ਸੰਕਟਾਂ ਨੂੰ ਸਿਖਰ ਵੱਲ ਲੈ ਕੇ ਜਾਣ ਲਈ ਤੁਰੇ ਹੋਏ ਹਾਂ ਅਤੇ ਇਹਨਾਂ ਦੇ ਹੱਲ ਲਈ ਫਿਲਹਾਲ ਅਜੇ ਸਾਡੇ ਮੁਲਕ ਕੋਲ ਕੋਈ ਪ੍ਰੋਗਰਾਮ ਨਹੀਂ। ਅਜੇ ਤਾਂ ਅਸੀਂ ਅਖੌਤੀ ਵਿਕਾਸ ਦੀ ਜੀ ਡੀ ਪੀ ਦਰ ਨੂੰ ਉਪਰ ਲੈ ਕੇ ਜਾਣ ਦੀ ਕੋਸ਼ਿਸ਼ ਵਿੱਚ ਹਾਂ।

ਸਾਡੇ ਲੋਕਾਂ ਨੂੰ ਇਹ ਵੀ ਸਮਝਣਾ ਪਵੇਗਾ ਕਿ ਅਜੇ ਅਸੀਂ ਆਪਣੇ ਵੱਡੇ ਮਸਲਿਆਂ ਬਾਰੇ ਸੋਚਣ ਅਤੇ ਇਹਨਾਂ ਦੇ ਸਥਾਈ ਹੱਲ ਕਰਨ ਲਈ ਯਤਨਸ਼ੀਲ ਹੋਣ ਵੱਲ ਨਹੀਂ ਤੁਰੇ, ਅਜੇ ਤਾਂ ਅਸੀਂ 'ਗਲੀਆਂ-ਨਾਲੀਆਂ ਮਾਰਕਾ' ਵਿਕਾਸ ਦੇ ਦੌਰ ਵਿੱਚ ਹਾਂ। ਹਰ ਸਾਲ ਸਾਡੇ ਦਰਿਆਵਾਂ ਦੇ ਬੰਨ੍ਹ ਟੁੱਟਦੇ ਹਨ। ਇਸ ਵਾਰ ਵੀ ਮੁਸੀਬਤਾਂ ਦੇ ਮਾਰੇ ਲੋਕ ਸਰਕਾਰੀ ਝਾਕ ਨੂੰ ਛੱਡ ਕੇ ਦਿਨ-ਰਾਤ ਬੰਨ੍ਹਾਂ 'ਤੇ ਪਹਿਰੇ ਦਿੰਦੇ ਰਹੇ। ਆਪਣੇ ਕੋਲੋਂ ਡੀਜ਼ਲ ਫੂਕ ਕੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰਦੇ ਰਹੇ। ਇਹ ਕੰਮ ਸਰਕਾਰਾਂ ਨੂੰ ਕਰਨੇ ਚਾਹੀਦੇ ਹਨ ਅਤੇ ਇਸ ਲਈ ਸਾਰਾ ਸਾਲ ਯਤਨਸ਼ੀਲ ਰਹਿਣ ਦੀ ਲੋੜ ਹੁੰਦੀ ਹੈ। ਬੰਨ ਹਮੇਸ਼ਾ ਉਥੋਂ ਟੁੱਟਦੇ ਹਨ ਜਿੱਥੋਂ ਇਹ ਰੁੱਖਾਂ ਵਿਹੂਣੇ ਹੁੰਦੇ ਹਨ ਜਿੱਥੇ ਵੀ ਬੰਨਾਂ 'ਤੇ ਸੰਘਣੇ ਜੰਗਲ ਹੁੰਦੇ ਹਨ, ਉਹਨਾਂ ਥਾਂਵਾਂ ਤੋਂ ਬੰਨ੍ਹ ਕਦੇ ਨਹੀਂ ਟੁੱਟਦੇ। ਇਸ ਤੋਂ ਅਗਲੀ ਵਿਗਿਆਨਕ ਗੱਲ ਇਹ ਹੈ ਕਿ ਜੇਕਰ ਬੰਨ੍ਹਾਂ 'ਤੇ ਸੰਘਣੇ ਬਾਂਸ ਦੇ ਜੰਗਲ ਉਗਾਏ ਜਾਣ ਤਾਂ ਇਹ ਕਦੇ ਵੀ ਨਹੀਂ ਟੁੱਟਦੇ ਹੜ੍ਹਾ ਦਾ ਸੰਤਾਪ ਹਰ ਵਾਰ ਪਹਿਲਾਂ ਨਾਲੋਂ ਭਿਆਨਕ ਹੋ ਰਿਹਾ ਹੈ। ਸਾਨੂੰ ਸਮਝਣਾ ਪਵੇਗਾ ਕਿ ਅਸੀਂ ਆਪਣੇ ਵਸੇਬ ਲਈ ਇਹ ਕਿਹੋ ਜਿਹੇ ਹਾਲਾਤ ਦੀ ਸਿਰਜਣਾ ਕਰਦੇ ਜਾ ਰਹੇ ਹਾਂ ਕਿ ਜਦੋਂ ਲੱਖਾਂ ਕਿਊਸਿਕ ਪਾਣੀ ਸਾਡੇ ਪਿੰਡਾਂ, ਨਗਰਾਂ, ਘਰਾਂ, ਫਸਲਾਂ ਨੂੰ ਤਬਾਹ ਕਰ ਰਿਹਾ ਹੁੰਦਾ ਹੈ ਤਾਂ ਉਸ ਸਮੇਂ ਵੀ ਸਾਡੇ ਕੋਲ ਪੀਣ ਵਾਲੇ ਪਾਣੀ ਦੀ ਘਾਟ ਮਹਿਸੂਸ ਹੁੰਦੀ ਹੈ। ਇਸ ਦਾ ਭਾਵ ਇਹ ਹੈ ਕਿ ਅੱਜ ਦੇ ਅਖੌਤੀ ਵਿਕਾਸ ਦੇ ਚਲਦਿਆਂ ਅਸੀਂ ਅਜਿਹੀ ਵਿਵਸਥਾ ਦੀ ਸਿਰਜਣਾ ਕੀਤੀ ਹੈ, ਜਿੱਥੇ ਧਰਤੀ ਹੇਠਲੇ ਪਾਣੀ ਨੂੰ ਤਾਂ ਬਰਬਾਦ ਕਰ ਲਿਆ ਜਾਂ ਪਲੀਤ ਕਰ ਦਿੱਤਾ ਪਰ ਬਾਰਸ਼ਾਂ ਦੇ ਪਾਣੀ ਨੂੰ ਸੰਭਾਲਣ ਵਾਲੇ ਸੋਮਿਆਂ ਨੂੰ ਵੀ ਅਸੀਂ ਤਬਾਹ ਕਰ ਦਿੱਤਾ ਹੈ। ਹੜ੍ਹਾਂ ਨਾਲ ਡੁੱਬ ਰਹੇ ਪੰਜਾਬੀ, ਹਾਲੋ ਬੇ-ਹਾਲ ਹੋ ਰਹੇ ਮੁਸੀਬਤਾਂ ਦੇ ਮਾਰੇ ਵਿਚਾਰੇ ਲੋਕ ਮਨੁੱਖ ਦੀਆਂ ਇਹਨਾਂ ਸਿਆਣਪਾਂ ਦਾ ਖਮਿਆਜ਼ਾ ਭੁਗਤ ਰਹੇ ਹਨ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਸਮਝ ਜਾਈਏ ਕਿ ਸੂਰਜ ਦੀ ਤਪਸ਼, ਸਮੁੰਦਰ, ਮੌਨਸੂਨੀ ਬਾਰਸ਼ਾਂ, ਪਹਾੜ, ਰੁੱਖ, ਵਣ, ਬਨਸਪਤੀ, ਦਰਿਆ, ਧਰਤੀ ਅਤੇ ਧਰਤੀ ਹੇਠਲੇ ਪਾਣੀ ਦਾ ਆਪਸੀ ਇੱਕ ਕੁਦਰਤੀ ਰਿਸ਼ਤਾ ਹੈ ਸਬੰਧ ਹੈ। ਇਸ ਰਿਸ਼ਤੇ ਨੂੰ ਸਮਝ ਕੇ ਅਸੀਂ ਜੀਵਨ ਲਈ ਸਾਜਗਾਰ ਹਾਲਾਤ ਸਿਰਜ ਸਕਦੇ ਹਾਂ।

ਬਾਰਸ਼ਾਂ ਦਾ ਪਾਣੀ ਘੱਟ ਰਫਤਾਰ ਨਾਲ ਵਹੇ, ਇਹ ਮਾਰੂ ਹੜ੍ਹਾਂ ਦਾ ਰੂਪ ਅਖਤਿਆਰ ਨਾ ਕਰੇ, ਇਸ ਲਈ ਸਾਨੂੰ ਸਭ ਤੋਂ ਪਹਿਲਾਂ ਪਹਾੜਾਂ ਦੇ ਜੰਗਲਾਂ ਦੀ ਕਟਾਈ ਰੋਕਣੀ ਹੋਵੇਗੀ ਅਤੇ ਵਿਰਾਨ ਹੋ ਰਹੇ ਪਹਾੜਾਂ 'ਤੇ ਸੰਘਣੇ ਰੁੱਖਾਂ ਅਤੇ ਬਨਸਪਤੀ ਦੇ ਜੰਗਲ ਉਗਾਉਣੇ ਹੋਣਗੇ। ਜਦੋਂ ਅਜੇ ਪਹਾੜਾਂ ਵਿੱਚ ਅਖੌਤੀ ਵਿਕਾਸ ਦਾ ਕੁਹਾੜਾ ਨਹੀਂ ਚੱਲਿਆ ਸੀ ਤਾਂ ਹਾਲਾਤ ਏਨੇ ਭਿਆਨਕ ਨਹੀਂ ਸਨ। ਸਾਡੇ ਦਰਿਆ ਸਾਰਾ ਸਾਲ ਵਗਦੇ ਸਨ, ਇਹਨਾਂ ਨੇ ਗੰਦੇ ਨਾਲਿਆਂ ਦਾ ਰੂਪ ਧਾਰਨ ਨਹੀਂ ਕੀਤਾ ਸੀ। ਇਹਨਾਂ ਵਿੱਚ ਨਿਰਮਲ ਪਾਣੀ ਵਹਿੰਦਾ ਸੀ, ਇਹਨਾਂ ਦੇ ਕੰਢਿਆਂ 'ਤੇ ਉੱਗੀ ਬਨਸਪਤੀ ਵਿੱਚ ਜੰਗਲੀ ਜਾਨਵਰਾਂ, ਪੰਛੀਆਂ, ਪਰਿੰਦਿਆਂ ਦੇ ਜਲ ਜੀਵਨ ਦਾ ਇੱਕ ਵਿਲੱਖਣ ਸੰਸਾਰ ਸੀ।

ਦਰਿਆਵਾਂ ਵਿੱਚ ਰੇਤ, ਬੱਜਰੀ ਦੀ ਮਾਈਨਿੰਗ ਨੂੰ ਰੋਕੇ ਜਾਣ ਦੀ ਲੋੜ ਹੈ। ਦਰਿਆ, ਦਰਿਆ ਹੀ ਰਹਿਣ, ਇਹ ਨਾਲਿਆਂ ਵਿੱਚ ਤਬਦੀਲ ਨਾ ਹੋਣ। ਇਸ ਲਈ ਵਿਸ਼ੇਸ਼ ਯਤਨ ਕੀਤੇ ਜਾਣ। ਇਹਨਾਂ ਦੇ ਕੰਢਿਆਂ 'ਤੇ ਮੱਠਾਂ, ਡੇਰਿਆਂ, ਫੈਕਟਰੀਆਂ, ਹੋਟਲਾਂ ਦੀ ਉਸਾਰੀ ਨੂੰ ਰੋਕਿਆ ਜਾਵੇ, ਤਾਂ ਕਿ ਇਹਨਾਂ ਦੇ ਵਹਿਣ ਕੁਦਰਤੀ ਬਣੇ ਰਹਿਣ। ਸਾਡੇ ਲਾਲਚਾਂ ਨੇ ਦਰਿਆਵਾਂ ਵਿੱਚ ਜਲ ਕੁੰਡ, ਡੁੰਮ, ਝੀਲਾਂ, ਜਲ ਵਹਿਣਾਂ, ਜਲਗਾਹਾਂ ਨੂੰ ਤਬਾਹ ਕਰ ਦਿੱਤਾ ਹੈ। ਅਸੀਂ ਦਰਿਆਵਾਂ ਦੇ ਕੰਢਿਆਂ 'ਤੇ ਸਰ, ਕਾਨੇ, ਕਾਹੀ ਅਤੇ ਹੋਰ ਬਨਸਪਤੀ ਨੂੰ ਅਖੌਤੀ ਵਿਕਾਸ ਦੇ ਵਹਾ ਵਿੱਚ ਰੋੜ੍ਹ ਦਿੱਤਾ।

ਸਰਕਾਰਾਂ ਨੂੰ ਲੱਖਾਂ ਲੋਕਾਂ ਦੀ ਬਰਬਾਦੀ ਦਾ ਮੁੱਢ ਬੰਨ੍ਹਣ ਵਾਲੇ ਭਿਆਨਕ ਹਾਲਾਤ ਨੂੰ ਵਿਗਿਆਨਕ ਨਜ਼ਰੀਏ ਨਾਲ ਸਮਝਣਾ ਚਾਹੀਦਾ ਹੈ। ਭਵਿੱਖ ਵਿੱਚ ਇਸ ਤਰ੍ਹਾਂ ਦੇ ਭਿਆਨਕ ਹਾਲਾਤ ਨਾ ਬਣਨ, ਇਸ ਲਈ ਯਤਨਸ਼ੀਲ ਹੋਣ ਦੀ ਲੋੜ ਹੈ। ਇਸ ਤੋਂ ਬਚਾਅ ਲਈ ਜਿੱਥੇ ਵੱਡੇ ਪ੍ਰੋਗਰਾਮ ਉਲੀਕ ਕੇ ਸਾਰਥਕ ਹੱਲ ਲੱਭੇ ਜਾਣ ਦੀ ਲੋੜ ਹੈ, ਉੱਥੇ ਉਹ ਲੋਕ ਜਿਹਨਾਂ ਦੇ ਘਰ-ਬਾਰ ਤਬਾਹ ਹੋ ਗਏ, ਫਸਲਾਂ ਬਰਬਾਦ ਹੋ ਗਈਆਂ, ਮਾਲ-ਡੰਗਰ ਦਾ ਨੁਕਸਾਨ ਹੋਇਆ, ਇਸ ਲਈ ਵਿਸ਼ੇਸ਼ ਯਤਨ ਕਰਕੇ ਇਹਨਾਂ ਦੀ ਮਾਲੀ ਮਦਦ ਕਰਨੀ ਚਾਹੀਦੀ ਹੈ।

# ਸੰਪਰਕ : 98550-51099

# ਸਥਾਈ ਅਮਨ ਲਈ ਬਹੁ-ਧਰੁਵੀ ਸੰਸਾਰ ਦੀਆਂ ਉਭਰਦੀਆਂ ਸੰਭਾਵਨਾਵਾਂ


ਡਾ. ਅਰੁਣ ਮਿੱਤਰਾ

ਦੁਨੀਆ ਦੇ ਵੱਖ-ਵੱਖ ਖੇਤਰਾਂ ਵਿੱਚ ਲਗਾਤਾਰ ਯੁੱਧ ਜਾਰੀ ਹਨ। ਇਸ ਕਰਕੇ ਵਿਸ਼ਵ ਸੁਰੱਖਿਆ ਸ਼ਾਇਦ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਪਹਿਲੀ ਵਾਰ ਐਸੀ ਗੈਰ-ਯਕੀਨੀ ਸਥਿਤੀ ਦਾ ਸਾਹਮਣਾ ਕਰ ਰਹੀ ਹੈ। ਸੰਕਟ-ਗ੍ਰਸਤ ਪੂੰਜੀਵਾਦੀ ਸੰਸਥਾਵਾਂ ਦੇਖਣ ਨੂੰ ਤਾਂ ਬਹੁਤ ਸ਼ਕਤੀਸ਼ਾਲੀ ਤੇ ਭਾਰੂ ਦਿੱਖਦੀਆਂ ਹਨ, ਪਰ ਲੋਕਾਂ ਦੀਆਂ ਗੰਭੀਰ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਅਸਫਲ ਰਹਿਣ ਕਰਕੇ ਉਨ੍ਹਾਂ ਦਾ ਸੱਚ ਸਾਹਮਣੇ ਆ ਗਿਆ ਹੈ।ਅਜਿਹੀ ਸਥਿਤੀ ਵਿੱਚ ਇਹ ਤਾਕਤਾਂ ਇਤਿਹਾਸਕ ਤੌਰ 'ਤੇ ਅਸਥਿਰਤਾ ਪੈਦਾ ਕਰਕੇ ਆਪਣੇ ਹਿੱਤ ਸਾਧਣ ਦੀ ਕੋਸ਼ਿਸ਼ ਕਰਦੀਆਂ ਹਨ। ਇਹ ਰੁਝਾਨ ਮੌਜੂਦਾ ਵਿਸ਼ਵ ਸਥਿਤੀਆਂ ਵਿੱਚ ਸਪੱਸ਼ਟ ਤੌਰ 'ਤੇ ਵੇਖਿਆ ਜਾ ਸਕਦਾ ਹੈ।

ਇਸ ਦਾ ਸਭ ਤੋਂ ਸਪੱਸ਼ਟ ਉਦਾਹਰਨ ਮੱਧ-ਪੂਰਬ ਵਿੱਚ ਵੇਖਣ ਨੂੰ ਮਿਲਦਾ ਹੈ, ਜਿੱਥੇ ਅਮਰੀਕੀ ਸਾਮਰਾਜਵਾਦ ਦੀ ਖੁੱਲ੍ਹੀ ਛਤਰਛਾਇਆ ਹੇਠ ਇਜ਼ਰਾਇਲ ਫ਼ਿਲਸਤੀਨੀ ਜਨਤਾ 'ਤੇ ਅੱਤਿਆਚਾਰ ਕਰ ਰਿਹਾ ਹੈ। ਖ਼ਬਰਾਂ ਮੁਤਾਬਕ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਸ ਕਿਸਮ ਤੱਕ ਦੇ ਸੁਝਾਅ ਦਿੱਤੇ ਹਨ ਕਿ ਫਲਸਤੀਨੀਆਂ ਨੂੰ ਗਾਜ਼ਾ ਖੇਤਰ ਸਵੈ-ਇੱਛਾ ਨਾਲ ਛੱਡਣ ਲਈ ਕਿਹਾ ਜਾਵੇ ਤੇ ਉਨ੍ਹਾਂ ਨੂੰ ਪ੍ਰਤੀ ਵਿਅਕਤੀ 5000 ਡਾਲਰ ਦਿੱਤੇ ਜਾਣਗੇ। ਜਿਹੜੇ ਗਾਜ਼ਾ ਵਿੱਚ ਹੀ ਰਹਿਣਾ ਚਾਹੁੰਦੇ ਹਨ, ਉਨ੍ਹਾਂ ਨੂੰ ਬਹੁਤ ਸੀਮਿਤ ਖੇਤਰ ਵਿੱਚ ਅਮਾਨਵੀ ਸਥਿਤੀਆਂ ਵਿੱਚ ਰੱਖਿਆ ਜਾਵੇ, ਜਦਕਿ ਬਾਕੀ ਗਾਜ਼ਾ ਨੂੰ ਚਮਕੀਲੇ ਸੈਰ-ਸਪਾਟਾ ਕੇਂਦਰ ਵਿੱਚ ਬਦਲ ਕੇ ਉਸ ਦਾ ਨਾਂਅ ਵਿਕਸਤ ਗਾਜ਼ਾ ਰੱਖਿਆ ਜਾਵੇ। ਇਹ ਯੋਜਨਾ ਨਾ ਸਿਰਫ਼ ਅਤਿ ਅਮਾਨਵੀ ਹੈ, ਸਗੋਂ ਖੇਤਰ ਦੇ ਤੇਲ ਸਰੋਤਾਂ ਉੱਤੇ ਕਬਜ਼ੇ ਦੇ ਵਾਸਤੇ ਰਚੀ ਗਈ ਹੈ।ਇਜ਼ਰਾਇਲ ਸੀਰੀਆ, ਲੈਬਨਾਨ, ਜਾਰਡਨ ਅਤੇ ਪੱਛਮੀ ਕਿਨਾਰੇ (ਵੈੱਸਟ ਬੈਂਕ) 'ਤੇ ਫੈਲਾਅ ਦੇ ਯਤਨ ਜਿੱਥੇ ਉਹ ਕਾਲੋਨੀਆਂ ਵਸਾ ਕੇ ਫਲਸਤੀਨੀ ਖੇਤਰਾਂ ਨੂੰ ਟੁਕੜਿਆਂ ਵਿੱਚ ਵੰਡਣਾ ਚਾਹੁੰਦਾ ਹੈ, ਉਸ ਦੀਆਂ ਭੂ-ਰਾਜਨੀਤਕ ਮੰਸ਼ਾਵਾਂ ਨੂੰ ਬੇਨਕਾਬ ਕਰਦੀਆਂ ਹਨ।

ਭਵਿੱਖ ਦੇ ਇਹ ਘਟਨਾ-ਚੱਕਰ ਕਿਹੜਾ ਮੋੜ ਲੈਂਦੇ ਹਨ, ਇਹ ਦੱਸਣਾ ਮੁਸ਼ਕਲ ਹੈ, ਪਰ ਖ਼ਤਰੇ ਦੀਆਂ ਘੰਟੀਆਂ ਸਾਫ਼ ਸੁਣਾਈ ਦੇ ਰਹੀਆਂ ਹਨ। NATO ਦਾ ਪੂਰਬ ਵੱਲ ਵਿਸਤਾਰ, ਰੂਸ ਦਾ ਯੂਕ੍ਰੇਨ ਉੱਤੇ ਹਮਲਾ, ਇਸ ਤੋਂ ਬਾਅਦ ਲੰਮੀ ਖਿੱਚੀ ਜੰਗ ਅਤੇ ਯੂਰਪੀ ਯੂਨੀਅਨ ਅਤੇ ਅਮਰੀਕਾ ਵੱਲੋਂ ਜ਼ੇਲੈਂਸਕੀ ਨੂੰ ਆਧੁਨਿਕ ਹਥਿਆਰਾਂ ਦੀ ਸਪਲਾਈ, ਇਹ ਸਭ ਵਿਸ਼ਵ ਸੰਘਰਸ਼ ਦੇ ਹੋਰ ਗੰਭੀਰ ਹੋਣ ਵੱਲ ਇਸ਼ਾਰਾ ਕਰਦੇ ਹਨ। ਹਾਲ ਹੀ ਵਿੱਚ ਅਮਰੀਕੀ ਕੰਪਨੀਆਂ ਵੱਲੋਂ ਯੂਕਰੇਨ ਦੇ ਖਣਿਜ ਸੰਸਾਧਨਾਂ ਅਤੇ ਖੇਤੀਬਾੜੀ ਵਾਲੀ ਜ਼ਮੀਨ ਉੱਤੇ ਕਬਜ਼ਾ ਕਰਨ ਲਈ ਕੀਤੇ ਸਮਝੌਤੇ ਇਸ ਸੰਕਟ ਦੇ ਸ਼ੋਸ਼ਣਮਈ ਪੱਖ ਨੂੰ ਉਘਾੜਦੇ ਹਨ।

ਯੂਰਪ ਤੋਂ ਬਾਹਰ ਵੀ ਅਮਰੀਕੀ ਦਖ਼ਲਅੰਦਾਜ਼ੀ ਸਾਫ਼ ਦਿਸਦੀ ਹੈ। ਲਾਤੀਨੀ ਅਮਰੀਕਾ ਵਿੱਚ ਵੈਨੇਜ਼ੂਏਲਾ ਖ਼ਿਲਾਫ਼ ਝੂਠਾ ਪ੍ਰਚਾਰ ਕਰਕੇ ਸਰਕਾਰ ਬਦਲਣ ਦੀਆਂ ਕੋਸ਼ਿਸ਼ਾਂ ਚੱਲ ਰਹੀਆਂ ਹਨ ਤੇ ਹੁਣ ਤਾਜ਼ਾ ਖਬਰਾਂ ਦੇ ਮੁਤਾਬਕ ਵੈਨੇਜ਼ੂਏਲਾ ਵੱਲ ਸਮੁੰਦਰੀ ਬੇੜੇ ਭੇਜੇ ਜਾਣ ਦੀ ਤਿਆਰੀ ਹੋ ਗਈ ਹੈ। ਸੋਵੀਅਤ ਯੂਨੀਅਨ ਦੇ ਵਿਘਟਨ ਤੋਂ ਬਾਅਦ ਗੁੱਟ ਨਿਰਲੇਪ ਅੰਦੋਲਨ, ਜਿਸ ਦੀ ਅਗਵਾਈ ਕਦੇ ਭਾਰਤ ਕਰਦਾ ਸੀ, ਦਾ ਕਮਜ਼ੋਰ ਹੋਣਾ ਵਿਸ਼ਵ ਮੰਚ 'ਤੇ ਇੱਕ ਵੱਡਾ ਖਾਲੀਪਣ ਛੱਡ ਗਿਆ ਹੈ। ਭਾਰਤ ਵੱਲੋਂ ਇਸ ਭੂਮਿਕਾ ਤੋਂ ਪਿੱਛੇ ਹਟ ਜਾਣਾ ਸੰਕਟ ਨੂੰ ਹੋਰ ਵਧਾ ਰਿਹਾ ਹੈ।

ਪਰ ਇਤਿਹਾਸ ਸਾਬਤ ਕਰਦਾ ਹੈ ਕਿ ਰਾਜਨੀਤਕ ਸਥਿਤੀਆਂ ਸਦਾ ਇਕੋ ਜਿਹੀਆਂ ਨਹੀਂ ਰਹਿੰਦੀਆਂ। ਹਾਲੀਆ ਘਟਨਾਵਾਂ ਬਰਾਜ਼ੀਲ ਵਿੱਚ BRICS ਸੰਮੇਲਨ ਅਤੇ ਚੀਨ ਵਿੱਚ ਸ਼ੰਘਾਈ ਕੋਆਪਰੇਸ਼ਨ ਆਰਗੇਨਾਈਜ਼ੇਸ਼ਨ (SCO) ਦੀ ਬੈਠਕ ਵਿਕਲਪਕ ਮੰਚਾਂ ਦੇ ਉਭਾਰ ਦਾ ਸੰਕੇਤ ਦਿੰਦੀਆਂ ਹਨ। ਇਹ ਯਤਨ ਵਿਸ਼ਵ ਸੰਰਚਨਾਵਾਂ ਨੂੰ ਨਵੀਂ ਦਿਸ਼ਾ ਦੇਣ, ਨਵੇਂ ਵਿਕਲਪ ਪੇਸ਼ ਕਰਨ ਅਤੇ ਸਾਮਰਾਜਵਾਦੀ ਤੇ ਨਵ-ਉਪਨਿਵੇਸ਼ਵਾਦੀ ਤਾਕਤਾਂ ਦੀਆਂ ਹਕੂਮਤ ਮੁੜ ਕਾਇਮ ਕਰਨ ਦੀ ਖ਼ਾਹਿਸ਼ ਨੂੰ ਤੋੜਨ ਵਿੱਚ ਭੂਮਿਕਾ ਨਿਭਾ ਸਕਦੀਆਂ ਹਨ।

ਫਿਰ ਵੀ ਇਹ ਸਮਝਣਾ ਜ਼ਰੂਰੀ ਹੈ ਕਿ ਮੌਜੂਦਾ ਭੂ-ਰਾਜਨੀਤਕ ਸਥਿਤੀ ਵਿੱਚ ਰਾਸ਼ਟਰੀ ਵਿਕਾਸ ਦੇ ਨਾਂਅ 'ਤੇ ਬਾਜ਼ਾਰ-ਕੇਂਦ੍ਰਤ ਨਿਰਦਈ ਕਾਰੋਬਾਰੀ ਹਿੱਤ ਹੀ ਹਾਵੀ ਹਨ। BRICS ਅਤੇ SCO ਵਰਗੇ ਗਠਜੋੜਾਂ ਦਾ ਉਭਾਰ ਵਿਕਾਸਸ਼ੀਲ ਦੇਸ਼ਾਂ ਵਿੱਚ ਸਹਿਯੋਗ ਲਈ ਇੱਕ ਨਵੀਂ ਦਿਸ਼ਾ ਦਰਸਾ ਸਕਦਾ ਹੈ, ਪਰ ਇਕ ਵੱਖਰੇ ਆਰਥਿਕ ਵਿਸ਼ਵੀ ਢਾਂਚੇ ਦੇ ਬਿਨਾਂ ਇਹ ਜਲਦੀ ਸੰਭਵ ਨਹੀਂ, ਕਿਉਂਕਿ ਅਰਥਵਿਵਸਥਾਵਾਂ ਇਸ ਵੇਲੇ ਵੱਡੀਆਂ ਕਾਰਪੋਰੇਟ ਕੰਪਨੀਆਂ ਦੇ ਕਬਜ਼ੇ ਹੇਠ ਹਨ, ਜਿੱਥੇ ਆਮ ਨਾਗਰਿਕਾਂ ਦੇ ਹਿੱਤ ਹਾਸ਼ੀਏ 'ਤੇ ਧੱਕੇ ਖਾ ਰਹੇ ਹਨ।

ਜਿੱਥੇ BRICS ਦੇ ਐਲਾਨ ਵਿੱਚ ਅਸਲਾ-ਮੁਕਤੀ ਦੀ ਗੱਲ ਕੀਤੀ ਗਈ, ਉੱਥੇ SCO ਵਧੇਰੇ ਆਰਥਿਕ ਸਹਿਯੋਗ ਤੇ ਵਪਾਰ 'ਤੇ ਕੇਂਦ੍ਰਿਤ ਰਹੀ ਹੈ। ਇਹ ਚੰਗੀ ਗੱਲ ਹੈ ਕਿ ਭਾਰਤ ਨੇ ਵੀ ਚੀਨ ਵਿੱਚ SCO ਦੀ ਮੀਟਿੰਗ ਵਿੱਚ ਹਿੱਸਾ ਲਿਆ, ਪਰ ਦੁੱਖ ਦੀ ਗੱਲ ਹੈ ਕਿ ਭਾਰਤ ਨੂੰ ਭੂ-ਰਾਜਨੀਤਕ ਬਦਲਾਅ ਲਈ ਇੱਕ ਵਿਸ਼ਵ ਤਾਕਤ ਵਜੋਂ ਕਿਤੇ ਨਹੀਂ ਵੇਖਿਆ ਗਿਆ। ਵੱਡੇ ਦੇਸ਼ ਅਤੇ ਵੱਡੀ ਆਬਾਦੀ ਵਾਲੇ ਭਾਰਤ ਨੂੰ ਗਾਹਕ ਅਤੇ ਹਥਿਆਰਾਂ ਸਮੇਤ ਗੈਰ-ਗ੍ਰਾਹਕ ਸਮਾਨ ਦੇ ਸੰਭਾਵੀ ਬਾਜ਼ਾਰ ਵਜੋਂ ਵੇਖਿਆ ਜਾਂਦਾ ਹੈ।

ਆਤੰਕਵਾਦ ਇੱਕ ਗੰਭੀਰ ਮੁੱਦਾ ਹੈ, ਜਿਸ ਨੂੰ ਆਪਸੀ ਸਹਿਯੋਗ ਨਾਲ ਹੀ ਹੱਲ ਕੀਤਾ ਜਾ ਸਕਦਾ ਹੈ। ਇਸ ਲਈ ਲੰਮੇ ਸਮੇਂ ਲਈ ਆਪਸੀ ਸਹਿਯੋਗ ਦੀ ਭਰੋਸੇਮੰਦ ਨੀਂਹ ਰੱਖਣੀ ਲੋੜੀਂਦੀ ਹੈ। ਦੱਖਣੀ ਏਸ਼ੀਆ ਦੇਸ਼ਾਂ ਵਿੱਚ ਆਪਸੀ ਸ਼ਖਸੀਅਤ ਨਾਲ ਭਰਿਆ ਹੋਇਆ ਹੈ। ਇਹ ਭਰੋਸਾ ਘਾਟਾ ਕੇਵਲ ਲਗਾਤਾਰ ਵਾਰਤਾਲਾਪ ਰਾਹੀਂ ਹੀ ਦੂਰ ਕੀਤਾ ਜਾ ਸਕਦਾ ਹੈ। ਵਪਾਰ ਨਿਆਂ-ਸੰਗਤ ਹੋਣਾ ਚਾਹੀਦਾ ਹੈ। ਇੱਕ-ਦੂਜੇ ਦੀ ਸਾਰਭੌਮਤਾ ਦਾ ਆਦਰ ਹੋਣਾ ਲਾਜ਼ਮੀ ਹੈ। ਅੰਤਰਰਾਸ਼ਟਰੀ ਮੰਚਾਂ 'ਤੇ ਗੱਲਬਾਤ ਦੌਰਾਨ ਸਥਾਨਕ ਰਾਜਨੀਤੀ ਨੂੰ ਇੱਕ ਪਾਸੇ ਰੱਖ ਕੇ ਰਾਸ਼ਟਰੀ ਹਿੱਤਾਂ ਨੂੰ ਵੱਡੇ ਪੱਧਰ 'ਤੇ ਦੇਖਣਾ ਲੋੜੀਂਦਾ ਹੈ। ਹਾਲੀਆ ਭਾਰਤ-ਪਾਕਿਸਤਾਨ ਜੰਗ ਨੇ, ਜਿਸ ਵਿੱਚ ਪਾਕਿਸਤਾਨ ਨੂੰ ਚੀਨੀ ਯੁੱਧ-ਤਕਨਾਲੋਜੀ ਨਾਲ ਗੁਪਤ ਤੌਰ 'ਤੇ ਸਹਿਯੋਗ ਮਿਲਿਆ, ਤਿੰਨ ਪਰਮਾਣੂ ਤਾਕਤਾਂ ਵਿਚਕਾਰ ਭਰੋਸਾ ਘਟਾਇਆ ਹੈ। ਹੁਣ ਸਮਾਂ ਹੈ ਕਿ ਸਭ ਵੱਲੋਂ ਸਕਾਰਾਤਮਕ ਕਦਮ ਚੁੱਕੇ ਜਾਣ। ਚੀਨ ਨੂੰ ਆਪਣੀਆਂ ਫੈਲਾਅਵਾਦੀ ਮੰਸ਼ਾਵਾਂ ਛੱਡਣੀਆਂ ਚਾਹੀਦੀਆਂ ਹਨ, ਪਾਕਿਸਤਾਨ ਨੂੰ 'ਪ੍ਰਾਕਸੀ ਜੰਗ' ਬੰਦ ਕਰਨੀ ਚਾਹੀਦੀ ਹੈ ਅਤੇ ਭਾਰਤ ਨੂੰ 'ਅਖੰਡ ਭਾਰਤ' ਦੀ ਭਾਸ਼ਣਬਾਜ਼ੀ ਤੋਂ ਮੁਕਤੀ ਪਾਉਣੀ ਚਾਹੀਦੀ ਹੈ। ਦੱਖਣੀ ਏਸ਼ੀਆ ਸਮੇਤ ਚੀਨ ਦੇ, ਇਸ ਖਿੱਤੇ ਨੂੰ ਪਰਮਾਣੂ ਮੁਕਤ ਖੇਤਰ ਘੋਸ਼ਿਤ ਕਰਨਾ ਚਾਹੀਦਾ ਹੈ।

# ਸੰਪਰਕ : 80775-74352

# ਸਿੱਖਿਆ ਹਰ ਨਾਗਰਿਕ ਦਾ ਮੌਲਿਕ ਅਧਿਕਾਰ


ਨਰਿੰਦਰ ਸਿੰਘ

ਸਿੱਖਿਆਂ ਬਗ਼ੈਰ ਜੀਵਨ ਅਧੂਰਾ ਹੈ। ਕਿਸੇ ਵੀ ਰਾਸ਼ਟਰ ਦੇ ਵਿਕਾਸ ਲਈ ਹਰ ਇਕ ਨਾਗਰਿਕ ਦਾ ਸਾਖ਼ਰ ਹੋਣਾ ਬਹੁਤ ਜ਼ਰੂਰੀ ਹੈ। ਸਿੱਖਿਆ ਨਾਲ ਹੀ ਲੋਕ ਆਲੇ-ਦੁਆਲੇ ਬਾਰੇ ਸਮਝ ਸਕਦੇ ਹਨ। ਇਸ ਕਾਰਨ ਹੀ ਸੰਸਾਰ ਦਾ ਹਰ ਰਾਸ਼ਟਰ ਅਤੇ ਕੌਮ ਸਿੱਖਿਆ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਯਤਨਸ਼ੀਲ ਹੈ। ਜਿਹੜੇ ਦੇਸ਼ਾਂ ਨੇ ਸਿੱਖਿਆ ਦੇ ਪ੍ਰਚਾਰ ਤੇ ਪ੍ਰਸਾਰ ਲਈ ਘੱਟ ਯਤਨ ਕੀਤੇ ਹਨ, ਉਹ ਦੇਸ਼ ਆਰਥਿਕ ਵਿਕਾਸ ਪੱਖੋਂ ਪਛੜ ਗਏ ਹਨ। ਦੂਸਰੇ ਪਾਸੇ ਜਿਹੜੇ ਮੁਲਕਾਂ ਨੇ ਆਪਣੇ ਦੇਸ਼ ਦੇ ਨਾਗਰਿਕਾਂ ਨੂੰ ਸਿੱਖਿਆ ਪ੍ਰਦਾਨ ਕਰਨ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਹਨ, ਉਹ ਦੇਸ਼ ਅੱਜ ਵਿਕਾਸ ਦੀ ਉੱਚਤਮ ਸੀਮਾ 'ਤੇ ਹਨ।

ਇਸ ਸਮੇਂ ਦੁਨੀਆ ਭਰ 'ਚ 15 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਲੋਕਾਂ ਦੀ ਔਸਤ ਸਾਖ਼ਰਤਾ ਦਰ 86.3 ਫ਼ੀਸਦੀ ਹੈ। ਮਰਦਾਂ ਦੀ ਔਸਤ ਸਾਖ਼ਰਤਾ ਦਰ 90 ਫੀਸਦੀ ਅਤੇ ਔਰਤਾਂ ਦੀ 82.7 ਫ਼ੀਸਦੀ ਹੈ। ਯੂਕ੍ਰੇਨ, ਉਜ਼ਬੇਕਿਸਤਾਨ, ਨੌਰਥ ਕੋਰੀਆ, ਕਜ਼ਾਕਸਤਾਨ, ਫਿਨਲੈਂਡ, ਨਾਰਵੇ, ਜੋਰਜੀਆ, ਗਰੀਨਲੈਂਡ ਆਦਿ ਦੇਸ਼ਾਂ ਦੀ ਸਾਖ਼ਰਤਾ ਦਰ ਸੌ ਫ਼ੀਸਦੀ ਹੈ। ਬੇਲਾਰੂਸ 99.9, ਸੇਨਮਰੀਨੋ 99.9, ਪੋਲੈਂਡ 99.8, ਰਸ਼ੀਆ 99.7, ਇਟਲੀ 99.2, ਹੰਗਰੀ 99.1, ਜਰਮਨੀ 99, ਜਪਾਨ 99, ਅਰਜਨਟੀਨਾ 99, ਆਇਰਲੈਂਡ 99, ਨਿਊ ਜ਼ੀਲੈਂਡ 99, ਵੀਅਤਨਾਮ 95.8, ਮਲੇਸ਼ੀਆ 95 ਫ਼ੀਸਦੀ ਸਾਖ਼ਰਤਾ ਦਰ ਹੈ, ਜਦਕਿ ਭਾਰਤ ਦੀ ਸਾਖ਼ਰਤਾ ਦਰ 80.9 ਫ਼ੀਸਦੀ ਹੈ, ਜਦੋਂਕਿ ਨਿਗਰ, ਸੈਂਟਰਲ ਅਫਰੀਕਨ ਰਿਪਬਲਿਕ, ਅਫ਼ਗਾਨਿਸਤਾਨ, ਸਾਊਥ ਸੂਡਾਨ, ਮਾਲੀ ਆਦਿ ਮੁਲਕਾਂ ਦੀ ਸਾਖ਼ਰਤਾ ਦਰ 40 ਫ਼ੀਸਦੀ ਤੋਂ ਵੀ ਘੱਟ ਹੈ।

ਸਾਲ 2011, 2012, 2013, 2014, 2015 ਵਿੱਚ ਭਾਰਤ ਦੀ ਸਾਖ਼ਰਤਾ ਦਰ ਕ੍ਰਮਵਾਰ 84.41, 84.6, 84.9, 85.29, 86 ਫ਼ੀਸਦੀ ਸੀ। ਸਾਲ 2022 ਵਿੱਚ 76 ਫ਼ੀਸਦੀ ਅਤੇ ਸਾਲ 2023 ਵਿੱਚ ਸਾਖ਼ਰਤਾ ਦਰ 77 ਫ਼ੀਸਦੀ ਸੀ। ਔਰਤਾਂ ਵਿੱਚ ਘੱਟ ਸਾਖ਼ਰਤਾ ਦਾ ਕਾਰਨ ਜ਼ਿਆਦਾ ਆਬਾਦੀ ਅਤੇ ਪਰਵਾਰ ਨਿਯੋਜਨ ਦੀ ਜਾਣਕਾਰੀ ਦੀ ਕਮੀ ਹੈ। ਦੁਨੀਆ ਭਰ ਵਿੱਚ ਘਰ ਦੀ ਗਰੀਬੀ ਤੇ ਹੋਰ ਮਜਬੂਰੀਆਂ ਕਰਕੇ ਪੰਜ ਸਾਲ ਤੋਂ ਲੈ ਕੇ ਪੰਦਰਾਂ ਸਾਲ ਦੀ ਉਮਰ ਵਰਗ ਦੇ ਅਨੇਕਾਂ ਅਣਭੋਲੇ ਬਾਲਾਂ ਨੂੰ ਕਠਿਨ ਮਜ਼ਦੂਰੀ ਦੇ ਜਾਨ ਮਾਰਨ ਵਾਲੇ ਪਿੜ ਵਿੱਚ ਉਤਰਨਾ ਪੈਂਦਾ ਹੈ ਤੇ ਫਿਰ ਆਖਰੀ ਸਾਹ ਤੱਕ ਮਜ਼ਦੂਰੀ ਹੀ ਉਨ੍ਹਾਂ ਦਾ ਮੁਕੱਦਰ ਹੋ ਨਿਬੜਦੀ ਹੈ। ਸਮੁੱਚੇ ਵਿਸ਼ਵ ਵਿੱਚ ਅਠਾਰਾਂ ਸਾਲ ਤੋਂ ਛੋਟੀ ਉਮਰ ਦੇ ਲਗਭਗ ਇਕ ਅਰਬ ਤੀਹ ਕਰੋੜ ਬੱਚੇ ਹਨ, ਜਿਨ੍ਹਾਂ ਵਿਚੋਂ ਸੋਲਾਂ ਕਰੋੜ ਬੱਚਿਆਂ ਦਾ ਬਚਪਨ ਬਾਲ ਮਜ਼ਦੂਰੀ ਦੀਆਂ ਬੇੜੀਆਂ ਵਿਚ ਜਕੜਿਆ ਹੋਇਆ ਹੈ। ਭਾਰਤ ਵਿਚ ਅਠਾਰਾਂ ਸਾਲ ਤੋਂ ਘੱਟ ਉਮਰ ਦੇ ਚੁਤਾਲੀ ਕਰੋੜ ਬੱਚੇ ਹਨ। ਬਾਲ ਮਜ਼ਦੂਰ ਕੈਂਪੇਨ ਅਗੇਂਨਸਟ ਚਾਈਲਡ ਲੇਬਰ ਸਾਲ 2023 ਅਨੁਸਾਰ ਭਾਰਤ ਵਿੱਚ ਹਰ ਚਾਰ ਬੱਚਿਆਂ ਵਿਚੋਂ ਇਕ ਬੱਚਾ ਬਾਲ ਮਜ਼ਦੂਰੀ ਕਰਦਾ ਹੈ। ਅੱਜ ਦੇ ਬੱਚੇ ਆਉਣ ਵਾਲੇ ਕੱਲ੍ਹ ਦੀ ਨੀਂਹ ਤੇ ਸਮਾਜ ਦਾ ਭਵਿੱਖ ਹੁੰਦੇ ਹਨ। ਇਸ ਲਈ ਬੱਚਿਆਂ ਨੂੰ ਸਿਹਤਮੰਦ ਵਾਤਾਵਰਨ, ਚੰਗੀ ਸਿੱਖਿਆ ਤੇ ਸੰਸਕਾਰਾਂ ਦੇ ਨਾਲ-ਨਾਲ ਹੀ ਉਨ੍ਹਾਂ ਦਾ ਸਰੀਰਕ, ਮਾਨਸਿਕ ਤੇ ਭਾਵਨਾਤਮਿਕ ਵਿਕਾਸ ਹੋਣਾ ਬਹੁਤ ਜ਼ਰੂਰੀ ਹੈ, ਪਰ ਮਜ਼ਦੂਰੀ ਉਨ੍ਹਾਂ ਦੇ ਸਮੁੱਚੇ ਵਿਕਾਸ ਵਿੱਚ ਸਭ ਤੋਂ ਵੱਡੀ ਰੁਕਾਵਟ ਤੇ ਗੰਭੀਰ ਸਮੱਸਿਆ ਹੈ।

ਯੂਨੈਸਕੋ ਦੀ ਗਲੋਬਲ ਐਜੂਕੇਸ਼ਨ ਮਾਨੀਟਰਿੰਗ ਟੀਮ (ਜੀ ਐੱਮ) ਦੇ ਅਨੁਸਾਰ ਦੁਨੀਆ ਭਰ ਵਿੱਚ 27.2 ਕਰੋੜ ਬੱਚੇ ਸਕੂਲ ਨਹੀਂ ਜਾ ਪਾ ਰਹੇ ਹਨ। ਇਸ ਦੇ ਦੋ ਕਾਰਨ ਹਨ। ਪਹਿਲਾਂ ਨਵਾਂ ਦਾਖ਼ਲਾ ਤੇ ਹਾਜ਼ਰੀ ਡੈਟਾ ਵਿਚ ਕਮੀ ਹੈ। ਸਾਲ 2020 ਵਿੱਚ ਅਫਗਾਨਿਸਤਾਨ ਵਿੱਚ ਸੈਕੰਡਰੀ ਸਕੂਲ ਦੀ ਉਮਰ ਦੀਆਂ ਕੁੜੀਆਂ 'ਤੇ ਪਾਬੰਦੀ ਇਸ ਵਾਧੇ ਵਿੱਚ ਯੋਗਦਾਨ ਪਾਉਂਦੀ ਹੈ। ਦੂਜਾ ਸਕੂਲ ਨਾ ਜਾਣ ਵਾਲੇ ਬੱਚਿਆਂ ਦੀ ਗਿਣਤੀ ਵਿੱਚ ਵਾਧੇ ਦਾ ਕਾਰਨ ਸੰਯੁਕਤ ਰਾਸ਼ਟਰ ਦੇ ਨਵੀਨਤਮ ਆਬਾਦੀ ਅਨੁਮਾਨਾਂ ਵਿਚ ਵਾਧਾ ਹੈ, ਜਿਸ ਨਾਲ ਅਜਿਹੇ ਬੱਚਿਆਂ ਦੀ ਗਿਣਤੀ ਵਿੱਚ 1.3 ਕਰੋੜ ਦਾ ਵਾਧਾ ਹੋਇਆ ਹੈ। ਕੁਲ ਮਿਲਾ ਕੇ ਪ੍ਰਾਇਮਰੀ ਸਕੂਲ ਉਮਰ ਦੇ ਲਗਭਗ 11 ਫ਼ੀਸਦੀ ਕਿਸ਼ੋਰ (6.4 ਕਰੋੜ) ਤੇ ਉੱਚ ਸੈਕੰਡਰੀ ਸਕੂਲ ਉਮਰ ਦੇ 31 ਫੀਸਦੀ ਨੌਜਵਾਨ (13 ਕਰੋੜ) ਸਕੂਲ ਨਹੀਂ ਜਾ ਰਹੇ।

ਏਨੀ ਵੱਡੀ ਗਿਣਤੀ ਵਿੱਚ ਬੱਚਿਆਂ ਦਾ ਸਿੱਖਿਆ ਜਿਹੇ ਅਤਿ ਜ਼ਰੂਰੀ ਅਧਿਕਾਰ ਤੋਂ ਵਾਂਝੇ ਰਹਿਣਾ ਬੇਹੱਦ ਚਿੰਤਾਜਨਕ ਹੈ। ਭਾਰਤ ਜਿਹੇ ਦੇਸ਼ ਵਿੱਚ ਸਰਕਾਰੀ ਸਕੂਲਾਂ ਦਾ ਜ਼ਮੀਨੀ ਪੱਧਰ 'ਤੇ ਸਿੱਖਿਆ ਦਾ ਮਿਆਰ ਹੇਠਾਂ ਰਹਿਣਾ ਤੇ ਨਿੱਜੀ ਸਕੂਲਾਂ ਵਿੱਚ ਸਿੱਖਿਆ ਦਾ ਬਹੁਤ ਮਹਿੰਗੀ ਹੁੰਦੇ ਜਾਣਾ ਵੀ ਬੱਚਿਆਂ ਨੂੰ ਸਿੱਖਿਆਂ ਤੋਂ ਵਾਂਝੇ ਕਰਨ ਦਾ ਵੱਡਾ ਕਾਰਨ ਹੋ ਸਕਦਾ ਹੈ। ਭਾਰਤ ਵਿੱਚ ਵੱਡੀ ਗਿਣਤੀ ਵਿੱਚ ਗਰੀਬ ਬੱਚੇ ਫੀਸਾਂ ਤੇ ਕਿਤਾਬਾਂ ਦਾ ਖਰਚਾ ਨਾ ਉਠਾ ਸਕਣ ਕਾਰਨ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ।

ਜਦਕਿ ਵਿਕਸਤ ਤੇ ਅਮੀਰ ਦੇਸ਼ਾਂ ਵਿੱਚ ਪ੍ਰਾਇਮਰੀ ਤੋਂ ਲੈ ਕੇ ਸੈਕੰਡਰੀ ਪੱਧਰ ਤੱਕ ਮੁਫ਼ਤ ਸਿੱਖਿਆ ਦਾ ਪ੍ਰਬੰਧ ਸਰਕਾਰਾਂ ਵੱਲੋਂ ਕੀਤਾ ਜਾਂਦਾ ਹੈ।ਕਿਸੇ ਵੀ ਰਾਸ਼ਟਰ ਵਿੱਚ ਖਾਸ ਤੌਰ 'ਤੇ ਲੋਕਤੰਤਰਿਕ ਸ਼ਾਸਨ ਵਿੱਚ ਸਿੱਖਿਆ ਹਰ ਨਾਗਰਿਕ ਦਾ ਮੌਲਿਕ ਅਧਿਕਾਰ ਹੈ। ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਿੱਖਿਆ ਮੁਹੱਈਆ ਕਰਵਾਉਣਾ ਸਰਕਾਰਾਂ ਦਾ ਕਰਤੱਵ ਹੋਣਾ ਚਾਹੀਦਾ ਹੈ। ਭਾਰਤ ਜਿਹੇ ਵਿਕਾਸਸ਼ੀਲ ਦੇਸ਼ਾਂ ਦੀਆਂ ਸਰਕਾਰਾਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸਾਰੇ ਬੱਚਿਆਂ, ਖਾਸ ਕਰਕੇ ਗਰੀਬ ਮਾਪਿਆਂ ਦੇ ਬੱਚਿਆਂ ਲਈ ਸਿੱਖਿਆ ਨੂੰ ਯਕੀਨੀ ਬਣਾਏ। ਸਿੱਖਿਆ ਦੇ ਮੌਲਿਕ ਅਧਿਕਾਰ ਨੂੰ ਹਰੇਕ ਨਾਗਰਿਕ ਤੱਕ ਉਪਲੱਬਧ ਕਰਵਾ ਕੇ ਹੀ ਕੋਈ ਰਾਸ਼ਟਰ ਸੰਤੁਲਤ ਢੰਗ ਨਾਲ ਤਰੱਕੀ ਕਰ ਸਕਦਾ ਹੈ।

ਭਾਰਤ ਵਿੱਚ ਸੈਂਤੀ ਸਾਲ ਤੋਂ ਚੱਲ ਰਹੀ ਸਾਖ਼ਰਤਾ ਮੁਹਿੰਮ ਵਿੱਚ ਮਿਜ਼ੋਰਮ ਤੇ ਗੋਆ ਵਰਗੇ ਛੋਟੇ ਸੂਬਿਆਂ ਨੇ ਪੂਰਨ ਸਾਖ਼ਰਤਾ ਦਾ ਦਰਜਾ ਹਾਸਿਲ ਕਰਕੇ ਇਕ ਨਵੀਂ ਉਮੀਦ ਜਗਾਈ ਹੈ, ਜਦਕਿ ਉੱਤਰ ਪ੍ਰਦੇਸ਼, ਬਿਹਾਰ ਤੇ ਮੱਧ ਪ੍ਰਦੇਸ਼ ਵਰਗੇ ਦਰਜਨ ਭਰ ਵੱਡੇ ਸੂਬਿਆਂ ਦਾ ਢਿੱਲਾ ਰਵੱਈਆ ਵੱਡੀ ਰੁਕਾਵਟ ਤਾਂ ਹੈ, ਪਰ ਇਹ ਅਸੰਭਵ ਨਹੀਂ। ਦੇਸ਼ ਵਿੱਚ ਸਾਖ਼ਰਤਾ ਦੀ ਮੁਹਿੰਮ ਮਈ 1988 ਵਿੱਚ ਸ਼ੁਰੂ ਹੋਈ ਸੀ। ਭਾਰਤ ਸਰਕਾਰ ਨੇ ਸਾਲ 2030 ਤੱਕ ਦੇਸ਼ ਨੂੰ ਪੂਰਨ ਸਾਖ਼ਰ ਬਣਾਉਣ ਦਾ ਟੀਚਾ ਰੱਖਿਆ ਹੋਇਆ ਹੈ। ਸਿੱਖਿਆ ਮੰਤਰਾਲੇ ਨੇ ਇਸ ਦੌਰਾਨ ਦੇਸ਼ ਨੂੰ ਪੂਰਨ ਸਾਖ਼ਰ ਬਣਾਉਣ ਦੇ ਟੀਚੇ ਲਈ ਬਾਕੀ ਪੰਜ ਸਾਲਾਂ ਲਈ ਇਕ ਯੋਜਨਾ ਬਣਾਈ ਹੈ, ਜਿਸ ਵਿੱਚ ਪੱਛੜੇ ਸੂਬਿਆਂ 'ਤੇ ਖ਼ਾਸ ਧਿਆਨ ਦਿੱਤਾ ਗਿਆ ਹੈ। ਇਸ ਵਿੱਚ ਅਨਪੜ੍ਹ ਲੋਕਾਂ ਦੀ ਪਛਾਣ ਕਰਕੇ ਸਾਲਾਨਾ ਟੀਚਾ ਲੈ ਕੇ ਅੱਗੇ ਵਧਣ ਦੀ ਸਿਫ਼ਾਰਿਸ਼ ਕੀਤੀ ਗਈ ਹੈ। ਮੱਧ ਪ੍ਰਦੇਸ਼, ਛੱਤੀਸਗੜ੍ਹ ਤੇ ਆਂਧਰਾ ਪ੍ਰਦੇਸ਼ ਵਰਗੇ ਸੂਬਿਆਂ ਨੇ ਆਪਣੀ ਯੋਜਨਾ ਵੀ ਮੰਤਰਾਲੇ ਨਾਲ ਸਾਂਝੀ ਕੀਤੀ ਹੈ। ਇਸ ਵਿੱਚ ਹਰ ਸਕੂਲੀ ਬੱਚੇ ਤੇ ਬੀ ਐੱਡ ਦੀ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਨਾਲ ਜੋੜਿਆ ਗਿਆ ਹੈ। ਇਨ੍ਹਾਂ ਵਿੱਚ ਸਕੂਲੀ ਬੱਚਿਆਂ ਨੂੰ ਗਰਮੀ ਦੀਆਂ ਛੁੱਟੀਆਂ ਦੌਰਾਨ ਘੱਟੋ-ਘੱਟ ਦੋ ਅਨਪੜ੍ਹ ਲੋਕਾਂ ਨੂੰ ਪੜ੍ਹਾਉਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਸਾਲ 2023 ਵਿੱਚ ਪੂਰਨ ਸਾਖ਼ਰਤਾ ਨੂੰ ਲੈ ਕੇ ਸਿੱਖਿਆ ਮੰਤਰਾਲੇ ਵੱਲੋਂ 'ਉਲਾਸ' ਨਾਂਅ ਨਾਲ ਸ਼ੁਰੂ ਕੀਤੇ ਗਏ ਨਵ-ਸਾਖ਼ਰਤਾ ਮਿਸ਼ਨ ਦੇ ਦੋ ਸਾਲਾਂ ਅੰਦਰ ਇਹ ਕਾਮਯਾਬੀ ਮਿਲੀ ਹੈ। ਇਸ ਸਾਲ ਮਈ ਵਿੱਚ ਮਿਜ਼ੋਰਮ ਤੇ ਗੋਆ ਨੂੰ ਪੂਰਨ ਸਾਖ਼ਰਤਾ ਸੂਬਾ ਐਲਾਨਿਆ ਗਿਆ ਹੈ।

ਪੂਰਨ ਸਾਖ਼ਰਤਾ ਦਾ ਮਤਲਬ ਸੌ ਫ਼ੀਸਦੀ ਸਾਖ਼ਰਤਾ ਨਹੀਂ, ਸਗੋਂ ਪਚੰਨਵੇ ਫ਼ੀਸਦੀ ਸਾਖ਼ਰਤਾ ਹੁੰਦੀ ਹੈ। ਜਦੋਂ ਕੋਈ ਵੀ ਸੂਬਾ ਜਾਂ ਦੇਸ਼ 95 ਫ਼ੀਸਦੀ ਸਾਖ਼ਰ ਹੋ ਜਾਂਦਾ ਹੈ ਤਾਂ ਉਸ ਨੂੰ ਪੂਰਨ ਸਾਖ਼ਰ ਐਲਾਨ ਦਿੱਤਾ ਜਾਂਦਾ ਹੈ। ਸਿੱਖਿਆ ਮੰਤਰਾਲੇ ਮੁਤਾਬਕ ਸੌ ਫ਼ੀਸਦੀ ਸਾਖ਼ਰਤਾ ਦੇ ਅਸੰਭਵ ਟੀਚੇ ਨੂੰ ਦੇਖਦਿਆਂ ਯੂਨੈਸਕੋ ਦੀ ਸਹਿਮਤੀ ਨਾਲ ਪੂਰਨ ਸਾਖ਼ਰਤਾ ਦੇ ਮਾਪਦੰਡਾਂ ਵਿੱਚ ਬਦਲਾਅ ਕੀਤਾ ਗਿਆ ਹੈ। ਪਹਿਲਾਂ ਸਿਰਫ ਦਸਤਖਤ ਕਰਨ ਵਾਲੇ ਨੂੰ ਹੀ ਸਾਖ਼ਰ ਮੰਨਿਆ ਜਾਂਦਾ ਸੀ, ਪਰ 2023 ਵਿੱਚ ਇਸ ਦੇ ਨਵੇਂ ਮਾਪਦੰਡ ਤੈਅ ਕੀਤੇ ਗਏ। ਇਸ ਵਿੱਚ ਸਾਖ਼ਰ ਹੋਣ ਲਈ ਪੜ੍ਹਨਾ, ਲਿਖਣਾ ਤੇ ਸਿਖਿਆਤਮਕ ਗਿਆਨ ਹੋਣਾ ਜ਼ਰੂਰੀ ਹੈ। ਇਸ ਮੁਹਿੰਮ ਵਿੱਚ ਹੁਣ ਲੋਕਾਂ ਨੂੰ ਉਨ੍ਹਾਂ ਦੇ ਜੀਵਨ ਵਿੱਚ ਕੰਮ ਆਉਣ ਵਾਲੇ ਉਪਯੋਗੀ ਗਿਆਨ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਵਿੱਤੀ ਲੈਣ ਦੇਣ, ਚੋਣਾਂ ਨਾਲ ਜੁੜੀ ਜਾਗਰੂਕਤਾ, ਆਮ ਕਾਨੂੰਨੀ ਗਿਆਨ ਆਦਿ ਸ਼ਾਮਿਲ ਹਨ।

ਜਿੱਥੋਂ ਤੱਕ ਅਨਪੜ੍ਹ ਲੋਕਾਂ ਦੀ ਪਛਾਣ ਦੀ ਗੱਲ ਹੈ ਤਾਂ ਹਰ ਦਸ ਸਾਲਾਂ ਵਿੱਚ ਹੋਣ ਵਾਲੀ ਜਨਗਣਨਾ ਤੋਂ ਇਸ ਦੀ ਸਹੀ ਜਾਣਕਾਰੀ ਮਿਲਦੀ ਹੈ। ਹਾਲ ਹੀ ਵਿੱਚ ਮਿਜ਼ੋਰਮ ਅਤੇ ਗੋਆ ਨੇ ਆਪਣੇ ਸਰਵੇਖਣ ਵਿੱਚ ਹੀ ਅਨਪੜ੍ਹ ਲੋਕਾਂ ਦੀ ਪਛਾਣ ਕੀਤੀ ਹੈ। ਇਨ੍ਹਾਂ ਦੀ ਰਜਿਸਟ੍ਰੇਸ਼ਨ ਨਵ-ਸਾਖ਼ਰਤਾ ਨਾਲ ਜੁੜੇ ਉਲਾਸ ਪੋਰਟਲ 'ਤੇ ਕਰਵਾਈ ਗਈ।

ਸਾਖ਼ਰਤਾ ਲੋਕਾਂ ਦੇ ਜੀਵਨ ਨੂੰ ਸੁਧਾਰਨ ਲਈ ਇਕ ਸ਼ਕਤੀਸ਼ਾਲੀ ਸਾਧਨ ਹੈ। ਬਦਕਿਸਮਤੀ ਨਾਲ ਭਾਰਤ ਵਿੱਚ ਲਗਭਗ ਇਕ ਤਿਹਾਈ ਆਬਾਦੀ ਅੱਜ ਵੀ ਅਨਪੜ੍ਹ ਹੈ, ਜਿਨ੍ਹਾਂ ਵਿੱਚ ਔਰਤਾਂ ਤਾਂ ਅੱਧੇ ਨਾਲੋਂ ਜ਼ਿਆਦਾ ਅਨਪੜ੍ਹ ਹਨ। ਔਰਤਾਂ ਦੀ ਸਾਖ਼ਰਤਾ ਦਰ ਵਿੱਚ ਭਾਰਤ ਵਿਸ਼ਵ ਦੇ 135 ਦੇਸ਼ਾਂ ਵਿੱਚੋਂ 123 ਵੇਂ ਸਥਾਨ 'ਤੇ ਹੈ। ਸਾਖ਼ਰ ਹੋਣ ਨਾਲ ਹੀ ਵਿਅਕਤੀ ਨੂੰ ਆਪਣਾ ਭਲਾ-ਬੁਰਾ ਅਤੇ ਨਫਾ-ਨੁਕਸਾਨ ਸਮਝਣ ਦੀ ਤਮੀਜ਼ ਆਉਂਦੀ ਹੈ। ਭਾਵੇਂ ਸਰਕਾਰ ਨੇ ਸਿੱਖਿਆ ਦੇ ਅਧਿਕਾਰ ਕਾਨੂੰਨ ਰਾਹੀਂ ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਬੱਚਿਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਪ੍ਰਬੰਧ ਕੀਤਾ ਹੋਇਆ ਹੈ, ਫਿਰ ਵੀ 100 ਵਿੱਚੋਂ 26 ਬੱਚੇ ਅੱਠਵੀਂ ਜਮਾਤ ਦੀ ਪੜ੍ਹਾਈ ਪੂਰੀ ਕਰਨ ਤੋਂ ਪਹਿਲਾਂ ਹੀ ਸਕੂਲ ਛੱਡ ਜਾਂਦੇ ਹਨ।

ਸਰਕਾਰ ਵੱਲੋਂ ਦੇਸ਼ ਵਿੱਚ ਅਨਪੜ੍ਹਤਾ ਨੂੰ ਖ਼ਤਮ ਕਰਨ ਅਤੇ ਸਿੱਖਿਆ ਦੇ ਚਾਨਣ ਨੂੰ ਫੈਲਾਉਣ ਲਈ ਰਾਸ਼ਟਰੀ ਸਾਖ਼ਰਤਾ ਮਿਸ਼ਨ ਚਲਾਇਆ ਗਿਆ ਹੈ। ਫਿਰ ਵੀ ਸਰਕਾਰ ਨੂੰ ਅਜੇ ਸਾਖ਼ਰਤਾ ਲਈ ਹੋਰ ਢੁਕਵੇਂ ਕਦਮ ਚੁੱਕਣ ਦੀ ਲੋੜ ਹੈ, ਜਿਸ ਨਾਲ ਦੇਸ਼ ਦੇ ਨਾਗਰਿਕਾਂ ਨੂੰ ਵਿਕਸਤ ਦੇਸ਼ਾਂ ਬਰਾਬਰ ਸਿੱਖਿਅਤ ਕਰਕੇ ਦੇਸ਼ ਅਤੇ ਸਮਾਜ ਨੂੰ ਸਮਾਜਿਕ-ਆਰਥਿਕ ਵਿਕਾਸ ਦੀਆਂ ਲੀਹਾਂ ਤੇ ਤੋਰਿਆ ਜਾ ਸਕੇ। ਸਿੱਖਿਆ ਹੀ ਸਮਾਜਿਕ-ਆਰਥਿਕ ਵਿਕਾਸ ਦਾ ਆਧਾਰ ਹੈ।

# ਸੰਪਰਕ : 98146-62260

# ਘੱਗਰ ਦੇ ਹਾਲਾਤ ਨਾਜ਼ੁਕ, ਪਾਣੀ ਖਤਰੇ ਦੇ ਨਿਸ਼ਾਨ ਤੋਂ ਉੱਪਰ



ਘੱਗਰ ਦੇ ਬੰਨ੍ਹ ਨੂੰ ਮਜ਼ਬੂਤ ਕਰਦੇ ਲੋਕ ਤੇ ਆਰਮੀ ਦੇ ਜਵਾਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਵਿੱਚੋਂ ਲੰਘਦੇ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ ਲਗਾਤਾਰ ਵਧਦਾ ਜਾ ਰਿਹਾ ਹੈ।ਘੱਗਰ ਦੇ ਖਨੌਰੀ ਹੈੱਡਵਰਕਸ ਤੇ ਬੁਰਜੀ ਨੰਬਰ ਆਰ ਡੀ 460 ਉੱਤੇ ਪਾਣੀ ਖਤਰੇ ਦੇ ਨਿਸ਼ਾਨ ਨੂੰ ਪਾਰ ਕਰਕੇ 750.5 ਫੁੱਟ 'ਤੇ ਪਹੁੰਚ ਗਿਆ ਹੈ, ਜਿਸ ਦੇ ਚੱਲਦਿਆਂ ਘੱਗਰ ਦਰਿਆ ਦੇ ਕਿਨਾਰੇ ਵੱਸੇ ਪਿੰਡਾਂ ਦੇ ਕਿਸਾਨਾਂ ਦੇ ਦਿਲਾਂ ਦੀਆਂ ਧੜਕਣਾਂ ਤੇਜ਼ ਹੋ ਗਈਆਂ ਹਨ ਅਤੇ ਉਹ ਲਗਾਤਾਰ ਆਪਣੀਆਂ ਪੁੱਤਾਂ ਵਾਂਗ ਪਾਲੀਆਂ ਹੋਈਆਂ ਫ਼ਸਲਾਂ ਨੂੰ ਬਚਾਉਣ ਲਈ ਯਤਨਸ਼ੀਲ ਹਨ।ਜਾਣਕਾਰੀ ਅਨੁਸਾਰ ਪੁਲਸ ਪ੍ਰਸ਼ਾਸਨ ਘੱਗਰ ਦਰਿਆ ਦੇ ਕੰਢਿਆਂ ਉੱਤੇ ਪਹੁੰਚ ਕੇ ਥੈਲਿਆਂ ਨੂੰ ਮਜ਼ਬੂਤ ਕਰਨ ਵਿੱਚ ਲੱਗੇ ਹੋਏ ਹਨ।ਘੱਗਰ ਦਰਿਆ ਦੇ ਸੱਜੇ ਪਾਸੇ ਪਿੰਡ ਨਾਈਵਾਲਾ ਦੇ ਨਜ਼ਦੀਕ ਘੱਗਰ ਦਰਿਆ ਵਿੱਚ ਹਲਕਾ ਪਾੜ ਪੈਣ ਦੀਆਂ ਸੰਭਾਵਨਾਵਾਂ ਸਨ, ਪਰ ਮੌਕੇ ਉੱਤੇ ਹਾਜ਼ਰ ਲੋਕਾਂ ਨੇ ਕਰੜੀ ਮਿਹਨਤ ਕਰਕੇ ਉਸ ਨੂੰ ਬੰਦ ਕਰਨ ਵਿੱਚ ਸਫਲਤਾ ਹਾਸਲ ਕਰ ਲਈ ਹੈ। ਇਸੇ ਤਰ੍ਹਾਂ ਪਿੰਡ ਹਰਚੰਦਪੁਰਾ 'ਚ ਘੱਗਰ ਦੇ ਬੰਨ੍ਹ ਤੋਂ ਪਾਣੀ ਜਦੋਂ ਨਿਕਲਣਾ ਸ਼ੁਰੂ ਹੋਇਆ ਤਾਂ ਕਿਸਾਨਾਂ ਨੇ ਮੁਸ਼ੱਕਤ ਨਾਲ ਉਸ ਨੂੰ ਬੰਨ੍ਹਣ ਵਿੱਚ ਵੀ ਸਫਲਤਾ ਹਾਸਲ ਕੀਤੀ।ਦਿੱਲੀ-ਜੰਮੂ-ਕੱਟੜਾ ਐਕਸਪ੍ਰੈੱਸ ਵੇਅ ਸ਼ੁਤਰਾਣਾ ਦੇ ਨਜ਼ਦੀਕ ਸੈਂਕੜਿਆਂ ਦੀ ਗਿਣਤੀ ਵਿੱਚ ਆਸ-ਪਾਸ ਦੇ ਪਿੰਡਾਂ ਸ਼ੁਤਰਾਣਾ, ਰਸੌਲੀ, ਨਾਈਵਾਲਾ, ਜੋਗੇਵਾਲਾ, ਗੁਲਾਹੜ, ਹੋਤੀਪੁਰ ਤੇ ਨਵਾਂਗਾਉਂ ਦੇ ਕਿਸਾਨ ਬੰਨ੍ਹ ਨੂੰ ਮਜ਼ਬੂਤ ਕਰਨ ਵਿੱਚ ਲੱਗੇ ਹੋਏ ਹਨ।ਦੂਜੇ ਪਾਸੇ ਘੱਗਰ ਦੇ ਦੂਜੇ ਕਿਨਾਰੇ ਉੱਤੇ ਪਿੰਡ ਮੁਤੌਲੀ, ਤੇਈਪੁਰ, ਸਾਗਰਾ ਤੇ ਗੁਰੂ ਨਾਨਕਪੁਰਾ ਦੇ ਕਿਸਾਨਾਂ ਵੱਲੋਂ ਲਗਾਤਾਰ ਮਿਹਨਤ ਕਰਕੇ ਬੰਨ੍ਹ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ।ਐੱਸ ਡੀ ਐੱਮ ਪਾਤੜਾਂ ਅਸ਼ੋਕ ਕੁਮਾਰ ਨੇ ਦੱਸਿਆ ਕਿ ਹਲਕਾ ਸ਼ੁਤਰਾਣਾ ਦੇ ਪਿੰਡਾਂ ਵਿੱਚ ਹੜ੍ਹ ਵਰਗੀ ਸਥਿਤੀ ਠੀਕ ਠਾਕ ਹੈ, ਪਰ ਉਪਰਲੇ ਇਲਾਕਿਆਂ ਵਿੱਚ ਹੋ ਰਹੀ ਬਰਸਾਤ ਤੇ ਲਗਾਤਾਰ ਵਧ ਪਾਣੀ ਕਰਕੇ ਸਥਿਤੀ ਡਰ ਵਾਲੀ ਬਣੀ ਹੋਈ ਹੈ।ਉਨ੍ਹਾਂ ਲੋਕਾਂ ਨੂੰ ਅਫਵਾਹਾਂ ਉੱਤੇ ਯਕੀਨ ਨਾ ਕਰਨ ਦੀ ਸਲਾਹ ਦਿੰਦੇ ਹੋਏ ਕਿਹਾ ਕਿ ਘੱਗਰ ਵਿੱਚ ਥੈਲਿਆਂ ਦੇ ਅੰਦਰ ਪਾਣੀ ਚੱਲ ਰਿਹਾ ਹੈ, ਫਿਰ ਵੀ ਪ੍ਰਸ਼ਾਸਨ ਵੱਲੋਂ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਪੂਰੀਆਂ ਤਿਆਰੀਆਂ ਕੀਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਸਬ ਡਵੀਜ਼ਨ ਪਾਤੜਾਂ ਵਿੱਚ ਚਾਰ ਰਾਹਤ ਕੇਂਦਰਾਂ ਦਾ ਗਠਨ ਕੀਤਾ ਗਿਆ ਹੈ।

## ਘੱਗਰ 'ਚ ਪਾਣੀ ਚੜ੍ਹਦਾ ਵੇਖ ਦਹਿਲਿਆ ਕਿਸਾਨ, ਮੌਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਸ਼ੁਤਰਾਣਾ ਦੇ ਘੱਗਰ ਕਿਨਾਰੇ ਰਹਿੰਦੇ ਇਕ ਕਿਸਾਨ ਨੇ ਜਦੋਂ ਘੱਗਰ ਦਰਿਆ ਵਿੱਚ ਪਾਣੀ ਵਧਣ ਨਾਲ ਕਿਨਾਰੇ ਨੂੰ ਢਾਹ ਲੱਗਦੀ ਵੇਖੀ ਤਾਂ ਅਚਾਨਕ ਦਹਿਲ ਗਿਆ ਤੇ ਵਿਗੜਦੇ ਹਾਲਾਤਾਂ ਕਾਰਨ ਆਪਣੀ ਜਾਨ ਗੁਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਣਜੀਤ ਸਿੰਘ ਤੇ ਰਾਜੂ ਰਾਮ ਨੇ ਦੱਸਿਆ ਕਿ ਉਨ੍ਹਾਂ ਦਾ ਰਿਸ਼ਤੇਦਾਰ ਮੋਹਨ ਲਾਲ (45) ਪੁੱਤਰ ਲਾਲ ਸਿੰਘ, ਜੋ ਇੱਕ ਛੋਟਾ ਕਿਸਾਨ ਸੀ, ਨੇ ਆਪਣੀ ਘੱਗਰ ਕਿਨਾਰੇ ਲਗਦੀ ਜ਼ਮੀਨ ਦੇ ਨਾਲ ਹੋਰ ਵੀ ਸੱਤ-ਅੱਠ ਏਕੜ ਜ਼ਮੀਨ ਠੇਕੇ 'ਤੇ ਲੈ ਕੇ ਝੋਨਾ ਲਾਇਆ ਹੋਇਆ ਸੀ।ਪਿਛਲੇ ਕਈ ਦਿਨਾਂ ਤੋਂ ਘੱਗਰ ਦਰਿਆ ਵਿੱਚ ਪਾਣੀ ਵਧਦਾ ਰਹਿਣ ਕਾਰਨ ਉਹ ਕਿਨਾਰਿਆਂ ਦੀ ਰਾਖੀ ਲਈ ਸਾਰੀ ਰਾਤ ਜਾਗਦਾ ਰਿਹਾ। ਜਦੋਂ ਉਸ ਨੇ ਸਵੇਰੇ ਖੇਤ ਦਾ ਕਿਨਾਰਾ ਰੁੜ੍ਹਦਾ ਵੇਖਿਆ ਤਾਂ ਉਹ ਦਹਿਲ ਗਿਆ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਮ੍ਰਿਤਕ ਕਿਸਾਨ ਮੋਹਨ ਲਾਲ ਆਪਣੇ ਪਿੱਛੇ ਵਿਧਵਾ ਪਤਨੀ ਤੋਂ ਇਲਾਵਾ ਚਾਰ ਨਾਬਾਲਗ ਬੱਚੇ ਛੱਡ ਗਿਆ ਹੈ। ਸਮਾਜ ਸੇਵੀ ਸੁਖਦੇਵ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ ਇਸ ਗਰੀਬ ਕਿਸਾਨ ਦੇ ਪਰਵਾਰ ਦੀ ਸਰਕਾਰ ਵੱਲੋਂ ਤੁਰੰਤ ਆਰਥਿਕ ਮਦਦ ਕਰਨੀ ਚਾਹੀਦੀ ਹੈ, ਕਿਉਂਕਿ ਇਹ ਕੁਦਰਤੀ ਮੌਤ ਨਹੀਂ ਸਗੋਂ ਇਹ ਘੱਗਰ ਦਰਿਆ ਦੇ ਸੰਭਾਵੀ ਹੜ੍ਹ ਦੇ ਡਰ ਕਾਰਨ ਹੋਈ ਹੈ।

## ਕਾਂਗਰਸੀ ਆਗੂ ਪ੍ਰਕਾਸ਼ ਭੱਟੀ ਦੇ ਜੈਤੋ ਗੇੜਿਆਂ ਨੇ ਵਿਰੋਧੀਆਂ ਦੇ ਸਾਹ ਸੂਤੇ

**ਜੈਤੋ (ਸਤੀਸ਼ ਕੁਮਾਰ ਬੀੜੀ)**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਪਾਰਟੀ ਆਲ੍ਹਾ ਕਮਾਨ ਦੇ ਚਹੇਤੇ ਪ੍ਰਕਾਸ਼ ਸਿੰਘ ਭੱਟੀ ਵੱਲੋਂ ਜੈਤੋ ਕਿਸੇ ਵੀ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਸਮੇਂ ਆਪਣੇ ਪੁਰਾਣੇ ਦੋਸਤਾਂ ਤੇ ਪਾਰਟੀ ਵਰਕਰਾਂ ਨਾਲ ਲੰਬੀਆਂ ਮੁਲਾਕਾਤਾਂ ਕੀਤੀਆਂ ਜਾ ਰਹੀਆਂ ਹਨ।ਅੱਜ ਅੰਤਿਮ ਅਰਦਾਸ ਮੌਕੇ ਇੱਥੇ ਪੁੱਜੇ ਪ੍ਰਕਾਸ਼ ਸਿੰਘ ਭੱਟੀ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮੱਤ ਪਾਲ ਡੋਡ, ਜੋ ਕਿ ਪੁਰਾਣੇ ਕਾਂਗਰਸੀ ਆਗੂ ਹਨ, ਕੋਲ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਲੰਮਾਂ ਸਮਾਂ ਗੱਲਬਾਤ ਕੀਤੀ। ਇੱਥੇ ਇਹ ਗੱਲ ਵਿਸ਼ੇਸ਼ ਤੌਰ 'ਤੇ ਵਰਨਣਯੋਗ ਹੈ ਕਿ ਪ੍ਰਕਾਸ਼ ਸਿੰਘ ਭੱਟੀ ਦੇ ਜੈਤੋ ਸਰਗਰਮ ਹੋਣ ਕਰਕੇ ਵਿਰੋਧੀ ਪਾਰਟੀਆਂ ਨੂੰ ਕੰਬਣੀ ਛਿੜ ਗਈ ਹੈ।ਪ੍ਰਕਾਸ਼ ਸਿੰਘ ਭੱਟੀ ਪੁਰਾਣੇ ਤੇ ਤਜਰਬੇਕਾਰ ਆਗੂ ਹੋਣ ਕਾਰਨ ਇਲਾਕਾ ਨਿਵਾਸੀਆਂ ਨਾਲ ਨਿੱਜੀ ਸਾਂਝ ਦੇ ਨਾਲ ਹੀ ਲੋਕਾਂ ਦੇ ਦਿਲਾਂ ਵਿੱਚ ਵਿਸ਼ੇਸ਼ ਸਥਾਨ ਰੱਖਦੇ ਹਨ। ਜੇਕਰ ਕਾਂਗਰਸ ਪਾਰਟੀ ਵੱਲੋਂ ਆਉਂਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਭੱਟੀ ਨੂੰ ਜੈਤੋ ਹਲਕੇ ਤੋਂ ਉਮੀਦਵਾਰ ਐਲਾਨਿਆ ਗਿਆ ਤਾਂ ਉਹ ਰਿਕਾਰਡ ਤੋੜ ਵੋਟਾਂ ਨਾਲ ਬਿਨਾਂ ਕਿਸੇ ਸ਼ੱਕ ਦੇ ਆਪਣੀ ਸੀਟ ਹਾਈਕਮਾਂਡ ਦੀ ਝੋਲੀ ਪਾ ਦੇਣਗੇ।ਇੱਥੇ ਜ਼ਿਕਰਯੋਗ ਹੈ ਕਿ ਪ੍ਰਕਾਸ਼ ਸਿੰਘ ਭੱਟੀ ਇੱਕ ਕਾਂਗਰਸੀ ਹੋਣ ਕਰਕੇ ਹੀ ਨਹੀਂ, ਬਲਕਿ ਆਪਣੀ ਵਿਲੱਖਣ ਰਾਜਨੀਤਕ ਪਛਾਣ ਕਰਕੇ ਕਿਸੇ ਵੀ ਚੋਣ ਚਿੰਨ੍ਹ ਦੇ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨ ਕਰ ਸਕਦੇ ਹਨ।

# ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਕੈਂਪ 'ਚ 395 ਯੂਨਿਟ ਖ਼ੂਨ ਇਕੱਤਰ

**ਖ਼ੂਨਦਾਨ ਕਿਸੇ ਦੀ ਬੁੱਝਦੀ ਜੀਵਨ ਜੋਤ ਨੂੰ ਰੌਸ਼ਨ ਕਰ ਸਕਦੈ : ਡਾ. ਸੁਨੀਤਾ ਦੇਵੀ**



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਮੋਗਾ ਵੱਲੋਂ ਅੱਠਵਾਂ ਸਵੈ-ਇੱਛਕ ਖ਼ੂਨਦਾਨ ਕੈਂਪ ਗੁਰਦੁਆਰਾ ਬੀਬੀ ਕਾਹਨ ਕੌਰ ਜੀ ਵਿਖੇ ਲਗਾਇਆ ਗਿਆ।ਕੈਂਪ ਦਾ ਉਦਘਾਟਨ ਡਾ. ਸੁਨੀਤਾ ਦੇਵੀ ਜੁਆਇੰਟ ਡਾਇਰੈਕਟਰ ਬਲੱਡ ਟਰਾਂਸਫਿਊਜ਼ਨ ਸਰਵਿਸਸ ਪੰਜਾਬ ਸਟੇਟ ਏਡਸ ਕੰਟਰੋਲ ਸੋਸਾਇਟੀ ਤੇ ਮੋਗਾ ਦੇ ਵਿਧਾਇਕ ਡਾਕਟਰ ਅਮਨਦੀਪ ਕੌਰ ਅਰੋੜਾ ਨੇ ਰੀਬਨ ਕੱਟ ਕੇ ਕੀਤਾ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸੀਨੀਅਰ ਕਾਂਗਰਸੀ ਆਗੂ ਵਿਨੋਦ ਬਾਂਸਲ, ਸੀਨੀਅਰ ਯੂਥ ਕਾਂਗਰਸੀ ਆਗੂ ਧਰਮਪਾਲ ਸਿੰਘ ਨਿਹਾਲ ਸਿੰਘ ਵਾਲਾ, ਅਕਾਲੀ ਆਗੂ ਮਨਜੀਤ ਸਿੰਘ ਧੰਮੂ, ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਪਰਮਪਾਲ ਸਿੰਘ ਤਖਤੂਪੁਰਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੋਂ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ।ਇਸ ਖ਼ੂਨਦਾਨ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰ ਗੱਭਰੂਆਂ ਤੇ ਮੁਟਿਆਰਾਂ ਨੇ 395 ਯੂਨਿਟ ਖ਼ੂਨ ਦਾਨ ਕੀਤਾ।ਇਸ ਕੈਂਪ ਬਾਰੇ ਸਰਪ੍ਰਸਤ ਗੁਰਪ੍ਰੀਤ ਸਿੰਘ ਗਿੱਲ, ਪ੍ਰਧਾਨ ਗੁਰਜੋਤ ਸਿੰਘ ਤੇ ਚੇਅਰਮੈਨ ਰਾਗਵ ਸ਼ਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਖ਼ੂਨਦਾਨੀਆਂ ਦਾ ਭਾਰੀ ਉਤਸ਼ਾਹ ਸੀ। ਉਨ੍ਹਾਂ ਭਰੋਸਾ ਦਿਵਾਇਆ ਕਿ ਜਿਹੜੇ ਵੀ ਵਿਅਕਤੀ ਸਾਡੇ ਇਸ ਕੈਂਪ ਵਿੱਚ ਖ਼ੂਨ ਦਾਨ ਕਰਕੇ ਗਏ ਹਨ, ਜੇਕਰ ਉਨ੍ਹਾਂ ਨੂੰ ਕਦੇ ਵੀ ਪੰਜਾਬ ਵਿੱਚ ਕਿਤੇ ਵੀ ਖ਼ੂਨ ਦੀ ਲੋੜ ਪੈਂਦੀ ਹੈ ਤਾਂ ਉਨ੍ਹਾਂ ਲਈ ਖ਼ੂਨ ਦਾ ਪ੍ਰਬੰਧ ਪਹਿਲ ਦੇ ਅਧਾਰ 'ਤੇ ਕਰਵਾਇਆ ਜਾਵੇਗਾ।ਸਰਪ੍ਰਸਤ ਗੁਰਪ੍ਰੀਤ ਸਿੰਘ ਗਿੱਲ, ਪ੍ਰਧਾਨ ਗੁਰਜੋਤ ਸਿੰਘ ਤੇ ਚੇਅਰਮੈਨ ਰਾਗਵ ਸ਼ਰਮਾ ਨੇ ਕੈਂਪ ਵਿੱਚ ਆਏ ਹੋਏ ਸਾਰੇ ਹੀ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖਸੀਅਤਾਂ ਦਾ ਧੰਨਵਾਦ ਕੀਤਾ।ਇਸ ਕੈਂਪ ਦੌਰਾਨ ਡਾ. ਅਕਾਂਸ਼ਾ ਸ਼ਰਮਾ ਬੀ.ਟੀ.ਓ., ਬਲੱਡ ਬੈਂਕ, ਸਿਵਲ ਹਸਪਤਾਲ ਮੋਗਾ, ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੁਸਾਇਟੀ ਮੋਗਾ ਦੇ ਪ੍ਰਧਾਨ ਗੁਰਜੋਤ ਸਿੰਘ, ਅੰਮ੍ਰਿਤਪਾਲ ਸਿੰਘ ਕਲੱਸਟਰ ਪ੍ਰੋਗਰਾਮ ਮੈਨੇਜਰ ਦਿਸ਼ਾ ਕਲੱਸਟਰ ਫਿਰੋਜ਼ਪੁਰ, ਸੁਰਿੰਦਰ ਸਿੰਘ, ਸਟੀਫਨ ਸੰਧੂ, ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੁਸਾਇਟੀ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ ਭਾਵਨਾ ਬਾਂਸਲ, ਮਨਿੰਦਰ ਸਿੰਘ ਮਿੱਕੀ, ਜਸਦੀਪ ਸਿੰਘ ਗਿੱਲ, ਲਵਪ੍ਰੀਤ ਸਿੰਘ ਕੈਂਥ, ਹਰਪ੍ਰੀਤ ਸਿੰਘ ਖੀਵਾ, ਡਾ. ਸਰਬਜੀਤ ਕੌਰ ਬਰਾੜ, ਪਰਮਿੰਦਰ ਸਿੰਘ, ਬਾਬਾ ਚਰਨ ਸਿੰਘ ਤੇ ਉਨ੍ਹਾਂ ਦੀ ਸਮੁੱਚੀ ਟੀਮ ਤੋਂ ਇਲਾਵਾ ਸੋਸਾਇਟੀ ਦੇ ਹੋਰ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

## ਕਾਤਰਾਂ

### ਸਾਢੇ 3 ਕਿਲੋ ਅਫੀਮ ਸਮੇਤ 2 ਗ੍ਰਿਫਤਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਓਮ ਪ੍ਰਕਾਸ਼ ਸੇਖੋਂ)**-ਨਸ਼ਾ ਤਸਕਰੀ ਵਿਰੁੱਧ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਥਾਣਾ ਸਿਟੀ ਮਲੋਟ ਪੁਲਸ ਵੱਲੋਂ 3 ਕਿੱਲੋ 500 ਗ੍ਰਾਮ ਅਫੀਮ ਸਮੇਤ 2 ਮੁਲਜ਼ਮਾਂ ਨੂੰ ਕਾਬੂ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ।ਜਾਣਕਾਰੀ ਅਨੁਸਾਰ ਪੁਲਸ ਪਾਰਟੀ ਵੱਲੋਂ ਜੀ. ਟੀ. ਰੋਡ, ਪਿੰਡ ਰਥੜੀਆ ਨਜ਼ਦੀਕ ਚੈਕਿੰਗ ਦੌਰਾਨ ਇੱਕ ਕਾਲੀ ਸਕਾਰਪਿਓ ਨੂੰ ਰੋਕ ਕੇ ਚੈੱਕ ਕੀਤਾ ਗਿਆ।ਇਸ ਵਿੱਚੋਂ ਦੋ ਵਿਅਕਤੀ ਗੁਰਬਖ਼ਸ਼ ਸਿੰਘ ਤੇ ਸਿਕੰਦਰ ਸਿੰਘ ਬੈਠੇ ਹੋਏ ਮਿਲੇ।ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਤੋਂ 3 ਕਿੱਲੋ 500 ਗ੍ਰਾਮ ਅਫੀਮ ਬਰਾਮਦ ਹੋਈ, ਜਿਸ 'ਤੇ ਪੁਲਸ ਵੱਲੋਂ ਥਾਣਾ ਸਿਟੀ ਮਲੋਟ ਵਿਖੇ ਕੇਸ ਦਰਜ ਕੀਤਾ ਗਿਆ।

### ਟਾਂਗਰੀ ਨਦੀ 'ਚ ਰੁੜ੍ਹੇ 5 ਬੱਚਿਆਂ 'ਚੋਂ 4 ਨੂੰ ਬਚਾਇਆ, ਇਕ ਦੀ ਮੌਤ

**ਪਟਿਆਲਾ/ਸਨੌਰ/ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਹੜ੍ਹ ਦੇ ਕਹਿਰ ਕਾਰਨ ਅੱਜ ਟਾਂਗਰੀ ਨਦੀ ਵਿੱਚ 5 ਬੱਚੇ ਰੁੜ੍ਹ ਗਏ, ਜਿਨ੍ਹਾਂ 'ਚੋਂ 4 ਨੂੰ ਤਾਂ ਬਚਾਅ ਲਿਆ ਗਿਆ, ਪਰ ਇੱਕ ਦੀ ਮੌਤ ਹੋ ਗਈ।ਇਹ ਘਟਨਾ ਅਹਿਰੂ ਖੁਰਦ ਪਿੰਡ ਦੀ ਹੈ, ਜਿਥੋਂ ਇਹ ਬੱਚੇ ਨਾਲ ਦੇ ਪਿੰਡ ਭੁੰਨੀ ਵਿਖੇ ਚਲੇ ਗਏ ਤੇ ਪਾਣੀ ਵਿੱਚ ਵੜ੍ਹ ਗਏ।ਇਸ ਘਟਨਾ ਦੀ ਖਬਰ ਜਦੋਂ ਨਾਲ ਲੱਗਦੇ ਪਿੰਡ ਭੁੰਨੀ ਵਾਲਿਆਂ ਨੂੰ ਮਿਲੀ ਤਾਂ ਕੁਝ ਵਿਅਕਤੀ ਟਾਂਗਰੀ ਨਦੀ 'ਤੇ ਪਹੁੰਚ ਗਏ, ਜਿੱਥੇ ਉਨ੍ਹਾਂ ਨੇ 2 ਬੱਚਿਆਂ ਨੂੰ ਤਾਂ ਪਹਿਲਾਂ ਹੀ ਪਾਣੀ 'ਚੋਂ ਕੱਢ ਲਿਆ ਤੇ 2 ਟਾਂਗਰੀ ਨਦੀ ਦੇ ਅਗਲੇ ਕੰਢੇ ਤੋਂ ਜਾ ਕੇ ਕੱਢੇ ਗਏ।ਇਨ੍ਹਾਂ ਪੰਜਾਂ ਬੱਚਿਆਂ 'ਚੋਂ ਇਕ ਬੱਚਾ ਜੋ ਲਾਪਤਾ ਸੀ, ਜਿਸ ਨੂੰ ਐੱਨ. ਡੀ. ਆਰ. ਐੱਫ. ਦੀ ਟੀਮ ਤੇ ਪਿੰਡ ਵਾਸੀਆਂ ਵੱਲੋਂ ਭਾਲ ਕੀਤੀ ਗਈ।ਕਾਫੀ ਜੱਦੋ-ਜਹਿਦ ਮਗਰੋਂ ਉਸ ਬੱਚੇ ਦੀ ਲਾਸ਼ ਮਿਲ ਗਈ ਹੈ, ਜਿਸ ਦੀ ਪਹਿਚਾਣ ਮਨਵੀਰ ਸਿੰਘ (12) ਸਾਲ ਵਜੋਂ ਹੋਈ ਹੈ। ਦੁਧਣ ਸਾਧਾਂ ਦੇ ਐੱਸ ਡੀ ਐੱਮ ਕ੍ਰਿਪਾਲ ਵੀਰ ਸਿੰਘ ਵੱਲੋਂ ਮੌਕੇ 'ਤੇ ਜਾ ਕੇ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ ਗਿਆ।

### ਸਹਾਇਕ ਥਾਣੇਦਾਰ ਸਿਕੰਦਰ ਨਵੇਂ ਟ੍ਰੈਫਿਕ ਇੰਚਾਰਜ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਦੇ ਨਿਰਦੇਸ਼ਾਂ ਤਹਿਤ ਸਹਾਇਕ ਥਾਣੇਦਾਰ ਸਿਕੰਦਰ ਸਿੰਘ ਨੂੰ ਮਾਛੀਵਾੜਾ ਸਾਹਿਬ ਦਾ ਨਵਾਂ ਟ੍ਰੈਫਿਕ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਸਿਕੰਦਰ ਸਿੰਘ ਨੇ ਆਪਣੀ ਡਿਊਟੀ ਸੰਭਾਲਣ ਉਪਰੰਤ ਕਿਹਾ ਕਿ ਉਹ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਜਾਗਰੂਕ ਕਰਨਗੇ ਤੇ ਜੇਕਰ ਕਿਸੇ ਨੇ ਵੀ ਇਸ ਦੀ ਉਲੰਘਣਾ ਕੀਤੀ ਤਾਂ ਕਾਨੂੰਨ ਅਨੁਸਾਰ ਚਲਾਨ ਕੱਟੇ ਜਾਣਗੇ। ਸਿਕੰਦਰ ਸਿੰਘ ਨੇ ਦੱਸਿਆ ਕਿ ਜਲਦ ਹੀ ਮਾਛੀਵਾੜਾ ਸਾਹਿਬ ਦੇ ਪ੍ਰਮੁੱਖ ਚੌਂਕਾਂ ਵਿੱਚ ਸੀਸੀਟੀਵੀ ਕੈਮਰੇ ਚਾਲੂ ਹੋ ਜਾਣਗੇ ਤੇ ਜਿਸ ਨੇ ਵੀ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕੀਤੀ, ਉਸ ਦਾ ਈ-ਚਲਾਨ ਕੱਟਿਆ ਜਾਵੇਗਾ।

## ਪਤਨੀ ਦੇ 15 ਪਤੀ ਬਣਾ ਕੇ ਭੇਜੇ ਇੰਗਲੈਂਡ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਤਨੀ ਵੱਲੋਂ ਭੇਜੇ ਗਏ ਸਪਾਂਸਰਸ਼ਿਪ ਦਸਤਾਵੇਜ਼ਾਂ ਦੀ ਦੁਰਵਰਤੋਂ ਕਰਕੇ ਇੰਗਲੈਂਡ ਬੁਲਾਉਣ ਅਤੇ 15 ਲੋਕਾਂ ਨੂੰ ਪਤੀ ਦੱਸ ਕੇ ਵਿਦੇਸ਼ ਭੇਜਣ ਵਾਲੇ ਏਜੰਟ ਜੋੜੇ ਨੂੰ ਸ਼ਨੀਵਾਰ ਨੂੰ ਵੀ ਗ੍ਰਿਫ਼ਤਾਰ ਨਹੀਂ ਕੀਤਾ ਗਿਆ।ਜਾਂਚ ਅਧਿਕਾਰੀ ਏਐੱਸਆਈ ਨਿਸ਼ਾਨ ਸਿੰਘ ਨੇ ਦੱਸਿਆ ਕਿ ਐੱਫ ਆਈ ਆਰ ਦੀ ਕਾਪੀ ਦੇ ਆਧਾਰ 'ਤੇ ਮੁਲਜ਼ਮਾਂ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਦੱਸਣਯੋਗ ਹੈ ਕਿ ਇਹ ਸਾਰਾ ਮਾਮਲਾ ਉਦੋਂ ਸਾਹਮਣੇ ਆਇਆ, ਜਦੋਂ ਪੀੜਤ ਪਤੀ ਨੇ ਖੁਦ ਇੰਗਲੈਂਡ ਜਾਣ ਲਈ ਅਰਜ਼ੀ ਦਿੱਤੀ ਅਤੇ ਉਸ ਦਾ ਵੀਜ਼ਾ ਰੱਦ ਕਰ ਦਿੱਤਾ ਗਿਆ।ਉਸ ਦੀ ਪਤਨੀ ਨੂੰ ਇੰਗਲੈਂਡ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਇਸ ਤੋਂ ਬਾਅਦ ਸਿਟੀ ਰਾਜਪੁਰਾ ਪੁਲਸ ਸਟੇਸ਼ਨ ਨੇ ਮੁਲਜ਼ਮ ਟ੍ਰੈਵਲ ਏਜੰਟ ਜੋੜੇ ਪ੍ਰਸ਼ਾਂਤ ਕਪੂਰ ਤੇ ਰੂਬੀ ਕਪੂਰ, ਜੋ ਕਿ ਪਰਥ ਇਮੀਗ੍ਰੇਸ਼ਨ ਰਾਜਪੁਰਾ ਟਾਊਨ ਦੇ ਰਹਿਣ ਵਾਲੇ ਹਨ, ਖ਼ਿਲਾਫ਼ ਕੇਸ ਦਰਜ ਕੀਤਾ ਹੈ।

## ਲੜਕੀ ਨੂੰ ਹਿਰਾਸਤ 'ਚ ਰੱਖਣ ਵਾਲੇ ਖਿਲਾਫ਼ ਮੁਕੱਦਮਾ ਦਰਜ

**ਸਮਾਣਾ (ਇਕਬਾਲ ਸਿੰਘ ਬੱਲ)**-ਇੱਕ ਲੜਕੀ ਨੂੰ ਗ਼ੈਰ ਕਾਨੂੰਨੀ ਤਰੀਕੇ ਨਾਲ ਹਿਰਾਸਤ 'ਚ ਰੱਖਣ ਵਾਲੇ ਖਿਲਾਫ਼ ਸਿਟੀ ਪੁਲਸ ਨੇ ਮੁਕੱਦਮਾ ਦਰਜ ਕੀਤਾ। ਲੜਕੀ ਦੇ ਪਰਵਾਰ ਨੇ ਦੱਸਿਆ ਕਿ ਉਨ੍ਹਾਂ ਦੀ ਲੜਕੀ 18 ਸਾਲ ਦੀ ਹੈ, ਜੋ ਆਪਣਾ ਆਧਾਰ ਕਾਰਡ ਤੇ ਹੋਰ ਦਸਤਾਵੇਜ਼ ਲੈ ਕੇ 31 ਅਗਸਤ ਦੀ ਸ਼ਾਮ ਨੂੰ ਘਰੋਂ ਚਲੀ ਗਈ ਸੀ, ਪਰ ਘਰ ਵਾਪਸ ਨਹੀਂ ਆਈ, ਜੋ ਕਾਫੀ ਭਾਲ ਕਰਨ 'ਤੇ ਪਤਾ ਲੱਗਾ ਹੈ ਕਿ ਦੋਸ਼ੀ ਕਮਲ ਪਿੰਡ ਦੇਧਨਾ ਨੇ ਗੈਰ ਕਾਨੂੰਨੀ ਤਰੀਕੇ ਨਾਲ ਉਸ ਨੂੰ ਆਪਣੇ ਹਿਰਾਸਤ ਵਿੱਚ ਲੁਕਾ ਛਿਪਾ ਕੇ ਰੱਖਿਆ ਹੋਇਆ ਹੈ। ਪੁਲਸ ਨੇ ਪੀੜਤ ਲੜਕੀ ਦੇ ਪਿਤਾ ਦੇ ਬਿਆਨਾਂ 'ਤੇ ਕਾਰਵਾਈ ਕਰਦਿਆਂ ਥਾਣਾ ਸਿਟੀ ਪੁਲਸ ਨੇ ਕਥਿਤ ਦੋਸ਼ੀ ਕਮਲ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ਼ਿਵਰਾਜ ਚੌਹਾਨ ਤੇ ਮਨੋਜ ਤ੍ਰਿਪਾਠੀ ਦੇ ਬਿਆਨ ਪੰਜਾਬ ਦੇ ਜ਼ਖਮਾਂ 'ਤੇ ਨਮਕ ਛਿੜਕਣ ਦੇ ਤੁਲ : ਲਿਬਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**

ਸੀਪੀਆਈ (ਐੱਮ ਐੱਲ) ਲਿਬਰੇਸ਼ਨ ਨੇ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਤੇ ਬੀਬੀਐੱਮਬੀ ਦੇ ਚੇਅਰਮੈਨ ਮਨੋਜ ਤ੍ਰਿਪਾਠੀ ਦੇ ਤਾਜ਼ਾ ਬਿਆਨਾਂ ਦੀ ਕਰੜੀ ਨਿੰਦਾ ਕਰਦੇ ਹੋਏ ਇਨ੍ਹਾਂ ਨੂੰ ਭਿਆਨਕ ਹੜ੍ਹਾਂ ਦੇ ਸ਼ਿਕਾਰ ਪੰਜਾਬ ਦੇ ਜ਼ਖਮਾਂ ਉੱਤੇ ਨਮਕ ਛਿੜਕਣ ਦੇ ਬਰਾਬਰ ਕਰਾਰ ਦਿੱਤਾ ਹੈ।ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਸੁਖਦਰਸ਼ਨ ਸਿੰਘ ਨੱਤ ਤੇ ਉੱਘੇ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਵੱਲੋਂ ਜਾਰੀ ਬਿਆਨ 'ਚ ਕਿਹਾ ਗਿਆ ਹੈ ਕਿ ਅੱਜ ਜਦੋਂ ਪੰਜਾਬ ਦੇ ਬਹੁਤੇ ਜ਼ਿਲ੍ਹੇ ਹੜ੍ਹਾਂ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਹਨ, ਕਰੀਬ 1700 ਪਿੰਡ ਪਾਣੀ ਵਿੱਚ ਡੁੱਬੇ ਹੋਏ ਹਨ, ਤਾਂ ਇਸ ਮੌਕੇ ਇਹ ਗੈਰ-ਜ਼ਿੰਮੇਵਾਰ ਵਿਅਕਤੀ ਇਨ੍ਹਾਂ ਹੜ੍ਹਾਂ ਲਈ ਉਲਟਾ ਪੰਜਾਬ ਨੂੰ ਹੀ ਦੋਸ਼ੀ ਠਹਿਰਾ ਰਹੇ ਹਨ।ਚੌਹਾਨ ਨੇ ਦੌਰਾ ਤਾਂ ਫਸਲਾਂ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਦੇ ਬਹਾਨੇ ਕੀਤਾ, ਪਰ ਹੁਣ ਤੱਕ ਤਿੰਨ ਲੱਖ ਏਕੜ ਤੋਂ ਕਿਤੇ ਵੱਧ ਪੱਕਣ ਦੇ ਨੇੜੇ ਆਈ ਫ਼ਸਲ ਸਮੇਤ ਖੇਤਾਂ ਪਸ਼ੂਆਂ, ਘਰਾਂ ਤੇ ਮਸ਼ੀਨਰੀ ਦੀ ਬੁਰੀ ਤਰ੍ਹਾਂ ਹੋਈ ਬਰਬਾਦੀ ਦੇ ਬਾਵਜੂਦ ਉਸ ਨੇ ਇਸ ਤ੍ਰਾਸਦੀ ਨੂੰ ਕੌਮੀ ਆਫ਼ਤ ਐਲਾਨਣ ਜਾਂ ਫੌਰੀ ਰਾਹਤ ਦੇਣ ਬਾਰੇ ਇਕ ਵੀ ਸ਼ਬਦ ਮੂਹੋਂ ਨਹੀਂ ਉਚਰਿਆ।ਉਲਟਾ ਇਹ ਬਿਆਨ ਦੇ ਕੇ ਕਿ ਇਹ ਹੜ੍ਹ ਨਾਜਾਇਜ਼ ਮਾਈਨਿੰਗ ਕਾਰਨ ਆਏ ਹਨ, ਇਸ ਸੰਕਟ ਲਈ ਪੀੜਤ ਪੰਜਾਬ ਨੂੰ ਹੀ ਜ਼ਿੰਮੇਵਾਰ ਠਹਿਰਾ ਦਿੱਤਾ।ਕੀ ਬੀਜੇਪੀ ਦੀਆਂ ਸਰਕਾਰਾਂ ਵਾਲੇ ਯੂਪੀ, ਬਿਹਾਰ ਵਰਗੇ ਸੂਬਿਆਂ ਵਿੱਚ ਆਏ ਹੜ੍ਹਾਂ ਬਾਰੇ ਵੀ ਉਹ ਇਹੋ ਜਿਹਾ ਬਿਆਨ ਜਾਰੀ ਕਰਨ ਦੀ ਜੁਰਅਤ ਕਰਨਗੇ?

ਲਿਬਰੇਸ਼ਨ ਆਗੂਆਂ ਦਾ ਕਹਿਣਾ ਹੈ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਨਾਮਜ਼ਦ ਕੱਠਪੁਤਲੀ ਚੇਅਰਮੈਨ ਮਨੋਜ ਤ੍ਰਿਪਾਠੀ ਦੇ ਇਹ ਕਹਿਣ ਦਾ ਕੀ ਮਤਲਬ ਹੈ ਕਿ ਜੇਕਰ ਪੰਜਾਬ, ਮਾਰਚ ਅਪ੍ਰੈਲ ਵਿੱਚ ਹਰਿਆਣਾ ਨੂੰ ਉਸ ਦੇ ਕੋਟੇ ਤੋਂ ਵਾਧੂ ਪਾਣੀ ਦੇਣ 'ਤੇ ਇਤਰਾਜ਼ ਨਾ ਕਰਦਾ, ਤਾਂ ਇਹ ਹੜ੍ਹ ਨਹੀਂ ਸਨ ਆਉਣੇ, ਕੀ ਇਸ ਦਾ ਮਤਲਬ ਇਹ ਹੈ ਕਿ ਇਸ ਸਾਜ਼ਿਸ਼ੀ ਮੈਨੇਜਮੈਂਟ ਨੇ ਬੀਜੇਪੀ ਸ਼ਾਸਤ ਹਰਿਆਣਾ, ਦਿੱਲੀ ਤੇ ਰਾਜਸਥਾਨ ਨੂੰ ਖੁਸ਼ਕ ਮੌਸਮ ਵਿੱਚ ਵਾਧੂ ਪਾਣੀ ਦੇਣ ਲਈ ਪਹਿਲਾਂ ਗਿਣ ਮਿੱਥ ਕੇ ਡੈਮਾਂ ਵਿੱਚ ਸ਼ਡਿਊਲ ਤੋਂ ਜ਼ਿਆਦਾ ਪਾਣੀ ਸਟੋਰ ਕਰ ਲਿਆ ਸੀ ਅਤੇ ਬਾਅਦ ਵਿੱਚ ਜਦੋਂ ਹਿਮਾਚਲ ਵਿੱਚ ਅਣਕਿਆਸੀ ਬਾਰਿਸ਼ ਹੋਈ, ਤਾਂ ਜਲਦਬਾਜ਼ੀ ਵਿੱਚ ਡੈਮਾਂ ਤੋਂ ਪਾਣੀ ਛੱਡ ਕੇ ਸਜ਼ਾ ਵਜੋਂ ਪੰਜਾਬ ਨੂੰ ਡੋਬ ਦਿੱਤਾ? ਬਿਆਨ ਵਿੱਚ ਸੁਆਲ ਪੁੱਛਿਆ ਗਿਆ ਹੈ ਕਿ ਜੇਕਰ ਉਦੋਂ ਹਰਿਆਣਾ ਨੂੰ ਚਾਰ ਪੰਜ ਹਜ਼ਾਰ ਕਿਊਸਿਕ ਪਾਣੀ ਵਾਧੂ ਦੇ ਵੀ ਦਿੱਤਾ ਜਾਂਦਾ, ਤਾਂ ਕੀ ਉਸ ਨਾਲ ਇਨ੍ਹਾਂ ਬਾਰਸ਼ਾਂ ਜਾਂ ਬੱਦਲ਼ ਫੱਟਣ ਉਤੇ ਕੋਈ ਰੋਕ ਲੱਗ ਜਾਣੀ ਸੀ?

ਕਮਿਊਨਿਸਟ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਿੱਥੇ ਉਹ ਖ਼ੁਦ ਪੀੜਤਾਂ ਨੂੰ ਜਲਦੀ ਤੋਂ ਜਲਦੀ ਨਕਦ ਅੰਤਰਿਮ ਰਾਹਤ ਦੇਵੇ, ਉੱਥੇ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਪੂਰਤੀ ਲਈ ਕੇਂਦਰ ਸਰਕਾਰ ਤੋਂ ਪੰਜਾਬ ਲਈ ਪੰਜਾਹ ਹਜ਼ਾਰ ਕਰੋੜ ਰੁਪਏ ਦਾ ਰਾਹਤ ਫੰਡ ਜਾਰੀ ਕਰਵਾਉਣ ਲਈ ਵੀ ਦਬਾਅ ਪਾਵੇ।ਮੋਦੀ ਸਰਕਾਰ ਨੂੰ ਮਜਬੂਰ ਕਰਨ ਲਈ ਤੁਰੰਤ ਸਰਬ ਪਾਰਟੀ ਤੇ ਸਰਗਰਮ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਇੱਕ ਸਾਂਝੀ ਮੀਟਿੰਗ ਬੁਲਾ ਕੇ ਵੱਡਾ ਜਨਤਕ ਦਬਾਅ ਬਣਾਇਆ ਜਾਵੇ।ਉਸ ਮੀਟਿੰਗ ਵੱਲੋਂ ਮਤਾ ਪਾਸ ਕਰਕੇ ਮਨੋਜ ਤ੍ਰਿਪਾਠੀ ਦੇ ਇਸ ਗ਼ਲਤ ਤੇ ਭੜਕਾਊ ਬਿਆਨ ਬਦਲੇ ਉਸ ਨੂੰ ਅਹੁਦੇ ਤੋਂ ਹਟਾਏ ਜਾਣ ਦੀ ਵੀ ਮੰਗ ਨੂੰ ਵੀ ਉਭਾਰਿਆ ਜਾਵੇ।ਪੰਜਾਬ ਸਰਕਾਰ, ਬੀਬੀਐੱਮਬੀ ਵਿੱਚ ਲੰਬੇ ਸਮੇਂ ਤੋਂ ਖਾਲੀ ਪਈਆਂ ਪੰਜਾਬ ਦੇ ਕੋਟੇ ਦੀਆਂ ਸਾਰੀਆਂ ਆਸਾਮੀਆਂ ਭਰਨ ਲਈ ਨਵੀਂ ਭਰਤੀ ਦੀ ਪ੍ਰਕਿਰਿਆ ਲਈ ਤੁਰੰਤ ਚਾਰਾਜੋਈ ਆਰੰਭ ਕਰੇ।

## ਪੰਜਾਬ 'ਚ ਹੜ੍ਹਾਂ ਲਈ ਖ਼ੁਦ ਮਨੁੱਖੀ ਕਾਰਵਾਈਆਂ ਜ਼ਿੰਮੇਵਾਰ : ਡਾ. ਬਲੱਗਣ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਵਿੱਚ ਹੜ੍ਹਾਂ ਦੇ ਰੂਪ ਵਿੱਚ ਆਈ ਕੁਦਰਤੀ ਆਫ਼ਤ ਜਿੱਥੇ ਵੱਡੀ ਤਬਾਹੀ ਦਾ ਕਾਰਨ ਬਣੀ ਹੈ, ਉਥੇ ਇਹ ਕੁਦਰਤੀ ਆਫ਼ਤ ਪੰਜਾਬੀਆਂ ਦੇ ਹੌਸਲੇ ਤੋੜਨ ਵਿੱਚ ਅਸਮਰੱਥ ਰਹੀ ਹੈ।ਇਹ ਵਿਚਾਰ ਇੱਥੇ ਸਮਾਜਵਾਦੀ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਸੋਹਣ ਲਾਲ ਬਲੱਗਣ ਨੇ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਹ ਪੰਜਾਬੀਆਂ ਦਾ ਵਿਰਸਾ ਤੇ ਗੁਰੂਆਂ ਅਸ਼ੀਰਵਾਦ ਹੈ ਕਿ ਉਹ ਕਿਸੇ ਵੀ ਮੁਸੀਬਤ ਦਾ ਟਾਕਰਾ ਖਿੜੇ ਮੱਥੇ ਕਰਦੇ ਹਨ।ਉਨ੍ਹਾਂ ਕਿਹਾ ਕਿ ਸਾਰੇ ਪੰਜਾਬ ਦੇ ਲੋਕ ਹੁਣ ਇੱਕ ਮੁੱਠ ਹੋ ਕੇ ਟਰੈਕਟਰ ਟਰਾਲੀਆਂ ਸਮੇਤ ਦਰਿਆਵਾਂ 'ਤੇ ਪਹੁੰਚ ਗਏ ਹਨ ਅਤੇ ਸੇਵਾ ਵਿੱਚ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਇਸ ਵਾਰ ਪੰਜਾਬ ਵਿੱਚ ਆਈ ਕੁਦਰਤੀ ਆਫ਼ਤ ਲਈ ਖੁਦ ਮਨੁੱਖੀ ਕਾਰਵਾਈਆਂ ਜ਼ਿੰਮੇਵਾਰ ਹਨ।ਉਨ੍ਹਾਂ ਕਿਹਾ ਕਿ ਪੰਜਾਬ ਇੱਕ ਬਹੁਤ ਛੋਟੀ ਸਟੇਟ ਹੈ, ਜਿੱਥੇ ਦਰਿਆਵਾਂ ਦਾ ਪਾਣੀ ਇਕੱਤਰ ਹੁੰਦਾ ਹੈ। ਉਨ੍ਹਾਂ ਡੈਮਾਂ ਦਾ ਪ੍ਰਬੰਧ ਬੀ ਬੀ ਐੱਮ ਬੀ ਕੋਲ ਹੈ।ਇਸ ਦਾ ਚੇਅਰਮੈਨ ਪੰਜਾਬ ਤੋਂ ਬਾਹਰ ਦਾ ਅਧਿਕਾਰੀ ਹੁੰਦਾ ਹੈ।ਉਸ ਨੂੰ ਪੰਜਾਬ ਦੀ ਭੂਗੋਲਿਕ ਸਥਿਤੀ ਦਾ ਪਤਾ ਨਹੀਂ ਹੁੰਦਾ ਕਿ ਇਸ ਦੇ ਦਰਿਆਵਾਂ ਦਾ ਵਹਿਣ ਕਿਸ ਤਰ੍ਹਾਂ ਦਾ ਹੈ।ਉਨ੍ਹਾਂ ਕਿਹਾ ਕਿ ਬੀਤੇ ਕੁਝ ਸਾਲਾਂ ਤੋਂ ਕਿਸਾਨਾਂ ਵੱਲੋਂ ਖੇਤੀ ਵਿੱਚ ਧਾਨ ਦੀ ਫ਼ਸਲ 'ਤੇ ਪੂਰਾ ਜ਼ੋਰ ਦਿੱਤਾ ਜਾ ਰਿਹਾ ਹੈ।ਬਾਰਸ਼ ਸ਼ੁਰੂ ਹੋਣ ਤੋਂ ਪਹਿਲਾਂ ਹੀ ਪੂਰੇ ਪੰਜਾਬ ਦੀ ਧਰਤੀ ਇੱਕ ਤਲਾਅ ਵਾਂਗ ਨਜ਼ਰ ਆਉਂਦੀ ਹੈ।ਇਸ ਤੋਂ ਪਹਿਲਾਂ ਜ਼ਮੀਨ ਬਰਸਾਤੀ ਪਾਣੀ ਨੂੰ ਸੋਖ ਲੈਂਦੀ ਸੀ, ਪਰ ਹੁਣ ਧਾਨ ਦੀ ਫ਼ਸਲ ਕਾਰਨ ਪਾਣੀ ਜ਼ਮੀਨ ਵਿੱਚ ਜਜ਼ਬ ਨਹੀਂ ਹੁੰਦਾ।ਇਸੇ ਤਰ੍ਹਾਂ ਉਨ੍ਹਾਂ ਕਿਹਾ ਕਿ ਲੋਕਾਂ ਨੇ ਘਰੋ ਘਰੀ ਸਬਮਰਸੀਬਲ ਪੰਪ ਲਗਾ ਲਏ ਹਨ, ਜਿਸ ਨਾਲ ਪਾਣੀ ਦੀ ਵੱਡੇ ਪੱਧਰ 'ਤੇ ਦੁਰਵਰਤੋਂ ਹੋ ਰਹੀ ਹੈ।ਪਿੰਡਾਂ ਦੇ ਜਿਨ੍ਹਾਂ ਟੋਭਿਆਂ ਨੇ ਬਰਸਾਤੀ ਪਾਣੀ ਨੂੰ ਸਾਂਭਣਾ ਸੀ, ਉਹ ਪਹਿਲਾਂ ਹੀ ਲਬਾਲਬ ਭਰੇ ਹੋਏ ਹੁੰਦੇ ਹਨ।ਉਨ੍ਹਾਂ ਕਿਹਾ ਕਿ ਸਿਆਸੀ ਲੋਕਾਂ ਦੀ ਮਿਲੀਭਗਤ ਨਾਲ ਦਰਿਆਵਾਂ ਦੀ ਵੱਡੇ ਪੱਧਰ 'ਤੇ ਹੋ ਰਹੀ ਮਾਈਨਿੰਗ ਹੜ੍ਹਾਂ ਦਾ ਵੱਡਾ ਕਾਰਨ ਬਣ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਕੋਈ ਵੀ ਹੋਵੇ ਆਪਣੇ ਹਮਾਇਤੀਆਂ ਨੂੰ ਦਰਿਆਵਾਂ ਵਿੱਚੋਂ ਰੇਤਾ ਮਿੱਟੀ ਕੱਢਣ ਦੀ ਛੋਟ ਦਿੰਦੀ ਹੈ।ਉਨ੍ਹਾਂ ਕਿਹਾ ਕਿ ਜਦੋਂ ਤੱਕ ਮਨੁੱਖੀ ਕੁਤਾਹੀਆਂ 'ਤੇ ਸ਼ਿਕੰਜਾ ਨਹੀਂ ਕੱਸਿਆ ਜਾਂਦਾ, ਪੰਜਾਬ ਨੂੰ ਕੁਦਰਤੀ ਆਫ਼ਤਾਂ 'ਤੇ ਮਾਰ ਪੈਂਦੀ ਹੀ ਰਹੇਗੀ।

# 6 ਕਿੱਲੋ ਅਫੀਮ ਤੇ ਘੋੜਾ ਟਰਾਲੇ ਸਮੇਤ ਦੋ ਵਿਅਕਤੀ ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ. ਸਟਾਫ ਮੋਗਾ ਪੁਲਸ ਪਾਰਟੀ ਵੱਲੋਂ ਦੋ ਵਿਅਕਤੀਆਂ ਨੂੰ ਸਮੇਤ ਘੋੜਾ ਟਰਾਲਾ ਨੰਬਰੀ ਪੀਬੀ 03-ਐਕਸ-9965 ਕਾਬੂ ਕਰਕੇ ਉਨ੍ਹਾਂ ਪਾਸੋਂ 6 ਕਿੱਲੋਗ੍ਰਾਮ ਅਫੀਮ ਬ੍ਰਾਮਦ ਕੀਤੀ ਗਈ।

ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਲ ਕ੍ਰਿਸ਼ਨ ਸਿੰਗਲਾ ਐੱਸ ਪੀ (ਆਈ) ਮੋਗਾ ਤੇ ਸੁੱਖਅਮ੍ਰਿਤ ਸਿੰਘ ਡੀ ਐੱਸ ਪੀ ਡੀ ਨੇ ਦੱਸਿਆ ਕਿ ਮਿਤੀ 06-09-2025 ਐੱਸ ਆਈ ਜਰਨੈਲ ਸਿੰਘ ਨੰਬਰ 441/ਮੋਗਾ ਸੀ.ਆਈ.ਏ. ਸਟਾਫ ਮੋਗਾ ਕੈਂਪ ਐਟ ਮਹਿਣਾ ਸਮੇਤ ਪੁਲਸ ਪਾਰਟੀ ਦੇ ਬੱਸ ਅੱਡਾ ਅਜੀਤਵਾਲ ਮੌਜੂਦ ਸਨ ਤਾਂ ਮੁਖਬਰ ਖਾਸ ਨੇ ਹਾਜ਼ਰ ਹੋ ਕੇ ਐੱਸ ਆਈ ਜਰਨੈਲ ਸਿੰਘ ਨੂੰ ਇਤਲਾਹ ਦਿੱਤੀ ਕਿ ਗੁਰਜੀਤ ਸਿੰਘ ਉਰਫ ਜੀਤ ਪੁੱਤਰ ਗੁਰਜੰਟ ਸਿੰਘ ਤੇ ਹਰਕਰਨ ਜੀਤ ਸਿੰਘ ਉਰਫ ਰਾਜੂ ਪੁੱਤਰ ਅਜਮੇਰ ਸਿੰਘ ਵਾਸੀ ਕਿਸ਼ਨਗੜ੍ਹ, ਜੋ ਅਫੀਮ ਵੇਚਣ ਦਾ ਧੰਦਾ ਕਰਦੇ ਹਨ, ਅੱਜ ਵੀ ਇਹ ਦੋਨੋਂ ਜਾਣੇ ਘੋੜਾ ਟਰਾਲਾ ਨੰਬਰੀ ਪੀਬੀ 03-ਐਕਸ-9965 'ਤੇ ਸਵਾਰ ਹੋ ਕੇ ਦਾਣਾ ਮੰਡੀ ਅਜੀਤਵਾਲ ਵਿਖੇ ਖੜ੍ਹੇ ਹਨ।ਉਪਰੰਤ ਗੁਰਜੀਤ ਸਿੰਘ ਉਰਫ ਜੀਤ ਤੇ ਹਰਕਰਨਜੀਤ ਸਿੰਘ ਉਰਫ ਰਾਜੂ ਉਕਤਾਨ ਖਿਲਾਫ ਐੱਸ ਆਈ ਜਰਨੈਲ ਸਿੰਘ ਨੇ ਰੁੱਕਾ ਲਿਖ ਕੇ ਮੁਕੱਦਮਾ ਥਾਣਾ ਅਜੀਤਵਾਲ ਵਿਖੇ ਦਰਜ ਕਰਵਾਇਆ।ਫਿਰ ਐੱਸ ਆਈ ਜਰਨੈਲ ਸਿੰਘ ਨੇ ਸਮੇਤ ਪੁਲਸ ਪਾਰਟੀ ਦੇ ਦੱਸੀ ਜਗਾ 'ਤੇ ਰੇਡ ਕਰਕੇ ਗੁਰਜੀਤ ਸਿੰਘ ਉਰਫ ਜੀਤ ਪੁੱਤਰ ਗੁਰਜੰਟ ਸਿੰਘ ਤੇ ਹਰਕਰਨਜੀਤ ਸਿੰਘ ਉਰਫ ਰਾਜੂ ਪੁੱਤਰ ਅਜਮੇਰ ਸਿੰਘ ਵਾਸੀ ਕਿਸ਼ਨਗੜ੍ਹ ਥਾਣਾ ਨਿਹਾਲ ਸਿੰਘ ਵਾਲਾ ਨੂੰ ਕਾਬੂ ਕਰਕੇ ਡੀ.ਐੱਸ. ਪੀ. ਡੀ ਮੋਗਾ ਸੁੱਖਅਮ੍ਰਿਤ ਸਿੰਘ ਦੀ ਹਾਜ਼ਰੀ ਵਿੱਚ ਕਾਬੂ ਕੀਤੇ ਵਿਅਕਤੀਆਂ ਦੇ ਘੋੜਾ ਟਰਾਲੇ ਦੀ ਤਲਾਸ਼ੀ ਕੀਤੀ ਗਈ, ਜਿਸ ਵਿੱਚੋਂ 6 ਕਿੱਲੋਗ੍ਰਾਮ ਅਫੀਮ ਬਰਾਮਦ ਕਰਕੇ ਉਕਤ ਦੋਨਾਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ।

## ਹੜ੍ਹ ਮਾਰੇ ਇਲਾਕਿਆਂ 'ਚ ਰਾਹਤ ਪਹਿਲ ਦੇ ਆਧਾਰ 'ਤੇ ਪਹੁੰਚਾਈ ਜਾਵੇ : ਸੀ ਪੀ ਆਈ

**ਡੀ ਸੀ ਨੂੰ ਪੱਤਰ ਲਿਖ ਕੇ ਕੀਤੀ ਮੰਗ**

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੇ ਆਗੂਆਂ ਵੱਲੋਂ ਜ਼ਿਲ੍ਹੇ ਦੇ ਵੱਖ ਵੱਖ ਇਲਾਕਿਆਂ ਦਾ ਦੌਰਾ ਕਰਨ ਤੋਂ ਬਾਅਦ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਇਸ ਮੇਲ ਰਾਹੀਂ ਪੱਤਰ ਲਿਖ ਕੇ ਹੜ੍ਹ ਨਾਲ ਪੀੜਤ ਲੋਕਾਂ ਨੂੰ ਲੋੜੀਂਦੀ ਰਾਹਤ ਦੇਣ ਦੀ ਮੰਗ ਕੀਤੀ ਗਈ।ਇਸ ਮੌਕੇ ਬਿਆਨ ਜਾਰੀ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਸਹਾਇਕ ਜ਼ਿਲ੍ਹਾ ਸਕੱਤਰ ਡਾਕਟਰ ਅਰੁਣ ਮਿੱਤਰਾ ਤੇ ਚਮਕੌਰ ਸਿੰਘ, ਸ਼ਹਿਰੀ ਸਕੱਤਰ ਐੱਮ ਐੱਸ ਭਾਟੀਆ, ਸਹਾਇਕ ਸ਼ਹਿਰੀ ਸਕੱਤਰ ਵਿਜੇ ਕੁਮਾਰ, ਕੁਲਵੰਤ ਕੌਰ ਤੇ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਡੀ ਸੀ ਨੂੰ ਭੇਜੇ ਗਏ ਮੰਗ ਪੱਤਰ ਵਿੱਚ ਲਿਖਿਆ ਹੈ ਕਿ ਬੇਟ ਦੇ ਇਲਾਕੇ ਵਿੱਚ ਬੰਨ੍ਹ ਦੇ ਅੰਦਰਲੀ ਜ਼ਮੀਨ ਦੇ ਉਜਾੜੇ ਦਾ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾਏ, ਕਿਉਂਕਿ ਇੱਥੇ ਖੜੀ ਫਸਲ ਦਾ ਨੁਕਸਾਨ ਹੋ ਰਿਹਾ ਹੈ।ਜਿਨ੍ਹਾਂ ਦੇ ਘਰਾਂ ਦੀਆਂ ਛੱਤਾਂ ਚੋਅ ਰਹੀਆਂ ਹਨ, ਉਨ੍ਹਾਂ ਨੂੰ ਪੱਕੀਆਂ ਛੱਤਾਂ ਪਾਉਣ ਲਈ ਮਾਲੀ ਸਹਾਇਤਾ ਦਿੱਤੀ ਜਾਵੇ।ਜਿਨ੍ਹਾਂ ਦੇ ਪਸ਼ੂ ਪਾਣੀ ਵਿੱਚ ਮਰ ਗਏ ਜਾਂ ਬਹਿ ਗਏ ਹਨ, ਉਨ੍ਹਾਂ ਨੂੰ ਉਚਿਤ ਮੁਆਵਜ਼ਾ ਦਿੱਤਾ ਜਾਵੇ।

ਉਨ੍ਹਾ ਕਿਹਾ ਕਿ ਵੱਡੀ ਗਿਣਤੀ ਵਿੱਚ ਬੱਚੇ ਸਕੂਲ ਵੀ ਨਹੀਂ ਜਾ ਪਾਏ ਤੇ ਨਾ ਹੀ ਉਨ੍ਹਾਂ ਕੋਲ ਆਨਲਾਈਨ ਕਲਾਸਾਂ ਦਾ ਕੋਈ ਪ੍ਰਬੰਧ ਹੈ ਤੇ ਕਈਆਂ ਦੀਆਂ ਕਿਤਾਬਾਂ ਕਾਪੀਆਂ ਵੀ ਹੜ੍ਹ ਦੀ ਮਾਰ ਵਿੱਚ ਆ ਗਈਆਂ ਹਨ, ਉਨ੍ਹਾਂ ਨੂੰ ਉਚਿਤ ਮੁਆਵਜ਼ਾ ਦਿੱਤਾ ਜਾਵੇ।ਮੱਛਰ ਮਾਰ ਦਵਾਈਆਂ ਦੀ ਫੌਗਿੰਗ ਦਾ ਇੰਤਜ਼ਾਮ ਫੌਰੀ ਤੌਰ 'ਤੇ ਕੀਤਾ ਜਾਏ, ਕਿਉਂਕਿ ਮੱਛਰ ਫੈਲਣਾ ਸ਼ੁਰੂ ਹੋ ਗਿਆ ਹੈ ਤੇ ਇਸ ਨਾਲ ਆਉਣ ਵਾਲੇ ਸਮੇਂ ਦੇ ਵਿੱਚ ਅਨੇਕਾਂ ਬਿਮਾਰੀਆਂ ਫੈਲਣ ਦਾ ਖਤਰਾ ਵਧ ਜਾਏਗਾ।ਸੀਵਰੇਜ ਦੀ ਸਫਾਈ ਤੋਂ ਬਾਅਦ ਉਸ ਵਿੱਚੋਂ ਨਿਕਲੀ ਗਾਰ ਨੂੰ ਫੌਰਨ ਸੰਭਾਲਿਆ ਜਾਏ।ਠੋਸ ਕੂੜੇ ਦੀ ਸੰਭਾਲ ਦਾ ਫੌਰੀ ਤੌਰ 'ਤੇ ਪ੍ਰਬੰਧ ਯਕੀਨੀ ਬਣਾਇਆ ਜਾਏ।ਕਲੋਰੀਨ ਦੀਆਂ ਗੋਲੀਆਂ ਪ੍ਰਭਾਵਿਤ ਖੇਤਰ ਵਿੱਚ ਵੱਡੀ ਗਿਣਤੀ ਵਿੱਚ ਵੰਡੀਆਂ ਜਾਣ ਤਾਂ ਜੋ ਲੋਕ ਸਾਫ ਪਾਣੀ ਪੀ ਸਕਣ।ਮੀਂਹ ਤੋਂ ਬਾਅਦ ਕਿਉਂਕਿ ਪੌਦੇ ਵੱਡੀ ਗਿਣਤੀ ਵਿੱਚ ਵਿਕਾਸ ਕਰਦੇ ਹਨ, ਇਸ ਲਈ ਲੋਕ ਉਨ੍ਹਾਂ ਨੂੰ ਕੱਟ ਦਿੰਦੇ ਹਨ ਤੇ ਇਨ੍ਹਾਂ ਕੱਟੇ ਹੋਏ ਪੌਦਿਆਂ ਦਾ ਫੌਰਨ ਇੰਤਜ਼ਾਮ ਕੀਤਾ ਜਾਏ।ਜ਼ਿਕਰਯੋਗ ਹੈ ਕਿ ਭਾਰਤੀ ਕਮਿਊਨਿਸਟ ਪਾਰਟੀ ਦੇ ਸਾਥੀ ਵੱਖ ਵੱਖ ਹੜ੍ਹ ਪੀੜਤ ਇਲਾਕਿਆਂ ਵਿੱਚ ਜਾ ਕੇ ਸੇਵਾ ਕਰ ਰਹੇ ਹਨ।

## ਸਿਹਤ ਮੰਤਰੀ ਵੱਲੋਂ ਪਾਤੜਾਂ ਤੇ ਸਮਾਣਾ ਦੇ ਸਰਕਾਰੀ ਹਸਪਤਾਲਾਂ ਦਾ ਦੌਰਾ

**ਨਵੇਂ ਡਾਕਟਰਾਂ ਦੀ ਭਰਤੀ ਤੇ 24 ਘੰਟੇ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦਾ ਐਲਾਨ**



**ਪਾਤੜਾਂ/ਸਮਾਣਾ (ਨਿਸ਼ਾਨ ਸਿੰਘ ਬਣਵਾਲਾ/ ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਾਤੜਾਂ ਤੇ ਸਮਾਣਾ ਸਥਿਤ ਸਰਕਾਰੀ ਹਸਪਤਾਲਾਂ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਹਸਪਤਾਲਾਂ ਵਿੱਚ ਉਪਲੱਬਧ ਸਹੂਲਤਾਂ ਦੀ ਸਮੀਖਿਆ ਕੀਤੀ, ਮਰੀਜ਼ਾਂ ਨਾਲ ਮੁਲਾਕਾਤ ਕੀਤੀ ਤੇ ਸਟਾਫ਼ ਨਾਲ ਰੂ-ਬ-ਰੂ ਹੋਏ।

ਸਿਹਤ ਮੰਤਰੀ ਨੇ ਸਿੱਧਾ ਵਾਰਡਾਂ ਵਿੱਚ ਜਾ ਕੇ ਮਰੀਜ਼ਾਂ ਦਾ ਹਾਲ ਪੁੱਛਿਆ ਅਤੇ ਉਨ੍ਹਾਂ ਦੇ ਇਲਾਜ ਤੇ ਸੰਤੁਸ਼ਟੀ ਸੰਬੰਧੀ ਜਾਣਕਾਰੀ ਲੈਣ ਦੀ ਕੋਸ਼ਿਸ਼ ਕੀਤੀ।ਉਨ੍ਹਾ ਆਸ਼ਾ ਵਰਕਰਾਂ ਨੂੰ ਮੈਡੀਸਨ ਕਿੱਟਾਂ ਦਿੱਤੀਆਂ ਤਾਂ ਜੋ ਪਿੰਡ ਦੇ ਲੋਕਾਂ ਨੂੰ ਘਰੋ ਘਰ ਜਾ ਕੇ ਲੋਕਾਂ ਨੂੰ ਕਿੱਟਾਂ ਦੇਣ ਤੇ ਸਿਹਤ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ।ਸਿਹਤ ਮੰਤਰੀ ਨੇ ਮੌਕੇ 'ਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਗੁਣਵੱਤਾ ਭਰਪੂਰ ਸਿਹਤ ਸਹੂਲਤਾਂ ਉਪਲੱਬਧ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿੱਚ ਡਾਕਟਰਾਂ ਤੇ ਸਟਾਫ਼ ਨਰਸਾਂ ਦੀ ਘਾਟ ਨੂੰ ਪੂਰਾ ਕਰਨ ਲਈ ਨਵੀਆਂ ਭਰਤੀਆਂ ਜਲਦੀ ਕੀਤੀਆਂ ਜਾਣਗੀਆਂ।ਉਨ੍ਹਾ ਕਿਹਾ ਕਿ ਸੂਬੇ ਦੇ ਮੁੱਖ ਹਸਪਤਾਲਾਂ ਵਿੱਚ 24 ਘੰਟੇ ਐਮਰਜੈਂਸੀ ਸੇਵਾਵਾਂ ਤੇ ਸਿਹਤ ਸਹੂਲਤਾਂ ਚਲਾਉਣ ਦੀ ਯੋਜਨਾ 'ਤੇ ਸਰਕਾਰ ਤੇਜ਼ੀ ਨਾਲ ਕੰਮ ਕਰ ਰਹੀ ਹੈ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਾਤੜਾਂ ਤੇ ਸਮਾਣਾ ਵਰਗੇ ਖੇਤਰੀ ਹਸਪਤਾਲਾਂ ਨੂੰ ਵੀ ਉੱਚ ਪੱਧਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਤਾਂ ਜੋ ਆਮ ਲੋਕਾਂ ਨੂੰ ਆਪਣੇ ਇਲਾਕੇ ਵਿੱਚ ਹੀ ਬਿਹਤਰ ਇਲਾਜ ਮਿਲ ਸਕੇ।ਸਿਹਤ ਮੰਤਰੀ ਨੇ ਸਿਹਤ ਵਿਭਾਗ ਦੇ ਸਟਾਫ਼ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਹਸਪਤਾਲਾਂ ਦੇ ਡਾਕਟਰ, ਨਰਸਾਂ ਤੇ ਹੋਰ ਸਟਾਫ਼ ਨੇ ਆਪਣੇ ਕੰਮ ਦੇ ਜ਼ਰੀਏ ਸੇਵਾ ਭਾਵਨਾ ਦਾ ਪਰਚਾ ਲਹਿਰਾਇਆ ਹੈ।ਸਿਹਤ ਮੰਤਰੀ ਨੇ ਹਸਪਤਾਲ ਪ੍ਰਬੰਧਨ ਨੂੰ ਨਿਰਦੇਸ਼ ਦਿੱਤੇ ਕਿ ਮਰੀਜ਼ਾਂ ਨੂੰ ਕੋਈ ਦਿੱਕਤ ਨਾ ਆਵੇ ਤੇ ਹਰ ਪੱਖੋਂ ਉਨ੍ਹਾਂ ਦੀ ਦੇਖਭਾਲ ਵਿੱਚ ਕੋਈ ਕਸਰ ਨਾ ਛੱਡੀ ਜਾਵੇ।

ਇਸ ਮੌਕੇ ਸਮਾਣਾ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਪਾਤੜਾਂ ਤੋਂ ਵਿਧਾਇਕ ਕੁਲਵੰਤ ਬਾਜ਼ੀਗਰ, ਐੱਸ ਡੀ ਐੱਮ ਪਾਤੜਾਂ ਅਸ਼ੋਕ ਕੁਮਾਰ, ਐੱਸ ਡੀ ਐੱਮ ਸਮਾਣਾ ਰਿਚਾ ਗੋਇਲ ਤੇ ਸਿਵਲ ਸਰਜਨ ਜਗਪਾਲ ਇੰਦਰ ਸਿੰਘ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

# ਢੈਂਠਲ ਦੇ ਲਖਵਿੰਦਰ ਸਿੰਘ 'ਤੇ ਹਮਲਾ ਕਰਨ ਵਾਲਾ ਦੋਸ਼ੀ ਗ੍ਰਿਫਤਾਰ



**ਸਮਾਣਾ (ਇਕਬਾਲ ਸਿੰਘ ਬੱਲ)**

3-4 ਸਤੰਬਰ ਦੀ ਰਾਤ ਨੂੰ ਪਿੰਡ ਢੈਂਠਲ ਦੇ ਲਖਵਿੰਦਰ ਸਿੰਘ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰਨ ਵਾਲਾ ਦੋਸ਼ੀ ਪੁਲਸ ਵੱਲੋਂ ਗ੍ਰਿਫ਼ਤਾਰ ਕਰ ਲਿਆ ਗਿਆ, ਜਿਸ ਸਬੰਧੀ ਡੀ.ਐਸ.ਪੀ ਫ਼ਤਹਿ ਸਿੰਘ ਬਰਾੜ ਨੇ ਦੱਸਿਆ ਕਿ ਐਸ ਐਸ ਪੀ ਪਟਿਆਲਾ ਸ੍ਰੀ ਵਰੁਣ ਸ਼ਰਮਾ ਦੇ ਨਿਰਦੇਸ਼ਾਂ ਤਹਿਤ ਕਾਰਵਾਈ ਕਰਦਿਆਂ ਉਨ੍ਹਾਂ ਦੀ ਅਗਵਾਈ ਹੇਠ ਅਗਵਾਈ ਹੇਠ ਥਾਣਾ ਸਦਰ ਦੀ ਪੁਲਸ ਨੇ ਦੋਸ਼ੀ ਜਗਸੀਰ ਸਿੰਘ ਪੁੱਤਰ ਰਿਖੀ ਰਾਮ ਪਿੰਡ ਢੈਂਠਲ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਉਸ ਨੂੰ ਅਦਾਲਤ ਵਿਖੇ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਦੋਸ਼ੀ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ

ਡੀ.ਐਸ.ਪੀ ਫ਼ਤਿਹ ਸਿੰਘ ਬਰਾੜ ਨੇ ਦੱਸਿਆ ਕਿ 3-4 ਸਤੰਬਰ ਦੀ ਦਰਮਿਆਨੀ ਰਾਤ ਨੂੰ ਜਗਸੀਰ ਸਿੰਘ ਪੁੱਤਰ ਰਿਖੀ ਰਾਮ ਪਿੰਡ ਢੈਂਠਲ ਵੱਲੋਂ ਰਾਤ ਨੂੰ ਮੁਦਈ ਦੇ ਘਰ ਦਾਖਲ ਹੋ ਕੇ ਲਖਵਿੰਦਰ ਸਿੰਘ ਦੇ ਉੱਪਰ ਉਸ ਦੇ ਹੱਥ ਵਿੱਚ ਫੜੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰਕੇ ਮੌਕੇ ਤੋਂ ਫਰਾਰ ਹੋ ਗਿਆ ਸੀ, ਜਿਸ ਸਬੰਧੀ ਥਾਣਾ ਸਦਰ ਸਮਾਣਾ ਵਿਖੇ ਲਖਵਿੰਦਰ ਸਿੰਘ ਪੁੱਤਰ ਦਲੀਪ ਸਿੰਘ ਪਿੰਡ ਢੈਂਠਲ ਥਾਣਾ ਸਦਰ ਸਮਾਣਾ ਜ਼ਿਲ੍ਹਾ ਪਟਿਆਲਾ ਵੱਲੋਂ ਮੁਕੱਦਮਾ ਨੰਬਰ 153 /2025 ਅਧੀਨ ਧਾਰਾ331 (4),331 (7 ) ਬੀ ਐਨ ਐਸ, 457, 469 ਆਈ ਪੀ ਸੀ ਬੀ ਐਨ ਐਸ ਥਾਣਾ ਸਦਰ ਰਜਿਸਟਰਡ ਕਰਵਾਇਆ ਸੀ।ਤਫ਼ਤੀਸ਼ ਦੌਰਾਨ ਥਾਣਾ ਸਦਰ ਦੀ ਪੁਲਸ ਵੱਲੋਂ ਦੋਸ਼ੀ ਜਗਸੀਰ ਸਿੰਘ ਪੁੱਤਰ ਰਿਖੀ ਰਾਮ ਵਾਸੀ ਪਿੰਡ ਢੈਂਠਲ ਥਾਣਾ ਸਮਾਣਾ ਨੂੰ ਅੱਜ ਗ੍ਰਿਫ਼ਤਾਰ ਕੀਤਾ ਗਿਆ ਹੈ।ਦੋਸ਼ੀ ਜਗਸੀਰ ਸਿੰਘ ਨੇ ਮੁੱਢਲੀ ਪੁੱਛਗਿੱਛ ਦੌਰਾਨ ਮੰਨਿਆ ਕਿ ਉਹ ਪਟਿਆਲਾ ਹਾਰਟ ਹਸਪਤਾਲ ਪਟਿਆਲਾ ਵਿਖੇ ਬਤੌਰ ਟੈਕਸੀਸ਼ੀਅਨ ਦਾ ਕੰਮ ਕਰਦਾ ਹੈ ਅਤੇ ਇਸ ਵਾਰਦਾਤ ਤੋਂ ਪਹਿਲਾਂ ਉਸ ਵੱਲੋਂ 23, 24 ਅਗਸਤ ਦੀ ਦਰਮਿਆਨੀ ਰਾਤ ਨੂੰ ਮੁਦਈ ਲਖਵਿੰਦਰ ਸਿੰਘ ਦੇ ਘਰ ਦਾਖਲ ਹੋ ਕੇ ਤਿੰਨ ਲੱਖ ਪੱਚੀ ਹਜ਼ਾਰ ਰੁਪਏ ਵੀ ਚੋਰੀ ਕੀਤੇ ਸੀ, ਜੋ ਮਦਈ ਨੇ ਦੀ ਜ਼ਮੀਨ ਦੀ ਰਜਿਸਟਰੀ ਕਰਾਉਣ ਲਈ ਆਪਣੇ ਘਰ ਰੱਖੇ ਹੋਏ ਸੀ, ਜਿਸ ਸਬੰਧੀ ਪੁਲਿਸ ਨੇ ਪਹਿਲਾਂ ਹੀ ਮੁਕੱਦਮਾ ਰਜਿਸਟਰ ਕੀਤਾ ਹੋਇਆ ਸੀ। ਅੱਜ ਦੋਸ਼ੀ ਜਗਸੀਰ ਸਿੰਘ ਨੂੰ ਉਕਤ ਮੁਕੱਦਮੇ ਵਿੱਚ ਵੀ ਅਦਾਲਤ 'ਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੁ ਦੋਸ਼ੀ ਪਾਸੋਂ ਪੂਰੀ ਡੂੰਘਾਈ ਨਾਲ ਪੁੱਛ ਪੜਤਾਲ ਕਰਕੇ ਸਾਹਮਣੇ ਆਏ ਤੱਥਾਂ ਦੇ ਆਧਾਰ 'ਤੇ ਅਗਲੀ ਤਫ਼ਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।

## ਮੱਤੇਵਾੜਾ ਸ਼ੇਰੂਗੜ੍ਹੀ ਬੰਨ੍ਹ ਨੂੰ ਢਾਹ ਲਗਾਉਣ ਲੱਗਾ ਸਤਲੁਜ ਦਾ ਪਾਣੀ



ਮੱਤੇਵਾੜਾ ਸ਼ੇਰੂਗੜ੍ਹੀ ਵਿਖੇ ਖੋਰੇ ਤੋਂ ਬਚਾਉਣ ਲਈ ਧੁੱਸੀ ਬੰਨ੍ਹ ਦੇ ਰਾਹਤ ਕਾਰਜਾਂ ਵਿੱਚ ਲੱਗੇ ਪਿੰਡ ਵਾਸੀ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਹਲਕਾ ਸਾਹਨੇਵਾਲ 'ਚ ਪੈਂਦੇ ਪਿੰਡ ਸਸਰਾਲੀ ਵਿਖੇ ਧੁੱਸੀ ਬੰਨ੍ਹ ਨੂੰ ਢਾਹ ਲੱਗਣ ਤੋਂ ਬਾਅਦ ਹੁਣ ਸਤਲੁਜ ਦਰਿਆ ਦਾ ਪਾਣੀ ਪਿੰਡ ਮੱਤੇਵਾੜਾ ਸ਼ੇਰੂਗੜ੍ਹੀ ਵਿਖੇ ਵੀ ਜ਼ਮੀਨਾਂ ਨੂੰ ਖੋਰਾ ਲਗਾਉਂਦਾ ਹੋਇਆ ਬੰਨ੍ਹ ਵੱਲ ਨੂੰ ਵਧ ਰਿਹਾ ਹੈ। ਜਦੋਂ ਪਿੰਡ ਦੇ ਲੋਕਾਂ ਨੇ ਸਤਲੁਜ ਦਰਿਆ ਦਾ ਪਾਣੀ ਜ਼ਮੀਨਾਂ ਨੂੰ ਖੋਰਾ ਲਗਾਉਂਦਾ ਦਰੱਖਤਾਂ ਨੂੰ ਸੁੱਟਦਾ ਬੰਨ੍ਹ ਵੱਲ ਨੂੰ ਵਧ ਰਿਹਾ ਹੈ ਤਾਂ ਉਨ੍ਹਾਂ ਤੁਰੰਤ ਪ੍ਰਸ਼ਾਸਨ ਨੂੰ ਸੂਚਿਤ ਕੀਤਾ। ਸੂਚਨਾ ਮਿਲਣ 'ਤੇ ਪ੍ਰਸ਼ਾਸਨਕ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਅਤੇ ਲੋਕਾਂ ਵੱਲੋਂ ਦਰੱਖਤ ਕੱਟ ਕੇ ਧੁੱਸੀ ਬੰਨ੍ਹ ਨੂੰ ਜ਼ਮੀਨ ਦਾ ਖੋਰਾ ਰੋਕਣ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਿੰਚਾਈ ਵਿਭਾਗ ਦੀਆਂ ਟੀਮਾਂ ਵੀ ਮੌਕੇ 'ਤੇ ਪਹੁੰਚ ਗਈਆਂ, ਜੋ ਜਾਲ ਬੰਨ੍ਹ ਕੇ ਰਾਹਤ ਕਾਰਜਾਂ ਵਿੱਚ ਲੱਗ ਗਈਆਂ। ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਹੜ੍ਹਾਂ ਤੋਂ ਪਹਿਲਾਂ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਸੀ ਕਿ ਇੱਥੇ ਹਮੇਸ਼ਾ ਦਰਿਆ ਦਾ ਵਧਦਾ ਪਾਣੀ ਢਾਹ ਲਗਾਉਂਦਾ ਹੈ, ਜਿਸ ਲਈ ਪੁਖਤਾ ਪ੍ਰਬੰਧ ਕੀਤੇ ਜਾਣ, ਪਰ ਉਸ ਸਮੇਂ ਸਾਡੀ ਕੋਈ ਸੁਣਵਾਈ ਨਾ ਹੋਈ। ਉਨ੍ਹਾਂ ਕਿਹਾ ਕਿ ਹੁਣ ਪਿੰਡ ਦੇ ਲੋਕ ਦਰੱਖਤ ਵੱਢ ਕੇ ਧੁੱਸੀ ਬੰਨ੍ਹ ਨੂੰ ਲੱਗੇ ਖ਼ੋਰੇ ਤੋਂ ਬਚਾਉਣ ਵਿਚ ਲੱਗੇ ਹੋਏ ਤੇ ਪ੍ਰਸ਼ਾਸਨ ਵੀ ਮੌਕੇ 'ਤੇ ਪਹੁੰਚ ਗਿਆ ਹੈ, ਜਿਨ੍ਹਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ।

# ਪਦਉੱਨਤ ਅਧਿਆਪਕਾਂ ਨੂੰ ਵੀ ਬਦਲੀਆਂ ਦਾ ਮਿਲੇ ਮੌਕਾ : ਡੀ ਟੀ ਐੱਫ

**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ ਦੇ ਸਕੂਲ ਅਧਿਆਪਕਾਂ ਦੀਆਂ ਬਦਲੀਆਂ ਦੀ ਚੱਲ ਰਹੀ ਪ੍ਰਕਿਰਿਆ ਨੂੰ ਅੱਗੇ ਵਧਾਉਂਦਿਆਂ ਆਪਸੀ ਬਦਲੀਆਂ ਦੇ ਨਾਲ ਨਾਲ ਸਾਰੀਆਂ ਬਦਲੀਆਂ ਦਾ ਇੱਕ ਰਾਉਂਡ ਹੋਰ ਚਲਾਇਆ ਜਾਵੇ ਤਾਂ ਜੋ ਸਕੂਲਾਂ ਵਿੱਚ ਬਦਲੀਆਂ ਹੋਣ ਕਾਰਨ ਖਾਲੀ ਹੋਏ ਸਟੇਸ਼ਨਾਂ 'ਤੇ ਲੋੜਵੰਦ ਅਧਿਆਪਕ ਬਦਲੀ ਕਰਵਾ ਸਕਣ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਬਦਲੀਆਂ ਹੋਣ ਕਾਰਨ ਅਨੇਕਾਂ ਸਟੇਸ਼ਨ ਖਾਲੀ ਹੋ ਗਏ ਹਨ।ਇਸ ਲਈ ਬਦਲੀਆਂ ਦਾ ਇੱਕ ਰਾਉਂਡ ਹੋਰ ਚਲਾਇਆ ਜਾਵੇ ਤਾਂ ਜੋ ਖਾਲੀ ਸਟੇਸ਼ਨ ਇਸ ਸੈਸ਼ਨ ਵਿੱਚ ਹੀ ਭਰ ਜਾਣ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ। ਮਾਸਟਰ ਕਾਡਰ ਤੋਂ ਲੈਕਚਰਾਰ ਪ੍ਰਮੋਟ ਹੋਏ ਸੈਂਕੜੇ ਅਧਿਆਪਕ ਅਜੇ ਤੱਕ ਆਪਣੀ ਪੁਰਾਣੀ ਪੋਸਟ ਉੱਪਰ ਹੀ ਬੈਠੇ ਹਨ, ਜਦਕਿ ਸੈਕੰਡਰੀ ਸਕੂਲਾਂ ਵਿੱਚ ਲੈਕਚਰਾਰਾਂ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਪਈਆਂ ਹਨ। ਉਨ੍ਹਾਂ ਕਿਹਾ ਕਿ ਬਿਨਾਂ ਦੇਰੀ ਕੀਤੇ ਆਪਸੀ ਬਦਲੀਆਂ ਤੇ ਹਰ ਤਰ੍ਹਾਂ ਦੀਆਂ ਬਦਲੀਆਂ ਦਾ ਇੱਕ ਹੋਰ ਮੌਕਾ ਦਿੱਤਾ ਜਾਵੇ ਤਾਂ ਜੋ ਜਲਦੀ ਅਧਿਆਪਕ ਆਪਣੇ ਆਪਣੇ ਸਕੂਲਾਂ ਵਿੱਚ ਜਾ ਸਕਣ।ਡੀ ਟੀ ਐੱਫ਼ ਦੇ ਸੀਨੀਅਰ ਆਗੂਆਂ ਰਾਜਵਿੰਦਰ ਸਿੰਘ ਬਹਿਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ 2024 ਵਿੱਚ ਪ੍ਰਮੋਟ ਹੋਏ ਅਧਿਆਪਕਾਂ ਨੂੰ ਵੀ ਉਨ੍ਹਾਂ ਦੇ ਨੇੜੇ ਦੇ ਖਾਲੀ ਸਟੇਸ਼ਨ ਨਾ ਦੇ ਕੇ ਦੋ-ਦੋ ਸੌ ਕਿਲੋਮੀਟਰ ਦੂਰ ਸਟੇਸ਼ਨ ਦਿੱਤੇ ਗਏ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਪੱਦਉਨਤ ਅਧਿਆਪਕਾਂ ਤੇ ਲੈਕਚਰਾਰਾਂ ਨੂੰ ਬਦਲੀ ਦਾ ਸਪੈਸ਼ਲ ਮੌਕਾ ਦੇ ਕੇ ਵਿਚਾਰਿਆ ਜਾਵੇ। ਆਗੂਆਂ ਨੇ ਕਿਹਾ ਕਿ ਸਟੇਸ਼ਨ ਚੋਣ ਸਮੇਂ ਸਾਰੇ ਖਾਲੀ ਸਟੇਸ਼ਨ ਦਿਖਾਏ ਜਾਣ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਲੋੜਵੰਦ ਅਧਿਆਪਕਾਂ ਜਿਵੇਂ ਵਿਧਵਾਵਾਂ, ਦਿਵਿਆਂਗ ਤੇ ਬਿਮਾਰੀ ਤੋਂ ਪੀੜਤ ਅਧਿਆਪਕਾਂ ਨੂੰ ਪਹਿਲ ਦੇ ਅਧਾਰ 'ਤੇ ਵਿਚਾਰਿਆ ਜਾਵੇ। ਆਗੂਆਂ ਨੇ ਕਿਹਾ ਕਿ ਪਹਿਲੇ ਰਾਉਂਡ ਵਿੱਚ ਹੋਈਆਂ ਗਲਤ ਬਦਲੀਆਂ ਦਾ ਸ਼ਿਕਾਰ ਹੋਏ ਅਧਿਆਪਕਾਂ ਨੂੰ ਇਨਸਾਫ਼ ਮਿਲੇ। ਜੇਕਰ ਜਲਦੀ ਇਹ ਪ੍ਰਕਿਰਿਆ ਸ਼ੁਰੂ ਨਾ ਕੀਤੀ ਗਈ ਤਾਂ ਅਧਿਆਪਕਾਂ ਨੂੰ ਤਿੱਖੇ ਸੰਘਰਸ਼ ਲਈ ਮਜਬੂਰ ਹੋਣਾ ਪਵੇਗਾ।ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਨਵੀਨ ਬੋਹਾ, ਕੁਲਦੀਪ ਅੱਕਾਂਵਾਲੀ, ਅਮਰੀਕ ਬੋਹਾ, ਰਾਜ ਸਿੰਘ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਰਾਜਿੰਦਰ ਸਿੰਘ ਐੱਚ ਟੀ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓਂ, ਮਨਦੀਪ ਕੁਮਾਰ, ਕੁਲਵਿੰਦਰ ਦਲੇਲਵਾਲਾ, ਬਲਜਿੰਦਰ ਦਲੇਲਵਾਲਾ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਸੰਕਟ ਕਾਲ 'ਚ ਪੰਜਾਬ ਨਾਲ ਖੜ੍ਹਨਾ ਜ਼ਰੂਰੀ : ਜੱਜ ਰਜਿੰਦਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਪਿਛਲੇ ਕਰੀਬ 10 ਦਿਨਾਂ ਤੋਂ ਪੰਜਾਬ ਦੇ ਜੋ ਹਾਲਾਤ ਬਣੇ ਹੋਏ ਹਨ, ਉਨ੍ਹਾਂ ਨਾਲ ਪੰਜਾਬ ਦੀ ਇੱਕ ਵੱਖਰੀ ਤਸਵੀਰ ਦੁਨੀਆ ਦੇ ਨਕਸ਼ੇ ਦੇ ਉੱਤੇ ਉੱਭਰੀ ਹੈ। ਵੱਡੀਆਂ ਮੁਸੀਬਤਾਂ ਝੱਲਣ ਦੇ ਬਾਵਜੂਦ ਪੰਜਾਬ ਦੇ ਜੋਸ਼ੀਲੇ ਨੌਜਵਾਨ ਚੜ੍ਹਦੀ ਕਲਾ ਵਿੱਚ ਹਨ ਤੇ ਇਸ ਵਕਤ ਉਨ੍ਹਾਂ ਦਾ ਹੌਸਲਾ ਵਧਾਉਣ ਦੇ ਲਈ ਪੰਜਾਬੀਆਂ ਦਾ ਉਨ੍ਹਾਂ ਨਾਲ ਖੜ੍ਹੇ ਹੋਣਾ ਬਹੁਤ ਜ਼ਰੂਰੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਮਰਾਲਾ ਅਦਾਲਤ ਦੇ ਮਾਨਯੋਗ ਜੱਜ ਰਜਿੰਦਰ ਸਿੰਘ, ਜੱਜ ਰਜਿੰਦਰ ਪਾਲ ਸਿੰਘ ਗਿੱਲ ਤੇ ਜੱਜ ਦੇਵ ਨੂਰ ਸਿੰਘ ਨੇ ਉਸ ਵੇਲੇ ਕੀਤਾ, ਜਦੋਂ ਉਨ੍ਹਾਂ ਜ਼ਿਲ੍ਹਾ ਸੈਸ਼ਨ ਜੱਜ ਲੁਧਿਆਣਾ ਮਾਨਯੋਗ ਹਰਪ੍ਰੀਤ ਕੌਰ ਅਤੇ ਮਾਨਯੋਗ ਸੁਮਿਤ ਸੱਭਰਵਾਲ ਦੇ ਦਿਸ਼ਾ ਨਿਰਦੇਸ਼ਾਂ ਤੇ ਸਤਲੁਜ ਦਰਿਆ ਦੇ ਕੰਢੇ 'ਤੇ ਵਸੇ ਪਿੰਡ ਧੁੱਲੇਵਾਲ ਵਿਖੇ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ।ਉਨ੍ਹਾਂ ਕਿਹਾ ਕਿ ਪੰਜਾਬ ਉੱਤੇ ਆਏ ਸੰਕਟ ਦਾ ਮਿਲ ਕੇ ਮੁਕਾਬਲਾ ਕਰਨਾ ਬਣਦਾ ਹੈ।ਇਸ ਮੌਕੇ ਉਨ੍ਹਾਂ ਵੱਲੋਂ ਲੋੜਵੰਦਾਂ ਨੂੰ ਤਰਪਾਲਾਂ, ਬਰਸਾਤੀਆਂ, ਦਵਾਈਆਂ ਤੇ ਖਾਣ ਪੀਣ ਦੀ ਸਮੱਗਰੀ ਵੰਡੀ ਗਈ।ਸਮਰਾਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਸਪ੍ਰੀਤ ਸਿੰਘ ਕਲਾਲਮਾਜਰਾ ਤੇ ਹੋਰ ਵਕੀਲਾਂ ਵੱਲੋਂ ਵੀ ਜ਼ਰੂਰਤਮੰਦਾਂ ਨੂੰ ਦਵਾਈਆਂ ਤੇ ਖਾਣ ਪੀਣ ਦਾ ਸਾਮਾਨ ਸੌਂਪਿਆ ਗਿਆ।ਇਸ ਮੌਕੇ ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ ਸਮੇਤ ਸਮਰਾਲਾ ਬਾਰ ਐਸੋਸੀਏਸ਼ਨ ਦੇ ਵਕੀਲ ਹਜ਼ਾਰ ਸਨ।

# ਰੇਲਵੇ ਕਰਮਚਾਰੀ ਦੀ ਸੂਝ-ਬੂਝ ਨੇ ਵਿੱਛੜੀ ਬੱਚੀ ਨੂੰ ਪਰਵਾਰ ਨਾਲ ਮਿਲਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਦੀ ਟਿਕਟ ਚੈਕਿੰਗ ਕਰਮਚਾਰੀ ਦੀ ਚੁਕੰਨਤਾ ਤੇ ਸਮੇਂ ਸਿਰ ਕੀਤੇ ਗਏ ਕੰਮ ਨੇ ਇਕ ਲਾਪਤਾ ਬੱਚੀ ਨੂੰ ਸੁਰੱਖਿਅਤ ਉਸ ਦੇ ਪਰਿਵਾਰ ਕੋਲ ਪਹੁੰਚਾਇਆ। ਇਹ ਘਟਨਾ ਫਿਰੋਜ਼ਪੁਰ ਰੇਲਵੇ ਮੰਡਲ ਦੇ ਜਲੰਧਰ ਸਟੇਸ਼ਨ 'ਤੇ ਵਾਪਰੀ, ਜਿੱਥੇ ਟੀਟੀਈ ਨਵੀਨ ਸ਼ਰਮਾ ਨੇ ਆਪਣੀ ਡਿਊਟੀ ਦੌਰਾਨ ਸ਼ਾਨਦਾਰ ਸੇਵਾਵਾਂ ਨਿਭਾਈਆਂ। ਸ਼ੁੱਕਰਵਾਰ ਨੂੰ ਰੇਲ ਗੱਡੀ ਨੰਬਰ 14617 ਵਿੱਚ ਟਿਕਟਾਂ ਦੀ ਜਾਂਚ ਕਰਦੇ ਹੋਏ ਨਵੀਨ ਸ਼ਰਮਾ ਦੀ ਨਜ਼ਰ ਜਲੰਧਰ ਰੇਲਵੇ ਸਟੇਸ਼ਨ 'ਤੇ ਲਗਭਗ 10 ਸਾਲ ਦੀ ਇਕ ਬੇਸਹਾਰਾ ਨਾਬਾਲਗ ਲੜਕੀ 'ਤੇ ਪਈ। ਸਥਿਤੀ ਦੀ ਨਜ਼ਾਕਤ ਨੂੰ ਸਮਝਦੇ ਹੋਏ ਉਨ੍ਹਾਂ ਤੁਰੰਤ ਸਰਗਰਮ ਹੁੰਦਿਆਂ ਜਲੰਧਰ ਦੀ ਰੇਲਵੇ ਪੁਲਸ (ਜੀਆਰਪੀ) ਨਾਲ ਸੰਪਰਕ ਕੀਤਾ। ਜਾਂਚ ਦੌਰਾਨ ਇਹ ਪਤਾ ਲੱਗਿਆ ਕਿ ਇਹ ਲੜਕੀ ਰਾਜਪੁਰਾ ਤੋਂ ਲਾਪਤਾ ਸੀ ਤੇ ਉਸ ਦੇ ਪਰਵਾਰ ਵਾਲੇ ਉਸ ਨੂੰ ਲੱਭ ਰਹੇ ਸਨ। ਜੀਆਰਪੀ ਜਲੰਧਰ ਨੇ ਬਿਨਾਂ ਸਮਾਂ ਗੁਆਏ ਸਦਰ ਥਾਣਾ ਰਾਜਪੁਰਾ ਤੇ ਜੀਆਰਪੀ ਰਾਜਪੁਰਾ ਨਾਲ ਤਾਲਮੇਲ ਕੀਤਾ। ਸਾਰੀ ਜ਼ਰੂਰੀ ਕਾਰਵਾਈ ਤੇ ਪੁਸ਼ਟੀ ਕਰਨ ਤੋਂ ਬਾਅਦ ਬੱਚੀ ਨੂੰ ਉਸ ਦੇ ਪਰਵਾਰ ਨੂੰ ਸੁਰੱਖਿਅਤ ਸੌਂਪ ਦਿੱਤਾ ਗਿਆ। ਪਰਵਾਰ ਨੇ ਰੇਲਵੇ ਕਰਮਚਾਰੀ ਤੇ ਪੁਲਸ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਬਾਰੇ ਜਾਣਕਾਰੀ ਦਿੰਦਿਆਂ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸੈਣੀ ਨੇ ਨਵੀਨ ਸ਼ਰਮਾ ਦੀ ਡਿਊਟੀ ਪ੍ਰਤੀ ਸਮਰਪਣ ਤੇ ਸੱਚਾਈ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਨਵੀਨ ਸ਼ਰਮਾ ਦੀ ਜ਼ਿੰਮੇਵਾਰੀ ਦੀ ਭਾਵਨਾ ਕਾਰਨ ਹੀ ਇਕ ਲਾਪਤਾ ਬੱਚੀ ਸੁਰੱਖਿਅਤ ਆਪਣੇ ਪਰਵਾਰ ਤੱਕ ਪਹੁੰਚ ਸਕੀ।

# ਨਾਬਾਲਗ ਨਾਲ ਬਲਾਤਕਾਰ ਦੇ ਦੋਸ਼ 'ਚ ਕਾਂਗਰਸੀ ਆਗੂ ਗ੍ਰਿਫ਼ਤਾਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਲੈਕਮੇਲ ਕਰਦਿਆਂ ਨਾਬਾਲਗ ਕੁੜੀ ਨਾਲ ਬਲਾਤਕਾਰ ਕਰਨ ਦੇ ਦੋਸ਼ ਹੇਠ ਬਠਿੰਡਾ ਪੁਲਸ ਨੇ ਇੱਕ ਕਾਂਗਰਸੀ ਆਗੂ ਤੇ ਮਹਿਲਾ ਕੌਂਸਲਰ ਦੇ ਪਤੀ ਖ਼ਿਲਾਫ਼ ਕੇਸ ਦਰਜ ਕੀਤਾ ਹੈ।ਪੁਲਸ ਵੱਲੋਂ ਕਾਂਗਰਸੀ ਆਗੂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਡੀਐੱਸਪੀ ਸੰਦੀਪ ਸਿੰਘ ਭਾਟੀ ਨੇ ਦੱਸਿਆ ਕਿ ਨਾਬਾਲਗ ਲੜਕੀ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ 'ਤੇ ਇਹ ਕਾਰਵਾਈ ਅਮਲ ਵਿਚ ਲਿਆਂਦੀ ਗਈ ਹੈ।ਪੁਲਸ ਨੂੰ ਪੀੜਤ ਲੜਕੀ ਦੀ ਮਾਂ ਵੱਲੋਂ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਸੀ ਕਿ ਕਾਂਗਰਸੀ ਆਗੂ ਤੇ ਵਾਰਡ ਨੰਬਰ 23 ਤੋਂ ਮਹਿਲਾ ਕੌਂਸਲਰ ਦੇ ਪਤੀ ਗੁਰਪ੍ਰੀਤ ਸਿੰਘ ਬੰਟੀ ਨਾਲ ਉਨ੍ਹਾਂ ਦਾ ਘਰ ਆਉਣ ਜਾਣ ਸੀ।ਦੋਸ਼ਾਂ ਮੁਤਾਬਕ ਕੁੱਝ ਸਮੇਂ ਤੋਂ ਹੀ ਉਕਤ ਮੁਲਜ਼ਮ ਉਸ ਦੀ ਲੜਕੀ ਨੂੰ ਬਲੈਕਮੇਲ ਕਰ ਰਿਹਾ ਸੀ।ਇਸ ਦੌਰਾਨ ਉਹ ਲੜਕੀ ਨਾਲ ਕਥਿਤ ਤੌਰ 'ਤੇ ਸਰੀਰਕ ਸਬੰਧ ਬਣਾਉਣ ਲੱਗ ਪਿਆ ਤੇ ਲੜਕੀ ਦੀ ਕਥਿਤ ਅਸ਼ਲੀਲ ਵੀਡੀਓ ਵੀ ਬਣਾ ਲਈ।ਹੁਣ ਲੜਕੀ ਨੇ ਚੰਡੀਗੜ੍ਹ ਦੀ ਇਕ ਨਾਮੀ ਯੂਨੀਵਰਸਿਟੀ ਵਿੱਚ ਦਾਖ਼ਲਾ ਲੈ ਲਿਆ ਸੀ, ਪ੍ਰੰਤੂ ਉਕਤ ਆਗੂ ਉਸ ਦਾ ਹਾਲੇ ਵੀ ਪਿੱਛਾ ਨਹੀਂ ਛੱਡ ਰਿਹਾ ਸੀ, ਜਿਸ ਦੇ ਚੱਲਦੇ ਲੜਕੀ ਨੇ ਉਸ ਦਾ ਨੰਬਰ ਬਲੈਕਲਿਸਟ ਵਿੱਚ ਪਾ ਦਿੱਤਾ, ਜਿਸ ਤੋਂ ਭੜਕ ਕੇ ਉਕਤ ਆਗੂ ਨੇ ਆਪਣੇ ਮੋਬਾਇਲ ਵਿੱਚ ਬਣਾਈ ਹੋਈ ਅਸ਼ਲੀਲ ਵੀਡੀਓ ਉਸ ਦੀ ਵੱਡੀ ਭੈਣ ਨੂੰ ਭੇਜ ਦਿੱਤੀ।ਇਸ ਤੋਂ ਬਾਅਦ ਪਰਵਾਰ ਨੂੰ ਸਾਰੀ ਕਹਾਣੀ ਦਾ ਪਤਾ ਲੱਗਿਆ ਤੇ ਪੁਲਸ ਨੂੰ ਸ਼ਿਕਾਇਤ ਕੀਤੀ ਗਈ।ਪੁਲਸ ਨੇ ਵੀ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਉਕਤ ਆਗੂ ਵਿਰੁੱਧ ਪਰਚਾ ਦਰਜ ਕਰ ਲਿਆ।ਡੀਐੱਸਪੀ ਭਾਟੀ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੋ ਉਸ ਕੋਲੋਂ ਹੋਰ ਪੁੱਛਗਿੱਛ ਕੀਤੀ ਜਾ ਸਕੇ।

# ਅਦਾਲਤੀਵਾਲਾ ਦੇ ਕਿਸਾਨਾਂ ਨੂੰ ਟਾਂਗਰੀ ਨਦੀ ਦੀ ਵੱਡੀ ਮਾਰ, ਸੈਂਕੜੇ ਏਕੜ ਫ਼ਸਲ ਚੜ੍ਹੀ ਹੜ੍ਹ ਦੀ ਭੇਟ



**ਪਟਿਆਲਾ/ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਜ਼ਿਲ੍ਹੇ ਦੇ ਪਿੰਡ ਅਦਾਲਤੀਵਾਲਾ ਵਿੱਚ ਟਾਂਗਰੀ ਨਦੀ ਦਾ ਪਾਣੀ ਕਿਸਾਨਾਂ ਲਈ ਵੱਡੀ ਮੁਸੀਬਤ ਬਣ ਗਿਆ ਹੈ।ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਬਾਰਿਸ਼ ਤੇ ਨਦੀ ਵਿੱਚ ਪਾਣੀ ਵਧਣ ਕਾਰਨ ਖੇਤਾਂ ਵਿੱਚ ਖੜ੍ਹੀ ਕਈ ਏਕੜ ਫਸਲ ਬਰਬਾਦ ਹੋ ਗਈ ਹੈ।ਕਿਸਾਨਾਂ ਨੇ ਦੱਸਿਆ ਕਿ ਜੇ ਤੁਰੰਤ ਨਦੀ ਦੇ ਪਾਣੀ ਦਾ ਵਹਾਅ ਨਾ ਰੋਕਿਆ ਗਿਆ ਤਾਂ ਹਾਲਾਤ ਹੋਰ ਖ਼ਰਾਬ ਹੋ ਸਕਦੇ ਹਨ।ਪਿੰਡ ਵਾਸੀਆਂ ਨੇ ਐੱਸ ਡੀ ਐੱਮ ਕਿਰਪਾਲ ਸਿੰਘ ਤੇ ਹੋਰਨਾਂ ਪ੍ਰਸ਼ਾਸਨਕ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹੜ੍ਹਾਂ ਦੇ ਪਾਣੀ ਦੀ ਮਾਰ ਤੋਂ ਹਰ ਹੀਲੇ ਬਚਾਉਣ ਸਬੰਧੀ ਚੰਗੀ ਡਿਊਟੀ ਦੀ ਤਾਰੀਫ ਵੀ ਕੀਤੀ।ਇਸ ਮੌਕੇ ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਨੇ ਕਿਹਾ ਕਿ ਟਾਂਗਰੀ ਨਦੀ ਦੇ ਪਾਣੀ ਦਾ ਲੈਵਲ ਵਧਣ ਕਰਕੇ ਖੇਤਾਂ ਵਿੱਚ ਆਏ ਪਾਣੀ ਨਾਲ ਪਿੰਡ ਦੀ 700 ਏਕੜ ਦੇ ਕਰੀਬ ਦੀ ਫ਼ਸਲ ਖਰਾਬ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜਿਸ ਹਿਸਾਬ ਨਾਲ ਪਾਣੀ ਤੇਜ਼ੀ ਨਾਲ ਵਧ ਰਿਹਾ ਹੈ, ਉਸ ਨਾਲ ਬੰਨ੍ਹ ਟੁੱਟਣ ਤੇ ਪਿੰਡਾਂ ਦੇ ਅੰਦਰ ਵੱਲ ਤੇ ਖੇਤਾਂ ਵਿੱਚ ਪਾਣੀ ਦਾਖ਼ਲ ਹੋਣ ਦਾ ਖ਼ਤਰਾ ਵੀ ਵਧ ਗਿਆ ਹੈ।ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਜੇ ਨਦੀਆਂ ਦੇ ਪਾਣੀ ਦਾ ਲੈਵਲ ਨਾ ਘਟਿਆ ਤਾਂ ਫ਼ਸਲਾਂ ਦੇ ਨਾਲ ਨਾਲ ਪਸ਼ੂਆਂ ਤੇ ਘਰਾਂ ਨੂੰ ਵੀ ਵੱਡਾ ਨੁਕਸਾਨ ਹੋ ਸਕਦਾ ਹੈ।ਕਿਸਾਨਾਂ ਦਾ ਕਹਿਣਾ ਹੈ ਕਿ ਮੌਸਮ ਦੇ ਬਦਲਾਅ ਤੇ ਜ਼ਿਆਦਾ ਬਾਰਸ਼ ਨੇ ਉਨ੍ਹਾਂ ਦੀ ਮਿਹਨਤ 'ਤੇ ਪਾਣੀ ਫੇਰ ਦਿੱਤਾ ਹੈ।ਇਸ ਵਾਰ ਵੀ ਕਾਫ਼ੀ ਸਾਰੇ ਕਿਸਾਨਾਂ ਦੀ ਜ਼ੀਰੀ ਤੇ ਹੋਰ ਫਸਲਾਂ ਖੜ੍ਹੀਆਂ ਸਨ, ਪਰ ਪਾਣੀ ਭਰ ਜਾਣ ਕਾਰਨ ਉਨ੍ਹਾਂ ਦੀਆਂ ਉਮੀਦਾਂ ਟੁੱਟਦੀਆਂ ਦਿਖ ਰਹੀਆਂ ਹਨ।ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਜ਼ਰੂਰੀ ਪ੍ਰਬੰਧ ਕਰਕੇ ਪਾਣੀ ਦੇ ਰੁੱਖ ਨੂੰ ਕਾਬੂ ਕੀਤਾ ਜਾਵੇ ਤੇ ਪਿੰਡ ਵਾਸੀਆਂ ਨੂੰ ਰਾਹਤ ਦਿੱਤੀ ਜਾਵੇ।

# ਹੜ੍ਹ ਪੀੜਤਾਂ ਦੀ ਨਿੱਠ ਕੇ ਮਦਦ ਕਰਨ ਦੀ ਲੋੜ : ਬਿੱਟੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੂਬੇ ਵਿੱਚ ਆਈ ਆਫ਼ਤ ਨਾਲ ਨਜਿੱਠਣ ਅਤੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਸਮਾਜ ਸੇਵੀ ਮਨਜੀਤ ਸਿੰਘ ਬਿੱਟੀ ਸੇਲਬਰਾਹੀਆ ਆਪਣੀ ਟੀਮ ਸਮੇਤ ਦਿਨ-ਰਾਤ ਮਿਹਨਤ ਕਰ ਰਹੇ ਹਨ। ਬਿੱਟੀ ਬਾਈ ਨੇ ਹੜ੍ਹ ਪੀੜਤਾਂ ਦਾ ਹੌਸਲਾ ਵਧਾਉਂਦਿਆਂ ਕਿਹਾ ਕਿ ਪੰਜਾਬ ਦੀ ਜੁਝਾਰੂ ਕੌਮ ਕਿਸੇ ਵੀ ਮੁਸੀਬਤ ਤੋਂ ਘਬਰਾਉਂਦੀ ਨਹੀਂ ਤੇ ਹਮੇਸ਼ਾ ਚੜ੍ਹਦੀ ਕਲਾ ਵਿਚ ਰਹਿ ਕੇ ਲੋੜਵੰਦਾਂ ਦੀ ਦਿਲੋਂ ਸੇਵਾ ਕਰਨ ਵਿੱਚ ਯਕੀਨ ਰੱਖਦੀ ਹੈ।ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੀ ਸਮੱਸਿਆ ਲੰਮੇ ਸਮੇਂ ਲਈ ਹੈ, ਇਸ ਲਈ ਸਾਨੂੰ ਵੀ ਆਪਣੇ ਪ੍ਰਬੰਧ ਲੰਮੇ ਸਮੇਂ ਲਈ ਹੀ ਕਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਤੇ ਖੇਤੀਬਾੜੀ ਲਈ ਉਚਿਤ ਪ੍ਰਬੰਧ ਕਰਕੇ ਦੇਣ ਦੀ ਲੋੜ ਹੈ, ਜਿਸ ਲਈ ਲੰਮਾ ਸਮਾਂ ਮਦਦ ਦੀ ਜ਼ਰੂਰਤ ਪਵੇਗੀ।

# ਸੰਧਵਾਂ ਨੇ ਵਾਂਦਰ ਜਟਾਣਾ 'ਚ 30 ਲੱਖ ਦੀ ਲਾਗਤ ਨਾਲ ਸੋਲਰ ਸਿਸਟਮ ਲਵਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਪਿੰਡ ਵਾਂਦਰ ਜਟਾਣਾ ਵਿਖੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਆ ਰਹੀ ਸਮੱਸਿਆ ਦੇ ਹੱਲ ਲਈ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵੱਲੋਂ 30 ਲੱਖ ਰੁਪਏ ਦੀ ਲਾਗਤ ਨਾਲ ਸੋਲਰ ਸਿਸਟਮ ਲਵਾਇਆ ਗਿਆ, ਜਿਸ ਨਾਲ ਲੋਕਾਂ ਨੂੰ ਪੀਣ ਲਈ ਵਧੀਆ ਪਾਣੀ ਮੁਹੱਈਆ ਹੋਵੇਗਾ।ਸਪੀਕਰ ਸੰਧਵਾਂ ਨੇ ਕਿਹਾ ਕਿ ਪਾਣੀ ਮਨੁੱਖ ਦੀ ਮੁੱਢਲੀ ਲੋੜ ਹੈ। ਇਸ ਲਈ ਲੋਕਾਂ ਨੂੰ ਵਧੀਆ ਪਾਣੀ ਮੁਹੱਈਆ ਕਰਾਉਣ ਲਈ ਪਾਈਪਾਂ ਨੂੰ ਸਿੱਧਾ ਵਾਟਰ ਵਰਕਸ ਨਾਲ ਜੋੜਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਪਾਣੀ ਦੀਆਂ ਪਾਈਪਾਂ ਵਿੱਚ ਬਲਾਕੇਜ ਹੋਣ ਕਾਰਨ ਪਿੰਡ ਵਾਸੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਦੇ ਹੱਲ ਲਈ ਇਹ ਉਪਰਾਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਹੈ ਤੇ ਇਹ ਫੰਡ ਲੋਕਾਂ ਦੀ ਸਹੂਲਤ ਲਈ ਹੀ ਵਰਤੇ ਜਾ ਰਹੇ ਹਨ।ਪਿੰਡ ਦੀ ਪੰਚਾਇਤ ਨੇ ਸਪੀਕਰ ਸੰਧਵਾਂ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਨੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਭੇਜੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਤਲੁਜ ਦਰਿਆ ਕਿਨਾਰੇ ਵਸਦੇ ਪਿੰਡ ਧੁੱਲੇਵਾਲ ਦੇ ਧੁੱਸੀ ਬੰਨ੍ਹ ਵਿਖੇ ਰਾਹਤ ਕਾਰਜਾਂ ਵਿੱਚ ਜੁਟੇ ਮਜ਼ਦੂਰਾਂ ਤੇ ਹੜ੍ਹ ਪੀੜਤਾਂ ਮਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਵੱਲੋਂ ਸਮਰਾਲਾ ਅਦਾਲਤ ਦੇ ਜੱਜ ਸਾਹਿਬਾਨ ਰਾਹਤ ਸਮੱਗਰੀ ਲੈ ਕੇ ਪੁੱਜੇ। ਉਨ੍ਹਾਂ ਨਾਲ ਸਮਰਾਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ ਤੇ ਹੋਰ ਵਕੀਲਾਂ ਨੇ ਆਪਣੇ ਤੌਰ 'ਤੇ ਜ਼ਰੂਰਤਮੰਦਾਂ ਨੂੰ ਸਾਮਾਨ ਸੌਂਪਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਮਰਾਲਾ ਅਦਾਲਤ ਦੇ ਜੱਜ ਰਜਿੰਦਰ ਸਿੰਘ ਤੇ ਦੇਵਨੂਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਸੈਸ਼ਨ ਜੱਜ ਲੁਧਿਆਣਾ ਹਰਪ੍ਰੀਤ ਕੌਰ ਰੰਧਾਵਾ ਦੇ ਨਿਰਦੇਸ਼ਾਂ 'ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਵੱਲੋਂ ਧੁੱਸੀ ਬੰਨ੍ਹ 'ਤੇ ਰਾਹਤ ਕਾਰਜਾਂ ਵਿੱਚ ਜੁਟੇ ਮਜ਼ਦੂਰਾਂ ਨੂੰ ਤਰਪਾਲਾਂ, ਬਰਸਾਤੀ ਕੱਪੜੇ, ਔਰਤਾਂ ਨੂੰ ਲੋੜੀਂਦੇ ਸਾਮਾਨ ਤੋਂ ਇਲਾਵਾ ਦਵਾਈਆਂ ਤੇ ਖਾਣ-ਪੀਣ ਵਾਲਾ ਸਾਮਾਨ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜਿੱਥੇ ਅੱਜ ਸੂਬੇ ਦਾ ਹਰੇਕ ਵਰਗ ਹੜ੍ਹ ਪੀੜਤਾਂ ਦੀ ਮੱਦਦ ਕਰ ਰਿਹਾ ਹੈ, ਉੱਥੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਵੱਲੋਂ ਵੀ ਕੁਝ ਰਾਹਤ ਸਮੱਗਰੀ ਦਿੱਤੀ ਗਈ ਹੈ। ਸਮਰਾਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ ਤੇ ਉਨ੍ਹਾਂ ਨਾਲ ਪੁੱਜੇ ਵਕੀਲਾਂ ਨੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਧੁੱਸੀ ਬੰਨ੍ਹ 'ਤੇ ਮਜ਼ਦੂਰਾਂ ਨੂੰ ਰਾਹਤ ਸਮੱਗਰੀ ਦਿੱਤੀ ਗਈ। ਇਸ ਤੋਂ ਇਲਾਵਾ ਮਾਛੀਵਾੜਾ ਖਾਮ ਤੇ ਖਾਨਪੁਰ ਮੰਡ ਵਿਖੇ ਧੁੱਸੀ ਬੰਨ੍ਹ ਦੀ ਮੁਰੰਮਤ ਲਈ ਰਾਹਤ ਕਾਰਜਾਂ ਵਿੱਚ ਲੱਗੇ ਵਾਹਨਾਂ ਲਈ 500 ਲੀਟਰ ਡੀਜ਼ਲ ਵੀ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਗੁਰਜੀਤ ਸਿੰਘ ਮਿੱਠੇਵਾਲ, ਨਰਿੰਦਰ ਸ਼ਰਮਾ, ਰਵੀ ਸੋਫ਼ਤ, ਰੁਪਿੰਦਰ ਸਿੰਘ (ਸਾਰੇ ਐਡਵੋਕੇਟ), ਸ਼ਿਵ ਕੁਮਾਰ ਸ਼ਿਵਲੀ, ਵਿਨੀਤ ਕੁਮਾਰ ਝੜੌਦੀ, ਪਰਮਜੀਤ ਕੌਰ ਸੈਣੀ ਮੌਜੂਦ ਸਨ।

# ਅਗਾਊਂ ਪ੍ਰਬੰਧ ਨਾ ਹੋਣ ਕਰ ਕੇ ਹੜ੍ਹਾਂ ਨੇ ਪੰਜਾਬ ਦਾ ਕੀਤਾ ਉਜਾੜਾ : ਰਜਿੰਦਰ ਸਿੰਘ

## ਸਾਬਕਾ ਵਿਧਾਇਕ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਲਿਆ ਜਾਇਜ਼ਾ



**ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ/ਇਕਬਾਲ ਸਿੰਘ ਬੱਲ)**-ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਕਿਹਾ ਕਿ 'ਆਪ' ਸਰਕਾਰ ਵੱਲੋਂ ਬਰਸਾਤੀ ਸੀਜ਼ਨ ਤੋਂ ਪਹਿਲਾਂ ਅਗਾਊਂ ਪ੍ਰਬੰਧ ਨਹੀਂ ਕੀਤੇ ਗਏ, ਜਿਸ ਕਾਰਨ ਹੜ੍ਹਾਂ ਨੇ ਪੰਜਾਬ ਦਾ ਉਜਾੜਾ ਕੀਤਾ ਤੇ ਪੰਜਾਬ ਦਾ ਅਰਬਾਂ ਖਰਬਾਂ ਦਾ ਨੁਕਸਾਨ ਹੋਇਆ।ਕਈ ਇਲਾਕਿਆਂ 'ਚ ਪੰਜਾਬ ਦਾ ਜਾਨੀ ਨੁਕਸਾਨ ਵੀ ਹੋਇਆ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦਾ ਇਸ ਬਰਸਾਤ 'ਚ ਕਾਫੀ ਨੁਕਸਾਨ ਹੋਇਆ ਹੈ। ਸਾਬਕਾ ਵਿਧਾਇਕ ਨੇ ਹੜ੍ਹ ਪ੍ਰਭਾਵਿਤ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦਾ ਨਰੀਖਣ ਕੀਤਾ ਅਤੇ ਲੋਕਾਂ ਤੇ ਕਿਸਾਨਾਂ ਨਾਲ ਗੱਲਬਾਤ ਕੀਤੀ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ 'ਚ ਪਸ਼ੂਆਂ ਦਾ ਬਹੁਤ ਵੱਡਾ ਨੁਕਸਾਨ ਹੋ ਗਿਆ ਹੈ।ਸਰਕਾਰ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦੇਵੇ। ਇਸ ਮੌਕੇ ਨੈਬ ਸਿੰਘ ਭਾਨਰੀ, ਹਰਪਾਲ ਸਿੰਘ ਧਰਮੇੜੀ, ਭੋਲਾ ਸਿੰਘ, ਸੁਖਦੇਵ ਸਿੰਘ ਨਿਜਾਮਨੀ ਵਾਲਾ, ਸੋਨੂੰ ਸਰਪੰਚ ਧਰਮੇੜੀ, ਮੱਖਣ ਸਿੰਘ ਝੰਡੀ, ਗਿਆਨ ਬਣੋਈ, ਭੁਪਿੰਦਰ ਸੰਧੂ, ਪਰਮਿੰਦਰ ਸਿੰਘ ਰਾਮਨਗਰ, ਬਿੱਟੂ ਧਨੌਰੀ, ਅਵਤਾਰ ਮੋਮੀ, ਬਲਦੇਵ ਸਰਪੰਚ ਘਿਓਰਾ, ਸੋਹਨ ਸਿੰਘ ਸਸੀ, ਸੇਵਕ ਸਸਾ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਵਾਸੀ ਹਾਜ਼ਰ ਸਨ।

# ਔਰਤ ਪਾਸੋਂ ਨਜਾਇਜ਼ ਸ਼ਰਾਬ ਬਰਾਮਦ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਥਾਣਾ ਸਿਟੀ ਸਮਾਣਾ ਵਿਖੇ ਤਾਇਨਾਤ ਹੌਲਦਾਰ ਸੋਮਨਾਥ ਦੀ ਪੁਲਸ ਪਾਰਟੀ ਗਸ਼ਤ ਦੌਰਾਨ ਬੱਸ ਸਟੈਂਡ ਸਮਾਣਾ ਵਿਖੇ ਮੌਜੂਦ ਸੀ, ਉਸ ਵਕਤ ਪੁਲਸ ਨੂੰ ਇਤਲਾਹ ਮਿਲੀ ਕਿ ਜਸਵੰਤ ਕੌਰ ਪਤਨੀ ਕੁਲਦੀਪ ਸਿੰਘ ਪਿੰਡ ਮੁਰਾਦਪੁਰਾ ਚਿੱਟੀ ਢੇਰੀ ਨਾਮਧਾਰੀ ਕਲੋਨੀ ਸਮਾਣਾ ਵਿਖੇ ਸ਼ਰਾਬ ਵੇਚ ਰਹੀ ਹੈ, ਜਿਸ 'ਤੇ ਪੁਲਸ ਨੇ ਰੇਡ ਕੀਤੀ ਤਾਂ ਉਸ ਔਰਤ ਪਾਸੋਂ 15 ਬੋਤਲਾਂ ਸ਼ਰਾਬ ਜੁਗਨੀ ਹਰਿਆਣਾ ਮਾਰਕਾ ਬਰਾਮਦ ਹੋਈਆਂ।ਪੁਲਸ ਨੇ ਥਾਣਾ ਸਿਟੀ ਸਮਾਣਾ ਵਿਖੇ ਐੱਫ ਆਈ ਆਰ ਨੰਬਰ 146/25 ਅਧੀਨ ਧਾਰਾ ਅਕਸਾਈਜ਼ ਐਕਟ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਨਸ਼ੇ ਦੀਆਂ ਗੋਲੀਆਂ ਸਮੇਤ ਮਹਿਲਾ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਦੀ ਢੇਹਾ ਕਲੋਨੀ ਨੇੜਿਓਂ ਪੁਲਸ ਵੱਲੋਂ ਇੱਕ ਮਹਿਲਾ ਨੂੰ ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮੰਡੀ ਗੋਬਿੰਦਗੜ੍ਹ ਦੀ ਢੇਹਾ ਕਲੋਨੀ ਨਜ਼ਦੀਕ ਗਸ਼ਤ ਕਰ ਰਹੀ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਪਾਰਟੀ ਵੱਲੋਂ ਸ਼ੱਕ ਦੇ ਅਧਾਰ 'ਤੇ ਰੋਕੀ ਗਈ ਜੋਤੀ ਨਾਮਕ ਮਹਿਲਾ ਦੀ ਤਲਾਸ਼ੀ ਲਈ ਗਈ ਤਾਂ ਉਸ ਦੇ ਕਬਜ਼ੇ 'ਚੋਂ ਨਸ਼ੇ ਦੀਆਂ 110 ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਅ/ਧ 22 ਐੱਨ.ਡੀ.ਪੀ.ਐੱਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਜੋਤੀ ਨੂੰ ਗ੍ਰਿਫਤਾਰ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਸਰਕਾਰ ਨੁਕਸਾਨੇ ਨਰਮੇ ਦੀ ਸਪੈਸ਼ਲ ਗਿਰਦਾਵਰੀ ਕਰਾ ਕੇ ਮੁਆਵਜ਼ਾ ਦੇਵੇ : ਭੂੰਦੜ, ਦਿਲਰਾਜ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਹਲਕਾ ਸਰਦੂਲਗੜ੍ਹ ਵਿੱਚ ਘੱਗਰ ਦਰਿਆ ਦੀ ਮਾਰ ਦਾ ਖ਼ਤਰਾ ਬਣਿਆ ਹੋਇਆ ਹੈ, ਜਿਸ ਤੋਂ ਬਚਣ ਲਈ ਇਲਾਕੇ ਦੇ ਲੋਕ ਦਿਨ-ਰਾਤ ਜੱਦੋ ਜਹਿਦ ਕਰ ਰਹੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਬਲਵਿੰਦਰ ਸਿੰਘ ਭੂੰਦੜ ਸਕੱਤਰ ਜਨਰਲ ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਸਰਕਾਰ ਨੂੰ ਕਿਹਾ ਕਿ ਭਾਰੀ ਬਰਸਾਤ ਦੇ ਨਾਲ ਨਰਮਾ ਪੱਟੀ ਦੇ ਪਿੰਡਾਂ ਵਿੱਚ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ।ਨਰਮੇ ਦੀ ਫ਼ਸਲ ਤਬਾਹ ਹੋ ਚੁੱਕੀ ਹੈ।ਇਸ ਲਈ ਸਰਕਾਰ ਨੂੰ ਸਪੈਸ਼ਲ ਗਿਰਦਾਵਰੀ ਕਰਵਾ ਕੇ ਨਰਮੇ ਦੇ ਬਾਰਿਸ਼ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਮੁਆਵਜ਼ਾ ਦੇਣਾ ਚਾਹੀਦਾ ਹੈ।ਦਿਲਰਾਜ ਸਿੰਘ ਭੂੰਦੜ ਸਾਬਕਾ ਵਿਧਾਇਕ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਗਿਆ ਹੈ ਕਿ ਭਾਰੀ ਬਰਸਾਤ ਕਾਰਨ ਇਲਾਕੇ ਦੇ ਪਿੰਡਾਂ ਵਿੱਚ ਘਰਾਂ ਦਾ ਬਹੁਤ ਨੁਕਸਾਨ ਹੋਇਆ ਹੈ।ਨੁਕਸਾਨੇ ਘਰਾਂ ਕਾਰਨ ਆਮ ਲੋਕਾਂ ਦਾ ਘਰਾਂ 'ਚ ਰਹਿਣਾ ਮੁਸ਼ਕਲ ਹੋ ਗਿਆ ਹੈ।ਪੰਜਾਬ ਦੀ ਮੌਜੂਦਾ ਸਰਕਾਰ ਨੂੰ ਤੁਰੰਤ ਪਿੰਡਾਂ 'ਚ ਗ਼ਰੀਬਾਂ ਦੇ ਘਰਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈ ਕੇ ਉਨ੍ਹਾਂ ਦੀ ਮੁਰੰਮਤ ਤੇ ਮੁੜ ਉਸਾਰੀ ਲਈ ਪੈਕੇਜ ਦਾ ਐਲਾਨ ਕਰਨਾ ਚਾਹੀਦਾ ਹੈ।

# ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ 'ਚ ਆਧੁਨਿਕ ਓ ਪੀ ਡੀ ਬਲਾਕ ਦਾ ਉਦਘਾਟਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਇੱਕ ਨਵੇਂ ਤੇ ਆਧੁਨਿਕ ਓਪੀਡੀ (ਆਊਟ ਪੇਸ਼ੈਂਟ ਡਿਪਾਰਟਮੈਂਟ) ਬਲਾਕ ਦਾ ਉਦਘਾਟਨ ਕੀਤਾ ਗਿਆ। ਇਸ ਨਵੇਂ ਬਲਾਕ ਦੇ ਸ਼ੁਰੂ ਹੋਣ ਨਾਲ ਹੁਣ ਮਰੀਜ਼ਾਂ ਨੂੰ ਪਹਿਲਾਂ ਨਾਲੋਂ ਬਿਹਤਰ ਤੇ ਅਤਿ-ਆਧੁਨਿਕ ਸਿਹਤ ਸੇਵਾਵਾਂ ਮਿਲਣਗੀਆਂ, ਜਿਸ ਨਾਲ ਇਲਾਜ ਪ੍ਰਕਿਰਿਆ ਹੋਰ ਵੀ ਪ੍ਰਭਾਵਸ਼ਾਲੀ ਬਣੇਗੀ। ਇਸ ਸ਼ੁੱਭ ਮੌਕੇ ਕਾਲਜ ਦੇ ਚੇਅਰਮੈਨ ਧਰਮਪਾਲ ਬਾਂਸਲ ਤੇ ਕਿਰਨ ਬਾਂਸਲ ਨੇ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਇਸ ਬਲਾਕ ਦਾ ਉਦਘਾਟਨ ਕੀਤਾ। ਉਦਘਾਟਨ ਸਮਾਰੋਹ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਸੁਮਨ ਲਤਾ, ਮੈਡੀਕਲ ਸੁਪਰਡੈਂਟ ਡਾ. ਪਰਵੀਨ ਗੋਇਲ ਸਮੇਤ ਕਾਲਜ ਦੇ ਸਾਰੇ ਅਧਿਆਪਕ ਤੇ ਸਟਾਫ ਮੌਜੂਦ ਸਨ। ਨਵਾਂ ਓਪੀਡੀ ਬਲਾਕ ਮਰੀਜ਼ਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਇਸ ਵਿੱਚ ਬਿਹਤਰ ਕਾਉਂਸਲਿੰਗ ਸਿਸਟਮ ਤੇ ਆਰਾਮਦਾਇਕ ਮਾਹੌਲ ਮੁਹੱਈਆ ਕਰਵਾਇਆ ਜਾਵੇਗਾ। ਇਸ ਨਾਲ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਡਾਕਟਰਾਂ ਨਾਲ ਸਲਾਹ-ਮਸ਼ਵਰਾ ਕਰਨ ਵਿੱਚ ਆਸਾਨੀ ਹੋਵੇਗੀ। ਇਸ ਪ੍ਰੋਜੈਕਟ ਵਿੱਚ ਕਾਲਜ ਦੇ ਡਾਇਰੈਕਟਰ ਯੋਗੇਸ਼ ਬਾਂਸਲ ਤੇ ਐਡਮਿਨ ਸਮੀਰ ਗੁਪਤਾ ਦਾ ਵਿਸ਼ੇਸ਼ ਯੋਗਦਾਨ ਰਿਹਾ, ਜਿਨ੍ਹਾਂ ਨੇ ਇਸ ਨੂੰ ਆਧੁਨਿਕ ਸੁਵਿਧਾਵਾਂ ਨਾਲ ਲੈਸ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਚੇਅਰਮੈਨ ਧਰਮਪਾਲ ਬਾਂਸਲ ਨੇ ਇਸ ਮੌਕੇ ਸਾਰੇ ਡਾਕਟਰਾਂ ਤੇ ਸਟਾਫ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਨਵਾਂ ਬਲਾਕ ਸਮਾਜ ਦੀ ਸੇਵਾ ਲਈ ਮਹੱਤਵਪੂਰਨ ਸਿੱਧ ਹੋਵੇਗਾ ਤੇ ਇੱਥੋਂ ਦੇ ਲੋਕਾਂ ਨੂੰ ਆਯੁਰਵੈਦਿਕ ਇਲਾਜ ਦੇ ਖੇਤਰ ਵਿਚ ਵਧੀਆ ਸੇਵਾਵਾਂ ਪ੍ਰਦਾਨ ਕਰੇਗਾ। ਇਸ ਕਦਮ ਨਾਲ ਨਾ ਸਿਰਫ਼ ਕਾਲਜ ਦੀ ਸਥਿਤੀ ਮਜ਼ਬੂਤ ਹੋਵੇਗੀ, ਬਲਕਿ ਆਯੁਰਵੈਦਿਕ ਚਿਕਿਤਸਾ ਪ੍ਰਣਾਲੀ ਪ੍ਰਤੀ ਲੋਕਾਂ ਦਾ ਵਿਸ਼ਵਾਸ ਵੀ ਵਧੇਗਾ।

# ਜਾਗਦੇ ਰਹੋ ਕਲੱਬ ਵੱਲੋਂ ਲੋੜਵੰਦ ਪਰਵਾਰ ਦੀ ਧੀ ਦੇ ਵਿਆਹ ਮੌਕੇ ਮਦਦ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਦੇ ਪ੍ਰਧਾਨ ਅਮਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਪਿਛਲੇ ਦਿਨੀਂ ਫੋਨ ਆਇਆ ਸੀ ਕਿ ਇੱਕ ਗਰੀਬ ਪਰਵਾਰ ਦੀ ਧੀ ਦਾ ਵਿਆਹ ਹੈ, ਜਿਸ 'ਤੇ ਕਲੱਬ ਵੱਲੋਂ ਪਰਵਾਰ ਨੂੰ ਦਸ ਹਜ਼ਾਰ ਰੁਪਏ ਦਾ ਕਰਿਆਨੇ ਦਾ ਸਾਮਾਨ ਦਿਵਾ ਕੇ ਮਦਦ ਕੀਤੀ ਗਈ।ਪ੍ਰਧਾਨ ਅਮਰਜੀਤ ਸਿੰਘ ਨੇ ਕਿਹਾ ਕਿ ਲੋੜਵੰਦਾਂ ਪਰਵਾਰਾਂ ਦੀ ਮਦਦ ਕਰਨਾ ਸਭ ਤੋਂ ਵੱਡਾ ਪੁੰਨ ਹੈ।ਕਲੱਬ ਵੱਲੋਂ ਇਹ ਨਿਰੰਤਰ ਸੇਵਾਵਾਂ ਲਗਾਤਾਰ ਜਾਰੀ ਹਨ।ਜਿਹੜੇ ਇਲਾਕੇ ਹੜ੍ਹਾਂ ਦੀ ਮਾਰ ਝੱਲ ਰਹੇ ਹਨ, ਉੱਥੇ ਵੀ ਕਲੱਬ ਵੱਲੋਂ ਲੋੜੀਂਦਾ ਸਾਮਾਨ, ਰਾਸ਼ਨ ਤੇ ਦਵਾਈਆਂ ਭੇਜੀਆਂ ਜਾ ਰਹੀਆਂ ਹਨ।ਉਨ੍ਹਾ ਕਿਹਾ ਕਿ ਜੇਕਰ ਕਿਸੇ ਗਰੀਬ ਪਰਵਾਰ ਦੀ ਲੜਕੀ ਦਾ ਵਿਆਹ ਹੋਵੇ, ਤਾਂ ਉਹ ਪਰਵਾਰ ਜਾਗਦੇ ਰਹੋ ਕਲੱਬ ਨਾਲ ਸੰਪਰਕ ਕਰਨ ਤਾਂ ਜੋ ਉਨ੍ਹਾਂ ਦੀ ਤੁਰੰਤ ਮਦਦ ਕੀਤੀ ਜਾ ਸਕੇ।ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਗੁਰਵਿੰਦਰ ਸਿੰਘ ਖਾਂਸਿਆ, ਲੜਕੀ ਦੇ ਪਿਤਾ ਨੰਦ ਲਾਲ, ਮਾਤਾ ਨਿਰਮਲਾ, ਸੰਜੂ, ਸੁਨੀਲ, ਵਿਜੇ, ਕਰਮਵੀਰ ਸਿੰਘ ਰਾਣਾ, ਹਰਕ੍ਰਿਸ਼ਨ ਸਿੰਘ ਸੁਰਜੀਤ, ਰਣਜੀਤ ਕੌਰ ਪਾਰਕ ਹਸਪਤਾਲ ਤੇ ਸੁਖਵਿੰਦਰ ਸਿੰਘ ਬਰਨਾਲਾ ਹਾਜ਼ਰ ਸਨ।

# ਅਗਰਵਾਲ ਧਰਮਸ਼ਾਲਾ ਕਮੇਟੀ ਵੱਲੋਂ ਵਾਮਨ ਦੁਆਦਸ਼ੀ ਮੌਕੇ ਸਮਾਗਮ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸ੍ਰੀ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਮਦਨ ਮਿੱਤਲ ਤੇ ਸਮੂਹ ਮੈਂਬਰਾਂ ਦੀ ਅਗਵਾਈ 'ਚ ਸ੍ਰੀ ਵਾਮਨ ਦੁਆਦਸ਼ੀ ਦਾ ਪਵਿੱਤਰ ਤਿਉਹਾਰ ਮਨਾਇਆ ਗਿਆ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਵਿਸ਼ੇਸ਼ ਮਹਿਮਾਨ ਵਜੋਂ ਜੀ ਐੱਮ ਸਪਿਨਫੈਬ ਦੇ ਕ੍ਰਿਸ਼ਨ ਕੁਮਾਰ ਗੋਇਲ (ਬਸਹਿਰੇ ਵਾਲੇ) ਪਟਿਆਲਾ, ਕੋਟਸਪਿਨ ਸਮਾਣਾ ਦੇ ਸ੍ਰੀ ਸੋਹਨ ਲਾਲ (ਬੰਗਾ ਵਾਲੇ) ਤੇ ਮਿੱਤਲ ਹਾਰਡਵੇਅਰ ਪੇਂਟ ਸਟੋਰ ਦੇ ਪ੍ਰਵੀਨ ਮਿੱਤਲ ਨੇ ਸ਼ਿਰਕਤ ਕੀਤੀ।ਇਨ੍ਹਾਂ ਸਾਂਝੇ ਤੌਰ 'ਤੇ ਜਯੋਤੀ ਪ੍ਰਚੰਡ ਕਰਕੇ ਸਮਾਗਮ ਦੀ ਆਰੰਭਤਾ ਕੀਤੀ।ਇਸ ਮੌਕੇ ਉਨ੍ਹਾਂ ਨਾਲ ਪ੍ਰਧਾਨ ਮਦਨ ਮਿੱਤਲ ਤੋਂ ਇਲਾਵਾ ਸਮੂਹ ਮੈਂਬਰ ਵੀ ਸ਼ਾਮਲ ਸਨ।ਇਸ ਮੌਕੇ ਬੁਲਾਰਿਆਂ ਨੇ ਭਗਵਾਨ ਵਾਮਨ ਜੀ ਦੇ ਜੀਵਨ ਸੰਬਧੀ ਵਿਸਥਾਰ ਪੂਰਵਕ ਜਾਣੂ ਕਰਵਾਇਆ।ਸਮਾਗਮ ਵਿੱਚ ਸ਼ਾਮਲ ਹੋਏ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਝਾਕੀਆਂ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾਂ ਦਾ ਖੂਬ ਮੰਨੋਰਜਨ ਕੀਤਾ।ਸਮਾਗਮ ਦੌਰਾਨ ਸ਼ਾਮਲ ਪ੍ਰਮੁੱਖ ਸ਼ਖਸੀਅਤਾਂ, ਸਮਾਜ ਸੇਵੀ ਸੰਸਥਾਵਾਂ ਤੋਂ ਇਲਾਵਾ ਰੰਗਾਰੰਗ ਪ੍ਰੋਗਰਾਮ ਪੇਸ਼ ਕਰਨ ਵਾਲੇ ਬੱਚਿਆਂ ਦਾ ਸਨਮਾਨ ਵੀ ਕਮੇਟੀ ਵੱਲੋਂ ਕੀਤਾ ਗਿਆ।ਇਸ ਮੌਕੇ ਲਾਇਨ ਕਲੱਬ ਰੋਇਲ ਪ੍ਰਧਾਨ ਜੀਵਨ ਗਰਗ, ਰੋਟਰੀ ਕਲੱਬ ਪ੍ਰਧਾਨ ਅਰੁਣ ਬਾਂਸਲ, ਭਾਰਤ ਵਿਕਾਸ ਪ੍ਰੀਸ਼ਦ ਪ੍ਰਧਾਨ ਰਜਿੰਦਰ ਗੁਪਤਾ (ਹੈਪੀ) ਬ੍ਰਾਹਮਣ ਸਭਾ ਪ੍ਰਧਾਨ ਧਰਮਪਾਲ ਜੋਸ਼ੀ, ਲੈਕਚਰਾਰ ਸੁਸ਼ੀਲ ਸ਼ਰਮਾ, ਪ੍ਰਦੀਪ ਮਿੰਕਾ, ਬੀ. ਕੇ. ਗੁਪਤਾ, ਸੰਦੀਪ ਲੱਕੀ, ਲਵ ਗੋਇਲ, ਵਿਕਾਸ ਸਿੰਗਲਾ, ਪ੍ਰਿੰਸੀਪਲ ਅਨਿਰੁਧ ਗਰਗ, ਪ੍ਰਿੰਸੀਪਲ ਸੁਨੀਤਾ ਰਾਣੀ, ਰਮਨ ਮਹਿੰਦਰਾ ਮੌਜੂਦ ਸਨ।ਸਮਾਗਮ ਦੌਰਾਨ ਜਿੱਥੇ ਸਟੇਜ ਦੀ ਭੂਮਿਕਾ ਸ਼ਸ਼ੀ ਭੂਸ਼ਣ ਸਿੰਗਲਾ ਤੇ ਪ੍ਰਿੰਸੀਪਲ ਭੂਸ਼ਣ ਮਿੱਤਲ ਨੇ ਬਾਖੂਬੀ ਨਿਭਾਈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਪਖੋਵਾਲ ਦੀ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਗੁਰਦੇਵ ਸਿੰਘ ਨਾਰੰਗਵਾਲ ਦੀ ਪ੍ਰਧਾਨਗੀ ਹੇਠ ਪਿੰਡ ਨਾਰੰਗਵਾਲ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿਸ 'ਚ 14 ਸਤੰਬਰ ਦੀ ਬਰਨਾਲਾ ਵਿਖੇ ਰੈਲੀ 'ਚ ਜਾਣ ਦੀ ਤਿਆਰੀ ਲਈ ਪਿੰਡਾਂ 'ਚ ਮੀਟਿੰਗਾਂ ਕਰਾਉਣ ਲਈ ਵਿਊਂਤਬੰਦੀ ਬਣਾਈ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਕਿਹਾ ਕਿ ਸਰਕਾਰਾਂ ਕਾਰਪੋਰੇਟਾਂ ਦੀਆਂ ਹੱਥਠੋਕਾ ਬਣੀਆਂ ਹੋਈਆ ਹਨ। ਇਹ ਲੋਕ ਮਾਰੂ ਨੀਤੀਆਂ ਬਣਾਉਣ ਦੇ ਰਾਹ ਤੁਰ ਰਹੀਆਂ ਹਨ। ਇਹ ਲੋਕਾਂ ਦੇ ਹੱਕਾਂ 'ਤੇ ਡਾਕਾ ਮਾਰਨ ਲਈ ਭਾਰਤ ਮਾਲਾ ਪ੍ਰੋਜੈਕਟ, ਲੈਂਡ ਪੂਲਿੰਗ, ਮੰਡੀਆਂ ਖਤਮ ਕਰਨ ਵਰਗੀਆਂ ਨੀਤੀਆਂ ਲਿਆ ਰਹੀਆਂ ਹਨ। ਆਗੂਆਂ ਕਿਹਾ ਕਿ ਆਪਣੇ ਹੱਕਾਂ ਦੀ ਰਾਖੀ ਕਰਨੀ ਹੈ ਤਾਂ ਇਕੋ-ਇਕ ਰਾਹ ਸ਼ੰਘਰਸ਼ਾ ਤੇ ਟੇਕ ਰੱਖਣੀ ਹੈ ਤੇ ਸ਼ੰਘਰਸ਼ਾ ਦਾ ਦਾਇਰੇ ਨੂੰ ਹੋਰ ਵਿਸ਼ਾਲ ਕਰਨ ਦੀ ਲੋੜ ਹੈ। ਮੀਟਿੰਗ ਨੂੰ ਚਰਨਜੀਤ ਸਿੰਘ ਫੱਲੇਵਾਲ, ਸੁਦਾਗਰ ਸਿੰਘ ਘੁਡਾਣੀ, ਰਾਜਿੰਦਰ ਸਿੰਘ ਸਿਆੜ੍ਹ ਖਜ਼ਾਨਚੀ ਤੇ ਨਾਜਰ ਸਿੰਘ ਸਿਆੜ ਨੇ ਸੰਬੋਧਨ ਕੀਤਾ ਤੇ ਜਗਵਿੰਦਰ ਸਿੰਘ ਹਿਮਾਯਪੁਰ, ਰਾਜਵਿੰਦਰ ਸਿੰਘ ਫੱਲੇਵਾਲ, ਦਰਸ਼ਨ ਸਿੰਘ ਨਾਰੰਗਵਾਲ, ਰਣਜੀਤ ਸਿੰਘ ਗੁੱਜਰਵਾਲ, ਗੁਰਮੇਲ ਸਿੰਘ ਨੰਗਲ ਖੁਰਦ, ਰਛਪਾਲ ਸਿੰਘ ਮਨਸੂਰਾਂ, ਬੂਟਾ ਸਿੰਘ ਧੂਰਕੋਟ ਤੇ ਹਰਨੇਕ ਸਿੰਘ ਵੀ ਸ਼ਾਮਲ ਸਨ।

# ਰਾਜਪੁਰਾ ਮੰਡੀ 'ਚ ਬਾਸਮਤੀ ਦੀ ਆਮਦ ਸ਼ੁਰੂ



**ਰਾਜਪੁਰਾ (ਰਮੇਸ਼ ਕਟਾਰੀਆ)**-ਝੋਨੇ ਸੀਜ਼ਨ ਦੌਰਾਨ ਬਾਸਪਤੀ ਦੀ ਰਾਜਪੁਰਾ ਮੰਡੀ ਵਿੱਚ ਆਮਦ ਸ਼ੁਰੂ ਹੋ ਗਈ ਹੈ। ਇਹ ਜਾਣਕਾਰੀ ਦਿੰਦਿਆਂ ਮੰਡੀ ਦੇ ਪ੍ਰਧਾਨ ਦਵਿੰਦਰ ਸਿੰਘ ਵੈਦਵਾਨ ਨੇ ਕਿਹਾ ਕਿ ਦੁਕਾਨ ਨੰਬਰ 24 ਗੋਬਿੰਦ ਰਾਮ ਬਿਕਰਮ ਰਾਮ ਆੜ੍ਹਤੀ ਦੀ ਦੁਕਾਨ 'ਤੇ ਜ਼ਿਮੀਂਦਾਰ ਬਲਕਾਰ ਸਿੰਘ ਦੀ ਬੋਲੀ 'ਤੇ 3200 ਰੁਪਏ ਪ੍ਰਤੀ ਕੁਇੰਟਲ ਜ਼ੀਰੀ ਵਿਕੀ।

# ਹੈਲਿਕਸ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਰਚਿਆ ਇਤਿਹਾਸ



**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)**-ਦ ਹੈਲਿਕਸ ਆਕਸਫੋਰਡ ਸਮਾਰਟ ਸਕੂਲ ਦੇ ਵਿਦਿਆਰਥੀਆਂ ਨੇ ਜਜ਼ਬੇ ਤੇ ਮਿਹਨਤ ਨਾਲ ਜ਼ਿਲ੍ਹਾ ਪੱਧਰ ਦੇ ਖੇਡ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੀ ਕਾਬਲੀਅਤ ਸਾਬਤ ਕੀਤੀ।ਵਿਦਿਆਰਥੀਆਂ ਨੇ ਸਕੂਲ ਤੇ ਪਾਤੜਾਂ ਸ਼ਹਿਰ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਪ੍ਰਿੰਸੀਪਲ ਅਮਨਜੋਤ ਕੌਰ ਹਰੀਕਾ ਨੇ ਦੱਸਿਆ ਹੈ ਕਿ ਲਾਅਨ ਟੈਨਿਸ ਅੰਡਰ-14 ਸ਼੍ਰੇਣੀ 'ਚੋਂ ਮੁੰਡੇ ਅਤੇ ਕੁੜੀਆਂ ਨੇ ਗੋਲਡ ਮੈਡਲ, ਵਾਲੀਬਾਲ ਅੰਡਰ-17 ਤੇ ਅੰਡਰ-19 ਸ਼੍ਰੇਣੀ ਵਿੱਚ ਮੁੰਡਿਆਂ ਨੇ ਗੋਲਡ ਮੈਡਲ, ਕੁੜੀਆਂ ਨੇ ਅੰਡਰ-14, ਅੰਡਰ-17 ਤੇ ਅੰਡਰ-19 ਵਿੱਚੋਂ ਤੀਜਾ ਸਥਾਨ, ਚੈੱਸ: ਅੰਡਰ-14 ਸ਼੍ਰੇਣੀ ਵਿੱਚ ਵਿਦਿਆਰਥੀਆਂ ਨੇ ਤੀਜਾ ਸਥਾਨ, ਬੈਡਮਿੰਟਨ ਅੰਡਰ-14 ਮੁੰਡਿਆਂ ਨੇ ਤੀਜਾ ਸਥਾਨ, ਅੰਡਰ-17 ਮੁੰਡਿਆਂ ਨੇ ਗੋਲਡ ਮੈਡਲ, ਅੰਡਰ-19 ਕੁੜੀਆਂ ਨੇ ਦੂਜਾ ਸਥਾਨ, ਕਰਾਟੇ ਅੰਡਰ-14, ਅੰਡਰ-17 (4 ਕੁੜੀਆਂ) ਤੇ ਅੰਡਰ-19 (6 ਕੁੜੀਆਂ) ਨੇ ਗੋਲਡ ਮੈਡਲ, ਅੰਡਰ-14, ਅੰਡਰ-17 ਤੇ ਅੰਡਰ-19 ਦੇ ਵਿਦਿਆਰਥੀਆਂ ਨੇ ਗੋਲਡ ਮੈਡਲ, ਬਾਕਸਿੰਗ ਅਤੇ ਕਿੱਕ ਬਾਕਸਿੰਗ ਅੰਡਰ-19 ਵਿਚੋਂ ਕੁੜੀਆਂ ਨੇ ਦੋਹਾਂ ਖੇਡਾਂ 'ਚੋਂ ਗੋਲਡ ਮੈਡਲ, ਕ੍ਰਿਕਟ ਅੰਡਰ-14, ਅੰਡਰ-17 ਤੇ ਅੰਡਰ-19 ਸ਼੍ਰੇਣੀ ਵਿਚੋਂ ਚੌਥਾ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਕਿਹਾ ਕਿ ਦਾ ਹੈਲਿਕਸ ਆਕਸਫੋਰਡ ਸਮਾਰਟ ਸਕੂਲ ਸਿਰਫ਼ ਪੜ੍ਹਾਈ ਹੀ ਨਹੀਂ, ਸਗੋਂ ਖੇਡਾਂ 'ਚ ਵੀ ਸ਼ਕਤੀਸ਼ਾਲੀ ਕੇਂਦਰ ਹੈ।ਇਨ੍ਹਾਂ ਜਿੱਤਾਂ ਨੇ ਸਕੂਲ ਨੂੰ ਪੂਰੇ ਖੇਤਰ ਵਿੱਚ ਇਕ ਅਨੋਖੀ ਪਛਾਣ ਦਿੰਦੀ ਹੈ।

# ਬਠਿੰਡਾ-ਦਿੱਲੀ-ਬਠਿੰਡਾ ਰੋਜ਼ਾਨਾ ਫਲਾਈਟ ਮੁੜ ਸ਼ੁਰੂ ਕੀਤੀ ਜਾਵੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਹਰਸਿਮਰਤ ਕੌਰ ਬਾਦਲ ਨੇ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਅਪੀਲ ਕੀਤੀ ਹੈ ਕਿ ਬਠਿੰਡਾ-ਦਿੱਲੀ-ਬਠਿੰਡਾ ਰੋਜ਼ਾਨਾ ਫਲਾਈਟ ਮੁੜ ਸ਼ੁਰੂ ਕੀਤੀ ਜਾਵੇ ਤਾਂ ਜੁ ਸ਼ਹਿਰ ਤੇ ਇਸਦੇ ਆਲੇ-ਦੁਆਲੇ ਦੇ ਇਲਾਕੇ ਦੇ ਲੋਕਾਂ ਨੂੰ ਸਹੂਲਤ ਮਿਲ ਸਕੇ। ਏਅਰਪੋਰਟ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ 'ਚ ਸ਼ਮੂਲੀਅਤ ਕਰਦਿਆਂ ਸਰਦਾਰਨੀ ਬਾਦਲ ਨੇ ਕਿਹਾ ਕਿ ਬਠਿੰਡਾ ਵਿਚ ਕਈ ਅਹਿਮ ਕੇਂਦਰ ਸਰਕਾਰ ਦੇ ਅਦਾਰੇ, ਮਿਲਟਰੀ ਸਟੇਸ਼ਨ ਤੇ ਥਰਮਲ ਪਲਾਂਟ ਹਨ।ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿਚ ਵਪਾਰੀ ਕੌਮੀ ਰਾਜਧਾਨੀ ਤੱਕ ਸੌਖੀ ਤੇ ਆਰਾਮਦਾਇਕ ਪਹੁੰਚ ਚਾਹੁੰਦੇ ਹਨ ਤੇ ਉਹ ਚਾਹੁੰਦੇ ਹਨ ਕਿ ਦੋਵਾਂ ਸ਼ਹਿਰਾਂ ਵਿਚਾਲੇ ਫਲਾਈਟ ਮੁੜ ਤੋਂ ਸ਼ੁਰੂ ਕੀਤੀ ਜਾਵੇ, ਜਿਸਦਾ ਸਭ ਨੂੰ ਲਾਭ ਹੋਵੇਗਾ।ਸਰਦਾਰਨੀ ਬਾਦਲ ਨੇ ਮੰਗ ਕੀਤੀ ਕਿ ਬਠਿੰਡਾ ਤੋਂ ਇੰਡੀਗੋ ਦੀ ਫਲਾਈਟ ਮੁੜ ਸ਼ੁਰੂ ਕਰਨ ਦੇ ਨਾਲ-ਨਾਲ ਬਠਿੰਡਾ ਨੂੰ ਜੰਮੂ ਨਾਲ ਜੋੜਨ ਵਾਲੀ ਫਲਾਈਟ ਵੀ ਸ਼ੁਰੂ ਕੀਤੀ ਜਾਵੇ।ਉਨ੍ਹਾਂ ਮੰਗ ਕੀਤੀ ਕਿ ਬਠਿੰਡਾ ਏਅਰਪੋਰਟ ਨੂੰ ਜਾਂਦੀ ਸੜਕ ਚੌੜੀ ਕੀਤੀ ਜਾਵੇ ਤੇ ਬਠਿੰਡਾ ਸ਼ਹਿਰ ਤੋਂ ਹਵਾਈ ਅੱਡੇ ਤੱਕ ਲੋਕਲ ਟਰਾਂਸਪੋਰਟ ਸਹੂਲਤ ਪ੍ਰਦਾਨ ਕੀਤੀ ਜਾਵੇ।

# ਪੱਤਰਕਾਰ ਧਾਂਦਰਾ ਨੂੰ ਸਦਮਾ, ਮਾਮੇ ਦੇ ਪੁੱਤ ਦੀ ਮੌਤ



**ਧੂਰੀ (ਸੁਖਦੇਵ ਧੂਰੀ)**-ਪੰਜਾਬ ਜਰਨਲਿਜ਼ਮ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ ਦੇ ਪਰਵਾਰ ਵਿੱਚ ਸੋਗ ਦੀ ਲਹਿਰ ਛਾਅ ਗਈ, ਜਦੋਂ ਉਨ੍ਹਾਂ ਦੇ ਮਾਮਾ ਜੀ ਦੇ ਪੁੱਤਰ ਨੰਬਰਦਾਰ ਬਲਜਿੰਦਰ ਸਿੰਘ ਢਿੱਲੋਂ ਦੀ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ।ਇਸ ਅਚਾਨਕ ਘਟਨਾ ਨਾਲ ਢਿੱਲੋਂ ਤੇ ਧਾਂਦਰਾ ਪਰਵਾਰ ਵਿੱਚ ਸੋਗ ਦੀ ਲਹਿਰ ਛਾ ਗਈ।ਪੱਤਰਕਾਰ ਐਸੋਸੀਏਸ਼ਨ ਦੇ ਸਾਰੇ ਮੈਂਬਰਾਂ ਨੇ ਦੁੱਖ ਪ੍ਰਗਟਾਇਆ ਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਸਮੇਤ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਵੀ ਪਰਵਾਰ ਨਾਲ ਗਹਿਰਾ ਦੁੱਖ ਸਾਂਝਾ ਕੀਤਾ।

# ਰਾਮਬਾਗ ਦੇ ਨਵੀਨੀਕਰਨ ਦਾ ਐਨ.ਆਰ.ਆਈ ਦੁੱਲਟ ਨੇ ਚੁੱਕਿਆ ਜ਼ਿੰਮਾ

**ਲੌਂਗੋਵਾਲ (ਪ੍ਰਦੀਪ ਸੱਪਲ)**



ਪਿਛਲੇ ਕਈ ਦਿਨਾਂ ਤੋਂ ਹੋ ਰਹੀ ਭਾਰੀ ਬਰਸਾਤ ਕਾਰਨ ਜਿੱਥੇ ਪੰਜਾਬ ਅੰਦਰ ਲੋਕਾਂ ਦਾ ਬਹੁਤ ਨੁਕਸਾਨ ਹੋ ਰਿਹਾ ਹੈ ਤੇ ਚਾਰੇ ਪਾਸੇ ਹੜ੍ਹ ਆਏ ਹੋਏ ਹਨ।ਫ਼ਸਲਾਂ ਦੀ ਬਰਬਾਦੀ ਤੇ ਘਰਾਂ ਅੰਦਰ ਪਾਣੀ ਦੀ ਆਮਦ ਨੇ ਲੋਕਾਂ ਨੂੰ ਪ੍ਰੇਸ਼ਾਨ ਕੀਤਾ ਹੋਇਆ ਹੈ, ਉਥੇ ਕਸਬੇ ਦੇ ਲੋਕ ਘਰਾਂ ਵਿੱਚ ਪਾਣੀ ਕਾਰਨ ਪ੍ਰੇਸ਼ਾਨ ਹਨ ਅਤੇ ਨਾਲ ਹੀ ਰਾਮਬਾਗ ਵੀ ਇਸਦੀ ਮਾਰ ਤੋਂ ਨਹੀਂ ਬਚ ਸਕਿਆ।ਲਗਾਤਾਰ ਹੋਈ ਬਾਰਸ਼ ਕਾਰਨ ਪਾਣੀ ਨੇ ਪੂਰੇ ਰਾਮਬਾਗ ਨੂੰ ਆਪਣੇ ਕਲਾਵੇ 'ਚ ਲੈ ਲਿਆ ਤੇ ਬੀਤੇ ਦਿਨੀਂ ਕਸਬੇ ਚ ਹੋਈਆਂ ਮੌਤਾਂ ਕਾਰਨ ਅੰਤਮ ਰਸਮਾਂ ਮੌਕੇ ਪਬਲਿਕ ਨੂੰ ਰਸਮਾਂ ਨਿਭਾਉਣ ਵਿੱਚ ਜਿੱਥੇ ਪ੍ਰੇਸ਼ਾਨੀ ਹੋਈ, ਉਥੇ ਹੀ ਪਾਣੀ ਜ਼ਿਆਦਾ ਹੋਣ ਕਾਰਨ ਸਮੁੱਚੇ ਅੰਗੀਠੇ ਦੀ ਰਾਖ ਆਦਿਕ ਪਾਣੀ 'ਚ ਵਹਿਣ ਦੀ ਵੀ ਖ਼ਬਰ ਮਿਲੀ ਹੈ, ਜਿਸਦੀ ਕਸਬੇ ਅੰਦਰ ਬਹੁਤ ਚਰਚਾ ਹੋਈ।

ਇਸ ਗੱਲ ਨੂੰ ਮੁੱਖ ਰੱਖਦਿਆਂ ਕਸਬੇ ਦੇ ਨਾਮਵਰ ਪਰਵਾਰ 'ਚੋਂ ਸਮਾਜ ਸੇਵੀ ਨੌਜਵਾਨ ਬਲਵੰਤ ਸਿੰਘ ਦੁਲਟ ਐਨ.ਆਰ.ਆਈ ਨੇ ਰਾਮਬਾਗ ਦੇ ਨਵੀਨੀਕਰਨ ਦਾ ਜ਼ਿੰਮਾ ਆਪਣੇ ਸਿਰ ਲੈਣ ਦਾ ਐਲਾਨ ਕੀਤਾ ਹੈ।ਬਲਵੰਤ ਸਿੰਘ ਦੁੱਲਟ ਨੇ ਦੱਸਿਆ ਕਿ ਇਸ ਘਟਨਾ ਕਾਰਨ ਉਨ੍ਹਾਂ ਦੇ ਮਨ ਨੂੰ ਬਹੁਤ ਠੇਸ ਪਹੁੰਚੀ ਹੈ ਤੇ ਆਪਣੇ ਸੱਜਣਾਂ ਮਿੱਤਰਾਂ ਨਾਲ ਇਸ ਕਾਰਜ ਸਬੰਧੀ ਸਲਾਹ ਕਰ ਲਈ ਹੈ ਤੇ ਜਲਦ ਹੀ ਕਾਰਜ ਦੀ ਆਰੰਭਤਾ ਕੀਤੀ ਜਾਵੇਗੀ।


**punjab national bank** ...Together for the better

ARMB - JALANDHAR
Company Bagh, Civil Lines, Jalandhar (144001)
Phone : 0181-4697613, email : cs8249@pnb.co.in

ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

**ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਅਚੱਲ ਜਾਇਦਾਦਾਂ ਜਿਨ੍ਹਾਂ ਦਾ ਬੈਂਕ ਦੇ ਅਧਿਕਾਰਤ ਅਫਸਰ/ਸਕਿਉਰਡ ਕ੍ਰੈਡਿਟਰ ਵੱਲੋਂ ਰਚਨਾਤਕਮਕ/ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ, ਸੰਬੰਧਤ ਕਰਜ਼ਦਾਰਾਂ ਅਤੇ ਗਰੰਟਰਾਂ ਕੋਲੋਂ ਬੈਂਕ/ਸਕਿਉਰਡ ਕ੍ਰੈਡਿਟਰ ਦੀ ਬਕਾਇਆ ਰਕਮ ਵਸੂਲਣ ਲਈ, ਹੇਠਾਂ ਦਰਸਾਈ ਸਾਰਣੀ 'ਚ ਦਰਸਾਈ ਮਿਤੀ 'ਤੇ "ਜਿਵੇਂ ਹੈ ਜਿਥੇ ਹੈ", "ਜੋ ਹੈ ਜਿਵੇਂ ਹੈ" ਅਤੇ "ਉਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਡਿਪਾਜ਼ਟ ਸੰਬੰਧਤ ਜਾਇਦਾਦਾਂ ਵਿਰੁੱਧ ਹੇਠਾਂ ਦਰਸਾਈ ਸਾਰਣੀ ਅਨੁਸਾਰ ਹੋਵੇਗੀ।

| ਲੌਟ ਨੰਬਰ | ਬਰਾਂਚ ਦਾ ਨਾਂਅ / ਨਿਲਾਮੀ ਦਾ ਹਵਾਲਾ ਨੰਬਰ / ਖਾਤੇ ਦਾ ਨਾਂਅ / ਕਰਜ਼ਦਾਰ/ਗਰੰਟਰ ਦੇ ਖਾਤੇ ਦਾ ਨਾਂਅ ਅਤੇ ਪਤਾ | ਰਹਿਣ ਕੀਤੀਆਂ ਅਚੱਲ ਜਾਇਦਾਦਾਂ ਦਾ ਵੇਰਵਾ/ਮਾਲਕ ਦਾ ਨਾਂਅ (ਜਾਇਦਾਦਾਂ ਦਾ ਰਹਿਣਕਾਰ) | (ਏ) ਸਰਫੇਸੀ ਐਕਟ 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ ਦੀ ਮਿਤੀ (ਬੀ) ਬਕਾਇਆ ਰਕਮ (ਸੀ) ਸਰਫੇਸੀ ਐਕਟ 2002 ਦੇ ਸੈਕਸ਼ਨ 13(4) ਅਧੀਨ ਕਬਜ਼ੇ ਦੀ ਮਿਤੀ (ਡੀ) ਕਬਜ਼ੇ ਦੀ ਕਿਸਮ ਸੰਕੇਤਕ, ਭੌਤਿਕ, ਰਚਨਾਤਮਕ | (ਏ) ਰਾਖਵੀਂ ਕੀਮਤ (ਰੁ: ਲੱਖਾਂ 'ਚ) (ਬੀ) ਈ ਐੱਮ ਡੀ (ਸੀ) ਬੋਲੀ ਵਾਧਾ ਰਕਮ | (ਈ)-ਨਿਲਾਮੀ ਦੀ ਮਿਤੀ/ਸਮਾਂ | ਸਕਿਉਰਡ ਕ੍ਰੈਡਿਟਰਜ਼ ਦੀ ਜਾਣਕਾਰੀ 'ਚ ਜੋਖਮਾਂ ਦੇ ਵੇਰਵੇ |
|---|---|---|---|---|---|---|
| 1. | PNB-495100-JAL, URBAN ESTATE PH-II / PUNB4951GOKULT, PUNB4951GOKULT1 / ਗੋਕੁਲ ਟਰੇਡਰਜ਼, ਡਬਲਯੂ ਬੀ-59 ਮੁਹੱਲਾ ਖਜ਼ੂਰਾ, ਬਾਜ਼ਾਰ ਸ਼ੇਖਾਂ, ਜਲੰਧਰ (ਕਰਜ਼ਦਾਰ) ਸ੍ਰੀ ਹਰਸ਼ਲ ਅਰੋੜਾ ਪੁੱਤਰ ਸ੍ਰੀ ਅਸ਼ਵਨੀ ਅਰੋੜਾ ਡਬਲਯੂ ਬੀ-59, ਮੁਹੱਲਾ ਖਜ਼ੂਰਾ, ਬਜ਼ਾਰ ਸ਼ੇਖਾਂ, ਜਲੰਧਰ-144001 | 1. ਪਲਾਟ ਨੰਬਰ 43, ਗੋਲਡਨ ਸਿਟੀ, ਸਰਕਾਰੀ ਪ੍ਰਾਇਮਰੀ ਸਕੂਲ ਅਲੀਪੁਰ ਦੇ ਨੇੜੇ, ਖਸਰਾ ਨੰਬਰ 15//8 ਵਿਖੇ ਸਥਿਤ 9.73 ਮਰਲੇ (207 ਵਰਗ ਫੁੱਟ ਦਾ 1 ਮਰਲਾ) ਰਿਹਾਇਸ਼ੀ ਜ਼ਮੀਨ ਦਾ ਈ.ਐਮ., ਸ੍ਰੀ ਹਰਸ਼ਲ ਅਰੋੜਾ ਪੁੱਤਰ ਸ੍ਰੀ ਅਸ਼ਵਨੀ ਅਰੋੜਾ ਦੀ ਮਲਕੀਅਤ, ਟਾਈਟਲ ਡੀਡ ਨੰਬਰ 2019-20/186/1/1948 ਮਿਤੀ 14.05.2019 ਦੁਆਰਾ। | (ਏ) 11-11-2019 (ਬੀ) ਰੁਪਏ 60,80,297.14/- +01.11.2019 ਤੋਂ ਭਵਿੱਖੀ ਵਿਆਜ ਅਤੇ ਮੁਕੰਮਲ ਅਦਾਇਗੀ ਤੱਕ ਲਾਗਤ ਅਤੇ ਚਾਰਜ਼ਿਜ਼ (ਸੀ) 19-01-2022 (ਡੀ) ਭੌਤਿਕ ਕਬਜ਼ਾ | Rs. 13,23,000/- Rs. 1,32,300/- Rs. 50,000/- | 25.09.2025 at 11:00 am to 4:00 pm | ਜਾਣਕਾਰੀ ਨਹੀਂ |
| | | 2. ਪਲਾਟ ਨੰਬਰ 44, ਗੋਲਡਨ ਸਿਟੀ, ਸਰਕਾਰੀ ਪ੍ਰਾਇਮਰੀ ਸਕੂਲ ਦੇ ਨੇੜੇ, ਅਲੀਪੁਰ, ਖਸਰਾ ਨੰਬਰ 15//8 ਵਿਖੇ ਸਥਿਤ 9.73 ਮਰਲੇ (207 ਵਰਗ ਫੁੱਟ ਦਾ 1 ਮਰਲਾ) ਰਿਹਾਇਸ਼ੀ ਜ਼ਮੀਨ ਦਾ ਈ ਐੱਮ, ਸ੍ਰੀ ਹਰਸ਼ਲ ਅਰੋੜਾ ਪੁੱਤਰ ਸ੍ਰੀ ਅਸ਼ਵਨੀ ਅਰੋੜਾ ਦੀ ਮਲਕੀਅਤ, ਟਾਈਟਲ ਡੀਡ ਨੰਬਰ 2019-20/186/1/1949 ਮਿਤੀ 14.05.2019 ਰਾਹੀਂ। | (ਏ) 11-11-2019 (ਬੀ) ਰੁਪਏ 60,80,297.14/- +01-11.2019 ਤੋਂ ਭਵਿੱਖੀ ਵਿਆਜ ਅਤੇ ਮੁਕੰਮਲ ਅਦਾਇਗੀ ਤੱਕ ਲਾਗਤ ਅਤੇ ਚਾਰਜ਼ਿਜ਼ (ਸੀ) 19-01-2022 (ਡੀ) ਭੌਤਿਕ ਕਬਜ਼ਾ | Rs. 13,23,000/- Rs. 1,32,300/- Rs. 50,000/- | 25.09.2025 at 11:00 am to 4:00 pm | ਜਾਣਕਾਰੀ ਨਹੀਂ |
| 2. | PNB-299900-JALANDHAR, IBB / PUNB299900RK4, PUNB299900RK5, PUNB299900RK1 / ਮੈਸਰਜ਼ ਆਰ.ਕੇ. ਫਾਰਮਾਸਿਊਟੀਕਲਜ਼ (ਪ੍ਰੋਪ. ਸ੍ਰੀ ਰਾਕੇਸ਼ ਸ਼ਰਮਾ ਐੱਚ ਯੂ ਐੱਫ), ਨੇੜੇ ਜਲੰਧਰ ਪੈਲੇਸ, ਬਸਤੀ ਬਾਵਾ ਖੇਲ, ਕਪੂਰਥਲਾ ਰੋਡ, ਜਲੰਧਰ-144021 ਸ੍ਰੀ ਰਾਕੇਸ਼ ਸ਼ਰਮਾ ਪੁੱਤਰ ਸ੍ਰੀ ਵਜ਼ੀਰ ਚੰਦ ਸ੍ਰੀ ਪੰਕਜ ਸ਼ਰਮਾ ਪੁੱਤਰ ਸ੍ਰੀ ਰਾਕੇਸ਼ ਸ਼ਰਮਾ ਸ੍ਰੀ ਵਿਜੇ ਭਾਰਤ ਪੁੱਤਰ ਸ੍ਰੀ ਵਜ਼ੀਰ ਚੰਦ ਸ੍ਰੀਮਤੀ ਅਰੁਣਾ ਸ਼ਰਮਾ ਪਤਨੀ ਸ੍ਰੀ ਰਾਕੇਸ਼ ਸ਼ਰਮਾ (ਗਰੰਟਰ/ਰਹਿਣਕਾਰ) ਪਤਾ : 96 ਸ਼ਹੀਦ ਊਧਮ ਸਿੰਘ ਨਗਰ ਜਲੰਧਰ-144001 ਮੈਸਰਜ਼ ਪ੍ਰਿਆ ਰਬੜ ਐਂਡ ਪਲਾਸਟਿਕ ਇੰਡਸਟਰੀ, ਨੇੜੇ ਜਲੰਧਰ ਪੈਲੇਸ, ਬਸਤੀ ਬਾਵਾ ਖੇਲ, ਕਪੂਰਥਲਾ ਰੋਡ, ਜਲੰਧਰ-144021 | 1. 19 ਮਰਲੇ (1ਮਰਲਾ=272 ਵਰਗ ਫੁੱਟ) ਦੇ ਪਲਾਟ ਦਾ ਬਰਾਬਰ ਗਿਰਵੀਨਾਮਾ ਜੋ ਕਿ ਜਲੰਧਰ ਦੇ ਅਬਾਦੀ ਬਸਤੀ ਬਾਵਾ ਖੇਲ ਵਿਖੇ ਸਥਿਤ ਹੈ, ਜਿਸ ਵਿੱਚ ਖੇਵਟ ਨੰ. 627, ਖਤੌਨੀ ਨੰ. 670, ਖਸਰਾ ਨੰ. 40//5/2 ਰਜਿਸਟਰਡ ਟਾਈਟਲ ਡੀਡ ਨੰ. 5673 ਮਿਤੀ 01.12.2008 ਦੁਆਰਾ ਸ਼ਾਮਲ ਹੈ। ਮਾਲਕੀ: ਸ੍ਰੀ ਰਾਕੇਸ਼ ਸ਼ਰਮਾ ਪੁੱਤਰ ਵਜ਼ੀਰ ਚੰਦ ਦੀ। | (ਏ) 04-03-2022 (ਬੀ) ਰੁਪਏ 19,73,25,247.19/- +05-03-2022 ਤੋਂ ਭਵਿੱਖੀ ਵਿਆਜ ਅਤੇ ਮੁਕੰਮਲ ਅਦਾਇਗੀ ਤੱਕ ਲਾਗਤ ਅਤੇ ਚਾਰਜ਼ਿਜ਼ (ਸੀ) 09-06-2022 (ਡੀ) ਭੌਤਿਕ ਕਬਜ਼ਾ | Rs. 99,40,000/- Rs. 9,94,000/- Rs.2,00,000/- | 25.09.2025 at 11:00 am to 4:00 pm | ਜਾਣਕਾਰੀ ਨਹੀਂ |
| | | 2. ਮੈਸਰਜ਼ ਪ੍ਰਿਆ ਰਬੜ ਅਤੇ ਪਲਾਸਟਿਕ ਇੰਡਸਟਰੀ (ਹੁਣ ਮੈਸਰਜ਼ ਆਰ.ਕੇ. ਫਾਰਮਾਸਿਊਟੀਕਲਜ਼ ਦੁਆਰਾ ਵਪਾਰਕ ਗਤੀਵਿਧੀਆਂ ਲਈ ਵਰਤੀ ਜਾ ਰਹੀ ਹੈ) ਦੀ ਫੈਕਟਰੀ ਜ਼ਮੀਨ ਅਤੇ ਇਮਾਰਤ ਦਾ ਬਰਾਬਰ ਗਿਰਵੀਨਾਮਾ, ਜੋ ਕਿ 26 ਮਰਲੇ ਅਤੇ 190 ਵਰਗ ਫੁੱਟ ਹੈ (1 ਮਰਲਾ = 272 ਵਰਗ ਫੁੱਟ) ਜ਼ਮੀਨ 'ਤੇ ਹਦਬਸਤ ਨੰਬਰ 311, ਬਸਤੀ ਬਾਵਾ ਖੇਲ, ਜਲੰਧਰ ਵਿਖੇ ਰਜਿਸਟਰਡ ਟਾਈਟਲ ਡੀਡ ਨੰਬਰ 318 ਮਿਤੀ 12.04.1985 ਦੇ ਅਨੁਸਾਰ ਬਣਾਇਆ ਗਿਆ ਹੈ। ਮਾਲਕੀ: ਮੈਸਰਜ਼ ਪ੍ਰਿਆ ਰਬੜ ਅਤੇ ਪਲਾਸਟਿਕ ਇੰਡਸਟਰੀ ਦੀ, ਸ੍ਰੀ ਰਾਕੇਸ਼ ਕੁਮਾਰ ਸ਼ਰਮਾ (ਹਿੱਸੇਦਾਰ) ਰਾਹੀਂ। | (ਏ) 04-03-2022 (ਬੀ) ਰੁਪਏ 19,73,25,247.19/- +05-03-2022 ਤੋਂ ਭਵਿੱਖੀ ਵਿਆਜ ਅਤੇ ਮੁਕੰਮਲ ਅਦਾਇਗੀ ਤੱਕ ਲਾਗਤ ਅਤੇ ਚਾਰਜ਼ਿਜ਼ (ਸੀ) 09-06-2022 (ਡੀ) ਭੌਤਿਕ ਕਬਜ਼ਾ | Rs. 1,71,00,000/- Rs. 17,10,000/- Rs. 2,00,000/- | 25.09.2025 at 11:00 am to 4:00 pm | ਜਾਣਕਾਰੀ ਨਹੀਂ |
| | | 3. ਖਸਰਾ ਨੰਬਰ 359, 360/1 ਵਡਾਲਾ ਰੋਡ, ਸੁਖਮਨੀ ਐਨਕਲੇਵ, ਪਿੰਡ ਵਡਾਲਾ, ਨੇੜੇ ਏ ਐੱਸ ਫਾਰਮ, ਜਲੰਧਰ ਵਿੱਚ ਸਥਿਤ 22 ਮਰਲੇ 166 ਵਰਗ ਫੁੱਟ ਦੇ ਰਿਹਾਇਸ਼ੀ ਮਕਾਨ ਨੰਬਰ 10 ਦਾ ਬਰਾਬਰ ਗਿਰਵੀਨਾਮਾ, ਰਜਿਸਟਰਡ ਟਾਈਟਲ ਡੀਡ ਨੰਬਰ 2806 ਮਿਤੀ 21.07.2011 ਰਾਹੀਂ ਮਾਲਕੀ : ਸ੍ਰੀ ਰਾਕੇਸ਼ ਸ਼ਰਮਾ ਪੁੱਤਰ ਵਜ਼ੀਰ ਚੰਦ ਦੀ। | (ਏ) 04-03-2022 (ਬੀ) ਰੁਪਏ 19,73,25,247. 19/- +05-03-2022 ਤੋਂ ਭਵਿੱਖੀ ਵਿਆਜ ਅਤੇ ਮੁਕੰਮਲ ਅਦਾਇਗੀ ਤੱਕ ਲਾਗਤ ਅਤੇ ਚਾਰਜ਼ਿਜ਼ (ਸੀ) 09-06-2022 (ਡੀ) ਸੰਕੇਤਕ ਕਬਜ਼ਾ | Rs. 1,67,00,000/- Rs. 16,70,000/- Rs. 2,00,000/- | 25.09.2025 at 11:00 am to 4:00 pm | ਜਾਣਕਾਰੀ ਨਹੀਂ |
| 3. | PUNBSHAHEED3499 / BANGA DANA MANDI (349900) / ਮੈਸਰਜ਼ ਸ਼ਹੀਦ ਊਧਮ ਸਿੰਘ ਐਜੂਕੇਸ਼ਨਲ ਸੁਸਾਇਟੀ, ਰਾਹੀਂ ਇਸ ਦੇ ਚੇਅਰਮੈਨ ਸ੍ਰੀ ਰਾਜਵਿੰਦਰ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ, ਪਿੰਡ ਲਾਦੀਆਂ, ਤਹਿਸੀਲ ਬੰਗਾ, ਜ਼ਿਲ੍ਹਾ ਐੱਸ.ਬੀ.ਐੱਸ. ਨਗਰ ਅਤੇ ਪਿੰਡ ਕੰਗਰੌੜ, ਤਹਿਸੀਲ ਬੰਗਾ, ਜ਼ਿਲ੍ਹਾ ਐੱਸ ਬੀ ਐੱਸ ਨਗਰ। | 4ਕ-0ਮ ਮਾਪ ਵਾਲੀ ਜ਼ਮੀਨ ਜੋ ਕਿ 85ਕ 4ਮ ਦਾ 160/3408 ਹਿੱਸਾ ਹੈ, ਜੋ ਕਿ ਖਾਤਾ ਨੰਬਰ 239/313-314 ਵਿੱਚ, ਖਸਰਾ ਨੰਬਰ 29//7(8-0), 14(8-0), 16(8-0), 17(4-0), 25(4-0), 30//20(8-0), 21(8-0), 28//25/2(0-0), 29//5/2(5-6), 6(8-0), 15(8-0), 30//1/1(0-6), 9/2(1-5), 10(6-7), 11(8-0), ਜਮ੍ਹਾਂਬੰਦੀ 2004-2005 ਦੇ ਅਨੁਸਾਰ, ਵਿਕਰੀ ਡੀਡ ਮਿਤੀ 11.06.2007 ਵਸੀਕਾ ਨੰ. 578, ਸ੍ਰੀ ਰਾਜਵਿੰਦਰ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ ਨਾਂਅ 'ਤੇ ਸ਼ਾਮਲ ਹੈ, ਪਿੰਡ ਲਾਦੀਆਂ, ਤਹਿਸੀਲ ਬੰਗਾ, ਜ਼ਿਲ੍ਹਾ ਐੱਸ ਬੀ ਐੱਸ ਨਗਰ ਵਿੱਚ ਸਥਿਤ । | (ਏ) 03-03-2023 (ਬੀ) ਰੁਪਏ 9,36,0660.08/- +01-11-2019 ਤੋਂ ਭਵਿੱਖੀ ਵਿਆਜ ਅਤੇ ਮੁਕੰਮਲ ਅਦਾਇਗੀ ਤੱਕ ਲਾਗਤ ਅਤੇ ਚਾਰਜ਼ਿਜ਼ (ਸੀ) 25-11-2022 (ਡੀ) ਸੰਕੇਤਕ ਕਬਜ਼ਾ | Rs. 1,09,00,000/- Rs. 10,90,000/- Rs. 1,00,000/- | 25.09.2025 at 11:00 am to 4:00 pm | ਜਾਣਕਾਰੀ ਨਹੀਂ |
| | ਬਲਜੀਤ ਕੌਰ ਪਤਨੀ ਸ੍ਰੀ ਬਲਵਿੰਦਰ ਸਿੰਘ, (ਵਾਈਸ-ਚੇਅਰਮੈਨ), ਸ੍ਰੀ ਕੁਲਦੀਪ ਸਿੰਘ ਪੁੱਤਰ ਸ੍ਰੀ ਮੱਖਣ ਸਿੰਘ, (ਸਕੱਤਰ), ਸ੍ਰੀਮਤੀ ਬਲਜਿੰਦਰ ਕੌਰ (ਕੈਸ਼ੀਅਰ) (ਪੁੱਤਰੀ ਸ੍ਰੀ ਸਤਵੰਤ ਸਿੰਘ) ਪਤਨੀ ਸ੍ਰੀ ਰਾਜਵਿੰਦਰ ਸਿੰਘ, ਪਿੰਡ ਬਲੋ ਜ਼ਿਲ੍ਹਾ ਨਵਾਂਸ਼ਹਿਰ, ਸ੍ਰੀਮਤੀ ਕੁਲਵਿੰਦਰ ਕੌਰ ਪੁੱਤਰੀ ਸ੍ਰੀ ਹਰਪਾਲ ਸਿੰਘ, (ਮੈਂਬਰ), ਸ੍ਰੀ ਅਵਤਾਰ ਸਿੰਘ ਪੁੱਤਰ ਸ੍ਰੀ ਪਿਆਰਾ ਸਿੰਘ, (ਮੈਂਬਰ) ਪੀ ਐੱਸ ਈ ਬੀ ਕਲੋਨੀ, ਬੰਗਾ, ਜ਼ਿਲ੍ਹਾ ਨਵਾਂਸ਼ਹਿਰ। ਸ੍ਰੀ ਸਤਵਿੰਦਰ ਸਿੰਘ ਪੁੱਤਰ ਸ੍ਰੀ ਧਿਆਨ ਸਿੰਘ, (ਮੈਂਬਰ) ਪਿੰਡ ਕੰਗਰੌੜ ਜ਼ਿਲ੍ਹਾ ਨਵਾਂਸ਼ਹਿਰ। | | | | | |

ਨਿਯਮ ਅਤੇ ਸ਼ਰਤਾਂ: ਵਿਕਰੀ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 'ਚ ਦਰਸਾਈਆਂ ਸ਼ਰਤਾਂ ਤੇ ਨਿਯਮਾਂ ਅਤੇ ਹੇਠਾਂ ਦਰਸਾਈਆਂ ਹੋਰ ਸ਼ਰਤਾਂ ਅਨੁਸਾਰ ਹੋਵੇਗੀ : 1. ਜਾਇਦਾਦਾਂ ਦੀ ਵਿਕਰੀ "ਜਿਵੇਂ ਹੈ, ਜਿਥੇ ਹੈ" ਅਤੇ "ਜਿਵੇਂ ਹੈ ਜੋ ਹੈ" ਅਤੇ "ਉਥੇ ਜੋ ਵੀ ਹੈ, ਦੇ ਅਧਾਰ" 'ਤੇ ਹੋਵੇਗੀ। 2.ਉਪਰੋਕਤ ਦਰਸਾਈ ਸਾਰਣੀ 'ਚ ਸਕਿਉਰਡ ਐੱਸਟਸ ਦੇ ਦੱਸੇ ਗਏ ਵੇਰਵੇ ਅਧਿਕਾਰਤ ਅਫਸਰ ਦੀ ਬਿਹਤਰ ਜਾਣਕਾਰੀ ਅਨੁਸਾਰ ਹਨ ਪ੍ਰੰਤੂ ਇਸ ਐਲਾਨਨਾਮੇ 'ਚ ਅਧਿਕਾਰਤ ਅਫਸਰ ਕਿਸੇ ਭੁੱਲ, ਗਲਤਬਿਆਨੀ ਜਾਂ ਗਲਤੀ ਲਈ ਜਵਾਬਦੇਹ ਨਹੀਂ ਹੋਵੇਗਾ। 3. ਈ ਐੱਮ ਡੀ ਨਿਲਾਮੀ ਤੋਂ ਇਕ ਦਿਨ ਪਹਿਲਾਂ ਤੱਕ ਜਮ੍ਹਾਂ ਕਰਵਾਈ ਜਾ ਸਕੇਗੀ। 4. ਵਿਕਰੀ ਨਿਮਨਹਸਤਾਖਰੀ ਵੱਲੋਂ ਵੈੱਬਸਾਈਟ https://baanknet.com 'ਤੇ ਮੁਹੱਈਆ ਈ-ਨਿਲਾਮੀ ਪਲੇਟਫਾਰਮ ਰਾਹੀਂ 25-09-2025 ਨੂੰ ਸਵੇਰ ਦੇ 11.00 ਵਜੇ ਤੋਂ ਸ਼ਾਮ ਦੇ 04.00 ਵਜੇ ਤੱਕ ਕਰਵਾਈ ਜਾਵੇਗੀ। 5.ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ https://baanknet.com&www.pnbindia.in ਦਾ ਹਵਾਲਾ ਲਿਆ ਜਾਵੇ।

ਮਿਤੀ : 06-09-2025
ਸਥਾਨ : ਜਲੰਧਰ

ਅਧਿਕਾਰਤ ਅਫਸਰ
ਪੰਜਾਬ ਨੈਸ਼ਨਲ ਬੈਂਕ, ਸਕਿਉਰਡ ਕ੍ਰੈਡਿਟਰ

ਸਰਫੇਸੀ ਐਕਟ, 2002 ਦੇ ਰੂਲ 8(6) ਤਹਿਤ ਵਿਧਾਨਕ ਵਿਕਰੀ ਨੋਟਿਸ

# ਵਿਧਾਇਕ ਬਿਲਾਸਪੁਰ ਨੇ ਹਿੰਮਤਪੁਰਾ ਵਿਖੇ ਗਰਿੱਡ ਦੇ ਨਵੇਂ ਪ੍ਰੋਜੈਕਟ ਦੀ ਕੀਤੀ ਸ਼ੁਰੂਆਤ



**ਮੋਗਾ, (ਇਕਬਾਲ ਸਿੰਘ ਖਹਿਰਾ)**-ਪਿੰਡ ਹਿੰਮਤਪੁਰਾ ਵਿੱਚ ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਪਿੰਡ ਹਿੰਮਤਪੁਰਾ ਵਿਖੇ 65 ਲੱਖ ਰੁਪਏ ਦੀ ਲਾਗਤ ਵਾਲੇ ਨਵੇਂ ਬਣੇ 220 ਕੇ ਵੀ ਗਰਿੱਡ ਤੇ ਹਿੰਮਤਪੁਰਾ ਇੰਡਸਟਰੀ ਦੇ ਲੋਡ ਨੂੰ ਵੱਖਰਾ ਵੰਡਣ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ, ਜਿਸ ਨਾਲ ਇੰਡਸਟਰੀ ਦੀ ਲਾਈਟ ਵੱਖ ਅਤੇ ਪਿੰਡ ਹਿੰਮਤਪੁਰਾ ਦੀ ਲਾਈਟ ਵੱਖਰੀ ਹੋ ਜਾਵੇਗੀ।ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਹਿਲੇ ਦਿਨ ਤੋਂ ਹੀ ਕਿਸਾਨਾਂ ਦੇ ਹੱਕ ਵਿੱਚ ਇਤਿਹਾਸਕ ਫੈਸਲੇ ਲਏ ਹਨ, ਜਿਨ੍ਹਾਂ ਵਿੱਚ ਕਿਸਾਨਾਂ ਨੂੰ ਬਿਜਲੀ ਸਪਲਾਈ ਦਾ ਲੋਡ ਕਰਨ ਲਈ ਮਾਨ ਸਰਕਾਰ ਨੇ ਤਕਰੀਬਨ ਸਾਰੇ ਹੀ ਗਰਿੱਡ ਅੱਪਡੇਟ ਕਰਕੇ ਉਨ੍ਹਾਂ ਦੀ ਸਮਰੱਥਾ ਨੂੰ ਵਧਾਇਆ ਹੈ ਤਾਂ ਕਿ ਸਾਡੇ ਗਰਿੱਡ ਓਵਰਲੋਡ ਰਹਿਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖੇਤਾਂ ਲਈ ਦਿਨ ਸਮੇਂ ਪੂਰੀ ਬਿਜਲੀ ਸਪਲਾਈ ਦਿੱਤੀ ਗਈ ਹੈ ਤਾਂ ਕਿ ਸਾਡੇ ਕਿਸਾਨ ਰਾਤ ਨੂੰ ਆਰਾਮ ਨਾਲ ਆਪਣੇ ਪਰਿਵਾਰ ਵਿੱਚ ਰਹਿ ਸਕਣ, ਜਦਕਿ ਪਿਛਲੀਆਂ ਸਰਕਾਰਾਂ ਵੇਲੇ ਬਿਜਲੀ ਪੂਰੀ ਤਰ੍ਹਾਂ ਨਹੀਂ ਆਉਂਦੀ ਸੀ।ਵਿਧਾਇਕ ਬਿਲਾਸਪੁਰ ਨੇ ਕਿਹਾ ਕਿ ਇਸ ਵੇਲੇ ਪੰਜਾਬ ਦਾ ਜ਼ਿਆਦਾ ਹਿੱਸਾ ਹੜ੍ਹਾਂ ਦੀ ਮਾਰ ਹੇਠ ਆਇਆ ਹੋਇਆ ਹੈ, ਜਿਸ ਨਾਲ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਬਰਬਾਦ ਹੋ ਗਈ ਹੈ।ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਨ੍ਹਾਂ ਨੇ ਆਪਣੀ ਸਮੁੱਚੀ ਕੈਬਨਿਟ, ਵਿਧਾਇਕ, ਆਪ ਵਲੰਟੀਅਰਾਂ ਨੂੰ ਹੜ੍ਹ ਪੀੜਤਾਂ ਦੀ ਮੱਦਦ ਲਈ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਭੇਜਿਆ ਹੋਇਆ ਹੈ।ਵਿਧਾਇਕ ਬਿਲਾਸਪੁਰ ਨੇ ਕਿਹਾ ਕਿ ਨਿਸ਼ਕਾਮ ਸੇਵਾ ਦੇ ਨਾਤੇ ਉਹ ਵੀ ਆਪਣੇ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਸਮੱਗਰੀ ਭੇਜ ਰਹੇ ਹਨ।ਇਸ ਮੌਕੇ ਗ੍ਰਾਮ ਪੰਚਾਇਤ, ਸਕੂਲ ਸਟਾਫ, ਸੰਤ ਬਾਬਾ ਜੀਤ ਸਿੰਘ ਜੀ, ਸੰਤ ਬਾਬਾ ਜਸਵੰਤ ਸਿੰਘ ਜੀ ਤੇ ਪਿੰਡ ਵਾਸੀਆਂ ਦੀ ਵੱਡੀ ਹਾਜ਼ਰੀ ਰਹੀ।ਸੰਤ ਬਾਬਾ ਜੀਤ ਸਿੰਘ ਨੇ ਐੱਮ.ਐੱਲ.ਏ. ਮਨਜੀਤ ਸਿੰਘ ਬਿਲਾਸਪੁਰ ਤੇ ਹੋਰਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਖਾਣ ਪੀਣ ਦਾ ਪ੍ਰਬੰਧ ਲਖਵੀਰ ਸਿੰਘ ਕੈਨੇਡੀਅਨ ਵੱਲੋਂ ਕੀਤਾ ਗਿਆ।

# ਕਿਸਾਨ ਯੂਨੀਅਨ ਦੀ ਮੀਟਿੰਗ 'ਚ ਹੜ੍ਹਾਂ ਨਾਲ ਹੋਏ ਨੁਕਸਾਨ 'ਤੇ ਚਰਚਾ

**ਬੁਢਲਾਡਾ, (ਅਸ਼ੋਕ ਲਾਕੜਾ)** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ ਗੁਰਦੁਆਰਾ ਸਾਹਿਬ ਵਿਖੇ ਬਲਾਕ ਪ੍ਰਧਾਨ ਬਲਦੇਵ ਸਿੰਘ ਪਿੱਪਲੀਆਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਜੋ ਹੜ੍ਹਾਂ ਨਾਲ ਪੰਜਾਬ ਦੇ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੋਇਆ, ਇਸ 'ਤੇ ਵਿਚਾਰ ਚਰਚਾ ਕੀਤੀ ਗਈ ਤੇ ਕਿਸਾਨ ਆਗੂਆਂ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਡਰੇਨਾਂ, ਨਹਿਰਾਂ ਤੇ ਡੈਮਾਂ ਦੀ ਸਮੇਂ ਸਿਰ ਸਾਂਭ ਸੰਭਾਲ ਨਾ ਕਰਨਾ ਹੜ੍ਹਾਂ ਦਾ ਕਾਰਨ ਬਣਿਆ ਹੈ, ਇਸ ਦੀ ਜ਼ਿੰਮੇਵਾਰ ਕੇਂਦਰ ਸਰਕਾਰ ਤੇ ਪੰਜਾਬ ਦੀ ਮੌਜੂਦਾ ਸਰਕਾਰ ਦੇ ਨਾਲ-ਨਾਲ ਪਿਛਲੀਆਂ ਸਰਕਾਰਾਂ ਵੀ ਹਨ।ਪੰਜਾਬ ਦੇ ਲੋਕਾਂ ਦੇ ਹੋਏ ਨੁਕਸਾਨ ਦੀ ਪੂਰਤੀ ਤਾਂ ਨਹੀਂ ਕੀਤੀ ਜਾ ਸਕਦੀ, ਪਰ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਵੱਖ-ਵੱਖ ਜਥੇਬੰਦੀਆਂ ਤੇ ਸਮਾਜ ਸੇਵੀਆਂ ਵੱਲੋਂ ਜੋ ਹੜ੍ਹਾਂ ਦੀ ਸੇਵਾ ਬਹੁਤ ਹੀ ਸਲਾਹੁਣਯੋਗ ਹੈ।ਹੜ੍ਹਾਂ ਤੋਂ ਬਚਾਉਣ ਲਈ ਸਰਕਾਰਾਂ ਨੂੰ ਪਹਿਲਾਂ ਪ੍ਰਬੰਧ ਕਰਨੇ ਚਾਹੀਦੇ ਹਨ, ਉਹ ਪ੍ਰਬੰਧ ਕਰਨ 'ਚ ਸਮੇਂ ਦੀ ਸਰਕਾਰ ਨਾ ਕਾਮਯਾਬ ਰਹੀ ਹੈ।ਇਸ ਔਖੀ ਘੜੀ ਵਿੱਚ ਸੰਯੁਕਤ ਮੋਰਚੇ ਦੇ ਸੱਦੇ ਤਹਿਤ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬਲਾਕ ਬੁਢਲਾਡਾ ਵਿੱਚੋਂ ਪਾਣੀ ਉਤਰਨ ਤੋਂ ਬਾਅਦ ਜਦੋਂ ਕਿਸਾਨਾਂ ਨੂੰ ਜ਼ਮੀਨਾਂ ਸਾਫ ਕਰਨ ਦੇ ਲਈ ਡੀਜ਼ਲ ਦੀ ਤੇ ਡੀਏਪੀ ਖਾਦ ਅਤੇ ਕਣਕ ਦੇ ਬੀਜ ਦੀ ਲੋੜ ਹੋਵੇਗੀ। ਇਸ ਸਬੰਧੀ ਜੋ ਸੰਯੁਕਤ ਮੋਰਚੇ ਵੱਲੋਂ ਡਿਊਟੀ ਲਾਈ ਜਾਵੇਗੀ, ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ।ਦੂਜਾ ਜੋ ਸੰਯੁਕਤ ਮੋਰਚੇ ਵੱਲੋਂ ਕਿਸਾਨ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ ਦੇ ਉੱਪਰ ਨਸ਼ਾ ਤਸਕਰਾਂ ਦੇ ਗੁੰਡਾ ਗੈਂਗ ਵੱਲੋਂ ਹਮਲਾ ਕੀਤਾ ਸੀ, ਇਸ ਸਬੰਧੀ ਪੁਲਸ ਵੱਲੋਂ ਧਾਰਾ 452 ਦੇ ਤਹਿਤ ਪਰਚਾ ਦਰਜ ਕਰ ਲਿਆ ਹੈ, ਪਰ ਉਨ੍ਹਾਂ ਨੂੰ ਅਜੇ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ।ਇਸ ਘਟਨਾ ਨੂੰ ਇੱਕ ਹਫਤੇ ਤੋਂ ਵੱਧ ਸਮਾਂ ਹੋ ਚੁੱਕਿਆ ਹੈ, ਜਿਸ ਤੋਂ ਸਾਬਤ ਹੁੰਦਾ ਹੈ ਕਿ ਮਾਨਸਾ ਜ਼ਿਲ੍ਹੇ ਦੇ ਅੰਦਰ ਪੁਲਿਸ, ਸਿਆਸੀ ਗੁੰਡਾ ਗਠਜੋੜ ਕਾਇਮ ਹੈ ਤੇ ਇਹ ਹਮਲਾ ਸਿਆਸੀ ਤੌਰ ਤੇ ਮਿਲੀਭੁਗਤ ਨਾਲ ਕਰਾਇਆ ਗਿਆ ਹੈ। ਜਥੇਬੰਦੀ ਦੇ ਆਗੂਆਂ ਨੇ ਜਿੱਥੇ ਪੁਲਸ ਪ੍ਰਸ਼ਾਸਨ ਦੀ ਸਖ਼ਤ ਨਿੰਦਿਆ ਕੀਤੀ ਹੈ, ਉੱਥੇ ਨਾਲ ਨਾਲ ਉਪਰੋਕਤ ਗੁੰਡਾ ਅਨਸਰਾਂ ਨੂੰ ਤਾੜਨਾ ਵੀ ਕੀਤੀ ਹੈ ਜਥੇਬੰਦੀਆਂ ਨੇ ਕੁਲਵੰਤ ਸਿੰਘ ਕਿਸ਼ਨਗੜ੍ਹ ਤੇ ਹਮਲੇ ਨੂੰ ਜਥੇਬੰਦੀਆਂ ਤੇ ਹਮਲਾ ਸਮਝਿਆ ਹੈ।ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਨਾ ਕੀਤਾ ਗਿਆ ਤਾਂ 17 ਸਤੰਬਰ ਨੂੰ ਸੰਯੁਕਤ ਮੋਰਚੇ ਦੇ ਸੱਦੇ ਤਹਿਤ ਜਥੇਬੰਦੀ ਵੱਲੋਂ ਐਸ ਐਸ ਪੀ ਦਫਤਰ ਦੇ ਗੇਟ ਅੱਗੇ ਜੋ ਧਰਨਾ ਦਿੱਤਾ ਜਾਵੇਗਾ, ਉਸ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇਗੀ।ਨਾਲ ਹੀ ਜੋ ਜ਼ਮੀਨੀ ਘੋਲ ਦੇ ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਦੀ ਬਰਸੀ 11 ਅਕਤੂਬਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਵਿੱਚ ਮਨਾਈ ਜਾ ਰਹੀ ਹੈ, ਉਸਦੀਆਂ ਤਿਆਰੀਆਂ ਹੁਣੇ ਤੋਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਬਲਾਕ ਆਗੂਆਂ ਦੀਆਂ ਡਿਊਟੀਆਂ ਲਾਈਆਂ ਗਈਆਂ ਹਨ।



# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸੱਤ-ਰੋਜ਼ਾ ਐਨ ਐਸ ਐਸ ਕੈਂਪ



**ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੇ ਮਾਨਸਿਕ ਸਿਹਤ ਅਤ ਭਾਵਨਾਤਮਕ ਤੰਦਰੁਸਤੀ 'ਤੇ ਸੱਤ-ਰੋਜ਼ਾ ਰਾਸ਼ਟਰੀ ਸੇਵਾ ਯੋਜਨਾ (ਐਨਐਸਐਸ) ਕੈਂਪ ਦਾ ਆਯੋਜਨ ਕੀਤਾ। ਕੈਂਪ ਦਾ ਉਦੇਸ਼ ਨੌਜਵਾਨਾਂ ਵਿੱਚ ਮਾਨਸਿਕ ਸਿਹਤ ਚੁਣੌਤੀਆਂ ਬਾਰੇ ਜਾਗਰੂਕਤਾ ਫੈਲਾਉਣਾ ਸੀ। ਹਫ਼ਤਾ ਭਰ ਚੱਲੇ ਇਸ ਪ੍ਰੋਗਰਾਮ ਦੌਰਾਨ, ਵਿਦਿਆਰਥੀਆਂ ਨੇ ਗੁਰਦੁਆਰਾ ਫਤਿਹਗੜ੍ਹ ਸਾਹਿਬ ਵਿਖੇ ਨਿਸ਼ਕਾਮ ਸੇਵਾ, ਪਿੰਡ ਮੰਡੋਫਲ ਅਤੇ ਫਤਿਹਗੜ੍ਹ ਸਾਹਿਬ ਵਿੱਚ ਜਾਗਰੂਕਤਾ ਰੈਲੀਆਂ, ਮਾਨਸਿਕ ਸਿਹਤ ਬਣਾਈ ਰੱਖਣ 'ਤੇ ਸਥਾਨਕ ਲੋਕਾਂ ਨਾਲ ਗੱਲਬਾਤ ਕਰਨ ਅਤੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਲਈ ਇੱਕ ਵਿਸ਼ੇਸ਼ ਪ੍ਰਾਰਥਨਾ ਸਿਸ਼ਨ ਵਰਗੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ। ਵਲੰਟੀਅਰਾਂ ਨੇ ਮਾਨਸਿਕ ਸਿਹਤ ਮਾਹਿਰਾਂ ਦੁਆਰਾ ਕਰਵਾਈ ਗਈ ਵਰਕਸ਼ਾਪ ਵਿੱਚ ਵੀ ਸ਼ਿਰਕਤ ਕੀਤੀ। ਭਾਗੀਦਾਰਾਂ ਨੇ ਸਾਂਝਾ ਕੀਤਾ ਕਿ ਕੈਂਪ ਨੇ ਮਾਨਸਿਕ ਸਿਹਤ 'ਤੇ ਖੁੱਲ੍ਹੀ ਚਰਚਾ ਨੂੰ ਉਤਸ਼ਾਹਿਤ ਕਰਕੇ ਅਤੇ ਭਾਈਚਾਰਕ ਸੇਵਾ ਰਾਹੀਂ ਉਨ੍ਹਾਂ ਦੀ ਹਮਦਰਦੀ ਦੀ ਭਾਵਨਾ ਨੂੰ ਮਜ਼ਬੂਤ ਕਰ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਪ੍ਰਭਾਵਿਤ ਕੀਤਾ ਹੈ। ਐਨਐਸਐਸ ਪ੍ਰੋਗਰਾਮ ਕੋਆਰਡੀਨੇਟਰ, ਡਾ. ਹਰਨੀਤ ਬਿਲਿੰਗ, ਨੇ ਦੱਸਿਆ ਕਿ ਅਜਿਹੇ ਕੈਂਪ ਨਾ ਸਿਰਫ਼ ਜਾਗਰੂਕਤਾ ਫੈਲਾਉਂਦੇ ਹਨ ਬਲਕਿ ਵਿਦਿਆਰਥੀਆਂ ਵਿੱਚ ਸੇਵਾ ਅਤੇ ਹਮਦਰਦੀ ਦੇ ਮੁੱਲਾਂ ਨੂੰ ਵੀ ਉਤਸ਼ਾਹਿਤ ਕਰਦੇ ਹਨ। ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਨੇ ਮੌਸਮ ਦੀਆਂ ਚੁਣੌਤੀਆਂ ਦੇ ਬਾਵਜੂਦ ਵਲੰਟੀਅਰਾਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ। ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋ. ਪਰਿਤਪਾਲ ਸਿੰਘ ਨੇ ਕਿਹਾ ਕਿ ਮਾਨਸਿਕ-ਸਿਹਤ ਜਾਗਰੂਕਤਾ ਇੱਕ ਜ਼ਰੂਰੀ ਲੋੜ ਹੈ। ਉਹਨਾਂ ਅਸਲ ਸਮਾਜਿਕ ਪ੍ਰਭਾਵ ਪੈਦਾ ਕਰਨ ਲਈ ਵਲੰਟੀਅਰਾਂ ਦੀ ਸ਼ਲਾਘਾ ਕੀਤੀ। ਐਨਐਸਐਸ ਪ੍ਰੋਗਰਾਮ ਅਫਸਰ ਡਾ. ਸੁਮਨ ਪ੍ਰੀਤ ਕੌਰ ਨੇ ਫੈਕਲਟੀ ਮੈਂਬਰ ਪਰਮੇਸ਼ਵਰ ਸਿੰਘ, ਗੁਰਵਿੰਦਰ ਸਿੰਘ, ਸ੍ਰੀਮਤੀ ਪੂਜਾ ਰਾਣੀ ਅਤੇ ਸ੍ਰੀਮਤੀ ਕਿਰਨ ਬਾਲਾ ਦਾ ਧੰਨਵਾਦ ਕੀਤਾ ਅਤੇ ਵਲੰਟੀਅਰਾਂ ਦੇ ਠਹਿਰਨ ਦੇ ਪ੍ਰਬੰਧ ਲਈ ਗੁਰਦੁਆਰਾ ਫਤਿਹਗੜ੍ਹ ਸਾਹਿਬ ਦੇ ਪ੍ਰਬੰਧਕਾਂ ਦਾ ਵੀ ਧੰਨਵਾਦ ਕੀਤਾ।

# ਹੜ੍ਹ ਪੀੜਤਾਂ ਨੂੰ ਰਾਹਤ ਪਹੁੰਚਾਉਣ ਸੰਬੰਧੀ ਵਿਉਂਤਬੰਦੀ

## ਸੰਯੁਕਤ ਕਿਸਾਨ ਮੋਰਚੇ ਨਾਲ ਮਿਲ ਕੇ ਰਾਹਤ ਕਾਰਜ ਨੇਪਰੇ ਚਾੜ੍ਹਨ ਦਾ ਕੀਤਾ ਫੈਸਲਾ



**ਅੰਮ੍ਰਿਤਸਰ 7 ਸਤੰਬਰ (ਜਸਬੀਰ ਸਿੰਘ ਪੱਟੀ)**, ਕੰਵਲਜੀਤ ਸਿੰਘ-ਕਿਰਤੀ ਕਿਸਾਨ ਯੂਨੀਅਨ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਸਤਨਾਮ ਸਿੰਘ ਝੰਡੇਰ ਅਤੇ ਅਸ਼ਵਨੀ ਅਵਸਥੀ ਦੀ ਪ੍ਰਧਾਨਗੀ ਹੇਠ ਸਾਂਝੀ ਮੀਟਿੰਗ ਕੀਤੀ ਗਈ ਜਿਸ ਵਿੱਚ ਜਤਿੰਦਰ ਸਿੰਘ ਛੀਨਾ, ਜਰਮਨਜੀਤ ਸਿੰਘ ਛੱਜਲਵੱਡੀ, ਸੁਖਦੇਵ ਸਿੰਘ ਸੈਂਸਰਾ, ਸੈਮੂਅਲ ਹੰਸ, ਚਰਨਜੀਤ ਸਿੰਘ ਰਜਧਾਨ, ਗੁਰਬਿੰਦਰ ਸਿੰਘ ਖਹਿਰਾ, ਪਰਮਜੀਤ ਕੌਰ ਮਾਨ, ਮਮਤਾ ਸ਼ਰਮਾਂ ਅਤੇ ਮੇਜਰ ਸਿੰਘ ਜੌਹਲ ਅਤੇ ਅਜਨਾਲਾ ਇਲਾਕੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ 'ਚੋਂ ਸ਼ਾਮਲ ਹੋਏ ਕਿਸਾਨ ਆਗੂਆਂ ਵੱਲੋਂ ਰਾਵੀ ਦਰਿਆ ਵਿੱਚ ਆਏ ਹੜ੍ਹਾਂ ਕਾਰਨ ਲੋਕਾਂ ਦੇ ਹੋਏ ਜਾਨੀ ਅਤੇ ਮਾਲੀ ਨੁਕਸਾਨ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਦੱਸਿਆ ਕਿ ਪਿਛਲੇ 15 ਦਿਨਾਂ ਤੋਂ ਅਜਨਾਲਾ ਅਤੇ ਰਮਦਾਸ ਇਲਾਕੇ ਦੇ 140 ਪਿੰਡਾਂ ਦਾ ਰਕਬਾ ਵਿੱਚ ਵੱਡੇ ਪੱਧਰ ਤੇ ਨੁਕਸਾਨ ਹੋਇਆ ਹੈ ਅਤੇ ਲੋਕਾਂ ਨੂੰ ਬਹੁਤ ਮੁਸੀਬਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪ੍ਰੰਤੂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਪੀੜਤ ਲੋਕਾਂ ਦੀ ਕੋਈ ਆਰਥਿਕ ਸਹਾਇਤਾ ਨਹੀਂ ਕੀਤੀ ਗਈ ਸਗੋਂ ਮੁਸੀਬਤ ਦੇ ਸਮੇਂ ਤਬਾਹੀ ਦਾ ਸ਼ਿਕਾਰ ਹੋਏ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਕਿਸ਼ਤੀਆਂ ਵਿੱਚ ਬੈਠ ਕੇ ਅਤੇ ਬਗੈਰ ਕਿਸੇ ਕੰਮ ਤੋਂ ਹੜ੍ਹ ਦੇ ਪਾਣੀ ਵਿੱਚ ਖੜੇ ਹੋ ਕੇ ਫੋਟੋਆਂ ਅਤੇ ਵੀਡੀਓਜ਼ ਨੂੰ ਸੋਸ਼ਲ ਮੀਡੀਆ 'ਤੇ ਸ਼ੇਅਰ ਕਰਕੇ ਕੇਵਲ ਵਾਹ ਵਾਹ ਖੱਟੀ ਜਾ ਰਹੀ ਹੈ।ਦੋਵਾਂ ਜਥੇਬੰਦੀਆਂ ਵੱਲੋਂ ਰਾਹਤ ਸਮੱਗਰੀ ਦੀ ਵੰਡ ਕਰਨ ਦੇ ਤਜਰਬੀ ਤਰੀਕਿਆਂ ਦੀ ਸ਼ਨਾਖਤ ਕੀਤੀ ਗਈ ਜਿਸ ਅਨੁਸਾਰ ਲੋੜਵੰਦ ਮਜ਼ਦੂਰਾਂ ਅਤੇ ਕਿਸਾਨਾਂ ਦੀ ਜ਼ਰੂਰਤ ਅਨੁਸਾਰ ਸਹਾਇਤਾ, ਪਸ਼ੂਆਂ ਲਈ ਤੂੜੀ ਅਤੇ ਚਾਰਾ, ਦਵਾਈਆਂ, ਸੈਨੇਟਰੀ ਨੈਪਕਿਨ, ਸਕੂਲਾਂ ਦੇ ਬੱਚਿਆਂ ਨੂੰ ਵਰਦੀਆਂ ਬਸਤੇ ਕਾਪੀਆਂ ਕਿਤਾਬਾਂ ਅਤੇ ਗਰੀਬ ਪਰਿਵਾਰਾਂ ਨੂੰ ਰੱਦੇ ਕੰਬਲ ਆਦਿ ਦਿੱਤੇ ਜਾਣਗੇ।ਮੀਟਿੰਗ ਵਿੱਚ ਗੁਰਬਚਨ ਸਿੰਘ ਰਾਜੇਵਾਲੀ, ਦਵਿੰਦਰ ਸਿੰਘ ਗੱਗੋਮਾਹਲ, ਰਾਜ਼ੇਸ਼ ਪ੍ਰਾਸ਼ਰ, ਨਿਰਮਲ ਸਿੰਘ, ਮਨਪ੍ਰੀਤ ਸਿੰਘ ਰਈਆ, ਨਵਤੇਜ ਸਿੰਘ ਜੱਬੋਵਾਲ, ਕੁਲਬੀਰ ਕੌਰ, ਕਵਲਜੀਤ ਕੌਰ ਲਸ਼ਕਰੀ ਨੰਗਲ, ਹਰਜੀਤ ਕੌਰ ਭਲਾ ਪਿੰਡ, ਹਰਿੰਦਰ ਐਮਾਂ, ਸੁਖਚੈਨ ਸਿੰਘ ਜੱਬੋਵਾਲ ਅਤੇ ਬਲਜਿੰਦਰ ਸਿੰਘ ਮਿੰਟੂ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਮੁਲਾਜ਼ਮਾਂ, ਅਧਿਆਪਕਾਂ, ਕਿਸਾਨਾਂ, ਮਜ਼ਦੂਰਾਂ, ਆੜਤੀਆਂ, ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਬਣਦਾ ਸਰਦਾ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ ਗਈ।

# ਹੱਕੀ ਮੰਗਾਂ ਨੂੰ ਲੈ ਕੇ ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ



**ਮੋਗਾ, (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ, ਪੈਨਸ਼ਨਰਾਂ ਦੇ ਮਸਲਿਆਂ ਦੇ ਹੱਲ ਲਈ ਬਣਾਈ ਕੈਬਨਿਟ ਸਬ ਕਮੇਟੀ ਦਾ ਰਵੱਈਆ ਬਹੁਤ ਹੀ ਨਿਰਾਸ਼ਾਜਨਕ ਤੇ ਨਾਕਾਰਾਤਮਕ ਹੈ।ਕੈਬਨਿਟ ਸਬ ਕਮੇਟੀ ਵੱਲੋਂ ਲਗਾਤਾਰ ਮੀਟਿੰਗਾਂ ਦਾ ਸਮਾਂ ਤਹਿ ਕਰਕੇ ਐਨ ਮੌਕੇ ਮੀਟਿੰਗਾਂ ਨੂੰ ਵਾਰ ਵਾਰ ਅੱਗੇ ਪਾਉਣਾ ਦੱਸਦਾ ਹੈ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਤੋਂ ਪਾਸਾ ਵੱਟ ਕੇ ਸਮਾਂ ਲੰਘਾ ਰਹੀ ਹੈ। ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਇਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ, ਜਿਸ ਕਰਕੇ 13 ਤੇ 14 ਸਤੰਬਰ ਨੂੰ ਮੰਤਰੀਆਂ ਨੂੰ ਉਨ੍ਹਾਂ ਦੇ ਘਰਾਂ ਅੱਗੇ ਵੱਡੀਆਂ ਰੈਲੀਆਂ ਕਰ ਕੇ ਮੀਟਿੰਗਾਂ ਨੂੰ ਵਾਰ ਵਾਰ ਅੱਗੇ ਪਾਉਣ ਖ਼ਿਲਾਫ਼ ਰੋਸ ਪੱਤਰ ਸੌਂਪੇ ਜਾਣਗੇ। ਸਰਬਜੀਤ ਸਿੰਘ ਦੌਧਰ, ਸੁਖਦੇਵ ਸਿੰਘ ਰਾਊਕੇ, ਬੂਟਾ ਸਿੰਘ ਭੱਟੀ, ਪੋਹਲਾ ਸਿੰਘ ਬਰਾੜ, ਬਲੌਰ ਸਿੰਘ ਘਾਲੀ, ਜੰਗੀਰ ਸਿੰਘ ਖੋਖਰ, ਕੁਲਦੀਪ ਸਿੰਘ ਜੀ.ਟੀ. ਯੂ., ਚਮਕੌਰ ਸਿੰਘ, ਗੁਰਮੇਲ ਸਿੰਘ ਨਾਹਰ, ਪ੍ਰੇਮ ਕੁਮਾਰ, ਰਾਜਿੰਦਰ ਸਿੰਘ ਰਿਆੜ, ਹਰਭਜਨ ਸਿੰਘ, ਸੱਤਪਾਲ ਸਹਿਗਲ, ਭੂਪਿੰਦਰ ਸਿੰਘ, ਸੋਹਣ ਸਿੰਘ, ਪਰਮਿੰਦਰ ਸਿੰਘ, ਛਿੰਦਰ ਸਿੰਘ ਆਦਿ ਹਾਜ਼ਰ ਆਗੂਆਂ ਨੇ ਕਿਹਾ ਕਿ ਜੇਕਰ ਮੰਨੀਆਂ ਮੰਗਾਂ ਦੀ ਪੂਰਤੀ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ 11 ਅਕਤੂਬਰ ਨੂੰ ਸੂਬਾ ਪੱਧਰੀ ਰੋਸ ਰੈਲੀ ਸੰਗਰੂਰ ਵਿਖੇ ਮੁੱਖ ਮੰਤਰੀ ਦੇ ਹਲਕੇ ਵਿੱਚ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕਰ ਦਿੱਤਾ ਜਾਵੇਗਾ।

# ਵਿਧਾਇਕਾ ਵੱਲੋਂ ਨਿਧਾਂਵਾਲਾ 'ਚ ਵਿਕਾਸ ਕੰਮਾਂ ਦਾ ਉਦਘਾਟਨ



**ਮੋਗਾ, (ਇਕਬਾਲ ਸਿੰਘ ਖਹਿਰਾ)**-ਮੋਗਾ ਹਲਕੇ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਤਹਿਤ ਮੋਗਾ ਜ਼ਿਲ੍ਹੇ ਦੇ ਪਿੰਡ ਨਿਧਾਂਵਾਲਾ ਵਿੱਚ 15 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਰੋਡ, ਸਬਮਰਸੀਬਲ ਬੋਰ ਆਦਿ ਦੇ ਕੰਮ ਤੇ 21 ਲੱਖ 21 ਹਜ਼ਾਰ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦਾ ਉਦਘਾਟਨ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਰਪੰਚ ਹਰਮਨਜੀਤ ਸਿੰਘ ਤੇ ਸਮੁੱਚੀ ਗ੍ਰਾਮ ਪੰਚਾਇਤ ਦੇ ਨਾਲ ਉਦਘਾਟਨ ਕੀਤਾ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਪ੍ਰੇਮ ਚੰਦ ਚੱਕੀ ਵਾਲਾ, ਬਲਰਾਜ ਸਿੰਘ, ਦਰਸ਼ਨ ਸਿੰਘ, ਪਰਮਿੰਦਰ ਸਿੰਘ, ਸਰਪੰਚ, ਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪਿੰਡ ਦੇ ਖੇਡ ਮੈਦਾਨ ਦਾ ਕੰਮ ਜਲਦੀ ਹੀ 21 ਲੱਖ 21 ਹਜ਼ਾਰ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੋਗਾ ਸ਼ਹਿਰ ਦੇ ਨਾਲ-ਨਾਲ ਪਿੰਡਾਂ ਦੀ ਹਾਲਤ ਬਦਲ ਕੇ ਉਨ੍ਹਾਂ ਨੂੰ ਮਾਡਲ ਦਿੱਖ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਪੰਜਾਬ ਸਰਕਾਰ ਤੋਂ ਗ੍ਰਾਂਟ ਪ੍ਰਾਪਤ ਕਰਕੇ ਪਿੰਡਾਂ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ ਅਤੇ ਜੋ ਕੰਮ ਅਜੇ ਅਧੂਰੇ ਹਨ, ਉਨ੍ਹਾਂ ਨੂੰ ਵੀ ਜਲਦੀ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਅੰਤ ਵਿੱਚ ਪਿੰਡ ਵਾਸੀਆਂ ਨੇ ਵਿਕਾਸ ਕਾਰਜ ਸ਼ੁਰੂ ਕਰਨ ਲਈ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

# ਡੈਮਾਂ ਦੀ ਗਲਤ ਮੈਨੇਜਮੈਂਟ ਕਰਕੇ ਹੜ੍ਹਾਂ ਦੀ ਸਥਿਤੀ ਦਾ ਸਾਹਮਣਾ ਕਰ ਰਿਹਾ ਪੰਜਾਬ : ਕਿਸਾਨ ਆਗੂ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਜ਼ਿਲ੍ਹਾ ਅੰਮ੍ਰਿਤਸਰ ਦੀ ਨਵਾਂ ਪਿੰਡ ਵਿਖੇ ਹੋਈ ਮੀਟਿੰਗ 'ਚ ਪੰਜਾਬ ਅੰਦਰ ਆਏ ਹੜ੍ਹਾਂ ਬਾਰੇ ਵਿਚਾਰ ਕੀਤੀ ਗਈ।ਖਾਸ ਕਰਕੇ ਅੰਮ੍ਰਿਤਸਰ ਜ਼ਿਲੇ ਦੇ ਅਜਨਾਲਾ ਰਮਦਾਸ ਇਲਾਕਿਆਂ ਅੰਦਰ ਆਏ ਹੜ੍ਹਾਂ ਦੀ ਸਥਿਤੀ ਬਾਰੇ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰ ਨੇ ਜਾਣਕਾਰੀ ਦਿੱਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਲੱਖਬੀਰ ਸਿੰਘ ਨਿਜ਼ਾਮਪੁਰ ਨੇ ਕਿਹਾ ਕਿ ਇਹ ਹੜ੍ਹ ਕੁਦਰਤੀ ਨਹੀਂ ਹਨ ਸਗੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਗਲਤ ਪ੍ਰਬੰਧਨ ਦਾ ਸਿੱਟਾ ਹੈ। ਜਿਥੇ ਇੱਕ ਪਾਸੇ ਪੰਜਾਬ ਦੇ ਸਾਰੇ ਡੈਮਾਂ ਦਾ ਕੰਟਰੋਲ ਕੇਂਦਰ ਸਰਕਾਰ ਨੇ ਅੰਤਰ ਰਾਸ਼ਟਰੀ ਕਨੂੰਨਾਂ ਨੂੰ ਛਿੱਕੇ ਤੇ ਟੰਗ ਕਿ ਆਪਣੇ ਕਬਜੇ ਹੇਠ ਕਰ ਲਿਆ ਹੈ। ਉਥੇ ਪੰਜਾਬ ਅੱਜ ਇਹਨਾਂ ਡੈਮਾਂ ਦੀ ਗਲਤ ਮੈਨਜਮੈਂਟ ਕਰਕੇ ਹੜ੍ਹਾਂ ਦੀ ਸਥਿਤੀ ਦਾ ਸਾਹਮਣਾ ਕਰ ਰਿਹਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਨਾਂਹ ਪੱਖੀ ਵਤੀਰੇ ਨੇ ਪੰਜਾਬ ਦੇ ਲੋਕਾਂ ਦੀ ਇਸ ਆਫਤ ਸਮੇਂ ਵਿੱਤੀ ਮਦਦ ਲਈ ਰਾਹਤ ਪੈਕਜ ਦਾ ਐਲਾਨ ਨਾ ਕਰਕੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ ਜਦੋਂ ਕਿ ਪੰਜਾਬ ਦੇ ਕਿਸਾਨ ਕੇਂਦਰੀ ਅਨਾਜ ਭੰਡਾਰ ਵਿੱਚ ਮਹੱਤਵਪੂਰਣ ਯੋਗਦਾਨ ਪਾ ਰਹੇ ਹਨ।ਉਧਰ ਹੜ੍ਹ ਮਾਰੇ ਇਲਾਕਿਆਂ ਅੰਦਰ ਕੇਂਦਰ ਅਤੇ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਹੋਰ ਅਧਿਕਾਰੀਆਂ ਦੇ ਦੌਰੇ ਕੇਵਲ ਫੋਟੋ ਸ਼ੂਟ ਤੋਂ ਵੱਧ ਨਹੀਂ ਹਨ।ਸਗੋਂ ਚਾਹੀਦਾ ਤਾਂ ਇਹ ਹੈ ਕਿ ਇਨ੍ਹਾਂ ਕਿਸਾਨਾਂ/ਮਜ਼ਦੂਰਾਂ ਤੇ ਹੋਰ ਵਰਗਾਂ ਨੂੰ ਜੋ ਹੜ੍ਹ ਦੀ ਸਥਿਤੀ ਦਾ ਮੁਕਾਬਲਾ ਕਰ ਰਹੇ ਹਨ, ਨੂੰ ਤੁਰੰਤ ਇੱਕ ਲੱਖ ਰੁਪੈਂ ਪ੍ਰਤੀ ਪਰਵਾਰ ਆਰਥਿਕ ਸਹਾਇਤਾ ਅਤੇ ਜਿਹੜੇ ਕਿਸਾਨਾਂ ਦੀਆਂ ਫਸਲਾਂ ਬਰਬਾਦ ਹੋਈਆਂ ਹਨ ਉਨ੍ਹਾਂ ਨੂੰ ਪ੍ਰਤੀ ਏਕੜ 70,000 ਰੁਪੈ ਦੀ ਆਰਥਿਕ ਸਹਾਇਤਾ ਦਿੱਤੀ ਜਾਵੇ। ਪ੍ਰਤੀ ਜਾਨਵਰ ਇੱਕ ਲੱਖ ਰੁਪਏ ਦਿੱਤੇ ਜਾਣ। ਇਸ ਤੋਂ ਇਲਾਵਾ ਹੜ੍ਹਾਂ ਨਾਲ ਬਰਬਾਦ ਹੋਏ ਮਕਾਨਾਂ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ।ਅੱਜ ਦੀ ਮੀਟਿੰਗ ਵਿੱਚ ਤਰਸੇਮ ਸਿੰਘ ਨੰਗਲ, ਬਲਵੰਤ ਸਿੰਘ ਤੀਰਥਪੁਰਾ, ਗੁਰਮੇਜ ਸਿੰਘ, ਮਲਕੀਤ ਸਿੰਘ ਮੱਖਣ ਵਿੰਡੀ, ਕਰਨੈਲ ਸਿੰਘ, ਪਾਲ ਸਿੰਘ, ਬਲਵਿੰਦਰ ਸਿੰਘ ਨਵਾਂ ਪਿੰਡ, ਅਵਤਾਰ ਸਿੰਘ ਵਡਾਲਾ ਜੌਹਲ, ਰਾਜਬੀਰ ਸਿੰਘ ਫਤਿਹਪੁਰ, ਜਸਵਿੰਦਰ ਸਿੰਘ, ਅਮਰਪ੍ਰੀਤ ਸਿੰਘ ਬਾਊ, ਕਸ਼ਮੀਰ ਸਿੰਘ ਬਿੱਟੂ ਨਬੀਪੁਰ, ਧਰਮਿੰਦਰ ਸਿੰਘ, ਮਹਿਲ ਸਿੰਘ ਅਤੇ ਪ੍ਰਤਾਪ ਸਿੰਘ ਛਾਪਾ, ਬਲਦੇਵ ਸਿੰਘ, ਜਸਜੀਤ ਸਿੰਘ ਧੰਜੂ ਨਿਜ਼ਾਮਪੁਰ ਆਦਿ ਹਾਜ਼ਰ ਸਨ।

# ਦਵਾਈ ਲੈਣ ਜਾ ਰਹੇ ਭੈਣ-ਭਰਾ ਦੀ ਪੁਲ ਤੋਂ ਡਿੱਗਣ ਨਾਲ ਮੌਤ

**ਬੰਗਾ (ਅਵਤਾਰ ਕਲੇਰ)**-ਪਿੰਡ ਦੁੱਗਾਂ ਦੀ ਵੇਈਂ ਵਿੱਚ ਹੜ੍ਹ ਦੇ ਪਾਣੀ ਵਿੱਚ ਡੁੱਬਣ ਕਾਰਨ ਇੱਕ ਭਰਾ ਅਤੇ ਭੈਣ ਦੀ ਮੌਤ ਹੋ ਜਾਣ ਦਾ ਦਿਲ ਦਹਿਲਾਉਣ ਵਾਲਾ ਸਮਾਚਾਰ ਪ੍ਰਾਪਤ ਹੋਇਆ ਹੈ।ਮ੍ਰਿਤਕਾਂ ਦੀ ਪਛਾਣ ਸੰਦੀਪ ਕੁਮਾਰ ਉਰਫ਼ ਦੀਪਾ (36) ਪੁੱਤਰ ਬਲਰਾਮ ਕੁਮਾਰ ਅਤੇ ਪ੍ਰੀਤੀ (27) ਪੁੱਤਰੀ ਬਲਰਾਮ ਕੁਮਾਰ, ਵਾਸੀ ਪਿੰਡ ਉੱਚਾ ਦੇ ਤੌਰ 'ਤੇ ਹੋਈ ਹੈ। ਮਿਲੀ ਜਾਣਕਾਰੀ ਦੇ ਅਨੁਸਾਰ ਦੋਵੇਂ ਭੈਣ-ਭਰਾ ਸਾਈਕਲ 'ਤੇ ਪਿੰਡ ਰਾਣੀਪੁਰ ਦਵਾਈ ਲੈਣ ਜਾ ਰਹੇ ਸਨ।ਚਿੱਟੀ ਵੇਈਂ ਪਾਰ ਕਰਦੇ ਸਮੇਂ ਸਾਈਕਲ ਤਿਲਕ ਗਿਆ ਅਤੇ ਦੋਵੇਂ ਹੜ੍ਹ ਦੇ ਪਾਣੀ ਵਿੱਚ ਡਿੱਗ ਗਏ।ਲੋਕਾਂ ਨੇ ਦੋਵਾਂ ਨੂੰ ਪਾਣੀ ਵਿੱਚੋਂ ਕੱਢਣ ਦੀ ਕੋਸ਼ਿਸ਼ ਤਾਂ ਕੀਤੀ ਤਾਂ ਜੋ ਉਨ੍ਹਾਂ ਨੂੰ ਬਚਾਇਆ ਜਾ ਸਕੇ ਪਰ ਜਦੋਂ ਤੱਕ ਉਨ੍ਹਾਂ ਨੂੰ ਪਾਣੀ ਵਿੱਚੋਂ ਬਾਹਰ ਕੱਢਿਆ ਗਿਆ, ਉਨ੍ਹਾਂ ਦੀ ਮੌਤ ਹੋ ਚੁੱਕੀ ਸੀ। ਮੌਕੇ 'ਤੇ ਮੌਜੂਦ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਵੇਈਂ ਪੁਲ 'ਤੇ ਰੇਲਿੰਗ ਹੁੰਦੀ ਤਾਂ ਅਜਿਹਾ ਹਾਦਸਾ ਨਾ ਵਾਪਰਦਾ।ਲਾਸ਼ਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਫਗਵਾੜਾ ਭੇਜ ਦਿੱਤਾ ਗਿਆ ਹੈ।



# ਨੌਵਾਂ ਗਣੇਸ਼ ਵਿਸਰਜਨ ਉਤਸਵ ਸੰਪੰਨ



**ਸੁਨਾਮ/ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਵਿੱਚ ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਰ ਵਿੱਚ 27 ਅਗਸਤ ਤੋਂ 6 ਸਤੰਬਰ ਤੱਕ 9ਵਾਂ ਸ੍ਰੀ ਗਣੇਸ਼ ਚਤੁਰਥੀ ਮਹਾਉਤਸਵ 'ਗਜਾਨਨ ਪਧਾਰੋ ਮ੍ਹਾਰੇ ਸ਼ਹਿਰ' ਗਣੇਸ਼ ਵਿਸਰਜਨ ਦੇ ਨਾਲ ਸੰਪੰਨ ਹੋਇਆ।ਮੰਦਿਰ ਦੇ ਪੁਜਾਰੀ ਜਗਮੋਹਨ ਸ਼ਰਮਾ ਨੇ ਮੋਟੂ ਮੋਦੀ ਤੋਂ ਪੂਰੀ ਵਿਧੀ-ਵਿਧਾਨ ਨਾਲ ਸ੍ਰੀ ਗਣੇਸ਼ ਜੀ ਮਹਾਰਾਜ ਦੀ ਪੂਜਾ ਅਰਚਨਾ ਕਰਵਾਈ ਤੇ ਵਰਿੰਦਰ ਗੁਪਤਾ (ਬਿੱਟੂ ਨਾਗਰੇ ਵਾਲੇ) ਨੇ ਜੋਤ ਪ੍ਰਚੰਡ ਕਰਨ ਦੀ ਰਸਮ ਨਿਭਾਈ।ਇਸ ਮੌਕੇ ਸ੍ਰੀ ਗਣੇਸ਼ ਜੀ ਦੀ ਆਰਤੀ ਕੀਤੀ ਗਈ ਅਤੇ ਲੱਡੂਆਂ ਦਾ ਭੋਗ ਲਗਾਇਆ ਗਿਆ।ਜਨਾਲੀਆ ਨੇ ਦੱਸਿਆ ਕਿ ਸਵੇਰੇ ਸ੍ਰੀ ਬਾਲਾਜੀ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਗਣੇਸ਼ ਜੀ ਮਹਾਰਾਜ ਦਾ ਕੀਰਤਨ ਕੀਤਾ ਗਿਆ ਸਵਾਮਣੀ ਭੋਗ ਦੀ ਸੇਵਾ ਰਿੰਕੂ ਬਾਂਸਲ ਪ੍ਰਧਾਨ ਪ੍ਰਾਪਰਟੀ ਡੀਲਰਜ਼ ਐਸੋਸੀਏਸ਼ਨ ਸੁਨਾਮ ਨੇ ਨਿਭਾਈ। ਉਪਰੰਤ ਸੰਤ ਸ਼੍ਰੋਮਣੀ ਇੱਛਾਪੂਰਤੀ ਸ੍ਰੀ ਬਾਲਾਜੀ ਚੈਰੀਟੇਬਲ ਟਰੱਸਟ ਵੱਲੋਂ ਭੰਡਾਰਾ ਲਗਾਇਆ ਗਿਆ ਅਤੇ ਉਸ ਤੋਂ ਬਾਅਦ ਸ੍ਰੀ ਗਣਪਤੀ ਬੱਪਾ ਦੀ ਸ਼ੋਭਾ ਯਾਤਰਾ ਆਈ.ਟੀ.ਆਈ. ਤੋਂ ਹੁੰਦੇ ਹੋਏ ਸਮਾਨਾ ਭਾਖੜਾ ਨਹਿਰ 'ਤੇ ਪਹੁੰਚੀ, ਜਿੱਥੇ ਸ੍ਰੀ ਗਣੇਸ਼ ਜੀ ਦਾ ਵਿਸਰਜਨ ਕੀਤਾ ਗਿਆ।ਇਸ ਮੌਕੇ ਕਮਲ ਸਿੰਗਲਾ, ਸੰਜੀਵ ਨਾਗਰਾ, ਰਜਤ ਜੈਨ, ਸ਼ੀਤਲ ਮਿੱਤਲ, ਪ੍ਰਵੇਸ਼ ਅਗਰਵਾਲ, ਸਤੀਸ਼ ਬਾਂਗਰੂ, ਬਿੱਟੂ ਗੁਪਤਾ, ਕੇਸ਼ਵ ਗੁਪਤਾ, ਮਨੀ, ਲੱਕੀ, ਭਾਵੇਸ਼ ਕਾਂਸਲ,ਚਕਸ਼ੂ, ਸੰਜੇ, ਲੱਕੀ, ਗੌਤਮ ਆਦਿ ਭਗਤ ਹਾਜ਼ਰ ਸਨ।


# ਕਲਾਸੀਫਾਈਡ ਇਸ਼ਤਿਹਾਰ

## Change of Name

I Sarabjeet Singh Dhuna S/o Joginder Singh R/o H.no. 111, Raj Nagar, Basti Bawa Khel, Jalandhar-144021, Punjab, have changed my name from Sarabjeet Singh Dhuna to Sarabjit Singh. All please note.

I Tarun Kumar S/O Madan Lal R/O 75-A, Amritsar-i, Lawrence Road Amritsar Punjab 143001 have changed my name from Tarun Kumar to Tarun Kumar Arora. All concerned may please note.

I, Ganga Singh Summan S/O Jasvir Singh, R/o Mohalla Narangshahpura, Hadiabad, Phagwara, Satnampura, Kapurthala, Punjab- 144402, have changed my name and shall hereafter be Known as Ganga Singh.

I, Mahesh Bharti S/O Ashok Kumar, R/o House No 480, Gandhi Nagar, Sector 21 C, Mandi Gobindgarh, Mandigobindgarh, Fatehgarh Sahib, Punjab- 147301, I have changed the name of my minor daughter Zia aged about 5 years and She shall hereafter be known as Aarvi Bharti.

I Tejinder Kaur Saini W/O Darshan Singh R/O H.NO. 98, Indra Park P.O Model Town, Jalandhar-144003, Punjab Have Changed My Name From Tejinder Kaur Saini To Tejinder Kaur. All Concerned Please Note.

I, hitherto known as Tushar S/o Surinder Kumar R/o Village Badshahpur, PO. Khambra, Distt. Jalandhar, Punjab-144026, India have changed my name and shall hereafter be known as Tushar Arora.

I, Mohanjeet Singh s/o Labh Singh r/o H.No. 487, Gali No. 6/3, Shaheed Babu Labh Singh Nagar, Jalandhar have changed my name to Mohanjit Singh. All Please Note.

I, Sukhraj Kaur W/o Sukhdev Singh R/o H.No.20, Guru Sant Nagar, Basti Danishmandan, Jalandhar, Punjab have changed my name from Sukhraj Kaur to Sukhraj Kaur. (Kaur as surname) All Please Note.

I, Sukhdev Singh S/o Ajaib Singh R/o H.No. 20, Guru Sant Nagar, Basti Danishmandan Jalandhar Punjab have changed my name from Sukhdev Singh to Sukhdev Singh. (Singh as surname) All Please Note.

I, Nirmal Singh Alias Nirmal Chand S/o Gurbachan Ram R/o VPO. Kala Bakra, Distt. Jalandhar have changed my name from Nirmal Singh Alias Nirmal Chand to Given name as Nirmal & Surname as Singh. All Please Note.

I, Seeta Rani W/o Surinderjit R/o VPO. Bajuha Khurd, Teh. Nakodar, Distt.Jalandhar, Punjab have changed my name from Seeta Rani to Seeta. All Please Note.

## Change of Name

I, Sandeep Singh Saini S/o Kartar Singh R/o Village Raipur, PO. Behrampur, Raipur, Distt. Jalandhar have changed my name from Sandeep Singh Saini to Given name as Sandeep & Surname as Singh. All Please Note.

I, Honey S/o Mohan Lal R/o Village Bhamian, Teh. Garhshankar, Distt. Hoshiarpur, Punjab have changed my name from Honey to Honey Droch. All Please Note.

I, Bharti Devi D/o Raj Kumar R/o H.No. 209, Khurla Kingra, Jalandhar have changed my name from Bharti Devi to Given name as Bharti & Surname as Devi. All Please Note.

## ਬੇਦਖਲੀ ਨੋਟਿਸ

ਮੈਂ, ਜਰਨੈਲ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਮਕਾਨ ਨੰਬਰ ਜੇ.ਐਨ. 56, ਜੇਮਲ ਨਗਰ, ਜਲੰਧਰ-1, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ, ਉਸਦੀ ਪਤਨੀ ਅਮਰਜੀਤ ਕੌਰ ਅਤੇ ਉਸਦੇ 2 ਲੜਕੀਆਂ ਅਰਮਨਪ੍ਰੀਤ ਕੌਰ, ਏਕਮਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਚਰਨ ਸਿੰਘ ਪੁੱਤਰ ਲੇਟ ਪਿਆਰਾ ਸਿੰਘ ਵਾਸੀ ਪਿੰਡ ਕੋਟਲਾ ਸੂਬਾ ਸਿੰਘ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀਆਂ ਦੋ ਲੜਕੀਆਂ ਮਨਦੀਪ ਕੌਰ, ਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਵੀ ਤਾਲੂਕ ਵਾ ਵਾਸਤਾ ਨਹੀਂ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਕ੍ਰਿਸ਼ਨ ਕਲਿਆਣ ਪੁੱਤਰ ਮੇਲਾ ਰਾਮ ਵਾਸੀ ਮਕਾਨ ਨੰ: 137/4, ਨੇੜੇ ਬਸਤੀ ਸ਼ੇਖ, ਨਿਊ ਸੰਤ ਨਗਰ, ਜਲੰਧਰ-1, ਬਸਤੀ ਗੁਜਾਂ, ਜ਼ਿਲ੍ਹਾ ਜਲੰਧਰ, ਪੰਜਾਬ-144002 ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਵਿਕਾਸ ਕਲਿਆਣ ਅਤੇ ਨੂੰਹ ਨੀਤੂ ਅਤੇ ਤਿੰਨ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਸਤੀਸ਼ ਕੁਮਾਰ ਪੁੱਤਰ ਇਸਰ ਦਾਸ ਵਾਸੀ ਬਰੇਟਾ ਤਹਿਸੀਲ ਬੁਢਲਾਡਾ ਜਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਭਾਰਤ ਭੂਸ਼ਨ ਉਰਫ ਹਨੀ ਸਿੰਗਲਾ ਅਤੇ ਉਸਦੀ ਪਤਨੀ ਪੂਜਾ ਰਾਣੀ ਉਰਫ ਪਲਕ ਸਿੰਗਲਾ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ , ਜੋ ਮੈਨੂੰ ਤੰਗ ਪ੍ਰੇਸ਼ਾਨ ਕਰਦੇ ਹਨ ਅਤੇ ਜੋ ਮੇਰੀ ਕੋਈ ਗੱਲ ਨਹੀ ਮੰਨਦੇ ਹਨ । ਇਸ ਲਈ ਮੈ ਇਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ, ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਹਰ ਵਿਅਕਤੀ ਖੁਦ ਜੁੱਮੇਵਾਰ ਹੋਵੇਗਾ। ਇਸ ਵਿੱਚ ਮੇਰੀ ਜਾ ਮੇਰੇ ਪਰਿਵਾਰ ਦੀ ਕੋਈ ਵੀ ਜੁੱਮੇਵਾਰੀ ਨਹੀ ਹੋਵੇਗੀ। ਸੰਬੰਧਤ ਨੋਟ ਕਰਨ ।

ਮੈਂ, ਸੁਰਜੀਤ ਕੌਰ ਪਤਨੀ ਜਗਤਾਰ ਸਿੰਘ, ਵਾਸੀ ਪਿੰਡ ਰਾਜੂਬੇਲਾ, ਡਾਕਖਾਨਾ ਚੱਕ ਸ਼ਰੀਫ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਮੇਰੀ ਨੂੰਹ ਸਿਮਰਨਜੀਤ ਕੌਰ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਟੀ ਏ ਸੀ ਇਨਫੋਸੈਕ ਲਿਮਟਿਡ

(ਪਹਿਲਾਂ ਟੀ ਏ ਸੀ ਇਨਫੋਸੈਕ ਪ੍ਰਾਈਵੇਟ ਲਿਮਟਿਡ ਵਜੋਂ ਜਾਣਿਆ ਜਾਂਦਾ)
ਸੀ ਆਈ ਐਨ : ਐੱਲ 72900 ਪੀ ਬੀ 2016 ਪੀ ਐੱਲ ਸੀ 045575
ਰਜਿ. ਦਫਤਰ : ਰਜਿਸਟਰਡ ਦਫਤਰ 8ਵੀਂ ਮੰਜ਼ਲ, ਪਲਾਟ ਨੰ. ਸੀ-203, ਇੰਡਸਟ੍ਰੀਅਲ ਫੋਕਲ ਪੁਆਇੰਟ, ਫੇਜ਼ 8 ਬੀ, ਮੁਹਾਲੀ, ਪੰਜਾਬ-160055, ਪੰਜਾਬ, ਇੰਡੀਆ
ਫੋਨ +9199888 50821, ਈ-ਮੇਲ company.secretary@tacsecurity.com

### ਕੰਪਨੀ ਦੀ 9ਵੀਂ ਸਾਲਾਨਾ ਜਨਰਲ ਮੀਟਿੰਗ ਅਤੇ ਈ-ਵੋਟਿੰਗ ਦਾ ਨੋਟਿਸ

ਨੋਟਿਸ ਦਿੱਤਾ ਜਾਂਦਾ ਹੈ ਕਿ ਟੀ ਏ ਸੀ ਇਨਫੋਸੈਕ ਲਿਮਟਿਡ ("ਦਾ ਕੰਪਨੀ" ਜਾਂ "ਟੀ ਏ ਸੀ") ਦੇ ਮੈਂਬਰਾਂ ਦੀ 9ਵੀਂ (ਨੌਵੀਂ) ਸਾਲਾਨਾ ਜਨਰਲ ਮੀਟਿੰਗ (ਏ ਜੀ ਐੱਮ) ਮੰਗਲਵਾਰ 30 ਸਤੰਬਰ 2025 ਨੂੰ ਸ਼ਾਮ 04.00 ਵਜੇ ਭਾਰਤੀ ਸਮੇਂ ਅਨੁਸਾਰ 9ਵੀਂ ਏ ਜੀ ਐੱਮ ਦੇ ਕਾਰੋਬਾਰਾਂ ਦੇ ਨਿਪਟਾਰੇ ਲਈ ਵੀਡੀਓ ਕਾਨਫਰੰਸਿੰਗ ("ਵੀ ਸੀ")/ਹੋਰ ਆਡੀਓ ਵਿਜ਼ੂਅਲ ਮੀਨਜ਼ ("ਓ ਏ ਵੀ ਐੱਮ") ਰਾਹੀਂ ਹੋਵੇਗੀ। ਜਨਰਲ ਸਰਕੂਲਰ ਨੰ. 14/2020 ਮਿਤੀ 08 ਅਪ੍ਰੈਲ, 2020, ਸਰਕੂਲਰ ਨੰ. 17/2020 ਮਿਤੀ 13 ਅਪ੍ਰੈਲ 2020 ਅਤੇ ਸਰਕੂਲਰ ਨੰ. 20/2020 ਮਿਤੀ 05 ਮਈ 2020 ਅਤੇ ਸਰਕੂਲਰ ਨੰ. 02/2021 ਮਿਤੀ 13 ਜਨਵਰੀ 2021 ਅਤੇ ਸਰਕੂਲਰ ਨੰ. 21/2021 ਮਿਤੀ 14 ਦਸੰਬਰ 2021 ਅਤੇ 02/2022 ਮਿਤੀ 05 ਮਈ 2022, 10/2022 ਮਿਤੀ 28 ਦਸੰਬਰ 2022 ਅਤੇ ਹਾਲੀਆ ਸਰਕੂਲਰ 09/2023 ਮਿਤੀ 25 ਸਤੰਬਰ 2023 ("ਐੱਮ ਸੀ ਏ ਸਰਕੂਲਰਜ਼") ਅਤੇ ਸਰਕੂਲਰ ਨੰ. ਸੇਬੀ/ਐੱਚ ਓ/ਸੀ ਐੱਫ ਡੀ/ਸੀ ਐੱਮ ਡੀ-1/ਸੀ ਆਈ ਆਰ/ਪੀ/2020/79 ਮਿਤੀ 12 ਮਈ 2020 ਸਰਕੂਲਰ ਨੰ. ਸੇਬੀ/ਐੱਚ ਓ/ਸੀ ਐੱਫ ਡੀ/ਸੀ ਐੱਮ ਡੀ 2/ਸੀ ਆਈ ਆਰ/ਪੀ/2021/11 ਮਿਤੀ 15 ਜਨਵਰੀ 2021, ਸਰਕੂਲਰ ਨੰ. ਸੇਬੀ/ਐੱਚ ਓ/ਸੀ ਐੱਫ ਡੀ/ਸੀ ਐੱਮ ਡੀ 2/ ਸੀ ਆਈ ਆਰ/ਪੀ/2022/62 ਮਿਤੀ 13 ਮਈ 2022, ਸੇਬੀ/ਐੱਚ ਓ/ਸੀ ਆਰ ਡੀ/ਪੀ ਓ ਡੀ-2/ਪੀ/ਸੀ ਆਈ ਆਰ/2023/4 ਮਿਤੀ 05 ਜਨਵਰੀ 2023 ਅਤੇ ਸਰਕੂਲਰ ਨੰ. ਸੇਬੀ/ਐੱਚ ਓ/ਸੀ ਐੱਫ ਡੀ/ਸੀ ਐੱਫ ਡੀ- ਪੀ ਓ ਡੀ-2/ਪੀ/ ਸੀ ਆਈ ਆਰ/2023/167 ਮਿਤੀ 07 ਅਕਤੂਬਰ 2023 ਅਤੇ ਸਰਕੂਲਰ ਨੰ: ਸੇਬੀ/ਐੱਚ ਓ/ਸੀ ਐੱਫ ਡੀ/ਸੀ ਐੱਫ ਡੀ-ਪੀ ਓ ਡੀ-2/ਪੀ/ਸੀ ਆਈ ਆਰ/2024/133 ਮਿਤੀ 03 ਅਕਤੂਬਰ, 2024 ਨੂੰ ਸਕਿਉਰਿਟੀ ਐਕਸਚੇਂਜ ਬੋਰਡ ਆਫ ਇੰਡੀਆ ("ਸੇਬੀ ਸਰਕੂਲਰ") ਏ ਜੀ ਐੱਮ ਦੇ ਨੋਟਿਸ ਨਾਲ 2024-25 ਦੀ ਸਾਲਾਨਾ ਰਿਪੋਰਟ ਉਨ੍ਹਾਂ ਮੈਂਬਰਾਂ ਨੂੰ ਇਲੈਕਟਰੋਨਿਕ ਢੰਗ ਰਾਹੀਂ ਭੇਜੀ ਗਈ ਹੈ, ਜਿਨ੍ਹਾਂ ਦੇ ਈਮੇਲ ਪਤੇ ਕੰਪਨੀ/ਡਿਪਾਜ਼ਟਰੀਜ਼ ਕੋਲ ਰਜਿਸਟਰਡ ਹਨ। ਮੈਂਬਰ ਨੋਟ ਕਰਨ ਕਿ ਨੋਟਿਸ ਅਤੇ 2024-25 ਦੀ ਸਾਲਾਨਾ ਰਿਪੋਰਟ ਅਤੇ ਨੋਟਿਸ ਕੰਪਨੀ ਦੀ ਵੈੱਬਸਾਈਟ www.tacsecurity.com ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ (ਐੱਨ ਐੱਸ ਈ) ਲਿਮਟਿਡ ਦੀ ਵੈੱਬਸਾਈਟ www.nseindia.com, ਅਤੇ ਨੈਸ਼ਨਲ ਸਕਿਉਰਟੀਜ਼ ਡਿਪਾਜ਼ਟਰੀ ਲਿਮਟਿਡ (ਐੱਨ ਐੱਸ ਡੀ ਐੱਲ) ਦੀ ਵੈੱਬਸਾਈਟ www.evoting.nsdl.com 'ਤੇ ਅਪਲੋਡ ਕੀਤੀ ਜਾਵੇਗੀ। ਐੱਮ ਸੀ ਏ ਸਰਕੂਲਰਜ਼ ਦੀ ਰੋਸ਼ਨੀ 'ਚ ਸ਼ੇਅਰ ਹੋਲਡਰਜ਼ ਜੋ ਡੀਮੇਟ ਫਾਰਮ 'ਚ ਇਕੁਇਟੀ ਸ਼ੇਅਰ ਰੱਖਦੇ ਹਨ ਅਤੇ ਜਿਨ੍ਹਾਂ ਨੇ ਆਪਣੇ ਈਮੇਲ ਪਤੇ ਪੇਸ਼ ਨਹੀਂ ਕੀਤੇ, ਉਨ੍ਹਾਂ ਨੂੰ 9ਵੀਂ ਏ ਜੀ ਐੱਮ ਅਤੇ ਸਾਲਾਨਾ ਰਿਪੋਰਟ 2024-25 ਨੂੰ ਭੇਜੀ ਨਹੀਂ ਗਈ, ਉਹ ਨਿਮਨਲਿਖਤ ਪ੍ਰਕਿਰਿਆ ਰਾਹੀਂ ਆਰਜ਼ੀ ਤੌਰ 'ਤੇ ਆਪਣੇ ਰਜਿਸਟਰਡ ਈਮੇਲ ਪਤੇ ਪ੍ਰਾਪਤ ਕਰ ਸਕਦੇ ਹਨ।

1. ਭੌਤਿਕ ਮੋਡ 'ਚ ਸ਼ੇਅਰ ਰੱਖਣ ਵਾਲੇ ਕਿਰਪਾ ਕਰਕੇ ਫੋਲੀਓ ਨੰ. ਸ਼ੇਅਰ ਹੋਲਡਰ ਦਾ ਨਾਂ, ਸ਼ੇਅਰ ਸਰਟੀਫਿਕੇਟ (ਅਗਲਾ ਪਾਸਾ ਅਤੇ ਪਿਛਲਾ ਪਾਸਾ) ਦੀ ਸਕੈਨਡ ਕਾਪੀ, ਪੈਨ (ਪੈਨ ਕਾਰਡ ਦੀ ਖੁਦ ਤਸਦੀਕਸ਼ੁਦਾ ਸਕੈਨਡ ਕਾਪੀ), ਅਧਾਰ (ਅਧਾਰ ਕਾਰਡ ਦੀ ਖੁਦ ਤਸਦੀਕਸ਼ੁਦਾ ਸਕੈਨਡ ਕਾਪੀ) ਈਮੇਲ ਵੈੱਬਸਾਈਟ company.secretary@tacsecurity.com, 'ਤੇ ਮੁਹੱਈਆ ਕਰਵਾਉਣ ਦੀ ਬੇਨਤੀ ਕੀਤੀ ਜਾਂਦੀ ਹੈ)
2. ਡੀਮੇਟ ਮੋਡ 'ਚ ਸ਼ੇਅਰ ਰੱਖਣ ਵਾਲੇ ਕਿਰਪਾ ਕਰਕੇ ਡੀ ਪੀ ਆਈ ਡੀ-ਸੀ ਐੱਲ ਆਈ ਡੀ (16 ਡਿਜਟ ਡੀ ਪੀ ਆਈ ਡੀ+ ਸੀ ਐੱਲ ਆਈ ਡੀ ਜਾਂ 16 ਡਿਜਟ ਬੈਨੀਫਿਸ਼ਰੀ ਆਈ ਡੀ), ਨਾਂਅ ਕਲਾਇੰਟ ਮਾਸਟਰ ਜਾਂ ਕਨਸਾਲੀਡੇਟਿਡ ਅਕਾਊਂਟ ਸਟੇਟਮੈਂਟ ਦੀ ਕਾਪੀ, ਪੈਨ (ਪੈਨ ਕਾਰਡ ਦੀ ਖੁਦ ਤਸਦੀਕਸ਼ੁਦਾ ਸਕੈਨਡ ਕਾਪੀ) ਅਧਾਰ (ਅਧਾਰ ਕਾਰਡ ਦੀ ਖੁਦ ਦੀ ਤਸਦੀਕਸ਼ੁਦਾ ਸਕੈਨਡ ਕਾਪੀ) company.secretary@tacsecurity.com, ਦੀ ਈ ਮੇਲ ਰਾਹੀਂ ਮੁਹੱਈਆ ਕਰਵਾਉਣ।
3. ਬਦਲਵੇਂ ਤੌਰ 'ਤੇ ਮੈਂਬਰ ਯੂਜ਼ਰ ਆਈ ਡੀ ਅਤੇ ਪਾਸਵਰਡ ਜਿਸ ਦੇ ਨੰਬਰ (1) ਅਤੇ (2) 'ਚ ਵੇਰਵੇ ਦਰਸਾਏ ਗਏ ਹਨ, ਨੂੰ ਸਾਬਤ ਕਰਕੇ evoting@nsdl.com ਨੂੰ ਬੇਨਤੀ ਦੀ ਈ ਮੇਲ ਭੇਜ ਕੇ ਪ੍ਰਾਪਤ ਕਰ ਸਕਦੇ ਹਨ।

ਈ ਮੇਲ ਪਤੇ ਦੀ ਸਫਲ ਰਜਿਸਟ੍ਰੇਸ਼ਨ ਤੋਂ ਬਾਅਦ ਸ਼ੇਅਰ ਧਾਰਕ ਯੂਜ਼ਰ-ਆਈ ਡੀ ਅਤੇ 9ਵੀਂ ਏ ਜੀ ਐੱਮ ਲਈ ਈ-ਵੋਟਿੰਗ ਲਈ ਪਾਸਵਰਡ ਪ੍ਰਾਪਤ ਕਰੇਗਾ। ਕਿਸੇ ਪੁੱਛਗਿੱਛ ਲਈ ਸ਼ੇਅਰ ਧਾਰਕ ਕੰਪਨੀ ਦੀ ਵੈੱਬਸਾਈਟ company.secretary@tacsecurity.com ਤੋਂ ਜਾਣਕਾਰੀ ਪ੍ਰਾਪਤ ਸਕਦਾ ਹੈ। ਸ਼ੇਅਰ ਧਾਰਕਾਂ ਨੂੰ ਆਪਣੇ ਡਿਪਾਜ਼ਟਰੀ ਪਾਰਟੀਸੀਪੈਂਟਸ ਕੋਲ ਆਪਣੀਆਂ ਈ ਮੇਲ ਆਈ ਡੀਜ਼ ਰਜਿਸਟਰ/ਅਪਡੇਟ ਕਰਵਾਉਣ ਦੀ ਬੇਨਤੀ ਕੀਤੀ ਜਾਂਦੀ ਹੈ, ਜਿਸ ਨਾਲ ਉਹ ਆਪਣੇ ਡੀਮੇਟ ਅਕਾਊਂਟ ਮੇਨਟੇਨ ਕਰ ਸਕਣ, ਜੇਕਰ ਸ਼ੇਅਰ ਡੀਮੀਟੀਅਲਾਈਜ਼ਡ ਮੋਡ 'ਚ ਹਨ ਤਾਂ ਦਸਤਾਵੇਜ਼ ਲਈ ਬੇਨਤੀ ਪੇਸ਼ ਕਰਨ। ਕੰਪਨੀ ਕੋਲ ਭੌਤਿਕ ਸ਼ੇਅਰ ਹੋਲਡਰਜ਼ ਦੇ ਨਾਂਅ, ਮੈਂਬਰਾਂ ਦੇ ਰਜਿਸਟਰ ਅਤੇ ਕੰਪਨੀ ਦੀਆਂ ਸ਼ੇਅਰ ਟਰਾਂਸਫਰ ਬੁਕਸ ਬੰਦ ਨਹੀਂ ਹਨ। ਮੈਂਬਰ ਜਿਨ੍ਹਾਂ ਦੇ ਮੈਂਬਰਾਂ ਦੇ ਰਜਿਸਟਰ 'ਚ ਨਾਂਅ ਰਿਕਾਰਡਿਡ ਹਨ ਜਾਂ ਡਿਪਾਜ਼ਟਰੀ ਦੇ ਰੱਖ ਰਖਾਵ ਵਾਲੇ ਲਾਭਕਾਰੀ ਮਾਲਕਾਂ ਦੇ ਰਜਿਸਟਰ, ਜੋ ਕਿ ਮੰਗਲਵਾਰ 23 ਸਤੰਬਰ 2025 ("ਕੱਟ ਆਫ ਡੇਟ") 'ਚ ਰਿਕਾਰਡਿਡ ਹਨ। ਸਾਲਾਨਾ ਜਨਰਲ ਮੀਟਿੰਗ 'ਚ ਈ-ਵੋਟਿੰਗ ਜਾਂ ਰਿਮੋਟ ਈ-ਵੋਟਿੰਗ ਦੀ ਸਹੂਲਤ ਲਈ ਯੋਗ ਹੋਣਗੇ। ਕੰਪਨੀਜ਼ ਐਕਟ 2013 ਦੇ ਸੈਕਸ਼ਨ 108 ਅਤੇ ਸੇਬੀ (ਐੱਲ ਓ ਡੀ ਆਰ) ਰੈਗੂਲੇਸ਼ਨਜ਼ 2015 (ਸੋਧੇ ਅਨੁਸਾਰ) ਦੇ ਰੈਗੂਲੇਸ਼ਨ 44 ਅਤੇ ਐੱਮ ਸੀ ਏ ਸਰਕੂਲਰਜ਼ ਦੀਆਂ ਵਿਵਸਥਾਵਾਂ ਦੀ ਪਾਲਣਾ 'ਚ ਕੰਪਨੀ ਏ ਜੀ ਐੱਮ ਦੇ ਨਿਪਟਾਉਣ ਵਾਲੇ ਕਾਰੋਬਾਰਾਂ ਦੇ ਸੰਬੰਧ 'ਚ ਆਪਣੇ ਮੈਂਬਰਾਂ ਨੂੰ ਏ ਜੀ ਐੱਮ ਦੀ ਮਿਤੀ ਨੂੰ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਦੀ ਸਹੂਲਤ ਮੁਹੱਈਆ ਕਰਵਾ ਰਹੀ ਹੈ। ਇਸ ਮੰਤਵ ਲਈ ਇਲੈਕਟ੍ਰਾਨਿਕ ਢੰਗਾਂ ਰਾਹੀਂ ਵੋਟਿੰਗ ਸਹੂਲਤ ਲਈ ਕੰਪਨੀ ਨੇ ਐੱਨ ਐੱਸ ਡੀ ਐੱਲ ਨਾਲ ਸਮਝੌਤਾ ਕੀਤਾ ਹੈ। ਰਿਮੋਟ ਈ-ਵੋਟਿੰਗ ਸ਼ਨੀਵਾਰ 27 ਸਤੰਬਰ 2025 ਨੂੰ ਸਵੇਰੇ 9.00 ਵਜੇ ਸ਼ੁਰੂ ਹੋਵੇਗੀ ਅਤੇ ਸੋਮਵਾਰ 29 ਸਤੰਬਰ 2025 ਨੂੰ ਸ਼ਾਮ 5.00 ਵਜੇ ਬੰਦ ਹੋਵੇਗੀ। ਇਸ ਸਮੇਂ ਦੌਰਾਨ ਕੰਪਨੀ ਦੇ ਕੱਟ-ਆਫ ਡੇਟ 'ਚ ਸ਼ੇਅਰ ਰੱਖਣ ਵਾਲੇ ਮੈਂਬਰ ਆਪਣੀ ਵੋਟ ਇਲੈਕਟ੍ਰਾਨੀਕਲੀ ਢੰਗ ਨਾਲ ਪਾ ਸਕਦੇ ਹਨ। (ਰਿਮੋਟ-ਈ ਵੋਟਿੰਗ)। ਮੈਂਬਰ ਨੋਟ ਕਰਨ ਕਿ (ਏ) ਵੋਟਿੰਗ ਲਈ ਉਕਤ ਦੱਸੀ ਮਿਤੀ ਅਤੇ ਸਮੇਂ ਤੋਂ ਬਾਅਦ ਐੱਨ ਐੱਸ ਡੀ ਐੱਲ ਵੱਲੋਂ ਰਿਮੋਟ-ਈ ਵੋਟਿੰਗ ਸ਼ਡਿਊਲ ਅਯੋਗ ਕਰਾਰ ਦਿੱਤਾ ਜਾਵੇਗਾ ਅਤੇ ਮੈਂਬਰ ਦੁਆਰਾ ਮਤੇ 'ਤੇ ਇੱਕ ਵਾਰ ਵੋਟ ਪਾਉਣ ਤੋਂ ਬਾਅਦ ਮੈਂਬਰ ਨੂੰ ਬਾਅਦ 'ਚ ਇਸ 'ਚ ਤਬਦੀਲੀ ਕਰਨ ਦੀ ਆਗਿਆ ਨਹੀਂ ਹੋਵੇਗੀ, (ਬੀ) ਈ-ਵੋਟਿੰਗ ਦੀ ਸਹੂਲਤ 9ਵੀਂ ਏ ਜੀ ਐੱਮ 'ਚ ਉਪਲੱਬਧ ਹੋਵੇਗੀ ਅਤੇ (ਸੀ) ਮੈਂਬਰ ਜਿਨ੍ਹਾਂ 9ਵੀਂ ਏ ਜੀ ਐੱਮ ਤੋਂ ਪਹਿਲਾਂ ਰਿਮੋਟ-ਈ ਵੋਟਿੰਗ ਰਾਹੀਂ ਵੋਟ ਪਾਈ ਹੋਵੇਗੀ, 9ਵੀਂ ਏ ਜੀ ਐੱਮ 'ਚ ਹਾਜ਼ਰ ਹੋ ਸਕਦੇ ਹਨ, ਪਰ ਦੁਬਾਰਾ ਵੋਟ ਪਾਉਣ ਦੇ ਪਾਬੰਦ ਨਹੀਂ ਹੋਣਗੇ। ਰੀਮੋਟ ਈ-ਵੋਟਿੰਗ/ਈ-ਵੋਟਿੰਗ ਪ੍ਰਕਿਰਿਆ ਦਾ ਵੇਰਵਾ 9ਵੀਂ ਸਾਲਾਨਾ ਜਨਰਲ ਮੀਟਿੰਗ 'ਚ ਮੁਹੱਈਆ ਕਰਵਾਇਆ ਗਿਆ ਹੈ।

ਕੋਈ ਵਿਅਕਤੀ ਜੋ ਕੰਪਨੀ ਦੇ ਸ਼ੇਅਰ ਅਕੁਆਇਰ ਕਰਦਾ ਹੈ ਅਤੇ ਏ ਜੀ ਐੱਮ ਨੋਟਿਸ ਭੇਜਣ ਤੋਂ ਬਾਅਦ ਕੰਪਨੀ ਦਾ ਮੈਂਬਰ ਬਣਦਾ ਹੈ ਅਤੇ ਕੱਟ-ਆਫ-ਡੇਟ ਜੋ ਕਿ ਮੰਗਲਵਾਰ 23 ਸਤੰਬਰ 2025 ਹੈ, ਨੂੰ ਸ਼ੇਅਰ ਧਾਰਕ ਹੈ ਤਾਂ ਉਹ evoting@nsdl.com ਜਾਂ company.secretary @tacsecurity.com 'ਤੇ ਬੇਨਤੀ ਭੇਜਕੇ ਲਾਗਇਨ ਆਈ ਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦਾ ਹੈ। ਬੇਸ਼ੱਕ ਜੇਕਰ ਤੁਸੀਂ ਰਿਮੋਟ ਈ-ਵੋਟਿੰਗ ਲਈ ਐੱਨ ਐੱਸ ਡੀ ਐੱਲ ਕੋਲ ਪਹਿਲਾਂ ਹੀ ਰਜਿਸਟਰਡ ਹੋ ਤਾਂ ਵੋਟ ਲਈ ਆਪਣੀ ਮੌਜੂਦਾ ਯੂਜ਼ਰ ਆਈ ਡੀ ਅਤੇ ਪਾਸਵਰਡ ਵਰਤ ਸਕਦੇ ਹੋ। ਜੇਕਰ ਤੁਸੀਂ ਆਪਣਾ ਪਾਸਵਰਡ ਭੁੱਲ ਚੁੱਕੇ ਹੋ ਤਾਂ "ਫਾਰਗੇਟ ਪਾਸਵਰਡ" ਦੀ ਵਰਤੋਂ ਕਰਕੇ ਆਪਣਾ ਪਾਸਵਰਡ ਦੁਬਾਰਾ ਸੈੱਟ ਕਰ ਸਕਦੇ ਹੋ, ਜਿਸ ਦਾ ਆਪਸ਼ਨ www.evoting.nsdl.com 'ਤੇ ਉਪਲੱਬਧ ਹੈ।

ਈ-ਵੋਟਿੰਗ ਲਈ ਕਿਸੇ ਪੁੱਛਗਿੱਛ ਲਈ ਤੁਸੀਂ ਅਕਸਰ ਪੁੱਛੇ ਜਾਂਦੇ ਸਵਾਲ (ਐੱਫ ਏ ਕਿਊਜ਼) ਫਾਰ ਸ਼ੇਅਰ ਹੋਲਡਰਜ਼ ਅਤੇ ਸ਼ੇਅਰ ਹੋਲਡਰਾਂ ਲਈ ਈ-ਵੋਟਿੰਗ ਯੂਜ਼ਰ ਮੈਨੂਅਲ ਲਈ www.evoting.nsdl.com ਸੈਕਸ਼ਨ ਤੋਂ ਡਾਊਨਲੋਡ ਕੀਤਾ ਜਾਵੇ ਜਾਂ ਟੋਲ ਫ੍ਰੀ ਨੰ. 1800-222-990 'ਤੇ ਕਾਲ ਕਰਕੇ ਜਾਂ evoting@nsdl.com 'ਤੇ ਬੇਨਤੀ ਭੇਜ ਕੇ ਪ੍ਰਾਪਤ ਕਰ ਸਕਦੇ ਹੋ। ਕਿਸੇ ਹੋਰ ਸਪਸ਼ਟੀਕਰਨ ਲਈ ਮੈਂਬਰ ਕੰਪਨੀ ਦੇ ਕੰਪਨੀ ਸੈਕਟਰੀ ਨਾਲ ਕੰਪਨੀ ਦੇ ਕਾਰਪੋਰੇਟ ਦਫਤਰ ਨਾਲ ਸੰਪਰਕ ਕਰ ਸਕਦਾ ਹੈ ਜਾਂ company.secretary@tacsecurity.com ਨੂੰ ਈ ਮੇਲ ਲਿਖ ਕੇ ਜਾਂ 0288-2710708 'ਤੇ ਫੋਨ ਕਰਕੇ ਪਤਾ ਕਰ ਸਕਦਾ ਹੋ।

ਮੈਂਬਰ ਵੀ ਸੀ/ਓ ਏ ਵੀ ਐੱਮ ਸਹੂਲਤ ਰਾਹੀਂ ਸਾਲਾਨਾ ਜਨਰਲ ਮੀਟਿੰਗ 'ਚ ਹਿੱਸਾ ਲੈ ਸਕਦੇ ਹਨ। ਵੀ ਸੀ/ਓ ਏ ਵੀ ਐੱਮ ਰਾਹੀਂ ਸਾਲਾਨਾ ਜਨਰਲ ਮੀਟਿੰਗ 'ਚ ਸ਼ਾਮਲ ਹੋਣ ਲਈ ਹਦਾਇਤਾਂ ਸਾਲਾਨਾ ਜਨਰਲ ਮੀਟਿੰਗ ਦੇ ਨੋਟਿਸ 'ਚ ਮੁਹੱਈਆ ਕਰਵਾਈਆਂ ਗਈਆਂ ਹਨ। ਏ ਜੀ ਐੱਮ 'ਚ ਸ਼ਾਮਲ ਹੋਣ ਜਾਂ ਕਿਸੇ ਪੁੱਛਗਿੱਛ ਲਈ ਸ਼ੇਅਰ ਧਾਰਕ/ਮੈਂਬਰ evoting@nsdl.com ਨੂੰ ਈ ਮੇਲ ਭੇਜ ਕੇ ਲਿਖ ਸਕਦੇ ਹਨ ਜਾਂ ਸਾਨੂੰ ਟੈਲੀ. 1800-222-990 'ਤੇ ਕਾਲ ਕਰ ਸਕਦੇ ਹੋ।

ਵੀ ਸੀ/ਓ ਏ ਵੀ ਐੱਮ ਰਾਹੀਂ ਮੀਟਿੰਗ 'ਚ ਹਿੱਸਾ ਲੈਣ ਵਾਲੇ ਮੈਂਬਰ ਦੀ ਕੰਪਨੀਜ਼ ਐਕਟ 2013 ਦੇ ਸੈਕਸ਼ਨ 103 ਅਧੀਨ ਕੋਰਮ 'ਚ ਗਣਨਾ ਦੇ ਮੰਤਵ ਨਾਲ ਗਣਨਾ ਕੀਤੀ ਜਾਵੇਗੀ।

ਵਾਸਤੇ, ਟੈਕ ਇਨਫੋਸੈਕ ਲਿਮਟਿਡ
ਸਹੀ/- ਤ੍ਰਿਸ਼ਨੀਤ ਅਰੋੜਾ
ਚੇਅਰਮੈਨ ਅਤੇ ਕਾਰਜਕਾਰੀ ਡਾਇਰੈਕਟਰ ਅਤੇ ਸੀ ਈ ਓ
ਡੀ ਆਈ ਐੱਨ : 07567604

ਸਥਾਨ : ਪੰਜਾਬ
ਮਿਤੀ : 08 ਸਤੰਬਰ 2025

## COURT NOTICE

(U/O 5 Rule 20 Cpc)
In The Court of
Sh. Divanshu Aggarwal
Civil Judge Junior Division - 13, Patiala
CS37/297 /2024
CNR No. PBPT02-004516-2024
Next Date:- 23-09-2025
State Bank Of India
Vs.
Satpal Singh
Publication Issued To:
Satpal Singh
Father: Gulzar Singh
VPO Lang, Tehsil and Distt. Patiala

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 23-09-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 13, Patiala
Dated, this day of 05-09-2025

## COURT NOTICE

(U/O 5 Rule 20 Cpc)
In The Court of
Sh. Gurmanak Pal Singh
Civil Judge Junior Division - 18, Patiala
CNR No. PBPT02-003124-2025
Next Date: 13-10-2025
Bhim Sain
Vs.
General Public
Publication Issued To:
General Public
: General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 13-10-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 18, Patiala
Dated, this day of 05-09-2025

## COURT NOTICE

(U/O 5 Rule 20 Cpc)
In The Court of
Ms. Muskaan
Civil Judge (Junior Division), Ludhiana
CNR No. PBLD02-006878-2024
Next Date :- 30-09-2025
Sachin Jain
Vs.
Aklesh Hora
Publication Issued To:
4. Upasana Lohia
Father: Sh. Mohinder Pal
W/O Sh. Narinder Lohia R/O H. No. 34, Pushap Vihar, Canal Road, Ludhiana

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 30-09-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division) Ludhiana
Dated, this day of 30-08-2025

## COURT NOTICE

(U/O 5 Rule 20 Cpc)
In The Court of
Sh. Balkar Singh
Additional Civil Judge (Senior Division), Budhlada
CNR No. PBMNA0-000496-2023
Next Date:- 29-10-2025
Rajinder Singh
Vs.
Balwan Singh
Publication Issued To:
Balwan Singh
Father: Joginder Singh
R/o Gobindpura, Tehsil Budhlada Now R/o Barnala Mob. No. 94634000665

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 29-10-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Budhlada
Dated, this day of 04-09-2025

## CRIMINAL COURTS, LUDHIANA

In The Court of Ms. Shruti
Judicial Magistrate - Ist Class, Ludhiana
Next Date, Purpose of case, Orders and Judgments as well as other case information is available on http://ecourts.gov.in

Case No.:- COMA/42938/2022
M/s Shriram Transport Finance Co Ltd Vs Gurmeet Singh
Police Station/Fir No. Division 5//2022
PBLD03-060223-2022
NEXT DATE: 17-10-2025
138 of Negotiable Instruments Act
Proclamation Requiring The Appearance of a Person Accused
Detail of offence:-
Notice To:
Gurmeet Singh
:- Son of Karam Singh Resident of Village Malsihan Bhajan Moga

WHEREAS complaint/case has been made before me that Gurmeet Singh:- R/o Son of Karam Singh Resident of Village Malsihan Bhajan Moga has committed (or is suspected to have committed) the offence punishable under section 138 of Negotiable Instruments Act and it has been returned to a warrant of arrest thereupon issued that the said GURMEET SINGH cannot be found, and whereas it has been shown to my satisfaction that the said GURMEET SINGH has absconded (or is concealing himself/herself to avoid the service of the said warrant); Proclamation is hereby made that the said GURMEET SINGH is required to appear before this Court (for me) on 17-10-2025 to answer the said complaint/case.

Judicial Magistrate - Ist Class Ludhiana
Dated this day of 04-09-2025.

## CRIMINAL COURTS, LUDHIANA

In the Court of
Ms. Harmeet Kaur Puri
Judicial Magistrate - Ist Class Ludhiana
CNR No: PBLD03-073355-2021
Peshi: 13-10-2025
M/S Sobhagia Sales Pvt. Ltd.
Vs
Mamta Rani
Publication Notice For Proclamation Under Section 82 Cr.pc
Petition U/S 138 Of Negotiable Instruments Act, 1881 Amended Upto Date
Notice To:
Mamta Rani W/o Naveen Chauhan Proprietor of Mamta Enterprises, Plot No. 11/11, Com-C, Sec-11, Vasundhara, Ghaziabad, Gautam Budha Nagar, Ghaziabad, U.P.

Whereas it has been proved to the satisfaction of the Court that the accused above named cannot be served in the ordinary way of service. Hence, this proclamation under section 82 CRPC is hereby issued against him/them and should appear personally or through their counsel on 13-10-2025 at 10.00 a.m.

Take notice that, in default of his/their appearance on the day before mentioned, the above said case will be heard and determined in his/their absence.

Given under my hand and the seal of the Court, this 28-08-2025
Judicial Magistrate - Ist Class Ludhiana

# ਟੂਰਿਸਟ ਬੱਸ ਪਲਟਣ ਕਾਰਨ ਸਵਾਰੀਆਂ ਜ਼ਖਮੀ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਜਲੰਧਰ ਪਠਾਨਕੋਟ ਰਾਸ਼ਟਰੀ ਮਾਰਗ ਤੇ ਪਿੰਡ ਕੁਰਾਲਾ ਨਜ਼ਦੀਕ ਸਵੇਰੇ ਤੜਕਸਾਰ ਹੀ ਇੱਕ ਟੂਰਿਸਟ ਬੱਸ ਗਲਤ ਦਿਸ਼ਾ ਤੋਂ ਆ ਰਹੀ ਕਾਰ ਨੂੰ ਬਚਾਉਂਦੇ ਹੋਏ ਬੇਕਾਬੂ ਹੋ ਕੇ ਸੜਕ ਡਿਵਾਈਡਰ ਤੇ ਪਲਟ ਗਈ।ਇਹ ਹਾਦਸਾ ਸਵੇਰੇ ਕਰੀਬ 5 ਵਜੇ ਉਸ ਸਮੇਂ ਹੋਇਆ ਜਦੋਂ ਦਿੱਲੀ ਤੋਂ ਜੰਮੂ ਜਾ ਰਹੀ ਟੂਰਿਸਟ ਬੱਸ ਪਲਟ ਗਈ ਜਿਸ ਦੌਰਾਨ ਬੱਸ ਵਿੱਚ ਸਵਾਰ ਯਾਤਰੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ। ਇਸ ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸਰਬੱਤ ਦਾ ਭਲਾ ਸੇਵਾ ਸੋਸਾਇਟੀ ਮੂਨਕਾ , ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ ਤੇ ਪਹੁੰਚ ਕੇ ਹਾਦਸਾਗ੍ਰਸਤ ਬੱਸ ਵਿੱਚ ਫਸੇ ਯਾਤਰੀਆਂ ਨੂੰ ਬਾਹਰ ਕੱਢਿਆ ਤੇ ਮੌਕੇ ਤੇ ਪਹੁੰਚ ਕੇ ਵੇਵਸ ਹਸਪਤਾਲ ਟਾਂਡਾ ਦੇ ਡਾ. ਲਵਪ੍ਰੀਤ ਸਿੰਘ ਪਾਬਲਾ ਨੇ ਹਾਦਸੇ ਵਿੱਚ ਜ਼ਖਮੀ ਹੋਏ ਰਾਮ ਕੁਮਾਰ ਸ਼ਰਮਾ ਪੁੱਤਰ ਅਜਬ ਕੁਮਾਰ ਵਾਸੀ ਦਿੱਲੀ, ਗੁਲਾਮ ਮੁਸਤਫਾ ਪੁੱਤਰ ਮੁਹੰਮਦ ਵਸ਼ਰ ਵਾਸੀ ਜੰਮੂ ਅਤੇ ਹੋਰਨਾਂ ਜਖਮੀ ਹੋਈਆਂ ਸਵਾਰੀਆਂ ਨੂੰ ਦਾ ਇਲਾਜ ਕਰਕੇ ਉਹਨਾਂ ਨੂੰ ਵਾਪਸ ਘਰ ਭੇਜਿਆ। ਇਸ ਮੌਕੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਪਲਟੀ ਹੋਈ ਬੱਸ ਨੂੰ ਸਿੱਧਿਆਂ ਕਰਾਉਣ ਉਪਰੰਤ ਟ੍ਰੈਫਿਕ ਨੂੰ ਬਹਾਲ ਕੀਤਾ। ਹਾਦਸੇ ਉਪਰੰਤ ਬੱਸ ਚਾਲਕ ਤੇ ਕੰਡਕਟਰ ਮੌਕੇ ਤੋਂ ਫਰਾਰ ਸੀ। ਇਸ ਸਬੰਧੀ ਪੁਲਿਸ ਵੱਲੋਂ ਅਗਲੇਰੀ ਜਾਂਚ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਕਰੰਟ ਲੱਗਣ ਵਾਲੇ ਵਿਅਕਤੀ ਦੀ ਐੱਨ ਆਰ ਆਈਜ਼ ਵੱਲੋਂ ਇਕ ਲੱਖ ਦੀ ਸਹਾਇਤਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਪਿੰਡ ਕਾਲਾ ਸੰਘਿਆਂ ਦੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸਤਨਾਮ ਸੰਘਾ ਤੇ ਮੁਲਾਜ਼ਮ ਆਗੂ ਸਮਾਜ ਸੇਵਕ ਸੰਜੀਵ ਕੌਂਡਲ ਨੇ ਦੱਸਿਆ ਕਿ ਪਿੰਡ ਦੇ ਨੌਜਵਾਨ ਮੰਗਾ ਜਿਸ ਦੀਆਂ ਪਿਛਲੇ ਦਿਨੀਂ ਬਿਜਲੀ ਦਾ ਕਰੰਟ ਲੱਗਣ ਨਾਲ ਦੋਨੋਂ ਬਾਹਾਂ ਕੱਟਣੀਆਂ ਪੈ ਗਈਆਂ ਸਨ ਇਹ ਨੌਜਵਾਨ ਪਿੰਡ ਵਿੱਚ ਰੰਗ ਰੋਗਨ ਦਾ ਕੰਮ ਕਰਦਾ ਸੀ ਤੇ ਰੰਗ ਦਾ ਕੰਮ ਕਰਦੇ ਸਮੇਂ ਇਹ ਘਟਨਾ ਵਾਪਰੀ। ਇਸ ਪੀੜ੍ਹਤ ਨੌਜਵਾਨ ਦੀ ਸਹਾਇਤਾ ਐਨ ਆਰ ਆਈਜ਼ ਵੱਲੋਂ ਕੀਤੀ ਗਈ ਜਿਸ ਵਿੱਚ ਪਿੰਡ ਦੇ ਹੀ ਅੰਤਰਰਾਸ਼ਟਰੀ ਕੱਬਡੀ ਖਿਡਾਰੀ ਮੋਹਣਾ ਭਾਅ ਦੇ ਯਤਨਾਂ ਸਦਕਾ ਇਸ ਪਰਵਾਰ ਦੀ ਇਕ ਲੱਖ ਰੁਪਏ ਦੀ ਸਹਾਇਤਾ ਕੀਤੀ ਗਈ ਜਿਸ ਵਿੱਚ 100 ਪੌਂਡ ਪਿਆਰਾ ਸਿੰਘ ਗੁਮਟਾਲਾ , 100 ਪੌਂਡ ਬੋਲਾ ਪੱਤੜ, 100 ਪੌਂਡ ਪਾਲੀ ਚੱਠਾ , 100 ਪੌਂਡ ਅਕਾਲ ਚੰਨ. 100 ਪੌਂਡ ਦੀਪਾ ਕੁਮੈਂਟਰੀ ਵਾਲੇ, 50 ਕਾਕਾ ਸ਼ੰਕਰ, 50 ਬਹਾਦਰ ਸ਼ੇਰਗਿੱਲ, 50 ਗਿਆਨੀ ਭੋਗਲ ਅਤੇ 50 ਪੌਂਡ ਰੂਪ ਭਾਅ ਅਤੇ ਬਾਕੀ ਦੀ ਸੇਵਾ ਮੋਹਣਾ ਭਾਅ ਜੀ ਕਾਲਾ ਸੰਘਿਆਂ ਵੱਲੋਂ ਕੀਤੀ ਗਈ। ਇਸ ਮੌਕੇ ਕੌਂਡਲ ਤੇ ਸੰਘਾ ਨੇ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਇਸ ਪੀੜ੍ਹਿਤ ਪਰਵਾਰ ਦਾ ਮੁਖੀ ਹੁਣ ਸਾਰੀ ਜ਼ਿੰਦਗੀ ਲਈ ਅਪਾਹਿਜ ਹੋ ਗਿਆ ਹੈ। ਉਕਤ ਆਗੂਆਂ ਨੇ ਮੌਜੂਦਾ 'ਆਪ' ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਪੀੜ੍ਹਤ ਮੰਗਾਂ ਦੀ ਪਤਨੀ ਨੂੰ ਸਰਕਾਰੀ ਨੌਕਰੀ ਯੋਗਤਾ ਮੁਤਾਬਿਕ ਦਿੱਤੀ ਜਾਵੇ ਅਤੇ ਜਿਨਾਂ ਚਿਰ ਨੌਕਰੀ ਨਹੀਂ ਮਿਲਦੀ ਉਨ੍ਹਾਂ ਸਮਾਂ ਪਰਿਵਾਰ ਨੂੰ ਘਰ ਦਾ ਗੁਜਾਰਾ ਚਲਾਉਣ ਲਈ ਘਟੋ ਘੱਟ 10 ਹਾਜਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਵਜ਼ੀਰ ਰਣਜੀਤ ਸਿੰਘ ਰਾਣਾ , ਕਰਨੈਲ ਸਿੰਘ ਕੈਲਾ ਤੇ ਹੋਰ ਪਰਵਾਰਿਕ ਮੈਂਬਰ ਹਾਜ਼ਰ ਸਨ।

# ਹੜ੍ਹ ਪ੍ਰਭਾਵਿਤ ਖੇਤਰਾਂ ਦਾ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਜਾਇਜ਼ਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਹਲਕਾ ਗੜ੍ਹਸ਼ੰਕਰ ਅਧੀਨ ਪੈਂਦੇ ਵੱਖ-ਵੱਖ ਪਿੰਡਾਂ 'ਚ ਡਿਪਟੀ ਸਪੀਕਰ ਵਿਧਾਨ ਸਭਾ ਪੰਜਾਬ ਅਤੇ ਹਲਕਾ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਵਲੋਂ ਬੀਤੇ ਦਿਨੀ ਹੋਈ ਭਾਰੀ ਬਰਸਾਤ ਕਾਰਨ ਪੀੜਤ ਹੋਏ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ । ਇਸ ਮੌਕੇ ਗੱਲਬਾਤ ਕਰਦਿਆਂ ਡਿਪਟੀ ਸਪੀਕਰ ਨੇ ਕਿਹਾ ਕਿ ਪਿਛਲੇ ਕਾਫੀ ਦਿਨਾਂ ਤੋਂ ਹੋਰ ਵੱਖ-ਵੱਖ ਸੂਬਿਆਂ ਸਣੇ ਪੰਜਾਬ ਅੰਦਰ ਭਾਰੀ ਮੀਂਹ ਕਾਰਨ ਆਏ ਹੜ੍ਹਾਂ ਨੇ ਤਬਾਹੀ ਮਚਾ ਰੱਖੀ ਹੈ। ਜਿਸ ਕਾਰਨ ਪੰਜਾਬ ਦੇ ਕਈ ਜਿਲ੍ਹਿਆਂ ਅੰਦਰ ਵੱਡੇ ਪੱਧਰ ਤੇ ਪਾਣੀ ਕਾਰਨ ਜਾਨੀ-ਮਾਲੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਲਗਾਤਾਰ ਹੋਈ ਭਾਰੀ ਬਾਰਸ਼ ਕਾਰਨ ਪੰਜਾਬ ਦੇ ਅਨੇਕਾਂ ਪਿੰਡਾਂ ਵਿੱਚ ਗਰੀਬਾਂ ਦੇ ਰੈਣ ਬਸੇਰੇ ਵੀ ਢਹਿ ਢੇਰੀ ਹੋ ਗਏ ਹਨ। ਡਿਪਟੀ ਸਪੀਕਰ ਨੇ ਕਿਹਾ ਕਿ ਲੋਕਾਂ ਦੇ ਮਕਾਨਾਂ ਦਾ ਵੱਡਾ ਨੁਕਸਾਨ ਹੋਇਆ ਹੈ ਜਿਸ ਲਈ ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਪੀੜਤ ਪਰਿਵਾਰਾਂ ਨੂੰ ਹੋਏ ਨੁਕਸਾਨ ਦਾ ਮੁਆਵਜ਼ਾ ਦਿਵਾਉਣ ਲਈ ਯਤਨ ਕਰਨਗੇ। ਇਸ ਮੌਕੇ ਉਹਨਾਂ ਨਾਲ ਸਰਪੰਚ ਟੂਟੋਮਜਾਰਾ ਨਛੱਤਰ ਸਿੰਘ, ਸਤਨਾਮ ਸਿੰਘ ਸਰਦੁੱਲਾਪੁਰ, ਸੁਨੀਲ ਡੰਡੇਵਾਲ,



ਮਨਜੀਤ ਕੌਰ ਦਾਦੂਵਾਲ, ਲੱਛਮੀ ਦੇਵੀ ਦਾਦੂਵਾਲ, ਸਰਪੰਚ ਡੰਡੇਵਾਲ, ਮਹਿੰਦਰ ਕੌਰ ਟੂਟੋਮਜਾਰਾ, ਦੇਵ ਰਾਜ ਦਾਦੂਵਾਲ, ਅਮ੍ਰਿਤ ਫਲੋਰਾ ਅਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

# ਸੰਸਦ ਮੈਂਬਰ ਡਾ. ਚੱਬੇਵਾਲ ਨੇ ਧੁੱਸੀ ਬੰਨ੍ਹ ਦਾ ਦੌਰਾ ਕੀਤਾ

**ਤਲਵਾੜਾ, (ਬਲਵੀਰ ਸਿੰਘ ਸੈਣੀ)**-ਸਥਾਨਕ ਬਿਆਸ ਦਰਿਆ ਕੰਢੇ ਵਸੇ ਪਿੰਡ ਚੰਗੜਵਾਂ ਵਿਖੇ ਲੋਕਾਂ ਦੇ ਸਹਿਯੋਗ ਨਾਲ ਬਣਾਏ ਧੁੱਸੀ ਬੰਨ੍ਹ ਦਾ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ ਰਾਜ ਕੁਮਾਰ ਚੱਬੇਵਾਲ ਨੇ ਦੌਰਾ ਕੀਤਾ। ਲੋਕਾਂ ਨੇ ਸਾਂਸਦ ਚੱਬੇਵਾਲ ਕੋਲ਼ ਦਰਿਆ 'ਚ ਹੁੰਦੀ ਨਾਜਾਇਜ਼ ਮਾਈਨਿੰਗ ਦਾ ਮੁੱਦਾ ਚੁੱਕਿਆ। ਸਥਾਨਕ ਲੋਕਾਂ ਨੇ ਸੰਸਦ ਮੈਂਬਰ ਚੱਬੇਵਾਲ ਨੂੰ ਦਸਿਆ ਕਿ ਪਿੰਡ ਚੰਗੜਵਾਂ ਦੇ ਕੋਲ਼ ਬਿਆਸ ਦਰਿਆ ਦੇ ਕੰਢੇ ਕਰੀਬ 300 ਮੀਟਰ ਲੰਬਾ ਧੁੱਸੀ ਬੰਨ੍ਹ ਹੜ੍ਹ ਦੇ ਤੇਜ਼ ਵਹਾਅ ਕਾਰਨ ਕਮਜ਼ੋਰ ਪੈ ਗਿਆ ਸੀ। ਸਥਾਨਕ ਪਿੰਡਾਂ ਦੇ ਲੋਕਾਂ, ਕਿਸਾਨ ਜਥੇਬੰਦੀਆਂ, ਨੌਜਵਾਨ ਸਭਾਵਾਂ ਆਦਿ ਨੇ ਕਰੀਬ 15 ਦਿਨ ਰਾਤ ਦਿਨ ਇੱਕ ਕਰਕੇ ਉਕਤ ਧੁੱਸੀ ਬੰਨ੍ਹ ਨੂੰ ਮਜ਼ਬੂਤ ਕੀਤਾ ਹੈ। ਲੋਕਾਂ ਨੇ ਮੁਸ਼ੱਕਤ ਕਰਕੇ ਕਰੀਬ ਤਿੰਨ ਦਰਜਨ ਪਿੰਡਾਂ ਨੂੰ ਹੜ੍ਹਾਂ ਤੋਂ ਬਚਾਇਆ। ਪਰ ਦੋ ਹਫ਼ਤੇ ਬੀਤ ਜਾਣ ਬਾਅਦ ਵੀ ਸਰਕਾਰ ਅਤੇ ਪ੍ਰਸ਼ਾਸਨ ਨੇ ਉਨ੍ਹਾਂ ਦੀ ਕੋਈ ਸਾਰ ਨਹੀਂ ਲਈ। ਡਾ. ਚੱਬੇਵਾਲ ਨੇ ਧੁੱਸੀ ਬੰਨ੍ਹ ਮਜ਼ਬੂਤ ਕਰਨ ਵਾਲੀਆਂ



ਕਿਸਾਨ ਜੱਥੇਬੰਦੀਆਂ, ਨੌਜਵਾਨ ਸਭਾਵਾਂ ਅਤੇ ਸਥਾਨਕ ਪਿੰਡਾਂ ਦੇ ਨਿਵਾਸੀਆਂ ਦੀ ਸ਼ਲਾਘਾ ਕੀਤੀ ਅਤੇ ਪੰਜ ਹਜ਼ਾਰ ਦੀ ਮਾਇਕ ਸਹਾਇਤਾ ਦੇ ਕੇ ਲੋਕਾਂ ਦੇ ਰੋਸ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਸਥਾਨਕ ਲੋਕਾਂ ਨੇ ਬੀ ਡੀ ਪੀ ਓ ਤਲਵਾੜਾ ਵਿਕਰਮ ਸਿੰਘ, ਨਾਇਬ ਤਹਿਸੀਲਦਾਰ ਨਵਜੋਤ ਕੌਰ, ਅਤੇ ਸਥਾਨਕ ਪੁਲੀਸ ਪ੍ਰਸ਼ਾਸਨ ਦੇ ਸੀਮਿਤ ਸਾਧਨਾਂ ਦੇ ਬਾਵਜੂਦ ਦਿੱਤੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ। ਉੱਥੇ ਹੀ 15 ਦਿਨਾਂ ਬਾਅਦ ਉਨ੍ਹਾਂ ਦੀ ਸਾਰ ਲੈਣ ਆਏ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸਰਕਾਰੀ ਨੁਮਾਇੰਦਿਆਂ ਪ੍ਰਤੀ ਆਪਣਾ ਰੋਸ ਪ੍ਰਗਟ ਕੀਤਾ। ਇਸ ਮੌਕੇ 'ਤੇ ਆਪ ਆਦਮੀ ਪਾਰਟੀ ਮੁਕੇਰੀਆਂ ਤੋਂ ਇੰਚਾਰਜ ਪ੍ਰੋ. ਜੀ ਐਸ ਮੁਲਤਾਨੀ, ਐਸ ਡੀ ਐਮ ਮੁਕੇਰੀਆਂ ਅੰਕੁਰ ਮਹਿੰਦਰੂ, ਨਾਇਬ ਤਹਿਸੀਲਦਾਰ ਤਲਵਾੜਾ ਨਵਜੋਤ ਕੌਰ, ਬੀਡੀਪੀਓ ਤਲਵਾੜਾ ਵਿਕਰਮ ਸਿੰਘ, ਲੰਗਰ ਸੇਵਾ ਖ਼ਿਜ਼ਰਪੁਰ ਵਾਲੇ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਸਰਪੰਚ, ਪੰਚ, ਕਿਸਾਨ ਜਥੇਬੰਦੀਆਂ ਅਤੇ ਨੌਜਵਾਨ ਸਭਾਵਾਂ ਦੇ ਮੈਂਬਰ ਹਾਜ਼ਰ ਸਨ।

# ਭਾਖੜਾ ਡੈਮ 'ਚ ਪਾਣੀ ਦਾ ਪੱਧਰ ਘਟਿਆ : ਹਰਜੋਤ ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਬਿੰਦੀ)**- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਹਰੀਵਾਲ ਵਿੱਚ ਕਮਜ਼ੋਰ ਹੋਏ ਸਤਲੁਜ ਬੰਨ੍ਹ ਨੂੰ ਮਜਬੂਤ ਕਰਨ ਦੇ ਚੱਲ ਰਹੇ ਕੰਮ ਵਿਚ ਹੋਰ ਤੇਜੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਅਤੇ ਕਿਹਾ ਕਿ ਅਧਿਕਾਰੀ ਤੇ ਸਾਡੀਆਂ ਟੀਮਾਂ ਹਰ ਸਮੇ ਇੱਥੇ ਮੌਜੂਦ ਹਨ, ਕਿਸੇ ਵੀ ਇਲਾਕਾ ਵਾਸੀ ਨੂੰ ਕੋਈ ਵੀ ਪ੍ਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਜੰਮਬੋ ਬੈਗ ਮੰਗਵਾ ਰਹੇ ਹਾਂ, ਤੇ ਸਾਡੇ ਵਲੰਟੀਅਰ ਹਰ ਉਸ ਸਥਾਨ ਤੇ ਸੇਵਾ ਕਰ ਰਹੇ ਹਨ, ਜਿੱਥੇ ਕਿਸੇ ਵੀ ਤਰਾਂ ਦੇ ਇਲਾਕੇ ਦੇ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ, ਸਭ ਦੇ ਸਹਿਯੋਗ ਨਾਲ ਇਹ ਕੰਮ ਜਲਦੀ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਜੰਬੋ ਬੈਗਾਂ ਨਾਲ ਦਰਿਆ ਦੇ ਕੰਢਿਆਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਭਾਖੜਾ ਡੈਮ ਦਾ ਪੱਧਰ ਹੁਣ 1678.66 ਆ ਗਿਆ ਹੈ ਜਦੋ ਕਿ ਕੱਲ 1679.05 ਸੀ, ਲਗਭਗ ਅੱਧਾ ਫੁੱਟ ਘੱਟ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਅਗਲੇ ਕੁਝ ਦਿਨਾਂ ਵਿਚ ਬਰਸਾਤ ਪਹਿਲਾ ਨਾਲੋ ਘੱਟ ਹੈ, ਹਰ ਜਗ੍ਹਾ ਮੌਸਮ ਠੀਕ ਹੋਣ ਦਾ ਅਨੁਮਾਨ ਹੈ। ਉਨ੍ਹਾ ਨੇ ਦੱਸਿਆ ਅਸੀਂ ਲਗਾਤਾਰ ਹਾਲਾਤ ਤੇ ਨਜ਼ਰ ਰੱਖ ਰਹੇ ਹਾਂ, ਪਿਛਲੇ ਕਈ ਦਿਨਾਂ ਤੋ ਆਪਣੇ ਵਰਕਰਾਂ ਨਾਲ ਗਰਾਊਡ ਤੇ ਪਹੁੰਚ ਕੇ ਰਾਹਤ ਤੇ ਬਚਾਅ ਕਾਰਜ ਤੇਜ ਕਰਵਾਏ ਹਨ, ਪ੍ਰਮਾਤਮਾ ਦੀ ਕ੍ਰਿਪਾ ਨਾਲ ਕਿਸੇ ਵੀ ਤਰਾਂ ਦੇ ਜਾਨੀ ਨੁਕਸਾਨ ਤੋ ਬਚਾਅ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਵੀ ਕਿਤੇ ਜ਼ਰੂਰਤ ਹੈ ਸਾਡੇ ਆਪ ਵਲੰਟੀਅਰ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕਰ ਰਹੇ ਹਨ, ਅਸੀ ਇੱਕ ਹੈਲਪ ਲਾਈਨ ਨੰਬਰ ਜਾਰੀ ਕੀਤਾ ਹੈ ਜਿਸ ਦਾ ਨੰ:87279-62441 ਹੈ। ਉਨ੍ਹਾਂ ਨੇ ਕਿਹਾ ਕਿ ਅਗਲੇ ਦੋ ਤਿੰਨ ਦਿਨ ਵਿਚ ਹਾਲਾਤ ਅਨੁਕੂਲ ਹੋਣ ਦੀ ਸੰਭਾਵਨਾ ਹੈ ਇਸ ਲਈ ਅਸੀ ਪ੍ਰਮਾਤਮਾ ਦਾ ਸ਼ੁਕਰਾਨਾ ਕਰ ਰਹੇ ਹਾਂ।

# ਮੌਜੂਦਾ ਹਾਲਾਤ 'ਚ ਪੰਜਾਬ ਦੁਖੀ ਜ਼ਰੂਰ ਹੈ, ਪਰ ਪੰਜਾਬ ਮੁੜ ਉੱਠੇਗਾ : ਲਾਡੀ ਸਿੰਘ, ਰਾਜੂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਮਾਜ ਸੇਵੀ ਲਾਡੀ ਸਿੰਘ ਪਿੰਡ ਰਾਮੇਵਾਲ (ਅਮਰੀਕਾ ) ਸਮਾਜ ਸੇਵੀ ਰਾਜੂ ਭੰਡਾਲ ਸੰਘੇ ਜਗੀਰ ( ਅਮਰੀਕਾ) ਨੇ ਪੰਜਾਬ ਵਿਚ ਹੜ੍ਹਾਂ ਤੇ ਦੁੱਖ ਜ਼ਾਹਿਰ ਕਰਦਿਆਂ ਪੰਜਾਬ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਆਏ ਹੜ੍ਹਾਂ ਨੇ ਪੂਰੇ ਭਾਈਚਾਰੇ ਨੂੰ ਪਾਣੀ ਵਿੱਚ ਡੁੱਬਾ ਦਿੱਤਾ ਹੈ, ਘਰ ਤਬਾਹ ਹੋ ਗਏ ਹਨ, ਖੇਤ ਡੁੱਬ ਗਏ ਹਨ ਅਤੇ ਰੋਜ਼ੀ-ਰੋਟੀ ਤਬਾਹ ਹੋ ਗਈ ਹੈ। ਸਾਡੇ ਖੇਤ ਸਿਰਫ਼ ਮਿੱਟੀ ਅਤੇ ਫਸਲਾਂ ਨਹੀਂ ਹਨ, ਇਹ ਸਾਡੀ ਵਿਰਾਸਤ ਤੇ ਅਣਗਿਣਤ ਪਰਵਾਰਾਂ ਦੀ ਰੀੜ੍ਹ ਦੀ ਹੱਡੀ ਹਨ। ਪੰਜਾਬ ਹਮੇਸ਼ਾ ਹਿੰਮਤ, ਏਕਤਾ ਅਤੇ ਲਚਕੀਲੇਪਣ ਨਾਲ ਮੁਸੀਬਤਾਂ ਵਿੱਚੋਂ ਉੱਠਿਆ ਹੈ। ਮੌਜੂਦਾ ਹਾਲਾਤਾਂ ਵਿਚ ਪੰਜਾਬ ਦੁਖੀ ਜ਼ਰੂਰ ਹੈ, ਪਰ ਪੰਜਾਬ ਆਪਣੇ ਬਲਬੂਤੇ ਤੇ ਮੁੜ ਉੱਠੇਗਾ।





# ਹੜ੍ਹ ਪੀੜਤਾਂ ਦੀ ਸਹਾਇਤਾ ਲਈ ਦੋ ਟਰਾਲੀਆਂ ਰਾਸ਼ਨ ਤੇ ਇੱਕ ਟਰਾਲੀ ਚਾਰੇ ਦੀ ਭੇਜੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਵਲੋਂ ਫੋਰਸ ਦੇ ਦੁਆਬਾ ਪ੍ਰਧਾਨ ਨੇਕੂ ਅਜਨੋਹਾ,ਪਵਨ ਕੁਮਾਰ ਬੱਧਣ ਤੇ ਅਨਿਲ ਕੁਮਾਰ ਬੰਟੀ ਬਲਾਕ ਪ੍ਰਧਾਨ ਹਰਿਆਣਾ ਭੂੰਗਾ ਦੀ ਅਗਵਾਈ ਹੇਠ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਹੜ੍ਹ ਤੋਂ ਪੀੜਿਤ ਪਰਵਾਰਾਂ ਲਈ ਇੱਕ ਟਰਾਲੀ ਪਸ਼ੂਆਂ ਲਈ ਹਰੇ ਚਾਰੇ ਦੀ ਅਤੇ ਦੋ ਟਰਾਲੀਆਂ ਰਾਸ਼ਨ ਦੀਆ ਸਾਈ ਗੀਤਾ ਸ਼ਾਹ ਕਾਦਰੀ ਵੱਲੋਂ ਮਾਲਕ ਦੇ ਚਰਨਾਂ ਵਿੱਚ ਦੁਆ ਬੇਨਤੀ ਕਰਨ ਤੋਂ ਉਪਰੰਤ ਰਵਾਨਾ ਕੀਤੀਆਂ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਨੂੰ ਰਾਹਤ ਦੇਣ ਲਈ ਰਾਸ਼ਨ ਅਤੇ ਬੇਜ਼ੁਬਾਨ ਪਸ਼ੂਆਂ ਦੇ ਲਈ ਹਰੇ ਚਾਰੇ ਦੀ ਖੇਪ ਭੇਜੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ ਰਾਜੂ, ਮਨਪ੍ਰੀਤ ਕਲੋਤਾ, ਲਵਪ੍ਰੀਤ ਸਿੰਘ, ਲਵਪ੍ਰੀਤ ਕਲੋਤਾ, ਸਾਹਿਲ, ਨਵਜੋਤ, ਰਾਜਵੀਰ ਸਿੰਘ, ਮਹਿੰਦਰ ਪਾਲ ਬੱਧਣ, ਭੁਪਿੰਦਰ ਕੁਮਾਰ ਬੱਧਣ, ਰੋਬਨ ਭੱਟੀ, ਗੁਰਪ੍ਰੀਤ ਸਿੰਘ, ਵਿਸ਼ਾਲ, ਨੀਰਜ ਹੰਸ,ਨਾਥੀ, ਪਾਲੀ ਇਟਲੀ, ਪਵਿੱਤਰ ਕੈਨੇਡਾ, ਗੋਰੂ ਕੈਨੇਡਾ, ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।

# ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਦੇ ਅਹੁਦੇਦਾਰਾਂ ਦੀ ਚੋਣ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਵਾਸਤੇ ਯਤਨਸ਼ੀਲ ਸੰਸਥਾ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੋਸਾਇਟੀ ਉੜਮੁੜ ਟਾਂਡਾ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ



ਚਰਨਾਂ ਵਿੱਚ ਮੌਜੂਦਾ ਪੰਜਾਬ ਵਿੱਚ ਹੜਾਂ ਦੇ ਹਾਲਾਤਾਂ ਰਖਦੇ ਹੋਏ ਸਰਬੱਤ ਦੇ ਭਲੇ ਲਈ ਅਰਦਾਸ ਕਰਨ ਉਪਰੰਤ ਹੋਈ ਸ਼ੁਰੂ ਹੋਈ ਇਸ ਮੀਟਿੰਗ ਦੌਰਾਨ ਸੁਸਾਇਟੀ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਸਰਬ ਸੰਮਤੀ ਨਾਲ ਕੀਤੀ ਗਈ ਚੋਣ ਦੌਰਾਨ ਸਰਧਾ ਸਿੰਘ ਦਸ਼ਮੇਸ਼ ਨਗਰ ਨੂੰ ਸੁਸਾਇਟੀ ਦੇ ਸਰਪ੍ਰਸਤ, ਰਵਿੰਦਰ ਸਿੰਘ ਰਵੀ ਨੂੰ ਸੁਸਾਇਟੀ ਦਾ ਪ੍ਰਧਾਨ, ਤੀਰਥ ਸਿੰਘ ਉੜਮੁੜ ਨੂੰ ਸੀਨੀਅਰ ਮੀਤ ਪ੍ਰਧਾਨ, ਸੁਰਜੀਤ ਸਿੰਘ ਦਸ਼ਮੇਸ਼ ਨਗਰ ਨੂੰ ਮੀਤ ਪ੍ਰਧਾਨ, ਕਿਰਪਾਲ ਸਿੰਘ ਪਡੋਰੀ ਨੂੰ ਜਨਰਲ ਸਕੱਤਰ, ਪਿਆਰਾ ਸਿੰਘ ਨੂੰ ਖਜਾਨਚੀ, ਗਿਆਨੀ ਕੇਵਲ ਸਿੰਘ ਨੂੰ ਪ੍ਰਚਾਰ ਸਕੱਤਰ,ਮਨਦੀਪ ਸਿੰਘ ਦੀਪਾ ਨੂੰ ਸਹਾਇਕ ਖਜਾਨਚੀ, ਜਥੇਦਾਰ ਪਰਮਜੀਤ ਸਿੰਘ ਖਾਲਸਾ ਨੂੰ ਪ੍ਰੈਸ ਸਕੱਤਰ, ਗੁਰ ਸੰਦੀਪ ਸਿੰਘ ਹਰਸੀ ਪਿੰਡ ਨੂੰ ਮੀਤ ਸਕੱਤਰ,ਗੁਰਦੀਪ ਸਿੰਘ ਨੂੰ ਸਲਾਹਕਾਰ, ਮਾਸਟਰ ਜਸਵੀਰ ਸਿੰਘ ਨੂੰ ਲੇਖਾਕਾਰ ਚੁਣਨ ਤੋਂ ਇਲਾਵਾ ਜਥੇਦਾਰ ਮਨਜੀਤ ਸਿੰਘ ਖਾਲਸਾ, ਬੂਟਾ ਸਿੰਘ, ਗੁਰਪ੍ਰੀਤ ਸਿੰਘ, ਸ਼ਰਨਜੀਤ ਸਿੰਘ, ਤਜਿੰਦਰ ਸਿੰਘ, ਅਮਿਤੋਜ ਸਿੰਘ, ਮਨਜੀਤ ਸਿੰਘ ਲਾਡੀ ਨੂੰ ਐਗਜੈਕਟਿਵ ਮੈਂਬਰ ਨਿਯੁਕਤ ਕੀਤਾ ਗਿਆ । ਇਸ ਮੌਕੇ ਸੋਸਾਇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਤਾਬਦੀ ਪੁਰਬ ਨੂੰ ਕਰਵਾਏ ਜਾਣ ਵਾਲੇ ਧਾਰਮਿਕ ਸਮਾਗਮਾਂ ਦਾ ਦੌਰਾਨ 10 ਸਤੰਬਰ ਨੂੰ ਗੁਰਦੁਆਰਾ ਬੀਬੀਆਂ ਟਾਂਡਾ ਵਿਖੇ ਧਾਰਮਿਕ ਦੀਵਾਨ ਤੇ 21 ਸਤੰਬਰ ਨੂੰ ਫਤਹਿ ਅਕੈਡਮੀ ਟਾਂਡਾ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਕਰਾਉਣ ਤੋਂ ਇਲਾਵਾ 27 ਸਤੰਬਰ ਨੂੰ ਪਿੰਡ ਨੰਗਲ ਫਰੀਦ ਵਿਖੇ ਗੁਰਮਤਿ ਸਮਾਗਮ ਕਰਵਾਉਣ ਲਈ ਪ੍ਰੋਗਰਾਮ ਉਲੀਕਿਆ ਗਿਆ।

# ਰਾਧਾ ਸੁਆਮੀ ਸਤਿਸੰਗ ਬਿਆਸ ਦੇ ਸੇਵਾਦਾਰਾਂ ਤੇ ਪਿੰਡ ਨਿਵਾਸੀਆਂ ਨੇ ਧੁੱਸੀ ਬੰਨ੍ਹ ਦੀ ਕੀਤੀ ਮੁਰੰਮਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਹੜ੍ਹਾਂ ਕਾਰਨ ਬੇਘਰ ਹੋ ਰਹੇ ਪਰਵਾਰਾਂ ਦੀ ਸਹਾਇਤਾ ਅਤੇ ਧੁੱਸੀ ਬੰਨ੍ਹ ਤੇ ਪਈਆਂ ਦਰਾਰਾਂ ਦੀ ਮੁਰੰਮਤ ਲਈ ਰਾਧਾ ਸੁਆਮੀ ਸਤਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋ ਦੇ ਸੰਦੇਸ਼ ਮਨੁੱਖ ਦੀ ਸੇਵਾ ਤੇ ਸਰਬਤ ਦਾ ਭਲਾ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਨਾ ਕਰਦੇ ਹੋਏ ਸਤਿਸੰਗ ਘਰਾਂ ਦੇ ਸੇਵਾਦਾਰ ਇਸੇ ਕੜੀ ਨੂੰ ਜਾਰੀ ਰੱਖਦੇ ਹੋਏ ਹੜ੍ਹ ਪੀੜਤ ਪਰਵਾਰਾਂ ਦੀ ਹਰ ਤਰ੍ਹਾਂ ਨਾਲ ਸੇਵਾ ਨਿਭਾ ਰਹੇ ਹਨ।ਇਸੇ ਸੰਬੰਧ ਵਿੱਚ ਐਸ.ਡੀ.ਐਮ ਦਸੂਹਾ ਕਮਲਜੀਤ ਸਿੰਘ ਤੇ ਬੀ.ਡੀ.ਪੀ.ਓ ਸੁਖਵਿੰਦਰ ਸਿੰਘ ਨੇ ਰਾਧਾ ਸੁਆਮੀ ਸਤਸੰਗ ਬਿਆਸ ਹੁਸ਼ਿਆਰਪੁਰ 1 ਦੇ ਏਰੀਆ ਸੈਕਟਰੀ ਨਾਲ ਸੰਪਰਕ ਕਰਕੇ ਸੇਵਾਦਾਰਾਂ ਦੀ ਸਹਾਇਤਾ ਮੰਗੀ ਜਿਨ੍ਹਾਂ ਨੇ ਟਾਂਡਾ ਅਤੇ ਬਸੋਆ ਤੋਂ ਸੈਂਕੜੇ ਸੇਵਾਦਾਰ ਤੇ ਪ੍ਰਬੰਧਕ ਮੁਹਈਆ ਕਰਵਾ ਦਿੱਤੇ। ਇਨ੍ਹਾਂ ਸੇਵਾਦਾਰਾਂ ਨੇ ਪਿੰਡ ਮੇਵਾ ਮਿਆਨੀ (ਮਨਿਆਦੀਆਂ) ਦੇ ਸਰਪੰਚ ਕੁਲਦੀਪ ਸਿੰਘ, ਪਿੰਡ ਨਿਵਾਸੀਆਂ ਅਤੇ ਹੋਰ ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਧੁੱਸੀ ਬੰਨ੍ਹ ਤੇ ਪਏ ਖੋਰੇ ਉਪਰ ਰੇਤ ਦੇ ਭਰੇ ਬੋਰੇ ਲਗਾ ਕੇ ਉਸ ਦੀ ਮੁਰੰਮਤ ਕਰ ਦਿੱਤੀ।ਧੁੱਸੀ ਬੰਨ੍ਹ ਦੀ ਮੁਰੰਮਤ ਦਾ ਜਾਇਜ਼ਾ ਲੈਂਦੇ ਹੋਏ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਕਿਹਾ ਕਿ ਵੱਖ-ਵੱਖ ਸੰਸਥਾਵਾਂ ਤੇ ਪਿੰਡ ਨਿਵਾਸੀਆਂ ਦੇ ਸਹਿਯੋਗ ਨਾਲ ਰੇਤ ਦੇ ਭਰੇ ਬੋਰੇ ਲਗਾ ਕੇ ਮੁਰੰਮਤ ਕੀਤੀ ਜਾ ਰਹੀ ਹੈ ਤਾਂ ਜੋ ਹੜ੍ਹਾਂ ਦਾ ਪਾਣੀ ਪਿੰਡਾਂ ਵਿੱਚ ਨਾ ਆ ਸਕੇ।



# ਅਸ਼ੋਕ ਮਿੱਤਲ ਵੱਲੋਂ 43 ਹੜ੍ਹ ਪੀੜਤਾਂ ਦੇ ਪਰਵਾਰਕ ਮੈਂਬਰਾਂ ਨੂੰ ਐੱਲ ਪੀ ਯੂ 'ਚ ਨੌਕਰੀਆਂ ਦੇਣ ਦਾ ਐਲਾਨ

**ਜਲੰਧਰ (ਸ਼ੈਲੀ ਐਲਬਰਟ)**- ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਦੇ ਚਾਂਸਲਰ ਅਸ਼ੋਕ ਮਿੱਤਲ ਨੇ ਪੰਜਾਬ ਵਿੱਚ ਆਏ ਹੜ੍ਹਾਂ ਵਿੱਚ ਜਾਨ ਗੁਆਉਣ ਵਾਲੇ 43 ਵਿਅਕਤੀਆਂ ਦੇ ਪਰਵਾਰਕ ਮੈਂਬਰ ਨੂੰ ਸਥਾਈ ਨੌਕਰੀ ਦੇਣ ਦਾ ਐਲਾਨ ਕੀਤਾ ਹੈ। ਇਸ ਤੋਂ ਪਹਿਲਾਂ, ਅਸ਼ੋਕ ਮਿੱਤਲ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਚੱਲ ਰਹੇ ਰਾਹਤ ਅਤੇ ਪੁਨਰਵਾਸ ਯਤਨਾਂ ਦਾ ਸਮਰਥਨ ਕਰਨ ਲਈ ਮੁੱਖ ਮੰਤਰੀ ਰਾਹਤ ਫੰਡ ਵਿੱਚ 20 ਲੱਖ ਰੁਪਏ ਦਾ ਯੋਗਦਾਨ ਪਾਇਆ ਸੀ।

ਇੱਕ ਪ੍ਰੈਸ ਕਾਨਫਰੰਸ ਦੌਰਾਨ ਮੀਡੀਆ ਨੂੰ ਸੰਬੋਧਨ ਕਰਦਿਆਂ ਅਸ਼ੋਕ ਮਿੱਤਲ ਨੇ ਇਸ ਦੁਖਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ । ਉਨ੍ਹਾਂ ਨੇ 43 ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਇਸ ਦੁੱਖ ਦੀ ਘੜੀ ਵਿੱਚ ਇਕੱਲੇ ਨਹੀਂ ਛੱਡਿਆ ਜਾਵੇਗਾ।ਉਨ੍ਹਾਂ ਕਿਹਾ ਕਿ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ 43 ਸੋਗਗ੍ਰਸਤ ਪਰਵਾਰਾਂ ਦੇ ਇੱਕ ਮੈਂਬਰ ਨੂੰ ਉਸ ਦੀ ਯੋਗਤਾ ਦੇ ਆਧਾਰ 'ਤੇ ਪੱਕੀ ਨੌਕਰੀ ਦੇਵੇਗੀ।




# ਇੰਦਰਜੀਤ ਕੌਰ ਮਾਨ ਦੀ ਅਗਵਾਈ 'ਚ ਰਾਹਤ ਸਮੱਗਰੀ ਭੇਜੀ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬ ਚ ਲਗਾਤਾਰ ਹੋ ਰਹੀ ਬਾਰਿਸ਼ ਦੇ ਕਾਰਨ ਆਮ ਜਨ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ । ਕਈ ਜ਼ਿਲ੍ਹਿਆਂ ਚ ਹੜ੍ਹਾਂ ਨੇ ਤਬਾਹੀ ਮਚਾ ਦਿੱਤੀ ਹੈ। ਦਰਜਨਾਂ ਘਰ ਉੱਜੜ ਗਏ ਹਨ ਅਤੇ ਹਜ਼ਾਰਾਂ ਲੋਕ ਬੇਘਰ ਹੋ ਗਏ ਹਨ। ਅਜਿਹੇ ਮੁਸ਼ਕਿਲ ਸਮੇਂ ਵਿੱਚ ਹਰ ਪਾਸੇ ਹੜ੍ਹ ਪੀੜ੍ਹਿਤਾਂ ਦੀ ਮੱਦਦ ਲਈ ਹੱਥ ਵਧਾਏ ਜਾ ਰਹੇ ਹਨ। ਇਸੇ ਕੜੀ ਵਿੱਚ ਹਲਕਾ ਨਕੋਦਰ ਦੇ ਐਮਐਲਏ ਮੈਡਮ ਇੰਦਰਜੀਤ ਕੌਰ ਮਾਨ , ਪ੍ਰਦੀਪ ਦੁਗਲ ਜ਼ਿਲ੍ਹਾ ਪ੍ਰਧਾਨ, ਜਸਵੀਰ ਸਿੰਘ ਧੰਜਲ ਹਲਕਾ ਸੰਗਠਨ ਇੰਚਾਰਜ, ਸੁਖਦੀਪ ਸਿੰਘ ਅਪਰਾ, ਸੈਕਟਰੀ ਮਦਨ ਲਾਲ, ਮੇਲਾ ਸਿੰਘ ਜਿਲ੍ਹਾ ਮੀਡੀਆ ਇੰਚਾਰਜ ਦੀ ਅਗਵਾਈ ਵਿੱਚ ਹੜ੍ਹ



ਪੀੜਤਾਂ ਦੀ ਮਦਦ ਲਈ ਜਸਟ ਓਪਨ ਯੂਅਰ ਸੈਲਫ ਦੇਹਰਾਦੂਨ ਤੋਂ ਆਇਆ ਟਰੱਕ ਰਵਾਨਾ ਕੀਤਾ ਗਿਆ। ਜਿਸ ਵਿੱਚ ਸੁੱਕਾ ਰਾਸ਼ਨ ਬਿਸਕੁਟ ਪੀਣ ਵਾਲਾ ਪਾਣੀ ਤੇ ਹੋਰ ਜ਼ਰੂਰੀ ਸਮਾਨ ਭੇਜਿਆ ਗਿਆ। ਇਸ ਮੌਕੇ ਤੇ ਸ਼ਾਂਤੀ ਸਰੂਪ ਸਟੇਟ ਸੈਕਟਰੀ ਐਸ ਸੀ ਐਸ ਟੀ ਵਿੰਗ, ਅਸ਼ਵਨੀ ਕੋਹਲੀ ਜ਼ਿਲ੍ਹਾ ਪ੍ਰਧਾਨ ਟਰੇਡ ਵਿੰਗ,ਕਰਨਵੀਰ ਸ਼ਰਮਾ ਬਲਾਕ ਪ੍ਰਧਾਨ, ਹਿਮਾਸ਼ੂ ਜੈਨ ਸ਼ਹਿਰੀ ਪ੍ਰਧਾਨ, ਸੰਜੀਵ ਆਹੂਜਾ ਆਪ ਆਗੂ ਸੰਦੀਪ ਸਿੰਘ ਸੋਢੀ ਮੀਡੀਆ ਇੰਚਾਰਜ, ਅਜੇ ਵਰਮਾ ਕੋਆਡੀਨੇਟਰ ਟਰੇਡ ਵਿੰਗ, ਹੈਪੀ ਸ਼ਰਮਾ, ਯਸ਼ਪਾਲ ਭਗਤ, ਬੋਬੀ ਭੱਟੀ ਆਦਿ ਹਾਜਰ ਸਨ।

# ਹੜ੍ਹ ਪੀੜਤਾਂ ਲਈ ਇੱਕ ਦਿਨ ਦੀ ਤਨਖ਼ਾਹ ਦੇਵੇਗਾ ਖਾਲਸਾ ਕਾਲਜ ਮਾਹਿਲਪੁਰ ਦਾ ਸਟਾਫ਼

**ਮਾਹਿਲਪੁਰ (ਸ.ਫਰੀ)**- ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੀ ਮੈਨੇਜਮੈਂਟ ਦੀ ਅਗਵਾਈ ਹੇਠ ਸੰਸਥਾ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ ਪੰਜਾਬ ਦੇ ਹੜ੍ਹ ਪੀੜਤਾਂ ਦੇ ਪੁਨਰ ਵਸੇਬੇ ਨਾਲ ਜੁੜੇ ਕਾਰਜਾਂ ਵਿੱਚ ਇੱਕ ਦਿਨ ਦੀ ਤਨਖ਼ਾਹ ਦੇ ਕੇ



ਆਪਣਾ ਵਿੱਤੀ ਯੋਗਦਾਨ ਪਾਉਣ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਦੇ ਅਨੇਕਾਂ ਜ਼ਿਲ੍ਹਿਆਂ ਵਿੱਚ ਆਏ ਹੜ੍ਹਾਂ ਕਾਰਨ ਲੋਕਾਂ ਦਾ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਖਾਲਸਾ ਕਾਲਜ ਮਾਹਿਲਪੁਰ ਦੀ ਮੈਨੇਜਮੈਂਟ ਦੀ ਅਗਵਾਈ ਹੇਠ ਕਾਲਜ ਦੇ ਸਮੂਹ ਟੀਚਿੰਗ ਤੇ ਨਾਨ ਟੀਚਿੰਗ ਸਟਾਫ਼ ਇੱਕ ਦਿਨ ਦੀ ਤਨਖ਼ਾਹ ਇਹਨਾਂ ਰਾਹਤ ਕਾਰਜਾਂ ਵਿੱਚ ਦੇਵੇਗਾ। ਉਨ੍ਹਾਂ ਕਿਹਾ ਕਿ ਕਾਲਜ ਖੁੱਲ੍ਹਦੇ ਹੀ ਵਿਦਿਆਰਥੀਆਂ ਵੱਲੋਂ ਵੀ ਇਨ੍ਹਾਂ ਸੇਵਾ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਇਆ ਜਾ ਸਕਦਾ ਹੈ। ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ ਅਤੇ ਸਮੂਹ ਸਟਾਫ਼ ਨੇ ਪੰਜਾਬ ਦੇ ਹੜ੍ਹ ਪੀੜਤਾਂ ਨਾਲ ਗਹਿਰੀ ਹਮਦਰਦੀ ਦਾ ਪ੍ਰਗਟਾਵਾ ਕੀਤਾ।

# ਕੁਦਰਤੀ ਸਰੋਤਾਂ ਦੀ ਤਬਾਹੀ ਕਾਰਨ ਮਨੁੱਖੀ ਜੀਵਨ ਹੋ ਰਿਹਾ ਪ੍ਰਭਾਵਿਤ : ਧੀਮਾਨ

**ਮੇਹਟੀਆਣਾ (ਜਗਤਾਰ ਭੁੰਗਰਨੀ)**- ਬਰਸਾਤ ਸ਼ੁਰੂ ਹੋਣ ਤੋਂ ਪਹਿਲਾਂ ਪਾਣੀ ਦੇ ਬਹਾਓ ਦੇ ਕੁਦਰਤੀ ਰਸਤਿਆਂ ਨੂੰ ਸਾਫ ਕਰਨ ਲਈ ਨਹੀਂ ਕੀਤਾ ਕੰਮ,ਲੋਕਾਂ ਅਤੇ ਕਿਸਾਨਾ ਦੀਆਂ ਫਸਲਾਂ ਡੁੱਬਣ ਦਾ ਵੱਡਾ ਕਾਰਨ ਹੈ। ਇੰਨਾਂ ਗੱਲਾਂ ਦਾ ਖੁਲਾਸਾ ਕਰਦਿਆਂ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਬਿਸਤ ਦੁਆਬ ਕਨਾਲ ਦਾ ਲਗਭਗ ਸਾਲ 1952 ਵਿਚ ਉਸਾਰੀ ਹੋਣ ਤੇ ਨਹਿਰ ਅਤੇ ਲੋਕਾਂ ਦੀ ਸੁੱਰਖਿਆ ਤੇ ਕਿਸਾਨੀ ਫਸਲਾਂ ਨੂੰ ਮੁੱਖ ਰਖਦਿਆਂ ਬਰਸਾਤੀ ਪਾਣੀ ਦੇ ਬਹਾਓ ਲਈ ਬਣੇ ਸੈਫਨ ਨਾ ਸਾਫ ਹੋਣ ਕਰਕੇ ਬਰਸਾਤੀ ਪਾਣੀ ਦੇ ਬਹਾਓ ਵਿਚ ਰੁਕਾਵਟਾਂ ਖੜੀਆਂ ਹੋਣ ਕਾਰਨ, ਉਨ੍ਹਾਂ ਵਲੋ ਰੱਖੇ ਪਸ਼ੂਆਂ ਅਤੇ ਆਮ ਜਨ ਸਧਾਰਨ ਲੋਕਾਂ ਦੇ ਜੀਵਨ ਅਸਥਿਰ ਹੋਣ ਵੱਲ ਪਹਿਲਾਂ ਨਾ ਧਿਆਨ ਦੇਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਅਗਰ ਕੁਦਰਤੀ ਪਾਣੀ ਦੇ ਬਹਾਓ ਨੂੰ ਨਿਰਪੱਖ ਭਾਵਨਾ ਨਾਲ ਲੱਖਾਂ ਰੁਪਏ ਖਰਚਣ ਦੇ ਬਾਵਜੂਦ ਨਾ ਸਾਫ ਕਰਨਾ ਹੀ ਅਸਲ ਵਿਚ ਮੁਸੀਬਤਾਂ ਦੀ ਜੜ੍ਹ ਬਣਿਆ। ਅਗਰ ਬਰਸਾਤ ਸ਼ੁਰੂ ਹੋਣ ਤੋਂ ਪਹਿਲਾਂ ਇਨ੍ਹਾਂ ਦੀ ਸਾਫ ਸਫਾਈ ਕੀਤੀ ਹੁੰਦੀ ਤਾਂ ਕਦੇ ਵੀ ਕਿਸਾਨਾ ਦੀਆਂ ਫਸਲਾਂ ਨਹੀਂ ਡੁੱਬਣੀਆਂ ਸਨ ਅਤੇ ਨਾ ਹੀ ਸੜਕਾਂ ਟੁਟਣੀਆਂ ਸਨ। ਹੁਣ ਵੀ ਜੇ ਸੀ ਬੀ ਲੈ ਕੇ ਸਾਰੇ ਬੰਦ ਪਏ ਰਸਤੇ ਖੋਲ ਦਿਤੇ ਜਾਣ ਤਾ ਕਾਫੀ ਹੱਦ ਤੱਕ ਬਚਾਓ ਹੋ ਸਕਦਾ ਹੈ।



# ਹੜ ਪੀੜਤਾਂ ਲਈ ਰਾਹਤ ਸਮੱਗਰੀ ਭੇਜੀ



**ਗੁਰਾਇਆ (ਬਿੰਦਰ ਸੁੰਮਨ)**- ਇਨਸਾਨੀਅਤ ਦੀ ਸੇਵਾ ਗੁਰਾਇਆ ਵੱਲੋਂ ਹੜ ਪੀੜਤ ਪਰਵਾਰਾਂ ਲਈ ਰਾਹਤ ਸਮੱਗਰੀ ਭੇਜੀ ਗਈ, ਗੁਰਾਇਆ ਤੋ ਰਵਾਨਾ ਹੋਣ ਤੋ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾਤਸ਼ਾਹੀ ਛੇਵੀ ਵਿਖੇ ਅਰਦਾਸ ਕੀਤੀ ਗਈ। ਇਸ ਮੌਕੇ ਕੁਲਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਨਸਾਨੀਅਤ ਦੀ ਸੇਵਾ ਵਲੋਂ ਗੁਰਾਇਆ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਹੜ ਪੀੜਤ ਪਰਵਾਰਾਂ ਨੂੰ ਰਾਹਤ ਸਮੱਗਰੀ ਲਗਾਤਾਰ ਭੇਜੀ ਜਾ ਰਹੀ ਹੈ।ਉਨਾਂ ਕਿਹਾ ਕਿ ਰਾਹਤ ਸਮੱਗਰੀ ਵਿੱਚ ਰੋਜ਼ਾਨਾ ਦੀ ਵਰਤੋ ਵਾਲੀਆਂ ਚੀਜ਼ਾਂ ਜਿਵੇ ਕਿ ਸੁੱਕਾ ਰਾਸ਼ਨ, ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਦਵਾਈਆਂ,ਤਰਪਾਲਾਂ ਤੇ ਹੋਰ ਵਰਤੋ ਦਾ ਸਮਾਨ ਸ਼ਾਮਲ ਹਨ। ਕੁਲਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਇਨਸਾਨੀਅਤ ਦੀ ਸੇਵਾ ਵਲੋਂ ਘੋਨੇਵਾਲ ਧੁੱਸੀ ਬੰਨ ਜਿੱਥੇ 500 ਮੀਟਰ ਦਾ ਪਾੜ ਪਿਆ, ਉਥੇ ਸੰਗਤਾਂ ਲਈ ਲੰਗਰ ਲੈ ਕੇ ਗਏ ਅਤੇ ਘੋਨੇਵਾਲ ਬੰਨ ਨਾਲ ਪ੍ਰਭਾਵਿਤ ਪਿੰਡਾਂ ਵਿੱਚ ਘਰ ਘਰ ਜਾ ਕੇ ਸੁੱਕਾ ਰਾਸ਼ਨ ਵੰਡਿਆ ਗਿਆ। ਇਸ ਮੌਕੇ ਘੋਨੇਵਾਲ ਬੰਨ ਦੀ ਸੇਵਾ ਕਰ ਰਹੇ ਸੰਤ ਸਤਨਾਮ ਸਿੰਘ ਗੁਰੂ ਕੇ ਬਾਗ ਵਲੋਂ ਸੰਗਤਾਂ ਨੂੰ ਅਪੀਲ ਕੀਤੀ ਕਿ ਰਾਸ਼ਨ ਤੋ ਇਲਾਵਾ ਇਸ ਬੰਨ ਤੇ ਮਿੱਟੀ, ਖਾਲੀ ਬੋਰੇ, ਡੀਜ਼ਲ ਅਤੇ ਸੇਵਾਦਾਰ ਦੀ ਬਹੁਤ ਘਾਟ ਹੈ।

# ਐੱਲ ਪੀ ਯੂ ਦੇ ਅੱਠ ਵਿਦਿਆਰਥੀਆਂ ਨੇ ਰੂਸ 'ਚ ਭਾਰਤ ਦੀ ਪ੍ਰਤੀਨਿਧਤਾ ਕੀਤੀ

**ਜਲੰਧਰ (ਸ਼ੈਲੀ ਐਲਬਰਟ)**- ਗਲੋਬਲ ਐਜੂਕੇਸ਼ਨ ਪਾਰਟਨਰਸ਼ਿਪ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਦੇ ਅੱਠ ਸ਼ਾਨਦਾਰ ਵਿਦਿਆਰਥੀਆਂ ਨੇ ਰੂਸ ਵਿੱਚ ਸਮਰ ਯੂਨੀਵਰਸਿਟੀ ਨੂੰ ਕਵਰ ਕਰਨ ਵਾਲੀ 100% ਸਕਾਲਰਸ਼ਿਪ ਨਾਲ ਚੁਣੇ ਗਏ। ਇਹ ਵਿਦਿਆਰਥੀ ਪ੍ਰੋਗਰਾਮ ਵਿੱਚ ਬੇਲਾਰੂਸ, ਕਜ਼ਾਕਿਸਤਾਨ, ਕਿਰਗਿਸਤਾਨ, ਉਜ਼ਬੇਕਿਸਤਾਨ, ਅਬਖਾਜ਼ੀਆ, ਇੰਡੋਨੇਸ਼ੀਆ, ਮਿਸਰ, ਮੋਰੋਕੋ, ਮੰਗੋਲੀਆ, ਓਮਾਨ ਆਦਿ ਦੇਸ਼ਾਂ ਦੇ 300 ਤੋਂ ਵੱਧ ਅੰਤਰਰਾਸ਼ਟਰੀ ਵਿਦਿਆਰਥੀਆਂ ਨਾਲ ਸ਼ਾਮਲ ਹੋਏ। ਐਲ ਪੀ ਯੂ ਯੂਨੀਵਰਸਿਟੀ ਦੀ ਟੀਮ, ਜਿਸਦੀ ਅਗਵਾਈ ਬੈਚਲਰ ਆਫ਼ ਆਰਕੀਟੈਕਚਰ ਦੀ ਵਿਦਿਆਰਥਣ ਖੁਸ਼ੀ ਠਾਕੁਰ ਕਰ ਰਹੀ ਸੀ, ਨੇ ਸਮਰ ਸਕੂਲ ਹੈਕਾਥੌਨ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਡਾ. ਅਸ਼ੋਕ ਕੁਮਾਰ ਮਿੱਤਲ, ਐਮਪੀ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ, ਨੇ ਕਿਹਾ, 'ਐਲ ਪੀ ਯੂ ਵਿਖੇ, ਸਿੱਖਿਆ ਭੂਗੋਲਿਕ ਸੀਮਾਵਾਂ ਤੱਕ ਸੀਮਿਤ ਨਹੀਂ ਹੈ। ਅਸੀਂ ਇੱਕ ਅਜਿਹੀ ਸਿੱਖਿਆ ਪ੍ਰਣਾਲੀ ਦੀ ਕਲਪਨਾ ਕਰਦੇ ਹਾਂ ਜਿੱਥੇ ਸਾਡੇ ਵਿਦਿਆਰਥੀ ਵਿਸ਼ਵ ਪੱਧਰ 'ਤੇ ਵਿਸ਼ਵਾਸ ਨਾਲ ਕੰਮ ਕਰਦੇ ਹਨ, ਸਭ ਤੋਂ ਵਧੀਆ ਲੋਕਾਂ ਨਾਲ ਜੁੜਦੇ ਹਨ, ਅਤੇ ਸਰਹੱਦਾਂ ਤੋਂ ਪਰੇ ਵਿਚਾਰਾਂ ਨਾਲ ਭਵਿੱਖ ਨੂੰ ਆਕਾਰ ਦੇਣ ਵਿੱਚ ਯੋਗਦਾਨ ਪਾਉਂਦੇ ਹਨ।'



ਪ੍ਰੋਗਰਾਮ ਵਿੱਚ ਭਾਰਤ ਦੀ ਪ੍ਰਤੀਨਿਧਤਾ ਕੀਤੀ। ਪੰਜ ਵਿਦਿਆਰਥੀ ਯੂਰਾਲ ਫੈਡਰਲ ਯੂਨੀਵਰਸਿਟੀ (ਯੇਕਾਟੇਰਿਨਬਰਗ) ਅਤੇ ਤਿੰਨ ਕਾਜ਼ਾਨ ਫੈਡਰਲ ਯੂਨੀਵਰਸਿਟੀ (ਕਾਜ਼ਾਨ) ਗਏ। ਇਹ ਵਿਦਿਆਰਥੀ ਹਵਾਈ ਕਿਰਾਇਆ, ਰਿਹਾਇਸ਼, ਟਿਊਸ਼ਨ ਅਤੇ ਵਿਦਿਆਰਥੀਆਂ ਦੇ ਸਾਰੇ ਖਰਚਿਆਂ

# ਹੜ੍ਹਾਂ ਦੀ ਮਾਰ ਨਾਲ ਬਿਮਾਰ ਮਰੀਜ਼ਾਂ ਲਈ ਮੈਡੀਕਲ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਇੱਥੇ ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ-119 ਵੱਲੋਂ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ 17ਵੇਂ ਸਥਾਪਨਾ ਦਿਵਸ ਦੇ ਮੌਕੇ ਤੇ ਭੰਗੀ ਚੋਅ, ਦੁਸਹਿਰਾ ਗਰਾਊਂਡ ਵਿੱਚ ਜੋ ਝੁੱਗੀਆਂ ਹਨ, ਵਿਖੇ ਹੜ੍ਹਾਂ ਦੀ ਮਾਰ ਨਾਲ ਬਿਮਾਰ ਮਰੀਜ਼ਾਂ ਲਈ ਇਕ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ ਮੁਫਤ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਤੇ ਡਾ. ਜੀਤ ਸਾਜਨ ਅਤੇ ਐਲੀ ਡਾ.ਅਸ਼ੋਕ ਪੁਰੀ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਪ੍ਰੋਗਰਾਮ ਦੇ ਪ੍ਰੋਜੈਕਟ ਚੇਅਰਮੈਨ ਐਲੀ ਰਮੇਸ਼ ਕੁਮਾਰ ਸਨ। ਚੋਅ ਵਿੱਚ ਹੜ੍ਹਾਂ ਦੀ ਮਾਰ ਨਾਲ ਵੱਗਦੇ ਗੰਦੇ ਪਾਣੀ ਦੇ ਕਾਰਨ ਰਹਿਣ ਵਾਲੇ ਲੋਕਾਂ ਵਿੱਚ ਸਕਿੱਨ ਦੀਆਂ ਬਿਮਾਰੀਆਂ ਅਤੇ ਬੁਖਾਰ ਆਦਿ ਨਾਲ ਪੀੜ੍ਹਿਤ ਲਗਭਗ 85 ਮਰੀਜ਼ਾਂ ਨੂੰ ਚੈੱਕ ਕਰਕੇ ਦਵਾਈਆਂ ਦਿੱਤੀਆਂ ਗਈਆਂ।ਇਸ ਉਪਰੰਤ ਇੰਟਰਨੈਸ਼ਨਲ ਡਾਇਰੈਕਟਰ ਐਲੀ ਅਸ਼ੋਕ ਪੁਰੀ ਨੇ ਦੱਸਿਆ ਕਿ ਇੰਟਰਨੈਸ਼ਨਲ ਪ੍ਰੈਜ਼ੀਡੈਂਟ ਐਲੀ ਸੁਸ਼ੀਲ ਕੁਮਾਰ ਦੇ ਯਤਨਾਂ ਨਾਲ ਸਮੁੱਚੇ ਭਾਰਤ ਵਿੱਚ ਅੱਜ ਦਾ ਦਿਨ ਸੇਵਾ ਦੇ ਤੌਰ ਤੇ ਮਨਾਇਆ ਜਾ ਰਿਹਾ ਹੈ।



# ਡਿਪਟੀ ਕਮਿਸ਼ਨਰ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਦਿੱਤੇ ਸਖ਼ਤ ਨਿਰਦੇਸ਼, ਸੱਤ ਦਿਨ 'ਚ ਮੰਗੀ ਰਿਪੋਰਟ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅਧਿਕਾਰੀਆਂ ਸਮੇਤ ਚੱਬੇਵਾਲ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਹਾਰਟਾ, ਬਡਲਾ ਦਾ ਦੌਰਾ ਕੀਤਾ ਅਤੇ ਉੱਥੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਪ੍ਰਭਾਵਿਤ ਲੋਕਾਂ ਦੇ ਨੁਕਸਾਨ ਦਾ ਗੰਭੀਰਤਾ ਅਤੇ ਤਰਜ਼ੀਹ ਨਾਲ ਮੁਲਾਂਕਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰੀ ਬਾਰਿਸ਼ ਅਤੇ ਹੜ੍ਹਾਂ ਕਾਰਨ ਜ਼ਿਲ੍ਹੇ ਵਿੱਚ ਸਰਕਾਰੀ ਅਤੇ ਨਿੱਜੀ ਜਾਇਦਾਦਾਂ ਨੂੰ ਬਹੁਤ ਨੁਕਸਾਨ ਹੋਇਆ ਹੈ, ਜਿਸ ਦੇ ਮੱਦੇਨਜ਼ਰ ਨੁਕਸਾਨ ਦਾ ਸਹੀ ਮੁਲਾਂਕਣ ਕਰਨਾ ਅਤੇ ਢਾਂਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਜ਼ਰੂਰੀ ਹੈ। ਇਸ ਮੰਤਵ ਲਈ ਜ਼ਿਲ੍ਹੇ ਦੀਆਂ ਸਾਰੀਆਂ ਸਬ-ਡਵੀਜ਼ਨਾਂ ਵਿੱਚ ਸਬੰਧਤ ਐਸ.ਡੀ.ਐਮਜ਼ ਦੀ ਪ੍ਰਧਾਨਗੀ ਹੇਠ ਸਾਂਝੀਆਂ ਟੀਮਾਂ ਬਣਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਟੀਮਾਂ ਵਿੱਚ ਲੋਕ ਨਿਰਮਾਣ ਵਿਭਾਗ, ਜਲ ਸਰੋਤ ਵਿਭਾਗ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੀ.ਐਸ.ਪੀ.ਸੀ.ਐਲ., ਪੰਚਾਇਤ ਵਿਭਾਗ, ਸਿੱਖਿਆ ਵਿਭਾਗ, ਸਬੰਧਤ ਬੀ.ਡੀ.ਪੀ.ਓ. ਅਤੇ ਨਗਰ ਕੌਂਸਲਾਂ/ਨਗਰ ਪੰਚਾਇਤਾਂ ਦੇ ਕਾਰਜਕਾਰੀ ਅਧਿਕਾਰੀ ਦੇ ਨਾਲ-ਨਾਲ ਹੋਰ ਜ਼ਰੂਰੀ ਅਧਿਕਾਰੀ ਸ਼ਾਮਲ ਹੋਣਗੇ। ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਸਾਰੇ ਐਸ.ਡੀ.ਐਮਜ਼ ਸਬੰਧਤ ਵਿਭਾਗਾਂ ਨਾਲ ਤਾਲਮੇਲ ਯਕੀਨੀ ਬਣਾਉਣ ਅਤੇ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕਰਨ ਲਈ ਰੋਜ਼ਾਨਾ ਸਮੀਖਿਆ ਮੀਟਿੰਗਾਂ ਕਰਨ।



## ਹੜ੍ਹ ਪੀੜਤਾਂ ਦੀ ਮਦਦ ਲਈ ਕੁਆਂਟਮ ਪੇਪਰਜ਼ ਲਿਮਟਿਡ ਨੇ 5 ਲੱਖ ਰੁਪਏ ਦਾ ਦਿੱਤਾ ਸਹਿਯੋਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਡਿਪਟੀ ਕਮਿਸ਼ਨਰ ਅਤੇ ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਨੇ ਵੱਖ- ਵੱਖ ਕੰਪਨੀਆਂ, ਫੈਕਟਰੀਆਂ, ਦਾਨੀ ਸੱਜਣਾਂ ਅਤੇ ਹੋਰ ਸ਼ਹਿਰ ਵਾਸੀਆਂ ਨੂੰ ਹੜ੍ਹਾਂ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਵਿੱਤੀ ਜਾਂ ਹੋਰ ਕਿਸੇ ਵੀ ਤਰ੍ਹਾਂ ਦੀ ਮਦਦ ਕਰਨ ਸਬੰਧੀ ਅਪੀਲ ਕੀਤੀ ਸੀ, ਜਿਸ ਤਹਿਤ ਬਹੁਤ ਸਾਰੇ ਦਾਨੀ-ਸੱਜਣਾਂ ਵੱਲੋਂ ਵਿੱਤੀ ਸਹਾਇਤਾ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਅਤੇ ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਨੇ ਕੁਆਂਟਮ ਪੇਪਰਜ਼ ਲਿਮਟਿਡ ਸੈਲਾ ਖੁਰਦ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਹਾਲਤਾਂ ਵਿੱਚ ਕੁਆਂਟਮ ਪੇਪਰਜ਼ ਲਿਮਟਿਡ ਵਲੋਂ ਕੀਤੀ ਗਈ 5 ਲੱਖ ਰੁਪਏ ਦੀ ਮਦਦ ਹੜ੍ਹ ਪੀੜਤਾਂ ਲਈ ਇੱਕ ਵਡਮੁੱਲਾ ਯੋਗਦਾਨ ਹੈ, ਜਿਸ ਨਾਲ ਹੜ੍ਹ ਪੀੜਤਾ ਨੂੰ ਲੋੜ ਦੀਆਂ ਵਸਤੂਆਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਕੰਪਨੀਆਂ, ਫੈਕਟਰੀਆਂ, ਦਾਨੀ ਸੱਜਣਾਂ, ਉਦਯੋਗਪਤੀਆਂ, ਸਕੂਲ/ਕਾਲਜ ਮਾਲਕਾਂ, ਵੱਡੇ ਵਪਾਰੀ ਭਾਈਚਾਰੇ ਅਤੇ ਹਰ ਨਾਗਰਿਕ ਨੂੰ ਅਪੀਲ ਕੀਤੀ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਅੱਗੇ ਆਉਣ। ਜਿਸ ਲਈ ਰੈੱਡ ਕਰਾਸ ਸੁਸਾਇਟੀ ਵੱਲੋਂ ਜਾਰੀ ਕੀਤੇ ਗਏ ਕਿਊ ਆਰ ਕੋਡ ਜਿਸ ਦੇ ਲਿੰਕ https://tinyurl.com/redcrosshoshiarpur 'ਤੇ ਕਲਿੱਕ ਕਰਕੇ ਸਹਿਯੋਗ ਕੀਤਾ ਜਾ ਸਕਦਾ ਹੈ।

## ਕੈਬਨਿਟ ਮੰਤਰੀ ਤੇ ਡਿਪਟੀ ਕਮਿਸ਼ਨਰ ਨੇ ਪ੍ਰਭਾਵਿਤ ਪਰਵਾਰਾਂ ਨੂੰ ਵਿੱਤੀ ਸਹਾਇਤਾ ਸੌਂਪੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਜ਼ਿਲ੍ਹੇ ਵਿੱਚ ਰਾਹਤ ਕਾਰਜਾਂ 'ਚ ਹੋਰ ਤੇਜ਼ੀ ਲਿਆਉਂਦਿਆਂ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਉਨ੍ਹਾਂ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦੀ ਵੰਡ ਕੀਤੀ, ਜਿਨ੍ਹਾਂ ਨੂੰ ਹਾਲ ਹੀ ਵਿੱਚ ਹੋਈ



ਲਗਾਤਾਰ ਬਾਰਿਸ਼ ਦੌਰਾਨ ਨੁਕਸਾਨ ਦਾ ਸਾਹਮਣਾ ਕਰਨਾ ਪਿਆ।ਪ੍ਰਭਾਵਿਤਾਂ ਨੂੰ ਚੈੱਕ ਸੌਂਪਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕੁਦਰਤੀ ਆਫ਼ਤ ਨਾਲ ਨਜਿੱਠਣ ਲਈ ਫੰਡ ਜਾਰੀ ਕੀਤੇ ਗਏ ਹਨ।ਇਸ ਵਿੱਚੋਂ 5 ਕਰੋੜ ਰੁਪਏ ਜਲੰਧਰ ਜ਼ਿਲ੍ਹੇ ਲਈ ਰੱਖੇ ਗਏ ਹਨ, ਜੋ ਕਿ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਲੋਕ ਨੁਮਾਇੰਦਿਆਂ ਅਤੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਵੰਡੇ ਜਾ ਰਹੇ ਹਨ।ਉਨ੍ਹਾਂ ਇੱਕ ਪਰਵਾਰ ਨੂੰ 1.20 ਲੱਖ ਰੁਪਏ ਦਾ ਚੈੱਕ ਵੀ ਸੌਂਪਿਆ, ਜਿਸਦਾ ਪੂਰਾ ਘਰ ਇਸ ਹਫ਼ਤੇ ਸ਼ਹਿਰ ਵਿੱਚ ਪਈ ਭਾਰੀ ਬਾਰਿਸ਼ ਵਿੱਚ ਢਹਿ ਗਿਆ ਸੀ।ਸਰਕਾਰ ਦੀ ਵਚਨਬੱਧਤਾ ਦਹੁਰਾਉਂਦਿਆਂ ਸ੍ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਆਪਣੇ ਲੋਕਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਉਨ੍ਹਾਂ ਦੀਆਂ ਟੀਮਾਂ ਵੱਲੋਂ 573 ਘਰਾਂ ਦਾ ਸਰਵੇਖਣ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ ਅਤੇ ਸਮੇਂ ਸਿਰ ਰਾਹਤ ਪਹੁੰਚਾਉਣ ਲਈ 1 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਜਾ ਰਹੀ ਹੈ। ਇਸ ਮੌਕੇ ਬਸਤੀ ਗੁਜਾਂ ਦੀ ਵਸਨੀਕ ਮੀਨੂੰ ਵਾਲੀਆ, ਜਿਸ ਨੂੰ ਆਪਣੀ ਨੁਕਸਾਨੀ ਛੱਤ ਦੀ ਮੁਰੰਮਤ ਲਈ 1.20 ਲੱਖ ਰੁਪਏ ਦਾ ਚੈੱਕ ਮਿਲਿਆ, ਨੇ ਇਸ ਤੁਰੰਤ ਰਾਹਤ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਸ ਨੇ ਕਿਹਾ ਕਿ ਇਹ ਰਾਹਤ ਉਸਦੇ ਪਰਿਵਾਰ ਦੇ ਮੁੜ ਵਸੇਬੇ ਲਈ ਬਹੁਤ ਮਦਦਗਾਰ ਸਾਬਤ ਹੋਵੇਗੀ । ਉਸ ਨੇ ਇਸ ਸਹਾਇਤਾ ਨੂੰ ਸਰਕਾਰ ਵੱਲੋਂ ਦਿੱਤੀ ਗਈ ਬਹੁਤ ਹੀ ਲੋੜੀਂਦੀ ਰਾਹਤ ਦੱਸਿਆ।

## ਲਾਲੜੂ ਇਲਾਕੇ 'ਚ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਏ ਐੱਨ ਕੇ ਸ਼ਰਮਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਏ ਹਨ। ਉਨ੍ਹਾਂ ਨੇ ਆਪਣੇ ਨਿੱਜੀ ਫੰਡ ਵਿੱਚੋਂ ਹੜ੍ਹ ਪੀੜਤਾਂ ਨੂੰ ਵਿੱਤੀ ਸਹਾਇਤਾ ਦਿੱਤੀ ਹੈ। ਐਨ.ਕੇ. ਸ਼ਰਮਾ ਨੇ ਲਾਲੜੂ, ਖਜੂਰ ਮੰਡੀ, ਟਿਵਾਣਾ ਅਤੇ ਸਰਸੀਣੀ ਆਦਿ ਪਿੰਡਾਂ ਦਾ ਦੌਰਾ ਕੀਤਾ ਅਤੇ ਹੜ੍ਹ ਪੀੜਤਾਂ ਨੂੰ ਲਗਭਗ ਢਾਈ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਹੈ। ਉਨ੍ਹਾਂ ਨੇ ਹਾਲ ਹੀ ਵਿੱਚ ਝਰਮਲ ਨਦੀ ਵਿੱਚ ਵਹਿ ਗਏ ਜਨਕ ਸਿੰਘ ਦੇ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਤੇ 50 ਹਜ਼ਾਰ ਰੁਪਏ ਦੀ ਸਹਾਇਤਾ ਵੀ ਦਿੱਤੀ।ਸ਼ਰਮਾ ਨੇ ਕਿਹਾ ਕਿ ਮੌਜੂਦਾ ਸਰਕਾਰ ਅਤੇ ਇਸ ਦੇ ਨੁਮਾਇੰਦੇ ਇਸ ਹੜ੍ਹ ਪ੍ਰਤੀ ਗੰਭੀਰ ਨਹੀਂ ਹਨ। ਪੂਰੀ ਸਰਕਾਰ ਫੋਟੋਗ੍ਰਾਫੀ ਤੱਕ ਸੀਮਤ ਹੋ ਗਈ ਹੈ। ਲੋਕ ਰੋਜ਼ੀ-ਰੋਟੀ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ। ਸਾਬਕਾ ਵਿਧਾਇਕ ਨੇ ਕਿਹਾ ਕਿ ਡੇਰਾਬੱਸੀ ਹਲਕੇ ਵਿੱਚ ਕਈ ਥਾਵਾਂ ਤੇ ਲੋਕਾਂ ਦੇ ਕੱਚੇ ਘਰ ਢਹਿ ਗਏ ਹਨ, ਰਾਸ਼ਨ ਡੁੱਬ ਕੇ ਤਬਾਹ ਹੋ ਗਿਆ ਹੈ



ਅਤੇ ਪਸ਼ੂ ਪਾਲਕ ਦੇ ਜਾਨਵਰ ਜ਼ਖ਼ਮੀ ਹੋਏ ਹਨ। ਸ਼ਰਮਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਅਤੇ ਆਗੂ ਹੜ੍ਹ ਪੀੜਤਾਂ ਦੀ ਮਦਦ ਲਈ ਲਗਾਤਾਰ ਕੰਮ ਕਰ ਰਹੇ ਹਨ। ਆਉਣ ਵਾਲੇ ਦਿਨਾਂ ਵਿੱਚ ਡੇਰਾਬੱਸੀ ਹਲਕੇ ਸਮੇਤ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਪੀੜ੍ਹਤਾਂ ਦੀ ਮਦਦ ਕੀਤੀ ਜਾਵੇਗੀ।

## ਟਾਂਡਾ ਪੁਲਸ ਵੱਲੋਂ ਨਸ਼ੀਲੀਆਂ ਗੋਲੀਆਂ ਵੇਚਣ ਵਾਲੀ ਮਹਿਲਾ ਗ੍ਰਿਫ਼ਤਾਰ



**ਅੱਡਾ ਸਰਾਂ (ਜਸਵੀਰ ਕਾਜਲ)**- ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਜ਼ਿਲ੍ਹੇ ਅੰਦਰ ਮਾੜੇ ਅਨਸਰਾਂ ਉੱਪਰ ਕਾਬੂ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਹੋਈ ਸੀ। ਜਿਸ ਤਹਿਤ ਮੁਕੇਸ਼ ਕੁਮਾਰ ਐਸ ਪੀ ਹੁਸ਼ਿਆਰਪੁਰ, ਦਵਿੰਦਰ ਸਿੰਘ ਡੀ.ਐਸ.ਪੀ ਸਬ ਡਵੀਜ਼ਨ ਟਾਂਡਾ ਅਤੇ ਇੰਸਪੈਕਟਰ ਗੁਰਿੰਦਰਜੀਤ ਸਿੰਘ ਮੁੱਖ ਅਫਸਰ ਥਾਣਾ ਟਾਂਡਾ ਦੀ ਅਗਵਾਈ ਵਿੱਚ ਥਾਣਾ ਟਾਂਡਾ ਦੇ ਅਧੀਨ ਆਉਂਦੇ ਏਰੀਆ ਵਿੱਚ ਨਸ਼ਾ ਸਪਲਾਈ ਕਰਨ ਵਾਲਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਸੋਰਸ ਲਗਾ ਕੇ ਉਪਰਾਲੇ ਕੀਤੇ ਜਾ ਰਹੇ ਹਨ ਕਿ 04 ਸਤੰਬਰ ਨੂੰ ਏ.ਐਸ.ਆਈ ਸਰਬਜੀਤ ਸਿੰਘ ਚੌਂਕੀ ਇੰਚਾਰਜ ਸਰਾਂ ਥਾਣਾ ਟਾਂਡਾ ਸਮੇਤ ਪੁਲਸ ਪਾਰਟੀ ਨੂੰ ਉਸ ਸਮੇ ਵੱਡੀ ਸਫਲਤਾ ਹਾਸਲ ਹੋਈ ਜਦੋਂ ਪੁਲਸ ਪਾਰਟੀ ਪਿੰਡ ਹੰਬੜਾਂ ਤੋਂ ਧੂਤਾਂ ਪਿੱਛੇ ਚੌਂਕ ਵਿੱਚ ਮੌਜੂਦ ਸੀ ਤਾਂ ਇੱਕ ਔਰਤ ਪੈਦਲ ਆਉਂਦੀ ਦਿਖਾਈ ਦਿੱਤੀ ਜਿਸ ਨੇ ਆਪਣਾ ਨਾਮ ਰਿੰਪੀ ਪੁੱਤਰੀ ਥੋੜੂ ਰਾਮ ਵਾਸੀ ਜਾਜਾ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ। ਜਿਸ ਨੂੰ ਕਾਬੂ ਕਰਕੇ ਇਸ ਪਾਸੋਂ 120 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆ ਜਿਸ ਨੂੰ ਮੌਕੇ 'ਤੇ ਗ੍ਰਿਫ਼ਤਾਰ ਕਰਕੇ ਮੁਕੱਦਮਾ ਥਾਣਾ ਟਾਂਡਾ ਦਰਜ ਰਜਿਸ਼ਟਰ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਦੀ ਗਈ।

## ਗ੍ਰਾਮ ਪੰਚਾਇਤਾਂ ਨੇ ਸਮਾਨ ਇਕੱਠਾ ਕਰਕੇ ਲੋੜਵੰਦਾਂ ਤੱਕ ਪਹੁੰਚਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਡਿਪਟੀ ਸਪੀਕਰ ਪੰਜਾਬ ਜੈ ਕ੍ਰਿਸ਼ਨ ਸਿੰਘ ਰੌੜੀ ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਤੇ ਐਸ.ਡੀ.ਐਮ. ਗੜ੍ਹਸ਼ੰਕਰ ਦੇ ਦਿਸ਼ਾ ਨਿਰਦੇਸ਼ ਹੇਠ ਬੀ.ਡੀ.ਪੀ.ਓ ਬਲਾਕ ਗੜ੍ਹਸ਼ੰਕਰ ਦੀ ਕਾਰਗੁਜ਼ਾਰੀ ਵਿੱਚ ਬਲਾਕ ਗੜ੍ਹਸ਼ੰਕਰ



ਦੇ ਸਮੂਹ ਸਟਾਫ ਤੇ ਸਰਪੰਚ ਗ੍ਰਾਮ ਪੰਚਾਇਤਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਰਾਹਤ ਸਮੱਗਰੀ ਦਾ ਦੂਜਾ ਟਰੱਕ ਲੋੜਵੰਦ ਪਰਵਾਰਾਂ ਦੇ ਕੋਲ ਪਹੁੰਚਦਾ ਕਰ ਦਿੱਤਾ। ਜਿਨਾਂ ਨੇ ਇਹ ਸਾਰਾ ਸਮਾਨ ਅਮਾਨੀ ਪੈਲਸ ਸਤਨੌਰ ਵਿਖੇ ਪਹੁੰਚਦਾ ਕਰਕੇ ਲੋੜਵੰਦ ਪਰਵਾਰਾਂ ਤੱਕ ਪਹੁੰਚਾਉਣ ਦੀ ਮਦਦ ਕੀਤੀ, ਬਲਾਕ ਗੜ੍ਹਸ਼ੰਕਰ ਦੀਆਂ ਸਾਰੀਆਂ ਗ੍ਰਾਮ ਪੰਚਾਇਤਾਂ ਤੇ ਪਿੰਡ ਵਾਸੀਆਂ ਦਾ ਪ੍ਰਬੰਧਕਾਂ ਵੱਲੋਂ ਧੰਨਵਾਦ ਕੀਤਾ ਗਿਆ ਹੈ।

## ਭੇਲਾਂ ਵਾਸੀਆਂ ਨੇ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ

**ਆਦਮਪੁਰ ਪਰਮਜੀਤ ਸਿੰਘ)**

ਅਣਕਿਆਸੀਆਂ ਬਾਰਿਸ਼ਾਂ ਕਾਰਨ ਆਫ਼ਰੇ ਸਤਲੁਜ, ਬਿਆਸ ਤੇ ਰਾਵੀ ਨੇ ਪੰਜਾਬ ਵਿਚ ਭਾਰੀ ਤਬਾਹੀ ਮਚਾਈ ਹੈ। ਤੇਰਾਂ ਸੌ ਤੋਂ ਵੱਧ ਪਿੰਡ ਪਾਣੀ ਵਿਚ ਡੁੱਬ ਗਏ ਅਤੇ ਹਜ਼ਾਰਾਂ ਹੈਕਟੇਅਰ ਫਸਲ ਬਰਬਾਦ ਹੋ ਗਈ ਹੈ। ਤੀਹ ਦੇ ਕਰੀਬ ਮਨੁੱਖੀ ਜਾਨਾਂ



ਅਤੇ ਵੱਡੀ ਗਿਣਤੀ ਵਿਚ ਪਸ਼ੂ ਧਨ ਦਾ ਨੁਕਸਾਨ ਹੋਇਆ ਹੈ। ਕਈ ਪਿੰਡਾਂ ਦਾ ਸੰਪਰਕ ਟੁੱਟ ਜਾਣ ਦੀਆਂ ਸੂਚਨਾਵਾਂ ਹੋਣ 'ਤੇ ਪਿੰਡ ਭੇਲਾਂ (ਜਲੰਧਰ) ਦੇ ਵਾਸੀਆਂ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਭੇਜਣ ਦਾ ਫੈਸਲਾ ਲਿਆ। ਪਿੰਡ ਦੇ ਨੌਜਵਾਨਾਂ ਸੂਬੇਦਾਰ ਪਰਮਾਨੰਦ, ਡਾ. ਜਮਨਾਦਾਸ ਦੀ ਅਗਵਾਈ ਵਿਚ ਹੜ੍ਹ ਪੀੜਤਾਂ ਲਈ ਸਹਿਯੋਗ ਮੰਗਿਆ ਜਿਸ ਵਾਸਤੇ ਲੋਕਾਂ ਨੇ ਖੁੱਲ੍ਹਦਿਲੀ ਨਾਲ ਸਹਿਯੋਗ ਦਿੱਤਾ।ਪਿੰਡ ਦੀ ਮਹਿਲਾ ਸਰਪੰਚ ਜਗੀਰ ਕੌਰ ਨੇ ਰਾਹਤ ਸਮੱਗਰੀ ਦਾ ਟਰੱਕ ਡੇਰਾ ਬਾਬਾ ਨਾਨਕ ਸੈਕਟਰ ਲਈ ਰਵਾਨਾ ਕੀਤਾ ਜਿਸ ਵਿਚ ਪੰਜ ਸੌ ਬੰਦੇ ਲਈ ਤਿਆਰ ਰਾਸ਼ਨ ਤੋਂ ਇਲਾਵਾ ਆਟਾ, ਬਰੈਡ, ਡਬਲਰੋਟੀ, ਬਿਸਕੁੱਟ, ਫਰੂਟ, ਸਾਬਣ, ਸਰਫ਼, ਮੋਮਬੱਤੀਆਂ, ਟੂੱਥ ਪੇਸਟ, ਟੂੱਥ ਬਰੂੱਸ਼, ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਤੀਲਾਂ ਦੀਆਂ ਡੱਬੀਆਂ, ਤੇਲ ਸਰਸੋਂ, ਦਵਾਈਆਂ, ਬੱਚਿਆਂ ਤੋਂ ਲੈ ਕੇ ਸਿਆਣਿਆਂ ਦੇ ਪਹਿਨਣ ਲਈ ਕੱਪੜੇ, ਖੇਸੀਆਂ, ਕੰਬਲ, ਸ਼ਾਲ ਆਦਿ ਸ਼ਾਮਲ ਸਨ।ਰਾਹਤ ਸਮੱਗਰੀ ਡੇਰਾ ਬਾਬਾ ਨਾਨਕ ਦੇ ਸਭ ਤੋਂ ਵੱਧ ਪ੍ਰਭਾਵਿਤ ਡਾਲਾ, ਗੁਰੇਚੱਕ, ਪੰਨਵਾਂ, ਝੰਗੀ ਆਦਿ ਪਿੰਡਾਂ ਵਿਚ ਵੰਡੀ ਗਈ। ਇਸ ਸਮੱਗਰੀ ਨੂੰ ਵੰਡਣ ਲਈ ਸੀਤਲ ਸਿੰਘ, ਸੂਬੇਦਾਰ ਪਰਮਾਨੰਦ, ਡਾ ਜਮਨਾਦਾਸ, ਡਾ ਬਲਵਿੰਦਰ ਸਰੋਆ, ਬਾਬੂ ਲਸ਼ਕਰ ਰਾਮ ਏ ਜੀ ਐਮ, ਮੈਨੇਜਰ ਗੁਰਨਾਮ ਸਿੰਘ, ਰੂਪ ਲਾਲ ਰੂਪ ਸਾਬਕਾ ਡੀ ਈ ਓ, ਜੁਗਿੰਦਰ ਰਾਮ, ਮਹਿੰਦਰ ਸਿੰਘ, ਰਾਕੇਸ਼ ਕੁਮਾਰ, ਹਰਪਾਲ ਸਿੰਘ, ਗੁਰਦੇਵ ਦਾਲੋ, ਆਸ਼ੂ, ਗੁਰਕਰਨ, ਨਵੀ, ਬਲਜੋਤ, ਬੱਬਨ, ਰੋਹਿਤ, ਪਵੀ ਆਦਿ ਨੇ ਪਿੰਡਾਂ ਦੀਆਂ ਗਲੀਓ ਗਲੀ ਜਾ ਕੇ ਵੱਡਾ ਯੋਗਦਾਨ ਪਾਇਆ।

## ਹੜ੍ਹ ਪੀੜਤਾਂ ਦੀ ਮਦਦ ਲਈ ਅਧਿਆਪਕਾਂ ਵੱਲੋਂ 1 ਲੱਖ ਰੁਪਏ ਦੀ ਮਦਦ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਿੱਖਿਆ ਵਿਭਾਗ ਨੇ ਇਕ ਵਾਰ ਫਿਰ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਇੱਕ ਸ਼ਲਾਘਾਯੋਗ ਪਹਿਲ ਕੀਤੀ ਹੈ।ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਕਾਰਨ ਜ਼ਿਲ੍ਹੇ ਦੇ ਕਈ ਪਿੰਡ ਪਾਣੀ ਵਿੱਚ ਡੁੱਬ ਗਏ, ਜਿਸ ਕਾਰਨ ਭਾਰੀ ਨੁਕਸਾਨ ਹੋਇਆ ਸੀ। ਪ੍ਰਭਾਵਿਤ ਪਰਿਵਾਰਾਂ ਦੀ ਮਦਦ ਲਈ ਹੁਸ਼ਿਆਰਪੁਰ ਬਲਾਕ ਵਨ-ਏ, ਵਨ-ਬੀ ਅਤੇ ਬਲਾਕ 2-ਏ ਅਤੇ 2-ਬੀ ਦੇ ਅਧਿਆਪਕਾਂ ਨੇ ਮਿਲ ਕੇ 1 ਲੱਖ ਰੁਪਏ ਦੀ ਰਾਸ਼ੀ ਇਕੱਠੀ ਕੀਤੀ, ਜੋ ਕਿ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਅਮਨਦੀਪ ਸ਼ਰਮਾ ਦੀ ਅਗਵਾਈ ਹੇਠ ਰੈੱਡ ਕਰਾਸ ਰਾਹਤ ਫੰਡ ਲਈ ਐਸ.ਡੀ.ਐਮ ਗੁਰਸਿਮਰਨਜੀਤ ਕੌਰ ਨੂੰ ਭੇਟ ਕੀਤੀ ਗਈ। ਇਸ ਮੌਕੇ ਅਮਨਦੀਪ ਸ਼ਰਮਾ ਨੇ ਕਿਹਾ ਕਿ ਅਧਿਆਪਕ ਭਾਈਚਾਰਾ ਸਿਰਫ਼ ਪੜ੍ਹਾਈ ਤੱਕ ਹੀ ਸੀਮਤ ਨਹੀਂ , ਸਗੋਂ ਸਮਾਜਿਕ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਵਿੱਚ ਵੀ ਹਮੇਸ਼ਾ ਮੋਹਰੀ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਨੇ ਬਹੁਤ ਸਾਰੇ ਲੋਕਾਂ ਦੇ ਘਰ ਵਹਾ ਦਿੱਤੇ, ਭੋਜਨ ਪ੍ਰਾਪਤ ਕਰਨਾ ਮੁਸ਼ਕਲ ਹੋ ਗਿਆ ਅਤੇ ਪਸ਼ੂਆਂ ਨੂੰ ਵੀ ਪ੍ਰਭਾਵਿਤ ਕੀਤਾ।ਉਨ੍ਹਾਂ ਇਹ ਵੀ ਦੱਸਿਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਆਪਣੇ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਐਸ.ਡੀ.ਐਮ ਰਾਹੀਂ ਇਹ ਸਹਾਇਤਾ ਰਾਸ਼ੀ ਰੈੱਡ ਕਰਾਸ ਫੰਡ ਵਿੱਚ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਸਨ।

## ਐੱਸ ਡੀ ਜੀ ਐੱਮ ਨੇ ਅਨੰਦਪੁਰ ਸਾਹਿਬ ਦੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਕੀਤਾ ਦੌਰਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ ਡੀ ਜੇ ਐਮ ਸ੍ਰੀ ਅਨੰਦਪੁਰ ਸਾਹਿਬ ਗੁਰਕਿਰਨ ਸਿੰਘ ਤੇ ਐਸ ਡੀ ਜੀ ਐਮ ਨੰਗਲ ਸ੍ਰੀਮਤੀ ਨਿਧੀ ਸੈਣੀ ਨੇ ਜ਼ਿਲ੍ਹੇ ਦੇ ਹੜ੍ਹ ਦੀ ਮਾਰ ਹੇਠਾਂ ਆਏ ਇਲਾਕਿਆਂ ਦਾ ਦੌਰਾ ਕੀਤਾ ਅਤੇ ਪੀੜਤਾਂ ਲਈ ਰਾਹਤ ਸਮੱਗਰੀ ਵੰਡੀ। ਇਸ ਮੌਕੇ ਉਨ੍ਹਾਂ ਹੜ੍ਹ ਪੀੜਿਤ ਇਲਾਕਿਆਂ ਦਾ ਜਾਇਜ਼ਾ ਲਿਆ। ਸਭ ਤੋਂ ਪਹਿਲਾਂ ਪਿੰਡ ਦਸਗਰਾਂ ਵਿਖੇ ਕਮਿਊਨਿਟੀ ਸੈਂਟਰ ਦਾ ਦੌਰਾ ਕੀਤਾ, ਜਿੱਥੇ ਹੜ੍ਹ ਕਾਰਨ ਲਗਭਗ 20 ਪਰਵਾਰਾਂ ਨੂੰ ਅਸਥਾਈ ਤੌਰ 'ਤੇ ਰੱਖਿਆ ਗਿਆ ਹੈ। ਉਨ੍ਹਾਂ ਨੂੰ 20 ਰਾਸ਼ਨ ਕਿੱਟਾਂ, ਸਾਬਣ ਅਤੇ ਸੈਨੀਟਰੀ ਪੈਡ ਵੰਡੇ । ਇਸ ਤੋਂ ਇਲਾਵਾ ਪੀੜਤ ਪਰਵਾਰਾਂ ਦੇ ਘਰਾਂ ਦਾ ਵੀ ਦੌਰਾ ਕੀਤਾ ਗਿਆ, ਜਿੱਥੇ ਸਤਲੁਜ ਦਰਿਆ ਦਾ ਪਾਣੀ ਪਿੰਡ ਦੇ ਕਈ ਹਿੱਸਿਆਂ ਵਿੱਚ ਵਹਿੰਦਾ ਮਿਲਿਆ।ਇਸ ਤੋਂ ਬਾਅਦ ਉਨ੍ਹਾਂ ਪਿੰਡ ਸੰਗਤਪੁਰ ਦੇ ਮੁੱਖ ਪੁਲ ਅਤੇ ਆਸ-ਪਾਸ ਦੇ ਇਲਾਕਿਆਂ ਦਾ ਜਾਇਜ਼ਾ ਲਿਆ। ਇਥੇ ਦਰਿਆ ਦੇ ਟੁੱਟੇ ਬੰਨ੍ਹ ਦੀ ਮੁਰੰਮਤ ਦੇ ਕੰਮ ਦਾ ਨਿਰੀਖਣ ਕੀਤਾ, ਕਿਉਂਕਿ ਸਤਲੁਜ ਦੇ ਤੇਜ਼ ਪਾਣੀ ਦੇ ਵਹਾਅ ਕਰਕੇ ਡੰਗਾ ਨੁਕਸਾਨੀ ਹੋ ਗਿਆ ਸੀ। ਉਪਰੰਤ ਵੱਲੋਂ ਪਿੰਡ ਮਹਿੰਦਲੀ ਕਲਾਂ ਦਾ ਦੌਰਾ ਕੀਤਾ ਜਿੱਥੇ ਦਰਿਆ



ਦਾ ਪਾਣੀ ਅੰਦਰ ਆ ਗਿਆ ਹੈ। ਟੀਮ ਵੱਲੋਂ ਟਰੈਕਟਰ ਰਾਹੀਂ ਪਿੰਡ ਵਿੱਚ ਦਾਖਲ ਹੋ ਕੇ ਪੈਦਲ ਦਰਿਆ ਦੇ ਕਿਨਾਰੇ ਦਾ ਜਾਇਜ਼ਾ ਲਿਆ ਗਿਆ। ਹੜ੍ਹ ਪੀੜਤ ਲੋਕਾਂ ਦੀ ਤੁਰੰਤ ਸਹਾਇਤਾ ਅਤੇ ਜ਼ਰੂਰਤਾਂ ਪੂਰਾ ਕਰਨ ਦਾ ਭਰੋਸਾ ਦਿੱਤਾ।

## ਸੰਕਲਪ ਮੁਹਿੰਮ ਤਹਿਤ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਦੇ ਆਦੇਸ਼ਾਂ ਅਨੁਸਾਰ ਸੰਕਲਪ ਮੁਹਿੰਮ ਤਹਿਤ 4 ਸਤੰਬਰ ਤੋਂ 12 ਸਤੰਬਰ ਤੱਕ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਪਿੰਡ ਸ਼ੇਰਗੜ੍ਹ (ਹੁਸ਼ਿਆਰਪੁਰ-2) ਵਿੱਚ ਇੱਕ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਮੌਕੇ ਗੁਰਹਰਮਨਪ੍ਰੀਤ ਕੌਰ (ਮੀਡੀਆ ਦਸਤਾਵੇਜ਼ ਸਹਾਇਕ) ਨੇ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ



ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਉਸ ਨੇ ਔਰਤਾਂ ਨੂੰ ਅੱਤਿਆਚਾਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਕਿਰਨ ਸੈਣੀ (ਚਾਈਲਡ ਲਾਈਨ ਕੇਸ ਵਰਕਰ) ਅਤੇ ਗੁਰਵਿੰਦਰ ਸਿੰਘ (ਜ਼ਿਲ੍ਹਾ ਕੋਆਰਡੀਨੇਟਰ) ਨੇ ਬਾਲ ਭਿੱਖਿਆ ਮੰਗਣ, ਸਪਾਂਸਰਸ਼ਿਪ ਸਕੀਮ ਅਤੇ ਬਾਲ ਵਿਆਹ ਨੂੰ ਰੋਕਣ ਲਈ ਚੱਲ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਇਸ ਦੌਰਾਨ ਵਨ ਸਟਾਪ ਸਖੀ ਸੈਂਟਰ ਦੇ ਸਟਾਫ਼ ਮੈਂਬਰਾਂ ਪਰਮਿੰਦਰ ਕੌਰ ਅਤੇ ਦੀਕਸ਼ਾ ਨੇ ਭਾਗੀਦਾਰਾਂ ਨੂੰ ਸਖੀ ਸੈਂਟਰ ਵਿੱਚ ਉਪਲਬੱਧ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਇਸ ਵਿੱਚ ਘਰੇਲੂ ਹਿੰਸਾ ਦੀਆਂ ਪੀੜਤ ਔਰਤਾਂ ਲਈ ਇੱਕੋ ਛੱਤ ਹੇਠ ਆਸਰਾ, ਸਲਾਹ ਅਤੇ ਹੋਰ ਸਹਾਇਤਾ ਸੇਵਾਵਾਂ ਸ਼ਾਮਲ ਹਨ। ਇਸ ਕੈਂਪ ਵਿੱਚ ਆਸ਼ਾ ਵਰਕਰ ਅਤੇ ਏ.ਐਨ.ਐਮ. ਵੀ ਮੌਜੂਦ ਸਨ ।

## ਭਾਜਪਾ ਹੜ੍ਹ ਪੀੜਤ ਪਰਵਾਰਾਂ ਨੂੰ ਹਰ ਪੱਖੋਂ ਸਹਾਇਤਾ ਮੁਹੱਈਆ ਕਰਵਾਏਗੀ : ਚਰਨਜੀਤ ਸਿੰਘ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪਹਾੜਾਂ ਅਤੇ ਪੰਜਾਬ ਵਿੱਚ ਲਗਾਤਾਰ ਬਾਰਿਸ਼ ਹੋਣ ਕਾਰਨ ਬਿਆਸ ਦਰਿਆ ਵਿੱਚ ਪਾਣੀ ਬਹੁਤ ਜ਼ਿਆਦਾ ਆ ਗਿਆ ਹੈ ਅਤੇ ਇਹ ਪਾਣੀ ਦਰਿਆ ਦੇ ਕਿਨਾਰਿਆਂ ਨੂੰ ਖੋਰਦਾ ਹੋਇਆ ਕਾਫ਼ੀ ਪਿੰਡਾਂ ਵਿੱਚ ਆ ਗਿਆ ਹੈ ਜਿਸ ਕਾਰਨ ਜਿੱਥੇ ਲੋਕਾਂ ਦਾ ਕਾਫ਼ੀ ਨੁਕਸਾਨ ਹੋ ਗਿਆ ਹੈ ਉੱਥੇ ਜਨਜੀਵਨ ਵੀ ਅਸਤ ਵਿਅਸਤ ਹੋ ਗਿਆ ਹੈ। ਅਜਿਹੇ ਪਰਵਾਰਾਂ ਦੀ ਕੁਝ ਕੁ ਸਹਾਇਤਾ ਲਈ ਪੰਜਾਬ ਭਾਜਪਾ ਵਿਧਾਨ ਸਭਾ ਹਲਕਾ ਉੜਮੁੜ ਟਾਂਡਾ ਦਿਹਾਤੀ ਮੰਡਲ ਪ੍ਰਧਾਨ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਭਾਜਪਾ ਵਰਕਰਾਂ ਨੇ ਹੜ੍ਹ ਦੀ ਮਾਰ ਝੱਲ ਰਹੇ ਲੋਕਾਂ ਨੂੰ ਸੁੱਕਾ ਰਾਸ਼ਨ ਅਤੇ ਚਾਹ-ਪਾਣੀ ਆਦਿ ਦਾ ਲੰਗਰ ਵੰਡਿਆ। ਇਸ ਮੌਕੇ ਪ੍ਰਧਾਨ ਚਰਨਜੀਤ ਸਿੰਘ ਨੇ ਕਿਹਾ ਕਿ ਦਰਿਆ ਬਿਆਸ 'ਚ ਆਏ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਸਹਾਇਤਾ ਲਈ ਭਾਜਪਾ ਵਰਕਰ ਦਰਿਆ ਨਾਲ ਲੱਗਦੇ ਪਿੰਡਾਂ ਦਾ ਦੌਰਾ ਕਰ ਰਹੇ ਹਨ ਅਤੇ ਹੜ੍ਹ ਪੀੜਤ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੇ ਹੋਏ ਉਨ੍ਹਾਂ ਨੂੰ ਜ਼ਰੂਰਤ ਅਨੁਸਾਰ ਹਰ ਪ੍ਰਕਾਰ ਦੀ ਸਹਾਇਤਾ ਮੁਹੱਈਆ ਕਰਵਾਉਣ ਦਾ ਹਰ ਸੰਭਵ ਯਤਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਬਿਆਸ ਦਰਿਆ 'ਤੇ ਖੋਰੇ ਪੈਣ ਵਾਲੇ ਸਥਾਨਾਂ ਦੀ ਮੁਰੰਮਤ ਦਾ ਕਾਰਜ ਕਰ ਰਹੇ ਸੇਵਾਦਾਰਾਂ ਨੂੰ ਚਾਹ ਪਾਣੀ ਆਦਿ ਦਾ ਲੰਗਰ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਵੀ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਹੜ੍ਹ ਪੀੜਿਤ ਪਰਵਾਰਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਕੇਂਦਰ ਸਰਕਾਰ ਦੇ ਮੰਤਰੀਆਂ ਤੋਂ ਇਲਾਵਾ ਪੰਜਾਬ ਭਾਜਪਾ ਦੇ ਵੱਡੇ ਲੀਡਰ ਵੀ ਹੜ੍ਹ ਇਲਾਕਿਆਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਵੱਧ ਤੋਂ ਵੱਧ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ। ਇਸ ਮੌਕੇ ਅਮਨਦੀਪ ਸਿੰਘ, ਦਲਜੀਤ ਸਿੰਘ, ਬਲਵੀਰ ਸਿੰਘ, ਭਰਤ ਸੈਣੀ, ਬਲਜੀਤ ਸਿੰਘ, ਬਲਜਿੰਦਰ ਸਿੰਘ, ਮਹੇਸ਼ ਸੋਬਤੀ, ਤਜਿੰਦਰ ਸਿੰਘ, ਗੁਰਪ੍ਰੀਤ ਸਿੰਘ ਅਤੇ ਹੋਰ ਹਾਜ਼ਰ ਸਨ।

## ਬਾਲ ਮੁਕੰਦ ਸ਼ਰਮਾ ਤੇ ਟੀਮ ਜਸਵਿੰਦਰ ਭੱਲਾ ਨੇ ਮੰਡ ਬਾਊਪੁਰ ਵਿਖੇ ਰਾਹਤ ਸਮੱਗਰੀ ਵੰਡੀ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਅਤੇ ਉਘੇ ਕਾਮੇਡੀਅਨ ਤੇ ਅਦਾਕਾਰ ਸਵ. ਜਸਵਿੰਦਰ ਭੱਲਾ ਦੀ ਟੀਮ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਮੰਡ ਬਾਊਪੁਰ ਅਤੇ ਸਾਂਗਰਾ ਦਾ ਕਿਸ਼ਤੀ ਵਿੱਚ ਸਵਾਰ ਹੋ ਕੇ ਦੌਰਾ ਕਰਦਿਆਂ ਲੋਕਾਂ ਦਾ ਹਾਲ ਚਾਲ ਜਾਣਿਆ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਲਾਂ ਸੰਬੰਧੀ ਜਾਣਕਾਰੀ ਲਈ।ਇਸ ਮੌਕੇ ਬਾਲ ਮੁਕੰਦ ਸ਼ਰਮਾ ਅਤੇ ਪੁਖਰਾਜ ਭੱਲਾ ਨੇ ਕਿਹਾ ਕਿ ਸਾਡਾ ਫ਼ਰਜ਼ ਬਣਦਾ ਹੈ ਕਿ ਅੱਖੀ ਘੜੀ ਵਿੱਚ ਅਸੀਂ ਆਪਣੇ ਪੰਜਾਬੀਆਂ ਦਾ ਸਾਥ ਦੇਈਏ। ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਕਿਹਾ ਕਿ ਕਮਿਸ਼ਨ ਵੱਲੋਂ ਆਉਣ ਵਾਲੇ ਸਮੇਂ ਵਿੱਚ ਹੜ੍ਹ ਪੀੜਤਾਂ ਲਈ ਰਾਸ਼ਨ ਦਾ ਪ੍ਰਬੰਧ ਕਰੇਗਾ।ਇਸ ਮੌਕੇ ਉਨ੍ਹਾਂ ਨੇ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲਾ ਸਾਮਾਨ ਵੀ ਵੰਡਿਆ। ਇਸ ਮੌਕੇ ਸਵਰਗਵਾਸੀ ਜਸਵਿੰਦਰ ਭੱਲਾ ਦੀ ਪੁੱਤਰੀ ਜੀਨੂੰ ਭੱਲਾ, ਨੂੰਹ ਦੀਸ਼ੂ ਭੱਲਾ, ਪੰਜਾਬ ਟਾਊਨ ਪਲੈਨਿੰਗ ਵਿਭਾਗ ਦੇ ਸੇਵਾ ਮੁਕਤ ਡਾਇਰੈਕਟਰ ਐਮ.ਐਸ. ਔਜਲਾ, ਕਾਮੇਡੀਅਨ ਦੀਪਕ ਰਾਜਾ, ਨਵਦੀਪ ਸਿੰਘ ਸੂਜੋਕਾਲੀਆ, ਐਸ ਡੀ ਐਮ ਅਲਕਾ ਕਾਲੀਆ, ਡੀ ਐਸ ਪੀ ਹਰਗੁਰਦੇਵ ਸਿੰਘ ਜੰਮੂ ਆਦਿ ਹਾਜ਼ਰ ਸਨ।

## ਮੁਕੇਸ਼ ਗਾਂਧੀ ਨੇ 'ਨੇਕਸਟ-ਜਨਰੇਸ਼ਨ ਜੀ ਐੱਸ ਟੀ ਰਿਫਾਰਮਜ਼' 'ਤੇ ਜਤਾਈ ਖ਼ੁਸ਼ੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਦੇਸ਼ ਵਿੱਚ ਲਾਗੂ ਕੀਤੇ ਗਏ ਨੇਕਸਟ-ਜਨ ਜੀ ਐਸ ਟੀ ਰਿਫਾਰਮਜ਼ ਨੂੰ ਲੈ ਕੇ ਜਨਤਾ ਵਿੱਚ ਉਤਸ਼ਾਹ ਹੈ। ਇਸ ਇਤਿਹਾਸਕ ਫ਼ੈਸਲੇ 'ਤੇ ਹਲਕਾ ਡੇਰਾਬੱਸੀ ਦੇ ਭਾਜਪਾ ਨੇਤਾ ਅਤੇ ਭਾਜਪਾ ਪੰਜਾਬ ਪ੍ਰਦੇਸ਼ ਕਾਰਜਕਾਰੀ ਕਮੇਟੀ ਦੇ ਮੈਂਬਰ, ਪੰਜਾਬ ਟੈਲੀਫ਼ੋਨ ਐਡਵਾਈਜ਼ਰੀ ਕਮੇਟੀ ਦੇ ਮੈਂਬਰ, ਸਾਬਕਾ ਨਗਰ ਕੌਂਸਲ ਡੇਰਾਬੱਸੀ ਦੇ ਪ੍ਰਧਾਨ ਅਤੇ ਸਾਬਕਾ ਡੇਰਾਬੱਸੀ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਮੁਕੇਸ਼ ਗਾਂਧੀ ਨੇ ਖ਼ੁਸ਼ੀ ਜਤਾਈ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਜਨਤਾ, ਕਿਸਾਨਾਂ, ਵਪਾਰੀਆਂ ਅਤੇ ਉਦਯੋਗਾਂ ਨੂੰ ਰਾਹਤ ਦੇਣ ਲਈ ਵੱਡਾ ਕਦਮ ਚੁੱਕਿਆ ਹੈ। ਘਰੇਲੂ ਵਰਤੋਂ ਵਾਲੀਆਂ ਚੀਜ਼ਾਂ ਜਿਵੇਂ ਘਿਓ, ਮਿਕਸਰ, ਪ੍ਰੈਸ਼ਰ ਕੁਕਰ, ਸਾਬਣ, ਡਿਟਰਜੈਂਟ ਅਤੇ ਸ਼ੈਂਪੂ ਆਦਿ 'ਤੇ ਹੁਣ ਸਿਰਫ਼ 5 ਪ੍ਰਤੀਸ਼ਤ ਜੀ ਐਸ ਟੀ ਲੱਗੇਗਾ, ਜਦਕਿ ਪਹਿਲਾਂ ਇਹ 18 ਪ੍ਰਤੀਸ਼ਤ ਸੀ। ਕਿਸਾਨਾਂ ਨੂੰ ਵੀ ਟ੍ਰੈਕਟਰ, ਟਾਇਰ ਅਤੇ ਸਿੰਚਾਈ ਸੰਦਾਂ 'ਤੇ ਟੈਕਸ ਵਿੱਚ ਕਮੀ ਨਾਲ ਵੱਡੀ ਰਾਹਤ ਮਿਲੇਗੀ। ਮੁਕੇਸ਼ ਗਾਂਧੀ ਨੇ ਕਿਹਾ ਕਿ ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਵੀ ਸਸਤਾ ਕੀਤਾ ਗਿਆ ਹੈ। ਹੁਣ ਨੋਟਬੁੱਕ, ਪੈਨਸਿਲ, ਰਬੜ ਅਤੇ ਹੋਰ ਸਿੱਖਿਆ ਨਾਲ ਸੰਬੰਧਤ ਸਮਾਨ ਪੂਰੀ ਤਰ੍ਹਾਂ ਟੈਕਸ ਮੁਕਤ ਹੋ ਗਏ ਹਨ। ਇਸੇ ਤਰ੍ਹਾਂ ਹੈਲਥ ਇੰਸ਼ੋਰੈਂਸ ਅਤੇ ਮੈਡੀਕਲ ਟੈਸਟਿੰਗ ਕਿੱਟ ਵਰਗੀਆਂ ਸੇਵਾਵਾਂ 'ਤੇ ਜੀਐਸਟੀ ਘਟਾ ਕੇ 5 ਪ੍ਰਤੀਸ਼ਤ ਕਰ ਦਿੱਤਾ ਗਿਆ ਹੈ। ਇਸ ਨਾਲ ਪਰਵਾਰਾਂ ਦਾ ਖ਼ਰਚ ਘਟੇਗਾ ਅਤੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਸਸਤੇ ਦਰਾਂ 'ਤੇ ਮਿਲ ਸਕਣਗੀਆਂ।ਵਾਹਨਾਂ ਦੀਆਂ ਦਰਾਂ ਵਿੱਚ ਵੀ ਵੱਡੀ ਕਟੌਤੀ ਕੀਤੀ ਗਈ ਹੈ। ਪਹਿਲਾਂ ਕਾਰਾਂ ਅਤੇ ਮੋਟਰਸਾਈਕਲਾਂ 'ਤੇ 28 ਪ੍ਰਤੀਸ਼ਤ ਜੀ ਐਸ ਟੀ ਲੱਗਦਾ ਸੀ, ਜਿਸ ਨੂੰ ਘਟਾ ਕੇ 18 ਪ੍ਰਤੀਸ਼ਤ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਆਟੋਮੋਬਾਈਲ ਸੈਕਟਰ ਨੂੰ ਵਧਾਵਾ ਮਿਲੇਗਾ ਅਤੇ ਆਮ ਲੋਕਾਂ ਲਈ ਵਾਹਨ ਖ਼ਰੀਦਣਾ ਆਸਾਨ ਹੋਵੇਗਾ।ਉਨ੍ਹਾਂ ਅੱਗੇ ਕਿਹਾ ਕਿ ਬਾਜ਼ਾਰ ਵਿੱਚ ਜ਼ਰੂਰੀ ਸਮਾਨ ਦੀਆਂ ਕੀਮਤਾਂ ਘਟਣ ਨਾਲ ਲੋਕ ਵੱਧ ਖ਼ਰੀਦਦਾਰੀ ਕਰਨਗੇ। ਇਸ ਵਧੀ ਹੋਈ ਮੰਗ ਦਾ ਫ਼ਾਇਦਾ ਨਾ ਸਿਰਫ਼ ਖਪਤਕਾਰਾਂ ਨੂੰ ਹੋਵੇਗਾ ਸਗੋਂ ਜੋ ਲੋਕ ਸਮਾਨ ਬਣਾਉਂਦੇ ਹਨ, ਉਨ੍ਹਾਂ ਨੂੰ ਵੀ ਮਿਲੇਗਾ। ਇਸ ਨਾਲ ਮੇਕ ਇਨ ਇੰਡੀਆ ਉਤਪਾਦਾਂ ਦੀ ਵਿਕਰੀ ਵਧੇਗੀ ਅਤੇ ਦੇਸ਼ ਦੀ ਅਰਥਵਿਵਸਥਾ ਨੂੰ ਮਜ਼ਬੂਤੀ ਮਿਲੇਗੀ।ਮੁਕੇਸ਼ ਗਾਂਧੀ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੋਦੀ ਸਰਕਾਰ ਲਗਾਤਾਰ ਗਰੀਬ ਅਤੇ ਮੱਧਵਰਗੀ ਪਰਵਾਰਾਂ ਦੀ ਜੀਵਨ ਸ਼ੈਲੀ ਨੂੰ ਬਿਹਤਰ ਬਣਾਉਣ ਵੱਲ ਕੰਮ ਕਰ ਰਹੀ ਹੈ।

## ਐਮ ਏ ਹਿੰਦੀ ਦੇ ਸਮੈਸਟਰ ਦੂਜਾ ਤੇ ਚੌਥਾ ਦਾ ਨਤੀਜਾ ਸ਼ਾਨਦਾਰ

**ਮਾਹਿਲਪੁਰ (ਸਫ਼ਰੀ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਚੱਲਦੇ ਕੋਰਸ ਐਮ ਏ ਹਿੰਦੀ ਦੇ ਦੂਜਾ ਅਤੇ ਚੌਥਾ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਅਤੇ ਹਿੰਦੀ ਵਿਭਾਗ ਦੇ ਮੁਖੀ



ਲੈਫ਼ਟੀਨੈਂਟ ਪ੍ਰੋਫੈਸਰ ਦੀਪਕ ਨੇ ਦੱਸਿਆ ਕਿ ਐਮ ਏ ਹਿੰਦੀ ਸਮੈਸਟਰ ਚੌਥਾ ਦੇ ਨਤੀਜੇ ਵਿੱਚ ਵਿਦਿਆਰਥਣ ਸਾਗਰ ਦਰੋਚ ਨੇ 73 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਸੁਮਿਤਾ ਕੁਮਾਰੀ ਨੇ 69 ਫ਼ੀਸਦੀ ਅੰਕਾਂ ਨਾਲ ਦੂਜਾ ਤੇ ਸ਼ਿਵਾਨੀ ਨੇ 64 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਇਸੇ ਕੋਰਸ ਦੇ ਸਮੈਸਟਰ ਦੂਜਾ ਦੇ ਨਤੀਜੇ ਵਿੱਚ ਵਿਦਿਆਰਥਣ ਕ੍ਰਿਤਿਕਾ ਸੈਣੀ ਨੇ 76 ਫ਼ੀਸਦੀ ਅੰਕਾਂ ਨਾਲ ਪਹਿਲਾ, ਰਜਿੰਦਰ ਕੌਰ ਨੇ 72 ਫ਼ੀਸਦੀ ਅੰਕਾਂ ਨਾਲ ਦੂਜਾ ਅਤੇ ਰੇਨੂੰ ਕੁਮਾਰੀ ਨੇ 60 ਫ਼ੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਹਿੰਦੀ ਵਿਭਾਗ ਦੇ ਹੋਰ ਅਧਿਆਪਕਾਂ ਡਾ. ਪਰਮਿੰਦਰ ਕੌਰ, ਪ੍ਰੋਫੈਸਰ ਨੈਨਸੀ ਨੇ ਵੀ ਇਹਨਾਂ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਤ ਕੀਤਾ।

## ਸੂਬਾ ਸਰਕਾਰ ਤੇ ਕੇਂਦਰ ਮਿਲ ਕੇ ਹੜ੍ਹ ਪੀੜਤਾਂ ਦਾ ਦੁੱਖ ਵੰਡਾਉਣ : ਲੇਸੜੀਵਾਲ

**ਆਦਮਪੁਰ( ਪਰਮਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਬਾਦਲ ਪ੍ਰਧਾਨ ਐਸ ਸੀ ਵਿੰਗ ਜਲੰਧਰ ਦਿਹਾਤੀ ਧਰਮਪਾਲ ਲੇਸੜੀਵਾਲ ਨੇ ਪ੍ਰੈਸ ਵਾਰਤਾ ਵਿੱਚ ਕਿਹਾ ਕਿ ਇਸ ਸਮੇਂ ਪੰਜਾਬ ਦੇ ਲੋਕ ਬੜੀ ਮਾੜੀ ਸਥਿਤੀ ਵਿੱਚੋਂ ਗੁਜ਼ਰ ਰਹੇ ਹਨ ਤੇ ਹੜ੍ਹਾਂ ਦੀ ਮਾਰ ਚੱਲ ਰਹੇ ਹਨ। ਇਸ ਔਖੀ ਘੜੀ ਵਿੱਚ ਜਿੱਥੇ ਸਾਡੀਆਂ ਧਾਰਮਿਕ ਸੰਸਥਾਵਾਂ, ਸਾਡੇ ਪੰਜਾਬੀ ਕਲਾਕਾਰ ਅਤੇ ਹੋਰ ਪੰਜਾਬੀ ਅੱਗੇ ਹੋ ਕੇ ਮਦਦ ਕਰ ਰਹੇ ਹਨ, ਇਸੇ ਤਰ੍ਹਾਂ ਸਾਡੀ ਸੂਬਾ ਸਰਕਾਰ ਅਤੇ ਕੇਂਦਰ ਨੂੰ ਮਿਲ ਕੇ ਹਰ ਪੀੜਤਾਂ ਦਾ ਦੁੱਖ ਵਡਾਉਣਾ ਚਾਹੀਦਾ ਹੈ। ਹੜ੍ਹ ਨਾਲ ਹੋਈਆਂ ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਅਤੇ ਡਿੱਗੇ ਘਰਾਂ ਦਾ ਮੁਆਵਜ਼ਾ ਦੇ ਕੇ ਲੋਕਾਂ ਦਾ ਮੁੜ ਵਸੇਬਾ ਕਰਾਉਣਾ ਚਾਹੀਦਾ ਹੈ। ਧਰਮਪਾਲ ਲੇਸੜੀਵਾਲ ਨੇ ਉਹਨਾਂ ਲੋਕਾਂ ਦਾ ਵੀ ਧੰਨਵਾਦ ਕੀਤਾ ਜਿਹੜੇ ਲੋਕ ਇਸ ਦੁੱਖ ਦੀ ਘੜੀ ਵਿੱਚ ਆਪਣੇ ਘਰਾਂ ਤੋਂ ਬਾਹਰ ਨਿਕਲ ਕੇ ਪੀੜਤਾਂ ਦੀ ਹਰੇਕ ਮਦਦ ਕਰ ਰਹੇ ਹਨ। ਉਹਨਾਂ ਕਿਹਾ ਕਿ ਇਸ ਸਮੇਂ ਸਰਕਾਰ ਨੂੰ ਸਿਆਸੀ ਡਰਾਮੇ ਛੱਡ ਕੇ ਹਕੀਕਤ ਵਿੱਚ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਹੜ੍ਹਾਂ ਦੇ ਨਾਲ ਨਜਿੱਠਣ ਲਈ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਾਲੀ ਮਦਦ ਕਰਨ ਲਈ ਸਰਕਾਰ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨੂੰ ਵੀ ਜਵਾਬਦੇਹ ਬਣਾਵੇ, ਤਾਂ ਜੋ ਸਰਕਾਰੀ ਅਧਿਕਾਰੀ ਹਰੇਕ ਹੜ੍ਹ ਪੀੜਤ ਤੱਕ ਪਹੁੰਚ ਕਰਕੇ ਉਨਾਂ ਦਾ ਹਾਲ ਚਾਲ ਜਾਨਣ ਅਤੇ ਉਹਨਾਂ ਦੀ ਮਦਦ ਕਰਨ। ਉਹਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਸੂਬਾ ਸਰਕਾਰ ਕੇਂਦਰ ਸਰਕਾਰ ਤੋਂ ਵੱਡਾ ਆਰਥਿਕ ਪੈਕੇਜ ਲਿਆ ਕੇ ਲੋਕਾਂ ਦੇ ਨੁਕਸਾਨ ਦੀ ਭਰਪਾਈ ਕਰੇ ਅਤੇ ਅਤੇ ਸੂਬਾ ਸਰਕਾਰ ਆਪਣੇ ਤੌਰ 'ਤੇ ਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਲੋਕਾਂ ਦੀ ਆਪਣੇ ਤੌਰ 'ਤੇ ਮਦਦ ਕਰੇ।



## ਲੋਕ ਇਨਸਾਫ਼ ਮੰਚ ਨੇ ਲੋੜਵੰਦ ਪਰਵਾਰਾਂ ਨੂੰ ਤਰਪਾਲਾਂ ਵੰਡੀਆਂ

**ਫ਼ਿਲੌਰ (ਨਿਰਮਲ)**

ਭਾਰੀ ਬਰਸਾਤ ਕਾਰਨ ਲੋਕਾਂ ਦੇ ਮਕਾਨਾਂ ਦੇ ਨੁਕਸਾਨ ਹੋਏ ਲੋਕ ਇਨਸਾਫ਼ ਮੰਚ ਦੀ ਟੀਮ ਵੱਲੋਂ ਅਤੇ ਹੋਰ ਦਾਨੀ ਸਾਥੀਆਂ ਦੇ ਸਹਿਯੋਗ ਸਦਕਾ ਸੈਂਕੜੇ ਤਰਪਾਲਾਂ ਲੋੜਵੰਦ ਪਰਵਾਰਾਂ ਨੂੰ ਪਿੰਡ ਆਲੋਵਾਲ ਭੋਲੇਵਾਲ ਵਿੱਚ ਵੰਡੀਆਂ ਗਈਆਂ। ਇਸ ਵੇਲੇ ਐਨ ਜੀ ਓ ਹੰਗਰੀ ਆਊਲ ਕੈਫੇ ਵਲੋਂ ਵੀ ਲੋੜੀਂਦਾ ਸਮਾਨ ਦਿੱਤਾ ਗਿਆ। ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫ਼ਿਲੌਰ, ਸਕੱਤਰ ਪ੍ਰਸ਼ੋਤਮ ਫ਼ਿਲੌਰ, ਸੀਨੀਅਰ ਮੀਤ ਪ੍ਰਧਾਨ ਮਾਸਟਰ ਹੰਸ ਰਾਜ, ਸੀਨੀਅਰ ਆਗੂ ਸਾਬਕਾ ਸਰਪੰਚ ਸਰਬਜੀਤ ਸਾਬੀ ਰਾਮਗੜ੍ਹ, ਰਾਮ ਜੀ ਦਾਸ ਗੰਨਾ ਪਿੰਡ ਅਤੇ ਰਵੀ ਦਲੇਰ ਨੇ ਆਖਿਆ ਕਿ ਮੀਂਹ ਲਗਾਤਾਰ ਪੈਣ ਨਾਲ ਇਲਾਕੇ ਦੇ ਗ਼ਰੀਬ ਲੋਕਾਂ ਦੇ ਬਹੁਤੇ ਮਕਾਨ ਪਾਣੀ ਨਾਲ਼ ਨੁਕਸਾਨੇ ਗਏ ਅਤੇ ਪਾਣੀ ਨਾਲ਼ ਓਹਨਾ ਦੇ ਰੋਜ਼ਾਨਾ ਜੀਵਨ ਵਿੱਚ ਵਰਤੋਂ ਦਾ ਸਮਾਨ ਵੀ ਖ਼ਰਾਬ ਹੋ ਗਿਆ।ਇਸ ਕਰਕੇ ਲੋਕ ਇਨਸਾਫ਼ ਮੰਚ ਦੀ ਟੀਮ ਵੱਲੋਂ ਲੋਕਾਂ ਦੀ ਲੋੜ ਤੇ ਮੰਗ ਨੂੰ ਮੁੱਖ ਰੱਖ ਕੇ ਸਮਾਜ ਸੇਵੀ ਸੱਜਣਾਂ ਦੀ ਮਦਦ ਨਾਲ ਇਹ ਉਪਰਾਲਾ ਕੀਤਾ ਹੈ। ਇਸ ਮੌਕੇ ਹੰਗਰੀ ਆਊਲ ਕੈਫੇ ਤੋਂ ਜਤਿਨ ਕਜਲਾ, ਰੋਹਣ ਕਲੇਰ, ਸੋਨੂੰ ਬਾਹੋਵਾਲ ਤੋਂ ਇਲਾਵਾ ਲੋਕ ਇਨਸਾਫ਼ ਮੰਚ ਦੇ ਸੋਮ ਨਾਥ ਸ਼ੇਖੂਪੁਰ, ਹਨੀ ਸੰਤੋਖਪੁਰਾ, ,ਰਵੀ ਦਲੇਰ, ਹੈਪੀ ਮਾਓਸਾਹਿਬ, ਰਾਮ ਜੀ ਦਾਸ ਗੰਨਾ



ਪਿੰਡ, ਮੱਖਣ ਸੰਤੋਖਪੁਰਾ, ਗੁਰਮੀਤ ਲੰਬੜਦਾਰ, ਅਵਤਾਰ ਸਿੰਘ ਭੋਲੇਵਾਲ, ਕੇਵਲ ਸਿੰਘ ਭੋਲੇਵਾਲ, ਕੁਲਵੀਰ ਸਿੰਘ ਭੋਲੇਵਾਲ, ਰਮਨ ਭੋਲੇਵਾਲ, ਅਰਸ਼ਪ੍ਰੀਤ, ਸਮਰੀਤ ਕੌਰ, ਸਰਪੰਚ ਕੁਲਵਿੰਦਰ ਕੌਰ ਭੋਲੇਵਾਲ, ਮਨਜੀਤ ਕੌਰ, ਕਿਰਨਦੀਪ ਕੌਰ, ਚਰਨਜੀਤ, ਬੰਦਨਾ, ਪਰਮਿੰਦਰ ਕੌਰ, ਪੰਚ ਪ੍ਰਵੀਨ ਕੌਰ, ਹੰਸ ਕੌਰ ਕਲੇਰ, ਸੁਨੀਤਾ ਫ਼ਿਲੌਰ ਅਤੇ ਸੰਦੀਪ ਕੁਮਾਰੀ ਸਰਪੰਚ ਰਾਮਗੜ੍ਹ ਹਾਜ਼ਰ ਸਨ।

## ਸੀ ਜੀ ਐੱਮ ਨੇ ਬਜ਼ੁਰਗਾਂ ਦੇ ਆਪਣਾ ਘਰ 'ਚ ਲਗਵਾਇਆ ਮੈਡੀਕਲ ਕੈਂਪ

**ਰੂਪਨਗਰ (ਰਾਜਿੰਦਰ ਸੈਣੀ)**-ਵਿਸ਼ਵ ਬਜ਼ੁਰਗਾਂ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਸੀ.ਜੀ.ਐਮ-ਕਮ-ਸਕੱਤਰ ਜ਼ਿਲ੍ਹਾ ਮੁਫ਼ਤ ਕਾਨੂੰਨੀ ਸੇਵਾਵਾਂ ਰੂਪਨਗਰ ਮੈਡਮ ਅਮਨਦੀਪ ਕੌਰ ਦੇ ਯਤਨਾਂ ਤੇ ਸਿਵਲ ਹਸਪਤਾਲ ਰੂਪਨਗਰ ਦੇ ਡਾਕਟਰਾਂ ਦੀ ਟੀਮ ਵਲੋਂ ਇੱਕ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੌਰਾਨ ਮੈਡੀਕਲ ਦੇ ਮਾਹਿਰ ਡਾ. ਪੁਨੀਤ ਸੈਣੀ, ਦੰਦਾ ਦੇ ਡਾ. ਗਗਨਦੀਪ ਸਿੰਘ ਤੇ ਆਰਥੋ ਦੇ ਡਾ. ਯੁਵਰਾਜ ਸਿੰਘ ਹੀਰਾ ਵਲੋਂ ਆਪਣਾ ਘਰ 'ਚ ਰਹਿ ਰਹੇ ਬਜ਼ੁਰਗਾਂ, ਇਸ ਘਰ ਨਾਲ ਜੁੜੇ ਬਜ਼ੁਰਗਾਂ ਤੇ ਆਏ



ਹੋਰ ਮਰੀਜ਼ਾਂ ਦਾ ਵੀ ਚੈਕਅਪ ਕੀਤਾ ਗਿਆ।ਉਨ੍ਹਾ ਦਾ ਬੀ.ਪੀ. ਤੇ ਸ਼ੂਗਰ ਲੇਬਲ ਵੀ ਵੇਖਿਆ, ਲੋੜ ਅਨੁਸਾਰ ਦਵਾਈਆਂ ਵੀ ਦਿੱਤੀਆਂ।ਇਸ ਮੌਕੇ ਆਪਣਾ ਘਰ ਟਰੱਸਟ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਾਜਿੰਦਰ ਸੈਣੀ ਨੇ ਮੈਡਮ ਸੀ.ਜੀ.ਐਮ ਵਲੋਂ ਬਜ਼ੁਰਗਾਂ ਦੇ ਆਪਣਾ ਘਰ 'ਚ ਸਿਹਤ ਵਿਭਾਗ ਦੇ ਸਹਿਯੋਗ ਨਾਲ ਮੈਡੀਕਲ ਕੈਂਪ ਲਗਾਉਣ ਲਈ ਮੈਡਮ ਦਾ ਧੰਨਵਾਦ ਕੀਤਾ। ਪ੍ਰਧਾਨ ਰਾਜਿੰਦਰ ਸੈਣੀ ਨੇ ਦੱਸਿਆ ਕਿ ਸੀ.ਜੀ.ਐਮ. ਮੈਡਮ ਅਮਨਦੀਪ ਕੌਰ ਬੀਤੇ 21 ਅਗਸਤ ਨੂੰ ਵਿਸ਼ਵ ਬਜ਼ੁਰਗ ਦਿਵਸ ਮੌਕ ਆਪਣਾ ਘਰ ਵਿਖੇ ਬਜ਼ੁਰਗਾਂ ਦੀ ਸਮਾਜ ਵਿੱਚ ਦੇਣ ਬਾਰੇ ਜਾਗਰੂਕ ਕਰਨ ਆਏ ਸਨ ਤੇ ਉਨ੍ਹਾ ਇਸ ਘਰ ਵਿੱਚ ਮੈਡੀਕਲ ਕੈਂਪ ਲਗਾਉਣ ਲਈ ਕਿਹਾ ਸੀ।ਇਸ ਮੌਕੇ ਸੰਸਥਾ ਦੇ ਟਰੱਸਟੀ ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਜਗਦੇਵ ਸਿੰਘ, ਦਲਜੀਤ ਸਿੰਘ, ਬਲਵਿੰਦਰ ਕੌਰ ਤੇ ਵਿਸ਼ੇਸ਼ ਬਜ਼ੁਰਗ ਤਰਸੇਮ ਸਿੰਘ, ਤਾਰਾ ਸਿੰਘ, ਹਰਮੇਲ ਲਾਲ, ਕੇ. ਐਲ. ਕਪੂਰ, ਸ਼ਾਮ ਲਾਲ ਗੋਇਲ, ਸੁਖਦੇਵ ਸ਼ਰਮਾ, ਇੰਜ. ਹਰਜੀਤ ਸਿੰਘ ਸੈਣੀ, ਚੇਤ ਰਾਮ, ਭੁਪਿੰਦਰ ਸਿੰਘ, ਜਿੰਦਰ ਸਿੰਘ, ਸਤੀਸ਼ਵਰ ਖੰਨਾ ਆਦਿ ਵੀ ਹਾਜ਼ਰ ਸਨ।

## ਹੜ੍ਹ ਪੀੜਤਾਂ ਲਈ ਜਲਦੀ ਮੁਆਵਜ਼ੇ ਦਾ ਐਲਾਨ ਕਰਨ ਪੰਜਾਬ ਤੇ ਕੇਂਦਰ ਸਰਕਾਰ : ਕਰੀਮਪੁਰੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਬਹੁਜਨ ਸਮਾਜ ਪਾਰਟੀ ਫਗਵਾੜਾ ਅਤੇ ਗੁਰਾਇਆ ਵਲੋਂ 'ਪੰਜਾਬ ਸੰਭਾਲੋ' ਮੁਹਿਮ ਤਹਿਤ ਅੱਜ ਇੱਕ ਰਾਸ਼ਨ, ਕੱਪੜੇ ਅਤੇ ਤਰਪਾਲਾਂ ਦਾ ਇੱਕ ਮਿੰਨੀ ਟਰੱਕ ਹੜ੍ਹ ਪੀੜਤਾਂ ਦੀ ਮਦਦ ਲਈ ਜ਼ਿਲ੍ਹਾ ਅੰਮ੍ਰਿਤਸਰ ਦੇ ਹੜ੍ਹ ਪ੍ਰਭਾਵਿਤ ਸਰਹੱਦੀ ਇਲਾਕਿਆਂ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਗੱਡੀ ਨੂੰ ਰਵਾਨਾ



ਕਰਦਿਆਂ ਫਗਵਾੜਾ ਅਤੇ ਗੁਰਾਇਆ ਇਕਾਈ ਦੇ ਇਸ ਸਾਂਝੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਇਸ ਔਖੀ ਘੜੀ 'ਚ ਬਸਪਾ ਪੰਜਾਬ ਦੇ ਸਮੂਹ ਅਹੁਦੇਦਾਰ, ਵਰਕਰ, ਸਮਰਥਕ, ਬਾਮਸੇਫ, ਬੀ.ਬੀ.ਐਫ. ਦੀਆਂ ਟੀਮਾਂ ਹੜ੍ਹ ਪੀੜਤਾਂ ਦੇ ਨਾਲ ਹਨ। ਜਦੋਂ ਤੱਕ ਇਸ ਕੁਦਰਤੀ ਆਫਤ ਤੋਂ ਪੰਜਾਬ ਪੂਰੀ ਤਰ੍ਹਾਂ ਉੱਭਰ ਨਹੀਂ ਜਾਂਦਾ, ਬਸਪਾ ਲੋੜਵੰਦ ਹੜ੍ਹ ਪੀੜਤਾਂ ਨੂੰ ਹਰ ਸੰਭਵ ਯਤਨ ਪਹੁੰਚਾਉਣ ਦਾ ਯਤਨ ਕਰੇਗੀ। ਉਹਨਾਂ ਪੰਜਾਬ ਅਤੇ ਕੇਂਦਰ ਦੀਆਂ ਸਰਕਾਰਾਂ ਤੋਂ ਮੰਗ ਕੀਤੀ ਕਿ ਹੜ੍ਹ ਪੀੜ੍ਹਤਾਂ ਦੇ ਲਈ ਜਲਦੀ ਤੋਂ ਜਲਦੀ ਮੁਆਵਜ਼ੇ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਉਜੜੇ ਲੋਕ ਮੁੜ ਤੋਂ ਆਪਣੀ ਜ਼ਿੰਦਗੀ ਸ਼ੁਰੂ ਕਰ ਸਕਣ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਵਿਧਾਨਸਭਾ ਹਲਕਾ ਫਗਵਾੜਾ ਦੇ ਪ੍ਰਧਾਨ ਚਰਨਜੀਤ ਕਾਲਾ, ਇੰਜੀਨੀਅਰ ਪ੍ਰਦੀਪ ਮੱਲ, ਬੀਬੀ ਅਮਨਦੀਪ ਕੌਰ ਕੌਂਸਲਰ, ਪਰਮਜੀਤ ਖਲਵਾੜਾ, ਸੁਰਜੀਤ ਭੁੱਲਾਰਾਈ ਤੋਂ ਇਲਾਵਾ ਡਾ. ਗਿਆਨ ਚੰਦ ਗੁਰਾਇਆ, ਲੇਖਰਾਜ ਗੁਰਾਇਆ, ਰਿਟਾ. ਐਸ.ਡੀ.ਓ. ਸਤਪਲ ਭੌਂਸਲੇ, ਰਿਟਾ. ਬੈਂਕ ਮੈਨੇਜਰ ਨਰੇਸ਼ ਕੁਮਾਰ, ਪੂਜਾ ਸਾਹਨੀ ਆਦਿ ਹਾਜ਼ਰ ਸਨ।

## ਹਲਕਾ ਫਿਲੌਰ ਦੇ ਪਿੰਡਾਂ ਦੀ ਸਥਿਤੀ ਕਾਬੂ ਹੇਠ : ਪ੍ਰਿੰਸੀਪਲ ਪ੍ਰੇਮ ਕੁਮਾਰ

**ਫਿਲੌਰ (ਨਿਰਮਲ)**-ਇਥੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਫਿਲੌਰ ਨੇ ਆਪਣੇ ਸਾਥੀਆਂ ਸਮੇਤ ਸਤਲੁਜ ਦਰਿਆ ਨਾਲ ਲੱਗਦੇ ਹਲਕਾ ਫਿਲੌਰ ਦੇ ਪਿੰਡਾਂ ਬੁਰਜੀ ਨੰਬਰ 2827, ਸ਼ਨੀ ਮੰਦਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਸ ਅਕੈਡਮੀ ਫਿਲੌਰ, ਛਾਉਂਲੇ ਬਜਾੜ ਅਤੇ ਲਸਾੜਾ ਆਦਿ ਦੇ ਬੰਨ੍ਹਾਂ ਦਾ ਲਗਾਤਾਰ ਦੂਸਰੇ ਦਿਨ ਵੀ ਦੌਰਾ ਕੀਤਾ। ਲੋਕਾਂ ਦਾ ਹੌਸਲਾ ਵਧਾਉਂਦੇ ਹੋਏ ਪ੍ਰਿੰਸੀਪਲ ਪ੍ਰੇਮ ਕੁਮਾਰ ਫਿਲੌਰ ਅਤੇ ਉਨ੍ਹਾਂ ਦੇ ਸਾਥੀਆਂ ਨੇ ਖੁਦ ਕਹੀ ਫੜ ਕੇ ਲੋਕਾਂ ਦੀ ਮਦਦ ਕਰਦੇ ਹੋਏ ਮਿੱਟੀ ਦੇ ਬੋਰੇ ਭਰਵਾਏ ਅਤੇ ਲੋਕਾਂ ਦੇ ਰੈਣ ਬਸੇਰੇ ਲਈ ਤਰਪਾਲਾਂ ਬੰਨ੍ਹਵਾਈਆਂ। ਉਨ੍ਹਾਂ ਦੱਸਿਆ ਕਿ ਰੱਬ ਦਾ ਸ਼ੁਕਰ ਹੈ ਕਿ ਵਿਧਾਨ ਸਭਾ ਹਲਕਾ ਫਿਲੌਰ ਅਧੀਨ ਆਉਂਦੇ ਖੇਤਰ ਵਿਚ ਦਰਿਆ ਨਾਲ ਲੱਗਦੇ ਪਿੰਡਾਂ ਦੀ



ਸਥਿਤੀ ਠੀਕ ਹੈ ਅਤੇ ਕਿਸੇ ਪ੍ਰਕਾਰ ਦਾ ਕੋਈ ਖ਼ਤਰਾ ਨਹੀਂ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਫਿਲਹਾਲ ਸਥਿਤੀ ਅੰਡਰ ਕੰਟਰੋਲ ਹੈ ਪਰ ਇਸ ਦੇ ਬਾਵਜੂਦ ਇਲਾਕਾ ਨਿਵਾਸੀਆਂ ਅਤੇ ਪ੍ਰਸ਼ਾਸਨ ਨੂੰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਮੁਕੰਮਲ ਤੌਰ 'ਤੇ ਪੰਜਾਬ ਦੇ ਚੱਪੇ ਚੱਪੇ ਵਿਚ ਤਨਦੇਹੀ ਨਾਲ ਲੋੜਵੰਦਾਂ ਦੀ ਮਦਦ ਤੇ ਜ਼ਮੀਨੀ ਪੱਧਰ 'ਤੇ ਡਟੀ ਹੋਈ ਹੈ, ਫਿਰ ਵੀ ਸੁਚੇਤ ਰਹਿਣ ਦੀ ਲੋੜ ਹੈ। ਪੁੱਛੇ ਗਏ ਸੁਆਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਦੇ ਘਰ ਢਹਿ ਗਏ ਹਨ ਜਾਂ ਕੋਈ ਹੋਰ ਨੁਕਸਾਨ ਹੋਇਆ ਹੈ, ਉਨ੍ਹਾਂ ਬਾਰੇ ਸੰਬੰਧਤ ਅਧਿਕਾਰੀਆਂ ਤੋਂ ਜਾਣਕਾਰੀ ਪ੍ਰਾਪਤ ਕਰਕੇ ਸਰਕਾਰ ਨੂੰ ਰਿਪੋਰਟ ਕਰਨਗੇ ਅਤੇ ਸਰਕਾਰ ਬਣਦੀ ਮਦਦ ਕਰੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਹਰਕਮਲ ਸਿੰਘ ਸਰਪੰਚ, ਬਲਰਾਜ ਸਿੰਘ ਸਰਪੰਚ, ਗਗਨਦੀਪ ਸਿੰਘ ਸੰਘਾ, ਹਰਦੀਪ ਸਿੰਘ, ਸਾਹਿਲ ਗਿੱਲ ਸਰਪੰਚ, ਜੋਬਨਪ੍ਰੀਤ ਸਿੰਘ, ਦੀਪਾ ਬਕਾਪੁਰ, ਸੰਤੋਖ ਸਿੰਘ ਗਿੱਲ, ਸਾਹਿਲ ਕੁਮਾਰ ਅਤੇ ਬਗੀਚਾ ਸਿੰਘ ਆਦਿ ਹਾਜ਼ਰ ਸਨ।

## ਡੇਰਾਬੱਸੀ ਹਲਕੇ ਦੇ ਕਈ ਪਿੰਡਾਂ ਦਾ ਕੁਲਜੀਤ ਸਿੰਘ ਰੰਧਾਵਾ ਵੱਲੋਂ ਦੌਰਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਲਗਾਤਾਰ ਪੈ ਰਹੇ ਮੀਂਹ ਕਾਰਨ ਹਲਕੇ ਦੇ ਪਿੰਡਾਂ ਵਿੱਚ ਬਣੀਆਂ ਮੁਸ਼ਕਲ ਸਥਿਤੀਆਂ ਦਾ ਜਾਇਜ਼ਾ ਲੈਂਦੇ ਹੋਏ, ਡੇਰਾਬੱਸੀ ਹਲਕੇ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸ਼ਨੀਵਾਰ ਨੂੰ ਅਧਿਕਾਰੀਆਂ ਸਮੇਤ ਕਈ ਪਿੰਡਾਂ ਦਾ ਦੌਰਾ ਕੀਤਾ ਅਤੇ ਲੋਕਾਂ ਨਾਲ ਹਾਲਾਤ ਬਾਰੇ ਗੱਲਬਾਤ ਕੀਤੀ।ਪਿੰਡ ਜਵਾਹਰਪੁਰ ਵਿਖੇ ਲੋਕਾਂ ਨੂੰ ਮਿਲਦਿਆਂ ਵਿਧਾਇਕ ਰੰਧਾਵਾ ਨੇ ਕਿਹਾ, ਮੁਸ਼ਕਿਲ ਦੀ ਇਸ ਘੜੀ ਵਿੱਚ ਮੈਂ ਅਤੇ ਸਰਕਾਰ ਤੁਹਾਡੇ ਨਾਲ ਖੜ੍ਹੇ ਹਾਂ। ਉਨ੍ਹਾਂ ਪਿੰਡ ਮੁਕੰਦਪੁਰ ਵਿਖੇ ਲੋਕਾਂ ਨੂੰ ਯਕੀਨ ਦਿਵਾਇਆ, ਸਰਕਾਰ ਵੱਲੋਂ ਤੁਹਾਡੇ ਹਰੇਕ ਨੁਕਸਾਨ ਦੀ ਭਰਪਾਈ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ। ਪਿੰਡ ਬਿੱਜਣਪੁਰ ਵਿਖੇ ਲੋਕਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ, ਜਨਤਾ ਦੀਆਂ ਮੁਸ਼ਕਲਾਂ ਘਟਾਉਣਾ ਮੇਰੀ ਜ਼ਿੰਮੇਵਾਰੀ ਹੈ। ਤੁਹਾਡੀ ਹਰ ਜਾਇਜ਼ ਮੰਗ ਨੂੰ ਸਰਕਾਰ ਤੱਕ ਪਹੁੰਚਾਇਆ ਜਾਵੇਗਾ। ਪਿੰਡ ਮੀਆਂਪੁਰ ਵਿੱਚ ਉਨ੍ਹਾਂ ਨੇ ਤਹਿਸੀਲਦਾਰ ਨੂੰ ਨੁਕਸਾਨ ਦੀ ਰਿਪੋਰਟ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਖਰਾਬੇ ਦੀ ਸਹੀ ਰਿਪੋਰਟ ਤਿਆਰ ਹੋਣ ਨਾਲ ਹੀ ਪ੍ਰਭਾਵਿਤ ਲੋਕਾਂ ਨੂੰ ਤੁਰੰਤ ਰਾਹਤ ਮਿਲ ਸਕੇਗੀ। ਪਿੰਡ ਜਿਓਲੀ ਦੇ ਲੋਕਾਂ ਨੂੰ ਭਰੋਸਾ ਦਿੰਦਿਆਂ ਉਨ੍ਹਾਂ ਨੇ ਕਿਹਾ, ਸਰਕਾਰ ਹਰ ਪ੍ਰਭਾਵਿਤ ਪਰਵਾਰ ਨੂੰ ਉਸ ਦਾ ਹੱਕ ਦੇਵੇਗੀ ।ਉਨ੍ਹਾਂ ਨੇ ਪਿੰਡ ਖੇੜੀ ਜੱਟਾਂ ਦੇ ਵਾਸੀਆਂ ਨੂੰ ਭਰੋਸਾ ਦਿਵਾਇਆ, ਤੁਸੀਂ ਹੌਸਲਾ ਰੱਖੋ, ਮੈਂ ਹਰ ਵੇਲੇ ਤੁਹਾਡੇ ਨਾਲ ਖੜ੍ਹਾ ਹਾਂ। ਪਿੰਡ ਪੁਨਸਰ ਉਨ੍ਹਾਂ ਨੇ ਕਿਹਾ, ਮੀਂਹ ਕਾਰਨ ਹੋਈ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਹੱਲ ਪ੍ਰਸ਼ਾਸਨ ਵੱਲੋਂ ਤੁਰੰਤ ਕੀਤਾ ਜਾਵੇਗਾ। ਪਿੰਡ ਰਾਮਪੁਰ ਬਹਾਲ ਵਿਖੇ ਉਨ੍ਹਾਂ ਨੇ ਕਿਹਾ, ਰਾਹਤ ਕਾਰਜ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਪਿੰਡ ਸਮਗੌਲੀ ਵਿਖੇ ਉਨ੍ਹਾਂ ਨੇ ਲੋਕਾਂ ਨੂੰ ਕਿਹਾ, ਇਹ ਮੁਸ਼ਕਲ ਘੜੀਆਂ ਲੰਘ ਜਾਣਗੀਆਂ। ਅਸੀਂ ਸਭ ਮਿਲ ਕੇ ਹਰ ਸਮੱਸਿਆ ਦਾ ਹੱਲ ਕੱਢਾਂਗੇ। ਪਿੰਡ ਫਤਿਹਪੁਰ ਤੇ ਬੇਹੜਾ ਵਿਖੇ ਅਧਿਕਾਰੀਆਂ ਨੂੰ ਰਾਹਤ ਕਾਰਜ ਤੇਜ਼ ਕਰਨ ਲਈ ਨਿਰਦੇਸ਼ ਦਿੱਤੇ ਅਤੇ ਕਿਹਾ, ਕੋਈ ਵੀ ਪ੍ਰਭਾਵਿਤ ਪਰਵਾਰ ਸਹਾਇਤਾ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।

## ਕਮਿਊਨਿਟੀ ਹੈਲਥ ਸੈਂਟਰ ਬਲਾਕ ਹਾਰਟਾ ਬਡਲਾ ਹੜ੍ਹ ਪ੍ਰਭਾਵਿਤ ਇਲਾਕਿਆਂ ਨੂੰ ਸਿਹਤ ਸਹੂਲਤਾਂ ਦੇਣ ਲਈ ਸਰਗਰਮ : ਡਾ. ਬੈਂਸ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ.ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਵਲੋਂ ਬੀਤੇ ਦਿਨਾਂ ਤੋਂ ਲਗਾਤਾਰ ਪੈ ਰਹੇ ਮੀਂਹ ਦੇ ਕਾਰਨ ਆਮ ਲੋਕਾਂ ਨੂੰ ਡੇਂਗੂ, ਮਲੇਰੀਆ, ਡਾਇਰੀਆ ਆਦਿ ਬਿਮਾਰੀਆਂ ਪ੍ਰਤੀ ਜਾਗਰੂਕ ਕਰਨ ਦੇ ਮੱਦੇਨਜ਼ਰ ਬਲਾਕ ਦੇ ਹੈਲਥ ਵਰਕਰਾਂ ਅਤੇ ਹੈਲਥ ਇੰਸਪੈਕਟਰਾਂ ਨਾਲ ਮੀਟਿੰਗ ਕੀਤੀ ਜਿਸ ਵਿੱਚ ਕੁਝ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਇਨ੍ਹਾਂ



ਬਿਮਾਰੀਆਂ ਤੋਂ ਲੋਕਾਂ ਨੂੰ ਬਚਾਉਣ ਲਈ ਸਿਹਤ ਵਿਭਾਗ ਪੂਰੀ ਤਰ੍ਹਾਂ ਨਾਲ ਸਰਗਰਮ ਹੈ। ਇਸ ਮੌਕੇ ਡਾ.ਮਨਪ੍ਰੀਤ ਸਿੰਘ ਬੈਂਸ ਨੇ ਹੜ੍ਹ ਦੌਰਾਨ ਇਨਫੈਕਸ਼ਨ ਵਾਲੀਆਂ ਬਿਮਾਰੀਆਂ ਤੋਂ ਬਚਾਅ ਅਤੇ ਕੰਟਰੋਲ ਸੰਬੰਧੀ ਸੁਝਾਅ ਦਿੰਦਿਆਂ ਕਿਹਾ ਕਿ ਜਿੱਥੋਂ ਤੱਕ ਹੋ ਸਕੇ ਹੜ੍ਹ ਦੇ ਪਾਣੀ ਨਾਲ ਸਿੱਧੇ ਸੰਪਰਕ ਤੋਂ ਬਚੋ। ਉਨ੍ਹਾਂ ਦੱਸਿਆ ਕਿ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਸਿਰਫ਼ ਉਬਾਲਿਆ ਜਾਂ ਕਲੋਰੀਨ ਵਾਲਾ ਪਾਣੀ ਪੀਓ। ਡਾ.ਬੈਂਸ ਨੇ ਕਿਹਾ ਕਿ ਹੜ੍ਹਾਂ ਦੌਰਾਨ ਸੱਪ ਦੇ ਕੱਟਣ ਦੀਆਂ ਘਟਨਾਵਾਂ ਆਮ ਹਨ, ਇਸ ਲਈ ਕੋਸ਼ਿਸ਼ ਕਰੋ ਕਿ ਪਾਣੀ ਵਿੱਚ ਨਾ ਜਾਓ। ਉਨ੍ਹਾਂ ਕਿਹਾ ਕਿ ਚਮੜੀ ਦੀ ਐਲਰਜੀ, ਲਾਗ, ਫੰਗਲ ਬਿਮਾਰੀਆਂ ਦੀ ਰੋਕਥਾਮ ਲਈ ਹੜ੍ਹ ਦੇ ਪਾਣੀ ਨਾਲ ਲੰਬੇ ਸਮੇਂ ਤੱਕ ਸੰਪਰਕ ਤੋਂ ਬਚੋ। ਉਨ੍ਹਾ ਕਿਹਾ ਸਿਹਤ ਸੰਬੰਧੀ ਸਲਾਹ ਲੈਣ ਲਈ ਆਪਣੀ ਨੇੜਲੀ ਸਿਹਤ ਸੰਸਥਾਵਾਂ ਵਿੱਚ ਸੰਪਰਕ ਕਰੋ ।

## ਸਿੱਖਿਆ ਵਿਭਾਗ ਵੱਲੋਂ ਸਕੂਲਾਂ ਦੀ ਸੁਰੱਖਿਆ ਲਈ ਨਿਰਦੇਸ਼



**ਹੁਸ਼ਿਆਰਪੁਰ (ਓ ਪੀ ਰਾਣਾ)**

ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ/ਐਲੀਮੈਂਟਰੀ ਸਿੱਖਿਆ ਲਲਿਤਾ ਅਰੋੜਾ ਵੱਲੋਂ ਸਾਰੇ ਸਕੂਲ ਮੁਖੀਆਂ ਨੂੰ ਮਹੱਤਵਪੂਰਨ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਇਹ ਨਿਰਦੇਸ਼ ਖ਼ਾਸ ਤੌਰ 'ਤੇ ਮੌਸਮੀ ਹਾਲਾਤਾਂ, ਹਾਲੀਆ ਬਾਰਿਸ਼ ਤੇ ਹੜ੍ਹ ਕਾਰਨ ਪੈਦਾ ਹੋਈਆਂ ਸਥਿਤੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਜਾਰੀ ਕੀਤੇ ਗਏ ਹਨ, ਤਾਂ ਜੋ ਵਿਦਿਆਰਥੀਆਂ ਦੀ ਸੁਰੱਖਿਆ, ਸਿਹਤ ਅਤੇ ਪੜ੍ਹਾਈ 'ਤੇ ਕੋਈ ਅਸਰ ਨਾ ਪਏ। ਜ਼ਿਲ੍ਹਾ ਸਿੱਖਿਆ ਅਫਸਰ ਲਲਿਤਾ ਅਰੋੜਾ ਨੇ ਦੱਸਿਆ ਕਿ ਸਾਰੇ ਅਧਿਆਪਕ ਅਤੇ ਸਕੂਲ ਮੁੱਖੀ 8 ਸਿਤੰਬਰ ਨੂੰ ਸਕੂਲ ਖੋਲਣਗੇ ਅਤੇ ਜਾਇਜ਼ਾ ਲੈਣਗੇ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੇ ਆਉਣ-ਜਾਣ ਦੌਰਾਨ ਸਕੂਲ ਬੱਸਾਂ ਜਾਂ ਹੋਰ ਸਾਧਨਾਂ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾਵੇ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਦੁਰਘਟਨਾ ਤੋਂ ਬਚਿਆ ਜਾ ਸਕੇ। ਸਾਰੇ ਸਕੂਲਾਂ ਵਿੱਚ ਸਾਫ਼ ਪੀਣ ਵਾਲੇ ਪਾਣੀ ਦੀ ਸਹੂਲਤ ਯਕੀਨੀ ਬਣਾਈ ਜਾਵੇ।ਸਿੱਖਿਆ ਅਧਿਕਾਰੀ ਨੇ ਜ਼ੋਰ ਦੇ ਕੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ, ਸਿਹਤ ਅਤੇ ਪੜ੍ਹਾਈ ਲਈ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਏ ਜੀ ਆਈ ਇਨਫਰਾ ਲਿਮਟਿਡ 'ਵੈਲਥ ਕ੍ਰਿਏਟਰ ਅਵਾਰਡ' ਨਾਲ ਸਨਮਾਨਿਤ

**ਜਲੰਧਰ (ਰਾਜੇਸ਼ ਥਾਪਾ)** ਏਜੀਆਈ ਇੰਫਰਾ ਲਿਮਟਿਡ ਨੂੰ 4 ਸਤੰਬਰ ਨੂੰ ਜੀਓ ਵਰਲਡ ਸੈਂਟਰ, ਮੁੰਬਈ ਵਿਖੇ ਆਯੋਜਿਤ ਆਪਣੇ ਸ਼ਾਨਦਾਰ ਪੁਰਸਕਾਰ ਸਮਾਰੋਹ ਵਿੱਚ ਕੰਸਟ੍ਰਕਸ਼ਨ ਵਰਲਡ ਆਰਕੀਟੈਕਟ ਐਂਡ ਬਿਲਡਰ (ਸੀ ਡਬਲਯੂ ਏ ਬੀ) ਦੁਆਰਾ ਵੱਕਾਰੀ 'ਵੈਲਥ ਕ੍ਰਿਏਟਰ ਅਵਾਰਡ' ਨਾਲ ਸਨਮਾਨਿਤ ਕੀਤਾ ਗਿਆ ਹੈ।ਸੀ ਡਬਲਯੂ ਏ ਬੀ ਅਵਾਰਡਾਂ ਨੂੰ ਆਰਕੀਟੈਕਚਰ, ਰੀਅਲ ਅਸਟੇਟ ਅਤੇ ਨਿਰਮਾਣ ਵਿੱਚ ਉੱਤਮਤਾ ਦਾ ਜਸ਼ਨ ਮਨਾਉਣ ਲਈ ਦੇਸ਼ ਦੇ ਸਭ ਤੋਂ ਸਤਿਕਾਰਤ ਪਲੇਟਫਾਰਮ ਵਜੋਂ ਵਿਆਪਕ ਤੌਰ 'ਤੇ ਮਾਨਤਾ ਪ੍ਰਾਪਤ ਹੈ।ਇਹ ਪੁਰਸਕਾਰ ਕੰਪਨੀ ਦੀ ਦੂਰਦਰਸ਼ੀ ਲੀਡਰਸ਼ਿਪ, ਸਮਰਪਿਤ ਕਾਰਜਬਲ ਅਤੇ ਦੇਸ਼ ਵਿੱਚ ਆਧੁਨਿਕ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ ਮਹੱਤਵਪੂਰਨ ਪ੍ਰੋਜੈਕਟ ਬਣਾਉਣ ਦੇ ਇਸਦੇ ਨਿਰੰਤਰ ਯਤਨਾਂ ਦਾ ਪ੍ਰਮਾਣ ਹੈ। ਇਸ ਪੁਰਸਕਾਰ 'ਤੇ ਬੋਲਦਿਆਂ, ਏਜੀਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਇਹ ਪੁਰਸਕਾਰ ਪੂਰੀ ਏਜੀਆਈ ਟੀਮ ਦੀ ਸਖ਼ਤ ਮਿਹਨਤ ਅਤੇ ਸਮਰਪਣ ਨੂੰ ਸਮਰਪਿਤ ਕੀਤਾ।



# ਨੈਸ਼ਨਲ ਹਾਈਵੇ ਭਾਰਤ ਮਾਲਾ ਦਾ ਪੰਜਾਬ ਦੇ ਹੜ੍ਹਾਂ 'ਚ ਵੱਡਾ ਰੋਲ : ਲੱਖੋਵਾਲ ਆਗੂ




ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਸਮੁੱਚੀ ਟੀਮ ਨੂੰ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਖੂਨਦਾਨ ਕੈਂਪ ਦੌਰਾਨ ਪੰਜਾਬ 'ਚ ਆਈ ਹੜ੍ਹ ਆਫ਼ਤਾ ਬਾਰੇ ਪੱਤਰਕਾਰਾਂ ਨੇ ਸਵਾਲ ਕੀਤਾ ਤਾਂ ਉਨ੍ਹਾਂ ਕਿਹਾ ਕਿ ਜੋ ਪੰਜਾਬ ਵਿੱਚ ਹੜ੍ਹ ਆਏ ਹਨ ਤੇ ਸਰਕਾਰੀ ਤਾਂਤਰ ਦੀ ਅਣਗਹਿਲੀ ਦਾ ਨਤੀਜਾ ਤੇ ਖਾਸ ਕਰ ਜੋ ਪੰਜਾਬ ਅੰਦਰ ਨੈਸ਼ਨਲ ਹਾਈਵੇ ਭਾਰਤ ਮਾਲਾ ਪ੍ਰੋਜੈਕਟ ਚੱਲ ਰਹੇ ਹਨ, ਉਨ੍ਹਾਂ ਦੀ ਵੱਡੀ ਦੇਣ ਹੈ, ਕਿਉਂਕਿ ਜੋ ਵੀ ਨੈਸ਼ਨਲ ਹਾਈਵੇ ਭਾਰਤ ਮਾਲਾ ਪ੍ਰੋਜੈਕਟ ਚੱਲ ਰਹੇ ਹਨ, ਉਨ੍ਹਾਂ ਦੇ ਥੱਲੇ ਦੀ ਵੱਡੇ ਪੱਧਰ 'ਤੇ ਪਾਣੀ ਨਿਕਲਣ ਲਈ ਕੋਈ ਠੋਸ ਪ੍ਰਬੰਧ ਨਹੀਂ ਕੀਤੇ ਗਏ, ਜਿਉਂ ਜਿਉਂ ਡੈਮਾਂ ਤੋਂ ਪਾਣੀ ਛੱਡਿਆ ਗਿਆ ਤਾਂ ਉਹ ਪਾਣੀ ਜ਼ੋਰ ਰਫਤਾਰ ਨਾਲ ਆਉਂਦਾ ਹੋਇਆ ਉੱਚੀਆਂ ਸੜਕਾਂ ਦੀ ਡਾਫ ਲੱਗ ਕੇ ਅਲੱਗ ਅਲੱਗ ਪਿੰਡਾਂ ਵਿੱਚ ਵੜ ਗਿਆ, ਜਿਸ ਨਾਲ ਭਾਰੀ ਫਲੱਡ ਹੜ ਦਾ ਸਾਹਮਣਾ ਪੰਜਾਬ ਨੂੰ ਕਰਨਾ ਪਿਆ, ਪਰ ਨਾਲ ਹੀ ਅਸੀਂ ਪੰਜਾਬ ਦੀ ਨੌਜਵਾਨੀ, ਕਿਸਾਨੀ ਤੇ ਆਮ ਲੋਕਾਂ ਦਾ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਜਜ਼ਬੇ ਨਾਲ ਪੰਜਾਬ ਨੂੰ ਹੜ੍ਹਾਂ ਦੀ ਮਾਰ 'ਚੋਂ ਬਾਹਰ ਕੱਢਿਆ। ਅਸੀਂ ਨਾਲ ਹੀ ਕੇਂਦਰ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ਕਿ ਕੇਂਦਰ ਸਰਕਾਰ ਨੇ ਪੰਜਾਬ ਦੇ ਨਾਲ ਹਾਅ ਨਾਹਰਾ ਵੀ ਨਹੀਂ ਮਾਰਿਆ। ਇਸ ਸਮੇਂ ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ ਕੋਰੋਟਾਨਾ, ਜ਼ਿਲ੍ਹਾ ਆਗੂ ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਜ਼ਿਲ੍ਹਾ ਆਗੂ ਬਲਕਰਨ ਸਿੰਘ ਢਿੱਲੋਂ, ਜ਼ਿਲ੍ਹਾ ਆਗੂ ਲਖਵਿੰਦਰ ਸਿੰਘ ਰੌਲੀ ਆਦਿ ਹਾਜ਼ਰ ਸਨ।

# ਦੁਕਾਨ ਲੁੱਟਣ ਆਏ ਲੁਟੇਰਿਆਂ 'ਚੋਂ ਇੱਕ ਕਾਬੂ, ਦੋ ਫਰਾਰ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਸ਼ਹਿਰ ਵਿੱਚ ਹਰ ਪਾਸੇ ਲੁੱਟ-ਖੋਹ ਦੀਆਂ ਘਟਨਾਵਾਂ ਕਰਕੇ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਖਾਸ ਕਰਕੇ ਵਪਾਰੀਆਂ ਵਿੱਚ ਵੀ ਡਰ ਦਾ ਮਾਹੌਲ ਹੈ, ਕਿਉਂਕਿ ਕਿਸੇ ਵੇਲੇ ਵੀ ਪਿਸਤੌਲ ਦੀ ਨੋਕ 'ਤੇ ਦੁਕਾਨ ਲੁੱਟਣ ਵਾਲੇ ਲੁਟੇਰੇ ਘਟਨਾ ਨੂੰ ਅੰਜਾਮ ਦੇ ਜਾਂਦੇ ਹਨ। ਅਜਿਹਾ ਮਾਮਲਾ ਬਾਬਾ ਦੀਪ ਸਿੰਘ ਨਗਰ ਵਿਖੇ ਸਾਹਮਣੇ ਆਇਆ ਹੈ, ਜਿੱਥੇ ਇੱਕ ਮੋਬਾਈਲ ਸ਼ਾਪ 'ਤੇ ਤਿੰਨ ਮੋਟਰਸਾਈਕਲ ਸਵਾਰ ਆਏ ਤੇ ਪਿਸਤੌਲ ਦੀ ਨੋਕ 'ਤੇ ਲੁੱਟਣ ਦੀ ਕੋਸ਼ਿਸ਼ ਕੀਤੀ, ਪ੍ਰੰਤੂ ਉਨ੍ਹਾਂ ਦੇ ਹੋਰ ਸਾਥੀਆਂ ਤੇ ਨਜ਼ਦੀਕ ਹੀ ਖੜੀ ਪੀਸੀਆਰ ਦੇ ਮੁਲਾਜ਼ਮਾਂ ਦੇ ਆਉਣ ਕਰਕੇ ਵੱਡੀ ਘਟਨਾ ਹੋਣ ਤੋਂ ਬਚ ਗਈ, ਪ੍ਰੰਤੂ ਦੋ ਲੁਟੇਰੇ ਮੌਕੇ ਤੋਂ ਫਰਾਰ ਹੋ ਗਏ, ਜਦੋਂਕਿ ਇੱਕ ਵਿਅਕਤੀ ਨੂੰ ਕਾਬੂ ਕਰ ਲਿਆ। ਡੀ ਐੱਸ ਪੀ ਸੰਦੀਪ ਭਾਟੀ ਨੇ ਦੱਸਿਆ ਕਿ ਲਖਵੀਰ ਸਿੰਘ ਲੱਖਾ ਨਰੂਆਣਾ ਨੂੰ ਕਾਬੂ ਕੀਤਾ ਗਿਆ ਹੈ, ਜਦਕਿ ਉਸ ਦੇ ਦੋ ਸਾਥੀ ਬਿਕਰਮ ਸਿੰਘ ਬਿੱਕਾ ਤੇ ਛਿੰਦਾ ਫਰਾਰ ਹੋਣ ਵਿੱਚ ਕਾਮਯਾਬ ਹੋ ਗਏ, ਜਿਨ੍ਹਾਂ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਥਾਵਾਂ 'ਤੇ ਛਾਪਾਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਥਾਣਾ ਕਨਾਲ ਵਿੱਚ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸ਼ਹਿਰ ਵਿੱਚ ਪੁਲਸ ਦੇ ਸੁਰੱਖਿਆ ਪ੍ਰਬੰਧ ਪੂਰੀ ਤਰ੍ਹਾਂ ਮਜ਼ਬੂਤ ਕਰਨ ਤੇ ਕਿਸੇ ਵੀ ਵਾਰਦਾਤ ਨੂੰ ਰੋਕਣ ਦੀ ਜ਼ਰੂਰਤ ਹੈ।

# ਦੇਸ਼ ਭਗਤ ਯੂਨੀਵਰਸਿਟੀ ਤੇ ਐੱਚ ਐੱਨ ਈ ਹੈਲਥ ਕੇਅਰ ਵਿਚਕਾਰ ਕਰਾਰ



ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਵੱਲੋਂ ਖੋਜ ਤੇ ਵਿਕਾਸ ਵਿੱਚ ਸਾਂਝੀਆਂ ਪਹਿਲਕਦਮੀਆਂ ਨੂੰ ਅੱਗੇ ਵਧਾਉਣ ਦੇ ਉਦੇਸ਼ ਨਾਲ ਐੱਚ ਐੱਨ ਈ ਹੈਲਥ ਕੇਅਰ ਪ੍ਰਾਈਵੇਟ ਲਿਮਟਿਡ ਨਾਲ ਇੱਕ ਸਮਝੌਤਾ ਪੱਤਰ (ਐੱਮਓਯੂ) ਹਸਤਾਖਰ ਕਰਕੇ ਰਣਨੀਤਕ ਭਾਈਵਾਲੀ ਕੀਤੀ ਹੈ। ਇਸ ਸਮਝੌਤੇ 'ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਐੱਚ ਐੱਨ ਈ ਹੈਲਥ ਕੇਅਰ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਸ੍ਰੀ ਨਰੇਸ਼ ਜੈਨ ਨੇ ਸ੍ਰੀ ਦੁਆ, ਡਾ. ਤੁਲਿਕਾ ਮਹਿਤਾ ਤੇ ਇੰਜ. ਅਰੁਣ ਮਲਿਕ ਦੀ ਮੌਜੂਦਗੀ ਵਿੱਚ ਦਸਤਖਤ ਕੀਤੇ। ਇਸ ਮੌਕੇ ਬੋਲਦਿਆਂ ਡਾ. ਸੰਦੀਪ ਸਿੰਘ ਨੇ ਯੂਨੀਵਰਸਿਟੀ ਦੇ ਅਕਾਦਮਿਕ ਤੇ ਉਦਯੋਗ ਵਿਚਕਾਰ ਪਾੜੇ ਨੂੰ ਪੂਰਾ ਕਰਨ 'ਤੇ ਨਿਰੰਤਰ ਧਿਆਨ ਕੇਂਦਰਿਤ ਕਰਨ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਸਿੱਖਿਆ, ਨਵੀਨਤਾ ਤੇ ਸਹਿਯੋਗੀ ਵਿਕਾਸ ਵਿੱਚ ਉੱਤਮਤਾ ਨੂੰ ਉਤਸ਼ਾਹਤ ਕਰਨ ਦੇ ਸਾਡੇ ਮਿਸ਼ਨ ਨਾਲ ਮੇਲ ਖਾਂਦਾ ਹੈ। ਇਹ ਭਾਈਵਾਲੀ ਡੀਬੀਯੂ ਦੀ ਆਪਣੇ ਅਕਾਦਮਿਕ ਭਾਈਚਾਰੇ ਨੂੰ ਅਸਲ-ਸੰਸਾਰ ਦੇ ਸੰਪਰਕ ਨਾਲ ਸਸ਼ਕਤ ਬਣਾਉਣ ਤੇ ਪ੍ਰਮੁੱਖ ਉਦਯੋਗ ਖਿਡਾਰੀਆਂ ਦੇ ਸਹਿਯੋਗ ਨਾਲ ਸਿਹਤ ਸੰਭਾਲ ਖੋਜ ਦੀਆਂ ਸਰਹੱਦਾਂ ਨੂੰ ਅੱਗੇ ਵਧਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਆਲਮਪੁਰ 'ਚ ਵਰਲਡ ਕੈਂਸਰ ਫ੍ਰੀ ਚੈੱਕਅੱਪ ਤੇ ਜਾਗਰੂਕਤਾ ਕੈਂਪ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪਿੰਡ ਆਲਮਪੁਰ ਦੇ ਸਰਕਾਰੀ ਮਿਡਲ ਸਕੂਲ ਵਿਖੇ ਨਗਰ ਨਿਵਾਸੀਆਂ ਤੇ ਬਾਬਾ ਮੰਗਲ ਦਾਸ ਸਪੋਰਟਸ ਕਲੱਬ ਦੇ ਸਹਿਯੋਗ ਨਾਲ ਵਰਲਡ ਕੈਂਸਰ ਕੇਅਰ ਫ੍ਰੀ ਮੈਡੀਕਲ ਚੈੱਕਅਪ ਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਕੈਂਪ ਪ੍ਰੋਫੈਸਰ ਜੋਗਿੰਦਰ ਸਿੰਘ ਰਾਣਾ, ਸ੍ਰੀ ਮਨਜੀਤ ਸਿੰਘ, ਬਲਾਕ ਸੰਮਤੀ ਮੈਂਬਰ, ਸਰਪੰਚ ਸੁਰਿੰਦਰ ਸਿੰਘ, ਸਾਬਕਾ ਸਰਪੰਚ ਨਸੀਬ ਸਿੰਘ, ਸਮਾਜ ਸੇਵੀ ਸ੍ਰੀ ਨਾਇਬ ਸਿੰਘ, ਸ੍ਰੀ ਰਣਬੀਰ ਸਿੰਘ ਰਿੱਚੀ, ਆਸਟ੍ਰੇਲੀਆ ਦੀ ਅਗਵਾਈ ਵਿੱਚ ਲਗਵਾਇਆ ਗਿਆ, ਜਿਸ ਵਿੱਚ ਸੁਰਿੰਦਰ ਖੇੜਕੀ, ਸੰਜੀਵ ਗਰਗ ਚੇਅਰਮੈਨ ਐਂਟੀ ਡਰੱਗ ਤੇ ਸੋਸ਼ਲ ਵੈੱਲਫੇਅਰ ਔਰਗਨਾਈਜ਼ੇਸ਼ਨ ਪੰਜਾਬ, ਪਵਨ ਘੱਗਾ, ਸ਼ੁਬਨੀਤ ਗਰਗ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਕੈਂਪ ਦੌਰਾਨ ਸਾਰੇ ਟੈਸਟ ਜਿਵੇਂ ਬੋਨ ਡੈਂਸਿਟੀ ਟੈਸਟ, ਖ਼ੂਨ ਦੇ ਟੈਸਟ, ਪੀ ਐੱਸ ਏ ਟੈਸਟ, ਮੈਮੋਗ੍ਰਾਫੀ ਟੈਸਟ, ਪੇਪ ਸਮੇਅਰ ਟੈਸਟ, ਸ਼ੂਗਰ ਆਦਿ ਸਾਰੇ ਟੈਸਟ ਫ੍ਰੀ ਕੀਤੇ ਗਏ। ਸ੍ਰ. ਕੁਲਵੰਤ ਸਿੰਘ ਧਾਲੀਵਾਲ ਦੇ ਸੁਪਨੇ ਨੂੰ ਸਾਕਾਰ ਕਰਨ ਲਈ 5 ਸਤੰਬਰ ਸ਼ਾਮ ਨੂੰ ਹੀ ਵਰਲਡ ਕੈਂਸਰ ਕੇਅਰ ਸੁਸਾਇਟੀ ਦੀਆਂ ਲੈਬਜ਼ ਵਾਲੀਆਂ ਬੱਸਾਂ ਤੇ ਟੈਕਨੀਕਲ ਸਟਾਫ, ਮਾਹਰ ਡਾਕਟਰਾਂ ਦੀ ਟੀਮ ਹਰ ਤਰ੍ਹਾਂ ਦੀ ਮੈਡੀਕਲ ਜਾਂਚ ਤੇ ਮੂੰਹ ਗਲੇ ਦੀ ਜਾਂਚ ਕੀਤੀ। ਲੇਡੀ ਡਾਕਟਰਾਂ ਨੇ ਔਰਤਾਂ ਨੂੰ ਛਾਤੀ ਤੇ ਬੱਚੇਦਾਨੀ ਦੇ ਕੈਂਸਰ ਬਾਰੇ ਜਾਗਰੂਕ ਕੀਤਾ ਅਤੇ ਚੈੱਕਅਪ ਕੀਤਾ। ਮਰੀਜ਼ਾਂ ਨੂੰ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ।

# ਪੁਲਸ ਵਿਭਾਗ ਵੱਲੋਂ ਕਾਲਜ ਅਧਿਆਪਕਾਂ ਦਾ ਸਨਮਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਅਧਿਆਪਕ ਦਿਵਸ ਮੌਕੇ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਅਧਿਆਪਕਾਂ ਨੂੰ ਸਨਮਾਨਤ ਕੀਤਾ ਗਿਆ। ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਕਿਹਾ ਗਿਆ ਕਿ ਅਧਿਆਪਕ ਸਾਡੇ ਭਵਿੱਖ ਦੇ ਮਾਰਗਦਰਸ਼ਕ ਹਨ, ਜੋ ਸਿਰਫ਼ ਵਿੱਦਿਆ ਦੀ ਰੌਸ਼ਨੀ ਹੀ ਨਹੀਂ ਬਖ਼ਸ਼ਦੇ, ਸਗੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਤੇ ਜੀਵਨ ਦੇ ਉੱਚੇ ਨੈਤਿਕ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਐੱਸ.ਐੱਸ.ਪੀ. ਡਾ. ਅਖਿਲ ਚੌਧਰੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਏਐੱਸਆਈ ਤਰਸੇਮ ਸਿੰਘ ਇੰਚਾਰਜ ਟ੍ਰੈਫਿਕ ਸ੍ਰੀ ਮੁਕਤਸਰ ਸਾਹਿਬ ਤੇ ਉਨ੍ਹਾਂ ਦੀ ਟੀਮ ਵੱਲੋਂ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਅਧਿਆਪਕਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਅਧਿਆਪਕਾਂ ਦੇ ਕੰਮ ਦੀ ਸਲਾਹਨਾ ਕੀਤੀ ਗਈ ਤੇ ਉਨ੍ਹਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕਰਦਿਆਂ ਅੱਗੇ ਵੀ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ ਗਿਆ।

# ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਅਧਿਆਪਕ ਤੇ ਵਿਦਿਆਰਥੀ ਸਨਮਾਨਤ



ਸਮਾਣਾ (ਗੁਰਪਿਆਰ ਸਿੰਘ ਬੱਲ)-ਭਾਰਤ ਵਿਕਾਸ ਪ੍ਰੀਸ਼ਦ ਸਮਾਣਾ ਵੱਲੋਂ ਅਧਿਆਪਕ ਦਿਵਸ ਮੌਕੇ ਗੁਰੂ ਵੰਦਨ ਛਤਰ ਅਭਿਨੰਦਨ ਪ੍ਰੋਗਰਾਮ ਵਿੱਚ 21 ਅਧਿਆਪਕਾਂ ਤੇ ਸੱਤ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਪ੍ਰਧਾਨ ਰਜਿੰਦਰ ਪ੍ਰਸਾਦ (ਹੈਪੀ) ਦੀ ਅਗਵਾਈ ਹੇਠ ਦਯਾਨੰਦ ਮਾਡਲ ਹਾਈ ਸਕੂਲ ਦੇ ਵਿਹੜੇ 'ਚ ਕਰਵਾਏ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਜ਼ਿਲ੍ਹਾ ਭੱਠਾ ਐਸੋਸੀਏਸ਼ਨ ਪਟਿਆਲਾ ਦੇ ਪ੍ਰਧਾਨ ਹਰਸ਼ ਗੁਪਤਾ ਨੇ ਕੀਤੀ। ਮੁੱਖ ਮਹਿਮਾਨ ਹਰਸ਼ ਗੁਪਤਾ ਨੇ ਸਾਰੇ ਅਧਿਆਪਕਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਧਿਆਪਕ ਦੇਸ਼ ਦੇ ਭਵਿੱਖ ਦੇ ਨਿਰਮਾਤਾ ਹਨ, ਜੋ ਆਪਣਾ ਜੀਵਨ ਸਮਰਪਤ ਕਰਦੇ ਹਨ ਤੇ ਇਸ ਦੇਸ਼ ਲਈ ਇੱਕ ਮਜ਼ਬੂਤ ਨੀਂਹ ਬਣਾਉਂਦੇ ਹਨ। ਉਨ੍ਹਾਂ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਜਿੰਦਰ ਪ੍ਰਸਾਦ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਮੈਂ ਬਹੁਤ ਖੁਸ਼ ਹਾਂ ਕਿ ਮੈਂ ਇਸ ਸਕੂਲ ਵਿੱਚ ਪੜ੍ਹਾਈ ਕੀਤੀ ਤੇ ਅੱਜ ਮੈਂ ਮੁੱਖ ਮਹਿਮਾਨ ਵਜੋਂ ਉਸੇ ਸਕੂਲ ਵਿੱਚ ਆਇਆ ਹਾਂ। ਵੱਖ-ਵੱਖ ਅਧਿਆਪਕਾਂ ਨੇ ਸਟੇਜ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਪ੍ਰਧਾਨ ਰਜਿੰਦਰ ਪ੍ਰਸਾਦ ਨੇ ਸਾਰੇ ਮਹਿਮਾਨਾਂ ਤੇ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਦਿਨ ਸਾਡੇ ਸਾਬਕਾ ਰਾਸ਼ਟਰਪਤੀ ਸਰਵਸ਼੍ਰੀ ਰਾਧਾ ਕ੍ਰਿਸ਼ਨਨ ਦੇ ਜਨਮ ਦਿਵਸ ਨੂੰ ਸਮਰਪਤ ਹੈ ਤੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਗੁਰੂ ਵੰਦਨ ਛਤਰ ਅਭਿਨੰਦਨ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਇਸ ਮੌਕੇ ਸੂਬਾ ਕਨਵੀਨਰ ਵਿਜੇ ਡਾਬਰ, ਸਮਾਜ ਸੇਵੀ ਵਿਜੇ ਕੁਮਾਰ, ਪ੍ਰੋਫੈਸਰ ਹਿੱਤ ਅਭਿਲਾਸ਼ੀ ਸ਼ਰਮਾ, ਮਾਸਟਰ ਰਾਕੇਸ਼ ਕੁਮਾਰ, ਕੈਸ਼ੀਅਰ ਗਗਨ ਗਰਗ, ਪਰਮਜੀਤ ਕੁਮਾਰ ਸੈਕਟਰੀ ਹਰੀਸ਼ ਸਡਾਨਾ, ਬ੍ਰਿਸ਼ਭਾਨ ਕਾਂਸਲ, ਸੁਨੀਸ਼ ਸਿੰਗਲਾ, ਦਯਾਨੰਦ ਹਾਈ ਸਕੂਲ ਦੀ ਪ੍ਰਿੰਸੀਪਲ ਅੰਜੂ ਦੇਬਲਾ, ਵਿਜੇ ਕੁਮਾਰ, ਜੀ. ਸਿੰਗਲਾ, ਸੀਤਾ ਰਾਮ ਗੁਪਤਾ, ਪਟਿਆਲਾ ਥੈਲੇਸੈਮਿਕ ਚਿਲਡਰਨ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਪਾਹਵਾ, ਮਾਸਟਰ ਜਸਬੀਰ ਸਿੰਘ ਆਦਿ ਹਾਜ਼ਰ ਸਨ।

# ਸਿਪਾਹੀ ਦੀ ਕੁੱਟਮਾਰ ਕਰਨ ਤੇ ਸਾਮਾਨ ਖੋਹਣ ਵਾਲਿਆਂ 'ਤੇ ਕੇਸ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਇੱਕ ਵਿਅਕਤੀ ਦੀ ਕੁੱਟਮਾਰ ਕਰਨ, ਉਸ ਕੋਲੋਂ ਬੱਚਿਆਂ ਦੀਆਂ ਕਿਤਾਬਾਂ ਅਤੇ ਹੋਰ ਘਰੈਲੂ ਸਮਾਨ ਖੋਹਣ ਵਾਲੇ 3 ਵਿਅਕਤੀਆਂ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੀਨੀਅਰ ਸਿਪਾਹੀ ਮੰਗਾ ਸਿੰਘ ਨੰਬਰ 1184 ਪੁੱਤਰ ਬਲਵੀਰ ਸਿੰਘ ਵਾਸੀ ਵੱਲੇ ਸ਼ਾਹ ਹਿਠਾੜ ਥਾਣਾ ਸਦਰ ਫਾਜ਼ਿਲਕਾ ਦੁਆਰਾ ਪੁਲਸ ਕੋਲ ਆਪਣੇ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ 3 ਸਤੰਬਰ 2025 ਨੂੰ ਰਾਤ ਕਰੀਬ 9 ਵਜੇ ਐੱਫ-ਐੱਫ ਰੋਡ ਤੋਂ ਲਿੰਕ ਰੋਡ ਥਾਰਾ ਸਿੰਘ ਵਾਲਾ ਨੇੜੇ ਪੀ.ਕੇ. ਬਰਿਕਸ ਭੱਠਾ ਦੇ ਕੋਲ ਪੁੱਜਾ ਤਾਂ 3 ਮੋਨੇ ਨੌਜਵਾਨ ਖੜੇ ਦਿਖਾਈ ਦਿੱਤੇ, ਜਿਨ੍ਹਾਂ ਉਸ ਨੂੰ ਰੋਕ ਕੇ ਘਸੁੰਨ ਮੁੱਕੀ ਮਾਰੀ ਤੇ ਉਸ ਦਾ ਮੋਬਾਇਲ ਫੋਨ ਤੇ ਕਿੱਟ ਬੈਗ, ਜਿਸ ਵਿੱਚ ਬੱਚਿਆਂ ਦੀਆਂ ਕਿਤਾਬਾਂ ਅਤੇ ਘਰੈਲੂ ਸਾਮਾਨ ਸੀ, ਖੋਹ ਲਿਆ ਤੇ ਫਰਾਰ ਹੋ ਗਏ। ਪੁਲਸ ਵੱਲੋਂ ਪੜਤਾਲ ਕਰਨ ਉਪਰੰਤ ਸਿਪਾਹੀ ਮੰਗਾ ਸਿੰਘ ਦੇ ਬਿਆਨਾਂ 'ਤੇ ਗੁਰਪ੍ਰੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਬਾਦਲਕੇ, ਗੁਰਮੀਤ ਸਿੰਘ ਪੁੱਤਰ ਗਰੀਬ ਸਿੰਘ ਵਾਸੀ ਸ਼ਹੀਦ ਭਗਤ ਸਿੰਘ ਨਗਰ (ਪੀਰ ਬਖ਼ਸ਼ ਚੌਹਾਨ) ਤੇ 1 ਅਣਪਛਾਤੇ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

# ਆਲਮਪੁਰ ਮੰਦਰਾਂ ਦੇ ਹੜ੍ਹ ਪੀੜਤਾਂ ਦੀ ਕੋਈ ਨਹੀਂ ਪੁੱਜਾ ਸਾਰ ਲੈਣ

## ਦਸ ਦਿਨਾਂ ਤੋਂ ਜੂਝ ਰਹੇ ਨੇ ਮੀਂਹ ਤੇ ਸਰਹਿੰਦ ਚੋਅ ਦੇ ਪਾਣੀ ਨਾਲ



ਬੋਹਾ (ਨਿਰੰਜਣ ਬੋਹਾ)-ਬੁਢਲਾਡਾ ਤਹਿਸੀਲ ਦੇ ਵੱਡੇ ਪਿੰਡ ਆਲਮਪੁਰ ਮੰਦਰਾਂ ਦੇ ਲੋਕ ਪਿਛਲੇ ਦਸ ਦਿਨਾਂ ਤੋਂ ਸਰਹਿੰਦ ਚੋਅ 'ਚ ਵਗ ਰਹੇ ਬੇਥਾਹ ਪਾਣੀ ਨਾਲ ਜੂਝ ਰਹੇ ਹਨ, ਪਰ ਕੋਈ ਵੀ ਰਾਜਨੀਤਕ ਜਾਂ ਪ੍ਰਸ਼ਾਸਨਕ ਨੁਮਾਇੰਦਾ ਇਸ ਸੰਕਟ ਦੀ ਘੜੀ 'ਚ ਲੋਕਾਂ ਦੀ ਸਾਰ ਲੈਣ ਲਈ ਨਹੀਂ ਪੁੱਜਿਆ। ਨੱਕੋ-ਨੱਕ ਭਰਿਆ ਸਰਹਿੰਦ ਚੋਅ ਕੁਝ ਦਿਨ ਪਹਿਲਾਂ ਪਿੰਡ ਅੱਕਾਂਵਾਲੀ ਵਾਲੇ ਪੁਲ ਕੋਲ ਤਕਰੀਬਨ 10 ਕਿੱਲੇ ਪਟੜੀ ਨਾ ਹੋਣ ਕਾਰਨ ਜੋਈਆਂ ਪਿੰਡ ਵਾਲੇ ਪਾਸੇ ਉੱਛਲ ਗਿਆ ਸੀ, ਜਿਸ ਕਾਰਨ ਪਿੰਡ ਜੋਈਆ ਤੇ ਅੱਕਾਂਵਾਲੀ ਦੀ ਤਕਰੀਬਨ 300 ਏਕੜ ਜ਼ਮੀਨ ਪਾਣੀ ਦੀ ਮਾਰ ਹੇਠ ਆ ਗਈ ਸੀ ਅਤੇ ਇਹ ਪਾਣੀ ਚੋਅ ਦੇ ਨਾਲ-ਨਾਲ ਦੀ ਆਲਮਪੁਰ ਮੰਦਰਾਂ ਪਿੰਡ ਵੱਲ ਵੱਧ ਗਿਆ ਸੀ। ਪਿੰਡ ਆਲਮਪੁਰ ਮੰਦਰਾਂ ਦੇ ਸਿਰੜੀ ਲੋਕਾਂ ਨੇ ਇੱਕਜੁੱਟ ਹੋ ਕੇ ਇਸ ਪਾਣੀ ਨੂੰ ਖੇਤਾਂ 'ਚ ਬੰਨ੍ਹ ਮਾਰ ਕੇ ਰੋਕ ਲਿਆ। ਚਾਰ ਕੁ ਦਿਨਾਂ ਬਾਅਦ ਚੋਅ ਦਾ ਪਾਣੀ ਉਤਰਨ ਕਰਕੇ ਫਸਲਾਂ 'ਚੋਂ ਪਾਣੀ ਮੁੜ ਚੋਅ 'ਚ ਕੱਢਣ ਲਈ ਪਿੰਡ ਆਲਮਪੁਰ ਮੰਦਰਾਂ ਤੇ ਅੱਕਾਂਵਾਲੀ ਦੇ ਲੋਕਾਂ ਨੇ ਯਤਨ ਕਰਕੇ ਫਸਲਾਂ ਬਚਾਈਆਂ। ਨਾਲ ਹੀ ਜਿਸ ਥਾਂ ਤੋਂ ਇਹ ਡਰੇਨ ਉੱਛਲਦਾ ਹੈ, ਉਸ ਥਾਂ 'ਤੇ ਬੰਨ੍ਹ ਮਾਰਨ ਲਈ ਪਿੰਡ ਆਲਮਪੁਰ ਮੰਦਰਾਂ ਦੇ ਲੋਕਾਂ ਨੇ ਆਪਣੇ ਪੱਧਰ 'ਤੇ ਮਾਇਆ ਇਕੱਤਰ ਕਰਕੇ, ਉਪਰਾਲੇ ਸ਼ੁਰੂ ਕੀਤੇ ਹੀ ਸਨ ਕਿ ਮੁੜ ਮੀਂਹ ਪੈਣਾ ਸ਼ੁਰੂ ਹੋ ਗਿਆ, ਜਿਸ ਕਾਰਨ ਬੰਨ੍ਹ ਮਾਰਨ ਦਾ ਕੰਮ ਰੁਕ ਗਿਆ ਅਤੇ ਚਾਰ ਕੁ ਦਿਨਾਂ ਬਾਅਦ ਫਿਰ ਇਸ ਚੋਅ 'ਚ ਪਾਣੀ ਵਧ ਗਿਆ ਤੇ ਮੁੜ ਉਹੀ ਸਥਿਤੀ ਪੈਦਾ ਹੋ ਗਈ। ਉੱਧਰ ਪਿੰਡ ਵਾਸੀਆਂ ਵੱਲੋਂ ਖੇਤਾਂ 'ਚ ਮਾਰੇ ਗਏ ਬੰਨ੍ਹ ਨੂੰ ਲੈ ਕੇ ਹੋਰਨਾਂ ਪਿੰਡਾਂ ਦੇ ਲੋਕਾਂ ਨਾਲ ਕਈ ਵਾਰ ਤਕਰਾਰ ਵੀ ਹੋ ਚੁੱਕਿਆ ਹੈ। ਇਸ ਤੋਂ ਇਲਾਵਾ ਪਿੰਡ ਆਲਮਪੁਰ ਮੰਦਰਾਂ ਦੇ ਲੋਕਾਂ ਦੀਆਂ ਫਸਲਾਂ ਵੀ ਭਾਰੀ ਮੀਂਹ ਪੈਣ ਕਾਰਨ ਡੁੱਬੀਆਂ ਪਈਆਂ ਹਨ ਅਤੇ ਪਿੰਡ ਵਾਸੀ ਦੋ ਫਰੰਟਾਂ 'ਤੇ ਲੜਾਈ ਲੜ ਰਹੇ ਹਨ। ਪਿੰਡ ਦੇ ਮੋਹਤਬਰ ਵਿਅਕਤੀਆਂ ਸਾਬਕਾ ਸਰਪੰਚ ਪਰਮਜੀਤ ਪਰਮੀ, ਕਸ਼ਮੀਰ ਸਿੰਘ, ਮਾ. ਗੁਰਬਚਨ ਸਿੰਘ, ਸਰਦੂਲ ਸਿੰਘ, ਸੁਖਪਾਲ ਸਿੰਘ, ਸੁੱਖੀ ਚਹਿਲ ਤੇ ਹੋਰਨਾਂ ਨੇ ਹੈਰਾਨੀ ਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਬੜੇ ਨਾਜ਼ੁਕ ਦੌਰ 'ਚੋਂ ਗੁਜ਼ਰ ਰਹੇ ਪਿੰਡ ਆਲਮਪੁਰ ਮੰਦਰਾਂ ਦੇ ਲੋਕਾਂ ਦੀ ਮੱਦਦ ਤਾਂ ਕੀ ਕਰਨੀ ਸੀ, ਸਗੋਂ ਸਾਰ ਲੈਣ ਲਈ ਵੀ ਕੋਈ ਰਾਜਨੀਤਕ ਤੇ ਪ੍ਰਸ਼ਾਸਨਕ ਅਧਿਕਾਰੀ ਨਹੀਂ ਪੁੱਜਿਆ। ਲੋਕ ਆਪਣੇ ਬਲਬੂਤੇ 'ਤੇ ਇਸ ਕਰੋਪੀ ਨਾਲ ਜੂਝ ਰਹੇ ਹਨ। ਪਿੰਡ ਵਾਸੀਆਂ ਦੀ ਮੰਗ ਹੈ ਕਿ ਸਰਹੰਦ ਚੋਅ 'ਚ ਉੱਘੇ ਰੁੱਖਾਂ ਤੇ ਜਲਬੂਟੀ ਨੂੰ ਖਤਮ ਕਰਨ ਦੇ ਨਾਲ-ਨਾਲ ਚੋਅ ਨੂੰ ਡੂੰਘਾ ਕਰਕੇ ਪਟੜੀਆਂ ਮਜ਼ਬੂਤ ਕੀਤੀਆਂ ਜਾਣ।

# ਮਾਤਾ ਗੁਜਰੀ ਕਾਲਜ ਦੇ ਸਟਾਫ਼ ਵੱਲੋਂ ਹੜ੍ਹ ਪੀੜਤਾਂ ਲਈ ਇੱਕ ਦਿਨ ਦੀ ਤਨਖਾਹ ਦਾ ਯੋਗਦਾਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਦੇ ਦੁਖ-ਸੁੱਖ ਵਿੱਚ ਹਮੇਸ਼ਾ ਸਾਂਝ ਪਾਉਣ ਵਾਲੀ ਮਹਾਨ ਧਰਤੀ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਿਰਮੌਰ ਸਿੱਖਿਆ ਸੰਸਥਾ ਮਾਤਾ ਗੁਜਰੀ ਕਾਲਜ ਇੱਕ ਵਾਰ ਫਿਰ ਆਪਣੀ ਸਮਾਜਿਕ ਜ਼ਿੰਮੇਵਾਰੀ ਦੇ ਪ੍ਰਤੀਕ ਵਜੋਂ ਸਾਹਮਣੇ ਆਇਆ ਹੈ। ਪੰਜਾਬ ਵਿੱਚ ਹੜ੍ਹਾਂ ਕਾਰਨ ਹੋਈ ਭਾਰੀ ਤਬਾਹੀ, ਜਿਸ ਨੇ ਹਜ਼ਾਰਾਂ ਪਰਵਾਰਾਂ ਨੂੰ ਬੇਘਰ ਕਰ ਦਿੱਤਾ ਤੇ ਆਮ ਜਨ-ਜੀਵਨ ਨੂੰ ਠੱਪ ਕਰ ਦਿੱਤਾ, ਦੇ ਸਮੇਂ ਕਾਲਜ ਨੇ ਏਕਤਾ ਤੇ ਮਨੁੱਖਤਾ ਦੀ ਮਿਸਾਲ ਪੇਸ਼ ਕਰਦਿਆਂ ਆਪਣੇ ਸਮੂਹ ਸਟਾਫ਼ ਮੈਂਬਰਾਂ ਦੀ ਇੱਕ ਦਿਨ ਦੀ ਤਨਖਾਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੜ੍ਹ ਪੀੜਤ ਰਿਲੀਫ਼ ਫੰਡ ਵਿੱਚ ਭੇਟ ਕੀਤੀ ਹੈ। ਵਰਣਨਯੋਗ ਹੈ ਕਿ ਮਾਤਾ ਗੁਜਰੀ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਹੜ੍ਹ ਰਾਹਤ ਕਾਰਜਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਸਕੱਤਰ ਵਿੱਦਿਆ ਇੰਜੀਨੀਅਰ ਸ੍ਰ. ਸੁਖਮਿੰਦਰ ਸਿੰਘ ਨੂੰ 5,80,580 ਰੁਪਏ ਦਾ ਚੈੱਕ ਭੇਟ ਕੀਤਾ। ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਚੈੱਕ ਸੌਂਪਦੇ ਹੋਏ ਕਿਹਾ ਕਿ ਕਿਸੇ ਵੀ ਸੰਕਟ ਦੇ ਸਮੇਂ ਕਾਲਜ ਦੀ ਭਾਈਚਾਰਕ ਸੇਵਾ ਦੀ ਸ਼ੁਰੂ ਤੋਂ ਪ੍ਰੰਪਰਾ ਰਹੀ ਹੈ ਤੇ ਇਹ ਕਦਮ ਨਾ ਸਿਰਫ਼ ਹੜ੍ਹ ਪੀੜਤਾਂ ਦੇ ਦੁੱਖਾਂ ਨੂੰ ਘਟਾਉਣ ਦੀ ਕੋਸ਼ਿਸ਼ ਹੈ, ਸਗੋਂ ਸਮਾਜ ਨੂੰ ਇਹ ਸੰਦੇਸ਼ ਵੀ ਦਿੰਦਾ ਹੈ ਕਿ ਜਦੋਂ ਵੀ ਕੌਮ ਮੁਸੀਬਤ ਵਿੱਚ ਹੋਵੇ, ਸਾਡੀ ਸਾਂਝੀ ਮਨੁੱਖਤਾ ਤੇ ਨਿਸ਼ਕਾਮ ਸੇਵਾ ਹੀ ਸਭ ਤੋਂ ਵੱਡੀ ਤਾਕਤ ਹੈ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਸਾਡੀ ਕੌਮ ਦੀ ਰੂਹ 'ਸਰਬੱਤ ਦਾ ਭਲਾ' ਤੇ 'ਨਿਸ਼ਕਾਮ ਸੇਵਾ ਭਾਵਨਾ' ਦੇ ਸੁਨੇਹੇ ਨਾਲ ਜੁੜੀ ਹੋਈ ਹੈ, ਇਸ ਲਈ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਰਾਹਤ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ।

# ਡਰੇਨ 'ਚ ਡਿੱਗਾ ਦਰੱਖਤ ਨਿਕਾਸੀ 'ਚ ਬਣਿਆ ਅੜਿੱਕਾ



ਜਲਾਲਾਬਾਦ (ਜੀਤ ਕੁਮਾਰ)

ਜਲਾਲਾਬਾਦ-ਸ੍ਰੀ ਮੁਕਤਸਰ ਸਾਹਿਬ ਸਾਹਿਬ ਰੋਡ 'ਤੇ ਸਥਿਤ ਪਿੰਡ ਚੱਕ ਅਰਾਈਆਂਵਾਲਾ ਉਰਫ ਫਲੀਆਂਵਾਲਾ ਕੋਲੋਂ ਲੰਘਦੀ ਬਰਕਤ ਵਾਹ ਡਰੇਨ ਦੀ ਸਫਾਈ ਨਾ ਹੋਣ ਕਾਰਨ ਜਿੱਥੇ ਬਰਸਾਤੀ ਪਾਣੀ ਦੀ ਨਿਕਾਸੀ ਵਿੱਚ ਡਰੇਨ ਵਿੱਚ ਉੱਗੀ ਕਲਾਲੀ ਅੜਿੱਕਾ ਬਣੀ ਹੋਈ ਹੈ, ਉੱਥੇ ਹੀ ਇਸ ਦੇ ਨਾਲ ਬੀਤੇ ਦਿਨਾਂ ਵਿੱਚ ਆਈਆਂ ਬਰਸਾਤਾਂ ਦੇ ਨਾਲ-ਨਾਲ ਤੇਜ਼ ਹਵਾਵਾਂ ਆਉਣ ਨਾਲ ਇਸ ਡਰੇਨ ਵਿੱਚ ਦਰੱਖਤ ਡਿੱਗਿਆ ਹੋਇਆ ਹੈ, ਜਿਸਦੇ ਚਲਦੇ ਡਰੇਨ ਵਿਚੋਂ ਪਾਣੀ ਦੀ ਨਿਕਾਸੀ ਵਿੱਚ ਰੁਕਾਵਟ ਪੈਂਦਾ ਹੋ ਰਹੀ ਹੈ। ਇਸ ਪ੍ਰਤੀ ਡਰੇਨ ਵਿਭਾਗ ਦੇ ਅਧਿਕਾਰੀ ਬੇਖਬਰ ਜਾਪ ਰਹੇ ਹਨ ਤੇ ਪਿੰਡ ਫਲੀਆਂਵਾਲਾ ਦੇ ਖੇਤਾਂ ਵਿੱਚ ਡਰੇਨ ਦਾ ਪਾਣੀ ਆਉਣ 'ਤੇ ਵੱਡੀ ਮੁਸੀਬਤ ਪੈਂਦਾ ਕਰ ਸਕਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫਲੀਆਂਵਾਲਾ ਦੇ ਵਸਨੀਕ ਗੁਰਦੀਪ ਸਿੰਘ ਨੇ ਦੱਸਿਆ ਕਿ ਇਸ ਡਰੇਨ ਸਫਾਈ ਨਹੀਂ ਹੋਈ ਹੈ ਤੇ ਡਰੇਨ ਵਿੱਚ ਕਲਾਲੀ ਬਹੁਤ ਹੈ, ਇਸ ਦੇ ਨਾਲ ਹੀ ਇਸ ਬਰਕਤ ਵਾਹ ਡਰੇਨ ਵਿੱਚ ਪਿੰਡ ਫਲੀਆਂਵਾਲਾ ਕੋਲ ਡਰੇਨ ਵਿੱਚ ਇੱਕ ਦਰੱਖਤ ਡਿੱਗਾ ਪਿਆ ਹੈ, ਜੋ ਬਰਸਾਤੀ ਪਾਣੀ ਦੀ ਨਿਕਾਸੀ ਵਿੱਚ ਰੁਕਾਵਟ ਪੈਂਦਾ ਕਰ ਰਿਹਾ ਹੈ। ਜੇਕਰ ਭਵਿੱਖ ਵਿੱਚ ਬਰਸਾਤਾਂ ਆਉਣ ਦੇ ਨਾਲ ਡਰੇਨ ਵਿੱਚ ਪਾਣੀ ਵੱਧਣ ਤੇ ਇਸ ਡਰੇਨ ਦੇ ਆਲੇ-ਦੁਆਲੇ ਫਸਲਾਂ ਵਿੱਚ ਪਾਣੀ ਆਉਣ ਦਾ ਖਦਸ਼ਾ ਬਣਿਆ ਹੋਇਆ ਹੈ, ਜੋ ਵੱਡੀ ਮੁਸੀਬਤ ਪੈਦਾ ਕਰੇਗਾ। ਇਸ ਡਰੇਨ ਵਿੱਚ ਹਲਕਾ ਗੁਰੂ ਹਰਸਹਾਏ ਦੇ ਦਰਜਨਾਂ ਪਿੰਡਾਂ ਦਾ ਬਰਸਾਤੀ ਪਾਣੀ ਆਉਂਦਾ ਹੈ, ਇਸ ਲਈ ਲੋਕਾਂ ਦੀ ਮੰਗ ਹੈ ਕਿ ਬਰਕਤ ਵਾਹ ਡਰੇਨ ਵਿੱਚ ਡਿੱਗੇ ਦਰੱਖਤ ਨੂੰ ਕੱਢਵਾਇਆ ਜਾਵੇ ਅਤੇ ਜਿੱਥੇ ਕਲਾਲੀ ਜ਼ਿਆਦਾ ਹੈ, ਉਸ ਨੂੰ ਵੀ ਕੱਢਵਾਇਆ ਜਾਵੇ ਅਤੇ ਸਫਾਈ ਕਰਵਾਈ ਜਾਵੇ ਤਾਂ ਜੋ ਪਾਣੀ ਦੀ ਨਿਕਾਸੀ ਲਈ ਅੜਿੱਕਾ ਪੈਂਦਾ ਹੋ ਰਿਹਾ ਹੈ, ਉਸ ਨੂੰ ਰਾਹਤ ਮਿਲ ਸਕੇ।

# ਘੱਗਰ, ਨਹਿਰਾਂ, ਸੂਇਆਂ ਨਜ਼ਦੀਕ ਖੜ੍ਹੇ ਹੋ ਕੇ ਫੋਟੋ ਖਿੱਚਣ 'ਤੇ ਪਾਬੰਦੀ

ਮਾਨਸਾ/ਬੁਢਲਾਡਾ (ਪਮਾਰ/ਲਾਕੜਾ)

ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮਾਨਸਾ ਦੇ ਜਿਸ ਵੀ ਇਲਾਕੇ/ਥਾਵਾਂ 'ਤੇ ਪਾਣੀ ਦਾ ਪੱਧਰ ਵਧਿਆ ਹੋਇਆ ਹੈ, ਉੱਥੇ ਮੋਬਾਇਲ ਫੋਨਾਂ/ਕੈਮਰਿਆਂ ਰਾਹੀਂ ਸੈਲਫੀ/ਫੋਟੋ ਲੈਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਹੈ। ਹੁਕਮ ਵਿੱਚ ਕਿਹਾ ਗਿਆ ਹੈ ਕਿ ਪਿਛਲੇ ਦਿਨਾਂ ਵਿੱਚ ਪਹਾੜੀ ਇਲਾਕਿਆਂ ਤੇ ਪੰਜਾਬ ਵਿੱਚ ਜ਼ਿਆਦਾ ਬਾਰਸ਼ਾਂ ਪੈਣ ਕਾਰਨ ਦਰਿਆਵਾਂ/ਨਦੀਆਂ, ਡੈਮਾਂ, ਘੱਗਰ ਆਦਿ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ, ਜਿਸ ਕਾਰਨ ਜ਼ਿਲ੍ਹਾ ਮਾਨਸਾ ਵਿੱਚ ਲੰਘਦੇ ਘੱਗਰ ਦਰਿਆ, ਨਹਿਰਾਂ ਤੇ ਸੂਇਆਂ ਆਦਿ ਵਿੱਚ ਪਾਣੀ ਦਾ ਪੱਧਰ ਕਾਫੀ ਵੱਧ ਚੁੱਕਾ ਹੈ। ਕਈ ਲੋਕ ਇਨ੍ਹਾਂ ਥਾਵਾਂ ਦੇ ਕਿਨਾਰਿਆਂ 'ਤੇ ਖੜ੍ਹੇ ਹੋ ਕੇ ਮੋਬਾਇਲ ਫੋਨਾਂ/ਕੈਮਰਿਆਂ ਰਾਹੀਂ ਸੈਲਫੀ/ਫੋਟੋ ਆਦਿ ਲੈਣ ਲੱਗ ਜਾਂਦੇ ਹਨ, ਜਿਸ ਕਾਰਨ ਜਾਨੀ ਨੁਕਸਾਨ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਲਈ ਇਸ ਪ੍ਰਵਿਰਤੀ ਨੂੰ ਰੋਕਿਆ ਜਾਣਾ ਅਤਿ-ਜ਼ਰੂਰੀ ਬਣ ਜਾਂਦਾ ਹੈ।

# ਡੀ ਟੀ ਐੱਫ ਵੱਲੋਂ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਸੇਵਾਵਾਂ ਜਾਰੀ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਡੈਮੋਕ੍ਰੇਟਿਕ ਟੀਚਰਜ਼ ਫਰੰਟ ਇਕਾਈ ਫ਼ਿਰੋਜ਼ਪੁਰ ਵੱਲੋਂ ਅਧਿਆਪਕਾਂ ਦੇ ਸਹਿਯੋਗ ਨਾਲ ਫ਼ਿਰੋਜ਼ਪੁਰ ਦੇ ਨਜ਼ਦੀਕ ਪਿੰਡ ਹਬੀਬ ਕੇ ਬੰਨ੍ਹ, ਹਿੰਦ-ਪਾਕਿ ਸਰਹੱਦ ਦੇ ਨੇੜੇ ਪਿੰਡਾਂ ਵਿੱਚ ਅਤੇ ਮਮ੍ਹ ਦੇ ਹੜ੍ਹ ਪ੍ਰਭਾਵਿਤ ਖੇਤਰ ਰੁਕਨੇਵਾਲਾ, ਵੱਡੀਆਂ ਵਰਗੀਆਂ ਤੇ ਖੰਨਾ ਵਿਚ ਜਥੇਬੰਦੀ ਵੱਲੋਂ ਨਿਰੰਤਰ ਸੇਵਾਵਾਂ ਜਾਰੀ ਹਨ। ਇਸ ਦੌਰਾਨ ਜਥੇਬੰਦੀ ਡੀਟੀਐੱਫ, ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਹਰਾਜ, ਅਮਿਤ ਸ਼ਰਮਾ, ਸਰਬਜੀਤ ਸਿੰਘ ਭਾਵੜਾ, ਰਵੀ ਇੰਦਰ ਸਿੰਘ, ਵਿਨੋਦ ਗੁਪਤਾ, ਵਰਿੰਦਰਪਾਲ ਸਿੰਘ ਖਾਲਸਾ, ਗੁਰਵਿੰਦਰ ਸਿੰਘ ਖੋਸਾ, ਸੰਦੀਪ ਕੁਮਾਰ ਮਧੂ, ਦਵਿੰਦਰ ਨਾਥ, ਰਾਘਵ ਕਪੂਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੌਜੂਦਾ ਸਮੇਂ ਦੌਰਾਨ ਪ੍ਰਸ਼ਾਸਨ ਵੱਖ-ਵੱਖ ਸੰਸਥਾਵਾਂ ਤੇ ਲੋਕਾਂ ਦੁਆਰਾ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਲੋੜੀਂਦੀ ਰਾਹਤ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ, ਪਰ ਅਜੇ ਵੀ ਜਿਨ੍ਹਾਂ ਪਿੰਡਾਂ ਵਿੱਚ ਹੜ੍ਹਾਂ ਦਾ ਪਾਣੀ ਭੂਆ ਹੈ, ਜੋ ਇਲਾਕਾ ਦਰਿਆ ਤੋਂ ਪਾਰ ਹੈ ਜਾਂ ਹੜ੍ਹ ਪ੍ਰਭਾਵਿਤ ਥਾਵਾਂ ਵਿੱਚ ਹੈ, ਉੱਥੇ ਸਹਾਇਤਾ ਦੀ ਘਾਟ ਪਹੁੰਚ ਰਹੀ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਕੰਮ ਕਰ ਰਹੀ ਹੈ ਅਤੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਮੌਜੂਦ ਲਈ ਕੰਮ ਕਰ ਰਹੀ ਹੈ, ਇਸੇ ਤਰ੍ਹਾਂ ਫ਼ਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜਥੇਬੰਦੀ ਹੜ੍ਹ ਪ੍ਰਭਾਵਿਤ ਲੋਕਾਂ ਦੀਆਂ ਲੋੜਾਂ ਅਨੁਸਾਰ ਅਧਿਆਪਕ ਵਰਗ ਦੇ ਸਹਿਯੋਗ ਨਾਲ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਕਰੇਗੀ। ਇਸ ਤੋਂ ਇਲਾਵਾ ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਾਣੀ ਦਾ ਪ੍ਰਕੋਪ ਘੱਟ ਜਾਵੇਗਾ, ਉਸ ਸਮੇਂ ਵੀ ਕਿਸਾਨਾਂ ਲਈ ਬੀਜ, ਖੇਤਾਂ ਲਈ ਦਵਾਈਆਂ ਤੇ ਮੈਡੀਕਲ ਕੈਂਪਾਂ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਡੀਟੀਐੱਫ ਫ਼ਿਰੋਜ਼ਪੁਰ ਨੇ ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਦੇ ਸਹਿਯੋਗ ਲਈ ਜ਼ਿਲ੍ਹੇ ਦੇ ਸਮੂਹ ਅਧਿਆਪਕ ਵਰਗ ਨੂੰ ਆਪਣੀ-ਆਪਣੀ ਸਮਰੱਥਾ ਅਨੁਸਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਕਰਨ ਦੀ ਅਪੀਲ ਕੀਤੀ।

# ਵੰਦੇ ਭਾਰਤ ਗੱਡੀ 'ਤੇ ਪੱਥਰਬਾਜ਼ੀ

ਰਾਜਪੁਰਾ (ਰਮੇਸ਼ ਕਟਾਰੀਆ)

ਵੰਦੇ ਭਾਰਤ ਗੱਡੀ ਤੇ ਕੁੱਛ ਸ਼ਰਾਰਤੀ ਬੱਚਿਆਂ ਵੱਲੋਂ ਪੱਥਰਬਾਜ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਰੇਲਵੇ ਪੁਲਸ ਦੇ ਇੰਸਪੈਕਟਰ ਸ੍ਰੀ ਗੁਲਸ਼ਨ ਸਤੀਜਾ ਨੇ ਇਹ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਇਹੋ ਜਿਹੀਆਂ ਸ਼ਰਾਰਤਾਂ ਕਰਨ ਤੋਂ ਰੋਕਣ।

ਉਨ੍ਹਾ ਕਿਹਾ ਕਿ ਰੇਲਵੇ ਲਾਈਨ ਦੇ ਨਾਲ਼ ਲਗਦੇ ਪਿੰਡਾਂ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ ਮੁਹਿੰਮ ਚੱਲ ਰਹੀ ਹੈ। ਇਸ ਮੁਹਿੰਮ ਵਿੱਚ ਪਿੰਡਾਂ ਦੇ ਲੋਕਾਂ ਨੂੰ ਅਪੀਲ ਕਰ ਰਹੇ ਹਨ ਕਿ ਉਹ ਤੇ ਉਨ੍ਹਾਂ ਦੇ ਬੱਚੇ ਕੋਈ ਵੀ ਮਾੜੀ ਸ਼ਰਾਰਤ ਨਾ ਕਰਨ, ਜਿਸ ਨਾਲ ਰੇਲਵੇ ਦੀ ਸੰਪਤੀ ਨੂੰ ਕੋਈ ਨੁਕਸਾਨ ਹੋਵੇ। ਉਨ੍ਹਾ ਕਿਹਾ ਕਿ ਜੇ ਕੋਈ ਸ਼ਿਕਾਇਤ ਆਉਂਦੀ ਹੈ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

# ਡਾ. ਉਬਰਾਏ ਵੱਲੋਂ ਮੋਗਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ

## ਅਗਲੇ ਪੜਾਅ 'ਚ ਮੈਡੀਸਨ ਤੇ ਘਰਾਂ ਦੀ ਮੁਰੰਮਤ ਕੀਤੀ ਜਾਵੇਗੀ



ਮੋਗਾ (ਇਕਬਾਲ ਸਿੰਘ ਖਹਿਰਾ)-ਉੱਘੇ ਸਮਾਜ ਸੇਵੀ ਤੇ ਦੁਬਈ ਦੇ ਮਸ਼ਹੂਰ ਕਾਰੋਬਾਰੀ ਡਾਕਟਰ ਐੱਸ. ਪੀ. ਸਿੰਘ ਉਬਰਾਏ ਵੱਲੋਂ ਜ਼ਿਲ੍ਹਾ ਮੋਗਾ ਦੇ ਧੁਸੀ ਬੰਨ੍ਹ ਨਾਲ ਲੱਗਦੇ ਸੰਘੇੜਾ, ਰਾਉਵਾਲ, ਮੇਲਕ ਕੰਗਾ, ਕੰਬੋ ਖੁਰਦ (ਕੋਡੀਵਾਲ) ਆਦਿ ਪਿੰਡਾਂ ਦਾ ਦੌਰਾ ਕੀਤਾ ਗਿਆ ਤੇ ਪਿੰਡ ਵਾਸੀਆਂ ਦਾ ਦੁੱਖ ਸੁਣਿਆ। ਇਸ ਮੌਕੇ ਉਨ੍ਹਾਂ ਹਾਲਾਤਾਂ ਨੂੰ ਦੇਖਦੇ ਹੋਏ ਹਰ ਸੰਭਵ ਮੱਦਦ ਦਾ ਭਰੋਸਾ ਦਿਵਾਇਆ। ਇਸ ਮੌਕੇ ਉਨ੍ਹਾਂ ਨਾਲ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਵੀ ਮੌਜੂਦ ਸਨ। ਡਾ. ਓਬਰਾਏ ਦੀ ਯੋਗ ਅਗਵਾਈ ਤੇ ਕੌਮੀ ਪ੍ਰਧਾਨ ਸ. ਜੱਸਾ ਸਿੰਘ ਸੰਧੂ ਦੀ ਦੇਖ ਰੇਖ ਹੇਠ ਵੱਖ ਵੱਖ ਜ਼ਿਲ੍ਹਿਆਂ ਵਿੱਚ ਟਰੱਸਟ ਦੇ ਵਲੰਟੀਅਰ ਦਿਨ ਰਾਤ ਸੇਵਾਵਾਂ ਨਿਭਾਅ ਰਹੇ ਹਨ। ਮੇਲਕ ਕੰਗਾਂ ਪਿੰਡ ਵਿਖੇ ਸਮਾਜ ਸੇਵੀ ਦਿਲਬਾਗ ਸਿੰਘ ਮੇਲਕ ਕੰਗਾ ਨੇ ਉਬਰਾਏ ਸਾਹਿਬ ਨੂੰ ਉਥੋਂ ਦੀ ਸਥਿਤੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਉਬਰਾਏ ਨੇ ਐਲਾਨ ਕੀਤਾ ਕਿ ਜਦ ਤੱਕ ਲੋੜ ਹੈ, ਸਪਲਾਈ ਜਾਰੀ ਰਹੇਗੀ ਤੇ ਕੋਈ ਵੀ ਪਸ਼ੂ ਭੁੱਖਾ ਨਹੀਂ ਰਹੇਗਾ। ਸੁੱਕਾ ਰਾਸ਼ਨ ਵੀ ਮੁੱਕਣ ਨਹੀਂ ਦਿੱਤਾ ਜਾਵੇਗਾ। ਹੋਰ ਵੀ ਜਿੱਥੇ ਕਿਤੇ ਕੋਈ ਲੋੜ ਹੋਈ, ਉਥੇ ਹਰ ਲੋੜ ਟਰੱਸਟ ਵੱਲੋਂ ਪੂਰੀ ਕੀਤੀ ਜਾਵੇਗੀ। ਡਾ. ਉਬਰਾਏ ਨੇ ਦੱਸਿਆ ਕਿ ਜਿਵੇਂ ਹੀ ਪਾਣੀ ਘਟਣਾ ਸ਼ੁਰੂ ਹੋਵੇਗਾ, ਅਗਲੀ ਲੋੜ ਦਵਾਈਆਂ ਤੇ ਘਰਾਂ ਦੀ ਮੁਰੰਮਤ ਦੀ ਹੋਵੇਗੀ। ਟਰੱਸਟ ਵੱਲੋਂ ਪਸ਼ੂਆਂ ਤੇ ਲੋਕਾਂ ਲਈ ਦਵਾਈਆਂ ਦੀ ਵੱਡੀ ਸਪਲਾਈ ਤੇ ਡਾਕਟਰਾਂ ਦੀ ਟੀਮ ਤਿਆਰ ਕੀਤੀ ਜਾ ਰਹੀ ਹੈ। 2023 ਵਿੱਚ ਜਿਵੇਂ ਪੰਜਾਬ ਵਿੱਚ ਟਰੱਸਟ ਵੱਲੋਂ 300 ਘਰਾਂ ਦੀ ਮੁਰੰਮਤ ਕੀਤੀ ਗਈ ਸੀ, ਉਸੇ ਤਰ੍ਹਾਂ ਇਸ ਵਾਰੀ ਵੀ ਕੀਤਾ ਜਾਵੇਗਾ। ਇਸ ਮੌਕੇ ਡਾਕਟਰ ਐੱਸ.ਪੀ. ਸਿੰਘ ਉਬਰਾਏ, ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਤੇ ਟਰੱਸਟ ਦੀ ਮੋਗਾ ਟੀਮ ਵੱਲੋਂ ਰਾਸ਼ਨ ਕਿੱਟਾਂ, ਪਸ਼ੂਆਂ ਦਾ ਚਾਰਾ ਤੇ ਔਰਤਾਂ ਤੇ ਬੱਚਿਆਂ ਦਾ ਸਾਮਾਨ ਵੰਡਿਆ ਗਿਆ।

# ਪੀ ਐੱਸ ਯੂ ਵੱਲੋਂ ਮੀਂਹ ਪ੍ਰਭਾਵਿਤ ਮੁਹੱਲਿਆਂ ਦਾ ਦੌਰਾ



ਮਾਨਸਾ (ਆਤਮਾ ਸਿੰਘ ਪਮਾਰ)-ਪਿਛਲੇ ਕਈ ਦਿਨਾਂ ਤੋਂ ਭਾਰੀ ਬਾਰਸ਼ ਦੀ ਮਾਰ ਝੱਲ ਰਹੇ ਕੋਟ ਦਾ ਟਿੱਬਾ ਮੁਹੱਲਾ, ਪਿੰਡ ਚਕੇਰੀਆ ਤੇ ਮੂਸਾ ਦੇ ਪਰਿਵਾਰਾਂ ਤੱਕ ਪੰਜਾਬ ਸਟੂਡੈਂਟਸ ਯੂਨੀਅਨ ਜ਼ਿਲ੍ਹਾ ਮਾਨਸਾ ਦੇ ਆਗੂਆਂ ਵੱਲੋਂ ਪੀੜਤਾਂ ਕੋਲ ਪਹੁੰਚ ਕੀਤੀ। ਜੱਥੇਬੰਦੀ ਦੀ ਜ਼ਿਲ੍ਹਾ ਪ੍ਰਧਾਨ ਅਰਵਿੰਦ ਕੌਰ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਕੁਰੜ ਦਾ ਟਿੱਬਾ ਮੁਹੱਲਾ ਮਾਨਸਾ ਤੋਂ ਪਿੰਕੀ ਕੌਰ ਪਤਨੀ ਵਿਜੈ ਕੁਮਾਰ ਅਤੇ ਗੁਰਮੀਤ ਕੌਰ ਪਤਨੀ ਬਲਵੀਰ ਸਿੰਘ ਪਿੰਡ ਚਕੇਰੀਆ ਤੋਂ ਅਮਰਜੀਤ ਕੌਰ ਤੇ ਮਨਪ੍ਰੀਤ ਕੌਰ ਦੇ ਘਰ ਬਿੱਲਕੁੱਲ ਡਿੱਗਣ ਕਿਨਾਰੇ ਹਨ ਜੋਂ ਸਿਰਫ਼ ਲੱਕੜੀ ਦੇ ਬਾਲਿਆਂ ਦੀ ਸਪੋਟ ਨਾਲ ਹੀ ਕਿ ਖੜ੍ਹੇ ਹਨ। ਇਸੇ ਤਰ੍ਹਾਂ ਹੀ ਪਿੰਡ ਮੂਸਾ ਤੋਂ ਵੀਰਪਾਲ ਕੌਰ ਦੇ ਘਰ ਛੱਤ ਡਿੱਗ ਗਈ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਪਿੰਡਾ ਦੇ ਹੋਰ ਪਰਿਵਾਰਾਂ ਦੇ ਘਰਾਂ ਦੀਆਂ ਛੱਤਾਂ ਵੀ ਬਹੁਤ ਖਸਤਾ ਹਾਲਤ ਵਿੱਚ ਹਨ। ਮੀਂਹ ਪੈਣ ਕਾਰਨ ਘਰਾਂ ਦੀਆ ਛੱਤਾਂ ਵਿੱਚੋਂ ਪਾਣੀ ਚੋਅ ਕਿ ਘਰ ਅੰਦਰ ਪਏ ਸਮਾਨ ਚ ਪਾਣੀ ਪੈ ਗਿਆ ਹੈ। ਜਿਸ ਨਾਲ ਕਿਰਤੀ ਲੋਕਾਂ ਦਾ ਮਿਹਨਤ ਨਾਲ ਜੋੜਿਆ ਸਮਾਨ ਬਰਬਾਦ ਕਰਨ ਹੋ ਗਿਆ ਹੈ। ਹੜ੍ਹਾ ਕਰਕੇ ਦਰਿਆ ਦੇ ਖੇਤਰਾਂ ਦੇ ਪਿੰਡ ਉਜੜੇ ਹਨ ਉਥੇ ਹੀ ਮਾਲਵੇ ਦੇ ਲੋਕ ਵੀ ਲਗਾਤਾਰ ਪੈ ਰਹੇ ਮੀਂਹ ਦੀ ਮਾਰ ਝੱਲ ਰਹੇ ਹਨ। ਵੱਡੀ ਗਿਣਤੀ ਘਰਾਂ ਦੀਆਂ ਛੱਤਾਂ ਡਿੱਗਣ ਦਾ ਵੱਡਾ ਖਤਰਾ ਬਣਿਆ ਹੋਇਆ ਹੈ ਕਿਸੇ ਵੇਲੇ ਵੀ ਕੋਈ ਜਾਨੀ ਮਾਲੀ ਨੁਕਸਾਨ ਹੋ ਸਕਦਾ ਹੈ। ਘਰ ਦੀਆ ਕੰਧਾ ਪਾਟ ਗਈਆ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਮਾਨਸਾ ਨੂੰ ਅਪੀਲ ਕੀਤੀ ਕਿ ਮੀਂਹ ਕਾਰਨ ਦਿਹਾੜੀ ਨਾ ਮਿਲਣ ਕਾਰਨ ਭੁੱਖ ਅਤੇ ਜ਼ਰੂਰੀ ਵਸਤਾਂ ਤੋਂ ਵਾਂਝੇ ਮਜ਼ਦੂਰਾਂ ਨੂੰ ਕੋਈ ਫੌਰੀ ਆਰਜ਼ੀ ਸਹਾਇਤਾ ਦਿੱਤੀ ਜਾਵੇ।

# ਰਾਮਗੜ੍ਹੀਆ ਵੈੱਲਫੇਅਰ ਕੌਂਸਲ ਨੇ ਮਹੀਨਾਵਾਰ ਰਾਸ਼ਨ ਵੰਡਿਆ

## ਲੋੜਵੰਦਾਂ ਦੀਆਂ ਲੋੜਾਂ ਪੂਰੀਆਂ ਕਰਨ ਨਾਲ ਰੱਬ ਖੁਸ਼ ਹੁੰਦਾ : ਬਾਬਾ ਸੱਗੂ



ਜਗਰਾਓਂ (ਅਮਿਤ ਖੰਨਾ)

ਰਾਮਗੜ੍ਹੀਆ ਵੈੱਲਫੇਅਰ ਕੌਂਸਲ ਦੇ ਸਰਪ੍ਰਸਤ ਤੇ ਪ੍ਰਸਿੱਧ ਸਮਾਜ ਸੇਵੀ ਬਾਬਾ ਮੋਹਣ ਸਿੰਘ ਸੱਗੂ ਨੇ ਆਖਿਆ ਕਿ ਸਾਨੂੰ ਆਪਣੇ ਨੇੜੇ ਤੇੜੇ ਰਹਿੰਦੇ ਜੋ ਆਪਣੀਆਂ ਜ਼ਰੂਰਤਾਂ ਪੂਰੀਆਂ ਕਰਨ ਤੋਂ ਅਸਮਰਥ ਹੋ ਜਾਂਦੇ ਹਨ, ਉਨ੍ਹਾਂ ਦੀਆਂ ਜ਼ਰੂਰਤਾਂ ਵੱਲ ਧਿਆਨ ਦੇਣ ਨਾਲ ਰੱਬ ਵੀ ਖੁਸ਼ ਹੁੰਦਾ ਹੈ। ਜ਼ਿਕਰਯੋਗ ਹੈ ਕਿ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਪਿਛਲੇ ਲੰਬੇ ਸਮੇਂ ਤੋਂ ਲੋੜਵੰਦਾਂ ਦੀਆਂ ਲੋੜਾਂ ਪੂਰੀਆਂ ਕਰਨ ਵਾਸਤੇ ਧਿਆਨ ਦਿੰਦੀ ਆ ਰਹੀ ਹੈ। ਇਸੇ ਲੜੀ ਨੂੰ ਜਾਰੀ ਰੱਖਦਿਆਂ ਅੱਜ ਵੀ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਵੱਲੋਂ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਸਹਿਯੋਗ ਨਾਲ ਲੋੜਵੰਦਾਂ ਨੂੰ ਰਾਸ਼ਨ ਦੇ ਕੇ ਬਾਬੇ ਨਾਨਕ ਦੀਆਂ ਸਿੱਖਿਆਵਾਂ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਤੇ ਅਮਲ ਕੀਤਾ ਗਿਆ। ਉਨ੍ਹਾਂ ਆਪਣੇ ਸੰਸਥਾ ਦੇ ਸਾਥੀਆਂ ਦਾ ਵੀ ਧੰਨਵਾਦ ਕੀਤਾ ਜੋ ਹਰ ਸਮੇਂ, ਹਰ ਮੌਕੇ ਤੇ ਆਪਣੇ ਦਸਵੰਧ ਨੂੰ ਸਫਲਾ ਕਰਨ ਵਾਸਤੇ ਸਹਿਯੋਗ ਦਿੰਦੇ ਆ ਰਹੇ ਹਨ। ਇਸ ਮੌਕੇ ਬਾਬਾ ਮੋਹਨ ਸਿੰਘ ਸੱਗੂ, ਦਰਸ਼ਨ ਸਿੰਘ ਸੱਗੂ, ਬਲਵੰਤ ਸਿੰਘ ਪਨੇਸਰ, ਐੱਸਡੀਓ ਸੁਰਜੀਤ ਸਿੰਘ, ਜਸਵੰਤ ਸਿੰਘ ਸੱਗੂ, ਦਰਸ਼ਨ ਸਿੰਘ ਕਲਸੀ, ਦੀਦਾਰ ਸਿੰਘ ਸੀਹਰਾ, ਰਜਿੰਦਰ ਸਿੰਘ ਰਿੱਕੂ, ਮਹਿੰਦਰ ਪਾਲ ਸਿੰਘ ਕਲਸੀ, ਭੁਪਿੰਦਰ ਸਿੰਘ ਸੱਗੂ, ਹਰਜਿੰਦਰ ਸਿੰਘ ਮੁਧੜ, ਤਰਲੋਚਨ ਸਿੰਘ ਪਨੇਸਰ, ਹੈੱਡ ਮਾਸਟਰ ਹਰਜਿੰਦਰ ਸਿੰਘ ਧੰਜਲ, ਡਾਕਟਰ ਗੁਰਪ੍ਰੀਤ ਸਿੰਘ ਸੱਗੂ ਆਦਿ ਹਾਜ਼ਰ ਸਨ।

# ਵੇਰਕਾ ਮਿਲਕ ਪਲਾਂਟ ਤੋਂ ਹੜ੍ਹ ਪੀੜਤਾਂ ਲਈ ਤਿੰਨ ਟਰੱਕ ਰਾਹਤ ਸਮੱਗਰੀ ਭੇਜੀ

ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਵਿੱਚ ਪਿਛਲੇ ਦਿਨਾਂ ਤੋਂ ਬਣੀ ਹੜ੍ਹਾਂ ਦੀ ਸਥਿਤੀ ਕਾਰਨ ਕਈ ਪਿੰਡ ਪਾਣੀ ਨਾਲ ਪ੍ਰਭਾਵਿਤ ਹੋ ਗਏ ਹਨ। ਇਸ ਗੰਭੀਰ ਸਥਿਤੀ ਦੇ ਮੱਦੇਨਜ਼ਰ ਮਿਲਕਫੈੱਡ ਪੰਜਾਬ ਵੱਲੋਂ ਹੜ੍ਹ ਪੀੜਤ ਇਲਾਕਿਆਂ ਵਿੱਚ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ। ਇਸ ਕੜੀ ਤਹਿਤ ਵੇਰਕਾ ਮਿਲਕ ਪਲਾਂਟ ਸੰਗਰੂਰ ਤੋਂ ਹੜ੍ਹ ਪੀੜਤਾਂ ਲਈ ਤਿੰਨ ਟਰੱਕ ਨਰਿੰਦਰ ਸਿੰਘ ਸ਼ੇਰਗਿੱਲ, ਚੇਅਰਮੈਨ, ਮਿਲਕਫੈੱਡ ਪੰਜਾਬ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤੇ ਗਏ। ਇਸ ਮੌਕੇ ਨਰਿੰਦਰ ਸਿੰਘ ਸ਼ੇਰਗਿੱਲ ਵੱਲੋਂ ਦੱਸਿਆ ਗਿਆ ਕਿ ਇਸ ਸਮੇਂ ਪੰਜਾਬ ਵਿੱਚ ਜਿਹੜੇ ਖੇਤਰਾਂ ਵਿੱਚ ਹੜ੍ਹ ਆਏ ਹੋਏ ਹਨ, ਉਥੇ ਮਿਲਕਫੈੱਡ ਪੰਜਾਬ ਅਧੀਨ ਆਉਂਦੇਂ ਵੱਖ-ਵੱਖ ਵੇਰਕਾ ਮਿਲਕ ਪਲਾਂਟਾਂ ਵੱਲੋਂ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ ਤਾਂਕਿ ਇਸ ਦੁੱਖ ਦੀ ਘੜੀ ਵਿੱਚ ਹੜ੍ਹ ਪੀੜਤਾਂ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਮਿਲਕਫੈੱਡ ਪੰਜਾਬ ਜਿੱਥੇ ਦੁੱਧ ਉਤਪਾਦਕ ਕਿਸਾਨਾਂ ਦੀ ਬਿਹਤਰੀ ਲਈ ਹਮੇਸ਼ਾ ਯਤਨਸ਼ੀਲ ਹੈ, ਉਥੇ ਇਹ ਵਿਭਾਗ ਪੰਜਾਬ ਉੱਤੇ ਆਉਂਦੀ ਹਰ ਪ੍ਰੇਸ਼ਾਨੀ ਵਿੱਚ ਲੋਕਾਂ ਦੀ ਮਦਦ ਲਈ ਵਧ ਚੜ੍ਹ ਕੇ ਹਿੱਸਾ ਲੈਂਦਾ ਹੈ। ਇਸ ਮੌਕੇ ਬਲਜੀਤ ਕੌਰ ਚੇਅਰਪਰਸਨ ਵੇਰਕਾ ਮਿਲਕ ਪਲਾਂਟ ਸੰਗਰੂਰ, ਸਮੂਹ ਬੋਰਡ ਆਫ ਡਾਇਰੈਕਟਰਜ਼, ਹਰਜਿੰਦਰ ਸਿੰਘ ਜਨਰਲ ਮੈਨੇਜਰ, ਮਿਲਕਫੈੱਡ ਪੰਜਾਬ ਦੇ ਨੁਮਾਇੰਦੇ ਸੁਰਜੀਤ ਸਿੰਘ ਭਦੌੜ, ਜਨਰਲ ਮੈਨੇਜਰ ਕੈਟਲਫੀਡ ਪਲਾਂਟ ਖੰਨਾ, ਅਨਿਮੇਸ਼ ਪ੍ਰਮਾਣਿਕ ਜਨਰਲ ਮੈਨੇਜਰ ਵੇਰਕਾ ਮਿਲਕ ਪਲਾਂਟ ਪਟਿਆਲਾ, ਪਰਦੀਪ ਮਲੋਹਤਰਾ, ਸੁਖਚੈਨ ਸਿੰਘ ਮੈਨੇਜਰ ਇੰਜ: ਏ ਕੇ ਸੈਨ ਇੰਚਾਰਜ ਉਤਪਾਦਨ, ਕੁਸਮ ਲਤਾ ਇੰਚਾਰਜ ਕੁਆਲਟੀ, ਮਨੋਜ ਕੁਮਾਰ ਇੰਚਾਰਜ ਮੰਡੀਕਰਨ, ਜਸਬੀਰ ਕੌਰ ਇੰਚਾਰਜ ਲੇਖਾ, ਸਪਨਦੀਪ ਸਿੰਘ ਇੰਚਾਰਜ ਦੁੱਧ ਪ੍ਰਾਪਤੀ ਹਾਜ਼ਰ ਸਨ।

# ਵਾਰਡ ਨੰਬਰ 9 'ਚ ਜੈਟਿੰਗ ਮਸ਼ੀਨ ਨਾਲ ਸਫ਼ਾਈ ਸ਼ੁਰੂ : ਨੋਨੀ



ਜਗਰਾਓਂ (ਅਮਿਤ ਖੰਨਾ)-ਵਾਰਡ ਨੰਬਰ 9 ਤੋਂ ਸਮਾਜ ਸੇਵੀ ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਗੁਰਪ੍ਰੀਤ ਸਿੰਘ ਨੋਨੀ ਨੇ ਕਿਹਾ ਕਿ ਲਗਾਤਾਰ ਬਹੁਤ ਦਿਨਾਂ ਤੋਂ ਮੀਂਹ ਪੈਣ ਕਾਰਨ ਸੀਵਰੇਜ ਮੇਨ ਹੋਲਾਂ ਵਿੱਚ ਗਾਰ ਮਿੱਟੀ ਜਮ੍ਹਾਂ ਹੋਣ ਕਾਰਨ ਆ ਰਹੀ ਸਮੱਸਿਆ ਨੂੰ ਦੂਰ ਕਰਨ ਲਈ ਵਾਰਡ ਨੰਬਰ 9 ਵਿੱਚ ਜੈਟਿੰਗ ਮਸ਼ੀਨ ਨਾਲ ਸਫ਼ਾਈ ਸ਼ੁਰੂ ਕੀਤੀ ਗਈ, ਜਿਸ ਬਾਰੇ ਸਾਡੇ ਮਾਣਯੋਗ ਹਲਕਾ ਜਗਰਾਉਂ ਦੇ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਜੀ ਦੇ ਧਿਆਨ ਵਿੱਚ ਲਿਆਂਦਾ ਗਿਆ, ਜਿਨ੍ਹਾਂ ਨੇ ਤੁਰੰਤ ਲੱਗਦੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮੱਸਿਆ ਦਾ ਹੱਲ ਕੀਤਾ ਜਾਵੇ। ਕਰਮਚਾਰੀਆਂ ਵੱਲੋਂ ਜੈਟਿੰਗ ਮਸ਼ੀਨ ਨਾਲ ਸੀਵਰੇਜ ਦੇ ਮੇਨ ਹੋਲਾਂ ਦੀ ਸਫ਼ਾਈ ਸ਼ੁਰੂ ਕੀਤੀ ਗਈ, ਜੋ ਕਿ ਆਉਣ ਵਾਲੇ ਕੁਝ ਦਿਨਾਂ ਵਿੱਚ ਪੂਰੀ ਹੋ ਜਾਵੇਗੀ। ਸਮੂਹ ਮੁਹੱਲਾ ਨਿਵਾਸੀਆਂ ਨੇ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ, ਅਫ਼ਸਰ ਸਾਹਿਬਾਨ ਤੇ ਕਰਮਚਾਰੀਆਂ ਦਾ ਇਸ ਕੰਮ ਲਈ ਧੰਨਵਾਦ ਕੀਤਾ।


# ਬੀ ਕੇ ਯੂ ਤੋਤੇਵਾਲ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਲੋਕਾਂ ਦੀ ਕਰੇਗੀ ਮਦਦ : ਸੁੱਖ ਗਿੱਲ

## ਧੁੱਸੀ ਬੰਨ੍ਹ 'ਤੇ ਮਿੱਟੀ ਪਾਉਣ ਲਈ 200 ਲੀਟਰ ਡੀਜ਼ਲ ਤੇ 5000 ਗੱਟਾ ਦੇ ਕੇ ਕੀਤੀ ਹੜ੍ਹ ਪੀੜਤਾਂ ਦੀ ਮਦਦ



ਮੋਗਾ (ਇਕਬਾਲ ਸਿੰਘ ਖਹਿਰਾ)-ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਨੇ ਦੱਸਿਆ ਕੇ ਸਾਡੀ ਜਥੇਬੰਦੀ ਬੀ.ਕੇ.ਯੂ. ਤੋਤੇਵਾਲ ਲਗਾਤਾਰ ਹੜ੍ਹ ਪੀੜਤਾਂ ਦੀ ਮਦਦ ਕਰ ਰਹੀ ਹੈ ਜਿਵੇਂ ਕੇ ਪਿੰਡ ਭੈਣੀ, ਦੌਲੇਵਾਲਾ, ਮੰਦਰ, ਮੇਲਕ ਕੰਗਾਂ, ਸ਼ੇਰੇਵਾਲਾ, ਸੰਘੇੜਾ, ਖੰਨਾ ਤੇ ਤੋਤਾ ਸਿੰਘ ਵਾਲਾ ਦੇ ਨੇੜੇ ਪੈਂਦੇ ਧੁਸੀ ਬੰਨ੍ਹ 'ਤੇ ਮਿੱਟੀ ਪਾਉਣ ਲਈ ਆਵਦੇ ਪਰਸਨਲੀ ਖਾਤੇ 'ਚੋਂ 200 ਲੀਟਰ ਡੀਜ਼ਲ ਤੇ 5000 ਗੱਟੇ ਦੀ ਬੀਤੇ ਕੱਲ੍ਹ ਸੇਵਾ ਕੀਤੀ ਹੈ ਅਤੇ ਉਨ੍ਹਾਂ ਦੱਸਿਆ ਕੇ ਹੜ੍ਹ ਪ੍ਰਭਾਵਿਤ ਇਲਾਕੇ ਜਿਵੇਂ ਕੇ ਪਿੰਡ ਰੁਕਨੇ ਵਾਲਾ ਵਿਖੇ ਸਾਡੀ ਜਥੇਬੰਦੀ ਦੇ ਸੁੱਖ ਮੱਲ੍ਹੀ ਕਪੂਰਥਲਾ ਜ਼ਿਲ੍ਹਾ ਪ੍ਰਧਾਨ, ਬਾਪੂ ਹਰਭਜਨ ਸਿੰਘ, ਕਾਲਾ ਬੀਬੜੀ ਵੱਲੋਂ ਤਕਰੀਬਨ 3000 ਗੱਟਾ ਬੀਤੇ ਕੱਲ੍ਹ ਦਿੱਤਾ ਬੰਨ੍ਹ ਬੰਨਣ ਲਈ ਦਿੱਤਾ ਗਿਆ ਅਤੇ ਆਹਲੀ ਕਲਾਂ, ਕਬੀਰਪੁਰ ਤੇ ਬਾਊਪੁਰ ਵਿਖੇ ਗੱਟੇ, ਤਾਰ, ਰਾਸ਼ਨ ਤੇ ਹੋਰ ਸਾਮਾਨ ਦੀ ਜਿੱਥੇ-ਜਿੱਥੇ ਵੀ ਲੋੜ ਹੋਵੇਗੀ। ਉਨ੍ਹਾਂ ਥਾਵਾਂ 'ਤੇ 2 ਤੋਂ 2.50 ਲੱਖ ਰੁਪੈ ਦੀ ਮਦਦ ਜਥੇਬੰਦੀ ਵੱਲੋਂ ਕੀਤੀ ਜਾ ਰਹੀ। ਸੁੱਖ ਗਿੱਲ ਮੋਗਾ ਨੇ ਦੱਸਿਆ ਕਿ ਸਾਡੀ ਜਥੇਬੰਦੀ ਵੱਲੋਂ ਪਿੰਡ ਰੌਂਤੇ ਤੋਂ ਕੁਲਜੀਤ ਸਿੰਘ ਰੌਂਤਾ, ਚੰਦਨ ਦੀਪ ਮਹਿਤਾ ਵੱਲੋਂ ਰਾਸ਼ਨ ਦੀਆਂ ਦੋ ਟਰਾਲੀਆਂ ਫਿਰੋਜ਼ਪੁਰ ਏਰੀਏ 'ਚ ਸੇਵਾ ਕੀਤੀ ਗਈ, ਪਿੰਡ ਦਾਨੇ ਵਾਲਾ ਤੋਂ ਦਲਜੀਤ ਸਿੰਘ ਸਰਪੰਚ ਕੋਰ ਕਮੇਟੀ ਮੈਂਬਰ ਪੰਜਾਬ, ਸਾਹਬ ਸਿੰਘ ਦਾਨੇਵਾਲਾ ਬਲਾਕ ਪ੍ਰਧਾਨ ਫਤਿਹਗੜ੍ਹ ਪੰਜਤੂਰ ਵੱਲੋਂ ਮਿੱਟੀ ਦੀ ਸੇਵਾ ਧੁੱਸੀ ਬੰਨ੍ਹ 'ਤੇ ਲਗਾਤਾਰ ਕੀਤੀ ਜਾ ਰਹੀ ਹੈ ਅਤੇ ਹੋਰ ਸਹਾਇਤਾ ਹੜ੍ਹ ਪੀੜਤਾਂ ਲਈ ਜਾਰੀ ਹੈ, ਪਿੰਡ ਕੜਾਹੇਵਾਲਾ ਤੋਂ ਗੁਰਜੀਤ ਸਿੰਘ ਭਿੰਡਰ ਯੂਥ ਪ੍ਰਧਾਨ, ਪਿੰਡ ਮੌਜੇਵਾਲੇ ਤੋਂ ਦਵਿੰਦਰ ਸਿੰਘ ਇਕਾਈ ਪ੍ਰਧਾਨ ਵੱਲੋਂ ਧੁੱਸੀ ਬੰਨ੍ਹ ਤੇ ਪਿੰਡ ਭੈਣੀ ਕੋਲ ਮਿੱਟੀ ਦੀ ਸੇਵਾ ਲਗਾਤਾਰ ਕੀਤੀ ਜਾ ਰਹੀ ਹੈ, ਜੇ.ਸੀ.ਬੀ. ਦੀ ਸੇਵਾ ਬਾਬਾ ਮੰਗਾ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਕੀਤੀ ਜਾ ਰਹੀ ਹੈ, ਪਿੰਡ ਤੋਤਾ ਸਿੰਘ ਵਾਲਾ ਤੋਂ ਗੁਰਚਰਨ ਸਿੰਘ ਢਿੱਲੋਂ ਤਹਿਸੀਲ ਪ੍ਰਧਾਨ ਬੀਕੇਯੂ ਤੋਤੇਵਾਲ, ਤਲਵਿੰਦਰ ਗਿੱਲ ਯੂਥ ਪ੍ਰਧਾਨ ਬੀਕੇਯੂ ਤੋਤੇਵਾਲ, ਹੈਰੀ ਗਿੱਲ, ਸਾਹਬ ਤੋਤੇਵਾਲ, ਗੁਰਪ੍ਰਤਾਪ ਜੁਲਕਾ ਤੋਤੇਵਾਲ, ਭੋਲਾ ਚੀਮਾਂ ਤੋਤੇਵਾਲ ਤੇ ਸਾਥੀਆਂ ਵੱਲੋਂ ਲਗਾਤਾਰ ਟਰੈਕਟਰ-ਟਰਾਲੀਆਂ ਲਾ ਕੇ ਧੁੱਸੀ ਬੰਨ੍ਹ ਤੇ ਮਿੱਟੀ ਪਾਉਣ ਦੀ ਸੇਵਾ ਕੀਤੀ ਜਾ ਰਹੀ ਹੈ। ਜ਼ਿਲ੍ਹਾ ਜਲੰਧਰ 'ਚ ਧੁਸੀ ਬੰਨ੍ਹ ਤੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਕੌਮੀ ਜਨਰਲ ਸਕੱਤਰ ਪੰਜਾਬ ਕੇਵਲ ਸਿੰਘ ਖਹਿਰਾ, ਜ਼ਿਲ੍ਹਾ ਪ੍ਰਧਾਨ ਜਲੰਧਰ ਜਸਵੰਤ ਸਿੰਘ ਲੋਹਗੜ੍ਹ, ਜਸਬੀਰ ਸਿੰਘ ਭੱਦਮਾਂ ਤੇ ਸਾਥੀਆਂ ਵੱਲੋਂ ਧੁੱਸੀ ਬੰਨ੍ਹ 'ਚ ਪੈ ਰਹੇ ਪਾੜ ਨੂੰ ਰੋਕਣ ਲਈ ਭਰਾਤਰੀ ਜਥੇਬੰਦੀਆਂ ਨਾਲ ਰਲ ਕੇ ਲਗਾਤਾਰ ਸੇਵਾ ਕੀਤੀ ਜਾ ਰਹੀ ਹੈ। ਰਣਜੀਤ ਸਿੰਘ ਚੱਕਤਾਰੇਵਾਲਾ ਬਲਾਕ ਪ੍ਰਧਾਨ ਧਰਮਕੋਟ ਤੇ ਸਾਥੀਆਂ ਵੱਲੋਂ ਧੁਸੀ ਬੰਨ੍ਹ ਤੇ ਟਰੈਕਟਰ ਲਗਾ ਕੇ ਲਗਾਤਾਰ ਸੇਵਾ ਵੀ ਕੀਤੀ ਜਾ ਰਹੀ ਹੈ। ਰਮਨਦੀਪ ਰਸੂਲਪੁਰ ਲਗਾਤਾਰ ਧੁੱਸੀ ਬੰਨ੍ਹ ਤੇ ਪਿੰਡ ਰੁਕਨੇਵਾਲਾ ਵਿਖੇ ਬੰਨ੍ਹ ਨੂੰ ਟੁੱਟਣ ਤੋਂ ਰੋਕਣ ਲਈ ਸੇਵਾ ਕੀਤੀ ਜਾ ਰਹੀ ਹੈ, ਧਰਮ ਸਿੰਘ ਸਭਰਾ ਤੇ ਸਾਥੀਆਂ ਵੱਲੋਂ ਲਗਾਤਾਰ ਧੁੱਸੀ ਬੰਨ੍ਹ ਨੂੰ ਟੁੱਟਣ ਤੋਂ ਰੋਕਣ ਲਈ ਸੇਵਾ ਕੀਤੀ ਜਾ ਰਹੀ ਹੈ, ਸੁੱਖ ਗਿੱਲ ਮੋਗਾ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਸਾਡੀ ਜਥੇਬੰਦੀ ਤਨ, ਮਨ, ਧਨ ਤੋਂ ਹਰ ਤਰਾਂ ਹੜ੍ਹ ਪੀੜਤਾਂ ਦੇ ਨਾਲ ਹੈ, ਜਿੱਥੇ-ਜਿੱਥੇ ਵੀ ਸੇਵਾ ਦੀ ਲੋੜ ਹੈ, ਸਾਡੇ ਇਸ ਨੰਬਰ 9779438808 'ਤੇ ਸੰਪਰਕ ਕਰ ਸਕਦੇ ਹਨ।

# ਇੰਸ. ਰਤਨ ਲਾਲ ਤੀਜੀ ਵਾਰੀ ਡੀ ਜੀ ਪੀ ਡਿਸਕ ਨਾਲ ਸਨਮਾਨਤ



ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜੀ.ਆਰ.ਪੀ. ਥਾਣਾ ਸਰਹਿੰਦ ਵਿਖੇ ਐੱਸ.ਐੱਚ.ਓ. ਵਜੋਂ ਤਾਇਨਾਤ ਇੰਸਪੈਕਟਰ ਰਤਨ ਲਾਲ ਨੂੰ ਤਿੰਨ ਮਹੀਨਿਆਂ ਵਿੱਚ ਤੀਜੀ ਵਾਰ ਡੀਜੀਪੀ ਡਿਸਕ ਨਾਲ ਸਨਮਾਨਤ ਕੀਤੇ ਜਾਣ ਦਾ ਸਮਾਚਾਰ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਰਤਨ ਲਾਲ ਨੇ ਦੱਸਿਆ ਕਿ ਬੀਤੀ 7 ਅਪ੍ਰੈਲ ਨੂੰ ਸ੍ਰੀ ਅਨੰਦਪੁਰ ਸਾਹਿਬ ਦੇ ਰੇਲਵੇ ਸਟੇਸ਼ਨ ਨਜ਼ਦੀਕ 8 ਨਾਮਾਲੂਮ ਵਿਅਕਤੀ ਆਸਟਰੇਲੀਅਨ ਨਾਗਰਿਕ ਕਾਹ ਕਿਨ ਦੀ ਕੁੱਟ ਮਾਰ ਕਰਕੇ ਉਸ ਦਾ ਪਾਸਪੋਰਟ, ਆਸਟ੍ਰੇਲੀਅਨ ਡਾਲਰ, ਭਾਰਤੀ ਕਰੰਸੀ, ਕੈਮਰਾ ਤੇ ਹੋਰ ਜ਼ਰੂਰੀ ਸਾਮਾਨ ਖੋਹ ਕੇ ਫਰਾਰ ਹੋ ਗਏ ਸਨ, ਜਿਸ ਸਬੰਧੀ ਥਾਣਾ ਜੀ.ਆਰ.ਪੀ. ਸਰਹਿੰਦ ਵਿਖੇ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਕਰਦੇ ਹੋਏ ਇੱਕ ਹਫਤੇ ਦੇ ਅੰਦਰ ਇਸ ਵਾਰਦਾਤ ਵਿੱਚ ਸ਼ਾਮਲ 8 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਲੁੱਟ ਦਾ ਸਾਰਾ ਸਾਮਾਨ ਬਰਾਮਦ ਕਰਵਾਉਣ ਉਪਰੰਤ ਜੇਲ੍ਹ 'ਚ ਬੰਦ ਕਰਵਾਇਆ ਗਿਆ। ਇਸ ਉਪਲਬਧੀ ਲਈ ਉਨ੍ਹਾਂ ਨੂੰ (ਇੰਸਪੈਕਟਰ ਰਤਨ ਲਾਲ), ਸਹਾਇਕ ਥਾਣੇਦਾਰ ਸੁਗਰੀਵ ਚੰਦ, ਹੌਲਦਾਰ ਨਵਜੀਤ ਧੀਰ ਤੇ ਸੀਨੀਅਰ ਸਿਪਾਹੀ ਸਿਧਾਰਥ ਨੂੰ ਸਪੈਸ਼ਲ ਡੀਜੀਪੀ ਰੇਲਵੇਜ਼ ਸ਼ਸ਼ੀ ਪ੍ਰਭਾ ਦਿਵੇਦੀ ਵੱਲੋਂ ਡੀਜੀਪੀ ਕਮੈਂਡੇਸ਼ਨ ਡਿਸਕ ਪ੍ਰਦਾਨ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਏਆਈਜੀ ਜੀ.ਆਰ.ਪੀ. ਪਟਿਆਲਾ ਏ.ਪੀ.ਐੱਸ. ਘੁੰਮਣ ਤੇ ਡੀਐੱਸਪੀ ਜ਼ੋਨਲ ਜੀ.ਆਰ.ਪੀ. ਪਟਿਆਲਾ ਅਨੀਤਾ ਸੈਣੀ ਵੀ ਮੌਜੂਦ ਸਨ।

# ਅੰਮ੍ਰਿਤਸਰ ਜ਼ਿਲ੍ਹੇ ਦੇ ਸਰਕਾਰੀ/ਪ੍ਰਾਈਵੇਟ ਸਕੂਲ ਅੱਜ ਬੰਦ ਰਹਿਣਗੇ



ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲ 8 ਸਤੰਬਰ ਨੂੰ ਬੰਦ ਰੱਖਣ ਦਾ ਹੁਕਮ ਕਰਦੇ ਕਿਹਾ ਕਿ ਸਾਰੇ ਅਧਿਆਪਕ ਅਤੇ ਪ੍ਰਬੰਧਕ ਕਮੇਟੀਆਂ ਆਪਣੀਆਂ ਸਕੂਲ ਇਮਾਰਤਾਂ ਦੀ ਜਾਂਚ ਕਰਕੇ ਇਸ ਦੀ ਲਿਖਤੀ ਰਿਪੋਰਟ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੂੰ ਦੇਣਗੀਆਂ। ਜੇਕਰ ਇਮਾਰਤਾਂ ਸੁਰੱਖਿਆ ਪੱਖੋਂ ਠੀਕ ਪਾਈਆਂ ਜਾਂਦੀਆਂ ਹਨ ਤਾਂ ਸਕੂਲ ਮੰਗਲਵਾਰ ਨੂੰ ਬੱਚਿਆਂ ਲਈ ਖੋਲ੍ਹੇ ਜਾਣਗੇ, ਜਦਕਿ ਹੜ੍ਹ ਪ੍ਰਭਾਵਿਤ ਇਲਾਕੇ ਰਮਦਾਸ ਅਜਨਾਲਾ ਅਤੇ ਲੋਪੋਕੇ ਦੇ ਸਕੂਲ ਅਗਲੇ ਹੁਕਮਾਂ ਤੱਕ ਬੰਦ ਰਹਿਣਗੇ।ਉਨ੍ਹਾਂ ਕਿਹਾ ਕਿ ਉਕਤ ਇਲਾਕੇ ਵਿੱਚ ਸਕੂਲ ਪ੍ਰਬੰਧਕ ਕਮੇਟੀਆਂ ਸਕੂਲਾਂ ਨੂੰ ਜਾਂਦੇ ਰਸਤੇ ਅਤੇ ਇਮਾਰਤਾਂ ਦੀ ਜਾਂਚ ਕਰਕੇ ਆਪਣੀ ਰਿਪੋਰਟ ਡੀਓ ਦਫਤਰ ਨੂੰ ਜਦੋਂ ਭੇਜਣਗੇ ਉਸ ਉਪਰੰਤ ਅਗਲਾ ਫੈਸਲਾ ਲਿਆ ਜਾਵੇਗਾ।ਜ਼ਿਲ੍ਹਾ ਸਿੱਖਿਆ ਅਧਿਕਾਰੀ ਰਾਜੇਸ਼ ਸ਼ਰਮਾ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕੇ ਦੇ ਸਕੂਲਾਂ ਵਿੱਚ ਪੜ੍ਹਨ ਵਾਲੇ ਬੱਚੇ ਜ਼ਿਲ੍ਹੇ ਦੇ ਜਿਸ ਵੀ ਇਲਾਕੇ ਵਿੱਚ ਆਪਣੀ ਅਸਥਾਈ ਰਿਹਾਇਸ਼ ਰੱਖ ਰਹੇ ਹਨ, ਉਹ ਉਨ੍ਹਾਂ ਸਕੂਲਾਂ ਵਿੱਚ ਹੀ ਪੜ੍ਹਨ ਜਾ ਸਕਦੇ ਹਨ।ਉਨ੍ਹਾਂ ਕਿਹਾ ਕਿ ਇਸ ਬਾਰੇ ਸਕੂਲਾਂ ਨੂੰ ਹੁਕਮ ਕਰ ਦਿੱਤੇ ਗਏ ਹਨ ਅਤੇ ਅਸੀਂ ਉਨ੍ਹਾਂ ਸਕੂਲਾਂ ਕੋਲੋਂ ਹੀ ਬੱਚਿਆਂ ਦੀ ਹਾਜ਼ਰੀ ਰਿਪੋਰਟ ਪ੍ਰਾਪਤ ਕਰ ਲਵਾਂਗੇ।

# ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਨੂੰ ਮੁੜ ਪੈਰਾਂ ਸਿਰ ਕਰਨ ਲਈ ਸਰਕਾਰੀ ਗਰਾਂਟ ਦੀ ਮੰਗ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਦੁਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਤੇ ਐੱਸਕੇਐੱਮ ਦੇ ਕੌਮੀ ਤਾਲਮੇਲ ਕਮੇਟੀ ਦੇ ਮੈਂਬਰ ਜੰਗਬੀਰ ਸਿੰਘ ਚੌਹਾਨ ਆਪਣੇ ਨਾਲ ਦੁਆਬੇ ਇਲਾਕੇ ਵਿੱਚੋਂ ਉੱਚ ਪੱਧਰੀ ਟੀਮ ਨਾਲ ਅਜਨਾਲਾ ਤੇ ਰਮਦਾਸ ਦੇ ਹੜ੍ਹ ਪੀੜਤਾਂ ਦੀ ਮਦਦ ਕਰਦੇ ਹੋਏ ਸੰਯੁਕਤ ਕਿਸਾਨ ਮੋਰਚਾ ਵੱਲੋਂ ਹੜ੍ਹ ਪੀੜਤਾਂ ਦੀ ਰਾਹਤ ਵੰਡਣ ਲਈ ਮਹਿਲ ਬੁਖਾਰੀ (ਅਜਨਾਲਾ ਵਿਖੇ ਸਥਾਪਤ ਕੈਂਪ ਵਿੱਚ ਪਹੁੰਚੇ ਜਿੱਥੇ ਡਾ. ਸਤਨਾਮ ਸਿੰਘ ਅਜਨਾਲਾ ਦੀ ਅਗਵਾਈ ਵਿੱਚ ਕੈਂਪ ਵੱਲੋਂ ਹਾਰਦਿਕ ਸਵਾਗਤ ਕੀਤਾ ਗਿਆ।

ਜੰਗਬੀਰ ਸਿੰਘ ਚੌਹਾਨ ਨੇ ਯਕੀਨ ਦਵਾਇਆ ਕਿ 5-6 ਦਿਨਾਂ ਵਿੱਚ ਜ਼ਰੂਰਤ ਅਨੁਸਾਰ ਡੰਗਰਾਂ ਲਈ ਚੌਕਰ, ਫੀਡ ਅਤੇ ਚਾਰਾ ਆਦਿ ਵੱਡੇ ਪੱਧਰ ਤੇ ਭੇਜਿਆ ਜਾਵੇਗਾ।ਡੀਜ਼ਲ, ਬੀਜ ਤੇ ਖਾਦਾਂ ਵੀ ਪੀੜਤ ਕਿਸਾਨਾਂ ਨੂੰ ਭੇਜੀਆਂ ਜਾਣਗੀਆਂ। ਇਸ ਸਮੇਂ ਡਾ. ਅਜਨਾਲਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਐੱਸ. ਕੇ. ਐੱਮ ਸਰਕਾਰ ਕੋਲੋਂ ਮਾਰੀਆਂ ਗਈਆਂ ਫਸਲਾਂ ਲਈ 70 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਨਾਲ ਮਜ਼ਦੂਰਾਂ ਲਈ 10 ਹਜ਼ਾਰ ਰੁਪਏ ਤੁਰੰਤ ਜਾਰੀ ਕੀਤੇ ਜਾਣ ਅਤੇ ਹੜ੍ਹ ਪੀੜਤਾਂ ਸਮੂਹ ਪਰਿਵਾਰਾਂ ਨੂੰ ਯਾਨੀ ਹਰੇਕ ਘਰ ਨੂੰ ਇੱਕ ਲੱਖ ਰੁਪਏ ਗ੍ਰਾਂਟ ਦਿੱਤੀ ਜਾਵੇ।

ਇਸ ਤਰਾਂ ਮਰ ਗਏ ਡੰਗਰਾਂ ਲਈ ਇਕ ਲੱਖ ਰੁਪਏ ਅਤੇ ਢਹਿ ਗਏ ਘਰਾਂ ਤੇ ਮਾਰੇ ਗਏ ਵਿਅਕਤੀਆਂ ਨੂੰ 10-10 ਲੱਖ ਰੁਪਏ ਦਿੱਤੇ ਜਾਣ।ਇਸ ਸਮੇਂ ਹੋਰਨਾਂ ਤੋਂ ਇਲਾਵਾ ਮੋਰਚਾ ਆਗੂ ਕੁਲਵੰਤ ਸਿੰਘ ਮਲੂ ਨੰਗਲ, ਸੂਬਾ ਯੂਥ ਆਗੂ ਗੁਰਿੰਦਰ ਸਿੰਘ ਬਾਠ, ਟਹਿਲ ਸਿੰਘ ਚੇਤਨਪੁਰਾ,ਅਬਦੁਲ ਬਾਤਸ ਇਮਾਮ, ਪਰਗਟ ਸਿੰਘ,ਜਗਰੂਪ ਸਿੰਘ ਦੁਆਬਾ ਖੇਤਰ, ਮਨਜਿੰਦਰ ਸਿੰਘ ਭੋਏਵਾਲੀ, ਵਰਿੰਦਰ ਸਿੰਘ, ਸੁਰਜੀਤ ਸਿੰਘ ਕੋਟ ਰਜ਼ਾਦਾ ਆਦਿ ਸ਼ਾਮਿਲ ਸਨ।

# ਮਿੱਲ ਮੁਲਾਜ਼ਮ ਦੀ ਬੇਰਹਿਮੀ ਨਾਲ ਕੁੱਟਮਾਰ, ਪੁਲਸ ਵੱਲੋਂ ਮਾਮਲੇ ਦੀ ਜਾਂਚ ਜਾਰੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੀਤੀ ਦੇਰ ਸ਼ਾਮ ਮੁਹੱਲਾ ਧਰਮਪੁਰਾ ਕਾਦੀਆਂ ਛੋਟਾ ਬਿਜਲੀ ਘਰ ਚੌਂਕ ਦੇ ਸਾਹਮਣੇ ਚੱਕੀ ਗਰੰਡਰਾਂ ਵਾਲੀ ਗਲੀ ਦੇ ਵਿੱਚ ਸਾਢੇ 6 ਵਜੇ ਸ਼ਾਮ ਨੂੰ ਗੁੰਡਾਗਰਦੀ ਦਾ ਨੰਗਾ ਨਾਚ ਉਸ ਵੇਲੇ ਦੇਖਣ ਨੂੰ ਮਿਲਿਆ ਜਦੋਂ ਕੀੜੀ ਮਿੱਲ ਦੇ ਮੁਲਾਜ਼ਮ ਦੀ ਤਿੰਨ ਮੋਟਰਸਾਈਕਲ ਸਵਾਰ ਨੌਜਵਾਨਾਂ ਦੇ ਵੱਲੋਂ ਬੇਰਹਿਮੀ ਦੇ ਨਾਲ ਕੁੱਟਮਾਰ ਕੀਤੀ ਗਈ।ਇਹ ਸਾਰੀ ਘਟਨਾ ਨਜ਼ਦੀਕ ਘਰ ਦੇ ਕੋਲ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ।ਜਾਣਕਾਰੀ ਸਾਂਝੀ ਕਰਦੇ ਹੋਏ ਕੀੜੀ ਮਿੱਲ ਦੇ ਮੁਲਾਜ਼ਮ ਵੀਮਲੇਸ਼ ਵਾਸੀ ਪਿੰਡ ਸੀਤਾਪੁਰ ਯੂਪੀ ਹਾਲ ਵਾਸੀ ਮਹੱਲਾ ਧਰਮਪੁਰਾ ਕਾਦੀਆਂ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਮਿੱਲ ਤੋਂ ਆਪਣਾ ਕੰਮ ਖਤਮ ਕਰਕੇ ਘਰ ਜਾ ਰਿਹਾ ਸੀ।ਜਦੋਂ ਉਹ ਗਲੀ ਵਿੱਚੋਂ ਗੁਜ਼ਰ ਰਿਹਾ ਸੀ ਤਾਂ ਸਾਹਮਣੇ ਤੋਂ ਆ ਰਹੇ ਤਿੰਨ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਉਸ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਉਸ ਨੇ ਤੁਰੰਤ ਮਿਲ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਉਹ ਮੌਕੇ ਤੇ ਪਹੁੰਚੇ, ਪੁਲਸ ਨੂੰ ਸੂਚਿਤ ਕੀਤਾ।ਪੀੜਤ ਮੁਲਾਜ਼ਮ ਨੇ ਪੁਲਸ ਪ੍ਰਸ਼ਾਸਨ ਦੇ ਕੋਲੋਂ ਮੰਗ ਕੀਤੀ ਹੈ ਕਿ ਉਸ ਦੀ ਕੁੱਟਮਾਰ ਕਰਨ ਵਾਲੇ ਵਿਅਕਤੀਆਂ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।ਘਟਨਾ ਦੀ ਸੂਚਨਾ ਮਿਲਣ ਤੇ ਕਾਦੀਆਂ ਪੁਲਸ ਵੱਲੋਂ ਨਜ਼ਦੀਕ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਚੈੱਕ ਕੀਤਾ ਗਿਆ।ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਸੀ ਪੀ ਆਈ ਵੱਲੋਂ 21 ਦੀ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ: ਦਵਿੰਦਰ ਸੋਹਲ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਕਮੇਟੀ ਝਬਾਲ ਗੰਡੀਵਿੰਡ ਦੀ ਮੀਟਿੰਗ ਕਾਮਰੇਡ ਗੁਲਜ਼ਾਰ ਸਿੰਘ ਕੋਟ ਦੀ ਪ੍ਰਧਾਨਗੀ ਹੇਠ ਸਥਾਨਕ ਕਾਮਰੇਡ ਸਵਰਨ ਸਿੰਘ ਸੋਹਲ ਭਵਨ ਵਿਖੇ ਹੋਈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਬਲਾਕ ਸਕੱਤਰ ਗੁਰਬਿੰਦਰ ਸਿੰਘ ਸੋਹਲ ਨੇ ਕਿਹਾ ਕਿ ਇਸ ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਸੋਹਲ ਤੇ ਬਲਕਾਰ ਸਿੰਘ ਵਲਟੋਹਾ ਨੇ ਇਲਾਕਾ ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਕੌਮੀ ਮਹਾਂ ਸੰਮੇਲਨ ਦੇ ਪਹਿਲੇ ਦਿਨ ਮੋਹਾਲੀ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਇਸ ਬਲਾਕ ਸਮੇਤ ਜ਼ਿਲ੍ਹਾ ਤਰਨ ਤਾਰਨ ਵਿੱਚੋਂ ਵੱਡੀ ਗਿਣਤੀ ਵਿੱਚ ਕਮਿਊਨਿਸਟ ਵਰਕਰ ਰੈਲੀ ਵਿੱਚ ਸ਼ਮੂਲੀਅਤ ਕਰਨਗੇ।ਸਮੇਂ ਦੀ ਲੋੜ ਹੈ ਕਿ ਮਿਹਨਤਕਸ਼ ਲੋਕ, ਮਜ਼ਦੂਰ ਕਿਸਾਨ ਤੇ ਛੋਟੇ ਕਾਰੋਬਾਰੀ ਕਮਿਊਨਿਸਟ ਪਾਰਟੀ ਦਾ ਸਾਥ ਦੇਣ ਤਾਂ ਕਿ ਕਾਰਪੋਰੇਟ ਘਰਾਣਿਆਂ ਦੀ ਲੁੱਟ ਨੂੰ ਰੋਕਿਆ ਜਾ ਸਕੇ।ਉਨ੍ਹਾਂ ਮੰਗ ਕੀਤੀ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ। ਬੱਚਿਆਂ ਦੇ ਸਕੂਲਾਂ ਦੀਆਂ ਫੀਸਾਂ ਨਾ ਲਈਆਂ ਜਾਣ।ਹਰੇਕ ਪਰਿਵਾਰ ਨੂੰ ਇੱਕ ਲੱਖ ਰੁਪਏ ਦੀ ਰਾਸ਼ੀ ਰਾਹਤ ਦਿੱਤੀ ਜਾਵੇ।ਇਸ ਮੌਕੇ ਫੈਸਲਾ ਕੀਤਾ ਗਿਆ ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕੀਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਢੰਡ, ਜਗਤਾਰ ਸਿੰਘ ਜੱਗਾ, ਸੁਰਿੰਦਰ ਸਿੰਘ ਬਿੱਲਾ, ਜਗਜੀਤ ਸਿੰਘ ਮੰਨਣ, ਸੁਲੱਖਣ ਸਿੰਘ ਗੰਡੀਵਿੰਡ, ਬਲਵਿੰਦਰ ਸਿੰਘ ਮੂਸੇ, ਗੁਰਦੇਵ ਸਿੰਘ ਸੋਹਲ, ਬੀਬੀ ਸੁਖਵਿੰਦਰ ਕੌਰ ਸੋਹਲ, ਸੁਰਜੀਤ ਸਿੰਘ ਛੀਨਾ, ਅਰਵਿੰਦ ਗੁਪਤਾ ਸਮੇਤ ਬਲਾਕ ਕਮੇਟੀ ਮੈਂਬਰ ਹਾਜ਼ਰ ਸਨ।

## 'ਜਿਸ ਦਾ ਖੇਤ ਉਸਦੀ ਰੇਤ' ਨੀਤੀ ਨੂੰ ਲਿਆਉਣ ਦੀ ਲੋੜ: ਧਾਲੀਵਾਲ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਜੋ ਕਿ ਹੜ੍ਹ ਵਾਲੇ ਦਿਨ ਤੋਂ ਲੈ ਕੇ ਹੁਣ ਤੱਕ ਲੋਕ ਸੇਵਾ ਵਿੱਚ ਲੱਗੇ ਹੋਏ ਹਨ, ਨੇ ਰਾਵੀ ਦਰਿਆ ਦੇ ਨਾਲ ਲੱਗਦੇ ਪਿੰਡ ਮਾਛੀਵਾਲ ਵਿਖੇ ਖੇਤਾਂ ਦਾ ਜਾਇਜ਼ਾ ਲੈਣ ਉਪਰੰਤ ਦੱਸਿਆ ਕਿ ਇਸ ਇਲਾਕੇ ਵਿੱਚ ਰਾਵੀ ਦਰਿਆ ਨੇ ਖੇਤਾਂ ਵਿੱਚ ਦੋਵੇਂ ਪਾਸੇ ਚਾਰ-ਚਾਰ ਫੁੱਟ ਰੇਤ ਸੁੱਟ ਦਿੱਤੀ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਖੇਤਾਂ ਵਿੱਚ ਝੋਨਾ ਲੱਗਾ ਸੀ ਅਤੇ ਪੱਕਣ ਕਿਨਾਰੇ ਸੀ ਪਰ ਅਚਾਨਕ ਹੜ੍ਹ ਆ ਗਏ।ਹੜ੍ਹਾਂ ਨਾਲ ਰਾਵੀ ਦਰਿਆ ਵਿੱਚੋਂ ਰੇਤ ਨਿਕਲ ਕੇ ਕਿਸਾਨਾਂ ਦੇ ਖੇਤਾਂ ਦੇ ਵਿੱਚ ਪਹੁੰਚ ਗਈ, ਜੋ ਅੰਦਾਜ਼ਨ ਚਾਰ-ਚਾਰ ਫੁੱਟ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਾਂ ਵਿੱਚ ਕਦੋਂ ਪਾਣੀ ਸੁੱਕਣਾ ਹੈ ਅਤੇ ਫਿਰ ਕਦੋਂ ਰੇਤਾ ਚੁੱਕ ਕੇ ਕਣਕ ਦੀ ਬਿਜਾਈ ਕੀਤੀ ਜਾ ਸਕਣੀ ਹੈ, ਬਹੁਤ ਮੁਸ਼ਕਿਲ ਹੋ ਗਿਆ ਹੈ।ਅਕਤੂਬਰ ਮਹੀਨੇ ਤੱਕ ਕਣਕ ਦੀ ਬਜਾਈ ਸ਼ੁਰੂ ਹੋ ਜਾਂਦੀ ਹੈ ਪਰ ਇਨ੍ਹਾਂ ਦੋ ਮਹੀਨਿਆਂ ਵਿੱਚ ਇਹ ਰੇਤ ਚੁੱਕਣੀ ਅਸੰਭਵ ਹੈ।ਇਸਨੂੰ ਚੁੱਕਣ ਉਤੇ ਵੀ ਮਸ਼ੀਨਾਂ ਅਤੇ ਡੀਜ਼ਲ ਦਾ ਵੱਡਾ ਖਰਚਾ ਕਿਸਾਨਾਂ ਦੇ ਸਿਰ ਤੇ ਖਲੋਤਾ ਹੈ, ਜਿਸ ਨੂੰ ਸੋਚ ਕੇ ਕਿਸਾਨ ਪਰੇਸ਼ਾਨ ਹੋ ਰਿਹਾ ਹੈ। ਉਨਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਮਾਈਨਿੰਗ ਨੀਤੀ ਵਿੱਚ ਸੋਧ ਕਰਕੇ ਇਹ ਯਕੀਨੀ ਬਣਾਉਣ ਕਿ 'ਜਿਸ ਦਾ ਖੇਤ, ਉਸ ਦੀ ਰੇਤ' ਨੀਤੀ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਇਸ ਨੀਤੀ ਨਾਲ ਕਿਸਾਨ ਇਹ ਰੇਤ ਜਾਂ ਤਾਂ ਆਪ ਵੇਚ ਲਵੇਗਾ ਜਾਂ ਕਿਸੇ ਨੂੰ ਵੇਚ ਕੇ ਇਸ ਦੇ ਪੈਸੇ ਵੱਟ ਲਵੇਗਾ, ਜਿਸ ਨਾਲ ਉਸਦੇ ਪਰਿਵਾਰ ਦਾ ਗੁਜ਼ਾਰਾ ਚੱਲਦਾ ਰਹੇਗਾ।

## ਵਿਧਾਇਕ ਰੰਧਾਵਾ ਨੇ ਜੀਉਜਲਾਹੀ ਤੇ ਸ਼ਾਲੇਚੱਕ 'ਚ ਖ਼ਰਾਬ ਹੋਈਆਂ ਫ਼ਸਲਾਂ ਦਾ ਲਿਆ ਜਾਇਜ਼ਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਵੱਲੋਂ ਆਪਣੇ ਹਲਕੇ ਦੇ ਹੜ੍ਹ ਪ੍ਰਭਾਵਿਤ ਪਿੰਡ ਜੀਉਜਲਾਹੀ ਤੇ ਸ਼ਾਲੇਚੱਕ ਵਿਖੇ ਪਹੁੰਚ ਕੇ ਖ਼ਰਾਬ ਹੋਈਆਂ ਫ਼ਸਲਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ ਅਤੇ ਹੋਰ ਆਗੂ ਵੀ ਮੌਜੂਦ ਸਨ।ਵਿਧਾਇਕ ਰੰਧਾਵਾ ਨੇ ਕਿਹਾ ਕਿ ਰਾਵੀ ਦਰਿਆ ਦੇ ਹੜ੍ਹ ਕਾਰਨ ਹਲਕਾ ਡੇਰਾ ਬਾਬਾ ਨਾਨਕ ਦੇ 159 ਪਿੰਡ ਪ੍ਰਭਾਵਿਤ ਹੋਏ ਹਨ ਅਤੇ ਇਨ੍ਹਾਂ ਪਿੰਡਾਂ ਵਿੱਚ ਫ਼ਸਲਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ।ਉਨ੍ਹਾਂ ਕਿਹਾ ਕਿ ਬਹੁਤ ਸਾਰੇ ਪਿੰਡਾਂ ਵਿੱਚ ਅਜੇ ਵੀ ਹੜ੍ਹ ਦਾ ਪਾਣੀ ਖੜ੍ਹਾ ਹੈ ਅਤੇ ਫ਼ਸਲਾਂ ਪਾਣੀ ਵਿੱਚ ਡੁੱਬੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਪਾਣੀ ਘਟਣ ਤੋਂ ਬਾਅਦ ਫ਼ਸਲਾਂ ਦੇ ਨੁਕਸਾਨ ਦਾ ਪਤਾ ਲਗਾਉਣ ਲਈ ਵਿਸ਼ੇਸ਼ ਗਿਰਦਾਵਰੀ ਵੀ ਕਰਵਾਈ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਦੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਕੇਂਦਰ ਸਰਕਾਰ ਕੋਲੋਂ ਵੀ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਕੇਂਦਰ ਸਰਕਾਰ ਪੰਜਾਬ ਦੇ ਕਿਸਾਨਾਂ ਨੂੰ ਨਿਰਾਸ਼ ਨਹੀਂ ਕਰੇਗੀ।ਸ. ਰੰਧਾਵਾ ਨੇ ਕਿਹਾ ਕਿ ਉਹ ਹੜ੍ਹ ਪ੍ਰਭਾਵਿਤ ਲੋਕਾਂ ਦੇ ਨਾਲ ਹਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।



## ਹੜ੍ਹ ਪੀੜਤਾਂ ਦੀ ਮਦਦ ਲਈ ਰਾਹਤ ਸਮੱਗਰੀ ਦੀ ਟਰਾਲੀ ਭੇਜੀ

ਛੇਹਰਟਾ, (ਮਨੋਜ ਕੁਮਾਰ): ਪੁਤਲੀਘਰ ਨੇੜੇ ਸਥਿਤ ਸੀਪੀਐੱਮ ਦਫ਼ਤਰ ਤੋਂ ਕਮਿਊਨਿਸਟ ਆਗੂ ਕਾਮਰੇਡ ਰਘੂਨਾਥ ਸਿੰਘ ਤੇ ਸੀਟੂ ਦੇ ਮਰਹੂਮ ਕੌਮੀ ਸਕੱਤਰ ਦੇ ਪਿੰਡ ਬੀਣੇਵਾਲ (ਜ਼ਿਲ੍ਹਾ ਹੁਸ਼ਿਆਰਪੁਰ) ਤੋਂ ਰਾਹਤ ਸਮੱਗਰੀ ਨਾਲ ਭਰੀ ਟਰਾਲੀ ਨੂੰ ਕਾਮਰੇਡ ਤਰਸੇਮ ਟਪਿਆਲਾ ਤਹਿਸੀਲ ਸਕੱਤਰ ਸੀਪੀਐੱਮ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਦੀ ਮਦਦ ਲਈ ਅਜਨਾਲਾ ਤਹਿਸੀਲ ਦੇ ਪਿੰਡਾਂ ਕੋਟਲੀ, ਦਸੋਂਦੀ, ਡੱਬਰ ਤੇ ਤਲਵੰਡੀ ਨੂੰ ਭੇਜੀ ਗਈ। ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਇਸ ਟਰਾਲੀ ਨੂੰ ਝੰਡੀ ਦੇ ਕੇ ਰਵਾਨਾ ਕਰਨ ਤੋਂ ਪਹਿਲਾਂ ਆਏ ਸਾਥੀਆਂ ਦਾ ਸਵਾਗਤ ਕੀਤਾ ਤੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਹੜ੍ਹ ਪੀੜਤਾਂ ਦੀ ਮਦਦ ਕਰਨ ਦੇ ਚਾਹਵਾਨ ਸੀਪੀਐੱਮ ਦਫ਼ਤਰ, ਪੁਤਲੀਘਰ ਵਿਖੇ ਖੋਲ੍ਹੇ ਰਾਹਤ ਕੈਂਪ ਵਿਚ ਸਾਮਾਨ ਦੇਣ। ਸੀਪੀਐੱਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਮਜੀਠਾ ਨੇ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਰਾਹਤ ਸਮੱਗਰੀ ਦੀ ਟਰਾਲੀ ਲੈ ਕੇ ਪੁੱਜੇ ਕਾਮਰੇਡ ਦਲੀਪ ਚੰਦ ਸਮੇਤ ਹੁਣ ਤਕ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆ ਚੁੱਕੇ ਤਮਾਮ ਸਾਥੀਆਂ ਦਾ ਤਹਿ-ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਸਵਿੰਦਰ, ਲਖਬੀਰ, ਰਾਕੇਸ਼ ਕੁਮਾਰ, ਨਰੇਸ਼ ਕੁਮਾਰ, ਚੰਦਰ ਸ਼ੇਖਰ, ਤਰਨ ਸਿੰਘ, ਪ੍ਰੇਮ ਸਿੰਘ ਆਦਿ ਵੀ ਸ਼ਾਮਿਲ ਸਨ।



## ਐੱਨਸੀਸੀ ਕੈਡੇਟਸ ਨੇ ਹੜ੍ਹ ਪੀੜਤਾਂ ਲਈ ਮਦਦ ਦਾ ਹੱਥ ਵਧਾਇਆ

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੇ ਐੱਨਸੀਸੀ ਕੈਡੇਟਸ ਨੇ 2 ਪੰਜਾਬ ਨੇਵਲ ਐੱਨਸੀਸੀ ਯੂਨਿਟ, ਅੰਮ੍ਰਿਤਸਰ ਦੇ ਸਹਿਯੋਗ ਨਾਲ ਪੰਜਾਬ ਦੇ ਸਰਹੱਦੀ ਪਿੰਡਾਂ ਦੇ ਹੜ੍ਹ ਪੀੜਤ ਲੋਕਾਂ ਦੀ ਸਹਾਇਤਾ ਲਈ ਇੱਕ ਸਰਾਹਣਯੋਗ ਰਾਹਤ ਮੁਹਿੰਮ ਚਲਾਈ ਹੈ।ਇਹ ਰਾਹਤ ਸਮੱਗਰੀ ਸਭ ਤੋਂ ਵੱਧ ਪ੍ਰਭਾਵਿਤ ਪਿੰਡਾਂ ਬਮਿਆਲ, ਖੋਝਕੀ ਚੱਕ, ਕੋਟਲੀ, ਦੋਸਤਪੁਰ, ਸਿੰਬੋਲ ਸਕੋਲ ਅਤੇ ਬਲੋਟਰ ਵਿੱਚ ਰਹਿਣ ਵਾਲੇ ਪਰਿਵਾਰਾਂ ਤੱਕ ਪਹੁੰਚਾਈ ਗਈ, ਜਿਸ ਨਾਲ ਉਨ੍ਹਾਂ ਨੂੰ ਇਹ ਮੁਸ਼ਕਲ ਵੇਲੇ ਵਿੱਚ ਸਹਾਇਤਾ ਅਤੇ ਹੌਸਲਾ ਮਿਲਿਆ।ਇਸ ਮੁਹਿੰਮ ਨੇ ਨਾ ਸਿਰਫ਼ ਤੁਰੰਤ ਮਦਦ ਪਹੁੰਚਾਈ, ਸਗੋਂ ਨੌਜਵਾਨ ਐੱਨਸੀਸੀ ਕੈਡੇਟਸ ਵਿੱਚ ਚੰਗੇ ਨਾਗਰਿਕ ਹੋਣ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵੀ ਮਜ਼ਬੂਤ ਕੀਤਾ।ਇਸ ਪਹਿਲ ਬਾਰੇ ਗੱਲ ਕਰਦੇ ਹੋਏ 2 ਪੰਜਾਬ ਨੇਵਲ ਐੱਨਸੀਸੀ. ਯੂਨਿਟ ਦੇ ਕਮਾਂਡਿੰਗ ਅਫਸਰ ਕਮਾਂਡਰ ਐੱਨ. ਨਿਸ਼ਾਂਤ ਨੇ ਕਿਹਾ ਕਿ ਇਹ ਅਭਿਆਸ ਐੱਨਸੀਸੀ ਦੀ ਅਸਲ ਭਾਵਨਾ ਨੂੰ ਦਰਸਾਉਂਦਾ ਹੈ।



# ਸੰਘਰਸ਼ ਨੂੰ ਹੋਰ ਤੇਜ਼ ਕਰਾਂਗੇ: ਅਜਨਾਲਾ



ਛੇਹਰਟਾ, (ਮਨੋਜ ਕੁਮਾਰ): ਗੌਰਮਿੰਟ ਪੈਨਸ਼ਨਰ ਯੂਨੀਅਨ ਜ਼ਿਲ੍ਹਾ ਇਕਾਈ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਨਰਿੰਦਰਪਾਲ ਚਮਿਆਰੀ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੰਪਨੀ ਬਾਗ ਵਿਚ ਹੋਈ। ਜਨਰਲ ਸਕੱਤਰ ਕਾਮਰੇਡ ਸਵਿੰਦਰ ਸਿੰਘ ਅਦਲੀਵਾਲ ਵੱਲੋਂ ਪੇਸ਼ ਕੀਤੇ ਮੀਟਿੰਗ ਦੇ ਏਜੰਡਾ 'ਤੇ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸੂਬਾ ਚੇਅਰਮੈਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿਚ ਆਏ ਹੜ੍ਹਾਂ ਕਾਰਨ ਨੁਕਸਾਨ ਦੀ ਭਰਪਾਈ ਕਰਨ ਲਈ ਵੱਧ ਤੋਂ ਵੱਧ ਸਹਾਇਤਾ ਇਕੱਠੀ ਕੀਤੀ ਜਾਵੇ, ਤਾਂ ਜੋ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬਾਈ ਕਮੇਟੀ ਦੇ ਫ਼ੈਸਲੇ ਅਨੁਸਾਰ ਮੈਂਬਰਸ਼ਿਪ ਇੱਕਠੀ ਕਰਕੇ ਜ਼ਿਲ੍ਹਾ ਕਮੇਟੀਆਂ ਦੀ ਚੋਣ ਕੀਤੀ ਜਾਵੇ। ਉਪਰੰਤ ਜਨਵਰੀ 2026 ਵਿਚ ਸਟੇਟ ਪੱਧਰੀ ਕਾਨਫਰੰਸ ਕਰਕੇ ਸੂਬਾਈ ਚੋਣ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰਾਂ 'ਤੇ ਟੇਕ ਨਾ ਰੱਖ ਕੇ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਇਸ ਮੀਟਿੰਗ ਵਿਚ ਸਵਿੰਦਰ ਸਿੰਘ ਮੀਰਾਂਕੋਟ, ਸੇਵਾ ਸਿੰਘ ਨੰਬਰਦਾਰ, ਤਰਸੇਮ ਟਪਿਆਲਾ, ਸੁਲੱਖਣ ਸਿੰਘ, ਜਰਨੈਲ ਸਿੰਘ ਢਿੱਲੋਂ, ਕੇਵਲ ਸਿੰਘ, ਬਲਦੇਵ ਸਿੰਘ, ਦਲਜੀਤ ਸਿੰਘ ਭੋਮਾ, ਕੁਲਦੀਪ ਸਿੰਘ, ਸੰਤੋਖ ਸਿੰਘ, ਬਲਜਿੰਦਰ ਸਿੰਘ, ਧਿਆਨ ਚੰਦ ਆਦਿ ਸਾਥੀ ਵੀ ਹਾਜ਼ਰ ਸਨ।

# 30 ਲੱਖ ਰੁਪਏ ਫਿਰੌਤੀ ਮੰਗਣ ਦੇ ਦੋਸ਼ 'ਚ ਗ੍ਰਿਫ਼ਤਾਰ

ਬਟਾਲਾ, (ਡਾ. ਮਲਵਿੰਦਰ ਸਿੰਘ)-ਗੁਰਪ੍ਰਤਾਪ ਸਿੰਘ ਸਹੋਤਾ ਐੱਸਪੀ (ਡੀ) ਬਟਾਲਾ ਨੇ ਮੀਡੀਆ ਨਾਲ ਗੱਲ ਕਰਦਿਆਂ ਦੱਸਿਆ ਕਿ 27 ਜੁਲਾਈ ਨੂੰ ਮੁਦਈ ਰਜਿੰਦਰ ਸਿੰਘ ਪੁੱਤਰ ਜਵਾਹਰ ਸਿੰਘ ਵਾਸੀ ਪਿੰਡ ਹਰਦੋਝੰਡੇ ਨੂੰ ਵਿਦੇਸ਼ ਦੇ ਨੰਬਰਾਂ ਤੋਂ ਕਾਲਾਂ ਕਰਕੇ 30 ਲੱਖ ਰੁਪਏ ਫਿਰੌਤੀ ਦੀ ਮੰਗ ਕੀਤੀ ਗਈ ਸੀ ਤੇ ਫਿਰੌਤੀ ਨਾ ਦੇਣ 'ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ। ਮੁਦਈ ਦੇ ਬਿਆਨ 'ਤੇ ਮੁੱਕਦਮਾ ਨੰਬਰ 116 ਮਿਤੀ 27-07-2025 ਜੁਰਮ 308 (4) ਬੀਐੱਨਐੱਸ ਥਾਣਾ ਸਦਰ ਬਟਾਲਾ ਦਰਜ ਰਜਿਸਟਰ ਕਰਕੇ ਤਫਤੀਸ਼ ਸ਼ੁਰੂ ਕੀਤੀ ਗਈ।

ਬਟਾਲਾ ਪੁਲਸ ਨੇ ਧਮਕੀ ਦੇਣ ਵਾਲੇ ਵਿਅਕਤੀ ਨੂਰਜੀਤ ਸਿੰਘ ਉਰਫ ਜਬਰੂ ਪੁੱਤਰ ਅਮਰੀਕ ਸਿੰਘ ਵਾਸੀ ਜੱਲੂਵਾਲ ਥਾਣਾ ਬਿਆਸ ਜ਼ਿਲ੍ਹਾ ਅੰਮ੍ਰਿਤਸਰ ਹਾਲ ਵਾਸੀ ਮਲੇਸ਼ੀਆ ਤੇ ਮੁਦਈ ਦੀ ਇਨਫਾਰਮੇਸ਼ਨ ਦੇਣ ਵਾਲਾ ਰਵਿੰਦਰ ਸਿੰਘ ਉਰਫ ਹੈਪੀ ਪੁੱਤਰ ਸਰਬਜੀਤ ਸਿੰਘ ਵਾਸੀ ਹਰਦੋਝੰਡੇ ਥਾਣਾ ਸਦਰ ਬਟਾਲਾ ਨੂੰ ਗ੍ਰਿਫਤਾਰ ਕੀਤਾ ਗਿਆ। ਨੂਰਜੀਤ ਸਿੰਘ ਨੂੰ ਮੁਦਈ ਰਜਿੰਦਰ ਸਿੰਘ ਦੀ ਸਾਰੀ ਇਨਫਾਰਮੇਸ਼ਨ ਰਵਿੰਦਰ ਹੈਪੀ ਦਿੰਦਾ ਸੀ ਤੇ ਉਸ ਪਾਸੋਂ 30 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕਰਨ ਲਈ ਵੀ ਰਵਿੰਦਰ ਸਿੰਘ ਹੈਪੀ ਨੇ ਕਿਹਾ ਸੀ।



# ਚੰਬਾ ਕਲਾਂ ਪਿੰਡ ਦੀ ਆਬਾਦੀ ਹੜ੍ਹ ਦੀ ਮਾਰ ਹੇਠ ਆਉਣ ਦਾ ਖਦਸ਼ਾ : ਮਾਸਟਰ ਦਲਬੀਰ ਸਿੰਘ

ਚੋਹਲਾ ਸਾਹਿਬ (ਰਮਨ ਚੱਢਾ)-ਮਾਸਟਰ ਦਲਬੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਤੇਜ਼ ਅਤੇ ਲਗਾਤਾਰ ਹੋਈ ਬਾਰਿਸ਼ ਕਾਰਨ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਹੜ ਆ ਗਏ ਜਿਸ ਕਾਰਨ ਜਿੱਥੇ ਕਿਸਾਨਾਂ ਦੀਆਂ ਫਸਲਾਂ, ਪਸ਼ੂਆਂ ਦਾ ਚਾਰਾ ਨਸ਼ਟ ਹੋਏ ਉੱਥੇ ਗਰੀਬ ਲੋਕਾਂ ਦੇ ਘਰਾਂ ਦੀਆਂ ਛੱਤਾਂ, ਕੰਧਾਂ ਡਿੱਗਣ ਕਾਰਨ ਅੰਦਰ ਪਿਆ ਸਾਮਾਨ ਵੀ ਖਰਾਬ ਹੋ ਗਿਆ ਹੈ ਅਤੇ ਲੋਕ ਬੇਘਰ ਹੋ ਗਏ। ਉਨ੍ਹਾਂ ਦੱਸਿਆ ਕਿ ਪਿੰਡ ਚੰਬਾ ਕਲਾਂ ਦੇ ਨਜ਼ਦੀਕ ਦਰਿਆਈ ਪਾਣੀ ਤੇਜ਼ੀ ਨਾਲ ਅਤੇ ਉੱਚੇ ਪੱਧਰ ਤੇ ਵੱਗਣ ਕਾਰਨ ਇਸ ਪਿੰਡ ਦੇ ਕਿਸਾਨਾਂ ਦੀ ਫਸਲ ਅਤੇ ਪਸ਼ੂਆਂ ਦਾ ਚਾਰਾ ਖਰਾਬ ਹੋ ਚੁੱਕਾ ਅਤੇ ਦਰਿਆਈ ਪਾਣੀ ਇਸ ਪਿੰਡ ਦੇ ਨਜ਼ਦੀਕ ਸਥਿਤ ਬਾਬਾ ਕਾਲਾ ਮਾਹਰ ਜੀ ਦੀ ਜਗ੍ਹਾ ਨਾਲ ਖਹਿਣ ਕਾਰਨ ਮਿੱਟੀ ਦੀਆਂ ਢਿੱਗਾਂ ਡਿੱਗਣੀਆਂ ਸ਼ੁਰੂ ਹੋ ਗਈਆਂ ਹਨ ਅਤੇ ਵੱਡਾ ਪਾੜ ਵੀ ਪੈ ਗਿਆ ਹੈ। ਉਨ੍ਹਾਂ ਦੱਸਿਆ ਕਿ ਜੇਕਰ ਇਸੇ ਤਰ੍ਹਾਂ ਦਰਿਆਈ ਪਾਣੀ ਆਪਣੀ ਮਾਰ ਕਰਦਾ ਰਿਹਾ ਤਾਂ ਆਉਣ ਵਾਲੇ ਦਿਨਾਂ ਵਿੱਚ ਪਿੰਡ ਚੰਬਾ ਕਲਾਂ ਦੀ ਆਬਾਦੀ ਹੜ੍ਹਾਂ ਦੀ ਮਾਰ ਹੇਠ ਆ ਸਕਦੀ ਹੈ ਜਿਸ ਕਾਰਨ ਭਾਰੀ ਨੁਕਸਾਨ ਵੀ ਹੋ ਸਕਦਾ ਹੈ। ਪਿੰਡ ਦੇ ਵਸਨੀਕ ਦਿਨ ਰਾਤ ਇੱਕ ਕਰਕੇ ਟੁੱਟੇ ਬੰਨ੍ਹ ਬੰਨ੍ਹਣ ਦੀ ਲਗਾਤਾਰ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਪਿੰਡ ਚੰਬਾ ਕਲਾਂ ਵਿਖੇ ਸਥਿਤ ਬਾਬਾ ਕਾਲਾ ਮਾਹਰ ਜੀ ਦੀ ਜਗ੍ਹਾ ਨੂੰ ਬਚਾਇਆ ਜਾਵੇ। ਇਸ ਮੌਕੇ ਬਾਬਾ ਮਲਕੀਤ ਸਿੰਘ, ਮਾਸਟਰ ਗੁਰਨਾਮ ਸਿੰਘ, ਅਜੀਤਪਾਲ ਸਿੰਘ ਬਿੱਟੂ, ਸਾਬਕਾ ਸਰਪੰਚ ਬਲਕਾਰ ਸਿੰਘ, ਗੁਰਬਚਨ ਸਿੰਘ ਸਾਬਕਾ ਸਰਪੰਚ, ਸੁਖਦੇਵ ਸਿੰਘ, ਰਾਜਾ ਸਿੰਘ ਜੱਲੇਵਾਲ, ਲਖਬੀਰ ਸਿੰਘ ਹੇਅਰ, ਸਤਪਾਲ ਸਿੰਘ ਹੇਅਰ, ਕੁਲਦੀਪ ਸਿੰਘ ਅਤੇ ਰਣਜੀਤ ਸਿੰਘ ਆਦਿ ਹਾਜ਼ਰ ਸਨ।



# ਬਾਬਾ ਜਗਤਾਰ ਸਿੰਘ ਕਾਰ ਸੇਵਾ ਵਾਲਿਆਂ ਰਾਵੀ ਦੇ ਟੁੱਟੇ ਬੰਨ੍ਹ ਨੂੰ ਬੰਨ੍ਹਣ ਦਾ ਮੋਰਚਾ ਸੰਭਾਲਿਆ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਰਾਵੀ ਦਰਿਆ ਜਿਸ ਨੇ ਅਜਨਾਲਾ ਅਤੇ ਰਮਦਾਸ ਇਲਾਕੇ ਵਿੱਚ ਵੱਡੀ ਤਬਾਹੀ ਲਿਆਂਦੀ ਸੀ, ਦੇ ਟੁੱਟੇ ਹੋਏ ਬੰਨ੍ਹ ਬੰਨ੍ਹਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।ਜ਼ਿਲਾ ਪ੍ਰਸ਼ਾਸਨ ਦੇ ਨਾਲ ਨਾਲ ਕਾਰ ਸੇਵਾ ਵਾਲੇ ਮਹਾਂਪੁਰਖ ਵੀ ਵੱਡੀ ਸਰਗਰਮੀ ਨਾਲ ਇਸ ਮੁਹਿੰਮ ਵਿੱਚ ਸਾਥ ਦੇ ਰਹੇ ਹਨ।ਇਸ ਤੋਂ ਪਹਿਲਾਂ ਦੋ ਬੰਨ੍ਹ ਭਰਨ ਦਾ ਕੰਮ ਚੱਲ ਰਿਹਾ ਹੈ ਅਤੇ ਅੱਜ ਤੀਸਰਾ ਬੰਨ੍ਹ ਜੋ ਕਿ ਮਾਛੀਵਾਲਾ ਦਾ ਹੈ, ਨੂੰ ਭਰਨ ਲਈ ਕਾਰ ਸੇਵਾ ਵਾਲੇ ਮਹਾਂਪੁਰਖ ਬਾਬਾ ਜਗਤਾਰ ਸਿੰਘ ਤਰਨ ਤਰਨ ਵਾਲਿਆਂ ਨੇ ਅਰਦਾਸ ਕਰਕੇ ਕਾਰ ਸੇਵਾ ਸ਼ੁਰੂ ਕਰ ਦਿੱਤੀ।

ਇਸ ਮੌਕੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਅਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵਿਸ਼ੇਸ਼ ਤੌਰ ਉਤੇ ਹਾਜ਼ਰ ਹੋਏ।ਵਿਧਾਇਕ ਧਾਲੀਵਾਲ ਨੇ ਮਹਾਂਪੁਰਖਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਵੱਡੇ ਸੰਕਟ ਵਿੱਚ ਅਜਨਾਲਾ ਪਹੁੰਚ ਕੇ ਬਾਬਾ ਜਗਤਾਰ ਸਿੰਘ ਹੁਰਾਂ ਨੇ ਜੋ ਸਾਡਾ ਸਾਥ ਦਿੱਤਾ ਹੈ, ਇਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕੇਗਾ।ਇਹ 500 ਮੀਟਰ ਦੇ ਕਰੀਬ ਪਾੜ ਧੁੱਸੀ ਵਿੱਚ ਪਿਆ ਸੀ, ਜਿਸ ਕਾਰਨ ਪਾਣੀ ਅਜਨਾਲਾ ਤੱਕ ਜਾ ਲੱਗਾ ਸੀ।

ਮਹਾਂਪੁਰਖ ਆਪਣੀ ਵੱਡੀ ਗਿਣਤੀ ਵਿੱਚ ਸੰਗਤ, ਮਸ਼ੀਨਰੀ ਦੇ ਨਾਲ ਇੱਥੇ ਪਹੁੰਚੇ ਅਤੇ ਉਨ੍ਹਾਂ ਨੇ ਅਰਦਾਸ ਕਰਕੇ ਇਹ ਮੋਰਚਾ ਫਤਿਹ ਕਰਨ ਲਈ ਕੰਮ ਸ਼ੁਰੂ ਕੀਤਾ ਹੈ। ਸ਼੍ਰੀ ਧਾਲੀਵਾਲ ਨੇ ਦੱਸਿਆ ਕਿ ਆਸ ਹੈ ਕਿ ਇਹ ਕੰਮ ਅੱਠ ਦਿਨਾਂ ਦੇ ਵਿੱਚ ਵਿੱਚ ਪੂਰਾ ਕਰ ਲਿਆ ਜਾਵੇਗਾ।



# ਹੜ੍ਹਾਂ ਕਾਰਨ ਮੱਲ੍ਹੀਆਂ ਦਾ ਸਾਲਾਨਾ ਕਬੱਡੀ ਕੱਪ ਮੁਲਤਵੀ

### * ਮੈਚ 'ਤੇ ਹੋਣ ਵਾਲਾ ਸਾਰਾ ਖਰਚਾ ਹੜ੍ਹ ਪੀੜਤਾਂ ਨੂੰ ਦੇਣ ਦਾ ਐਲਾਨ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਮੱਲ੍ਹੀਆਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਬੱਡੀ ਕੱਪ ਕਰਵਾਇਆ ਜਾਣਾ ਸੀ, ਪਰ ਇਸ ਵਾਰ ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬ ਸੂਬੇ ਵਿੱਚ ਲੋਕਾਂ ਦਾ ਬਹੁਤ ਹੀ ਜਾਨੀ ਅਤੇ ਮਾਲੀ ਨੁਕਸਾਨ ਹੋ ਗਿਆ ਹੈ।ਪੰਜਾਬ ਦੇ ਮਾੜੇ ਹਾਲਾਤ ਨੂੰ ਵੇਖਦਿਆਂ ਪਿੰਡ ਮੱਲ੍ਹੀਆਂ ਨਗਰ ਨਿਵਾਸੀਆਂ ਅਤੇ ਉਮੀਦ ਆਰਗੇਨਾਈਜੇਸ਼ਨ ਸੰਸਥਾ ਦੇ ਪ੍ਰਧਾਨ ਹਰਜੀਤ ਸਿੰਘ ਯੂਐੱਸਏ, ਰਾਜ ਭਨੋਟ ਆਸਟ੍ਰੇਲੀਆ ਨੇ ਪੱਤਰਕਾਰ ਨਾਲ ਫੋਨ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵਾਰ ਹਰ ਸਾਲ ਦੀ ਤਰ੍ਹਾਂ ਹੋਣ ਵਾਲਾ ਕਬੱਡੀ ਕੱਪ ਸਾਰਿਆਂ ਦੀ ਸਲਾਹ ਨਾਲ ਮੁਲਤਵੀ ਕਰ ਦਿੱਤਾ ਗਿਆ ਹੈ।ਇਸ ਮੌਕੇ ਰਾਜ ਭਨੋਟ ਆਸਟਰੇਲੀਆ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਵਾਰ ਕਬੱਡੀ ਕੱਪ ਨਹੀਂ ਕਰਵਾਇਆ ਜਾਏਗਾ ਅਤੇ ਇਸ ਕਬੱਡੀ ਕੱਪ 'ਤੇ ਜਿੰਨਾ ਵੀ ਖਰਚਾ ਆਉਂਦਾ ਸੀ ਉਹ ਸਾਰਾ ਹੜ੍ਹ ਪੀੜਤਾਂ ਦੀ ਮਦਦ ਵਾਸਤੇ ਦਿੱਤਾ ਜਾਵੇਗਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਕਬੱਡੀ ਕੱਪ ਖਿਡਾਰੀ ਸੁਖਮਨ ਚੋਹਲਾ ਦੀ ਯਾਦ ਵਿੱਚ ਪਿੰਡ ਮੱਲ੍ਹੀਆਂ ਵਿਖੇ ਤਿੰਨ ਕਬੱਡੀ ਕੱਪ ਕਰਵਾਏ ਗਏ ਸਨ।


ਪਿਛਲੀ ਵਾਰ ਬਾਬਾ ਗੱਜਣ ਸਿੰਘ ਤਰਨਾ ਦਲ ਦੇ 15ਵੇਂ ਮੁਖੀ ਦੀ ਯਾਦ ਵਿੱਚ ਕਬੱਡੀ ਕੱਪ ਕਰਾਇਆ ਗਿਆ ਸੀ ਪਰ ਇਸ ਵਾਰ ਹਾਲਾਤ ਦੇ ਮੱਦੇਨਜ਼ਰ ਇਸ ਕਬੱਡੀ ਕੱਪ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ।

# 'ਹਾਅ ਦਾ ਨਾਹਰਾ' ਮਾਰਨ ਲਈ ਜਨਤਕ ਇਕੱਠ ਭਲਕੇ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਰਕਾਰ ਵੱਲੋਂ ਬਲਾਕਾਂ ਦੇ ਕੀਤੇ ਗਏ ਪੁਨਰਗਠਨ ਨੋਟੀਫਿਕੇਸ਼ਨ ਵਿੱਚ ਬਲਾਕ ਤਰਸਿੱਕਾ ਦੀ ਹੋਂਦ ਨੂੰ ਖਤਮ ਕਰ ਦਿੱਤਾ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਸਮੁੱਚੇ ਪਿੰਡਾਂ ਨੂੰ ਇੱਕ ਹੀ ਬਲਾਕ ਜੰਡਿਆਲਾ ਗੁਰੂ ਬਲਾਕ ਨਾਲ ਜੋੜ ਦਿੱਤਾ ਜਿਸ ਨਾਲ ਵਿਧਾਨ ਸਭਾ ਜੰਡਿਆਲਾ ਗੁਰੂ ਵਿੱਚ ਪੈਂਦੇ ਤਰਸਿੱਕਾ ਤੇ ਮਹਿਤਾ ਏਰੀਏ ਦੇ ਪਿੰਡਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਸਰਪੰਚ ਹਰਭਿੰਦਰ ਸਿੰਘ ਅਤੇ ਪਲਵਿੰਦਰ ਸਿੰਘ ਖੁਜਾਲਾ ਨੇ ਦੱਸਿਆ ਕਿ ਇਸ ਬਲਾਕ ਦੀ ਹੋਂਦ ਨੂੰ ਬਚਾਉਣ ਲਈ 9 ਸਤੰਬਰ ਦਿਨ ਮੰਗਲਵਾਰ ਨੂੰ ਬਲਾਕ ਦਫਤਰ ਤਰਸਿੱਕਾ ਵਿਖੇ ਇਕ ਜਨਤਕ ਇਕੱਠ ਕੀਤਾ ਜਾ ਰਿਹਾ ਹੈ ਜਿਸ ਵਿੱਚ ਹਾਅ ਦਾ ਨਾਹਰਾ ਮਾਰਿਆ ਜਾਵੇਗਾ ਅਤੇ ਹਲਕਾ ਵਿਧਾਇਕ ਅਤੇ ਸਰਕਾਰ ਜੋ ਕਿ ਕੁੰਬਕਰਨੀ ਨੀਂਦ ਸੁੱਤੇ ਹੋਏ ਹਨ, ਨੂੰ ਜਗਾਇਆ ਜਾਏਗਾ। ਇਸ ਜਨਤਕ ਇਕੱਠ ਵਿੱਚ ਸਾਰੀਆਂ ਪਾਰਟੀਆਂ ਹੀ ਸ਼ਾਮਿਲ ਹੋ ਰਹੀਆਂ ਹਨ ਜੋ ਕਿ ਸਿਰਫ ਬਲਾਕ ਨੂੰ ਬਚਾਉਣ ਲਈ ਹੀ ਗੱਲ ਕਰਨਗੀਆਂ ਅਤੇ ਆਪਣੇ ਸਾਰੇ ਸਿਆਸੀ ਮੱਤਭੇਦ ਭੁਲਾ ਕੇ ਹਾਅ ਦਾ ਨਾਹਰਾ ਮਾਰਨਗੀਆਂ।

# ਖ਼ਾਲਸਾ ਕਾਲਜ ਤੇ ਪਬਲਿਕ ਸਕੂਲ ਅੰਮ੍ਰਿਤਸਰ ਵੱਲੋਂ ਹੜ੍ਹ ਪੀੜਤਾਂ ਲਈ 2 ਲੱਖ 35 ਹਜ਼ਾਰ ਦਾ ਚੈੱਕ ਭੇਟ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਇਤਿਹਾਸਕ ਖ਼ਾਲਸਾ ਕਾਲਜ ਅਤੇ ਖ਼ਾਲਸਾ ਕਾਲਜ ਪਬਲਿਕ ਸਕੂਲ ਜੀ. ਟੀ. ਰੋਡ ਅੰਮ੍ਰਿਤਸਰ ਵੱਲੋਂ ਸੂਬੇ 'ਚ ਕੁਦਰਤੀ ਕਰੋਪੀ ਕਾਰਨ ਹੜ੍ਹ ਦੀ ਮਾਰ ਹੇਠ ਆਏ ਪਿੰਡਾਂ ਦੇ ਵਸਨੀਕਾਂ ਦੀ ਸਹਾਇਤਾ ਲਈ ਕ੍ਰਮਵਾਰ ਚੈੱਕ ਅਤੇ ਰਾਹਤ ਸਮੱਗਰੀ ਰਾਹੀਂ ਯੋਗਦਾਨ ਪਾਇਆ ਗਿਆ।ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ: ਆਤਮ ਸਿੰਘ ਰੰਧਾਵਾ ਨੇ ਅਜਨਾਲਾ ਵਿਖੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ 2 ਲੱਖ 35 ਹਜ਼ਾਰ ਦੇ ਕਰੀਬ ਦਾ ਚੈੱਕ ਅਤੇ ਸਕੂਲ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਵੱਲੋਂ ਰਾਸ਼ਨ ਤੇ ਹੋਰ ਖਾਧ ਵਸਤੂਆਂ ਸਬੰਧੀ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਦੌਰਾਨ ਪ੍ਰਿੰਸੀਪਲ ਡਾ: ਰੰਧਾਵਾ ਅਤੇ ਪ੍ਰਿੰਸੀਪਲ ਗਿੱਲ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੌਂਸਲ ਨੇ ਹਮੇਸ਼ਾ ਹੀ ਪੰਜਾਬ 'ਤੇ ਜਦ ਕਦੇ ਵੀ ਕਿਸੇ ਵੀ ਤਰ੍ਹਾਂ ਕੋਈ ਕੁਦਰਤੀ ਆਫ਼ਤ ਅਤੇ ਬਿਪਤਾ ਆਦਿ ਦੀ ਔਖੀ ਘੜੀ ਆਈ ਤਾਂ ਸਮੂਹ ਮੈਨੇਜਮੈਂਟ ਨੇ ਹਮੇਸ਼ਾ ਹੀ ਅਗਾਂਹ ਕਦਮ ਪੁੱਟਦੇ ਹੋਏ ਮੁਸੀਬਤ 'ਚ ਆਏ ਲੋਕਾਂ ਦੀ ਹਮੇਸ਼ਾ ਬਾਂਹ ਫੜੀ ਹੈ।ਉਨ੍ਹਾਂ ਕਿਹਾ ਕਿ ਉਕਤ ਸੁਵਿਧਾ ਅਧਿਆਪਕ ਦਿਵਸ ਵਜੋਂ ਹੜ੍ਹ ਦੀ ਮਾਰ ਹੇਠ ਆਏ ਲੋੜਵੰਦ ਲੋਕਾਂ ਨੂੰ ਪ੍ਰਦਾਨ ਕੀਤੀ ਗਈ ਹੈ ਅਤੇ ਅਗਾਂਹ ਭਵਿੱਖ 'ਚ ਵੀ ਅਜਿਹੇ ਯੋਗਦਾਨ ਜਾਰੀ ਰਹੇਗਾ।ਇਸ ਦੌਰਾਨ ਡੀਸੀ ਸ਼੍ਰੀਮਤੀ ਸਾਹਨੀ ਨੇ ਹੜ੍ਹ ਪੀੜਤਾਂ ਲਈ ਦਿੱਤੇ ਗਏ ਸਹਿਯੋਗ ਲਈ ਮਜੀਠੀਆ, ਸ: ਛੀਨਾ ਅਤੇ ਪ੍ਰਿੰਸੀਪਲ: ਡਾ. ਰੰਧਾਵਾ ਤੇ ਹੋਰਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਕਤ ਸੰਸਥਾ ਵੱਲੋਂ ਸਮਾਜ ਦੀ ਉਨਤੀ-ਤਰੱਕੀ ਅਤੇ ਦੇਸ਼ ਦੀ ਖੁਸ਼ਹਾਲੀ ਲਈ ਕੀਤੇ ਜਾਂਦੇ ਯਤਨਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਇਸ ਦੌਰਾਨ ਰਜਿਸਟਰਾਰ ਡਾ: ਦਵਿੰਦਰ ਸਿੰਘ, ਪ੍ਰੋ: ਹੀਰਾ ਸਿੰਘ, ਸਟਾਫ਼ ਸਕੱਤਰ ਡਾ: ਸੁਖਜੀਤ ਸਿੰਘ, ਟੀਚਰ ਯੂਨੀਅਨ ਦੇ ਮੈਂਬਰ ਅਤੇ ਹੋਰ ਸਟਾਫ਼ ਮੌਜੂਦ ਸਨ।

# ਯੂਥ ਕਲੱਬ ਪੰਜਾਬ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ, ਲੋੜਵੰਦਾਂ ਨੂੰ ਵੰਡੀਆਂ ਦਵਾਈਆਂ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਦੇ ਇੰਚਾਰਜ ਅਤੇ ਸਾਬਕਾ ਚੇਅਰਮੈਨ ਪਨਸਪ ਪੰਜਾਬ ਬਲਬੀਰ ਸਿੰਘ ਪਨੂੰ ਵਲੋਂ ਹਲਕੇ ਦੇ ਯੂਥ ਕਲੱਬ ਪੰਜਾਬ ਦੇ ਆਪਣੇ ਸਾਥੀਆਂ ਨਾਲ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਅਤੇ ਦਵਾਈਆਂ ਦੀ ਸੇਵਾ ਕੀਤੀ ਗਈ।

ਇਸ ਮੌਕੇ ਗੱਲ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਆਪਣੇ ਲੋਕਾਂ ਦੇ ਨਾਲ ਹੈ ਅਤੇ ਰਾਹਤ ਕਾਰਜ ਉਸ ਸਮੇਂ ਤੱਕ ਜਾਰੀ ਰਹਿਣਗੇ ਜਦ ਤੱਕ ਹਾਲਾਤ ਪੂਰੀ ਤਰ੍ਹਾਂ ਸਧਾਰਨ ਨਹੀਂ ਹੋ ਜਾਂਦੇ।

ਉਨ੍ਹਾਂ ਕਿਹਾ ਕਿ ਇਸ ਮੁਸ਼ਕਲ ਵੇਲੇ ਵਿੱਚ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਉਹ ਖੜ੍ਹੇ ਹਨ ਅਤੇ ਹਰੇਕ ਸੰਭਵ ਸਹਾਇਤਾ ਜਾਰੀ ਰਹੇਗੀ।ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਦੀ ਅਗਵਾਈ ਵਿੱਚ ਸਮੁੱਚੀ ਆਮ ਆਦਮੀ ਪਾਰਟੀ ਦੀ ਟੀਮ, ਸਰਕਾਰੀ ਅਮਲਾ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਰਾਹਤ ਕਾਰਜਾਂ ਅਤੇ ਰਾਹਤ ਸਮੱਗਰੀ ਲੋੜਵੰਦ ਲੋਕਾਂ ਤੱਕ ਪਹੁੰਚਾਈ ਦਾ ਰਹੀ ਹੈ ਅਤੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਾਣੀ ਉਤਰ ਜਾਣ ਤੋਂ ਬਾਅਦ ਵੀ ਲੋੜ ਮੁਤਾਬਕ ਰਾਹਤ ਕਾਰਜ ਜਾਰੀ ਰਹਿਣਗੇ।



# ਟਾਂਗਰਾ ਦੇ ਟੁੱਟੇ ਫਲਾਈਓਵਰ ਦੀ ਸਾਰ ਲੈਣ ਪਹੁੰਚੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਗਿੱਲ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਭਾਰੀ ਬਰਸਾਤ ਕਾਰਨ ਜਿੱਥੇ ਸਰਹੱਦੀ ਖੇਤਰ ਹੜ੍ਹਾਂ ਦੀ ਮਾਰ ਹੇਠ ਹੈ, ਉਥੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਕਸਬੇ ਟਾਂਗਰਾ ਦਾ ਨਵਾਂ ਬਣਿਆ ਫਲਾਈਓਵਰ ਚਾਲੂ ਹੋਣ ਤੋਂ ਕੁਝ ਦਿਨ ਬਾਅਦ ਹੀ ਬਰਸਾਤ ਕਾਰਨ ਟੁੱਟ ਗਿਆ।ਇਹ ਪੁਲ ਪਿਛਲੇ ਕਾਫੀ ਦਿਨਾਂ ਤੋਂ ਮੀਡੀਆ ਅਤੇ ਸੋਸ਼ਲ ਮੀਡੀਆ ਵਿਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਸੀ।ਅੱਜ ਹਲਕਾ ਜੰਡਿਆਲਾ ਗੁਰੂ ਤੋਂ ਭਾਜਪਾ ਦੇ ਇੰਚਾਰਜ ਅਤੇ ਪਾਰਟੀ ਦੇ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਪ੍ਰਧਾਨ ਹਰਦੀਪ ਸਿੰਘ ਗਿੱਲ ਰਾਸ਼ਟਰੀ ਰਾਜਮਾਰਗ ਦੇ ਸਥਾਨਕ ਅਧਿਕਾਰੀਆਂ ਸਮੇਤ ਟੁੱਟੇ ਹੋਏ ਪੁਲ ਦਾ ਮੁਆਇਨਾ ਕਰਨ ਪਹੁੰਚੇ ਅਤੇ ਲੋਕਾਂ ਨੂੰ ਪੇਸ਼ ਆ ਰਹੀ ਮੁਸ਼ਕਿਲ ਬਾਰੇ ਅਧਿਕਾਰੀਆਂ ਨੂੰ ਜਾਣੂ ਕਰਵਾਉਂਦਿਆਂ ਕਿਹਾ ਕਿ ਪੁਲ ਬੰਦ ਹੋਣ ਕਾਰਨ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਕਾਫੀ ਤੰਗੀ ਪੇਸ਼ ਆ ਰਹੀ ਹੈ।ਭਾਜਪਾ ਆਗੂ ਨੂੰ ਮੌਕੇ ਉੱਪਰ ਪਹੁੰਚੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਪੁਲ ਫਿਲਹਾਲ ਆਰਜ਼ੀ ਤੌਰ 'ਤੇ ਖੋਲ੍ਹਿਆ ਗਿਆ ਸੀ, ਅਜੇ ਪੁਲ ਦਾ ਕੰਮ ਅਧੂਰਾ ਸੀ। ਪੁਲ ਟੁੱਟਣ ਤੋਂ ਬਾਅਦ ਆਈਆਈਟੀ ਰੁੜਕੀ ਦੀ ਟੀਮ ਨੇ ਇਸ ਸਥਾਨ ਦਾ ਮੁਆਇਨਾ ਕੀਤਾ ਅਤੇ ਜੋ ਦਿਸ਼ਾ-ਨਿਰਦੇਸ਼ ਟੀਮ ਵੱਲੋਂ ਦਿੱਤੇ ਗਏ ਹਨ ਉਸ ਮੁਤਾਬਕ ਕੰਮ ਕਰਨ ਲਈ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਟੁੱਟੇ ਹੋਏ ਪੁਲ ਨੂੰ ਕੰਕਰੀਟ ਨਾਲ ਭਰ ਦਿੱਤਾ ਗਿਆ ਅਤੇ ਇਸ ਪੁਲ ਉਪਰ ਅਜੇ 50 ਐੱਮ.ਐੱਮ. ਦੀ ਟਾਪ ਲੇਅਰ ਪੈਣੀ ਬਾਕੀ ਹੈ।ਹਰਦੀਪ ਸਿੰਘ ਗਿੱਲ ਨੇ ਅਧਿਕਾਰੀਆਂ ਨੂੰ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਜਲਦ ਤੋਂ ਜਲਦ ਰਹਿੰਦੇ ਕੰਮ ਨੂੰ ਮੁਕੰਮਲ ਕਰਨ ਲਈ ਆਖਿਆ।ਗਿੱਲ ਨੇ ਕਿਹਾ ਕਿ ਅਧਿਕਾਰੀਆਂ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਮੌਸਮ ਠੀਕ ਹੋਣ ਉਪਰੰਤ ਜਲਦ ਹੀ ਪੁਲ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਲੋਕੇਸ਼ ਯਾਦਵ, ਜੋਗੇਸ਼ ਯਾਦਵ ਪ੍ਰੋਜੈਕਟ ਇੰਜੀਨੀਅਰ, ਅਨਿਕ ਮਹਾਜਨ ਇੰਚਾਰਜ (ਜਲੰਧਰ-ਅੰਮ੍ਰਿਤਸਰ) ਪ੍ਰੋਜੈਕਟ ਰਾਸ਼ਟਰੀ ਰਾਜਮਾਰਗ, ਨਰਿੰਦਰ ਸਿੰਘ ਮੁੱਛਲ ਸਰਕਲ ਪ੍ਰਧਾਨ ਭਾਜਪਾ, ਪਲਵਿੰਦਰ ਸਿੰਘ ਸੰਧੂ, ਜਗਰੂਪ ਸਿੰਘ ਵਡਾਲੀ ਸਰਬਜੀਤ ਸਿੰਘ ਵਡਾਲੀ ਵੀ ਹਾਜ਼ਰ ਸਨ।



# ਤਰਕਸ਼ੀਲ ਸੁਸਾਇਟੀ ਵੱਲੋਂ ਹੜ੍ਹ ਪੀੜਤਾਂ ਲਈ ਰਾਹਤ ਦੇ ਯਤਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੇ ਫੈਸਲੇ ਅਨੁਸਾਰ ਸਾਰੇ ਜੋਨਾਂ ਅਤੇ ਇਕਾਈਆਂ ਦੇ ਸੈਂਕੜੇ ਆਗੂ ਅਤੇ ਮੈਂਬਰ ਆਪੋ ਆਪਣੀ ਸਮਰਥਾ ਅਨੁਸਾਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹੜ੍ਹਾਂ ਦੀ ਤਬਾਹੀ ਤੋਂ ਪੀੜਤ ਪਰਿਵਾਰਾਂ ਦੀ ਲਗਾਤਾਰ ਵਿੱਤੀ ਮਦਦ ਲਈ ਆਪਣੀਆਂ ਸੇਵਾਵਾਂ ਦੇ ਰਹੇ ਹਨ।ਇਸਦੇ ਨਾਲ ਹੀ ਸੁਸਾਇਟੀ ਨੇ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਵੀ ਮੰਗ ਕੀਤੀ ਹੈ ਕਿ ਹੜ੍ਹ ਪੀੜਤ ਲੋਕਾਂ ਦੇ ਜਾਨ ਮਾਲ ਦੀ ਰਾਖੀ ਕਰਨ ਦੇ ਨਾਲ ਨਾਲ ਉਨ੍ਹਾਂ ਨੂੰ ਭੋਜਨ, ਤਰਪਾਲਾਂ ਅਤੇ ਪਸ਼ੂਆਂ ਦੇ ਚਾਰੇ,ਦਵਾਈਆਂ ਸਮੇਤ ਹਰ ਪ੍ਰਕਾਰ ਦੀ ਫੌਰੀ ਮਦਦ ਪਹੁੰਚਾਉਣ ਦੇ ਉਪਰਾਲੇ ਤੇਜ਼ ਕੀਤੇ ਜਾਣ। ਇਸ ਸਬੰਧੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਲਏ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਦਫਤਰ ਸਕੱਤਰ ਹੇਮ ਰਾਜ ਸਟੈਨੋ, ਵਿੱਤ ਮੁਖੀ ਰਾਜੇਸ਼ ਅਕਲੀਆ, ਰਾਮ ਸਵਰਨ ਲੱਖੇਵਾਲੀ ਅਤੇ ਮੀਡੀਆ ਮੁਖੀ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ ਹੜ੍ਹਾਂ ਦੀ ਕੁਦਰਤੀ ਆਫ਼ਤ ਅਤੇ ਇਨ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧਾਂ ਵਿੱਚ ਪੰਜਾਬ ਸਰਕਾਰ ਦੀ ਘੋਰ ਲਾਪਰਵਾਹੀ ਤੇ ਬਦਇੰਤਜ਼ਾਮੀ ਨੇ ਪੰਜਾਬ ਦੇ ਪਿੰਡਾਂ ਦੇ ਲੱਖਾਂ ਲੋਕਾਂ ਦੇ ਘਰਾਂ, ਡੰਗਰਾਂ, ਫ਼ਸਲਾਂ, ਪਸ਼ੂ ਚਾਰਾ, ਖੇਤੀ ਸੰਦਾਂ ਅਤੇ ਜ਼ਮੀਨਾਂ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਪੀੜਤ ਲੋਕਾਂ ਦੀਆਂ ਲੋੜਾਂ ਦੀ ਪੂਰਤੀ ਲਈ ਆਪਣੇ ਯਤਨਾਂ ਨਾਲ ਸਹਾਇਤਾ ਰਾਸ਼ੀ ਇਕੱਠੀ ਕਰਨ ਦੀ ਜਨਤਕ ਮੁਹਿੰਮ ਚਲਾ ਰਹੀ ਹੈ ਅਤੇ ਇਸ ਇੱਕਠੀ ਹੋਈ ਸਹਾਇਤਾ ਰਾਸ਼ੀ ਨਾਲ ਪੰਜਾਬ ਦੇ ਵੱਖ ਵੱਖ ਇਲਾਕਿਆਂ ਦੇ ਸਹੀ ਲੋੜਵੰਦਾਂ ਦੀ ਪਹਿਚਾਣ ਕਰਕੇ ਢੁਕਵੇਂ ਸਮੇਂ ਤੇ ਢੁਕਵੀਂ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਇਸ ਦੌਰਾਨ ਮਾਝਾ ਜ਼ੋਨ ਦੇ ਤਰਕਸ਼ੀਲ ਆਗੂਆਂ ਸੰਦੀਪ ਧਾਰੀਵਾਲ ਭੋਜਾ, ਮੁਖਤਿਆਰ ਗੋਪਾਲਪੁਰ, ਰਾਜਵੰਤ ਬਾਗੜੀਆਂ, ਰਣਜੀਤ ਗੱਗੋਮਾਹਲ ਅਤੇ ਤਰਲੋਚਨ ਗੁਰਦਾਸਪੁਰ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਵੱਡੇ ਪੱਧਰ ਤੇ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ ਜਿਸਦੀ ਭਰਪਾਈ ਲਈ ਪੰਜਾਬ ਅਤੇ ਕੇਂਦਰ ਸਰਕਾਰਾਂ ਨੂੰ ਜੰਗੀ ਪੱਧਰ ਤੇ ਯਤਨ ਕਰਨ ਦੀ ਲੋੜ ਹੈ।

# ਖੱਬੀਆਂ ਪਾਰਟੀਆਂ ਵੱਲੋਂ ਡੇਰਾ ਬਾਬਾ ਨਾਨਕ ਦੇ ਪਿੰਡਾਂ ਦਾ ਦੌਰਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਚਾਰ ਖੱਬੀਆਂ ਪਾਰਟੀਆਂ ਸੀਪੀਆਈ, ਸੀਪੀਐੱਮ,ਸੀਪੀਐੱਮਐੱਲ ਲਿਬਰੇਸ਼ਨ ਅਤੇ ਆਰਐੱਮਪੀਆਈ ਦੀ ਆਗੂ ਟੀਮ ਵੱਲੋਂ ਡੇਰਾ ਬਾਬਾ ਨਾਨਕ ਇਲਾਕੇ ਦੇ ਪੱਖੋਵਾਲ, ਧਰਮਕੋਟ ਪੁਰਾਣਾ, ਸ਼ਹਿਜ਼ਾਦਾ, ਰਾਮਦੀਵਾਲੀ ਅਤੇ ਖੰਨਾ ਚਮਾਰਾਂ ਸਮੇਤ ਦਰਜਨ ਭਰ ਪੀੜਤ ਪਿੰਡਾਂ ਦਾ ਦੌਰਾ ਕਰਨ ਪਿੱਛੋਂ ਪ੍ਰੈੱਸ ਨੂੰ ਦੱਸਿਆ ਕਿ ਹੜ੍ਹ ਪੀੜਤਾਂ ਦੀ ਹਮਾਇਤ ਵਿੱਚ 10 ਸਤੰਬਰ ਨੂੰ ਐੱਸਡੀਐੱਮ ਡੇਰਾ ਬਾਬਾ ਨਾਨਕ ਦੇ ਦਫਤਰ ਮੂਹਰੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਵੱਖ-ਵੱਖ ਪਿੰਡਾਂ ਵਿੱਚ ਖੱਬੀਆਂ ਧਿਰਾਂ ਦੀ ਟੀਮ ਦੇ ਪਹੁੰਚੇ ਟੀਮ ਆਗੂ ਰਣਬੀਰ ਸਿੰਘ ਵਿਰਕ, ਗੁਲਜ਼ਾਰ ਸਿੰਘ ਬਸੰਤਕੋਟ, ਮਾਸਟਰ ਰਘਬੀਰ ਸਿੰਘ ਪਕੀਵਾਂ ਅਤੇ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਪੰਜਾਬ ਅਤੇ ਕੇਂਦਰ ਸਰਕਾਰ ਦੀ ਸਖਤ ਅਲੋਚਨਾ ਕਰਦਿਆਂ ਕਿਹਾ ਕਿ ਹੜ੍ਹਾਂ ਵਿੱਚ ਘਿਰੇ ਹੋਏ ਲੋਕਾਂ ਨੂੰ ਦੋ ਹਫਤੇ ਤੋਂ ਵੱਧ ਸਮਾਂ ਬੀਤ ਚੁੱਕਾ ਹੈ ਪਰ ਦੋਨਾਂ ਸਰਕਾਰਾਂ ਵੱਲੋਂ ਲੋਕਾਂ ਨੂੰ ਹੌਸਲੇ ਵਿੱਚ ਲਿਆਉਣ ਲਈ ਅਜੇ ਕਿਸੇ ਤਰ੍ਹਾਂ ਦੇ ਮੁਆਵਜ਼ੇ ਦਾ ਐਲਾਨ ਨਹੀਂ ਕੀਤਾ ਗਿਆ ਅਤੇ ਨਾ ਹੀ ਸਰਕਾਰਾਂ ਨੇ ਹੜ੍ਹ ਪੀੜਤਾਂ ਦੀਆਂ ਖਾਣ ਪੀਣ ਦੀਆਂ ਲੋੜਾਂ ਦੀ ਪੂਰਤੀ ਲਈ ਲੋੜੀਂਦੇ ਕਦਮ ਚੁੱਕੇ ਹਨ।ਆਗੂਆਂ ਕਿਹਾ ਕਿ ਹੜ੍ਹ ਦੀ ਹਾਲਤ ਵਿਚ ਸੁਧਾਰ ਆ ਚੁੱਕਾ ਹੈ, ਸਰਕਾਰ ਫੌਰੀ ਗਰਦਾਵਰੀਆਂ ਅਤੇ ਹੋਰ ਕਾਨੂੰਨੀ ਪੱਖਾਂ ਨੂੰ ਪੂਰਾ ਕਰੇ, ਪਿੰਡਾਂ ਦੇ ਗਰੀਬਾਂ ਦੀ ਅੱਧੀ ਐੱਸਸੀ, ਬੀਸੀ ਪਰਿਵਾਰਾਂ ਦੀ ਆਬਾਦੀ ਨੂੰ ਲਗਾਤਾਰ ਮਨਰੇਗਾ ਦੇ ਰੁਜ਼ਗਾਰ ਵਿੱਚ ਲਾਇਆ ਜਾਵੇ, ਮਜ਼ਦੂਰਾਂ ਦੇ ਘਰਾਂ ਦੇ ਹੋਏ ਨੁਕਸਾਨ ਦੀ ਪੜਤਾਲ ਕਰਕੇ ਯੋਗ ਮੁਆਵਜ਼ਾ ਦਿੱਤਾ ਜਾਵੇ ਕਿਸਾਨਾਂ ਦੇ ਖੇਤਾਂ ਵਿੱਚ ਹੜ੍ਹਾਂ ਨਾਲ ਆਏ ਰੇਤੇ ਦੀ ਮਾਲਕੀ ਸਬੰਧਤ ਕਿਸਾਨਾ ਨੂੰ ਦਿੱਤੀ ਜਾਵੇ।ਇਸ ਸਮੇਂ ਬਲਦੇਵ ਸਿੰਘ ਖਹਿਰਾ, ਵਿਜੇ ਸੋਹਲ, ਸ਼ਮਸ਼ੇਰ ਸਿੰਘ ਨਵਾਂਪਿੰਡ, ਜਰਨੈਲ ਸਿੰਘ, ਦਲਬੀਰ ਭੋਲਾ, ਹੰਸਾ ਸਿੰਘ, ਸੰਤੋਖ ਸਿੰਘ ਜੌੜੀਆਂ ਖੁਰਦ, ਸੁਲੱਖਣ ਮਸੀਹ ਅਤੇ ਜਨਕ ਰਾਜ ਸ਼ਾਮਲ ਸਨ।

# ਈ ਟੀ ਓ ਅਜਨਾਲਾ ਦੇ ਹੜ੍ਹ ਪੀੜਤ ਪਰਿਵਾਰਾਂ ਲਈ ਰਾਹਤ ਸਮੱਗਰੀ ਲੈ ਕੇ ਰਵਾਨਾ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਬਹੁਤ ਸਾਰੇ ਜ਼ਿਲ੍ਹਿਆਂ ਦਾ ਜਨਜੀਵਨ ਪ੍ਰਭਾਵਿਤ ਹੋਇਆ ਹੈ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਮੱਦਦ ਲਈ ਸਾਰੀ ਟੀਮ ਲਗਾਤਰ ਰਾਹਤ ਕਾਰਜਾਂ ਵਿਚ ਜੁਟੀ ਹੋਈ ਹੈ ਅਤੇ ਪੀੜਿਤ ਪਰਿਵਾਰਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ।ਕੈਬਿਨਟ ਮੰਤਰੀ ਹਰਭਜਨ ਸਿੰਘ ਈਟੀਓ ਆਪਣੇ ਹਲਕਾ ਜੰਡਿਆਲਾ ਗੁਰੂ ਤੋਂ ਅਜਨਾਲਾ ਦੇ ਹੜ ਪੀੜਤ ਪਰਿਵਾਰਾਂ ਦੀ ਸਹਾਇਤਾ ਲਈ ਰਾਹਤ ਸਮੱਗਰੀ ਲੈ ਕੇ ਰਵਾਨਾ ਹੋਏ।ਇਸ ਰਾਹਤ ਸਮੱਗਰੀ ਵਿੱਚ ਪਸ਼ੂਆਂ ਦਾ ਹਰਾ ਚਾਰਾ, ਲੋਕਾਂ ਦੀਆਂ ਖਾਣ ਪੀਣ ਦੀਆਂ ਵਸਤਾਂ, ਪਾਣੀ ਅਤੇ ਦਵਾਈਆਂ ਵੀ ਸ਼ਾਮਿਲ ਸਨ।ਕੈਬਨਿਟ ਮੰਤਰੀ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਉਨ੍ਹਾਂ ਦੀ ਹਰ ਸਹੂਲਤ ਦਾ ਖਿਆਲ ਰੱਖ ਰਹੀ ਹੈ, ਜਿਸ ਤਰ੍ਹਾਂ ਪਹਿਲਾਂ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ ਉਸੇ ਤਰ੍ਹਾਂ ਹੀ ਉਨ੍ਹਾਂ ਦੇ ਮੁੜ ਵਸੇਬੇ ਤੱਕ ਸਰਕਾਰ ਅਤੇ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਖੜ੍ਹਾ ਹੈ।ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਜਿੱਥੇ ਅਪੀਲ ਕੀਤੀ ਉੱਥੇ ਹੀ ਜੋ ਲੋਕ ਸਹਾਇਤਾ ਕਰ ਰਹੇ ਹਨ ਉਨ੍ਹਾਂ ਦਾ ਧੰਨਵਾਦ ਵੀ ਕੀਤਾ।ਉਨ੍ਹਾਂ ਕਿਹਾ ਕਿ ਹੜ ਤੋਂ ਪ੍ਰਭਾਵਿਤ ਹਰੇਕ ਇਲਾਕੇ ਵਿੱਚ ਪੰਜਾਬ ਸਰਕਾਰ ਵੱਲੋਂ ਖਾਣ ਪੀਣ, ਕੱਪੜੇ, ਪਸ਼ੂਆਂ ਲਈ ਫੀਡ, ਦਵਾਈਆਂ ਆਦਿ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਹ ਰਾਹਤ ਸਮੱਗਰੀ ਰਮਦਾਸ ਦੇ ਨਾਲ ਲੱਗਦੇ ਪਿੰਡਾਂ ਪਿੰਡ ਨਿਸੋਕੇ, ਗੱਗੋਮਾਹਲ ਅਤੇ ਹੋਰ ਪਿੰਡਾਂ ਵਿੱਚ ਵੰਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਸ਼ੂਆਂ ਲਈ ਹਰਾ ਚਾਰਾ ਅਤੇ ਆਚਾਰ, ਦਵਾਈਆਂ ਜਿਵੇਂ ਕਿ ਇਨਫੈਕਸ਼ਨ ਦੀਆਂ ਦਵਾਈਆਂ ਟੈਟਨਸ ਦੇ ਇੰਜੈਕਸ਼ਨ ਅਤੇ ਹੋਰ ਜ਼ਰੂਰੀ ਕੰਮ ਵਾਲੀਆਂ ਦਵਾਈਆਂ ਵੀ ਸ਼ਾਮਿਲ ਹਨ ਜੋ ਲੋਕਾਂ ਨੂੰ ਵੰਡੀਆਂ ਜਾਣਗੀਆਂ।

## ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ

**ਬੰਗਾ (ਅਵਤਾਰ ਕਲੇਰ)** ਮਹਿਤਾਬ ਸਿੰਘ ਵਿਰਕ ਆਈ ਪੀ ਐਸ, ਐਸ ਐਸ ਪੀ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਸਰਬਜੀਤ ਸਿੰਘ ਵਾਹੀਆ ਐਸ ਪੀ ਡੀ ਅਤੇ ਹਰਜੀਤ ਸਿੰਘ ਪੀ ਪੀ ਐਸ, ਡੀ ਐਸ ਪੀ ਸਬ-ਡਵੀਜ਼ਨ ਬੰਗਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਸ਼ਿਆ ਵਿਰੁੱਧ ਛੇੜੀ ਮੁਹਿੰਮ ਨੂੰ ਉਸ ਵੇਲੇ ਸਫਲਤਾ ਮਿਲੀ ਜਦੋਂ ਰਾਕੇਸ਼ ਕੁਮਾਰ, ਸਬ ਇੰਸਪੈਕਟਰ ਮੁੱਖ ਅਫਸਰ ਥਾਣਾ ਬਹਿਰਾਮ ਦੀ ਅਗਵਾਈ



ਅਧੀਨ ਏ ਐਸ ਆਈ ਲਖਵੀਰ ਸਿੰਘ ਇੰਚਾਰਜ਼ ਚੌਕੀ ਕਟਾਰੀਆ ਥਾਣਾ ਬਹਿਰਾਮ ਦੀ ਪੁਲਸ ਵੱਲੋਂ ਗਸ਼ਤ ਦੌਰਾਨ ਬਹਿਰਾਮ ਰੋਡ ਨੇੜੇ ਬਿਜਲੀ ਘਰ ਇੰਟਰਲਾਕ ਵਾਲੀ ਸੜਕ 'ਤੇ ਇਕ ਨੌਜਵਾਨ ਖੜ੍ਹਾ ਦਿਖਾਈ ਦਿੱਤਾ।ਜਿਸਨੇ ਪੁਲਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਆਪਣੀ ਪਹਿਨੀ ਹੋਈ ਕੈਪਰੀ 'ਚੋਂ ਇਕ ਮੋਮੀ ਲਿਫਾਫਾ ਕੱਢ ਕੇ ਘਾਹ ਫੂਸ ਪਰ ਸੁੱਟ ਦਿੱਤਾ।ਜਿਸਨੂੰ ਕਾਬੂ ਕਰਕੇ ਉਸਦਾ ਨਾਂਅ ਪਤਾ ਪੁੱਛਿਆ ਜਿਸ ਨੇ ਆਪਣਾ ਨਾਂਅ ਅਮਨਦੀਪ ਉਰਫ ਅਮਨ ਵਾਸੀ ਗੋਹਾਵਰ ਥਾਣਾ ਗੋਰਾਇਆ ਜ਼ਿਲ੍ਹਾ ਜਲੰਧਰ ਦੱਸਿਆ ਜਿਸ ਵਲੋਂ ਸੁੱਟੇ ਹੋਏ ਪਾਰਦਰਸ਼ੀ ਮੋਮੀ ਲਿਫਾਫਾ ਨੂੰ ਚੈਕ ਕਰਨ 'ਤੇ ਵਿੱਚੋਂ 2 ਪੱਤੇ ਹਰੇਕ ਪੱਤੇ ਵਿਚ 10/10 ਕੁੱਲ 20 ਨਸ਼ੀਲੀਆ ਗੋਲੀਆ ਬਰਾਮਦ ਹੋਏ।ਪੁਲਸ ਨੇ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਟੀਨੂੰ ਨੇ ਗਰੀਬ ਪਰਵਾਰਾਂ ਨੂੰ 4 ਲੱਖ 77 ਹਜ਼ਾਰ ਮਾਲੀ ਸਹਾਇਤਾ ਦੇ ਚੈੱਕ ਕੀਤੇ ਭੇਟ

**ਆਦਮਪੁਰ (ਪਰਮਜੀਤ ਸਿੰਘ)**- ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦੀ ਅਗਵਾਈ ਹੇਠ ਮਾਰਕੀਟ ਕਮੇਟੀ ਆਦਮਪੁਰ ਵਿਖੇ ਮੀਟਿੰਗ ਹੋਈ, ਜਿਸ ਵਿੱਚ ਐਸ ਡੀ ਐਮ ਵਿਵੇਕ ਮੋਦੀ ਅਤੇ ਤਹਿਸੀਲਦਾਰ ਹਰਨਿੰਦਰਜੀਤ ਸਿੰਘ ਆਦਮਪੁਰ ਸਮੇਤ ਸਰਕਾਰੀ ਅਧਿਕਾਰੀ ਸ਼ਾਮਲ



ਹੋਏ।ਮੀਟਿੰਗ ਦੌਰਾਨ ਪਵਨ ਕੁਮਾਰ ਟੀਨੂੰ ਨੇ ਦੱਸਿਆ ਕੁਦਰਤ ਦੀ ਕਰੋਪੀ ਮਾਰ ਹੇਠ ਕਿਸਾਨਾਂ ਦੀਆਂ ਫ਼ਸਲਾ ਤੇ ਮਕਾਨਾਂ ਦਾ ਵੱਡੇ ਨੁਕਸਾਨ ਕੀਤਾ ਹੈ ਉਥੇ ਹੀ ਵਿਧਾਨ ਸਭਾ ਹਲਕਾ ਆਦਮਪੁਰ ਅਧੀਨ ਆਉਂਦੇ ਕਈ ਪਿੰਡਾਂ ਦੇ ਕਰੀਬ 21 ਗਰੀਬ ਪਰਵਾਰਾਂ ਦੀਆਂ ਬਾਰਿਸ਼ ਕਰਕੇ ਮਕਾਨਾਂ ਦੀਆਂ ਛੱਤਾਂ ਡਿਗਣ ਸੰਬੰਧੀ ਪੰਜਾਬ ਦੀ ਭਗਵੰਤ ਮਾਨ ਵੱਲੋਂ 4 ਲੱਖ 77 ਹਜ਼ਾਰ ਦੀ ਮਾਲੀ ਸਹਾਇਤਾ ਦਿੱਤੀ ਗਈ ਹੈ। ਜਿਨ੍ਹਾਂ ਪਰਿਵਾਰਾਂ ਨੂੰ ਚੈੱਕਾਂ ਰਾਹੀਂ ਰਾਸ਼ੀ ਭੇਟ ਕਰਦਿਆਂ ਪਵਨ ਟੀਨੂੰ ਦੱਸਿਆ ਕਿ ਬਾਰਿਸ਼ ਕਰਕੇ ਜਿਨ੍ਹਾਂ ਪਰਿਵਾਰਾਂ ਦੀਆਂ ਮਕਾਨਾਂ ਦੀਆਂ ਛੱਤਾਂ ਦੇ ਕੁਝ ਬਾਲੇ ਡਿੱਗੇ ਉਨ੍ਹਾਂ ਦਾ ਮੁਰੰਮਤ ਲਈ 6500 ਰੁਪਏ, ਜਿਨ੍ਹਾਂ ਮਕਾਨਾਂ ਦੀਆਂ ਛੱਤਾਂ ਡਿੱਗੀਆਂ ਨੂੰ ਉਨ੍ਹਾਂ ਨੂੰ 1 ਲੱਖ 20 ਹਜ਼ਾਰ ਰੁਪਏ ਮਾਲੀ ਸਹਾਇਤਾ ਚੈੱਕਾਂ ਸਮੇਤ ਰਾਸ਼ਨ ਸਮੇਤ ਤਰਪਾਲਾਂ ਦਿੱਤੀਆਂ ਗਈਆਂ।ਟੀਨੂੰ ਨੇ ਕਿਹਾ ਇਹ ਆਪ ਸਰਕਾਰ ਹੈ ਜਿਸ ਨੇ ਨੁਕਸਾਨ ਹੋਣ ਮੌਕੇ ਉਥੇ ਹੀ ਲੋਕਾਂ ਦੀ ਮਦਦ ਕਰਨੀ ਸ਼ੁਰੂ ਕਰ ਦਿੱਤਾ ਹੈ ਇਹ ਤਾਂ ਮੌਕੇ ਦਾ ਮੁਆਵਜ਼ਾ ਹੈ ਪੂਰਾ ਮੁਆਵਜ਼ਾ ਸਰਕਾਰੀ ਰਿਪੋਰਟ ਆਉਣ 'ਤੇ ਬਾਅਦ ਦਿੱਤਾ ਜਾਵੇਗਾ। ਇਸ ਮੌਕੇ ਐਸ ਡੀ ਐਮ ਵਿਵੇਕ ਮੋਦੀ, ਤਹਿਸੀਲਦਾਰ ਹਰਨਿੰਦਰਜੀਤ ਸਿੰਘ, ਦਲਜੀਤ ਸਿੰਘ ਮਿਨਹਾਸ ਕੁਆਡੀਨੇਟਰ ਨਸ਼ਾ ਮੁਕਤੀ ਮੋਰਚਾ, ਹਰਕੀਤ ਸਿੰਘ ਨਿੱਝਰ ਕੁਆਡੀਨੇਟਰ ਕਿਸਾਨ ਵਿੰਗ, ਪਰਮਜੀਤ ਪੰਮਾ ਸੰਗਠਨ ਇੰਚਾਰਜ, ਇੰਦਰਜੀਤ ਸਿੰਘ ਬਲਾਕ ਪ੍ਰਧਾਨ, ਰਾਕੇਸ਼ ਅਗਰਵਾਲ ਸੀਨੀਅਰ ਆਗੂ ਹਾਜ਼ਰ ਸਨ।

## ਪਹਿਲੀ ਟਰੈਕਟਰ ਯਾਤਰਾ ਲੈ ਜਥਾ ਹਜ਼ੂਰ ਸਾਹਿਬ ਨੂੰ ਰਵਾਨਾ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਬੁਢਿਆਣਾ ਦੇ ਨੌਜਵਾਨਾਂ ਵੱਲੋਂ ਪਹਿਲੀ ਟਰੈਕਟਰ ਯਾਤਰਾ ਲਈ ਜਥਾ ਸ੍ਰੀ ਹਜ਼ੂਰ ਸਾਹਿਬ ਨੂੰ ਰਵਾਨਾ ਹੋਇਆ।ਇਸ ਮੌਕੇ ਟਾਂਡਾ ਨੌਜਵਾਨਾਂ ਨੇ ਦੱਸਿਆ ਕਿ ਇਹ ਪਹਿਲੀ ਟਰੈਕਟਰ ਯਾਤਰਾ ਸਮੂਹ ਸੰਗਤਾਂ ਅਤੇ ਨੌਜਵਾਨਾਂ ਦੇ ਸਹਿਯੋਗ ਨਾਲ



ਸ੍ਰੀ ਹਜ਼ੂਰ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਦੀਦਾਰਿਆਂ ਦੇ ਲਈ ਆਰੰਭ ਕੀਤੀ ਗਈ ਹੈ।ਇਸ ਰਸਤੇ ਵਿੱਚ ਵੱਖ-ਵੱਖ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਦੇ ਹੋਏ ਸ੍ਰੀ ਹਜ਼ੂਰ ਸਾਹਿਬ ਪਹੁੰਚੇਗੀ ਅਤੇ ਉਥੋਂ ਵੀ ਵੱਖ-ਵੱਖ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇ ਕਰਨ ਉਪਰੰਤ ਵਾਪਸ ਪਿੰਡ ਬੁਢਿਆਣਾ ਆਵੇਗੀ।ਉਹਨਾਂ ਕਿਹਾ ਕਿ ਸਮੂਹ ਨੌਜਵਾਨਾਂ ਵੱਲੋਂ ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਜਾਵੇਗੀ।ਇਸ ਮੌਕੇ ਉਹਨਾਂ ਦੇ ਨਾਲ ਅਮਰਜੀਤ ਸਿੰਘ ਵਾਰਿਸ ਪ੍ਰਧਾਨ ਆਦਮਪੁਰ ਕਿਸਾਨ ਯੂਨੀਅਨ ਰਾਜੇਵਾਲ, ਮਨਵੀਰ ਸਿੰਘ, ਕੁਲਦੀਪ ਸਿੰਘ, ਹਰਵਿਆਮ ਸਿੰਘ, ਹਰਜਿੰਦਰ ਸਿੰਘ, ਸੁਖਰਾਜ ਸਿੰਘ, ਕਰਮਵੀਰ ਸਿੰਘ, ਹਰਮਨਜੋਤ ਸਿੰਘ, ਬਲਵੀਰ ਸਿੰਘ ਅਤੇ ਹੋਰ ਨੌਜਵਾਨ ਹਾਜ਼ਰ ਸਨ।

## ਮੋਹਿੰਦਰ ਭਗਤ ਨੇ ਸ੍ਰੀ ਸਿੱਧ ਬਾਬਾ ਸੋਢਲ ਮੰਦਰ 'ਚ ਟੇਕਿਆ ਮੱਥਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸੋਢਲ ਮੇਲੇ ਦੌਰਾਨ ਸ੍ਰੀ ਸਿੱਧ ਬਾਬਾ ਸੋਢਲ ਮੰਦਰ ਵਿਖੇ ਮੱਥਾ



ਟੇਕਿਆ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਅਥਾਹ ਵਿਸ਼ਵਾਸ ਤੇ ਸ਼ਰਧਾ ਸਦਕਾ ਹਰ ਸਾਲ ਲੱਖਾਂ ਸ਼ਰਧਾਲੂ ਮੰਦਰ ਵਿਖੇ ਨਤਮਸਤਕ ਹੋਣ ਲਈ ਆਉਂਦੇ ਹਨ।ਉਨ੍ਹਾਂ ਕਿਹਾ ਬਾਬਾ ਸੋਢਲ ਜੀ ਆਪਣੇ ਅਸ਼ੀਰਵਾਦ ਸਦਕਾ ਲੱਖਾਂ ਸ਼ਰਧਾਲੂਆਂ ਦੀਆਂ ਮਨੋਕਾਮਨਾਵਾਂ ਪੂਰੀਆਂ ਕਰਦੇ ਹਨ। ਮੇਲੇ ਦੀ ਵਿਸ਼ਵ ਵਿਆਪੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਭਗਤ ਨੇ ਕਿਹਾ ਕਿ ਦੁਨੀਆਂ ਭਰ ਤੋਂ ਸੰਗਤਾਂ ਇਥੇ ਬਾਬਾ ਜੀ ਦਾ ਅਸ਼ੀਰਵਾਦ ਲੈਣ ਆਉਂਦੀਆਂ ਹਨ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਿਤਿਨ ਕੋਹਲੀ, ਦਿਨੇਸ਼ ਢੱਲ ਅਤੇ ਰਾਜਵਿੰਦਰ ਕੌਰ ਥਿਆੜਾ ਵਲੋਂ ਵੀ ਮੰਦਰ ਵਿਖੇ ਮੱਥਾ ਟੇਕਿਆ ਗਿਆ।ਇਸ ਮੌਕੇ ਮੰਦਿਰ ਪ੍ਰਬੰਧਕ ਕਮੇਟੀ ਵਲੋਂ ਆਈਆਂ ਸ਼ਖ਼ਸ਼ੀਅਤਾਂ ਦਾ ਸਨਮਾਨ ਕੀਤਾ ਗਿਆ ਅਤੇ ਪੰਜਾਬ ਸਰਕਾਰ ਵਲੋਂ ਇਸ ਸਲਾਨਾ ਮੇਲੇ ਨੂੰ ਸਫ਼ਲ ਬਣਾਉਣ ਲਈ ਕੀਤੇ ਗਏ ਵਿਆਪਕ ਪੁਖ਼ਤਾ ਪ੍ਰਬੰਧਾਂ ਲਈ ਧੰਨਵਾਦ ਕੀਤਾ ਗਿਆ।

## ਗੁਰਕਿਰਨ ਤੇ ਨਿਧੀ ਸੈਣੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ ਡੀ ਜੇ ਐਮ ਸ੍ਰੀ ਅਨੰਦਪੁਰ ਸਾਹਿਬ ਗੁਰਕਿਰਨ ਸਿੰਘ ਤੇ ਐਸ ਡੀ ਜੀ



ਐਮ ਨੰਗਲ ਸ਼੍ਰੀਮਤੀ ਨਿਧੀ ਸੈਣੀ ਵੱਲੋਂ ਜ਼ਿਲ੍ਹੇ ਦੇ ਹੜ੍ਹ ਦੀ ਮਾਰ ਹੇਠਾਂ ਆਏ ਇਲਾਕਿਆਂ ਦਾ ਦੌਰਾ ਕੀਤਾ ਅਤੇ ਪੀੜਤਾਂ ਲਈ ਰਾਹਤ ਸਮੱਗਰੀ ਵੰਡੀ ਗਈ।ਇਸ ਮੌਕੇ ਉਨ੍ਹਾਂ ਵੱਲੋਂ ਹੜ੍ਹ ਪੀੜਤ ਇਲਾਕਿਆਂ ਦਾ ਜਾਇਜ਼ਾ ਲਿਆ ਗਿਆ ਸਭ ਤੋਂ ਪਹਿਲਾਂ ਪਿੰਡ ਦਸਗਰਾਂ ਵਿਖੇ ਕਮਿਊਨਿਟੀ ਸੈਂਟਰ ਦਾ ਦੌਰਾ ਕੀਤਾ ਗਿਆ, ਜਿੱਥੇ ਹੜ੍ਹ ਕਾਰਨ ਲਗਭਗ 20 ਪਰਵਾਰਾਂ ਨੂੰ ਅਸਥਾਈ ਤੌਰ 'ਤੇ ਰੱਖਿਆ ਗਿਆ ਹੈ। ਉਨ੍ਹਾਂ ਨੂੰ 20 ਰਾਸ਼ਨ ਕਿੱਟਾਂ, ਸਾਬਣ ਅਤੇ ਸੈਨੀਟਰੀ ਪੈਡ ਵੰਡੇ ਗਏ।ਇਸ ਤੋਂ ਬਾਅਦ ਉਨ੍ਹਾਂ ਪਿੰਡ ਸੰਗਤਪੁਰ ਦੇ ਮੁੱਖ ਪੁੱਲ ਅਤੇ ਆਸ-ਪਾਸ ਦੇ ਇਲਾਕਿਆਂ ਦਾ ਜਾਇਜ਼ਾ ਲਿਆ ਗਿਆ।

## ਪੀੜਤ ਨੂੰ ਪਵਨ ਟੀਨੂ ਨੇ ਚੈੱਕ ਭੇਟ ਕੀਤਾ

**ਅਲਾਵਲਪੁਰ (ਮਦਨ ਬੰਗੜ)**- ਭਾਰੀ ਮੀਂਹ ਕਾਰਨ ਕਸਬਾ ਅਲਾਵਲਪੁਰ ਵਿਖੇ ਇੱਕ ਮਕਾਨ ਦੀ ਛੱਤ ਢਹਿ ਗਈ ਸੀ।ਜਾਣਕਾਰੀ ਅਨੁਸਾਰ ਪੀੜਤਾ ਪਰਮਿੰਦਰ ਕੌਰ (ਨੇੜੇ ਗੀਤਾ ਭਵਨ ਅਲਾਵਲਪੁਰ) ਦੇ ਮਕਾਨ ਦੀ ਛੱਤ ਜਦੋਂ ਢਹਿ ਗਈ ਤਾਂ ਇਸ ਦੀ ਸੂਚਨਾ ਹਲਕਾ ਆਦਮਪੁਰ ਦੇ ਇੰਚਾਰਜ ਪਵਨ ਟੀਨੂ ਤੱਕ ਪੁੱਜੀ, ਉਹਨਾਂ ਵੱਲੋਂ ਪੀੜਤਾਂ ਨੂੰ ਭਰੋਸਾ ਦਵਾਇਆ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਆਰਥਿਕ ਮਦਦ ਜਰੂਰ ਕੀਤੀ ਜਾਵੇਗੀ। ਪਵਨ ਕੁਮਾਰ ਟੀਨੂ ਨੇ ਕੁਝ ਦਿਨ ਪਹਿਲਾਂ ਹੀ ਕਿਹਾ ਸੀ ਕਿ ਉਹ ਇਲਾਕੇ ਦੇ ਲੋਕਾਂ ਲਈ ਹਰ ਸਮੇਂ ਮੌਜੂਦ ਹਨ ਅਤੇ ਹਰ ਸੰਭਵ ਸਹਾਇਤਾ ਕਰਨਗੇ।ਆਪਣੇ ਬੋਲਾਂ ਨੂੰ ਪਗਾਉਂਦਿਆਂ ਪਵਨ ਕੁਮਾਰ ਟੀਨੂੰ ਨੇ ਉਪਰੋਕਤ ਮਕਾਨ ਦੀ ਛੱਤ ਡਿੱਗਣ ਤੋਂ ਦੋ ਦਿਨ ਬਾਅਦ ਹੀ ਪੰਜਾਬ ਸਰਕਾਰ ਵੱਲੋਂ ਜਾਰੀ ਪੀੜਤਾ ਨੂੰ 1 ਲੱਖ 20 ਹਜ਼ਾਰ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਇਸ ਮੌਕੇ



ਪਵਨ ਕੁਮਾਰ ਟੀਨੂੰ ਤੋਂ ਇਲਾਵਾ, ਨਾਇਬ ਤਹਿਸੀਲਦਾਰ ਹਰਿੰਦਰਜੀਤ ਸਿੰਘ, ਕਾਨੂੰਨਗੋ ਰਮਨ ਕੁਮਾਰ, ਸਰਬਜੀਤ ਸਿੰਘ, ਦਲਜੀਤ ਸਿੰਘ ਮਿਨਹਾਸ, ਹਰਕੀਰਤ ਸਿੰਘ ਭੇਲਾ, ਸੁਖਬੀਰ ਕੁਮਾਰ ਸਾਬਕਾ ਕੌਂਸਲਰ, ਪਰਮਜੀਤ ਪੰਮੀ, ਅਮਰੀਕ ਸਿੰਘ, ਰਾਮ ਗੋਪਾਲ, ਮਨਦੀਪ ਸਿੰਘ, ਅਮਰਜੀਤ ਸਿੰਘ, ਅਸ਼ਵਨੀ ਸ਼ਰਮਾ, ਪੰਕਜ ਸ਼ਰਮਾ ਕੌਂਸਲਰ, ਰਾਜਾ ਡਰੋਲੀ ਆਦਿ ਹਾਜ਼ਰ ਸਨ।

## ਹੜ੍ਹ ਪ੍ਰਭਾਵਿਤ ਪਿੰਡਾਂ 'ਚ ਵੱਡੇ ਪੱਧਰ 'ਤੇ ਚਲਾਏ ਜਾ ਰਹੇ ਰਾਹਤ ਕਾਰਜ : ਹਰਜੋਤ ਬੈਂਸ

**ਭਲਾਣ (ਹਰਜਨ ਚਿੱਲੇ)** ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਹਲਕਾ ਵਿਧਾਇਕ ਅਨੰਦਪੁਰ ਸਾਹਿਬ ਨੇ ਕਿਹਾ ਕਿ ਇਲਾਕੇ ਵੱਲੋਂ ਪੰਚਾਇਤਾਂ, ਸਰਪੰਚਾਂ, ਆਮ ਆਦਮੀ ਪਾਰਟੀ ਦੇ ਵਲੰਟੀਅਰਾਂ, ਨੌਜਵਾਨਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਮਿਲ-ਜੁਲ ਕੇ ਹੜ੍ਹ ਦੇ ਖ਼ਤਰਿਆਂ ਨੂੰ ਘਟਾਉਣ ਲਈ [illegible] ਕੀਤੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਸਾਡੇ ਵੱਲੋਂ ਜਿਸ ਤਰ੍ਹਾਂ ਕੇ ਹੜ੍ਹ-ਪ੍ਰਭਾਵਿਤ ਖੇਤਰਾਂ ਵਿੱਚ ਰਾਤ ਤੇ ਵੱਡੇ ਰਾਹਤ ਕਾਰਜ ਸਫਲਤਾਪੂਰਵਕ ਕੀਤੇ ਗਏ ਹਨ। [illegible]

## ਅਧਿਆਪਕ ਸਾਡੀ ਜ਼ਿੰਦਗੀ ਦਾ ਆਧਾਰ : ਵਿਜੇ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਲਾਇਨਜ਼ ਕਲੱਬ ਹੁਸ਼ਿਆਰਪੁਰ ਫ੍ਰੈਂਡਜ਼ ਵੱਲੋਂ ਪ੍ਰਧਾਨ ਲਾਇਨ ਵਿਜੇ ਅਰੋੜਾ ਦੀ ਅਗਵਾਈ ਹੇਠ ਅਧਿਆਪਕ ਦਿਵਸ ਦੇ ਮੌਕੇ 'ਤੇ ਤਿੰਨ ਅਧਿਆਪਕਾਂ ਨੂੰ ਸਨਮਾਨਿਤ ਕਰਨ ਲਈ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਲਾਇਨ ਸੁਖਦੇਵ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ।ਮੰਚ ਸੰਚਾਲਨ [illegible] ਲਾਇਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ



ਅਰੋੜਾ ਨੇ ਕਿਹਾ ਕਿ ਇਹ ਦਿਨ ਸਾਡੇ ਉਹਨਾਂ ਗੁਰੂਆਂ ਨੂੰ ਸਮਰਪਿਤ ਹੈ ਜਿਨ੍ਹਾਂ ਸਾਨੂੰ ਸਿਰਫ਼ ਕਿਤਾਬੀ ਗਿਆਨ ਹੀ ਨਹੀਂ ਦਿੱਤਾ, ਸਗੋਂ ਜੀਵਨ ਦੇ ਹਰ ਪੱਖ 'ਚ ਸਾਡੀ ਰਹਿਨੁਮਾਈ ਵੀ ਕੀਤੀ।ਪ੍ਰਧਾਨ ਲਾਇਨ ਵਿਜੇ ਅਰੋੜਾ ਨੇ ਕਿਹਾ ਕਿ ਅਧਿਆਪਕ ਸਾਡੀ ਜ਼ਿੰਦਗੀ ਦੇ ਉਹ ਆਧਾਰ ਹਨ ਜੋ ਸਾਨੂੰ ਹਰ ਮੁਸ਼ਕਲ ਨੂੰ ਪਾਰ ਕਰਨ ਦੀ ਹਿੰਮਤ ਦਿੰਦੇ ਹਨ ਅਤੇ ਸਾਨੂੰ ਜੀਵਨ ਦੇ ਹਰ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।ਸਮਾਰੋਹ ਵਿੱਚ ਪ੍ਰੋ. ਦਲਜੀਤ ਸਿੰਘ (ਸੇਵਾਮੁਕਤ ਸਰਕਾਰੀ ਕਾਲਜ), ਅਸ਼ਵਨੀ ਕੁਮਾਰ ਦੱਤਾ (ਸੇਵਾਮੁਕਤ ਡਿਪਟੀ ਡਾਇਰੈਕਟਰ, ਸਿੱਖਿਆ ਵਿਭਾਗ) ਅਤੇ ਰਣਵੀਰ ਕੁਮਾਰ (ਸਰਕਾਰੀ ਹਾਈ ਸਕੂਲ ਮੰਡਿਆਲਾ) ਸ਼ਾਮਲ ਸਨ, ਜਿਨ੍ਹਾਂ ਨੂੰ ਉੱਤਮ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

## ਆਪਸੀ ਬਦਲੀਆਂ ਦੇ ਨਾਲ- ਨਾਲ ਸਾਰੀਆਂ ਬਦਲੀਆਂ ਦਾ ਇੱਕ ਰਾਊਂਡ ਹੋਰ ਚਲਾਇਆ ਜਾਵੇ

**ਗੁਰਾਇਆ (ਬਿੰਦਰ ਸੁਮਨ)** ਪੰਜਾਬ ਦੇ ਸਕੂਲ ਅਧਿਆਪਕਾਂ ਦੀਆਂ ਬਦਲੀਆਂ ਦੀ ਚੱਲ ਰਹੀ ਪ੍ਰਕਿਰਿਆ ਨੂੰ ਅੱਗੇ ਵਧਾਉਂਦਿਆਂ ਆਪਸੀ ਬਦਲੀਆਂ ਦੇ ਨਾਲ ਨਾਲ ਸਾਰੀਆਂ ਬਦਲੀਆਂ ਦਾ ਇੱਕ ਰਾਉਂਡ ਹੋਰ ਚਲਾਇਆ ਜਾਵੇ ਤਾਂ ਜੋ ਸਕੂਲਾਂ ਵਿੱਚ ਬਦਲੀਆਂ ਹੋਣ ਕਾਰਨ ਖਾਲੀ ਹੋਏ ਸਟੇਸ਼ਨਾਂ 'ਤੇ ਲੋੜਵੰਦ ਅਧਿਆਪਕ ਬਦਲੀ ਕਰਵਾ ਸਕਣ।ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਨੇ ਦੱਸਿਆ ਕਿ ਬਦਲੀਆਂ ਹੋਣ ਕਾਰਨ ਅਨੇਕਾਂ ਸਟੇਸ਼ਨ ਖਾਲੀ ਹੋ ਗਏ ਹਨ। ਇਸ ਲਈ ਬਦਲੀਆਂ ਦਾ ਇੱਕ ਰਾਉਂਡ ਹੋਰ ਚਲਾਇਆ ਜਾਵੇ ਤਾਂ ਇਹ ਖਾਲੀ ਸਟੇਸ਼ਨ ਇਸ ਸੈਸ਼ਨ ਵਿੱਚ ਭਰ ਜਾਣ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ। ਮਾਸਟਰ ਕਾਡਰ ਤੋਂ ਲੈਕਚਰਾਰ ਪ੍ਰਮੋਟ ਹੋਏ ਸੈਂਕੜੇ ਅਧਿਆਪਕ ਅਜੇ ਤੱਕ ਆਪਣੀ ਪੁਰਾਣੀ ਪੋਸਟ ਉੱਪਰ ਹੀ ਬੈਠੇ ਹਨ ਜਦ ਕਿ ਸੈਕੰਡਰੀ ਸਕੂਲਾਂ ਵਿੱਚ ਲੈਕਚਰਾਰਾਂ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਪਈਆਂ ਹਨ।ਉਹਨਾਂ ਕਿਹਾ ਕਿ ਬਿਨਾਂ ਦੇਰੀ ਕੀਤੇ ਆਪਸੀ ਬਦਲੀਆਂ ਅਤੇ ਹਰ ਤਰ੍ਹਾਂ ਦੀਆਂ ਬਦਲੀਆਂ ਦਾ ਮੌਕਾ ਇੱਕ ਵਾਰ ਹੋਰ ਦਿੱਤਾ ਜਾਵੇ। ਆਗੂਆਂ ਨੇ ਕਿਹਾ ਕਿ ਪਹਿਲੇ ਗੇੜ ਵਿੱਚ ਹੋਈਆਂ ਗਲਤ ਬਦਲੀਆਂ ਦਾ ਸ਼ਿਕਾਰ ਹੋਏ ਅਧਿਆਪਕਾਂ ਨੂੰ ਇਨਸਾਫ਼ ਮਿਲੇ।ਜੇਕਰ ਜਲਦੀ ਇਹ ਪ੍ਰਕਿਰਿਆ ਸ਼ੁਰੂ ਨਾ ਕੀਤੀ ਗਈ ਤਾਂ ਅਧਿਆਪਕਾਂ ਨੂੰ ਤਿੱਖੇ ਸੰਘਰਸ਼ ਲਈ ਮਜਬੂਰ ਹੋਣਾ ਪਵੇਗਾ।

## ਲੋਕਾਂ ਦੀ ਸਿਹਤ ਸੁਰੱਖਿਆ ਲਈ ਰੈਪਿਡ ਰਿਸਪਾਂਸ ਮੈਡੀਕਲ ਟੀਮਾਂ ਚੌਕਸ : ਡਾ. ਮਾਨ

**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਰਹਿਨੁਮਾਈ ਹੇਠ ਸਿਹਤ ਵਿਭਾਗ ਹੜ੍ਹਾਂ ਦੇ ਸੰਭਾਵਿਤ ਖ਼ਤਰੇ ਨਾਲ



ਨਜਿੱਠਣ ਲਈ ਤਿਆਰ ਹੈ।ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਲਗਾਤਾਰ ਪੈ ਰਹੇ ਮੀਂਹ ਕਾਰਨ ਹੜ੍ਹਾਂ ਦੇ ਖ਼ਤਰੇ ਦੇ ਚੱਲਦਿਆਂ ਸਿਹਤ ਬਲਾਕ ਬਲਾਚੌਰ ਅਧੀਨ ਸਤਲੁਜ ਦਰਿਆ ਨਾਲ ਲੱਗਦੇ ਪਿੰਡ ਔਲੀਆਪੁਰ ਵਿੱਚ ਬੰਨ੍ਹ ਏਰੀਏ ਦਾ ਦੌਰਾ ਕਰਕੇ ਫਲੱਡ ਰਾਹਤ ਮੈਡੀਕਲ ਕੈਂਪ ਦਾ ਜਾਇਜ਼ਾ ਲਿਆ।ਉਨ੍ਹਾਂ ਨੇ ਮੈਡੀਕਲ ਟੀਮਾਂ ਨਾਲ ਗੱਲਬਾਤ ਕੀਤੀ ਤੇ ਹੜ੍ਹ ਵਰਗੀ ਕੁਦਰਤੀ ਆਫਤ ਨਾਲ ਨਜਿੱਠਣ ਲਈ ਜ਼ਰੂਰੀ ਦਵਾਈਆਂ ਤੇ ਮੈਡੀਕਲ ਸਾਜ਼-ਸਮਾਨ ਦੀ ਉਪਲੱਬਧਤਾ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਇਹ ਵੀ ਦੱਸਿਆ ਕਿ ਮੈਡੀਕਲ ਐਮਰਜੈਂਸੀ ਦੀ ਸਥਿਤੀ ਵਿੱਚ ਸਤਲੁਜ ਦਰਿਆ ਨਾਲ ਲੱਗਦੇ ਸਾਰੇ ਪਿੰਡਾਂ ਵਿੱਚ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰੈਪਿਡ ਰਿਸਪਾਂਸ ਮੈਡੀਕਲ ਟੀਮਾਂ ਚੌਕਸ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਸ ਕੁਦਰਤੀ ਆਫਤ ਵਿਚ ਲੋਕਾਂ ਨੂੰ ਆਪਣੀ ਸਿਹਤ ਨੂੰ ਲੈ ਕੇ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਡਾ. ਮਾਨ ਨੇ ਕਿਹਾ ਕਿ ਸਿਹਤ ਵਿਭਾਗ ਹੜ੍ਹਾਂ ਦੀ ਸੰਭਾਵਨਾ ਦੇ ਮੱਦੇਨਜ਼ਰ ਲੋਕਾਂ ਦੀ ਸਿਹਤ ਸੁਰੱਖਿਆ ਲਈ ਵਚਨਬੱਧ ਹੈ।

## ਸ਼ਹੀਦਾਂ ਦੀ ਯਾਦ 'ਚ ਸ਼ਹੀਦੀ ਸਮਾਗਮ ਅੱਜ

**ਕਾਲਾ ਸੰਘਿਆਂ (ਮਨਜੀਤ ਮਾਨ)** ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਵਿਖੇ ਕਾਲਾ ਸੰਘਿਆਂ ਦੇ 1972, 1973 ਦੌਰਾਨ ਕਾਲਾ ਸੰਘਿਆਂ ਇਲਾਕੇ ਵਿੱਚ ਚੱਲ ਰਹੇ ਮੋਰਚਾ ਦੌਰਾਨ ਸ਼ਹੀਦ ਹੋਏ 7 ਸਾਥੀਆਂ ਮਾਸਟਰ ਜੁਗਿੰਦਰ ਸਿੰਘ ਜਿੰਦ, ਮਾਸਟਰ ਸਵਰਨ ਸਿੰਘ ਢੱਡਾ, ਤਰਸੇਮ ਲਾਲ ਟੁੱਟ ਸ਼ੇਰ ਸਿੰਘ ਨਕੋਦਰ, ਵਿਕਰਮਜੀਤ ਸਿੰਘ ਬਿੱਲੂ ਤਲਵੰਡੀ ਸਾਦਿਕ ਪੁਰ ਨਕੋਦਰ, ਗੁਰਦੀਪ ਸਿੰਘ ਦੀਪਾ ਗੋਂਦ ਪੁਰ ਜਲੰਧਰ, ਗੁਰਦਿਆਲ ਸਿੰਘ ਕਾਲਾ ਸੰਘਿਆਂ, ਤੇਜ਼ਾ ਸਿੰਘ ਕਾਲਾ ਸੰਘਿਆਂ ਦੀ ਯਾਦ ਵਿੱਚ ਜ਼ਿਲ੍ਹਾ ਕਿਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਸ਼ਹੀਦੀ ਸਮਾਗਮ 8 ਸਤੰਬਰ ਦਿਨ ਸੋਮਵਾਰ ਨੂੰ ਸਵੇਰੇ 11 ਵਜੇ ਗੁਰਦੁਆਰਾ ਘੰਟਾਂ ਘਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ ਤੇ ਪਲਵਿੰਦਰ ਸਿੰਘ ਸੰਘਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਸ਼ਹੀਦੀ ਸਮਾਗਮ 'ਤੇ ਲੋਕ ਕਲਾ ਕੇਂਦਰ ਕਪੂਰਥਲਾ ਵੱਲੋਂ ਕਾਲਾ ਸੰਘਿਆਂ ਦੇ ਸ਼ਹੀਦਾਂ ਦੀ ਯਾਦ ਵਿੱਚ ਇਨਕਲਾਬੀ ਨਾਟਕ ਪੇਸ਼ ਕੀਤਾ ਜਾਵੇਗਾ।

## ਸਤਲੁਜ ਦਰਿਆ ਦੇ ਕੰਢੇ ਬੰਨ੍ਹ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਹੇ ਨੌਜਵਾਨ ਦੇ ਪਰਵਾਰ ਨੂੰ ਮੁਆਵਜ਼ਾ ਦੇਣ ਦੀ ਅਪੀਲ

**ਰੋਪੜ (ਬਿੰਦਰਾ)** ਕਿਸਾਨ ਆਗੂ ਸੁਖਵਿੰਦਰ ਸਿੰਘ ਸੁੱਖਾ, ਕਮਿਊਨਿਸਟ ਆਗੂ ਲਾਲ ਬਹਾਦਰ, ਮੁਲਾਜ਼ਮ ਆਗੂ ਸੁਖਦੇਵ ਸਿੰਘ ਸੁਰਤਾਪੁਰ ਇਕ ਬਿਆਨ ਰਾਹੀਂ ਪਿੰਡ ਰਸ਼ੀਦਪੁਰ ਦੇ ਵਸਨੀਕ ਅਮਰਿੰਦਰ ਸਿੰਘ ਦੇ ਪਰਵਾਰ ਨੂੰ ਇੱਕ ਕਰੋੜ ਰੁਪਏ ਮਦਦ ਦੀ ਮੰਗ ਪੰਜਾਬ ਸਰਕਾਰ ਤੋਂ ਕੀਤੀ ਹੈ।ਲਾਲ ਬਹਾਦਰ ਨੇ ਦੱਸਿਆ ਕਿ ਇਹ ਨੌਜਵਾਨ ਇਲਾਕਾ ਨਿਵਾਸੀਆਂ ਨਾਲ ਮਿਲ ਕੇ ਕਈ ਦਿਨਾਂ ਸਤਲੁਜ ਦੇ ਬੰਨ੍ਹ ਨੂੰ ਮਜ਼ਬੂਤ ਕਰਨ ਲਈ ਮਿੱਟੀ ਆਦਿ ਦੇ ਥੈਲੇ ਭਰਨ ਦੀ ਸੇਵਾ ਕਰ ਰਿਹਾ ਸੀ, 4 ਸਤੰਬਰ ਨੂੰ ਰਾਤ ਸਮੇਂ ਜਦ ਉਹ ਬੰਨ੍ਹ ਤੋਂ ਪੈਦਲ ਘਰ ਵਲ ਜਾ ਰਿਹਾ ਸੀ ਤਾਂ ਨਹਿਰੀ ਸੂਏ ਦੇ ਪੁਲ 'ਤੇ ਗਾਰ ਕਾਰਨ ਉਸ ਦਾ ਪੈਰ ਫਿਸਲ ਗਿਆ ਅਤੇ ਉਹ ਸੂਏ ਵਿੱਚ ਡਿੱਗ ਗਿਆ ਅਤੇ ਡੁੱਬ ਕੇ ਉਹਦੀ ਮੌਤ ਹੋ ਗਈ।ਅਮਰਿੰਦਰ ਸਿੰਘ ਪੁੱਤਰ ਨਿਰਮਲ ਸਿੰਘ ਰਸ਼ੀਦਪੁਰ ਦੀ ਉਮਰ 35 ਸਾਲ ਸੀ।ਉਹ ਵਿਆਹਿਆ ਹੋਇਆ ਸੀ ਉਸ ਦਾ 7 ਸਾਲ ਦਾ ਬੇਟਾ ਅਤੇ 5 ਸਾਲ ਦੀ ਨਿੱਕੀ ਜਿਹੀ ਧੀ ਹੈ।ਉਸ ਦੇ ਪਰਵਾਰ ਵਿੱਚ ਉਸ ਦੇ ਮਾਤਾ ਪਿਤਾ ਪਤਨੀ ਅਤੇ ਇਹ ਛੋਟੇ ਬੱਚੇ ਹਨ।ਇਨ੍ਹਾਂ ਆਗੂਆਂ ਨੇ ਪਰਵਾਰ ਨੂੰ ਇਕ ਕਰੋੜ ਰੁਪਏ ਸਹਾਇਤਾ ਕਰਨ ਦੀ ਮੰਗ ਕੀਤੀ।

## 'ਸ੍ਰੀ ਗੁਰ ਕਥਾ ਮੂਲ ਪਾਠ ਤੇ ਵਿਆਖਿਆ' ਲੋਕ ਅਰਪਣ

**ਮਹਿਤਪੁਰ, ਕਾਲਾ ਸੰਘਿਆਂ (ਰਾਜਾ, ਮਨਜੀਤ ਮਾਨ)** ਮਹਾਨ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ ਦਾ ਜਨਮ ਦਿਹਾੜਾ ਤਖ਼ਤ ਸ੍ਰੀ ਕੇਸਗੜ੍ਹ ਦੀ ਪਵਿੱਤਰ ਧਰਤੀ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਮਨਾਇਆ ਗਿਆ। ਇਸ ਸਮੇਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਦੀਵਾਨ ਹਾਲ ਵਿੱਚ ਸਮਾਗਮ ਆਯੋਜਿਤ ਕੀਤਾ ਗਿਆ।ਜਿਸ ਵਿੱਚ ਸ਼੍ਰੋਮਣੀ ਦਸ਼ਮੇਸ਼ ਤਰਨਾ ਦਲ ਦੇ ਮੁਖੀ ਸਿੰਘ



ਸਾਹਿਬ ਬਾਬਾ ਮੇਜਰ ਸਿੰਘ ਸੋਢੀ ਤੇ ਹੋਰ ਦਲ ਪੰਥਾਂ ਦੇ ਮੁਖੀਆਂ ਨੇ ਸਾਂਝੀ ਹਾਜਰੀ ਲਗਵਾਈ।ਇਸ ਮੌਕੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਦੀ ਹੱਥ ਲਿਖਤ ਕਾਵਿ ਰਚਨਾ ਸ੍ਰੀ ਗੁਰ ਕਥਾ ਦੇ ਮੂਲ ਪਾਠ ਦੀ ਵਿਆਖਿਆ ਬੂਟਾ ਸਿੰਘ ਪੰਡੋਰੀ (ਸੰਪਾਦਕ ਰੰਘਰੇਟਾ ਸੰਸਾਰ ਮੈਗਜ਼ੀਨ) ਵਲੋਂ ਕੀਤਾ ਗਈ ਹੈ।ਜੋ ਪੋਥੀ ਰੂਪ ਵਿੱਚ 'ਸ੍ਰੀ ਗੁਰ ਕਥਾ ਕ੍ਰਿਤ-ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਮੂਲ ਪਾਠ ਤੇ ਵਿਆਖਿਆ' ਅਤੇ ਰੰਘਰੇਟਾ ਸੰਸਾਰ ਮੈਗਜ਼ੀਨ ਦਾ ਸਤੰਬਰ 2025 ਅੰਕ ਸ੍ਰੀ ਆਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਡਾ. ਦਲਜੀਤ ਸਿੰਘ ਚੀਮਾ, ਸ. ਗੁਲਜਾਰ ਸਿੰਘ ਰਣੀਕੇ, ਜੱਥੇਦਾਰ ਬਾਬਾ ਮੇਜਰ ਸਿੰਘ ਸੋਢੀ, ਜੱਥੇਦਾਰ ਬਾਬਾ ਬਲਦੇਵ ਸਿੰਘ ਵੱਲ੍ਹਾ, ਜੱਥੇਦਾਰ ਬਾਬਾ ਕੁਲਵਿੰਦਰ ਸਿੰਘ ਤੇ ਹੋਰ ਸ਼ਖ਼ਸ਼ੀਅਤਾਂ ਵਲੋਂ ਰੀਲੀਜ਼ ਕੀਤਾ ਗਿਆ।

## ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵੰਡੀ ਰਾਹਤ ਸਮੱਗਰੀ

**ਨੰਗਲ (ਸੁਰਜੀਤ ਸਿੰਘ)** ਪ੍ਰਸ਼ਾਸਨ ਲੋਕਾਂ ਦੀ ਸੇਵਾ ਲਈ ਹਰ ਸਮੇਂ ਹਾਜ਼ਰ ਹੈ, ਕਿਸੇ ਵੀ ਲੋੜਵੰਦ ਨੂੰ ਉਸ ਦੀ ਜਰੂਰਤ ਅਨੁਸਾਰ ਸਮਾਨ ਦਿੱਤਾ ਜਾ ਰਿਹਾ ਹੈ, ਜਲਦ ਹੀ ਹਾਲਤਾ ਸੁਖਾਵੇ ਹੋ ਜਾਣਗੇ ਅਤੇ ਸਭ ਆਪਣੇ ਘਰੋ ਘਰ ਪਰਤ ਕੇ ਆਮ ਵਰਗਾ ਜੀਵਨ ਬਤੀਤ ਕਰਨਗੇ।ਇਹ ਪ੍ਰਗਟਾਵਾ ਚੰਦਰ ਜਯੋਤੀ ਸਿੰਘ ਆਈ ਏ ਐਸ ਵਧੀਕ ਡਿਪਟੀ ਕਮਿਸ਼ਨਰ ਨੇ ਪਲਾਸੀ, ਸਿੰਘਪੁਰਾ, ਭਨਾਮ, ਬੇਲਾ ਧਿਆਨੀ ਦੇ ਰਾਹਤ ਕੈਂਪ ਵਿੱਚ ਮੌਜੂਦ ਲੋਕਾਂ ਨੂੰ ਰਾਹਤ ਸਮੱਗਰੀ ਵੰਡਣ ਮੌਕੇ ਕੀਤਾ। ਪਹਿਲਾ ਵੀ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਐਸ ਐਸ ਪੀ ਗੁਲਨੀਤ ਖੁਰਾਨਾ ਦੌਰਾ ਕਰ ਚੁੱਕੇ ਹਨ। ਉਨ੍ਹਾ ਕਿਹਾ ਲੋਕਾਂ ਨੂੰ ਜਲਦੀ ਹੀ ਆਮ ਵਰਗੇ ਹਾਲਾਤ ਹੋਣ 'ਤੇ ਰਾਹਤ ਕੈਂਪਾਂ ਵਿੱਚੋਂ ਆਪਣੇ ਘਰੋ ਘਰੀ ਭੇਜ ਦਿੱਤਾ ਜਾਵੇਗਾ।ਇਸ ਮੌਕੇ ਗੁਰਦੀਪ ਸਿੰਘ ਕਾਰਜ ਸਾਧਕ ਅਫਸਰ, ਮੁਕੇਸ਼ ਸ਼ਰਮਾ ਸੁਪਰਡੈਂਟ ਤੇ ਵੱਖ ਵੱਖ ਵਿਭਾਗਾ ਦੇ ਅਧਿਕਾਰੀ ਹਾਜ਼ਰ ਸਨ।

## 'ਵੇਰਕਾ' ਕਰ ਰਿਹਾ ਹੈ ਪੰਜਾਬ ਭਰ 'ਚ ਵੱਡੇ ਪੱਧਰ 'ਤੇ ਰਾਹਤ ਕਾਰਜਾਂ ਦੀ ਅਗਵਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਇੰਨ੍ਹੀਂ ਦਿਨੀਂ ਆਪਣੇ ਸਭ ਤੋਂ ਭਿਆਨਕ ਤੇ ਵਿਨਾਸ਼ਕਾਰੀ ਹੜ੍ਹਾਂ ਦੀ ਮਾਰ ਹੇਠ ਹੈ। ਇਸ ਸੰਕਟਕਾਲੀ ਦੌਰ ਵਿੱਚ ਸਹਿਕਾਰਤਾ ਵਿਭਾਗ ਨੇ ਮਿਲਕਫੈੱਡ ਪੰਜਾਬ (ਵੇਰਕਾ) ਅਤੇ ਇਸ ਨਾਲ ਸੰਬੰਧਿਤ ਮਿਲਕ ਯੂਨੀਅਨਾਂ ਦੇ ਨਾਲ ਮਿਲ ਕੇ ਪ੍ਰਭਾਵਿਤ ਲੋਕਾਂ ਅਤੇ ਪਸ਼ੂਆਂ ਦੀ ਸਹਾਇਤਾ ਲਈ ਰਾਹਤ ਅਤੇ ਮੁੜ-ਵਸੇਬਾ ਕਾਰਜ ਸ਼ੁਰੂ ਕਰ ਦਿੱਤੇ ਹਨ।ਸਭ ਤੋਂ ਵੱਧ ਪ੍ਰਭਾਵਿਤ ਖੇਤਰ ਅੰਮ੍ਰਿਤਸਰ, ਫਿਰੋਜ਼ਪੁਰ, ਅਬੋਹਰ, ਫਾਜਿਲਕਾ ਅਤੇ ਜਲੰਧਰ ਹਨ, ਜਿੱਥੇ ਲਗਭਗ 3.5 ਲੱਖ ਪ੍ਰਭਾਵਿਤ ਲੋਕ ਹਨ ਅਤੇ ਜ਼ਰੂਰੀ ਵਸਤਾਂ ਦੀ ਸਪਲਾਈ ਲਈ ਜੂਝ ਰਹੇ ਹਨ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਮਿਲਕਫੈੱਡ ਪੰਜਾਬ ਨੇ ਇੱਕ ਵਿਆਪਕ ਦੋ-ਪੱਖੀ ਰਣਨੀਤੀ ਨੂੰ ਸ਼ੁਰੂ ਕੀਤੀ ਹੈ, ਜਿਸ ਤਹਿਤ ਡੇਅਰੀ ਕਿਸਾਨਾਂ ਅਤੇ ਪਸ਼ੂਆਂ ਨੂੰ ਦੀ ਸਿਹਤਮੰਦੀ ਕਾਇਮ ਰੱਖਣ ਦੇ ਨਾਲ- ਨਾਲ ਪ੍ਰਭਾਵਿਤ ਆਬਾਦੀ



ਨੂੰ ਦੁੱਧ ਅਤੇ ਭੋਜਨ ਦੀ ਜ਼ਰੂਰੀ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਇਸ ਪਹਿਲਕਦਮੀ ਬਾਰੇ ਬੋਲਦਿਆਂ ਸਹਿਕਾਰਤਾ ਵਿਭਾਗ ਦੇ ਵਿੱਤ ਕਮਿਸ਼ਨਰ ਸੁਮੇਰ ਗੁਰਜਰ ਨੇ ਕਿਹਾ ਕਿ ਇਹ ਸਿਰਫ਼ ਰਾਹਤ ਨਹੀਂ ਹੈ। ਟੀਮਾਂ ਲਗਾਤਾਰ ਕਿਸਾਨਾਂ ਦੀ ਖਾਧ-ਖੁਰਾਕ ਦੀ ਰੱਖਿਆ, ਪਸ਼ੂਆਂ ਦੀ ਰੱਖਿਆ ਕਰ ਰਹੀਆਂ ਹਨ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਪਰਵਾਰ ਪੋਸ਼ਣ ਤੋਂ ਵਾਂਝਾ ਨਾ ਰਹੇ।ਇਸ ਚੁਣੌਤੀਪੂਰਨ ਸਮੇਂ ਵਿੱਚ ਮਿਲਕਫੈੱਡ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਦੁੱਧ ਇਕੱਠਾ ਕਰਨ ਵਾਲੀਆਂ ਥਾਵਾਂ ਤੱਕ ਪਹੁੰਚਣ ਲਈ ਕਿਸ਼ਤੀਆਂ ਅਤੇ ਅਸਥਾਈ ਵਾਹਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਐਮ.ਡੀ. ਨੇ ਅੱਗੇ ਦੱਸਿਆ ਕਿ ਡੇਅਰੀ ਸਪਲਾਈ ਤੋਂ ਇਲਾਵਾ, ਮਿਲਕਫੈੱਡ ਅਤੇ ਇਸਦੀਆਂ ਯੂਨੀਅਨਾਂ ਨੇ ਫਸੇ ਪਰਵਾਰਾਂ ਲਈ 15,000 ਫੂਡ ਕਿੱਟਾਂ ਦਾ ਵਾਅਦਾ ਕੀਤਾ ਹੈ। ਵੇਰਕਾ ਜਲੰਧਰ, ਮੋਹਾਲੀ ਅਤੇ ਸੰਗਰੂਰ ਡੇਅਰੀਆਂ ਤੋਂ ਪਹਿਲਾਂ ਹੀ ਵੰਡ ਸ਼ੁਰੂ ਹੋ ਗਈ ਹੈ ਅਤੇ ਸਪਲਾਈ ਲਗਾਤਾਰ ਰਾਹਤ ਕੈਂਪਾਂ ਅਤੇ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਕੀਤੀ ਜਾ ਰਹੀ ਹੈ।

## ਰਾਜ ਸਭਾ ਮੈਂਬਰ ਸੰਜੇ ਸਿੰਘ ਪਹੁੰਚੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ

**ਸੁਲਤਾਨਪੁਰ ਲੋਧੀ/ਕਪੂਰਥਲਾ (ਬਲਵੀਰ ਸ਼ਾਲ੍ਹਪੁਰੀ)**- ਰਾਜ ਸਭਾ ਮੈਂਬਰ ਸੰਜੇ ਸਿੰਘ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਤੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ ਵੀ ਮੌਜੂਦ ਸਨ।ਉਨ੍ਹਾਂ ਮੰਡ ਇੰਦਰਪੁਰ ਵਿਖੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਦਿਆਂ ਹੜ੍ਹ ਪੀੜਤ ਪਰਿਵਾਰਾਂ ਨਾਲ ਗੱਲਬਾਤ ਵੀ ਕੀਤੀ।ਉਨ੍ਹਾਂ ਭਰੋਸਾ ਦੁਆਇਆ ਕਿ ਪੰਜਾਬ ਸਰਕਾਰ ਇਸ ਔਖੀ ਘੜੀ



ਵਿੱਚ ਪੂਰੀ ਮਜ਼ਬੂਤੀ ਤੇ ਦ੍ਰਿੜ੍ਹਤਾ ਨਾਲ ਹੜ੍ਹ ਪੀੜਤਾ ਨਾਲ ਖੜੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਲੋਕਾਂ ਦੇ ਹੋਏ ਨੁਕਸਾਨ ਦੀ ਪੂਰੀ ਭਰਪਾਈ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਇਹ ਵੀ ਕਿਹਾ ਕਿ ਜਿਥੇ ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾ ਰਿਹਾ ਹੈ, ਉਥੇ ਹੀ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਸੂਬੇ ਦੇ ਲੋਕਾਂ ਨੂੰ ਇਸ ਔਖੀ ਘੜੀ ਵਿਚੋਂ ਬਾਹਰ ਕੱਢਣ ਅਤੇ ਜਿੰਦਗੀ ਨੂੰ ਮੁੜ ਤੋਂ ਆਮ ਵਾਂਗ ਸ਼ੁਰੂ ਕਰਨ ਲਈ ਵੱਡੇ ਪੱਧਰ 'ਤੇ ਵਿੱਤੀ ਪੈਕੇਜ ਦਾ ਐਲਾਨ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਵੱਧ ਤੋਂ ਵੱਧ ਮੁਆਵਜ਼ਾ ਦੇਕੇ ਉਨ੍ਹਾਂ ਦੀਆਂ ਦੁੱਖ ਤਕਲੀਫਾਂ ਨੂੰ ਕੁਝ ਘੱਟ ਕੀਤਾ ਜਾ ਸਕੇ।ਇਸ ਮੌਕੇ ਰਾਜ ਸਭਾ ਮੈਂਬਰ ਸੰਜੇ ਸਿੰਘ ਵਲੋਂ ਹੜ੍ਹ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੀ ਵੰਡੀ ਗਈ।

## ਡਾ. ਇਸ਼ਾਂਕ ਕੁਮਾਰ ਨੇ ਭਾਰੀ ਨਾਲ ਪ੍ਰਭਾਵਤ ਪਿੰਡਾਂ ਦਾ ਕੀਤਾ ਦੌਰਾ

**ਹੁਸ਼ਿਆਰਪੁਰ (ਓ ਪੀ ਰਾਣਾ)** ਚੱਬੇਵਾਲ ਵਿਧਾਨ ਸਭਾ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਵਿਧਾਨ ਸਭਾ ਹਲਕੇ ਦੇ ਉਨ੍ਹਾਂ ਪਿੰਡਾਂ ਦਾ ਦੌਰਾ ਕੀਤਾ ਜੋ ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ।ਇਸ ਦੌਰਾਨ ਉਨ੍ਹਾਂ ਨੇ ਰਾਜਪੁਰ ਭਾਈਆਂ, ਮੋਨਾ ਕਲਾਂ, ਫਦਮਾ, ਖਨੌੜਾ ਅਤੇ ਫੁਗਲਾਣਾ ਪਿੰਡਾਂ ਦਾ ਦੌਰਾ ਕੀਤਾ ਅਤੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਡਾ. ਇਸ਼ਾਂਕ ਕੁਮਾਰ ਨੇ ਪ੍ਰਭਾਵਿਤ ਪਰਵਾਰਾਂ ਨੂੰ ਭਰੋਸਾ ਦਿੱਤਾ ਕਿ



ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨੇ ਮੌਕੇ 'ਤੇ ਲੋੜਵੰਦ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੰਡੀ ਅਤੇ ਕਿਹਾ ਕਿ ਕਿਸੇ ਵੀ ਪ੍ਰਭਾਵਿਤ ਪਰਿਵਾਰ ਨੂੰ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ।ਇਸ ਮੌਕੇ ਵਿਧਾਇਕ ਨੇ ਪ੍ਰਭਾਵਿਤ ਥਾਵਾਂ ਦਾ ਜਾਇਜ਼ਾ ਲਿਆ ਅਤੇ ਸਥਾਨਕ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਮੀਂਹ ਕਾਰਨ ਪੈਦਾ ਹੋਈਆਂ ਸਮੱਸਿਆਵਾਂ ਅਸਥਾਈ ਹਨ, ਪਰ ਇਕੱਠੇ ਹੋ ਕੇ ਅਸੀਂ ਇਨ੍ਹਾਂ ਨੂੰ ਦੂਰ ਕਰ ਸਕਾਂਗੇ।

## ਰੰਧਾਵਾ ਵੱਲੋਂ 84 ਲੱਖ ਦੀ ਲਾਗਤ ਨਾਲ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਡੇਰਾਬੱਸੀ ਹਲਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਪੈਂਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਨਗਰ ਕੌਂਸਲ ਪ੍ਰਧਾਨ, ਪਾਰਟੀ ਦੇ ਬਲਾਕ ਪ੍ਰਧਾਨ, ਐਮ ਸੀ ਸਾਹਿਬਾਨ ਅਤੇ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਵਾਰਡ ਨੰਬਰ 18 ਅਤੇ 19 ਵਿੱਚ ਪੈਂਦੀ ਮਹੱਤਵਪੂਰਣ ਸੜਕ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਕਰਵਾਈ।ਇਹ ਸੜਕ ਅਨਾਜ ਮੰਡੀ ਇੰਡਸ ਵੈਲੀ ਸਾਈਡ ਤੋਂ ਅਮਰਦੀਪ ਨਗਰ ਈਸਾਪੁਰ ਤੱਕ ਅਤੇ ਭਾਂਖਰਪੁਰ ਸਾਈਡ ਤੋਂ ਨਗਰ ਕੌਂਸਲ ਦੀ ਹੱਦ ਤੱਕ ਜਾਂਦੀ ਹੈ।ਇਸ ਸੜਕ ਦੀ ਮੁਰੰਮਤ ਅਤੇ ਸੁਧਾਰ ਲਈ ਕੁੱਲ 84 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਸ ਲਗਾਈਆਂ ਜਾ ਰਹੀਆਂ ਹਨ।ਵਿਧਾਇਕ ਰੰਧਾਵਾ ਨੇ ਇਸ ਮੌਕੇ ਕਿਹਾ ਕਿ ਸੜਕ ਬਣਨ ਨਾਲ ਨਾ ਸਿਰਫ਼ ਲੋਕਾਂ ਨੂੰ ਆਵਾਜਾਈ ਲਈ ਵਧੀਆ ਸੁਵਿਧਾ ਮਿਲੇਗੀ, ਸਗੋਂ ਫਾਟਕ ਬੰਦ ਹੋਣ ਦੀ ਸਥਿਤੀ ਵਿੱਚ ਇਹ ਸੜਕ ਡਾਈਵਰਟ ਰੂਟ ਵਜੋਂ ਵਰਤੀ ਜਾ ਸਕੇਗੀ।ਉਨ੍ਹਾਂ ਨੇ ਇਹ ਵੀ ਭਰੋਸਾ ਦਿਵਾਇਆ ਕਿ ਹਲਕੇ ਦੀ ਹਰ ਵਾਰਡ ਅਤੇ ਹਰ ਇਲਾਕੇ ਵਿੱਚ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਕਾਰਜ ਤੇਜ਼ੀ ਨਾਲ ਕੀਤੇ ਜਾ ਰਹੇ ਹਨ।



## ਭਾਖੜਾ ਨਹਿਰ 'ਚੋਂ ਨਾ-ਮਾਲੂਮ ਦੀ ਲਾਸ਼ ਬਰਾਮਦ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਕੋਟਲਾ ਪਾਵਰ ਹਾਊਸ ਦੇ ਗੇਟਾਂ ਨੇੜੇ ਭਾਖੜਾ ਨਹਿਰ ਵਿੱਚੋਂ ਇੱਕ ਨਾ-ਮਾਲੂਮ ਵਿਅਕਤੀ ਦੀ ਡੈਡ ਬੌਡੀ ਮਿਲਣ ਦੀ ਸੂਚਨਾ ਪ੍ਰਾਪਤ ਹੋਈ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਏਐਸਆਈ ਧਰਮਪਾਲ ਨੇ ਦੱਸਿਆ ਕਿ ਲਾਸ਼ ਕਾਫੀ ਪੁਰਾਣੀ ਜਾਪਦੀ ਹੈ ਤੇ ਇਸ ਦੀ ਸ਼ਨਾਖਤ ਨਹੀਂ ਹੋ ਸਕੀ।ਪੁਲਸ ਮੁਤਾਬਕ ਮ੍ਰਿਤਕ ਦੀ ਉਮਰ ਕਰੀਬ 35 ਤੋਂ 40 ਸਾਲ ਹੈ।ਉਸਨੇ ਨੀਲੀ ਜੀਨਜ਼ ਪੈਂਟ ਅਤੇ ਮਿੱਟੀ ਰੰਗ ਦੀ ਟੀ-ਸ਼ਰਟ ਪਹਿਨੀ ਹੋਈ ਹੈ।ਪੁਲਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਕੋਈ ਵੀ ਵਿਅਕਤੀ ਇਸ ਬਾਰੇ ਜਾਣਕਾਰੀ ਰੱਖਦਾ ਹੋਵੇ ਤਾਂ ਹੇਠਾਂ ਦਿੱਤੇ ਨੰਬਰਾਂ 'ਤੇ ਸੰਪਰਕ ਕਰੇ। ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਭੇਜ ਦਿੱਤਾ ਗਿਆ ਹੈ।

## ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਸੌਂਪਿਆ 1 ਲੱਖ ਦਾ ਚੈੱਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਇਨਸਾਨੀਅਤ ਜਜ਼ਬਾਤਾਂ ਨੂੰ ਸਭ ਤੋਂ ਉੱਪਰ ਰੱਖਦੇ ਹੋਏ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਦੇ ਅਧਿਆਪਕਾਂ ਨੇ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਅੱਗੇ ਆ ਕੇ 1 ਲੱਖ ਰੁਪਏ ਦੀ ਰਕਮ ਇਕੱਠੀ ਕੀਤੀ।ਇਸ ਸਹਾਇਤਾ ਰਾਸ਼ੀ



ਦਾ ਚੈੱਕ ਸਕੂਲ ਦੇ ਪ੍ਰਤੀਨਿਧੀਆਂ ਵੱਲੋਂ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਨੂੰ ਸੌਂਪਿਆ ਗਿਆ।ਇਸ ਮੌਕੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਨੇ ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਾਪਤ ਸਾਰੀ ਸਹਾਇਤਾ ਪਾਰਦਰਸ਼ਤਾ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਤੱਕ ਪਹੁੰਚਾਈ ਜਾ ਰਹੀ ਹੈ। ਸਕੂਲ ਦੇ ਅਧਿਆਪਕਾਂ ਨੇ ਕਿਹਾ ਕਿ ਆਫ਼ਤ ਦੀ ਇਸ ਘੜੀ ਵਿੱਚ ਪੀੜਤਾਂ ਨਾਲ ਖੜ੍ਹੇ ਹੋਣਾ ਉਨ੍ਹਾਂ ਦੀ ਸਮਾਜਿਕ ਜ਼ਿੰਮੇਵਾਰੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸਕੂਲ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਲਈ ਹਮੇਸ਼ਾ ਤਿਆਰ ਰਹੇਗਾ।

## ਸੇਵਾ ਸਰਬੱਤ ਦਾ ਭਲਾ ਟਰੱਸਟ ਦੀ ਮੰਥਲੀ ਮੀਟਿੰਗ ਹੋਈ

**ਬਲਾਚੌਰ (ਜਸਵਿੰਦਰ ਬੈਂਸ)** ਸਮਾਜ ਸੇਵੀ ਮੈਨੇਜਿੰਗ ਡਾਇਰੈਕਟਰ ਡਾ ਐਸ ਪੀ ਐਸ ਉਬਰਾਏ ਸੇਵਾਂ ਸਰਬੱਤ ਦਾ ਭਲਾ ਟਰੱਸਟ ਦੀ ਮੰਥਲੀ ਮੀਟਿੰਗ ਰੈਂਪ ਆਟੋ ਵਿਖੇ ਹੋਈ ਟੀਮ ਸਾਰੇ ਮੈਂਬਰ ਹਾਜ਼ਰ ਸਨ, ਜਿਸ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ ਪੰਜਾਬ ਵਿੱਚ ਹੜ੍ਹਾਂ ਦੀ ਮਾਰ ਹੇਠਾਂ ਆਏ ਇਲਾਕਿਆਂ ਵਿਚ ਹੜ੍ਹ





ਪੀੜਤਾਂ ਦੀ ਸੇਵਾ ਵਾਸਤੇ ਦਵਾਈਆਂ ਪਸ਼ੂਆਂ ਦਾ ਚਾਰਾ ਖਾਣ ਪੀਣ ਦੀਆਂ ਵਸਤਾਂ ਸੁਲਤਾਨਪੁਰ ਲੋਧੀ ਵਾਸਤੇ ਭੇਜੀਆਂ ਗਈਆਂ ਅਤੇ ਸਮਾਜ ਸੇਵੀ ਡਾਕਟਰ ਐਸ ਪੀ ਐਸ ਉਬਰਾਏ ਵੱਲੋਂ ਦੋ ਕਰੋੜ ਰੁਪਏ ਮਾਝਾ ਮਾਲਵਾ ਪੰਜਾਬ ਵਾਸਤੇ ਇਹਦੇ ਨਾਲ ਨਾਲ ਡਾਕਟਰ ਐਸ ਪੀ ਐਸ ਉਬਰਾਏ ਨੇ ਪੰਜਾਬ ਦੇ ਨਾਲ ਨਾਲ ਹੁਣ ਪਾਕਿਸਤਾਨ 'ਚੋਂ ਚੁੱਕੀ ਸੇਵਾ ਦੀ ਵੱਡੀ ਜਿੰਮੇਵਾਰੀ ਉਹਨਾਂ ਨੇ ਲਗਭਗ 80 ਲੱਖ ਰੁਪਏ ਦੀ ਰਾਸ਼ੀ ਪਾਕਿਸਤਾਨ ਨੂੰ ਹੜ੍ਹ ਪੀੜਤਾਂ ਦੇ ਰਾਸ਼ਨ ਵਾਸਤੇ ਜਾਰੀ ਕੀਤੀ। ਇਸ ਮੌਕੇ ਦਰਗੇਸ਼ ਜੰਡੀ, ਰਕੇਸ਼ ਕੁਮਾਰ ਭਾਟੀਆ, ਜਸਵਿੰਦਰ ਬੈਂਸ, ਸੱਚਾ ਰਾਮ, ਡਾਕਟਰ ਕੇਵਲ ਕ੍ਰਿਸ਼ਨ, ਹਰਿ ਪ੍ਰਭ ਮਹਿਰ ਸਿੰਘ, ਜਤਿੰਦਰ ਬਾਠ ਪਵਨ ਕੁਮਾਰ, ਦਾਰਾ ਸਿੰਘ, ਇੰਦਰਜੀਤ ਸਿੰਘ ਮਾਨ, ਰਾਜ ਕੁਮਾਰ ਖਟਾਣਾ ਆਦ ਹਾਜ਼ਰ ਸਨ।

## ਹੜ੍ਹ ਪੀੜਤਾਂ ਲਈ ਪਰਮਿੰਦਰ ਸਿੰਘ ਪੰਡੋਰੀ ਵੱਲੋਂ ਰਾਸ਼ਨ ਦੀ ਵੰਡ

**ਮਹਿਤਪੁਰ (ਰਾਜਾ)** ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਹਰ ਪੀੜਤ ਪਰਵਾਰ ਤੱਕ ਰਾਹਤ ਸਮੱਗਰੀ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।



ਉੱਕਤ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਪਿੰਦਰ ਪੰਡੋਰੀ ਨੇ ਭਰੋਸਾ ਦਵਾਇਆ ਕਿ ਕੋਈ ਵੀ ਪਰਵਾਰ ਮੁਸ਼ਕਲ ਘੜੀ ਵਿੱਚ ਅਣਸਹਾਇਤਾ ਨਹੀਂ ਛੱਡਿਆ ਜਾਵੇਗਾ।ਇਸ ਮੌਕੇ ਹਲਕਾ ਸੰਗਠਨ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ, ਪਾਰਟੀ ਦੇ ਬਲਾਕ ਪ੍ਰਧਾਨ ਸਮੇਤ ਕਈ ਹੋਰ ਆਗੂ ਵੀ ਮੌਜੂਦ ਸਨ। ਪਿੰਡ ਵਾਸੀਆਂ ਨੇ ਰਾਸ਼ਨ ਪ੍ਰਾਪਤ ਕਰਕੇ ਸਰਕਾਰ ਅਤੇ ਪਿੰਦਰ ਪੰਡੋਰੀ ਦਾ ਅਤੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ।

## ਲਕਸ਼ਮੀ ਨਰਾਇਣ ਮੰਦਰ ਦਾ ਨੁਕਸਾਨਿਆ ਹਿੱਸਾ ਬਚਾਉਣ ਲਈ ਜੰਗੀ ਪੱਧਰ 'ਤੇ ਕਰ ਰਹੇ ਉਪਰਾਲੇ : ਬੈਂਸ

**ਨੰਗਲ (ਸੁਰਜੀਤ ਸਿੰਘ)** ਹਰਜੋਤ ਸਿੰਘ ਬੈਂਸ ਵੱਲੋਂ ਨੰਗਲ ਦੇ ਪ੍ਰਸਿੱਧ ਪ੍ਰਾਚੀਨ ਲਕਸ਼ਮੀ ਨਰਾਇਣ ਮੰਦਰ ਦੀ ਨੁਕਸਾਨੀ ਇਮਾਰਤ ਦੇ ਹਿੱਸੇ ਨੂੰ ਬਚਾਉਣ ਲਈ ਪਿਛਲੇ ਦੋ ਦਿਨਾਂ ਤੋਂ ਜੰਗੀ ਪੱਧਰ 'ਤੇ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਆਪ ਵਲੰਟੀਅਰਾਂ ਦੇ ਨਾਲ ਹੁਣ ਇਲਾਕਾ ਵਾਸੀ ਅਤੇ ਤਕਨੀਕੀ ਮਾਹਰ ਵੀ ਜੁੜ ਗਏ ਹਨ।ਵੱਡੀਆ ਆਧੁਨਿਕ ਮਸ਼ੀਨਾ ਅਤੇ ਕਿਸ਼ਤੀ ਰਾਹੀ ਵੱਡੇ ਵੱਡੇ ਬੈਗ ਭਰ ਕੇ ਮੰਦਰ ਦੇ ਨਾਲ ਲੱਗੇ ਦਰਿਆ ਦੇ ਕੰਢੇ ਨੂੰ ਡੰਗਾ ਲਗਾ ਕੇ ਮਜਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਸਤਲੁਜ ਦਰਿਆ ਦੇ ਤੇਜ਼ ਵਹਾਅ ਨਾਲ ਹੋਰ ਨੁਕਸਾਨ ਹੋਣ ਤੋ ਰੋਕਿਆ ਜਾ ਸਕੇ।ਸ੍ਰੀ ਹਰਜੋਤ ਸਿੰਘ ਬੈਂਸ ਨੇ ਜਦੋਂ ਸਤਲੁਜ ਦਰਿਆ ਦੇ ਤੇਜ਼ ਵਹਾਅ ਨਾਲ ਨੰਗਲ ਦੇ ਪ੍ਰਸਿੱਧ ਲਕਸ਼ਮੀ ਨਰਾਇਣ ਮੰਦਰ ਦੇ ਹਿੱਸੇ ਦੇ ਹੋਏ ਨੁਕਸਾਨ ਦੀ ਮੁਰੰਮਤ ਦਾ ਮੋਰਚਾ ਖ਼ੁਦ ਸੰਭਾਲਿਆ ਤਾਂ ਤੇਜ਼ ਵਹਾਅ ਕਾਰਨ ਇਹ ਕਾਰਜ ਅਸੰਭਵ ਜਾਪ ਰਿਹਾ ਸੀ। ਦਰਿਆ ਦਾ ਤੇਜ਼ ਵਹਾਅ ਲਗਾਤਾਰ ਇਮਾਰਤ ਨੂੰ ਖੋਰ ਰਿਹਾ ਸੀ, ਪ੍ਰੰਤੂ ਸ੍ਰੀ ਬੈਂਸ ਅਤੇ ਉਨ੍ਹਾਂ ਦੇ ਸਾਥੀਆਂ ਨੇ ਇਮਾਰਤ ਦੇ ਉੱਪਰ ਤੋਂ ਰੱਸਿਆ ਰਾਹੀ ਸਪੋਰਟ ਲਗਾਉਣ ਵਾਲੀ ਸਮੱਗਰੀ ਪਹੁੰਚਾਉਣੀ ਸ਼ੁਰੂ ਕੀਤੀ।ਪੱਕੇ ਤੌਰ 'ਤੇ ਇਸ ਮੰਦਰ ਨੂੰ ਬਚਾਉਣ ਲਈ 1.27 ਕਰੋੜ ਰੁਪਏ ਖਰਚ ਹੋਣਗੇ।

## ਬੈਂਸ ਨੇ ਨਾਨੋਵਾਲ ਸਾਈਫਨ ਦੀ ਰੁਕਾਵਟ ਦੂਰ ਕਰਕੇ ਪਾਣੀ ਦੀ ਨਿਕਾਸੀ ਦਾ ਕਰਵਾਇਆ ਪ੍ਰਬੰਧ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਹਿਮਾਚਲ ਪ੍ਰਦੇਸ਼ ਵਿਚ ਬੀਤੇ ਦਿਨ ਹੋਈ ਭਾਰੀ ਬਰਸਾਤ ਕਾਰਨ ਚਰਨ ਗੰਗਾ ਖੱਡ ਵਿੱਚ ਵਾਧੂ ਮਾਤਰਾ ਵਿੱਚ ਪਾਣੀ ਦੇ ਨਾਲ ਮਿੱਟੀ ਅਤੇ ਪੱਥਰਾਂ ਦੇ ਆ ਜਾਣ ਕਾਰਨ ਲੰਮਲੈਹੜੀ ਨੇੜੇ ਚਰਨ ਗੰਗਾ ਖੱਡ ਦੇ ਨਾਲ ਲਗਾਏ ਡੰਗਿਆ ਦੇ ਨੁਕਸਾਨੇ ਜਾਣ ਦਾ ਜਾਇਜ਼ਾ ਲੈਣ ਲਈ ਤੜਕਸਾਰ ਹੀ ਕੈਬਨਿਟ ਮੰਤਰੀ



ਹਰਜੋਤ ਸਿੰਘ ਬੈਂਸ ਮੌਕੇ 'ਤੇ ਪਹੁੰਚੇ ਅਤੇ ਅਧਿਕਾਰੀਆਂ ਨੂੰ ਬਚਾਅ ਕਾਰਜ ਸੁਰੂ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਨੇ ਨਾਨੋਵਾਲ ਦੇ ਸਾਈਫਨ ਵਿਚ ਪਹਾੜਾ ਤੋਂ ਹੜ੍ਹ ਕੇ ਆਏ ਮਿੱਟੀ ਅਤੇ ਪੱਥਰਾਂ ਕਾਰਨ ਸਾਈਫਨ ਵਿਚ ਆਈ ਰੁਕਾਵਟ ਨਾਲ ਰੁਕੇ ਹੋਏ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰਵਾਇਆ, ਜਿਸ ਨਾਲ ਇਨ੍ਹਾਂ ਪਿੰਡਾਂ ਵਿਚ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ।ਸ੍ਰੀ ਬੈਂਸ ਨੇ ਦੱਸਿਆ ਕਿ ਇਲਾਕੇ ਦੇ ਪੰਚ, ਸਰਪੰਚ, ਵਲੰਟੀਅਰ ਅਤੇ ਨੌਜਵਾਨ ਲਗਾਤਾਰ ਬਚਾਅ ਕਾਰਜਾਂ ਵਿਚ ਸਹਿਯੋਗ ਕਰ ਰਹੇ ਹਨ, ਵੱਖ ਵੱਖ ਟੀਮਾਂ ਹਲਕੇ ਦੇ ਵੱਖ ਵੱਖ ਖੇਤਰਾਂ ਵਿਚ ਉਤਰ ਕੇ ਲੋਕਾਂ ਨੂੰ ਸਹਿਯੋਗ ਦੇ ਰਹੀਆ ਹਨ।

## ਈ ਟੀ ਓ ਨੇ ਹੜ੍ਹਾਂ ਕਾਰਨ ਸੜਕਾਂ ਦੇ ਹੋਏ ਨੁਕਸਾਨ ਦਾ ਲਿਆ ਜਾਇਜ਼ਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਨੇ ਪੰਜਾਬ ਸੜਕਾਂ ਅਤੇ ਪੁਲ ਵਿਕਾਸ ਬੋਰਡ ਮੋਹਾਲੀ ਵਿਖੇ ਹਾਲ ਵਿੱਚ ਆਏ ਹੜ੍ਹਾਂ ਨਾਲ ਨੁਕਸਾਨੇ ਗਏ ਬੁਨਿਆਦੀ ਢਾਂਚੇ- ਸੜਕਾਂ, ਪੁਲਾਂ ਅਤੇ ਜਨਤਕ ਇਮਾਰਤਾਂ ਦੀ ਉੱਚ ਪੱਧਰੀ ਮੀਟਿੰਗ ਵਿੱਚ ਸਮੀਖਿਆ ਕੀਤੀ।ਇਸ ਸਮੀਖਿਆ ਮੀਟਿੰਗ ਦੌਰਾਨ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਹੁਣ ਤੱਕ ਦੇ ਅੰਦਾਜ਼ੇ ਮੁਤਾਬਿਕ



ਹੋਏ ਨੁਕਸਾਨ ਅਤੇ ਤੁਰੰਤ ਮੁਰੰਮਤ ਕਰਨ ਲਈ ਲੋੜੀਂਦੇ ਫੰਡ ਦਾ ਜਾਇਜ਼ਾ ਲਿਆ ਗਿਆ।ਉਨ੍ਹਾਂ ਹੁਕਮ ਕੀਤੇ ਕਿ ਨੁਕਸਾਨੇ ਗਏ ਰਸਤਿਆਂ, ਖਾਸ ਤੌਰ 'ਤੇ ਪੇਂਡੂ ਹਲਕਿਆਂ ਵਿੱਚ ਫੌਰੀ ਤੌਰ 'ਤੇ ਰਿਪੇਅਰ ਕਰਕੇ ਸੰਪਰਕ ਬਹਾਲ ਕੀਤਾ ਜਾਵੇ ਤਾਂ ਜੋ ਰਾਹਤ ਕੰਮਾਂ ਵਿੱਚ ਹੋਰ ਤੇਜੀ ਲਿਆਂਦੀ ਜਾ ਸਕੇ।ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪੂਰੀ ਤਨਦੇਹੀ ਇਮਾਨਦਾਰੀ ਨਾਲ ਨਾਲ ਇਸ ਔਖੀ ਘੜੀ ਵਿੱਚ ਵਧ- ਚੜ੍ਹ ਕੇ ਡਿਊਟੀ ਨਿਭਾਉਣ ਦੀ ਹਦਾਇਤ ਕੀਤੀ।

## ਰੋਟਰੀ ਕਲੱਬ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਯੰਗ ਖਾਲਸਾ ਸੇਵਾ ਸਮਿਤੀ ਨੂੰ ਦਿੱਤਾ ਯੋਗਦਾਨ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਰੋਟਰੀ ਕਲੱਬ ਮਿਡਲ ਟਾਊਨ ਹੁਸ਼ਿਆਰਪੁਰ ਨੇ ਸਮਾਜ ਹਿਤ ਦੀ ਪਰੰਪਰਾ ਨੂੰ ਨਿਭਾਉਂਦੇ ਹੋਏ ਹੜ੍ਹ ਨਾਲ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਯੰਗ ਖਾਲਸਾ ਸੇਵਾ ਸਮਿਤੀ ਨੂੰ 15,500 ਦੀ ਰਕਮ ਦੇ ਨਾਲ-ਨਾਲ ਜ਼ਰੂਰੀ ਦਵਾਈਆਂ, ਕੱਪੜੇ ਅਤੇ ਹੋਰ ਲੋੜੀਂਦਾ ਸਮਾਨ ਭੇਟ ਕੀਤਾ। ਇਹ ਰਕਮ ਅਤੇ ਸਹਿਯੋਗ ਸਮੱਗਰੀ ਗੁਰਦੁਆਰਾ ਸ੍ਰੀ ਕਾਲਗੀਧਰ ਸਾਹਿਬ, ਰੋਸ਼ਨ ਗ੍ਰਾਊਂਡ ਨੇੜੇ ਹੋਏ ਖਾਸ ਸਮਾਗਮ ਦੌਰਾਨ ਸਮਿਤੀ ਨੂੰ ਸੌਂਪੀ ਗਈ। ਸਮਾਗਮ ਵਿੱਚ ਰੋਟਰੀ ਕਲੱਬ ਅਤੇ ਸਮਿਤੀ ਦੇ ਵੱਡੀ ਗਿਣਤੀ ਵਿੱਚ ਅਹੁਦੇਦਾਰ ਹਾਜ਼ਰ ਸਨ। ਰੋਟਰੀ ਕਲੱਬ ਮਿਡਲ ਟਾਊਨ ਦੇ ਸਕੱਤਰ ਰੋਟੇਰੀਅਨ ਇੰਦਰਪਾਲ ਸਿੰਘ ਨੇ ਦੱਸਿਆ ਕਿ ਹੜ੍ਹ ਨਾਲ ਪ੍ਰਭਾਵਿਤ ਪਰਵਾਰ ਮੁਸ਼ਕਲ ਹਾਲਾਤਾਂ ਵਿੱਚੋਂ ਲੰਘ ਰਹੇ ਹਨ। ਅਜਿਹੇ ਸਮੇਂ ਵਿੱਚ





ਯੰਗ ਖਾਲਸਾ ਸੇਵਾ ਸਮਿਤੀ ਲਗਾਤਾਰ ਰਾਹਤ ਕਾਰਜਾਂ ਵਿੱਚ ਜੁਟੀ ਹੋਈ ਹੈ। ਰੋਟੇਰੀਅਨ ਵਿਕਰਮ ਸ਼ਰਮਾ ਨੇ ਕਿਹਾ ਕਿ ਰੋਟਰੀ ਕਲੱਬ ਦਾ ਉਦੇਸ਼ ਸਮਾਜ ਸੇਵਾ ਅਤੇ ਲੋੜਵੰਦਾਂ ਦੀ ਮਦਦ ਕਰਨਾ ਹੈ। ਇਸ ਮੌਕੇ ਯੰਗ ਖਾਲਸਾ ਸੇਵਾ ਸਮਿਤੀ ਦੇ ਨੁਮਾਇੰਦਿਆਂ ਨੇ ਰੋਟਰੀ ਕਲੱਬ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਰਕਮ ਅਤੇ ਸਹਿਯੋਗ ਸਮੱਗਰੀ ਸਿੱਧੀ ਪ੍ਰਭਾਵਿਤ ਪਰਵਾਰਾਂ ਤੱਕ ਪਹੁੰਚਾਈ ਜਾਵੇਗੀ। ਸਮਾਗਮ ਵਿੱਚ ਰੋਟਰੀ ਕਲੱਬ ਦੇ ਮੈਂਬਰ ਡੀ.ਪੀ. ਕਥੂਰਿਆ, ਅਵਤਾਰ ਸਿੰਘ, ਇੰਦਰਪਾਲ ਸਿੰਘ ਸਚਦੇਵਾ, ਮਨੋਜ ਓਹਰੀ, ਜਗਮੀਤ ਸਿੰਘ ਸੇਠੀ, ਰੋਹਿਤ ਚੋਪੜਾ, ਰਜਨੀਸ਼ ਕੁਮਾਰ ਗੁਲਿਆਨੀ, ਸੰਜੀਵ ਓਹਰੀ, ਪਰਵੀਨ ਪੱਬੀ, ਗੋਪਾਲ ਵਾਸੁਦੇਵਾ, ਐਚ. ਐਸ. ਓਬੇਰਾਏ, ਸੰਜੀਵ ਸ਼ਰਮਾ ਅਤੇ ਵਿਕਰਾਂਤ ਗੁਪਤਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਮਾਗਮ ਦਾ ਸਮਾਪਨ ਗੁਰਦੁਆਰਾ ਸਾਹਿਬ ਵਿੱਚ ਅਰਦਾਸ ਨਾਲ ਹੋਇਆ, ਜਿਸ ਵਿੱਚ ਸਭ ਨੇ ਹੜ੍ਹ ਪ੍ਰਭਾਵਿਤ ਪਰਵਾਰਾਂ ਦੀ ਭਲਾਈ ਅਤੇ ਜਲਦੀ ਪੁਨਰਵਾਸ ਲਈ ਅਰਦਾਸ ਕੀਤੀ।

## ਸ਼ਰਮਾ ਨੇ ਅੰਟਾਲਾ ਦੇ ਹੜ੍ਹ ਪ੍ਰਭਾਵਿਤ ਪਰਵਾਰ ਦੀ ਕੀਤੀ ਵਿੱਤੀ ਮਦਦ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਕਿਹਾ ਹੈ ਕਿ ਪਾਰਟੀ ਮੁਖੀ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਬਾਦਲ ਦੇ ਨਿਰਦੇਸ਼ਾਂ 'ਤੇ ਪੂਰਾ ਅਕਾਲੀ ਦਲ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਤਿਆਰ ਖੜ੍ਹਿਆ



ਹੈ। ਅਕਾਲੀ ਦਲ ਦੇ ਸਾਰੇ ਆਗੂ ਅਤੇ ਵਰਕਰ ਆਪਣੀ ਸਮਰੱਥਾ ਅਨੁਸਾਰ ਹੜ੍ਹ ਪ੍ਰਭਾਵਿਤ ਲੋਕਾਂ ਦੇ ਮੁੜ ਵਸੇਬੇ ਲਈ ਮਦਦ ਕਰ ਰਹੇ ਹਨ।ਡੇਰਾਬੱਸੀ ਹਲਕੇ ਵਿੱਚ ਚਲਾਈ ਜਾ ਰਹੀ ਮੁਹਿੰਮ ਤਹਿਤ, ਐਨ ਕੇ ਸ਼ਰਮਾ ਨੇ ਖੇਲਣ, ਰਜਾਪੁਰ, ਅੰਟਾਲਾ ਦਾ ਦੌਰਾ ਕੀਤਾ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਜਾਇਜ਼ਾ ਲਿਆ।ਐਨ ਕੇ ਸ਼ਰਮਾ ਨੇ ਅੰਟਾਲਾ 'ਚ ਹੜ੍ਹ ਪ੍ਰਭਾਵਿਤ ਬਲਦੇਵ ਸਿੰਘ ਦੀ ਆਪਣੇ ਨਿੱਜੀ ਫੰਡ ਵਿੱਚੋਂ 11 ਹਜ਼ਾਰ ਰੁਪਏ ਦੀ ਮਦਦ ਕੀਤੀ। ਬਲਦੇਵ ਸਿੰਘ ਦਾ ਪੁੱਤਰ ਕੈਂਸਰ ਤੋਂ ਪੀੜਤ ਹੈ। ਪਿੰਡ ਵਾਸੀਆਂ ਦੀ ਮੰਗ 'ਤੇ ਸ਼ਰਮਾ ਨੇ ਇਸ ਪਰਵਾਰ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਨੇ ਕਿਹਾ ਕਿ ਅੱਜ ਪੂਰਾ ਪੰਜਾਬ ਹੜ੍ਹਾਂ ਨਾਲ ਜੂਝ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਸਮੇਤ ਕਈ ਸਮਾਜਿਕ ਸੰਗਠਨ ਪੀੜਤਾਂ ਦੀ ਮਦਦ ਕਰ ਰਹੇ ਹਨ।